DUMMY-EIRST PAGE-AJIT.qxd 5/6/2025 9:09 PM Page 1

ਬੁੱਧਵਾਰ, 7 ਮਈ, 2025
25 ਵਿਸਾਖ {ਨਾਨਕਸ਼ਾਹੀ 557 / ਬਿਕਰਮੀ 2082}
ਜਿਲਦ/VOL. : 73
ਅੰਕ/NO. : 336

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 7 MAY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਬੈਂਕ ਡਿਫਾਲਟਰਾਂ ਨਾਲ ਲਿਹਾਜ਼ ਨਹੀਂ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**
ਸਹਿਕਾਰੀ ਬੈਂਕਾਂ ਦੀ ਕਾਰਗੁਜ਼ਾਰੀ ਵਿੱਚ ਵੱਡੇ ਸੁਧਾਰ ਲਿਆਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਇਨ੍ਹਾਂ ਬੈਂਕਾਂ ਦੇ ਡਿਫਾਲਟਰ ਖਾਤਾਧਾਰਕਾਂ ਤੋਂ ਵਸੂਲੀ ਕਰਨ ਦੀ ਪ੍ਰਕਿਰਿਆ ਤੇਜ਼ ਕਰਨ ਦੇ ਹੁਕਮ ਦਿੱਤੇ ਤਾਂ ਕਿ ਖੇਤੀ ਤੇ ਸਹਾਇਕ ਧੰਦਿਆਂ ਵਿੱਚ ਕਰਜ਼ਾ ਦੇਣ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।

ਸਹਿਕਾਰੀ ਬੈਂਕਾਂ ਦੇ ਕੰਮਕਾਜ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬੈਂਕਾਂ ਦੇ ਵਿਕਾਸ ਵਿੱਚ ਡਿਫਾਲਟਰ ਸਭ ਤੋਂ ਵੱਡੀ ਰੁਕਾਵਟ ਬਣਦੇ ਹਨ, ਕਿਉਂਕਿ ਇਨ੍ਹਾਂ ਕੋਲ ਡੁੱਬੇ ਪੈਸੇ ਨਾਲ ਹੋਰ ਲੋੜਵੰਦ ਲੋਕਾਂ ਦੀ ਮਾਲੀ ਇਮਦਾਦ ਕਰਨ ਵਿੱਚ ਵਿਘਨ ਪੈਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਛੋਟੇ ਤੇ ਦਰਮਿਆਨੇ ਕਿਸਾਨ ਹਮੇਸ਼ਾ ਬੈਂਕ ਨੂੰ ਪਹਿਲ ਦੇ ਆਧਾਰ ਉਤੇ ਕਰਜ਼ਾ ਮੋੜਦੇ ਹਨ, ਪਰ ਦੁੱਖ ਦੀ ਗੱਲ ਹੈ ਕਿ ਵੱਡੇ ਕਿਸਾਨ ਸਹਿਕਾਰੀ ਬੈਂਕਾਂ ਦੇ ਡਿਫਾਲਟਰ ਹਨ। ਉਨ੍ਹਾ ਕਿਹਾ ਕਿ ਜਿਹੜੇ ਸਰਕਾਰੀ ਮੁਲਾਜ਼ਮ ਸਹਿਕਾਰੀ ਬੈਂਕਾਂ ਦੇ ਡਿਫਾਲਟਰ ਹਨ, ਉਨ੍ਹਾਂ ਨੂੰ ਵੀ ਆਪਣੇ ਬਕਾਏ ਦਾ ਭੁਗਤਾਨ ਤੁਰੰਤ ਕਰਨਾ ਚਾਹੀਦਾ ਹੈ।ਮਾਨ ਨੇ ਸਹਿਕਾਰਤਾ ਵਿਭਾਗ ਨੂੰ ਡਿਫਾਲਟਰਾਂ ਪਾਸੋਂ ਵਸੂਲੀ

## ਖੇਤੀਬਾੜੀ ਲਈ ਕਰਜ਼ਾ ਦੇਣ ਨੂੰ ਤਰਜੀਹ ਦੇਣਗੇ ਸਹਿਕਾਰੀ ਬੈਂਕ



ਕਰਵਾਉਣ ਲਈ ਢੁਕਵੀਂ ਪ੍ਰਕਿਰਿਆ ਅਪਣਾਉਣ ਦੇ ਆਦੇਸ਼ ਦਿੱਤੇ ਤਾਂ ਕਿ ਕਰਜ਼ੇ ਦੀ ਪੂਰੀ ਵਸੂਲੀ ਨੂੰ ਯਕੀਨੀ ਬਣਾਇਆ ਜਾ ਸਕੇ।

ਫਸਲੀ ਕਰਜ਼ਿਆਂ ਦੀ ਵਸੂਲੀ ਸਿਰਫ 65 ਫੀਸਦੀ ਰਹਿਣ 'ਤੇ ਚਿੰਤਾ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਸਹਿਕਾਰੀ ਬੈਂਕਿੰਗ ਸਿਸਟਮ ਉਤੇ ਬਹੁਤ ਬੁਰਾ ਅਸਰ ਪੈ ਰਿਹਾ ਹੈ। ਮੀਟਿੰਗ ਦੌਰਾਨ ਦੱਸਿਆ ਗਿਆ ਕਿ ਕਿਸਾਨਾਂ ਨੂੰ ਖੇਤੀ ਲਈ ਸੂਬੇ ਵਿੱਚ 3523 ਸਹਿਕਾਰੀ ਸਭਾਵਾਂ ਵੱਲੋਂ ਸਹਿਕਾਰੀ ਬੈਂਕਾਂ ਰਾਹੀਂ ਹਰੇਕ ਸਾਲ ਤਕਰੀਬਨ 8000 ਕਰੋੜ ਰੁਪਏ ਦਾ ਫਸਲੀ ਕਰਜ਼ਾ ਦਿੱਤਾ ਜਾਂਦਾ ਹੈ, ਜੋ ਸਿਰਫ 7 ਫੀਸਦੀ ਵਿਆਜ 'ਤੇ ਮਿਲਦਾ ਹੈ ਅਤੇ ਜੇਕਰ ਕਿਸਾਨ ਸਮੇਂ ਸਿਰ ਕਰਜ਼ਾ ਮੋੜ ਦਿੰਦਾ ਹੈ ਤਾਂ 7 ਫੀਸਦੀ ਵਿਆਜ ਵਿੱਚ ਵੀ 3 ਫੀਸਦੀ ਛੋਟ ਮਿਲ ਜਾਂਦੀ ਹੈ ਅਤੇ ਇਸ ਦੇ ਉਲਟ ਜਿਹੜੇ ਕਿਸਾਨ ਸਮੇਂ ਸਿਰ ਕਰਜ਼ਾ ਵਾਪਸ ਨਹੀਂ ਕਰਦੇ, ਉਹਨਾਂ ਨੂੰ 2.5 ਫੀਸਦੀ ਵੱਧ ਵਿਆਜ ਅਦਾ ਕਰਨਾ ਪੈਂਦਾ ਹੈ, ਜੋ ਕਿ 9.5 ਫੀਸਦੀ ਬਣ ਜਾਂਦਾ ਹੈ।

ਫਸਲੀ ਕਰਜ਼ੇ ਦੀ ਵਸੂਲੀ ਕਰਨ ਦੇ ਸ਼ਾਨਦਾਰ ਰਿਕਾਰਡ ਵਾਲੀਆਂ ਮੁੱਢਲੀਆਂ ਖੇਤੀਬਾੜੀ ਸਹਿਕਾਰੀ ਸਭਾਵਾਂ (ਪੀ.ਏ.ਸੀ.ਐੱਸ.) ਨੂੰ ਉਤਸ਼ਾਹਤ ਕਰਨ ਲਈ ਮੁੱਖ ਮੰਤਰੀ ਨੇ ਵਿਭਾਗ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਸਹਿਕਾਰੀ ਸਭਾਵਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇ ਤਾਂ ਕਿ ਸਹਿਕਾਰੀ ਖੇਤਰ ਵਿੱਚ ਇਨ੍ਹਾਂ ਸਭਾਵਾਂ ਨੂੰ ਰੋਲ ਮਾਡਲ ਵਜੋਂ ਉਭਾਰਿਆ ਜਾ ਸਕੇ। ਮੀਟਿੰਗ ਦੌਰਾਨ ਦੱਸਿਆ ਗਿਆ ਕਿ ਧੂਰੀ ਸਰਕਲ ਵਿੱਚ ਪੈਂਦੀਆਂ ਸਹਿਕਾਰੀ ਸਭਾਵਾਂ ਦੀ ਕਰਜ਼ਾ ਵਸੂਲੀ ਦੀ ਦਰ 99 ਫੀਸਦੀ ਹੈ ਅਤੇ ਧੂਰੀ ਸਰਕਲ ਮਿਸਾਲ ਬਣ ਕੇ ਉੱਭਰਿਆ ਹੈ। ਭਗਵੰਤ ਸਿੰਘ ਮਾਨ ਨੇ ਇਨ੍ਹਾਂ ਸਭਾਵਾਂ ਦੇ ਸਨਮਾਨ ਲਈ ਸਮਾਗਮ ਕਰਵਾਉਣ ਲਈ ਵੀ ਆਖਿਆ।

ਸਾਲ 2024-25 ਦੌਰਾਨ ਨਾਬਾਰਡ ਵੱਲੋਂ ਰਿਆਇਤੀ ਪੁਨਰ-ਵਿੱਤੀ ਕਰਜ਼ੇ ਦੀ ਸਾਲਾਨਾ ਹੱਦ ਘਟਾਉਣ 'ਤੇ ਚਿੰਤਾ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ, ਦੇਸ਼ ਦੀ ਅਨਾਜ ਸੁਰੱਖਿਆ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਂਦਾ ਹੈ ਅਤੇ ਕਰਜ਼ਾ ਹੱਦ ਵਿੱਚ ਕਟੌਤੀ ਕਰਨ ਨਾਲ ਖੇਤੀ ਦੇ ਖੇਤਰ ਉਤੇ ਬੁਰਾ ਪ੍ਰਭਾਵ ਪਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ ਨਾਬਾਰਡ ਦੇ ਚੇਅਰਮੈਨ ਕੋਲ ਉਠਾਉਣਗੇ ਕਿ ਵਿੱਤੀ ਸਾਲ 2025-26 ਲਈ ਕਰਜ਼ਾ ਹੱਦ ਮੁੜ ਬਹਾਲ ਕਰਕੇ 3000 ਕਰੋੜ ਰੁਪਏ ਕੀਤੀ ਜਾਵੇ।

• ਬਾਕੀ ਸਫ਼ਾ 2 'ਤੇ

# ਖੁਫੀਆ ਸੂਹ ਮਿਲਣ 'ਤੇ ਮੋਦੀ ਨੇ ਕਸ਼ਮੀਰ ਦੌਰਾ ਰੱਦ ਕੀਤਾ ਸੀ : ਖੜਗੇ

## ਪਰ ਆਮ ਲੋਕਾਂ ਦੀ ਸੁਰੱਖਿਆ ਦਾ ਇੰਤਜ਼ਾਮ ਕਿਉਂ ਨਹੀਂ ਕੀਤਾ?



**ਰਾਂਚੀ :** ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਮੰਗਲਵਾਰ ਇੰਕਸ਼ਾਫ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਿਛਲੇ ਮਹੀਨੇ ਪਹਿਲਗਾਮ ਅੱਤਵਾਦੀ ਹਮਲੇ ਤੋਂ ਤਿੰਨ ਦਿਨ ਪਹਿਲਾਂ ਇੱਕ ਖੁਫੀਆ ਰਿਪੋਰਟ ਮਿਲਣ ਕਾਰਨ ਆਪਣਾ ਕਸ਼ਮੀਰ ਦੌਰਾ ਰੱਦ ਕਰ ਦਿੱਤਾ ਸੀ।

ਝਾਰਖੰਡ ਦੀ ਰਾਜਧਾਨੀ ਰਾਂਚੀ ਵਿੱਚ 'ਸੰਵਿਧਾਨ ਬਚਾਓ ਰੈਲੀ' ਨੂੰ ਸੰਬੋਧਨ ਕਰਦਿਆਂ ਖੜਗੇ ਨੇ ਪਹਿਲਗਾਮ ਅੱਤਵਾਦੀ ਹਮਲੇ ਨੂੰ ਦੇਸ਼ ਦੇ ਖੁਫੀਆ ਤੰਤਰ ਦੀ ਨਾਕਾਮੀ ਕਰਾਰ ਦਿੱਤਾ। ਉਨ੍ਹਾ ਕਿਹਾ, 'ਸਰਕਾਰ ਨੇ ਇਸ ਨੂੰ ਕਬੂਲ ਕਰ ਲਿਆ ਹੈ ਅਤੇ ਉਹ ਇਸ ਨੂੰ ਹੱਲ ਕਰਨਗੇ। ਜੇ ਉਨ੍ਹਾਂ ਨੂੰ ਪਹਿਲਾਂ ਹੀ ਪਤਾ ਸੀ, ਤਾਂ ਉਨ੍ਹਾਂ ਕਾਰਵਾਈ ਕਿਉਂ ਨਹੀਂ ਕੀਤੀ? ਮੈਨੂੰ ਜਾਣਕਾਰੀ ਮਿਲੀ ਹੈ ਕਿ ਹਮਲੇ ਤੋਂ ਤਿੰਨ ਦਿਨ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੂੰ ਇੱਕ ਖੁਫੀਆ ਰਿਪੋਰਟ ਭੇਜੀ ਗਈ ਸੀ। ਚੇਤਾਵਨੀ ਮਿਲਣ ਤੋਂ ਬਾਅਦ ਉਨ੍ਹਾ ਕਸ਼ਮੀਰ ਦਾ ਆਪਣਾ ਤੈਅਸ਼ੁਦਾ ਦੌਰਾ ਰੱਦ ਕਰ ਦਿੱਤਾ। ਮੈਂ ਇਹ ਇੱਕ ਅਖਬਾਰ ਵਿੱਚ ਵੀ ਪੜ੍ਹਿਆ ਹੈ।'

ਖੜਗੇ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਪੁੱਛਿਆ, 'ਜਦੋਂ ਖੁਫੀਆ ਏਜੰਸੀਆਂ ਨੇ ਤੁਹਾਨੂੰ ਆਪਣੀ ਸੁਰੱਖਿਆ ਲਈ ਨਾ ਜਾਣ ਦੀ ਸਲਾਹ ਦਿੱਤੀ ਸੀ, ਤਾਂ ਤੁਸੀਂ ਆਮ ਲੋਕਾਂ ਦੀ ਸੁਰੱਖਿਆ ਲਈ ਸੁਰੱਖਿਆ ਬਲਾਂ ਅਤੇ ਪੁਲਸ ਨਾਲ ਉਹ ਜਾਣਕਾਰੀ ਕਿਉਂ ਨਹੀਂ ਸਾਂਝੀ ਕੀਤੀ?'

ਕਾਂਗਰਸ ਪ੍ਰਧਾਨ ਨੇ ਕੇਂਦਰ ਸਰਕਾਰ ਦੀ ਇਸ ਗੱਲ 'ਤੇ ਵੀ ਆਲੋਚਨਾ ਕੀਤੀ ਕਿ ਉਸ ਨੇ ਖੁਫੀਆ ਜਾਣਕਾਰੀ ਹੋਣ ਦੇ ਬਾਵਜੂਦ ਇਲਾਕੇ ਵਿੱਚ ਸੁਰੱਖਿਆ ਕਿਉਂ ਨਹੀਂ ਵਧਾਈ। ਉਨ੍ਹਾ ਪੁੱਛਿਆ, 'ਕੇਂਦਰ ਨੇ ਪਹਿਲਗਾਮ ਵਿੱਚ ਹੋਰ ਸੁਰੱਖਿਆ ਜਵਾਨ ਕਿਉਂ ਨਹੀਂ ਤਾਇਨਾਤ ਕੀਤੇ, ਇਹ ਜਾਣਦੇ ਹੋਏ ਵੀ ਕਿ ਅੱਤਵਾਦੀ ਹਮਲੇ ਦਾ ਖਤਰਾ ਸੀ?

## 62 ਸਾਲ ਬਾਅਦ ਰਾਜ਼ੀ-ਖੁਸ਼ੀ ਮਿਲੀ



**ਵਾਸ਼ਿੰਗਟਨ :** ਬਾਹਠ ਸਾਲ ਪਹਿਲਾਂ ਆਡਰੀ ਬੈਕਬਰਗ ਦੱਖਣੀ-ਕੇਂਦਰੀ ਵਿਸਕਾਨਸਿਨ ਦੇ ਇੱਕ ਛੋਟੇ ਜਿਹੇ ਸ਼ਹਿਰ ਤੋਂ ਆਪਣੇ ਪਰਵਾਰ ਦੀ ਬੇਬੀਸਿਟਰ ਨਾਲ ਘਰੋਂ ਨਿਕਲਣ ਤੋਂ ਬਾਅਦ ਇੰਡੀਆਨਾਪੋਲਿਸ ਜਾਣ ਵਾਲੀ ਬੱਸ ਫੜ ਕੇ ਗਾਇਬ ਹੋ ਗਈ ਸੀ। ਪਿਛਲੇ ਹਫਤੇ, ਸੌਕ ਕਾਊਂਟੀ ਸ਼ੈਰਿਫ ਦੇ ਦਫਤਰ ਨੇ ਐਲਾਨ ਕੀਤਾ ਕਿ ਬੱਸ ਸਟਾਪ ਦੇ ਇੱਕ ਕੋਨੇ ਤੋਂ ਗਾਇਬ ਹੋਈ 20 ਸਾਲਾ ਕੁੜੀ ਨੂੰ ਕਿਸੇ ਹੋਰ ਸੂਬੇ ਵਿੱਚ ਜ਼ਿੰਦਾ ਅਤੇ

• ਬਾਕੀ ਸਫ਼ਾ 2 'ਤੇ

## ਬੀ ਬੀ ਐੱਮ ਬੀ ਦੇ ਚੀਫ ਇੰਜੀਨੀਅਰ ਨੇ ਪੰਜਾਬ ਸਰਕਾਰ ਤੋਂ ਪੁਲਸ ਮੰਗੀ

**ਚੰਡੀਗੜ੍ਹ :** ਭਾਖੜਾ ਬਿਆਸ ਮੈਨੇਜਮੈਂਟ ਬੋਰਡ ((ਬੀ ਬੀ ਐੱਮ ਬੀ) ਵੱਲੋਂ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਫੈਸਲੇ ਮਗਰੋਂ ਨੰਗਲ ਡੈਮ ਦੀ ਸੁਰੱਖਿਆ ਲਈ ਖਤਰਾ ਖੜ੍ਹਾ ਹੋ ਗਿਆ ਹੈ, ਜਿਸ ਦੇ ਮੱਦੇਨਜ਼ਰ ਭਾਖੜਾ ਡੈਮ ਦੇ ਚੀਫ ਇੰਜੀਨੀਅਰ ਨੇ ਫੌਰੀ ਪੁਲਸ ਦੀ ਸੁਰੱਖਿਆ ਮੰਗੀ ਹੈ। ਮੰਗਲਵਾਰ ਦੁਪਹਿਰ 12 ਵਜੇ ਤੋਂ ਬਾਅਦ ਨੰਗਲ ਡੈਮ ਅਤੇ ਲੋਹੰਡ ਖੱਡ ਦੇ ਗੇਟਾਂ ਲਾਗੇ ਮਾਹੌਲ ਵਿਗੜਨ ਦਾ ਖਦਸ਼ਾ ਜ਼ਾਹਰ ਕੀਤਾ ਗਿਆ। ਵੇਰਵਿਆਂ ਅਨੁਸਾਰ ਜਲ ਸਰੋਤ ਵਿਭਾਗ ਨੇ ਮੰਗਲਵਾਰ ਹੀ ਪੰਜਾਬ ਦੇ ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਨੂੰ ਪੱਤਰ ਲਿਖ ਕੇ ਨੰਗਲ ਡੈਮ ਅਤੇ ਆਸਪਾਸ ਦੇ ਖੇਤਰਾਂ 'ਚ ਅਮਨ-ਕਾਨੂੰਨ ਦੀ ਵਿਵਸਥਾ ਦੀ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਫੌਰੀ ਗ੍ਰਹਿ ਵਿਭਾਗ ਦੇ ਦਖਲ ਦੀ ਮੰਗ ਕੀਤੀ। ਭਾਖੜਾ ਡੈਮ ਦੇ ਚੀਫ ਇੰਜੀਨੀਅਰ ਚਰਨਪ੍ਰੀਤ ਸਿੰਘ ਵੱਲੋਂ ਐੱਸ ਐੱਸ ਪੀ ਰੋਪੜ ਨੂੰ ਈਮੇਲ ਭੇਜ ਕੇ ਸਥਿਤੀ ਤੋਂ ਜਾਣੂ ਕਰਾਇਆ ਗਿਆ ਹੈ। ਨੰਗਲ ਡੈਮ ਅਤੇ ਲੋਹੰਡ ਖੱਡ ਦੇ ਲਾਗੇ ਪ੍ਰਦਰਸ਼ਨਕਾਰੀ ਪੁੱਜੇ ਹੋਏ ਹਨ, ਜਿਨ੍ਹਾਂ ਵੱਲੋਂ ਧਰਨਾ ਦਿੱਤੇ ਜਾਣ ਕਰ ਕੇ ਡੈਮ ਦੇ ਕਰਮਚਾਰੀਆਂ ਨੂੰ ਕੰਮ ਕਰਨ ਵਿੱਚ ਮੁਸ਼ਕਲਾਂ ਖੜ੍ਹੀਆਂ ਹੋ ਗਈਆਂ ਹਨ। ਈ-ਮੇਲ ਜ਼ਰੀਏ ਪੁਲਸ ਦੀ ਸੁਰੱਖਿਆ ਮੰਗੀ ਗਈ ਹੈ, ਤਾਂ ਜੋ ਅਧਿਕਾਰੀਆਂ ਅਤੇ ਕਰਮਚਾਰੀਆਂ ਸਮੇਤ ਡੈਮਾਂ ਦੀ ਸੁਰੱਖਿਆ ਹੋ ਸਕੇ। ਪੰਜਾਬ ਸਰਕਾਰ ਨੇ ਸੋਮਵਾਰ ਰਾਤ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ ਬੀ ਐੱਮ ਬੀ) ਵੱਲੋਂ ਚੁੱਪ-ਚੁਪੀਤੇ ਭਾਖੜਾ ਡੈਮ ਤੋਂ ਪਾਣੀ ਛੱਡਣ ਦੀ ਯੋਜਨਾ ਨਾਕਾਮ ਕਰ ਦਿੱਤੀ। ਬੋਰਡ ਨੇ ਰਾਤ 11 ਵਜੇ ਡੈਮ 'ਤੇ ਤਾਇਨਾਤ ਹਰਿਆਣਾ ਦੇ ਸਟਾਫ ਉੱਤੇ ਦਬਾਅ ਬਣਾਉਣਾ ਸ਼ੁਰੂ ਕੀਤਾ ਸੀ ਤਾਂ ਜੋ ਹਰਿਆਣਾ ਲਈ ਵਾਧੂ ਪਾਣੀ ਛੱਡਿਆ ਜਾ ਸਕੇ। ਜਲ ਸਰੋਤ ਵਿਭਾਗ ਨੂੰ ਜਦੋਂ ਇਸ ਬਾਰੇ ਪਤਾ ਲੱਗਿਆ ਤਾਂ ਵਿਭਾਗ ਨੇ ਫੌਰੀ ਤਾਰ ਦਿੱਤੀ। ਤਾਰ ਵਿੱਚ ਸਰਕਾਰ ਨੇ ਬੋਰਡ ਨੂੰ ਕਿਹਾ ਕਿ ਭਾਖੜਾ ਨਹਿਰ ਦੇ ਕਈ ਜਗ੍ਹਾ ਤੋਂ ਕਿਨਾਰੇ ਟੁੱਟਣ ਦਾ ਖਤਰਾ ਹੈ, ਜਿਸ ਕਰਕੇ ਪੰਜਾਬ ਸਰਕਾਰ ਨੂੰ ਬਿਨਾਂ ਦੱਸੇ ਇਸ ਨਹਿਰ ਵਿੱਚ ਪਾਣੀ ਨਾ ਛੱਡਿਆ ਜਾਵੇ। ਜੇ ਕੋਈ ਅਜਿਹੀ ਕੋਸ਼ਿਸ਼ ਕੀਤੀ ਤਾਂ ਨਹਿਰ ਦੇ ਪਾਣੀ ਕਰਕੇ ਲੋਕਾਂ ਦੀਆਂ ਜ਼ਿੰਦਗੀਆਂ ਨੂੰ ਖਤਰਾ ਹੋ ਸਕਦਾ ਹੈ, ਜਿਸ ਦੀ ਜ਼ਿੰਮੇਵਾਰੀ ਬੋਰਡ ਦੀ ਹੋਵੇਗੀ। ਉਸ ਮਗਰੋਂ ਬੋਰਡ ਨੇ ਹੱਥ ਪਿਛਾਂਹ ਖਿੱਚ ਲਏ।

## ਪੰਜਾਬ ਤੇ ਹਰਿਆਣਾ ਐੱਸ ਵਾਈ ਐੱਲ ਨਹਿਰ ਲਈ ਕੇਂਦਰ ਨਾਲ ਸਹਿਯੋਗ ਕਰਨ : ਸੁਪਰੀਮ ਕੋਰਟ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਮੰਗਲਵਾਰ ਪੰਜਾਬ ਅਤੇ ਹਰਿਆਣਾ ਦੀਆਂ ਸਰਕਾਰਾਂ ਨੂੰ ਸਤਲੁਜ-ਯਮੁਨਾ ਲਿੰਕ (ਐੱਸ ਵਾਈ ਐੱਲ) ਨਹਿਰ ਵਿਵਾਦ ਨੂੰ ਹੱਲ ਕਰਨ ਲਈ ਕੇਂਦਰ ਨਾਲ ਸਹਿਯੋਗ ਕਰਨ ਦਾ ਨਿਰਦੇਸ਼ ਦਿੱਤਾ। ਜਸਟਿਸ ਬੀ ਆਰ ਗਵਈ ਅਤੇ ਜਸਟਿਸ ਅਗਸਟੀਨ ਜਾਰਜ ਮਸੀਹ ਦੀ ਬੈਂਚ ਨੂੰ ਕੇਂਦਰ ਨੇ ਦੱਸਿਆ ਕਿ ਇਸ ਮੁੱਦੇ ਨੂੰ ਸੁਚਾਰੂ ਢੰਗ ਨਾਲ ਹੱਲ ਕਰਨ ਲਈ ਉਸ ਨੇ ਪਹਿਲਾਂ ਹੀ ਪ੍ਰਭਾਵਸ਼ਾਲੀ ਕਦਮ ਚੁੱਕੇ ਹਨ। ਬੈਂਚ ਨੇ ਕਿਹਾ, 'ਅਸੀਂ ਦੋਵਾਂ ਸੂਬਿਆਂ ਨੂੰ ਇਕ ਸੁਚਾਰੂ ਹੱਲ 'ਤੇ ਪਹੁੰਚਣ ਲਈ ਕੇਂਦਰ ਨਾਲ ਸਹਿਯੋਗ ਕਰਨ ਦਾ ਨਿਰਦੇਸ਼ ਦਿੰਦੇ ਹਾਂ।' ਬੈਂਚ ਨੇ ਕਿਹਾ ਕਿ ਜੇ ਉਦੋਂ ਤੱਕ ਇਸ ਦਾ ਹੱਲ ਨਹੀਂ ਹੁੰਦਾ ਤਾਂ ਉਹ 13 ਅਗਸਤ ਨੂੰ ਮਾਮਲੇ ਦੀ ਸੁਣਵਾਈ ਕਰੇਗੀ। ਕੇਂਦਰ ਵੱਲੋਂ ਪੇਸ਼ ਹੋਏ ਐਡੀਸ਼ਨਲ ਸੋਲੀਸਟਰ ਜਨਰਲ ਐਸ਼ਵਰਿਆ ਭਾਟੀ ਨੇ ਬੈਂਚ ਨੂੰ ਦੱਸਿਆ, 'ਅਸੀਂ ਵਿਚੋਲਗੀ ਲਈ ਯਤਨ ਕੀਤੇ ਹਨ, ਪਰ ਸੂਬਿਆਂ ਨੂੰ ਕੇਂਦਰ ਦੀ ਤਜਵੀਜ਼ ਮੁਤਾਬਕ ਚੱਲਣਾ ਪਵੇਗਾ।' ਐੱਸ ਵਾਈ ਐੱਲ ਨਹਿਰ ਦੀ ਕਲਪਨਾ ਰਾਵੀ ਅਤੇ ਬਿਆਸ ਦਰਿਆਵਾਂ ਤੋਂ ਪਾਣੀ ਦੀ ਪ੍ਰਭਾਵਸ਼ਾਲੀ ਵੰਡ ਲਈ ਕੀਤੀ ਗਈ ਸੀ। ਇਸ ਪ੍ਰੋਜੈਕਟ ਵਿੱਚ 214 ਕਿੱਲੋਮੀਟਰ ਲੰਮੀ ਨਹਿਰ ਦੀ ਕਲਪਨਾ ਕੀਤੀ ਗਈ ਸੀ, ਜਿਸ ਵਿੱਚੋਂ 122 ਕਿਲੋਮੀਟਰ ਪੰਜਾਬ ਅਤੇ 92 ਕਿੱਲੋਮੀਟਰ ਹਰਿਆਣਾ 'ਚ ਬਣਾਈ ਜਾਣੀ ਸੀ। ਹਰਿਆਣਾ ਨੇ ਆਪਣੇ ਖੇਤਰ ਵਿੱਚ ਇਹ ਪ੍ਰੋਜੈਕਟ ਪੂਰਾ ਕਰ ਲਿਆ ਹੈ, ਪਰ ਪੰਜਾਬ, ਜਿਸ ਨੇ 1982 ਵਿੱਚ ਉਸਾਰੀ ਦਾ ਕੰਮ ਸ਼ੁਰੂ ਕੀਤਾ ਸੀ, ਨੇ ਬਾਅਦ ਵਿੱਚ ਇਸ ਨੂੰ ਟਾਲ ਦਿੱਤਾ। ਦੋਵਾਂ ਸੂਬਿਆਂ ਵਿਚਕਾਰ ਇਹ ਵਿਵਾਦ ਦਹਾਕਿਆਂ ਤੋਂ ਚੱਲ ਰਿਹਾ ਹੈ। ਜ਼ਿਕਰਯੋਗ ਹੈ ਕਿ ਸੁਪਰੀਮ ਕੋਰਟ ਨੇ 15 ਜਨਵਰੀ 2002 ਨੂੰ 1996 ਵਿੱਚ ਹਰਿਆਣਾ ਦੁਆਰਾ ਦਾਇਰ ਕੀਤੇ ਗਏ ਇਕ ਮੁਕੱਦਮੇ ਵਿੱਚ ਹਰਿਆਣਾ ਦੇ ਹੱਕ ਵਿੱਚ ਫੈਸਲਾ ਸੁਣਾਇਆ ਸੀ ਅਤੇ ਪੰਜਾਬ ਸਰਕਾਰ ਨੂੰ ਐੱਸ ਵਾਈ ਐੱਲ ਨਹਿਰ ਦੇ ਆਪਣੇ ਹਿੱਸੇ ਦੀ ਉਸਾਰੀ ਕਰਨ ਦਾ ਨਿਰਦੇਸ਼ ਦਿੱਤਾ ਸੀ।

## ਅੱਜ ਪੰਜਾਬ 'ਚ ਮੌਕ ਡਰਿੱਲ

**ਚੰਡੀਗੜ੍ਹ :** ਕੇਂਦਰੀ ਗ੍ਰਹਿ ਮੰਤਰਾਲੇ ਨੇ ਪ੍ਰਭਾਵਸ਼ਾਲੀ ਨਾਗਰਿਕ ਰੱਖਿਆ ਦਾ ਮੁਲਾਂਕਣ ਕਰਨ ਲਈ 7 ਮਈ ਨੂੰ 244 ਜ਼ਿਲ੍ਹਿਆਂ ਵਿੱਚ ਮੌਕ ਡਰਿੱਲ ਕਰਨ ਦੇ ਆਦੇਸ਼ ਦਿੱਤੇ ਹਨ। ਚੰਡੀਗੜ੍ਹ ਅਤੇ ਸ਼ਿਮਲਾ ਵੀ ਇਸ ਡਰਿੱਲ ਦਾ ਹਿੱਸਾ ਹੋਣਗੇ। ਪੰਜਾਬ ਦੇ ਅੰਮ੍ਰਿਤਸਰ, ਬਠਿੰਡਾ, ਫਿਰੋਜ਼ਪੁਰ, ਗੁਰਦਾਸਪੁਰ, ਰੋਪੜ, ਸੰਗਰੂਰ, ਹੁਸ਼ਿਆਰਪੁਰ, ਜਲੰਧਰ, ਲੁਧਿਆਣਾ, ਪਟਿਆਲਾ, ਪਠਾਨਕੋਟ, ਆਦਮਪੁਰ, ਬਰਨਾਲਾ, ਭਾਖੜਾ ਨੰਗਲ, ਹਲਵਾਰਾ, ਕੋਟਕਪੂਰਾ, ਬਟਾਲਾ, ਮੁਹਾਲੀ, ਅਬੋਹਰ ਤੇ ਫਰੀਦਕੋਟ ਵਿੱਚ ਕੈਟਾਗਰੀ-1 ਦੀ ਡਰਿੱਲ ਹੋਵੇਗੀ। ਕੈਟੇਗਰੀ-1 ਉੱਚ ਤਰਜੀਹ, ਕੈਟਾਗਰੀ-2 ਦਰਮਿਆਨੀ ਤਰਜੀਹ ਤੇ ਕੈਟਾਗਰੀ-3 ਘੱਟ ਤਰਜੀਹ ਵਾਲੀ ਹੁੰਦੀ ਹੈ।

## ਮਹਾਰਾਜਾ ਦਿਲਜੀਤ



**ਨਵੀਂ ਦਿੱਲੀ :** ਦਿਲਜੀਤ ਦੋਸਾਂਝ ਨਿਊਯਾਰਕ 'ਚ ਮੇਟ ਗਾਲਾ 2025 ਦੇ ਨੀਲੇ ਕਾਰਪੈਟ 'ਤੇ ਪਟਿਆਲਾ ਦੇ ਮਹਾਰਾਜਾ ਨੂੰ ਸ਼ਰਧਾਂਜਲੀ ਵਜੋਂ ਇੱਕ ਸ਼ਾਹੀ ਸਫੈਦ ਪਹਿਰਾਵੇ 'ਚ ਪੁੱਜਿਆ। ਇਹ ਪਹਿਰਾਵਾ ਅਮਰੀਕੀ-ਨੇਪਾਲੀ ਡਿਜ਼ਾਈਨਰ ਪ੍ਰਬਲ ਗੁਰੰਗ ਵੱਲੋਂ ਡਿਜ਼ਾਈਨ ਕੀਤਾ ਗਿਆ ਸੀ, ਜਿਸ ਨੇ ਪਹਿਲਾਂ ਨਿਊਯਾਰਕ 'ਚ ਮੈਟਰੋਪੋਲੀਟਨ ਮਿਊਜ਼ੀਅਮ ਆਫ ਆਰਟ ਵਿਖੇ ਸਾਲਾਨਾ ਆਯੋਜਿਤ ਫੈਸ਼ਨ ਚੈਰਿਟੀ ਪ੍ਰੋਗਰਾਮ ਲਈ ਬਾਲੀਵੁੱਡ ਅਦਾਕਾਰਾ ਆਲੀਆ ਭੱਟ ਲਈ ਪਹਿਰਾਵਾ ਤਿਆਰ ਕੀਤਾ ਸੀ। ਮੇਟ ਗਾਲਾ ਦੌਰਾਨ ਸਿੱਖ ਪਹਿਰਾਵੇ ਦੀ ਨੁਮਾਇੰਦਗੀ ਕਰਦੇ ਹੋਏ ਦਿਲਜੀਤ ਨੇ ਗੋਲਡਨ ਸ਼ੇਰਵਾਨੀ ਪਹਿਨੀ ਹੋਈ ਸੀ। ਇਸ ਦੇ ਨਾਲ ਹੀ ਦਿਲਜੀਤ ਨੇ ਇਕ ਤਹਿਮਤ, ਜਵਾਹਰਾਤਾਂ ਨਾਲ ਜੜੀ ਪੱਗ, ਜਿਸ ਵਿੱਚ ਸਫੈਦ 'ਕਲਗੀ' ਮੌਜੂਦ ਸੀ, ਬੰਨ੍ਹੀ ਹੋਈ ਸੀ। ਉਸ ਨੇ ਗਹਿਣਿਆਂ ਨਾਲ ਜੜੀ ਤਲਵਾਰ ਵੀ ਫੜੀ ਹੋਈ ਸੀ, ਜਿਸ ਦੀ ਹੱਥੀ ਸ਼ੇਰ ਦੇ ਸਿਰ ਵਾਲੀ ਸੀ। ਉਸ ਨੇ ਪੰਜਾਬ ਦੇ ਨਕਸ਼ੇ ਅਤੇ ਗੁਰਮੁਖੀ ਵਿੱਚ ਕਢਾਈ ਵਾਲੇ ਅੱਖਰਾਂ ਵਾਲਾ ਇੱਕ ਕੇਪ (ਕੱਪੜਾ) ਵੀ ਦਿਖਾਇਆ।

## ਗੈਸ ਚੜ੍ਹਨ ਨਾਲ 3 ਮਜ਼ਦੂਰਾਂ ਦੀ ਮੌਤ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਟਾਊਨਸ਼ਿਪ ਵਿੱਚ ਸੀਵਰੇਜ ਟਰੀਟਮੈਂਟ ਪਲਾਂਟ ਦੀ ਸਫਾਈ ਕਰਦੇ ਸਮੇ ਗੈਸ ਚੜ੍ਹਨ ਕਾਰਨ ਤਿੰਨ ਮਜ਼ਦੂਰਾਂ ਦੀ ਮੌਕੇ 'ਤੇ ਮੌਤ ਹੋ ਗਈ। ਮਜ਼ਦੂਰ ਬਠਿੰਡਾ ਜ਼ਿਲ੍ਹੇ ਦੀ ਰਾਮਾ ਮੰਡੀ ਵਿਖੇ ਬਣੀ ਰਿਫਾਈਨਰੀ ਦੇ ਟਾਊਨਸ਼ਿਪ ਵਿੱਚ ਸੀਵਰੇਜ ਟਰੀਟਮੈਂਟ ਪਲਾਂਟ ਦੀ ਸਫਾਈ ਕਰ ਰਹੇ ਸਨ। ਗੈਸ ਚੜ੍ਹਨ 'ਤੇ ਮਜ਼ਦੂਰਾਂ ਨੂੰ ਬਠਿੰਡਾ ਏਮਜ਼ ਭੇਜਿਆ ਗਿਆ, ਪਰ ਉਨ੍ਹਾਂ ਦੀ ਮੌਤ ਹੋ ਗਈ। ਟਾਊਨਸ਼ਿਪ ਵਿੱਚ ਰਿਫਾਈਨਰੀ ਦੇ ਅਧਿਕਾਰੀ ਤੇ ਮੁਲਾਜ਼ਮ ਰਹਿੰਦੇ ਹਨ।

## ਲਗਾਤਾਰ ਬਾਰ੍ਹਵੀਂ ਰਾਤ ਗੋਲੀਬਾਰੀ

**ਜੰਮੂ :** ਪਾਕਿਸਤਾਨੀ ਫੌਜ ਨੇ ਜੰਮੂ-ਕਸ਼ਮੀਰ ਵਿੱਚ ਕੰਟਰੋਲ ਰੇਖਾ ਦੇ ਨਾਲ ਸੋਮਵਾਰ ਲਗਾਤਾਰ ਬਾਰ੍ਹਵੀਂ ਰਾਤ ਵੀ ਗੋਲੀਬਾਰੀ ਕੀਤੀ। ਉਸ ਨੇ 5 ਤੇ 6 ਮਈ ਦੀ ਦਰਮਿਆਨੀ ਰਾਤ ਨੂੰ ਕੁਪਵਾੜਾ, ਬਾਰਾਮੂਲਾ, ਪੁਣਛ, ਰਾਜੌਰੀ, ਮੇਂਧੜ, ਨੌਸ਼ਹਿਰਾ, ਸੁੰਦਰਬਨੀ ਤੇ ਅਖਨੂਰ ਸੈਕਟਰਾਂ ਵਿੱਚ ਬਿਨਾਂ ਕਿਸੇ ਭੜਕਾਹਟ ਦੇ ਛੋਟੇ ਹਥਿਆਰਾਂ ਨਾਲ ਫਾਇਰਿੰਗ ਕੀਤੀ।

ਭਾਰਤੀ ਫੌਜ ਨੇ ਢੁਕਵਾਂ ਜਵਾਬ ਦਿੱਤਾ। ਜੰਮੂ-ਕਸ਼ਮੀਰ ਦੇ ਸੱਤ ਸਰਹੱਦੀ ਜ਼ਿਲ੍ਹਿਆਂ ਵਿੱਚੋਂ ਪੰਜ ਜ਼ਿਲ੍ਹਿਆਂ ਵਿੱਚ ਗੋਲੀਬਾਰੀ ਹੋ ਰਹੀ ਹੈ। ਹੁਣ ਤੱਕ ਸਾਂਬਾ ਅਤੇ ਕਠੂਆ ਜ਼ਿਲ੍ਹਿਆਂ ਵਿੱਚ ਕੌਮਾਂਤਰੀ ਸਰਹੱਦ 'ਤੇ ਗੋਲੀਬਾਰੀ ਦੀ ਕੋਈ ਰਿਪੋਰਟ ਨਹੀਂ ਹੈ।

## ਸਲਾਮਤੀ ਕੌਂਸਲ 'ਚ ਪਾਕਿਸਤਾਨ ਨੂੰ ਤਿੱਖੇ ਸਵਾਲ

**ਸੰਯੁਕਤ ਰਾਸ਼ਟਰ :** ਪਹਿਲਗਾਮ ਦਹਿਸ਼ਤੀ ਹਮਲੇ ਮਗਰੋਂ ਭਾਰਤ ਤੇ ਪਾਕਿਸਤਾਨ ਵਿਚਾਲੇ ਵਧਦੇ ਟਕਰਾਅ ਦਰਮਿਆਨ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਨੇ ਬੰਦ ਕਮਰਾ ਮੀਟਿੰਗ ਦੌਰਾਨ ਇਸ ਮੁੱਦੇ 'ਤੇ ਚਰਚਾ ਕੀਤੀ। ਮੀਟਿੰਗ ਵਿੱਚ ਸ਼ਾਮਲ ਮੈਂਬਰ ਮੁਲਕਾਂ ਨੇ ਜਿੱਥੇ ਦੋਵਾਂ ਮੁਲਕਾਂ ਨੂੰ ਸੰਜਮ ਨਾਲ ਕੰਮ ਲੈਣ ਤੇ ਗੱਲਬਾਤ ਦਾ ਰਾਹ ਅਖਤਿਆਰ ਕਰਨ ਦਾ ਸੱਦਾ ਦਿੱਤਾ, ਉਥੇ ਪਾਕਿਸਤਾਨ ਨੂੰ ਕੁਝ 'ਮੁਸ਼ਕਲ ਸਵਾਲ' ਵੀ ਪੁੱਛੇ। ਸਲਾਮਤੀ ਕੌਂਸਲ ਨੇ ਪਾਕਿਸਤਾਨ ਨੂੰ ਇਸ ਮੁੱਦੇ ਨੂੰ ਭਾਰਤ ਨਾਲ ਦੁਵੱਲੀ ਗੱਲਬਾਤ ਜ਼ਰੀਏ ਸੁਲਝਾਉਣ ਲਈ ਕਿਹਾ ਤੇ ਜਵਾਬਦੇਹੀ ਦੀ ਮੰਗ ਕਰਦਿਆਂ ਇਹ ਜਾਣਨ ਦੀ ਕੋਸ਼ਿਸ਼ ਕੀਤੀ ਕਿ ਕੀ 22 ਅਪਰੈਲ ਨੂੰ ਪਹਿਲਗਾਮ ਵਿੱਚ ਮਾਸੂਮ ਸੈਲਾਨੀਆਂ ਦੇ ਕਤਲੇਆਮ ਵਿਚ ਲਸ਼ਕਰ-ਏ-ਤਈਬਾ ਸ਼ਾਮਲ ਸੀ। ਸਲਾਮਤੀ ਕੌਂਸਲ ਦੇ ਮਈ ਮਹੀਨੇ ਲਈ ਪ੍ਰਧਾਨ ਯੂਨਾਨ ਨੇ ਪਾਕਿਸਤਾਨ ਦੀ ਅਪੀਲ 'ਤੇ ਸੋਮਵਾਰ ਲਈ ਬੈਠਕ ਨਿਰਧਾਰਤ ਕੀਤੀ ਸੀ। ਮੌਜੂਦਾ ਸਮੇਂ ਪਾਕਿਸਤਾਨ ਸਲਾਮਤੀ ਕੌਂਸਲ ਦਾ ਅਸਥਾਈ ਮੈਂਬਰ ਹੈ। ਸਲਾਮਤੀ ਕੌਂਸਲ ਦੀ ਬੈਠਕ ਸੋਮਵਾਰ ਦੁਪਹਿਰ ਨੂੰ ਕਰੀਬ ਡੇਢ ਘੰਟੇ ਤੱਕ ਚੱਲੀ। ਬੈਠਕ ਕੌਂਸਲ ਦੇ ਚੈਂਬਰ ਵਿੱਚ ਨਹੀਂ, ਬਲਕਿ ਉਸ ਦੇ ਨਾਲ ਸਲਾਹ-ਮਸ਼ਵਰੇ ਵਾਲੇ ਕਮਰੇ 'ਚ ਹੋਈ। ਸਲਾਮਤੀ ਕੌਂਸਲ ਦੇ ਮੈਂਬਰਾਂ ਨੇ ਪਾਕਿਸਤਾਨ ਦੇ ਇਸ ਬਿਆਨ ਨੂੰ ਵੀ ਅਸਵੀਕਾਰ ਕਰ ਦਿੱਤਾ ਕਿ ਇਹ ਦਹਿਸ਼ਤੀ ਹਮਲਾ ਭਾਰਤ ਦੇ ਅੰਦਰੋਂ ਕੀਤਾ ਗਿਆ ਸੀ। ਪੰਦਰਾਂ ਮੈਂਬਰੀ ਕੌਂਸਲ, ਜਿਸ ਵਿੱਚ ਪੰਜ ਸਥਾਈ ਤੇ 10 ਅਸਥਾਈ ਮੈਂਬਰ ਹਨ, ਇਹ ਜਾਣਨਾ ਚਾਹੁੰਦੇ ਸਨ ਕਿ ਕੀ ਲਸ਼ਕਰ-ਏ-ਤੋਈਬਾ, ਜੋ ਕਿ ਪਾਕਿਸਤਾਨ ਤੋਂ ਬਾਹਰ ਅੱਤਵਾਦੀ ਸਮੂਹ ਹੈ, ਪਹਿਲਗਾਮ ਹਮਲੇ ਵਿੱਚ ਸ਼ਾਮਲ ਸੀ। ਕੌਂਸਲ ਨੇ ਮੀਟਿੰਗ ਵਿੱਚ ਪਹਿਲਗਾਮ ਅੱਤਵਾਦੀ ਹਮਲੇ ਦੀ ਵਿਆਪਕ ਨਿੰਦਾ ਕੀਤੀ ਅਤੇ ਜਵਾਬਦੇਹੀ ਦੀ ਲੋੜ 'ਤੇ ਜ਼ੋਰ ਦਿੱਤਾ। ਕੁਝ ਮੈਂਬਰਾਂ ਨੇ ਖਾਸ ਤੌਰ 'ਤੇ ਸੈਲਾਨੀਆਂ ਨੂੰ ਉਨ੍ਹਾਂ ਦੇ ਧਾਰਮਕ ਅਕੀਦੇ ਦੇ ਆਧਾਰ 'ਤੇ ਨਿਸ਼ਾਨਾ ਬਣਾਉਣ ਦਾ ਮੁੱਦਾ ਉਠਾਇਆ। ਬਹੁਤ ਸਾਰੇ ਮੈਂਬਰਾਂ ਨੇ ਫਿਕਰ ਜਤਾਇਆ ਕਿ ਪਾਕਿਸਤਾਨ ਦੇ ਮਿਜ਼ਾਈਲ ਟੈਸਟ ਅਤੇ ਪ੍ਰਮਾਣੂ ਬਿਆਨਬਾਜ਼ੀ ਤਣਾਅ ਵਧਾਉਣ ਵਾਲੇ ਕਾਰਕ ਸਨ।

## ਦੋ ਆਰ ਪੀ ਜੀ ਸਣੇ ਕਾਫੀ ਹਥਿਆਰ ਬਰਾਮਦ



**ਅੰਮ੍ਰਿਤਸਰ :** ਪੰਜਾਬ ਪੁਲਸ ਦੇ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਅੰਮ੍ਰਿਤਸਰ ਦੀ ਪੁਲਸ ਨੇ ਕੇਂਦਰੀ ਏਜੰਸੀ ਨਾਲ ਇੱਕ ਸਾਂਝੇ ਅਪਰੇਸ਼ਨ ਤਹਿਤ ਨਵਾਂਸ਼ਹਿਰ ਦੇ ਜੰਗਲਾਤ ਖੇਤਰ ਵਿੱਚੋਂ ਹਥਿਆਰਾਂ ਦਾ ਇੱਕ ਵੱਡਾ ਜ਼ਖੀਰਾ ਬਰਾਮਦ ਕੀਤਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਬਰਾਮਦ ਹਥਿਆਰਾਂ ਵਿੱਚ ਦੋ ਰਾਕੇਟ ਪਰੋਪੈਲਡ ਗ੍ਰਨੇਡ (ਆਰ ਪੀ ਜੀ), ਦੋ ਇੰਪਰੋਵਾਈਜ਼ ਐਕਸਪਲੋਸਿਵ ਡਿਵਾਈਸ (ਆਈ ਈ ਡੀ), ਪੀ 86 ਕਿਸਮ ਦੇ ਪੰਜ ਗ੍ਰਨੇਡ ਅਤੇ ਇੱਕ ਵਾਇਰਲੈਸ ਕਮਿਊਨੀਕੇਸ਼ਨ ਸੈੱਟ ਸ਼ਾਮਲ ਹਨ। ਇਹ ਸਰਹੱਦ ਪਾਰੋਂ ਪਾਕਿਸਤਾਨ ਖੁਫੀਆ ਏਜੰਸੀ ਆਈ ਐੱਸ ਆਈ ਵੱਲੋਂ ਕਰਾਸ ਬਾਰਡਰ ਦਹਿਸ਼ਤਗਰਦੀ ਨੈੱਟਵਰਕ ਦਾ ਇੱਕ ਵੱਡਾ ਹਿੱਸਾ ਹੈ, ਜਿਸ ਦਾ ਪਰਦਾ ਫਾਸ਼ ਕੀਤਾ ਗਿਆ ਹੈ। ਹਥਿਆਰ ਟਿੱਬਾ-ਕੁਲਾਰ ਰੋਡ ਨੇੜੇ ਜੰਗਲਾਤ ਖੇਤਰ ਵਿੱਚੋਂ ਬਰਾਮਦ ਕੀਤੇ ਗਏ ਹਨ। ਉਨ੍ਹਾ ਦੱਸਿਆ ਕਿ ਮੁੱਢਲੀ ਪੜਤਾਲ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਆਈ ਐੱਸ ਆਈ ਵੱਲੋਂ ਅੱਤਵਾਦੀ ਸੰਗਠਨ ਦੇ ਸਹਿਯੋਗ ਨਾਲ ਇੱਥੇ ਸਲੀਪਰ ਸੈੱਲ ਨੂੰ ਸੁਰਜੀਤ ਕੀਤਾ ਜਾ ਰਿਹਾ ਹੈ। ਇਸ ਸੰਬੰਧ ਵਿੱਚ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਦੇ ਅੰਮ੍ਰਿਤਸਰ ਸਥਿਤ ਥਾਣੇ ਵਿਖੇ ਕੇਸ ਦਰਜ ਕੀਤਾ ਗਿਆ ਹੈ।

## ਨੇਕ ਕੰਮ ਲਈ ਮਾਊਂਟ ਮਕਾਲੂ ਚੋਟੀ 'ਤੇ ਚੜ੍ਹਦਿਆਂ ਸ਼ਹੀਦ

**ਕਾਠਮੰਡੂ :** ਪੂਰਬੀ ਨੇਪਾਲ ਵਿੱਚ ਦੁਨੀਆ ਦੀ ਪੰਜਵੀਂ ਸਭ ਤੋਂ ਉੱਚੀ ਚੋਟੀ ਮਾਊਂਟ ਮਕਾਲੂ 'ਤੇ ਇੱਕ ਅਮਰੀਕੀ ਪਰਬਤਾਰੋਹੀ ਦੀ ਮੌਤ ਹੋ ਗਈ। ਉਹ ਬੱਚਿਆਂ ਦੇ ਕੈਂਸਰ ਪ੍ਰੋਗਰਾਮ ਲਈ ਫੰਡ ਇਕੱਠਾ ਕਰਨ ਲਈ ਇਸ ਚੋਟੀ ਨੂੰ ਸਰ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਮਕਾਲੂ ਦੀ ਚੋਟੀ 8,463 ਮੀਟਰ (28,000 ਫੁੱਟ) ਉੱਚੀ ਹੈ, ਜਦੋਂ ਕਿ ਸੰਸਾਰ ਦੀ ਸਭ ਤੋਂ ਬੁਲੰਦ ਚੋਟੀ ਮਾਊਂਟ ਐਵਰੈਸਟ 8849 ਮੀਟਰ (29,032 ਫੁੱਟ) ਉੱਚੀ ਹੈ। ਡੀਸਨ ਮਾਊਂਟੇਨੀਅਰਿੰਗ ਦੇ ਮੁਹਿੰਮ ਪ੍ਰਬੰਧਕ ਨੇ ਕਿਹਾ ਕਿ 39 ਸਾਲਾ ਅਲੈਗਜ਼ੈਂਡਰ ਪੈਨਕੋ ਦੀ ਮੌਤ ਐਤਵਾਰ ਨੂੰ ਉਦੋਂ ਹੋਈ, ਜਦੋਂ ਉਹ ਪਹਾੜ ਦੇ ਦੂਜੇ ਉੱਚੇ ਕੈਂਪ 'ਤੇ ਆਪਣੇ ਸਲੀਪਿੰਗ ਬੈਗ ਵਿੱਚ ਬੈਠਣ ਹੀ ਵਾਲਾ ਸੀ। ਐਲੈਕਸ ਅਚਾਨਕ ਬੇਹੋਸ਼ ਹੋ ਗਿਆ। ਘੰਟਿਆਂ ਦੇ ਪੁਨਰ-ਸੁਰਜੀਤੀ ਯਤਨਾਂ ਦੇ ਬਾਵਜੂਦ ਉਸ ਨੂੰ ਸੁਰਜੀਤ ਨਹੀਂ ਕੀਤਾ ਜਾ ਸਕਿਆ।

ਪੈਨਕੋ, ਜੋ ਛੋਟੀ ਉਮਰ ਵਿੱਚ ਦਿਮਾਗੀ ਟਿਊਮਰ ਤੋਂ ਬਚ ਗਿਆ ਸੀ, ਨੇ ਐਕਸਪਲੋਰਰ ਗ੍ਰੈਂਡ ਸਲੈਮ ਪੂਰਾ ਕੀਤਾ ਸੀ, ਜਿਸ ਦਾ ਮਤਲਬ ਹੈ ਸੱਤ ਮਹਾਂਦੀਪਾਂ ਵਿੱਚੋਂ ਹਰੇਕ ਦੀਆਂ ਸਭ ਤੋਂ ਉੱਚੀਆਂ ਚੋਟੀਆਂ 'ਤੇ ਚੜ੍ਹਨਾ ਅਤੇ ਫਿਰ ਦੋਵਾਂ ਉੱਤਰੀ ਅਤੇ ਦੱਖਣੀ ਧਰੁਵਾਂ 'ਤੇ ਸਕੀਇੰਗ ਕਰਨਾ। ਉਹ ਪੁਰਾਣੀ ਮਾਈਲੋਇਡ ਲਿਊਕੇਮੀਆ ਨਾਲ ਜੂਝ ਰਿਹਾ ਸੀ ਅਤੇ ਸ਼ਿਕਾਗੋ ਸਥਿਤ ਲੂਰੀ ਚਿਲਡਰਨਜ਼ ਹਸਪਤਾਲ ਦੇ ਬੱਚਿਆਂ ਦੇ ਖੂਨ ਦੇ ਕੈਂਸਰ ਬਾਰੇ ਪ੍ਰੋਗਰਾਮ ਲਈ ਫੰਡ ਇਕੱਠਾ ਕਰਨ ਵਾਸਤੇ ਮਕਾਲੂ 'ਤੇ ਚੜ੍ਹਨ ਦੀ ਕੋਸ਼ਿਸ਼ ਕਰ ਰਿਹਾ ਸੀ। ਉਸ ਨੇ ਪਹਿਲਾਂ ਵੀ ਕਲੀਨੀਕਲ ਅਜ਼ਮਾਇਸ਼ਾਂ ਅਤੇ ਹੋਰ ਪ੍ਰੋਗਰਾਮਾਂ ਨੂੰ ਫੰਡ ਦੇਣ ਵਿੱਚ ਮਦਦ ਲਈ 10 ਲੱਖ ਡਾਲਰ ਇਕੱਠੇ ਕੀਤੇ ਸਨ।

## ਅਮਰੀਕਾ ਛੱਡਣ ਲਈ ਇੱਕ ਹਜ਼ਾਰ ਡਾਲਰ ਦੀ ਪੇਸ਼ਕਸ਼



**ਵਾਸ਼ਿੰਗਟਨ :** ਟਰੰਪ ਪ੍ਰਸ਼ਾਸਨ ਨੇ ਸੋਮਵਾਰ ਕਿਹਾ ਕਿ ਉਹ ਅਮਰੀਕਾ 'ਚ ਗੈਰਕਾਨੂੰਨੀ ਢੰਗ ਨਾਲ ਰਹਿ ਰਹੇ ਉਨ੍ਹਾਂ ਪ੍ਰਵਾਸੀਆਂ ਨੂੰ 1000 ਅਮਰੀਕੀ ਡਾਲਰ ਦਾ ਭੁਗਤਾਨ ਕਰੇਗਾ, ਜੋ ਸਵੈ-ਇੱਛਾ ਨਾਲ ਆਪਣੇ ਦੇਸ਼ ਪਰਤਣ ਦੇ ਇੱਛੁਕ ਹਨ। ਗ੍ਰਹਿ ਸੁਰੱਖਿਆ ਵਿਭਾਗ ਨੇ ਕਿਹਾ ਕਿ ਉਹ ਯਾਤਰਾ ਸਹਾਇਤਾ ਲਈ ਭੁਗਤਾਨ ਕਰੇਗਾ ਤੇ ਜਿਹੜੇ ਲੋਕ ਸੀ ਬੀ ਪੀ ਹੋਮ ਨਾਂਅ ਦੇ ਐਪ ਦੀ ਵਰਤੋਂ ਕਰਕੇ ਸਰਕਾਰ ਨੂੰ ਦੱਸਣਗੇ ਕਿ ਉਹ ਘਰ ਵਾਪਸ ਜਾਣ ਦੀ ਯੋਜਨਾ ਬਣਾ ਰਹੇ ਹਨ, ਤਾਂ ਅਜਿਹੇ ਵਿਅਕਤੀਆਂ ਨੂੰ ਉਨ੍ਹਾਂ ਦੇ ਮੁਲਕ ਵਾਪਸ ਭੇਜਣ ਦਾ ਪ੍ਰਬੰਧ ਕੀਤਾ ਜਾਵੇਗਾ।

## ਰਿਜ਼ਰਵੇਸ਼ਨ ਵੀ ਟਰੇਨ ਦੇ ਸਫਰ ਵਰਗੀ ਹੋ ਗਈ!

**ਨਵੀਂ ਦਿੱਲੀ :** ਮਹਾਰਾਸ਼ਟਰ ਲੋਕਲ ਬਾਡੀਜ਼ ਚੋਣਾਂ ਵਿੱਚ ਓ ਬੀ ਸੀ ਲਈ ਸੀਟਾਂ ਰਿਜ਼ਰਵ ਕਰਨ ਦੇ ਮੁੱਦੇ 'ਤੇ ਮੰਗਲਵਾਰ ਸੁਣਵਾਈ ਕਰਦਿਆਂ ਸੁਪਰੀਮ ਕੋਰਟ ਨੇ ਕਿਹਾ ਕਿ ਭਾਰਤ ਵਿੱਚ ਰਿਜ਼ਰਵੇਸ਼ਨ ਟਰੇਨ ਦੇ ਸਫਰ ਵਾਂਗ ਹੋ ਗਈ ਹੈ, ਜਿੱਥੇ ਜਿਹੜਾ ਡੱਬੇ ਦੇ ਅੰਦਰ ਵੜ ਗਿਆ, ਦੂਜੇ ਨੂੰ ਵੜਨ ਨਹੀਂ ਦੇਣਾ ਚਾਹੁੰਦਾ। ਦੋ ਮੈਂਬਰੀ ਬੈਂਚ ਦੀ ਪ੍ਰਧਾਨਗੀ ਕਰਦਿਆਂ ਜਸਟਿਸ ਸੂਰੀਆ ਕਾਂਤ ਨੇ ਕਿਹਾ ਕਿ ਦੇਸ਼ ਵਿੱਚ ਰਿਜ਼ਰਵੇਸ਼ਨ ਬਿਜ਼ਨਸ ਰੇਲਵੇ ਵਰਗਾ ਬਣ ਗਿਆ ਹੈ। ਜਿਹੜੇ ਡੱਬੇ ਦੇ ਅੰਦਰ ਵੜ ਜਾਂਦੇ ਹਨ, ਦੂਜੇ ਨੂੰ ਅੰਦਰ ਨਹੀਂ ਵੜਨ ਦਿੰਦੇ। ਜਸਟਿਸ ਕਾਂਤ ਨੇ ਇਹ ਟਿੱਪਣੀ ਪਟੀਸ਼ਨਰ ਦੇ ਵਕੀਲ ਗੋਪਾਲ ਸ਼ੰਕਰਨਾਰਾਇਣਨ ਵੱਲੋਂ ਮਹਾਰਾਸ਼ਟਰ ਲੋਕਲ ਬਾਡੀਜ਼ ਚੋਣਾਂ ਵਿੱਚ ਓ ਬੀ ਸੀ ਲਈ ਰਿਜ਼ਰਵੇਸ਼ਨ ਦੇ ਸੁਆਲ 'ਤੇ ਬਣਾਏ ਗਏ ਜਯੰਤ ਕੁਮਾਰ ਬੰਥੀਆ ਕਮਿਸ਼ਨ ਦੀਆਂ ਸਿਫਾਰਸ਼ਾਂ ਦਾ ਵਿਰੋਧ ਕਰਨ ਦੌਰਾਨ ਕੀਤੀ। ਸ਼ੰਕਰਨਾਰਾਇਣਨ ਨੇ ਕਿਹਾ ਕਿ ਬੰਥੀਆ ਕਮਿਸ਼ਨ ਨੇ ਓ ਬੀ ਸੀ ਲਈ 27 ਫੀਸਦੀ ਰਿਜ਼ਰਵੇਸ਼ਨ ਦੀ ਸਿਫਾਰਸ਼ ਕਰਦਿਆਂ ਸਿਆਸੀ ਪਿਛੋਕੜ ਵੱਲ ਧਿਆਨ ਨਹੀਂ ਦਿੱਤਾ। ਸਿਆਸੀ ਪਿਛੋਕੜ ਸਮਾਜੀ ਤੇ ਵਿਦਿਅਕ ਪਿਛੋਕੜ ਨਾਲੋਂ ਵੱਖਰਾ ਹੁੰਦਾ ਹੈ ਅਤੇ ਆਟੋਮੈਟੀਕਲੀ ਨਹੀਂ ਮੰਨਿਆ ਜਾ ਸਕਦਾ ਕਿ ਸਾਰੇ ਓ ਬੀ ਸੀ ਸਿਆਸੀ ਪੱਖੋਂ ਪਿਛੜੇ ਹਨ। ਸੀਨੀਅਰ ਵਕੀਲ ਸ਼ੰਕਰਨਾਰਾਇਣਨ ਨੇ ਆਪਣੀ ਦਲੀਲ ਦੇ ਨਾਲ ਜਸਟਿਸ ਕਾਂਤ ਦੀ ਟਿੱਪਣੀ ਜੋੜਦਿਆਂ ਕਿਹਾ ਕਿ ਟਰੇਨ ਦੇ ਪਿੱਛੇ ਹੋਰ ਬੋਗੀਆਂ ਜੋੜੀਆਂ ਜਾ ਰਹੀਆਂ ਹਨ। ਬੈਂਚ, ਜਿਸ ਵਿੱਚ ਜਸਟਿਸ ਐੱਨ ਕੇ ਸਿੰਘ ਵੀ ਸ਼ਾਮਲ ਸਨ, ਨੇ ਅੰਤ ਨੂੰ ਹੁਕਮ ਦਿੱਤਾ ਕਿ ਚੋਣਾਂ ਬੰਥੀਆ ਕਮਿਸ਼ਨ ਦੀ ਰਿਪੋਰਟ ਤੋਂ ਪਹਿਲਾਂ ਓ ਬੀ ਸੀ ਨੂੰ ਦਿੱਤੀ ਗਈ ਰਿਜ਼ਰਵੇਸ਼ਨ ਦੇ ਹਿਸਾਬ ਨਾਲ ਕਰਵਾਈਆਂ ਜਾਣ।

## ਅੱਜ-ਨਾਮਾ

ਹਾਲਤ ਅਮਨ-ਕਾਨੂੰਨ ਦੀ ਠੀਕ ਹੈ ਨਹੀਂ,
ਚੁਫੇਰੇ ਫਿਰਨ ਸ਼ੋਹਦੇ ਕਰਦੇ ਮਾਰ ਮੀਆਂ।
ਕੜਾ, ਚੇਨੀ ਜਾਂ ਚਮਕਿਆ ਜਦੋਂ ਕੁਝ ਵੀ,
ਰਾਹਾਂ ਵਿੱਚ ਘੇਰ ਕੇ ਲੈਣ ਉਤਾਰ ਮੀਆਂ।
ਹੁੰਦੀਆਂ ਰਹਿੰਦੀਆਂ ਕਈ ਆ ਵਾਰਦਾਤਾਂ,
ਫਿਰਦੀ ਦੋਸ਼ੀਆਂ ਦੀ ਤਕੜੀ ਡਾਰ ਮੀਆਂ।
ਪਬਲਿਕ ਵਧੀ ਜਾਂਦੀ, ਪੁਲਸ ਘਟੀ ਜਾਂਦੀ,
ਝੱਲਣਾ ਮੁਸ਼ਕਲ ਡਿਊਟੀ ਦਾ ਭਾਰ ਮੀਆਂ।
ਮੁਸ਼ਕਲ ਲੋਕਾਂ ਦੀ ਨਿੱਤ ਦਿਨ ਵਧੀ ਜਾਂਦੀ,
ਕਿਉਂ ਨਾ ਪੈਂਦੀ ਅਪਰਾਧਾਂ ਨੂੰ ਨੱਥ ਮੀਆਂ।
ਝਕਾਨੀ ਦੇਂਦੇ ਤੇ ਦੋਸ਼ੀ ਫਿਰ ਨਿਕਲ ਜਾਂਦੇ,
ਸੁਣਿਆ ਕਾਨੂੰਨ ਦੇ ਲੰਮੇ ਹਨ ਹੱਥ ਮੀਆਂ।

-ਤੀਸ ਮਾਰ ਖਾਂ

## ਚੀਫ ਜਸਟਿਸ ਕੋਲ 15 ਮਾਡਲ ਦੀ ਮਾਰੂਤੀ ਸਵਿਫਟ

**ਨਵੀਂ ਦਿੱਲੀ :** ਫੁੱਲ ਬੈਂਚ ਦੇ ਫੈਸਲੇ ਤੋਂ ਬਾਅਦ ਪਾਰਦਰਸ਼ਤਾ ਵਧਾਉਣ ਦੀ ਇੱਕ ਕੋਸ਼ਿਸ਼ ਵਜੋਂ ਸੁਪਰੀਮ ਕੋਰਟ ਨੇ ਜੱਜਾਂ ਦੀਆਂ ਜਾਇਦਾਦਾਂ ਸੰਬੰਧੀ ਵੇਰਵੇ ਆਪਣੀ ਵੈੱਬਸਾਈਟ 'ਤੇ ਅਪਲੋਡ ਕਰ ਦਿੱਤੇ ਹਨ। ਇਨ੍ਹਾਂ ਵੇਰਵਿਆਂ ਮੁਤਾਬਕ ਸੇਵਾਮੁਕਤ ਹੋ ਰਹੇ ਚੀਫ ਜਸਟਿਸ ਸੰਜੀਵ ਖੰਨਾ ਕੋਲ 55.75 ਲੱਖ ਰੁਪਏ ਦੀ ਫਿਕਸਡ ਡਿਪਾਜ਼ਿਟ, ਦੱਖਣੀ ਦਿੱਲੀ ਵਿੱਚ ਤਿੰਨ ਬੈੱਡਰੂਮ ਵਾਲਾ ਡੀ ਡੀ ਏ ਫਲੈਟ ਅਤੇ ਰਾਸ਼ਟਰਮੰਡਲ ਖੇਡਾਂ ਦੇ ਪਿੰਡ ਵਿੱਚ 2446 ਵਰਗ ਫੁੱਟ ਦਾ ਚਾਰ ਬੈੱਡਰੂਮ ਵਾਲਾ ਅਪਾਰਟਮੈਂਟ ਹੈ।

ਇਸ ਤੋਂ ਇਲਾਵਾ ਚੀਫ ਜਸਟਿਸ ਵਜੋਂ ਨਾਮਜ਼ਦ ਜਸਟਿਸ ਬੀ ਆਰ ਗਵਈ ਕੋਲ ਬੈਂਕ ਵਿੱਚ 19.63 ਲੱਖ ਰੁਪਏ ਤੋਂ ਵੱਧ ਦੀ ਰਕਮ, ਮਹਾਰਾਸ਼ਟਰ ਦੇ ਅਮਰਾਵਤੀ ਵਿੱਚ ਇਕ ਘਰ, ਜੋ ਉਨ੍ਹਾ ਦੇ ਮ੍ਰਿਤਕ ਪਿਤਾ ਤੋਂ ਵਿਰਾਸਤ 'ਚ ਮਿਲਿਆ ਹੈ, ਮੁੰਬਈ ਦੇ ਬਾਂਦਰਾ ਤੇ ਦਿੱਲੀ ਦੀ ਡਿਫੈਂਸ ਕਲੋਨੀ ਵਿੱਚ ਅਪਾਰਟਮੈਂਟ ਅਤੇ ਅਮਰਾਵਤੀ ਤੇ ਨਾਗਪੁਰ ਵਿੱਚ ਖੇਤੀਬਾੜੀ ਜ਼ਮੀਨਾਂ ਹਨ। ਅਦਾਲਤ ਵੱਲੋਂ ਜਾਰੀ ਇੱਕ ਰਿਲੀਜ਼ ਵਿਚ ਕਿਹਾ ਗਿਆ ਹੈ, 'ਭਾਰਤ ਦੀ ਸੁਪਰੀਮ ਕੋਰਟ ਦੀ ਪੂਰੀ ਅਦਾਲਤ ਨੇ 1 ਅਪਰੈਲ 2025 ਨੂੰ ਫੈਸਲਾ ਕੀਤਾ ਸੀ ਕਿ ਇਸ ਅਦਾਲਤ ਦੇ ਜੱਜਾਂ ਦੀਆਂ ਜਾਇਦਾਦਾਂ ਦੇ ਬਿਆਨ ਵੈੱਬਸਾਈਟ 'ਤੇ ਅਪਲੋਡ ਕਰਕੇ ਜਨਤਾ ਦੀ ਕਚਹਿਰੀ ਵਿੱਚ ਰੱਖੇ ਜਾਣਗੇ। ਪਹਿਲਾਂ ਹੀ ਪ੍ਰਾਪਤ ਜੱਜਾਂ ਦੀਆਂ ਜਾਇਦਾਦਾਂ ਦੇ ਵੇਰਵੇ ਅਪਲੋਡ ਕੀਤੇ ਜਾ ਰਹੇ ਹਨ। ਹੋਰ ਜੱਜਾਂ ਦੀਆਂ ਜਾਇਦਾਦਾਂ ਦੇ ਵੇਰਵੇ ਉਦੋਂ ਹੀ ਅਪਲੋਡ ਕੀਤੇ ਜਾਣਗੇ, ਜਦੋਂ ਮੌਜੂਦਾ ਜਾਇਦਾਦਾਂ ਦਾ ਵੇਰਵੇ ਪ੍ਰਾਪਤ ਹੋਵੇਗਾ।'

ਪ੍ਰਾਪਤ ਅੰਕੜਿਆਂ ਅਨੁਸਾਰ ਚੀਫ ਜਸਟਿਸ ਖੰਨਾ, ਜੋ 13 ਮਈ ਨੂੰ ਸੇਵਾਮੁਕਤ ਹੋ ਰਹੇ ਹਨ, ਦਾ ਗੁਰੂਗ੍ਰਾਮ ਦੇ ਸੈਕਟਰ 49 ਦੇ ਸ਼ਿਸ਼ਪਾਲ ਵਿਹਾਰ ਵਿੱਚ ਇੱਕ ਚਾਰ ਬੈੱਡਰੂਮ ਵਾਲੇ ਫਲੈਟ 'ਚ 56 ਫੀਸਦੀ ਹਿੱਸਾ ਹੈ, ਜੋ ਕਿ 2016 ਵਰਗ ਫੁੱਟ ਸੁਪਰ ਏਰੀਆ ਹੈ ਅਤੇ ਹਿਮਾਚਲ ਪ੍ਰਦੇਸ਼ ਦੇ ਡਲਹੌਜ਼ੀ ਵਿੱਚ ਇਕ ਘਰ ਅਤੇ ਜ਼ਮੀਨ 'ਚ ਹਿੱਸਾ ਹੈ। ਅੰਕੜਿਆਂ ਤੋਂ ਅੱਗੇ ਪਤਾ ਚੱਲਿਆ ਹੈ ਕਿ ਉਨ੍ਹਾ ਦਾ ਪਬਲਿਕ ਪ੍ਰੋਵੀਡੈਂਟ ਫੰਡ ਵਿੱਚ 1.06 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼, 1,77,89,000 ਰੁਪਏ ਦਾ ਜੀ ਪੀ ਐੱਫ, 29,625 ਰੁਪਏ ਦਾ ਐੱਲ ਆਈ ਸੀ ਮਨੀ ਬੈਕ ਪਾਲਿਸੀ ਦਾ ਸਾਲਾਨਾ ਪ੍ਰੀਮੀਅਮ ਅਤੇ 14,000 ਰੁਪਏ ਦੇ ਸ਼ੇਅਰ ਹਨ। ਚੱਲ ਜਾਇਦਾਦਾਂ ਵਿੱਚੋਂ ਚੀਫ ਜਸਟਿਸ ਖੰਨਾ ਕੋਲ 250 ਗ੍ਰਾਮ ਸੋਨਾ ਅਤੇ 2 ਕਿੱਲੋ ਚਾਂਦੀ ਹੈ, ਜੋ ਕਿ ਜ਼ਿਆਦਾਤਰ ਵਿਰਾਸਤ ਵਿੱਚ ਅਤੇ ਤੋਹਫੇ ਵਿਚ ਮਿਲੀ ਹੈ। ਇਸ ਤੋਂ ਇਲਾਵਾ 2015 ਮਾਡਲ ਦੀ ਮਾਰੂਤੀ ਸਵਿਫਟ ਕਾਰ ਹੈ। ਜਸਟਿਸ ਗਵਈ, ਜੋ 14 ਮਈ ਨੂੰ ਚੀਫ ਜਸਟਿਸ ਵਜੋਂ ਅਹੁਦਾ ਸੰਭਾਲਣਗੇ, ਕੋਲ 5.25 ਲੱਖ ਰੁਪਏ ਦੇ ਸੋਨੇ ਦੇ ਗਹਿਣੇ ਹਨ, ਉਨ੍ਹਾ ਦੀ ਪਤਨੀ ਕੋਲ 29.70 ਲੱਖ ਰੁਪਏ ਦੇ ਗਹਿਣੇ ਅਤੇ 61,320 ਰੁਪਏ ਦੀ ਨਕਦ ਜਮ੍ਹਾਂ ਰਾਸ਼ੀ ਹੈ। ਜ਼ਿਕਰਯੋਗ ਹੈ ਕਿ 33 ਜੱਜਾਂ ਵਿੱਚੋਂ 21 ਨੇ ਆਪਣੀਆਂ ਜਾਇਦਾਦਾਂ ਦੇ ਵੇਰਵੇ ਜਨਤਕ ਕੀਤੇ ਹਨ। ਜਸਟਿਸ ਸੂਰੀਆ ਕਾਂਤ, ਜੋ ਇਸ ਸਾਲ 24 ਨਵੰਬਰ ਨੂੰ ਭਾਰਤ ਦੇ ਚੀਫ ਜਸਟਿਸ ਬਣ ਸਕਦੇ ਹਨ, ਕੋਲ ਹੋਰ ਅਚੱਲ ਜਾਇਦਾਦਾਂ ਦੇ ਨਾਲ ਚੰਡੀਗੜ੍ਹ ਦੇ ਸੈਕਟਰ 10 ਵਿੱਚ ਇਕ ਘਰ, ਪੰਚਕੂਲਾ 'ਚ 13 ਏਕੜ ਖੇਤੀਬਾੜੀ ਜ਼ਮੀਨ ਅਤੇ ਗੁਰੂਗ੍ਰਾਮ ਵਿੱਚ 300 ਵਰਗ ਗਜ਼ ਦਾ ਪਲਾਟ ਹੈ। ਉਨ੍ਹਾ ਕੋਲ 4.11 ਕਰੋੜ ਰੁਪਏ ਦੀ ਫਿਕਸਡ ਡਿਪਾਜ਼ਿਟ, 100 ਗ੍ਰਾਮ ਦੇ ਸੋਨੇ ਦੇ ਗਹਿਣੇ ਅਤੇ ਤਿੰਨ ਕੀਮਤੀ ਘੜੀਆਂ ਹਨ। ਜੱਜਾਂ ਦੀ ਜਾਇਦਾਦ ਦੇ ਵੇਰਵਿਆਂ ਨੂੰ ਅਪਲੋਡ ਕਰਨ ਤੋਂ ਇਲਾਵਾ ਸੁਪਰੀਮ ਕੋਰਟ ਨੇ ਹਾਈ ਕੋਰਟਾਂ ਅਤੇ ਸੁਪਰੀਮ ਕੋਰਟ ਵਿੱਚ ਨਿਯੁਕਤੀਆਂ ਦੀ ਪੂਰੀ ਪ੍ਰਕਿਰਿਆ ਵੀ ਜਨਤਾ ਦੇ ਗਿਆਨ ਅਤੇ ਜਾਗਰੂਕਤਾ ਲਈ ਆਪਣੀ ਵੈੱਬਸਾਈਟ 'ਤੇ ਪਾ ਦਿੱਤੀ ਹੈ, ਜਿਸ ਵਿਚ ਹਾਈ ਕੋਰਟ ਕਲੋਜੀਅਮ ਨੂੰ ਸੌਂਪੀ ਗਈ ਭੂਮਿਕਾ, ਰਾਜ ਸਰਕਾਰਾਂ, ਭਾਰਤ ਸੰਘ ਤੋਂ ਪ੍ਰਾਪਤ ਇਨਪੁਟ ਅਤੇ ਸੁਪਰੀਮ ਕੋਰਟ ਕਲੋਜੀਅਮ ਦੁਆਰਾ ਵਿਚਾਰ ਸ਼ਾਮਲ ਹੈ।

## ਫਿਰੌਤੀ ਮੰਗਣ ਵਾਲੇ ਬਰੈਂਪਟਨ ਦੇ ਤਿੰਨ ਨੌਜਵਾਨ ਗ੍ਰਿਫਤਾਰ



ਹਰਪਾਲ ਸਿੰਘ, ਰਾਜਨੂਰ ਸਿੰਘ ਤੇ ਏਕਨੂਰ ਸਿੰਘ।

**ਵੈਨਕੂਵਰ :** ਪੀਲ ਪੁਲਸ ਨੇ ਕਾਰੋਬਾਰੀਆਂ ਤੋਂ ਫਿਰੌਤੀਆਂ ਮੰਗਣ ਵਾਲੇ ਤਿੰਨ ਪੰਜਾਬੀ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਨੌਜਵਾਨਾਂ ਨੇ ਪਿਛਲੇ ਦਿਨੀਂ ਕੁਈਨ ਸਟਰੀਟ ਅਤੇ ਕੈਨੇਡੀ ਰੋਡ ਦੱਖਣ ਸਥਿਤ ਵਪਾਰਕ ਅਦਾਰੇ 'ਤੇ ਗੋਲੀਆਂ ਚਲਾਉਣ ਤੋਂ ਬਾਅਦ ਮਾਲਕ ਨੂੰ ਫੋਨ ਕਰਕੇ ਫਿਰੌਤੀ ਦੀ ਵੱਡੀ ਰਕਮ ਮੰਗੀ ਸੀ। ਨੌਜਵਾਨਾਂ ਦੀ ਪਛਾਣ ਹਰਪਾਲ ਸਿੰਘ (34), ਰਾਜਨੂਰ ਸਿੰਘ (20) ਤੇ ਏਕਨੂਰ ਸਿੰਘ (22) ਤਿੰਨੇ ਵਾਸੀ ਬਰੈਂਪਟਨ ਵਜੋਂ ਦੱਸੀ ਗਈ ਹੈ।

ਮੁਲਜ਼ਮਾਂ ਨੇ 30 ਅਪਰੈਲ ਨੂੰ ਗੋਲੀਆਂ ਚਲਾਉਣ ਤੋਂ ਬਾਅਦ ਅਦਾਰੇ ਦੇ ਮਾਲਕ ਨੂੰ ਫੋਨ ਅਤੇ ਮੈਸੇਜ ਕਰਕੇ ਫਿਰੌਤੀ ਦੀ ਵੱਡੀ ਰਕਮ ਮੰਗੀ ਅਤੇ ਨਾ ਦੇਣ ਜਾਂ ਪੁਲਸ ਨੂੰ ਦੱਸਣ ਬਦਲੇ ਮਾਰ ਦੇਣ ਦੀ ਧਮਕੀ ਵੀ ਦਿੱਤੀ। ਉਂਜ ਗੋਲੀਆਂ ਚਲਾਉਣ ਮੌਕੇ ਅਦਾਰੇ ਅੰਦਰ ਕੋਈ ਨਹੀਂ ਸੀ, ਜਿਸ ਕਾਰਨ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਹਾਲਾਂਕਿ ਮੌਕੇ 'ਤੇ ਲੱਗੇ ਸਕਿਓਰਿਟੀ ਉਪਕਰਨਾਂ ਵਿੱਚ ਮੁਲਜ਼ਮਾਂ ਦੀਆਂ ਤਸਵੀਰਾਂ ਤੇ ਹਰਕਤਾਂ ਰਿਕਾਰਡ ਹੋ ਗਈਆਂ। ਨੇੜਲੇ ਲੋਕਾਂ ਦੀ ਮਦਦ ਨਾਲ ਜਲਦੀ ਹੀ ਇਨ੍ਹਾਂ ਨੌਜਵਾਨਾਂ ਦੀ ਪਛਾਣ ਵੀ ਹੋ ਗਈ ਤੇ 2 ਮਈ ਨੂੰ ਤਿੰਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਪੁਲਸ ਅਧਿਕਾਰੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇ ਕਿਸੇ ਪੀੜਤ ਨੇ ਡਰ ਕਰਕੇ ਅਜੇ ਤੱਕ ਪੁਲਸ ਨੂੰ ਨਹੀਂ ਦੱਸਿਆ ਤਾਂ ਉਹ ਖੁੱਲ੍ਹ ਕੇ ਦੱਸ ਸਕਦਾ ਹੈ ਤੇ ਉਸ ਨੂੰ ਮੁਲਜ਼ਮਾਂ ਦੀ ਸ਼ਨਾਖਤ ਕਰਨ ਦਾ ਮੌਕਾ ਦਿੱਤਾ ਜਾਵੇਗਾ।

CMYK

DUMMY-EIRST PAGE-AJIT.qxd 5/6/2025 9:10 PM Page 2



## ਵਾਧੂ ਪਾਣੀ ਦੀ ਇੱਕ ਬੂੰਦ ਵੀ ਕਿਸੇ ਹੋਰ ਸੂਬੇ ਨੂੰ ਨਹੀਂ ਦਿੱਤੀ ਜਾ ਸਕਦੀ : ਰਾਜਿੰਦਰ ਸਿੰਘ



**ਪਟਿਆਲਾ (ਬਿੰਦ)**-ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਸਮਾਣਾ ਦੇ ਇੰਚਾਰਜ ਰਾਜਿੰਦਰ ਸਿੰਘ ਨੇ ਬੀ.ਬੀ.ਐੱਮ.ਬੀ. ਪਾਣੀਆਂ ਦੇ ਮੁੱਦੇ ਉੱਪਰ ਕੇਂਦਰ ਸਰਕਾਰ ਦੀ ਕੜੇ ਸ਼ਬਦਾਂ 'ਚ ਆਲੋਚਨਾ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਭਾਜਪਾ ਦੇ ਇਸੇ 'ਚ ਗੁਆਂਢੀ ਸੂਬੇ ਹਰਿਆਣਾ ਨੂੰ ਭਾਖੜਾ ਡੈਮ ਤੋਂ ਵੱਡੀ 8500 ਕਿਊਸਿਕ ਵਾਧੂ ਪਾਣੀ ਦੇਣਾ ਪੰਜਾਬ ਦੇ ਹੱਕਾਂ ਦਾ ਘਾਣ ਹੋਵੇਗਾ। ਉਨ੍ਹਾਂ ਇਸ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਫੈਸਲੇ ਨੂੰ ਪੰਜਾਬ ਦੇ ਪਾਣੀਆਂ 'ਤੇ ਡਾਕਾ ਦੱਸਦਿਆਂ ਸਾਬਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਪਾਣੀ ਦੀ ਕਮੀ ਦੀ ਮਾਰ ਸਹਿ ਰਿਹਾ ਹੈ, ਪੰਜਾਬ ਦੇ 115 ਬਲਾਕ ਪਹਿਲਾਂ ਹੀ ਡਾਰਕ ਜ਼ੋਨ ਘੋਸ਼ਿਤ ਕੀਤੇ ਜਾ ਚੁੱਕੇ ਹਨ, ਸਾਡੇ ਕੋਲ ਕਿਸੇ ਹੋਰ ਰਾਜ ਨੂੰ ਵਾਧੂ ਪਾਣੀ ਦੇਣ ਲਈ ਇਕ ਬੂੰਦ ਵੀ ਨਹੀਂ ਹੈ।ਉਨ੍ਹਾਂ ਨੇ ਕਿਹਾ ਕਿ ਹਰਿਆਣਾ ਪਹਿਲਾਂ ਹੀ ਪਾਣੀ ਦੀ ਆਪਣੀ ਸਾਲਾਨਾ ਵੰਡ ਦਾ 104 ਫ਼ੀਸਦ ਵਰਤ ਚੁੱਕਾ ਹੈ, ਭਾਖੜਾ ਡੈਮ ਤੇ ਪੌਂਗ ਡੈਮ ਵਿੱਚ ਪਾਣੀ ਦਾ ਪੱਧਰ ਹੇਠਾਂ ਦਰਜ ਕੀਤਾ ਗਿਆ, ਜਦਕਿ ਦੂਸਰੇ ਪਾਸੇ ਹਰਿਆਣਾ ਦੀ 8500 ਕਿਊਸਿਕ ਵਾਧੂ ਪਾਣੀ ਦੀ ਮੰਗ ਕਿੰਦਾਂ ਪੂਰੀ ਕੀਤੀ ਜਾ ਸਕਦੀ ਹੈ, ਆਉਣ ਵਾਲੇ ਦਿਨਾਂ 'ਚ ਰਾਜ ਦੇ ਕਿਸਾਨਾਂ ਨੂੰ ਗੰਭੀਰ ਪਾਣੀ ਸੰਕਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਅੰਤ ਵਿੱਚ ਉਨ੍ਹਾ ਕਿਹਾ ਕਿ ਪੰਜਾਬ ਕਾਂਗਰਸ ਇਸ ਫੈਸਲੇ ਨਾਲ ਕੱਤਈ ਸਹਿਮਤ ਨਹੀਂ ਹੈ ਤੇ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ, ਭਾਜਪਾ ਪੰਜਾਬ ਕਿਸੇ ਵੀ ਕੀਮਤ 'ਤੇ ਪੰਜਾਬ ਦੇ ਹਿੱਤਾਂ ਨੂੰ ਅਣਡਿੱਠਾ ਨਹੀਂ ਹੋਣ ਦੇਵੇਗੀ ਅਤੇ ਪੰਜਾਬ ਤੇ ਪੰਜਾਬੀਆਂ ਦੇ ਨਾਲ ਚਟਾਨ ਵਾਂਗ ਖੜੀ ਹੈ।

## ਪੈਨਸ਼ਨਰਾਂ ਨੂੰ ਕਈ ਵਰਗਾਂ 'ਚ ਵੰਡਣਾ ਨਿੰਦਣਯੋਗ : ਜੈਦੇਵ ਸ਼ਰਮਾ

**ਧੂਰੀ (ਮਹਿਤ ਗਰਗ, ਬਿੰਨੀ ਗਰਗ)**-ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੀ ਜੈਦੇਵ ਸ਼ਰਮਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਜਸਵਿੰਦਰ ਸਿੰਘ ਮੁਲੋਵਾਲ ਨੇ ਦੱਸਿਆ ਕਿ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਦੇ ਬਕਾਏ ਦੇਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਮੰਗ ਕੀਤੀ ਗਈ ਕਿ ਸਵਰਗਵਾਸ ਹੋ ਚੁੱਕੇ ਪੈਨਸ਼ਨਰਾਂ ਦਾ ਬਕਾਇਆ ਉਨ੍ਹਾਂ ਦੇ ਆਸ਼ਰਿਤਾਂ ਨੂੰ ਯਕਮੁਸ਼ਤ ਬਿਨਾਂ ਦੇਰੀ ਦਿੱਤਾ ਜਾਵੇ। ਸਰਕਾਰ ਵੱਲੋਂ ਬਕਾਏ ਦੇਣ ਸਬੰਧੀ ਪੈਨਸ਼ਨਰਾਂ ਨੂੰ ਕਈ ਵਰਗਾਂ ਵਿੱਚ ਵੰਡਣ ਦੀ ਨਿਖੇਧੀ ਕੀਤੀ ਗਈ। ਪੈਨਸ਼ਨਰਾਂ ਨੂੰ ਬਕਾਇਆਂ ਸਬੰਧੀ ਬੈਂਕਾਂ ਵੱਲੋਂ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਸਬੰਧਤ ਬੈਂਕਾਂ ਦੇ ਮੈਨੇਜਰਾਂ ਨੂੰ ਮਿਲਣ ਦਾ ਫੈਸਲਾ ਕੀਤਾ ਗਿਆ। ਪੈਨਸ਼ਨਰਾਂ ਤੇ ਮੁਲਾਜ਼ਮਾਂ ਦਾ ਪੈਂਡਿੰਗ 13 ਪ੍ਰਤੀਸ਼ਤ ਮਹਿੰਗਾਈ ਭੱਤਾ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਪੈਨਸ਼ਨਰ ਆਗੂ ਕੁਲਵੰਤ ਸਿੰਘ ਬਰਨ, ਹਰਦੇਵ ਸਿੰਘ ਜਵੰਧਾ, ਰਾਜ ਸਿੰਘ ਬਾਦਸ਼ਾਹਪੁਰ, ਪ੍ਰੀਤਮ ਸਿੰਘ ਧੂਰਾ ਨੇ ਵਿਚਾਰ ਸਾਂਝੇ ਕੀਤੇ। ਮੀਟਿੰਗ ਵਿੱਚ ਭਰਪੂਰ ਸਿੰਘ ਭੋਜੋਵਾਲੀ, ਗੁਰਚਰਨ ਸਿੰਘ ਮੀਰਹੇੜੀ, ਬੁੱਧ ਸਿੰਘ, ਸੁਖਦੇਵ ਸਿੰਘ ਖੰਗੂੜਾ, ਦਿਆਲ ਸਿੰਘ, ਹਰਬੰਸ ਸਿੰਘ ਸੋਢੀ, ਹਰਿੰਦਰ ਸਿੰਘ ਪਲਾਸੌਰ, ਗਿਰਧਾਰੀ ਲਾਲ, ਰਾਮ ਗੋਪਾਲ ਸ਼ਰਮਾ, ਕਰਨੈਲ ਸਿੰਘ ਬਰੜਵਾਲ, ਰਣਜੀਤ ਸਿੰਘ, ਲਛਮਣ ਸਿੰਘ, ਗੁਰਦੇਵ ਸਿੰਘ ਕਾਤਰੋਂ, ਸਾਧੂ ਸਿੰਘ ਪੇਧਨੀ, ਜੀਤ ਸਿੰਘ ਧੰਦੀਵਾਲ, ਇਕਬਾਲ ਖਾਨ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ ਸ਼ਾਮਲ ਹੋਏ।

# ਗ੍ਰਿਫ਼ਤਾਰੀਆਂ ਦਾ ਡਰਾਵਾ ਦੇ ਕੇ ਕਿਸਾਨਾਂ ਨੂੰ ਦਬਾਉਣਾ ਚਾਹੁੰਦੀ ਸਰਕਾਰ : ਡੱਲੇਵਾਲ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਲੋਕਾਂ ਦਾ ਸੰਵਿਧਾਨਕ ਹੱਕ ਹੈ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਕਿਸਾਨਾਂ ਨਾਲ ਧੱਕੇਸ਼ਾਹੀ ਕਰਨ ਵਾਲੇ ਪੁਲਸ ਅਧਿਕਾਰੀਆਂ 'ਤੇ ਬਣਦੀ ਕਾਰਵਾਈ ਕਰਨ ਦੀ ਬਜਾਏ ਕਿਸਾਨਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਕਦੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਤੇ ਕਿਸਾਨ ਮਜ਼ਦੂਰ ਮੋਰਚਾ ਦੇ ਸਾਂਝੇ ਫੋਰਮ ਵੱਲੋਂ ਬੀਤੇ ਦਿਨੀਂ ਪ੍ਰੈੱਸ ਵਾਰਤਾ ਕਰਕੇ ਕਿਸਾਨਾਂ ਦੇ ਬਾਰਡਰਾਂ 'ਤੋਂ ਚੋਰੀ ਹੋਏ ਸਾਮਾਨ ਤੇ ਪੁਲਸ ਪ੍ਰਸ਼ਾਸਨ ਵੱਲੋਂ ਕੀਤੀ ਧੱਕੇਸ਼ਾਹੀ ਦਾ ਇਨਸਾਫ ਮੰਗਣ ਲਈ 5 ਮਈ ਨੂੰ ਸ਼ੰਭੂ ਥਾਣੇ ਅੱਗੇ ਇਕ ਰੋਜ਼ਾ ਧਰਨਾ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਸੀ, ਪ੍ਰੰਤੂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸਾਨਾਂ ਨਾਲ ਬੈਠ ਕੇ ਗੱਲਬਾਤ ਕਰਨ ਤੇ ਇਨਸਾਫ ਦੇਣ ਦੀ ਬਜਾਏ ਕਿਸਾਨ ਆਗੂਆਂ ਨੂੰ ਆਪਣੇ ਘਰਾਂ ਵਿੱਚ ਕੈਦ ਕਰਨਾ ਸ਼ੁਰੂ ਕਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਧੱਕੇਸ਼ਾਹੀ ਖ਼ਿਲਾਫ ਅੰਦੋਲਨ ਜਾਂ ਪ੍ਰਦਰਸ਼ਨ ਕਰਨਾ ਲੋਕਾਂ ਦਾ ਸੰਵਿਧਾਨਕ ਹੱਕ ਹੈ ਤੇ ਜਦੋਂ ਲੋਕ ਜਾਗ ਜਾਣ ਤਾਂ ਸਰਕਾਰਾਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਇਹ ਰਾਜ ਲੋਕਾਂ ਦੀ ਦਿੱਤੀ ਹੋਈ ਸੌਗਾਤ ਹੁੰਦੀ ਹੈ ਅਤੇ ਇਸ ਨੂੰ ਆਪਣੀ ਸਮਝਣਾ ਸਰਕਾਰਾਂ ਦੀ ਬਹੁਤ ਵੱਡੀ ਭੁੱਲ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨ ਆਪਣੇ ਹੱਕਾਂ ਲਈ ਜਾਗਰੂਕ ਹਨ ਤੇ ਪਿਛਲੇ ਦਿਨੀਂ ਪੁਲਸ ਪ੍ਰਸ਼ਾਸਨ ਵੱਲੋਂ ਬਾਰਡਰਾਂ 'ਤੇ ਕਿਸਾਨਾਂ ਨਾਲ ਹੋਈ ਧੱਕੇਸ਼ਾਹੀ ਤੇ ਪ੍ਰਸ਼ਾਸਨ ਵੱਲੋਂ ਹੀ ਚੋਰੀ ਕੀਤੇ ਗਏ ਸਾਮਾਨ ਦਾ ਇਨਸਾਫ ਲਏ ਬਗੈਰ ਕਿਸਾਨ ਟਿਕ ਕੇ ਨਹੀਂ ਬੈਠਣਗੇ। ਇਸ ਮੌਕੇ ਜਗਜੀਤ ਸਿੰਘ ਡੱਲੇਵਾਲ, ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਰੁਪਈਆਂ ਵਾਲਾ ਨੂੰ ਪ੍ਰਸ਼ਾਸਨ ਵੱਲੋਂ ਆਪਣੇ ਘਰਾਂ ਵਿੱਚ ਕੈਦ ਕਰ ਕੇ ਰੱਖਿਆ ਹੋਇਆ ਸੀ, ਜਦਕਿ ਪੰਜਾਬ ਦੇ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਸਮੇਤ ਬਲਜੀਤ ਸਿੰਘ ਪ੍ਰਧਾਨ ਜ਼ਿਲ੍ਹਾ ਮੋਗਾ, ਬਲਵੀਰ ਸਿੰਘ ਝੰਡੂਕੇ, ਗੁਰਪ੍ਰੀਤ ਸਿੰਘ ਬਲਾਕ ਸ਼ਹਿਣਾ, ਗੁਰਚਰਨ ਸਿੰਘ ਭੀਖੀ, ਜਗਰਾਜ ਸਿੰਘ ਹੀਰੋ ਕਲਾਂ ਆਦਿ ਸੈਂਕੜੇ ਆਗੂਆਂ ਨੂੰ ਵੱਖ ਵੱਖ ਥਾਣਿਆਂ ਵਿੱਚ ਲਿਜਾਇਆ ਗਿਆ।

## ਸਕੂਲ ਮੁਖੀ ਖ਼ਿਲਾਫ਼ ਮੁਅੱਤਲੀ ਦੇ ਆਦੇਸ਼ ਦੀ ਮਾਸਟਰ ਕੇਡਰ ਯੂਨੀਅਨ ਵੱਲੋਂ ਨਿੰਦਾ

**ਦੋਰਾਹਾ (ਹਰਮਿੰਦਰ ਸੇਠ)**-ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਉਪ ਪ੍ਰਧਾਨ ਜਗਜੀਤ ਸਿੰਘ ਸਾਹਨੇਵਾਲ, ਜ਼ਿਲ੍ਹਾ ਪ੍ਰੈੱਸ ਸਕੱਤਰ ਲੁਧਿਆਣਾ ਗੁਰਪ੍ਰੀਤ ਸਿੰਘ ਦੋਰਾਹਾ ਤੇ ਬਲਾਕ ਪ੍ਰਧਾਨ ਦੋਰਾਹਾ ਨਵੀਨ ਕਪਿਲਾ ਵੱਲੋਂ ਜਾਰੀ ਸਾਂਝੇ ਪ੍ਰੈੱਸ ਬਿਆਨ ਵਿੱਚ ਦੱਸਿਆ ਗਿਆ ਕਿ ਪੰਜਾਬ ਸਰਕਾਰ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਗੁਰਪ੍ਰਤਾਪ ਸਿੰਘ ਲੈਕਚਰਾਰ-ਕਮ-ਇੰਚਾਰਜ, ਸ ਸ ਸ ਸ ਗੋਇੰਦਵਾਲ ਸਾਹਿਬ, ਜ਼ਿਲ੍ਹਾ ਤਰਨਤਾਰਨ ਨੂੰ ਮੁਅੱਤਲ ਕੀਤਾ ਗਿਆ ਹੈ, ਜਿਸ ਦਾ ਜਥੇਬੰਦੀ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਹੈ।ਸਿੱਖਿਆ ਕ੍ਰਾਂਤੀ ਅਧੀਨ ਸਕੂਲਾਂ ਵਿੱਚ ਕਰਵਾਏ ਜਾ ਰਹੇ ਗੈਰ-ਵਿੱਦਿਅਕ ਕਾਰਜਾਂ ਦਾ ਵਾਧੂ ਬੋਝ ਅਧਿਆਪਕਾਂ 'ਤੇ ਪਾਇਆ ਜਾ ਰਿਹਾ ਹੈ। ਇਨ੍ਹਾਂ ਸਮਾਗਮਾਂ ਦੇ ਪ੍ਰਬੰਧਾਂ ਲਈ ਸਕੂਲ ਮੁਖੀ ਤੇ ਸਕੂਲ ਸਟਾਫ਼ 'ਤੇ ਮਾਨਸਿਕ ਦਬਾਅ ਪਾਇਆ ਜਾ ਰਿਹਾ ਹੈ, ਕਿਸੇ ਪ੍ਰਕਾਰ ਦੀ ਊਣਤਾਈ ਲਈ ਸੰਬੰਧਤ ਸਕੂਲ ਮੁਖੀ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਅਜਿਹੇ ਤੁਗ਼ਲਕੀ ਫ਼ਰਮਾਨ ਜਾਰੀ ਕੀਤੇ ਜਾ ਰਹੇ ਹਨ।ਹਾਲਾਂ ਕਿ ਇਨ੍ਹਾਂ ਸਮਾਗਮਾਂ ਦੌਰਾਨ ਉੱਚ ਅਧਿਕਾਰੀਆਂ ਵੱਲੋਂ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ ਕਿ ਬਿਜ਼ਨੈੱਸ ਬਲਾਸਟਰ ਅਧੀਨ ਬੱਚਿਆਂ ਤੋਂ ਆਰਥਿਕ ਗਤੀਵਿਧੀਆਂ ਕਰਵਾਈਆਂ ਜਾਣ, ਜਿਸ ਵਿੱਚ ਬੱਚੇ ਆਪਣੇ ਸਕੂਲ 'ਤੇ ਖ਼ੁੱਦ ਸਨੈਕਸ ਤਿਆਰ ਕਰਨ ਤੇ ਸਟਾਲ ਲਗਾਉਣ।ਉਸ ਉਪਰੰਤ ਇਨ੍ਹਾਂ ਗਤੀਵਿਧੀਆਂ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ ਤੇ ਸਿੱਖਿਆ ਵਿਭਾਗ ਵੱਲੋਂ ਬਿਨਾਂ ਕਿਸੇ ਜਾਂਚ ਪੜਤਾਲ ਦੇ ਉਕਤ ਸਕੂਲ ਮੁਖੀ ਖ਼ਿਲਾਫ ਮੁਅੱਤਲੀ ਦੇ ਆਦੇਸ਼ ਜਾਰੀ ਕੀਤੇ ਗਏ, ਜੋ ਕਿ ਬਹੁਤ ਹੀ ਨਿੰਦਣਯੋਗ ਹੈ।ਇਸ ਸਮੇਂ ਮੌਜੂਦ ਮਾਸਟਰ ਕੇਡਰ ਯੂਨੀਅਨ ਵੱਲੋਂ ਉਕਤ ਆਦੇਸ਼ਾਂ ਦਾ ਸਖ਼ਤ ਸ਼ਬਦਾਂ ਵਿੱਚ ਵਿਰੋਧ ਕੀਤਾ ਜਾਂਦਾ ਹੈ ਅਤੇ ਸਕੂਲ ਇੰਚਾਰਜ ਖ਼ਿਲਾਫ ਮੁਅੱਤਲੀ ਦੇ ਆਦੇਸ਼ ਰੱਦ ਕਰਨ ਦੀ ਮੰਗ ਕੀਤੀ ਜਾਂਦੀ ਹੈ ਅਤੇ ਅਜਿਹੇ ਆਦੇਸ਼ਾਂ ਵਿਰੁੱਧ ਸਮੂਹ ਅਧਿਆਪਕ ਵਰਗ ਨੂੰ ਇੱਕ ਜੁੱਟ ਹੋ ਕੇ ਸੰਘਰਸ਼ ਕਰਨ ਦੀ ਅਪੀਲ ਕੀਤੀ ਗਈ।ਆਗੂਆਂ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਸੰਘਰਸ਼ ਕਰਨ ਦੇ ਜਮਹੂਰੀ ਹੱਕ ਨੂੰ ਪੁਗਾਉਣ ਲਈ ਦ੍ਰਿੜ੍ਹ ਹੈ ਤੇ ਹਰ ਹਾਲ ਇਸ ਹੱਕ ਦੀ ਰਾਖੀ ਲਈ ਡਟੇਗੀ।

## ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਪੰਜਾਬ (ਏਟਕ) ਦੀ ਮੀਟਿੰਗ



**ਰਾਜਪੁਰਾ (ਰਮੇਸ਼ ਕਟਾਰੀਆ)**-ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਪੰਜਾਬ (ਏਟਕ) ਦੀ ਮੀਟਿੰਗ ਜਥੇਬੰਦੀ ਦੇ ਦਫਤਰ ਸਮਾਜ ਭਲਾਈ ਵਿਚਾਰ ਪਾਰਕ ਰਾਜਪੁਰਾ ਵਿਖੇ ਪ੍ਰਧਾਨ ਰਾਮ ਰਤਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ, ਜ਼ੋਨ ਕਨਵੀਨਰ ਸਾਥੀ ਗੁਰਦਿਆਲ ਸਿੰਘ ਬੱਬੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਪ੍ਰਧਾਨ ਪਿਲਖਣੀ ਨੇ ਦੱਸਿਆ ਕਿ ਕੇਂਦਰ ਤੇ ਪੰਜਾਬ ਦੀ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜਿਵੇਂ ਕਿ ਪੈਨਸ਼ਨਰਾਂ ਦਾ 2.59 ਨਾਲ ਸੋਧੀ ਹੋਈ ਪੈਨਸ਼ਨ ਦਾ ਬਾਕਾਇਆ ਮੈਡੀਕਲ ਕੈਸ਼ਲੈੱਸ ਸਕੀਮ ਸਾਡੀ ਮਹਿਕਮੇ ਦੀ ਪਹਿਚਾਣ, ਯੂਨਿਟਾਂ ਵਿੱਚ ਬਣਦੀ ਰਿਆਇਤ ਦਿੱਤੀ ਜਾਵੇ, ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੇ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਧੀਮਾਨ, ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਨੇ ਦੱਸਿਆ ਕਿ ਆਉਣ ਵਾਲੀ 20 ਮਈ ਨੂੰ ਮੋਦੀ ਸਰਕਾਰ ਖਿਲਾਫ ਇਕ ਰੋਜ਼ਾ ਹੜਤਾਲ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਕੁਲਦੀਪ ਸਿੰਘ, ਹਰਦੀਪ ਸਿੰਘ, ਸ਼ਾਮ ਸੁੰਦਰ, ਜਗਤਾਰ ਸਿੰਘ, ਜ਼ੋਰਾਵਰ ਸਿੰਘ, ਗੁਰਨਾਮ ਸਿੰਘ ਉਰਨਾ ਤੇ ਪੈਨਸ਼ਨਰਜ਼ ਯੂਨੀਅਨ ਦੇ ਆਗੂਆਂ ਤੇ ਸਾਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਵਿਸ਼ਵਾਸ ਦੁਆਇਆ ਕਿ 20 ਮਈ ਦੀ ਹੜਤਾਲ ਨੂੰ ਸਫਲ ਬਣਾਇਆ ਜਾਵੇਗਾ।ਅੰਤ ਵਿੱਚ ਆਏ ਸਾਥੀਆਂ ਦਾ ਧੰਨਵਾਦ ਪ੍ਰਧਾਨ ਰਾਮ ਰਤਨ ਨੇ ਕੀਤਾ।

# ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ, ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਦੀ ਚੋਣ

**ਦਰਸ਼ਨ ਸਿੰਘ ਗਿੱਲ ਪ੍ਰਧਾਨ ਤੇ ਗੁਰਮੇਲ ਸਿੰਘ ਗੌਂਦਾਰਾ ਬਣੇ ਜਨਰਲ ਸਕੱਤਰ**



**ਮੋਗਾ (ਇਕਬਾਲ ਸਿੰਘ ਖਹਿਰਾ)**-ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਦੀ ਚੋਣ ਦਰਸ਼ਨ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਵਿਖੇ ਹੋਈ, ਜਿਸ ਵਿੱਚ ਸਮੁੱਚੇ ਐਸੋਸੀਏਸ਼ਨ ਮੈਂਬਰ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਗੁਰਮੇਲ ਸਿੰਘ ਜਨਰਲ ਸਕੱਤਰ ਵੱਲੋਂ ਚਲਾਈ ਗਈ ਤੇ ਇੱਕ ਸਾਲ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਗਈ।

ਆਮਦਨ ਖਰਚ ਦਾ ਹਿਸਾਬ-ਕਿਤਾਬ ਖਜ਼ਾਨਚੀ ਵੱਲੋਂ ਪੇਸ਼ ਕੀਤਾ ਗਿਆ, ਜਿਸ ਨੂੰ ਹਾਊਸ ਵੱਲੋਂ ਸਰਬ ਸਹਿਮਤੀ ਨਾਲ ਪ੍ਰਵਾਨ ਕੀਤਾ ਗਿਆ। ਪ੍ਰਧਾਨ ਵੱਲੋਂ ਬਾਡੀ ਭੰਗ ਕਰਕੇ ਨਵੀਂ ਚੋਣ ਕਰਵਾਉਣ ਦੇ ਅਖਤਿਆਰ ਹਾਊਸ ਨੂੰ ਸੌਂਪੇ ਗਏ। ਹਾਊਸ ਵੱਲੋਂ ਸਰਬਸੰਮਤੀ ਨਾਲ ਦਰਸ਼ਨ ਸਿੰਘ ਗਿੱਲ ਪ੍ਰਧਾਨ, ਗੁਰਮੇਲ ਸਿੰਘ ਗੌਂਦਾਰਾ ਜਨਰਲ ਸਕੱਤਰ, ਗੁਰਨਾਮ ਸਿੰਘ ਖਜ਼ਾਨਚੀ, ਲਖਵੀਰ ਸਿੰਘ ਸਹਾਇਕ ਸਕੱਤਰ, ਗੁਰਮੇਲ ਸਿੰਘ ਸਹਾਇਕ ਖਜ਼ਾਨਚੀ, ਬਲਵਿੰਦਰ ਸਿੰਘ ਪੁਰਬਾ ਸੀਨੀਅਰ ਮੀਤ ਪ੍ਰਧਾਨ, ਗੁਰਮੀਤ ਸਿੰਘ ਸੰਘਾ ਮੀਤ ਪ੍ਰਧਾਨ, ਗੁਰਮੀਤ ਸਿੰਘ ਘੋਲੀਆ ਮੀਤ ਪ੍ਰਧਾਨ, ਮੁਲਖਰਾਜ ਮੀਤ ਪ੍ਰਧਾਨ, ਮੰਗਲ ਪ੍ਰਕਾਸ਼ ਪ੍ਰੈੱਸ ਸਕੱਤਰ ਚੁਣੇ ਗਏ। ਬਾਕੀ ਰਹਿੰਦੇ ਅਹੁਦੇ ਅਗਲੀ ਮੀਟਿੰਗ ਵਿੱਚ ਮੁਕੰਮਲ ਕੀਤੇ ਜਾਣਗੇ। ਰਿਟਾਇਰਡ ਸਾਥੀਆਂ ਦੇ ਬਕਾਇਆ ਬਿੱਲ ਤਿਆਰ ਕਰਵਾਉਣ ਸਬੰਧੀ ਚਾਰ ਮੈਂਬਰੀ ਕਮੇਟੀ ਮੱਖਣਜੀਤ, ਜਗਰਾਜ ਸਿੰਘ, ਹਰੀਕ੍ਰਿਸ਼ਨ ਸਿੰਘ, ਰਵੀ ਕੁਮਾਰ ਦਾ ਤਹਿਸੀਲ ਵਾਈਜ਼ ਗਠਨ ਕੀਤਾ ਗਿਆ, ਜੋ ਲੋੜ ਅਨੁਸਾਰ ਐਸੋਸੀਏਸ਼ਨ ਦਾ ਸਹਿਯੋਗ ਲੈਣਗੇ। ਚੋਣ ਮੀਟਿੰਗ ਦੌਰਾਨ ਗੁਰਮੇਲ ਸਿੰਘ ਗੌਂਦਾਰਾ, ਬਲਦੇਵ ਸਿੰਘ ਸਮਾਲਸਰ, ਕਮਲੇਸ਼ ਕੁਮਾਰ, ਸੰਤੋਖ ਸਿੰਘ, ਪਦਾਰਥ ਸਿੰਘ, ਸੁਖਦੇਵ ਸਿੰਘ ਖੋਸਾ, ਨਾਇਬ ਸਿੰਘ ਦੌਲਤਪੁਰਾ, ਠਾਣਾ ਸਿੰਘ, ਗੁਰਮੇਲ ਸਿੰਘ ਰਖਾਲਾ, ਬਲਵਿੰਦਰ ਸਿੰਘ ਖੋਸਾ, ਜਸਵੰਤ ਸਿੰਘ ਭਾਊ, ਗੁਰਮੀਤ ਸਿੰਘ ਸੰਘਾ, ਬਲਦੇਵ ਸਿੰਘ ਸੰਧੂ, ਗੁਰਚਰਨ ਸਿੰਘ ਛਾਬੜਾ, ਜਗਰਾਜ ਸਿੰਘ, ਚੰਦ ਸਿੰਘ, ਦਰਸ਼ਨ ਸਿੰਘ ਬਰਾੜ, ਬਲਦੇਵ ਕੁਮਾਰ, ਸੁਖਮੰਦਰ ਸਿੰਘ ਬਰਾੜ, ਮੰਗਲ ਪ੍ਰਕਾਸ਼, ਸਵਰਨ ਸਿੰਘ ਬਰਾੜ, ਗੁਰਚਰਨ ਸਿੰਘ, ਮਲਕੀਤ ਸਿੰਘ ਨੰਗਲ, ਪ੍ਰਸ਼ੋਤਮ ਸਿੰਘ, ਮੱਖਣਜੀਤ, ਪ੍ਰੀਤਮ ਸਿੰਘ ਘੋਲੀਆ, ਮੋਹਣ ਸਿੰਘ, ਚਮਕੌਰ ਸਿੰਘ ਘੋਲੀਆ ਸਾਰੇ ਪਟਵਾਰੀ ਗੁਰਮੀਤ ਸਿੰਘ ਘੋਲੀਆ, ਲਖਵੀਰ ਸਿੰਘ, ਗੁਰਨਾਮ ਸਿੰਘ, ਰਵੀ ਕੁਮਾਰ, ਹਰਿੰਦਰਪਾਲ ਸਿੰਘ, ਹਰੀਕ੍ਰਿਸ਼ਨ ਸਿੰਘ, ਰਾਮ ਰੱਖਾ ਸਿੰਘ, ਗੁਰਮੇਲ ਸਿੰਘ, ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ, ਰਤਨ ਸਿੰਘ ਗਿੱਲ, ਮੁਲਖਰਾਜ, ਬਲਵਿੰਦਰ ਸਿੰਘ ਪੁਰਬਾ, ਬਲਦੇਵ ਸਿੰਘ ਨਾਇਬ ਤਹਿਸੀਲਦਾਰ ਕੇਵਲ ਸਿੰਘ ਕਾਨੂੰਨਗੋ ਸ਼ਾਮਲ ਹੋਏ।

# ਮਾਤਾ ਸਰਬਜੀਤ ਕੌਰ ਨੂੰ ਸ਼ਰਧਾਂਜਲੀਆਂ ਭੇਟ



**ਦੋਰਾਹਾ (ਹਰਮਿੰਦਰ ਸੇਠ)**-ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਦੇ ਮਾਤਾ ਸਰਬਜੀਤ ਕੌਰ, ਜਿਨ੍ਹਾਂ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ, ਨੂੰ ਐਤਵਾਰ ਦੋਰਾਹਾ ਦੇ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਵਿਖੇ ਉਨ੍ਹਾਂ ਦੀ ਅੰਤਿਮ ਅਰਦਾਸ ਵਿੱਚ ਹਰ ਵਰਗ ਦੇ ਲੋਕਾਂ ਨੇ ਸ਼ਾਮਲ ਹੋ ਕੇ ਸ਼ਰਧਾਂਜਲੀ ਭੇਟ ਕੀਤੀ।ਮਾਤਾ ਸਰਬਜੀਤ ਕੌਰ ਦੀ ਅੰਤਿਮ ਅਰਦਾਸ ਵਿੱਚ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ, ਰਾਜ ਸਭਾ ਐੱਮ ਪੀ ਸੰਜੀਵ ਅਰੋੜਾ, ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ, ਦਲਜੀਤ ਸਿੰਘ ਭੋਲਾ ਗਰੇਵਾਲ, ਮਨਵਿੰਦਰ ਸਿੰਘ ਗਿਆਸਪੁਰਾ, ਕੁਲਵੰਤ ਸਿੰਘ ਸਿੱਧੂ, ਮਦਨ ਲਾਲ ਬੱਗਾ, ਰਜਿੰਦਰ ਪਾਲ ਕੌਰ ਛੀਨਾ, ਜੀਵਨ ਸਿੰਘ ਸੰਗੋਵਾਲ (ਸਾਰੇ ਵਿਧਾਇਕ) ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ, ਡਿਪਟੀ ਮੇਅਰ ਪ੍ਰਿੰਸ ਜੌਹਰ, ਚੇਅਰਪਰਸਨ ਡਾ. ਸੁਖਚੈਨ ਕੌਰ ਬੱਸੀ, ਅਮਨਦੀਪ ਸਿੰਘ ਮੋਹੀ, ਪ੍ਰਧਾਨ ਸੁਦਰਸ਼ਨ ਸ਼ਰਮਾ ਸਮੇਤ ਕੌਂਸਲਰਾਂ ਤੇ ਨਗਰ ਨਿਗਮ ਦੇ ਅਧਿਕਾਰੀਆਂ ਡੀ ਐੱਸ ਪੀ ਹੇਮੰਤ ਮਲਹੋਤਰਾ ਏ.ਐੱਸ.ਆਈ. ਅਕਾਸ਼ ਦੱਤ ਨੇ ਵਿੱਛੜੀ ਆਤਮਾ ਨੂੰ ਅੰਤਿਮ ਸ਼ਰਧਾਂਜਲੀ ਭੇਟ ਕੀਤੀ।ਪਾਰਟੀ ਲਾਈਨਾਂ ਤੋਂ ਉੱਪਰ ਉੱਠ ਕੇ ਸਾਬਕਾ ਵਿਧਾਇਕ ਲਖਵੀਰ ਲੱਖਾ, ਸਾਬਕਾ ਵਿਧਾਇਕ ਰਣਜੀਤ ਸਿੰਘ ਢਿੱਲੋਂ, ਸਾਬਕਾ ਮੇਅਰ ਹਰਚਰਨ ਸਿੰਘ ਗੋਹਲਵੜੀਆ, ਚੇਅਰਮੈਨ ਬੰਤ ਸਿੰਘ ਦੋਬੁਰਜੀ, ਪ੍ਰੀਤਮ ਸਿੰਘ ਜੱਗੀ, ਕੰਵਰਦੀਪ ਸਿੰਘ ਜੱਗੀ, ਬੀ.ਜੇ.ਪੀ ਮਹਿਲਾ ਮੋਰਚਾ ਦੀ ਸਪੋਕਸਪਰਸਨ ਨੀਤੂ ਸਿੰਘ, ਪ੍ਰਿੰਸੀਪਲ ਜਤਿੰਦਰ ਸ਼ਰਮਾ ਸਮੇਤ ਹੋਰ ਪਾਰਟੀਆਂ ਦੇ ਕਈ ਆਗੂਆਂ ਨੇ ਵੀ ਵਿੱਛੜੀ ਆਤਮਾ ਨੂੰ ਅੰਤਿਮ ਸ਼ਰਧਾਂਜਲੀ ਭੇਟ ਕੀਤੀ।ਮਾਤਾ ਸਰਬਜੀਤ ਕੌਰ ਨੂੰ ਅੰਤਿਮ ਸ਼ਰਧਾਂਜਲੀ ਭੇਟ ਕਰਦੇ ਹੋਏ ਰਾਜ ਸਭਾ ਐੱਮ ਪੀ ਸੰਜੀਵ ਅਰੋੜਾ ਨੇ ਦੋਰਾਹਾ ਵਿੱਚ ਸ਼ਮਸ਼ਾਨਘਾਟ ਦੀ ਦੇਖਭਾਲ ਅਤੇ ਰੱਖ-ਰਖਾਅ ਲਈ 5 ਲੱਖ ਰੁਪਏ ਦਾ ਐਲਾਨ ਵੀ ਕੀਤਾ।

ਇਸ ਮੌਕੇ ਮਾਤਾ ਸਰਬਜੀਤ ਕੌਰ ਦੇ ਬੇਟੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਸਪੁੱਤਰ ਅਮਨਦੀਪ ਸਿੰਘ ਠੁਕਰਾਲ, ਅਨੀਤ ਸਿੰਘ ਠੁਕਰਾਲ, ਦਿਓਰ ਨਰਿੰਦਰ ਸਿੰਘ ਠੁਕਰਾਲ ਤੇ ਜਵਾਈ ਰਵੀ ਆਨੰਦ ਤੋਂ ਇਲਾਵਾ ਹਿੰਦੂ ਧਰਮਸ਼ਾਲਾ ਦੇ ਪ੍ਰਧਾਨ ਡਾ. ਜੇ ਐੱਲ ਆਨੰਦ, ਰਮੇਸ਼ ਆਨੰਦ, ਡਾ. ਗੁਰਸ਼ਰਨ ਆਨੰਦ, ਰਮਨ ਆਨੰਦ, ਪੰਜਾਬ ਪੁਲਸ ਫੈਮਿਲੀ ਵੈੱਲਫੇਅਰ ਦੇ ਸੂਬਾ ਪ੍ਰਧਾਨ ਡੀ ਐੱਸ ਪੀ ਰਾਜਿੰਦਰ ਪਾਲ ਆਨੰਦ, ਕਰਿਆਨਾ ਯੂਨੀਅਨ ਦੇ ਕੈਸ਼ੀਅਰ ਸੁਰੇਸ਼ ਆਨੰਦ, ਸੁਦਰਸ਼ਨ ਆਨੰਦ, ਡਾ. ਗੁਰਸ਼ਰਨ ਆਨੰਦ, ਡਾ. ਨਰੇਸ਼ ਆਨੰਦ, ਸੰਜੇ ਆਨੰਦ ਆਦਿ ਹਾਜ਼ਰ ਸਨ।

## ਲਾਰੈਂਸ ਸਕੂਲ 'ਚ ਵੱਖ ਵੱਖ ਗਤੀਵਿਧੀਆਂ ਕਰਾਈਆਂ



**ਬਾਘਾਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਵਿਦਿਆਰਥੀਆਂ ਦੁਆਰਾ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ ਗਿਆ।ਸਕੂਲ ਦੇ ਪ੍ਰਿੰਸੀਪਲ ਜੀਨਮ ਗਰਗ ਤੇ ਮਨੋਜ ਕੁਮਾਰ ਦੀ ਨਿਗਰਾਨੀ ਹੇਠ ਨਰਸਰੀ ਕਲਾਸ ਦੇ ਬੱਚਿਆਂ ਨੂੰ ਅਲੱਗ-ਅਲੱਗ ਗਤੀਵਿਧੀਆਂ ਕਰਾਈਆਂ ਗਈਆਂ।ਜਿਵੇਂ ਕਿ ਡਰਾਇੰਗ ਤੇ ਛੋਟੇ ਬੱਚਿਆਂ ਨੂੰ ਕਈ ਤਰ੍ਹਾਂ ਦੀਆਂ ਮਨੋਰੰਜਨ ਗਤੀਵਿਧੀਆਂ ਕਰਾਈਆਂ ਗਈਆਂ।ਇਨ੍ਹਾਂ ਗਤੀਵਿਧੀਆਂ ਵਿੱਚ ਸਾਰੇ ਬੱਚਿਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਵਿਦਿਆਰਥੀ ਇਨ੍ਹਾਂ ਗਤੀਵਿਧੀਆਂ ਨੂੰ ਕਰਕੇ ਖੁਸ਼ੀ ਮਹਿਸੂਸ ਕਰ ਰਹੇ ਸਨ।ਵਿਦਿਆਰਥੀਆਂ ਨੂੰ ਕਾਫ਼ੀ ਦਿਲਚਸਪੀ ਦਿਖਾਉਂਦਿਆਂ ਹੋਇਆ ਇਨ੍ਹਾਂ ਗਤੀਵਿਧੀਆਂ ਨੂੰ ਕੀਤਾ ਗਿਆ। ਪ੍ਰਿੰਸੀਪਲ ਨੇ ਦੱਸਿਆ ਕਿ ਵਿਦਿਆਰਥੀਆਂ ਦੀਆਂ ਅਜਿਹੀਆਂ ਪੇਸ਼ਕਾਰੀਆਂ ਤੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਅੱਗੇ ਵਧਣ ਦੀਆਂ ਭਾਵਨਾ ਪੈਦਾ ਕਰਦੀਆਂ ਹਨ ਤੇ ਉਨ੍ਹਾਂ ਦਾ ਮਾਨਸਿਕ ਵਿਕਾਸ ਵਿੱਚ ਵਾਧਾ ਹੁੰਦਾ ਹੈ।ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦੇ ਮੁਕਾਬਲੇ ਕਰਾਉਣ ਦਾ ਮੁੱਖ ਮਕਸਦ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਕਰਨਾ ਹੈ ਤਾਂ ਜੁ ਪੜ੍ਹਾਈ ਦੇ ਨਾਲ-ਨਾਲ ਉਹ ਹੋਰਨਾਂ ਖੇਤਰਾਂ ਵਿੱਚ ਵੀ ਅੱਗੇ ਵਧ ਸਕਣ।ਗਤੀਵਿਧੀਆਂ ਬੱਚਿਆਂ ਦੀ ਸਿਰਜਣਾਤਮਕ ਨੂੰ ਉਤਸ਼ਾਹਤ ਕਰਦੀਆਂ ਹਨ।

## ਸੁਨੱਖੀ ਪੰਜਾਬਣ ਗਰੁੱਪ ਨੇ ਕਰਾਇਆ ਸੱਭਿਆਚਾਰਕ ਮੇਲਾ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸੁਨੱਖੀ ਪੰਜਾਬਣ ਗਰੁੱਪ ਵੱਲੋਂ ਦਿੱਲੀ ਸਥਿਤ ਔਮੈਕਸ ਮਾਲ ਚਾਂਦਨੀ ਚੌਂਕ ਵਿਖੇ ਡਾਕਟਰ ਅਵਨੀਤ ਕੌਰ ਭਾਟੀਆ ਦੀ ਅਗਵਾਈ ਹੇਠ ਸੱਭਿਆਚਾਰਕ ਮੇਲਾ ਕਰਾਇਆ ਗਿਆ, ਜਿਸ ਵਿੱਚ ਦਸਤਾਰ ਮੁਕਾਬਲੇ, ਫੁਲਕਾਰੀ ਬਣਾਉਣੀ, ਸਿੰਘ ਤੇ ਕੌਰ ਰੈਂਪ ਵਾਕ, ਲਿਟਲ ਸਿੰਘ ਤੇ ਲਿਟਲ ਕੌਰ ਵਾਕ, ਅੱਖਰਕਾਰੀ ਤੇ ਰੰਗ ਭਰੋ ਮੁਕਾਬਲੇ ਕਰਾਏ ਗਏ, ਜਿਸ ਵਿੱਚ ਦਿੱਲੀ ਐਨ ਸੀ ਆਰ ਤੇ ਪੰਜਾਬ ਭਰ 'ਚੋਂ ਕਲਾਕਾਰਾਂ ਨੇ ਆਪਣੀ ਕਲਾ ਦੇ ਜੌਹਰ ਵਿਖਾਏ।ਸਮਾਗਮ ਦੌਰਾਨ ਸੁਨੱਖੀ ਪੰਜਾਬਣ, ਮਾਤਾ ਸੁੰਦਰੀ ਕਾਲਜ ਦਾ ਗਿੱਧਾ, ਸ਼੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੀ ਲੁੱਡੀ ਨੇ ਦਿੱਲੀ ਵਿੱਚ ਬੈਠਿਆਂ ਨੂੰ ਪੰਜਾਬ ਦਾ ਭੁਲੇਖਾ ਪਾ ਦਿੱਤਾ।ਨੌਜਵਾਨ ਗਾਇਕ ਤਵਨੂਰ ਨੇ ਆਪਣੀ ਗਾਇਕੀ ਨਾਲ ਧੰਨ-ਧੰਨ ਕਰਵਾਈ।ਮੋਗਾ ਤੋਂ ਆਏ ਬਰਾੜ ਮਾਲਵਾ ਗਰੁੱਪ ਨੇ ਮਲਵਈ ਗਿੱਧਾ-ਬੋਲੀਆਂ ਤੇ ਗਾਇਕੀ ਨਾਲ ਮੇਲਾ ਲੁੱਟ ਲਿਆ।ਕੁੜੀਆਂ ਦਾ ਗਿੱਧਾ, ਅਦਾਕਾਰੀ ਤੇ ਸ਼ੋਅ ਦਰਸ਼ਕਾਂ ਦੇ ਮਨਾਂ 'ਤੇ ਛਾ ਗਏ।ਡਾਕਟਰ ਅਵਨੀਤ ਕੌਰ ਨੇ ਕਿਹਾ ਕਿ ਸਾਡਾ ਮਕਸਦ ਪੰਜਾਬੀ ਸੱਭਿਆਚਾਰ ਤੇ ਵਿਰਸੇ ਦਾ ਪ੍ਰਚਾਰ ਪ੍ਰਸਾਰ ਕਰਨਾ ਹੈ ਤਾਂ ਜੁ ਆਉਣ ਵਾਲੀਆਂ ਪੀੜ੍ਹੀਆਂ ਪੱਛਮੀ ਦੌਰ 'ਚ ਆਪਣੇ ਪਿਛੋਕੜ ਨੂੰ ਨਾ ਭੁੱਲ ਜਾਣ। ਇਸ ਸਮੇਂ ਸ਼ੀਨਾ ਵਾਲੀਆ, ਚਰਨਕਮਲ ਕੌਰ, ਸੁਮਨਦੀਪ ਕੌਰ, ਜੱਗੀ ਸਿੰਘ ਆਦਿ ਸਮੇਤ ਦਿੱਲੀ ਦੇ ਪਤਵੰਤੇ ਮੌਜੂਦ ਸਨ।ਪ੍ਰਭਲੀਨ ਤੇ ਜਸਲੀਨ ਦੀ ਮੰਚ ਸੰਚਾਲਨਾ ਆਏ ਹਾਜ਼ਰ ਜਵਾਬੀ ਨੇ ਵਾਹ-ਵਾਹ ਖੱਟੀ।ਵਿਸ਼ੇਸ਼ ਤੌਰ 'ਤੇ ਪੁੱਜੇ ਲੇਖਕ ਕਲਾਕਾਰ ਰਾਜਵਿੰਦਰ ਰੌਂਤਾ ਨੇ ਡਾਕਟਰ ਅਵਨੀਤ ਕੌਰ ਤੇ ਸੁਨੱਖੀ ਪੰਜਾਬਣ ਟੀਮ ਨੂੰ ਮੁਬਾਰਕਬਾਦ ਦਿੱਤੀ।

## ਭਾਜਪਾ ਨੇ 7 ਬਲਾਕ ਪ੍ਰਧਾਨਾਂ ਦੀ ਸੂਚੀ ਜਾਰੀ ਕੀਤੀ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਭਾਰਤੀ ਜਨਤਾ ਪਾਰਟੀ ਨੇ ਸੋਮਵਾਰ ਨੂੰ ਸੂਬਾ ਇਕਾਈ ਦੇ ਪੁਨਰਗਠਨ ਦੇ ਹਿੱਸੇ ਵਜੋਂ 7 ਮੰਡਲ ਪ੍ਰਭਾਰੀਆਂ ਤੇ ਬਲਾਕ ਪ੍ਰਧਾਨਾਂ ਦੀ ਸੂਚੀ ਜਾਰੀ ਕੀਤੀ।ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਨੇ ਦੱਸਿਆ ਕਿ ਇਹ ਐਲਾਨ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸ਼੍ਰੀ ਸੁਨੀਲ ਕੁਮਾਰ ਜਾਖੜ ਦੀ ਅਗਵਾਈ 'ਚ ਜ਼ਿਲ੍ਹਾ ਚੋਣ ਇੰਚਾਰਜ ਸ੍ਰੀ ਸ਼ਿਵਰਾਜ ਚੌਧਰੀ ਤੇ ਜ਼ਿਲ੍ਹਾ ਪ੍ਰਧਾਨ ਸ੍ਰੀ ਗੌਰਵ ਕੱਕੜ ਵੱਲੋਂ ਜ਼ਿਲ੍ਹਾ ਫ਼ਰੀਦਕੋਟ ਤੇ ਜੈਤੋ ਦੇ ਮੰਡਲਾਂ ਦੀਆ ਚੋਣ ਪ੍ਰਕਿਰਿਆ ਪੂਰੀ ਕਰਦਿਆਂ 7 ਮੰਡਲ ਪ੍ਰਧਾਨਾਂ ਦੇ ਨਾਂਅ ਨਿਯੁਕਤ ਕਿਤੇ ਗਏ।ਫ਼ਰੀਦਕੋਟ ਸ਼ਹਿਰੀ ਤੋਂ ਸਮਿਤ ਗਰੋਵਰ, ਫ਼ਰੀਦਕੋਟ ਦਿਹਾਤੀ ਮੰਡਲ ਤੋ ਛਿੰਦਰ ਕੌਰ, ਗੋਲੇਵਾਲਾ ਮੰਡਲ ਤੋਂ ਅਸ਼ਵਨੀ ਕੁਮਾਰ, ਸਾਦਿਕ ਮੰਡਲ ਤੋਂ ਨਸੀਬ ਸੇਠੀ, ਜੈਤੋ ਮੰਡਲ ਤੋਂ ਰਿੰਕੂ ਤਾਇਲ, ਬਰਗਾੜੀ ਮੰਡਲ ਤੋਂ ਹਰਮੇਲ ਸਿੰਘ, ਪੰਜਗਰਾਈਂ ਮੰਡਲ ਤੋਂ ਨਸੀਬ ਸਿੰਘ। ਉਨ੍ਹਾਂ ਦੱਸਿਆ ਕਿ ਇਹ ਆਉਣ ਵਾਲੇ ਦਿਨਾਂ 'ਚ ਬਾਕੀ 5 ਬਲਾਕ ਪ੍ਰਧਾਨਾਂ ਦੀ ਲਿਸਟ ਵੀ ਜਾਰੀ ਕਰ ਦਿੱਤੀ ਜਾਵੇਗੀ।ਇਨ੍ਹਾਂ ਵਿੱਚੋਂ ਜ਼ਿਆਦਾਤਰ ਵਿਅਕਤੀ ਨਵੇਂ ਚਿਹਰੇ ਹਨ ਤੇ 45 ਸਾਲ ਤੋਂ ਘੱਟ ਉਮਰ ਦੇ ਹਨ।ਨਾਵਾਂ ਦਾ ਫੈਸਲਾ ਕਰਨ ਦੀ ਪ੍ਰਕਿਰਿਆ 'ਚ ਪਾਰਟੀ ਦੇ ਮੋਹਤਬਰ ਵਿਅਕਤੀਆਂ ਨਾਲ ਸਲਾਹ-ਮਸ਼ਵਰਾ ਕੀਤਾ ਗਿਆ, ਜਿਨ੍ਹਾਂ ਵਿੱਚੋਂ ਓਬੀਸੀ ਸ਼੍ਰੇਣੀ ਨਾਲ ਸਬੰਧਤ, ਐਸਸੀ ਸ਼੍ਰੇਣੀ ਨਾਲ ਸਬੰਧਤ ਤੇ ਔਰਤਾਂ ਸ਼ਾਮਲ ਹਨ।

# ਰਾਜੇਆਣਾ-ਵੈਰੋਕੇ ਪੁਲ ਢਾਹੁਣ ਨੂੰ ਲੈ ਕੇ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਰਤੀ ਕਿਸਾਨ ਯੂਨੀਅਨ ਦਾ ਜ਼ਿਲ੍ਹਾ ਕਮੇਟੀ ਦਾ ਡੈਪੂਟੇਸ਼ਨ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਦੀ ਅਗਵਾਈ ਹੇਠ ਏ.ਡੀ.ਸੀ. ਚਾਰੂਮਿਤਾ ਨੂੰ ਮਿਲਿਆ। ਜ਼ਿਲ੍ਹਾ ਕਮੇਟੀ ਦੀ ਰਹਿਨੁਮਾਈ ਹੇਠ ਤੇ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਤੋਂ ਆਏ ਕਿਸਾਨਾਂ ਦਾ ਜੱਥਾ ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ ਨੂੰ ਆਪਣੀਆਂ ਮੰਗਾਂ ਨੂੰ ਲੈ ਕੇ ਪਹੁੰਚਿਆ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਖੁਰਦ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜੇਆਣਾ ਨੇ ਦੱਸਿਆ ਕਿ ਪਿੰਡ ਰਾਜੇਆਣਾ ਤੇ ਵੈਰੋਕੇ ਦੇ ਵਿਚਕਾਰ ਅਬੋਹਰ ਬ੍ਰਾਂਚ ਦੀ ਨਹਿਰ ਲੰਘਦੀ ਹੈ, ਜਿਸ ਉੱਪਰ ਅੰਗਰੇਜ਼ਾਂ ਦੇ ਸਮੇਂ ਤੋਂ ਪੁਲ ਬਣਿਆ ਹੋਇਆ ਹੈ। ਇਸੇ ਪੁਲ ਦੇ ਅੱਧ ਵਿਚਕਾਰ ਮੰਡੀ ਬੋਰਡ ਵਿਭਾਗ ਬਾਘਾ ਪੁਰਾਣਾ ਵੱਲੋਂ ਨਵੇਂ ਪੁਲ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਪ੍ਰੰਤੂ ਮੰਡੀ ਬੋਰਡ ਵਿਭਾਗ ਵੱਲੋਂ ਨਵਾਂ ਪੁਲ ਉਸਾਰਨ ਤੋਂ ਪਹਿਲਾਂ ਹੀ ਪੁਰਾਣੇ ਪੁਲ ਨੂੰ ਢਾਹਿਆ ਜਾ ਰਿਹਾ ਹੈ। ਜਿੱਥੇ ਪੁਲ ਢਹਿਣ ਕਾਰਨ ਦੋ ਪਿੰਡਾਂ ਰਾਜੇਆਣਾ ਤੇ ਵੈਰੋਕੇ ਦਾ ਲਿੰਕ ਟੁੱਟੇਗਾ, ਉੱਥੇ ਹੀ ਨਾਲ ਲਗਦੇ ਪਿੰਡਾਂ ਵਿੱਚੋਂ ਬੱਚਿਆਂ ਦੀਆਂ ਸਕੂਲਾਂ ਦੀਆਂ ਬੱਸਾਂ ਰੋਜ਼ਾਨਾ ਲੰਘਦੀਆਂ ਹਨ ਤੇ ਬਠਿੰਡਾ ਤੋਂ ਮੋਗਾ ਤੱਕ ਇਸੇ ਪੁਲ ਜ਼ਰੀਏ ਰਾਹਗੀਰ ਲੰਘਦੇ ਹਨ, ਜਿਨ੍ਹਾਂ ਦਾ ਲੰਘਣ ਲਈ ਰਸਤਾ ਬੰਦ ਹੋ ਜਾਵੇਗਾ। ਯੂਥ ਆਗੂ ਬਲਕਰਨ ਸਿੰਘ ਵੈਰੋਕੇ ਨੇ ਆਖਿਆ ਕਿ ਸਾਨੂੰ ਨਵੇਂ ਬਣ ਰਹੇ ਪੁਲ ਦੀ ਕੋਈ ਸਮੱਸਿਆ ਨਹੀਂ ਹੈ, ਸਗੋਂ ਸਾਡਾ ਜੋ ਪੁਲ ਢਾਹ ਕੇ ਰਸਤਾ ਬੰਦ ਕੀਤਾ ਜਾ ਰਿਹਾ ਹੈ, ਉਸ ਦੀ ਪ੍ਰੇਸ਼ਾਨੀ ਖੜ੍ਹੀ ਹੁੰਦੀ ਨਜ਼ਰ ਆ ਰਹੀ ਹੈ। ਸਾਡੀ ਮੰਗ ਹੈ ਕਿ ਪੁਰਾਣੇ ਪੁਲ ਤੋਂ ਥੋੜ੍ਹਾ ਚੜ੍ਹਦੇ ਵਾਲੇ ਪਾਸੇ ਨੂੰ ਨਵੇਂ ਪੁਲ ਦਾ ਨਿਰਮਾਣ ਕੀਤਾ ਜਾਵੇ ਜਾਂ ਫਿਰ ਸਾਨੂੰ ਰੋਜ਼ਾਨਾ ਲੰਘਣ ਲਈ ਕਿਸੇ ਆਰਜ਼ੀ ਪੁਲ ਦਾ ਪ੍ਰਬੰਧ ਕਰ ਕੇ ਦਿੱਤਾ ਜਾਵੇ। ਪਿਛਲੇ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਵੱਲੋਂ ਖੇਤਾਂ ਵਿੱਚ ਰਹਿੰਦ-ਖੂੰਹਦ ਨੂੰ ਅੱਗ ਲਗਾਈ ਗਈ ਸੀ, ਉਸ ਟਾਇਮ ਮਾਲ ਵਿਭਾਗ ਵੱਲੋਂ ਕਿਸਾਨਾਂ ਤੋਂ ਮੋਟੀ ਰਕਮ ਵਿੱਚ ਜੁਰਮਾਨਾ ਵਸੂਲਿਆ ਗਿਆ ਸੀ ਤੇ ਹੁਣ ਉਨ੍ਹਾਂ ਕਿਸਾਨਾਂ ਉੱਪਰ ਪੁਲਸ ਪ੍ਰਸ਼ਾਸਨ ਵੱਲੋਂ ਪਰਚੇ ਦਰਜ ਕੀਤੇ ਗਏ ਹਨ, ਜੋ ਕਿ ਨਿੰਦਣਯੋਗ ਹੈ, ਸਾਡੀ ਮੰਗ ਹੈ ਕਿ ਜੁਰਮਾਨਾ ਅਦਾ ਕਰਨ ਵਾਲੇ ਕਿਸਾਨਾਂ ਉੱਪਰ ਜੋ ਪਰਚੇ ਦਰਜ ਕੀਤੇ ਗਏ ਹਨ, ਉਹ ਤੁਰੰਤ ਰੱਦ ਕੀਤੇ ਜਾਣ। ਤੀਸਰੀ ਮੰਗ ਕਿ ਜੋ ਮਾਛੀਕੇ ਪਿੰਡ ਵਿਚਕਾਰ ਜਲੰਧਰ-ਬਰਨਾਲਾ ਨੈਸ਼ਨਲ ਹਾਈਵੇ ਲੰਘਦਾ ਹੈ, ਉਸ ਹਾਈਵੇ ਉੱਪਰ ਬਹੁਤ ਤੇਜ਼ ਰਫ਼ਤਾਰ ਨਾਲ ਵਾਹਨ ਲੰਘਦੇ ਹਨ, ਜਿਨ੍ਹਾਂ ਦੀ ਜ਼ਿਆਦਾ ਸਪੀਡ ਹੋਣ ਕਰਕੇ ਹਾਦਸੇ ਵਾਪਰਦੇ ਰਹਿੰਦੇ ਹਨ, ਸਾਡੀ ਮੰਗ ਹੈ ਕਿ ਪਿੰਡ ਮਾਛੀਕੇ ਵਿਖੇ ਹਾਈਵੇ ਉੱਪਰ ਸਪੀਡ ਬਰੇਕਰ ਬਣਾਏ ਜਾਣ, ਤਾਂ ਜੋ ਕਿਸੇ ਕਿਸਮ ਦਾ ਕੋਈ ਹਾਦਸਾ ਨਾ ਵਾਪਰ ਸਕੇ। ਇਸ ਮੌਕੇ ਏ.ਡੀ.ਸੀ. ਨੇ ਸਾਰੀਆਂ ਮੰਗਾਂ ਨੂੰ ਜਾਇਜ਼ ਦੱਸਦੇ ਹੋਏ ਜਲਦ ਹੱਲ ਕਰਨ ਲਈ ਆਖਿਆ। ਇਸ ਦੌਰਾਨ ਵਿੱਤ ਸਕੱਤਰ ਕੁਲਜੀਤ ਸਿੰਘ ਪੰਡੋਰੀ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਮੰਗਾ ਸਿੰਘ ਵੈਰੋਕੇ, ਬੇਅੰਤ ਸਿੰਘ ਮੱਲੇਆਣਾ, ਤੀਰਥਵਿੰਦਰ ਸਿੰਘ ਘੱਲ ਕਲਾਂ, ਮੋਹਨ ਸਿੰਘ ਡਾਲਾ, ਅਜਮੇਰ ਸਿੰਘ ਛੋਟਾਘਰ, ਜਗਵਿੰਦਰ ਕੌਰ, ਬੂਟਾ ਸਿੰਘ, ਅੰਗਰੇਜ਼ ਸਿੰਘ ਰਾਜਿਆਣਾ, ਅਮਨਪ੍ਰੀਤ ਸਿੰਘ, ਜਸਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਸੁਰਜੀਤ ਸਿੰਘ, ਸੇਵਕ ਸਿੰਘ, ਫਤਿਹ ਸਿੰਘ, ਗੁਰਸੇਵਕ ਸਿੰਘ ਵੈਰੋਕੇ, ਕਰਮਜੀਤ ਸਿੰਘ, ਬਲਵਿੰਦਰ ਸਿੰਘ ਛੋਟਾ ਘਰ ਅਤੇ ਹੋਰ ਕਿਸਾਨ ਹਾਜ਼ਰ ਹੋਏ।

## ਨਿਊ ਨੈਸ਼ਨਲ ਡਿਜੀਟਲ ਲਾਇਬ੍ਰੇਰੀ ਦਾ ਉਦਘਾਟਨ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਬੀ.ਐੱਸ.ਐੱਨ.ਐੱਲ. ਟੈਲੀਫੋਨ ਐਕਸਚੇਂਜ ਦੇ ਨੇੜੇ ਲਿਬਰਟੀ ਸ਼ੋਅ ਰੂਮ ਉੱਪਰ ਦੂਜੀ ਮੰਜ਼ਿਲ 'ਤੇ ਇੱਕ ਸ਼ਾਨਦਾਰ ਨਿਊ ਨੈਸ਼ਨਲ ਡਿਜੀਟਲ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ। ਇਸ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਕਰਨ ਲਈ ਬਹੁਤ ਵਧੀਆ ਸੁਖਾਵਾਂ ਮਾਹੌਲ ਮਿਲੇਗਾ, ਇਸ ਵਿੱਚ ਵਿਦਿਆਰਥੀਆਂ ਨੂੰ ਏ ਸੀ ਤੇ ਵਾਈ ਫਾਈ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ ਅਤੇ ਹਰ ਤਰ੍ਹਾਂ ਦੀਆਂ ਪ੍ਰੀਖਿਆਵਾਂ ਲਈ ਵਿਦਿਆਰਥੀਆਂ ਨੂੰ ਗਾਇਡ ਕੀਤਾ ਜਾਵੇਗਾ। ਇਸ ਮੌਕੇ ਸ੍ਰੀ ਵਿਜੈ ਗਰਗ ਸੇਵਾ ਮੁਕਤ ਪ੍ਰਿੰਸੀਪਲ, ਸ੍ਰੀ ਅਸ਼ੋਕ ਨਾਰੰਗ ਤੇ ਸ੍ਰੀ ਧੀਰਜ ਗੁਪਤਾ ਨੇ ਦੱਸਿਆ ਕਿ ਇਸ ਲਾਇਬ੍ਰੇਰੀ ਦੀਆਂ ਸੀਟਾਂ ਸੀਮਤ ਹਨ ਤੇ ਲਾਇਬ੍ਰੇਰੀ ਸ਼ੁਰੂ ਹੋ ਚੁੱਕੀ ਹੈ ਅਤੇ ਬਹੁਤ ਸਾਰੇ ਵਿਦਿਆਰਥੀਆਂ ਨੇ ਰਜਿਸਟ੍ਰੇਸ਼ਨ ਕਰਵਾ ਲਈ ਹੈ ਅਤੇ ਇਹ ਲਾਇਬ੍ਰੇਰੀ ਮਲੋਟ ਇਲਾਕੇ ਲਈ ਵਰਦਾਨ ਸਾਬਿਤ ਹੋਵੇਗੀ।

## ਰਿਸ਼ਭ ਬਣਿਆ ਸੈਂਟਰ ਐਕਸਾਈਜ਼ ਇੰਸਪੈਕਟਰ



**ਬੁਢਲਾਡਾ (ਅਸ਼ੋਕ ਲਾਕੜਾ)**-ਬੁਢਲਾਡਾ ਪਿੰਡ ਦੇ ਇੱਕ ਸਧਾਰਨ ਪਰਿਵਾਰ ਦਾ ਬੱਚਾ ਰਿਸ਼ਭ ਕੁਮਾਰ ਗੁਰੂ ਨਾਨਕ ਕਾਲਜ ਵਿੱਚ ਪੜ੍ਹ ਕੇ ਸੈਂਟਰ ਐਕਸਾਈਜ਼ ਇੰਸਪੈਕਟਰ ਬਣਿਆ ਤੇ ਬੰਬਈ ਵਿੱਚ ਡਿਊਟੀ 'ਤੇ ਹਾਜ਼ਰ ਹੋਇਆ। ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਉੱਚ ਵਿੱਦਿਆ ਮੌਕੇ ਗੁਰੂ ਨਾਨਕ ਕਾਲਜ ਵਿੱਚ ਇਸ ਬੱਚੇ ਦੀ ਤਿੰਨ ਸਾਲ ਫੀਸ ਭਰੀ ਗਈ। ਇਹ ਬੱਚਾ ਵੀ ਸੰਸਥਾ ਵੱਲੋਂ ਕਰਵਾਏ ਜਾਂਦੇ ਗਰੀਬ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਸਮੇਤ ਹੋਰ ਕਾਰਜਾਂ ਵਿੱਚ ਬਹੁਤ ਸਹਿਯੋਗ ਕਰਦਾ ਰਿਹਾ ਹੈ। ਬੰਬਈ ਜਾਣ ਤੋਂ ਪਹਿਲਾਂ ਬੇਟਾ ਅਸ਼ੀਰਵਾਦ ਲੈਣ ਤੇ ਧੰਨਵਾਦ ਕਰਨ ਸੰਸਥਾ ਦੇ ਦਫਤਰ ਆਇਆ। ਰਿਸ਼ਭ ਨੂੰ ਬੰਬਈ ਨੌਕਰੀ 'ਤੇ ਜੁਆਇੰਨ ਕਰਾ ਕੇ ਪਿਤਾ ਬੁੱਧ ਰਾਮ ਸ਼ੁਕਰਾਨੇ ਵਜੋਂ ਮੂੰਹ ਮਿੱਠਾ ਕਰਾਉਣ ਦਫਤਰ ਆਏ ਤੇ ਖੁਸ਼ੀ ਜ਼ਾਹਰ ਕੀਤੀ। ਇਸ ਮੌਕੇ ਸੰਸਥਾ ਦੇ ਆਗੂ ਮਾਸਟਰ ਕੁਲਵੰਤ ਸਿੰਘ ਨੇ ਸੰਸਥਾ ਵੱਲੋਂ ਅਰਦਾਸ ਕੀਤੀ ਕਿ ਇਹ ਬੱਚਾ ਹੋਰ ਤਰੱਕੀਆਂ ਕਰੇ ਤੇ ਇਸੇ ਤਰ੍ਹਾਂ ਹੋਰ ਸਧਾਰਨ ਘਰਾਂ ਦੇ ਬੱਚੇ ਚੰਗੀਆਂ ਨੌਕਰੀਆਂ 'ਤੇ ਲੱਗਣ ਅਤੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਇਸੇ ਤਰ੍ਹਾਂ ਲੋੜਵੰਦ ਬੱਚਿਆਂ ਦੀ ਮਦਦ ਕਰਦਾ ਰਹੇ। ਉਨ੍ਹਾਂ ਸਹਿਯੋਗ ਦੇਣ ਵਾਲੇ ਦਾਨੀ ਸੱਜਣਾਂ ਦਾ ਵੀ ਧੰਨਵਾਦ ਕੀਤਾ।

# ਲਖਮੀਰ ਕੇ ਉਤਾੜ ਦੇ ਸਰਪੰਚ ਦੀ ਚੋਣ ਲਈ ਤਿੰਨ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ

**18 ਮਈ ਨੂੰ ਪੈਣਗੀਆਂ ਵੋਟਾਂ**



**ਮਮਦੋਟ (ਜਸਬੀਰ ਸਿੰਘ ਕੰਬੋਜ)**-ਬਲਾਕ ਮਮਦੋਟ ਦੀ ਗਰਾਮ ਪੰਚਾਇਤ ਲਖਮੀਰ ਕੇ ਉਤਾੜ ਦੇ ਸਰਪੰਚ ਦੀ ਚੋਣ ਲਈ ਨਾਮਜ਼ਦਗੀਆਂ ਦੇ ਦੂਜੇ ਦਿਨ ਤਿੰਨ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਕਾਗਜ਼ ਦਾਖਲ ਕੀਤੇ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਿਟਰਨਿੰਗ ਅਫਸਰ ਗੁਰਦੀਪ ਸਿੰਘ ਤਹਿਸੀਲਦਾਰ ਗੁਰੂ ਹਰਸਹਾਏ ਨੇ ਦੱਸਿਆ ਕਿ ਨਾਮਜ਼ਦਗੀਆਂ ਦੇ ਪਹਿਲੇ ਦਿਨ 5 ਮਈ ਨੂੰ ਕੋਈ ਵੀ ਨਾਮਜ਼ਦਗੀ ਦਾਖਲ ਨਹੀਂ ਹੋਈ, ਜਦਕਿ ਅੱਜ ਦੂਜੇ ਦਿਨ 6 ਮਈ ਨੂੰ 3 ਵਜੇ ਤੱਕ ਤਿੰਨ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਪਿੰਡ ਲਖਮੀਰ ਕੇ ਉਤਾੜ ਦੀ ਵੋਟਾਂ ਦੀ ਪ੍ਰਕਿਰਿਆ ਦੋ ਵਾਰ ਰੱਦ ਹੋ ਚੁੱਕੀ ਹੈ ਤੇ ਹੁਣ ਤੀਸਰੀ ਵਾਰ ਸਰਪੰਚ ਦੀ ਚੋਣ ਨਾ ਹੋ ਸਕਣ ਕਾਰਨ ਹੁਣ 18 ਮਈ ਨੂੰ ਵੋਟਾਂ ਪੈਣਗੀਆਂ। ਮਿਲੀ ਜਾਣਕਾਰੀ ਮੁਤਾਬਕ ਇਸ ਗਰਾਮ ਪੰਚਾਇਤ ਦੇ 449 ਵੋਟਰਾਂ ਨੇ ਆਪਣੀਆਂ ਵੋਟਾਂ ਗਰਾਮ ਪੰਚਾਇਤ ਦੀ ਸੂਚੀ ਵਿੱਚੋਂ ਕੱਟ ਜਾਣ ਦੇ ਰੋਸ ਵਜੋਂ 15 ਅਕਤੂਬਰ 2024 ਨੂੰ ਪੰਚਾਇਤੀ ਚੋਣਾਂ ਵਾਲੇ ਦਿਨ ਪੋਲਿੰਗ ਬੂਥ ਦੇ ਬਾਹਰ ਰੋਸ ਧਰਨਾ ਸ਼ੁਰੂ ਕਰਦਿਆਂ ਪੋਲਿੰਗ ਪਾਰਟੀ ਨੂੰ ਪੋਲਿੰਗ ਸਟੇਸ਼ਨ ਅੰਦਰ ਦਾਖਲ ਨਹੀਂ ਹੋਣ ਦਿੱਤਾ, ਜਿਸ ਕਾਰਨ ਵੋਟਾਂ ਨਹੀਂ ਪੈ ਸਕੀਆਂ ਤੇ ਚੋਣ ਰੱਦ ਹੋ ਗਈ ਸੀ, ਉਸ ਤੋਂ ਬਾਅਦ ਰਾਜ ਚੋਣ ਕਮਿਸ਼ਨ ਵੱਲੋਂ 23 ਫਰਵਰੀ 2025 ਨੂੰ ਫਿਰ ਵੋਟਾਂ ਪਾਉਣ ਦਾ ਪ੍ਰੋਗਰਾਮ ਜਾਰੀ ਕੀਤਾ ਗਿਆ ਸੀ, ਉਸ ਵਕਤ ਵਿਰੋਧੀ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਰੱਦ ਹੋਣ ਕਾਰਨ ਗਰਾਮ ਪੰਚਾਇਤ ਦੇ ਸਾਰੇ 5 ਮੈਂਬਰ ਬਿਨਾਂ ਮੁਕਾਬਲਾ ਚੁਣੇ ਗਏ ਸਨ, ਪ੍ਰੰਤੂ ਵੋਟਰ ਸੂਚੀ ਵਿੱਚੋਂ ਕੱਟੇ ਗਏ ਵੋਟਰਾਂ ਵੱਲੋਂ ਪੋਲਿੰਗ ਬੂਥ ਦੇ ਬਾਹਰ ਧਰਨਾ ਦੇਣ ਕਾਰਨ ਸਰਪੰਚ ਦੀ ਚੋਣ ਰੱਦ ਹੋ ਗਈ ਸੀ, ਜਿਸ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਦੀ ਤਸਦੀਕ ਤੋਂ ਬਾਅਦ ਹੁਣ ਚੋਣ ਕਮਿਸ਼ਨ ਵੱਲੋਂ ਇਸ ਗਰਾਮ ਪੰਚਾਇਤ ਦੀ ਵੋਟਰ ਸੂਚੀ ਵਿੱਚੋਂ ਕੱਟੀਆਂ ਗਈਆਂ 449 ਵੋਟਾਂ ਦੋਬਾਰਾ ਸ਼ਾਮਲ ਕਰਕੇ 18 ਮਈ ਨੂੰ ਵੋਟਾਂ ਪਾਉਣ ਤੇ 19 ਮਈ ਨੂੰ ਵੋਟਾਂ ਦੀ ਗਿਣਤੀ ਕਰਕੇ ਨਤੀਜਾ ਘੋਸ਼ਿਤ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ।ਅਕਤੂਬਰ 2024 ਦੀਆਂ ਪੰਚਾਇਤੀ ਚੋਣਾਂ ਮੌਕੇ 175 ਵੋਟਾਂ ਵਾਲੀ ਇਸ ਗਰਾਮ ਪੰਚਾਇਤ ਵਿੱਚ ਵੋਟਰਾਂ ਦੀ ਗਿਣਤੀ ਵਧ ਕੇ ਹੁਣ 624 ਹੋ ਗਈ ਹੈ, ਵੋਟਰ ਸੂਚੀ ਵਿੱਚ ਵੋਟਾਂ ਸ਼ਾਮਲ ਕਰਨ ਦਾ ਵਿਵਾਦ ਖਤਮ ਹੋ ਜਾਣ ਨਾਲ ਹੁਣ ਸਰਪੰਚ ਦੀ ਚੋਣ ਨੇਪਰੇ ਚੜ੍ਹ ਜਾਣ ਦੀ ਉਮੀਦ ਬਣ ਗਈ ਹੈ।

## ...ਸਫ਼ਾ 1 ਦੇ ਬਾਕੀ

### ਡਿਫਾਲਟਰਾਂ ਤੋਂ ਮੁਕਤ...

ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਵਿੱਚ ਪ੍ਰਵਾਨਿਤ ਪ੍ਰਬੰਧ ਨਿਰਦੇਸ਼ਕ (ਐੱਮ.ਡੀ.) ਅਤੇ ਜ਼ਿਲ੍ਹਾ ਮੈਨੇਜਰ (ਡੀ.ਐੱਮ.) ਦੇ ਦੋ ਮੁਖੀਆਂ ਦੀ ਪ੍ਰਥਾ ਨੂੰ ਖਤਮ ਕਰਨ ਲਈ ਹਰੀ ਝੰਡੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬੈਂਕ ਦਾ ਮੁਖੀ ਇਕੋ ਅਧਿਕਾਰੀ ਹੋਣਾ ਚਾਹੀਦਾ ਹੈ ਤਾਂ ਕਿ ਕੰਮਕਾਜ ਨੂੰ ਹੋਰ ਵਧੇਰੇ ਅਸਰਦਾਰ ਬਣਾਉਣ ਦੇ ਨਾਲ-ਨਾਲ ਉਸ ਦੀ ਜ਼ਿੰਮੇਵਾਰੀ ਵੀ ਤੈਅ ਕੀਤੀ ਜਾ ਸਕੇ।ਮੀਟਿੰਗ ਵਿੱਚ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਚੇਅਰਮੈਨ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਜਗਦੇਵ ਸਿੰਘ ਬਾਮ, ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ ਸਹਿਕਾਰਤਾ ਅਲੋਕ ਸ਼ੇਖਰ, ਪ੍ਰਮੁੱਖ ਸਕੱਤਰ ਵਿੱਤ ਕ੍ਰਿਸ਼ਨ ਕੁਮਾਰ, ਪ੍ਰਮੁੱਖ ਸਕੱਤਰ ਖੁਰਾਕ ਤੇ ਸਿਵਲ ਸਪਲਾਈਜ਼ ਰਾਹੁਲ ਤਿਵਾੜੀ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਰਵੀ ਭਗਤ, ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਕੁਮਾਰ ਅਮਿਤ, ਰਜਿਸਟਰਾਰ ਸਹਿਕਾਰੀ ਸਭਾਵਾਂ ਵਿਮਲ ਕੁਮਾਰ ਸੇਤੀਆ ਅਤੇ ਐੱਮ.ਡੀ. ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਹਰਜੀਤ ਸਿੰਘ ਸੰਧੂ ਹਾਜ਼ਰ ਸਨ।

### 62 ਸਾਲ ਬਾਅਦ...

ਸੁਰੱਖਿਅਤ ਰਹਿੰਦੀ ਪਾਇਆ ਗਿਆ ਹੈ। ਉਹ ਨਵੇਂ ਪਤੀ ਨਾਲ ਰਹਿੰਦੀ ਮਿਲੀ। ਸ਼ੈਰਿਫ ਦੇ ਦਫ਼ਤਰ ਦੇ ਜਾਸੂਸ ਇਸਹਾਕ ਹੈਨਸਨ ਨੇ ਸੋਮਵਾਰ ਕਿਹਾ, 'ਉਹ ਖੁਸ਼, ਸੁਰੱਖਿਅਤ ਅਤੇ ਰਾਜ਼ੀ-ਖ਼ੁਸ਼ੀ ਹੈ। ਉਸ ਨੇ ਗੀਡਸਬਰਗ ਛੱਡਣ ਦਾ ਫੈਸਲਾ ਆਪਣੇ ਪਤੀ ਤੋਂ ਤੰਗ ਆ ਕੇ ਕੀਤਾ ਸੀ, ਜੋ ਉਸ ਨਾਲ ਮਾੜਾ ਸਲੂਕ ਕਰਦਾ ਸੀ।' ਹੈਨਸਨ ਨੂੰ ਫਰਵਰੀ ਦੇ ਅਖੀਰ ਵਿੱਚ ਉਸ ਦਾ ਕੇਸ ਸੌਂਪਿਆ ਗਿਆ ਸੀ ਅਤੇ ਜਲਦੀ ਹੀ ਉਸ ਨੂੰ ਸੂਬੇ ਤੋਂ ਬਾਹਰ ਦੀ ਇਕ ਗ੍ਰਿਫਤਾਰੀ ਰਿਕਾਰਡ ਦਾ ਪਤਾ ਲੱਗਿਆ, ਜੋ ਬੈਕਬਰਗ ਨਾਲ ਮੇਲ ਖਾਂਦਾ ਸੀ। ਉਹ ਅਤੇ ਹੋਰ ਅਧਿਕਾਰੀ ਬੈਕਬਰਗ ਦੇ ਪਰਵਾਰ ਨੂੰ ਮਿਲੇ, ਤਾਂ ਕਿ ਪਤਾ ਲਾਇਆ ਜਾ ਸਕੇ ਕਿ ਕੀ ਉਨ੍ਹਾਂ ਦਾ ਉਸ ਖੇਤਰ ਨਾਲ ਕੋਈ ਸੰਬੰਧ ਹੈ। ਉਨ੍ਹਾ ਬੈਕਬਰਗ ਦੀ ਭੈਣ ਦੇ ਵਿਰਾਸਤੀ ਖਾਤੇ ਦੀ ਵੀ ਘੋਖ ਕਰਨੀ ਸ਼ੁਰੂ ਕਰ ਦਿੱਤੀ, ਉਸ ਖੇਤਰ ਤੋਂ ਮਰਦਮਸ਼ੁਮਾਰੀ ਰਿਕਾਰਡ, ਸ਼ਰਧਾਂਜਲੀਆਂ ਅਤੇ ਵਿਆਹ ਦੇ ਲਾਇਸੈਂਸ ਆਦਿ ਕੱਢੇ। ਲਗਭਗ ਦੋ ਮਹੀਨਿਆਂ ਦੇ ਅੰਦਰ ਉਨ੍ਹਾਂ ਨੂੰ ਇੱਕ ਸਿਰਨਾਵਾਂ ਮਿਲਿਆ, ਜਿੱਥੇ ਇੱਕ ਔਰਤ ਰਹਿ ਰਹੀ ਸੀ, ਜਿਸ ਬਾਰੇ ਹੈਨਸਨ ਨੇ ਕਿਹਾ ਕਿ ਉਸ ਵਿੱਚ ਬੈਕਬਰਗ ਵਾਲੀਆਂ ਸਾਰੀਆਂ ਸਮਾਨਤਾਵਾਂ ਸਨ, ਜਿਸ ਵਿੱਚ ਜਨਮ ਮਿਤੀ ਅਤੇ ਸਮਾਜਕ ਸੁਰੱਖਿਆ ਨੰਬਰ ਤੱਕ ਸ਼ਾਮਲ ਸੀ।

ਹੈਨਸਨ ਨੇ ਉਸ ਖੇਤਰ ਤੋਂ ਇੱਕ ਡਿਪਟੀ ਨਾਲ ਇਸ ਸੰਬੰਧੀ ਰਾਬਤਾ ਕੀਤਾ। ਦਸ ਮਿੰਟ ਬਾਅਦ ਬੈਕਬਰਗ, ਜੋ ਹੁਣ 80ਵਿਆਂ ਦੀ ਉਮਰ ਵਿੱਚ ਹੈ, ਨੇ ਹੈਨਸਨ ਨਾਲ ਸੰਪਰਕ ਕੀਤਾ। ਹੈਨਸਨ ਨੇ ਕਿਹਾ, 'ਇਹ ਬਹੁਤ ਜਲਦੀ ਹੋਇਆ। ਮੈਂ ਉਮੀਦ ਕਰ ਰਿਹਾ ਸੀ ਕਿ ਮੈਨੂੰ ਡਿਪਟੀ ਦੀ ਮੋੜਵੀਂ ਕਾਲ ਆਵੇਗੀ ਕਿ ਉਸ ਘਰ ਕਿਸੇ ਨੇ ਦਰਵਾਜ਼ਾ ਨਹੀਂ ਖੋਲ੍ਹਿਆ, ਪਰ ਮੈਨੂੰ ਤਾਂ ਉਸ ਬੀਬੀ ਦੀ ਹੀ ਕਾਲ ਆ ਗਈ। ਕਾਲ ਦੌਰਾਨ ਉਸ ਨੇ ਆਮ ਸਵਾਲਾਂ ਦੇ ਜਵਾਬ ਦਿੱਤੇ, ਪਰ ਜ਼ਿਆਦਾਤਰ ਜਾਣਕਾਰੀ ਸਾਂਝੀ ਕਰਨ ਤੋਂ ਇਨਕਾਰ ਕਰ ਦਿੱਤਾ, ਆਪਣੀ ਨਿੱਜਤਾ ਦੇ ਮੱਦੇਨਜ਼ਰ।' ਹੈਨਸਨ ਨੇ ਕਿਹਾ ਕਿ ਉਸ ਨੂੰ ਖੁਸ਼ੀ ਹੈ ਕਿ ਉਹ ਏਨੇ ਸਾਲਾਂ ਬਾਅਦ ਰਾਜ਼ੀ-ਖ਼ੁਸ਼ੀ ਰਹਿੰਦੀ ਮਿਲੀ ਹੈ।

## ਚਾਂਦੂ ਦੀ ਪੰਚਾਇਤ ਨੇ ਜ਼ਮੀਨ ਦੀ ਨਿਸ਼ਾਨਦੇਹੀ ਕਰਾਈ



**ਮੂਨਕ (ਰਾਜਪਾਲ ਸਿੰਗਲਾ)**-ਪਿੰਡ ਚਾਂਦੂ ਵਿਖੇ ਰਸਤੇ ਨੂੰ ਚੌੜਾ ਕਰਨ ਲਈ ਪਿੰਡ ਦੀ ਪੰਚਾਇਤ ਨੇ ਰੁਕੀ ਹੋਈ ਜ਼ਮੀਨ ਦੀ ਨਿਸ਼ਾਨਦੇਹੀ ਕਰਾਈ।ਪਿੰਡ ਚਾਂਦੂ ਦੇ ਸਰਪੰਚ ਦਰਸ਼ਨ ਸਿੰਘ ਨੇ ਕਿਹਾ ਕਿ ਪਿੰਡ ਚਾਂਦੂ ਤੋਂ ਲਿੰਕ ਸੜਕ ਜੋ ਮੁਹੰਮਦ ਅਲੀ ਸ਼ਾਹ ਪੀਰ, ਸ਼ਮਸ਼ਾਨ ਘਾਟ, ਘੱਗਰ ਦੇ ਪੁਲ, ਸਟੇਡੀਅਮ, ਮੈਰਿਜ ਪੈਲਸ ਅਤੇ ਬੰਗਾ ਬਸ਼ਹਿਰਾ ਰੋਡ ਦੇ ਨਾਲ ਜੋੜਦੀ ਹੈ, ਜਿਸ ਕਾਰਨ ਪਿੰਡ ਦੇ ਨਾਲ-ਨਾਲ ਇਲਾਕੇ ਦੇ ਲੋਕਾਂ ਦਾ ਇਸ ਸੜਕ ਦੇ ਨਾਲ ਲਿੰਕ ਜੁੜਿਆ ਹੋਇਆ ਹੈ।ਇਸ ਸੜਕ ਦੇ ਦੋਨੋਂ ਸਾਈਡਾਂ ਦੀ ਜ਼ਮੀਨਾਂ 'ਤੇ ਪਿੰਡ ਦੇ ਲੋਕਾਂ ਵੱਲੋਂ ਕਬਜ਼ਾ ਕੀਤਾ ਹੋਇਆ ਸੀ, ਜਿਸ ਦੀ ਨਿਸ਼ਾਨਦੇਹੀ ਕਰਾ ਦਿੱਤੀ ਹੈ।ਇਸ ਮੌਕੇ ਪੂਰੇ ਪਿੰਡ ਦਾ ਸਹਿਯੋਗ ਰਿਹਾ ਹੈ, ਜਿਨ੍ਹਾਂ ਦੇ ਘਰ ਅੰਦਰ ਸੜਕ ਦੀ ਜਗ੍ਹਾ ਆਉਂਦੀ ਹੈ, ਉਨ੍ਹਾਂ ਨੂੰ ਪੰਚਾਇਤੀ ਤੌਰ 'ਤੇ ਸਮਝਾ ਕੇ ਸੜਕ ਨੂੰ ਚੌੜਾ ਕੀਤਾ ਜਾਵੇਗਾ ਤਾਂ ਜੁ ਆਉਣ ਜਾਣ ਵਾਲੇ ਲੋਕਾਂ ਨੂੰ ਪ੍ਰੇਸ਼ਾਨੀ ਨਾ ਹੋਵੇ।ਜ਼ਮੀਨ ਦੀ ਨਿਸ਼ਾਨਦੇਹੀ ਕਰਨ ਆਏ ਕਾਨੂੰਨਗੋ ਪਰਮਜੀਤ ਸਿੰਘ ਨੇ ਕਿਹਾ ਕਿ ਪਿੰਡ ਦੀ ਪੰਚਾਇਤ ਦੇ ਅਨੁਸਾਰ ਪੀਰ ਬਾਬਾ ਰੋਡ ਦੀ ਨਿਸ਼ਾਨਦੇਹੀ ਕਰਾ ਦਿੱਤੀ ਹੈ।ਇਹ ਜ਼ਮੀਨ 3 ਕਨਾਲ 13 ਮਰਲੇ ਹੈ ਤੇ 8 ਕਿੱਲੇ ਲੰਬੀ ਬਾਹੀ ਦੇ ਰੋਡ ਦੀ ਨਿਸ਼ਾਨਦੇਹੀ ਕੀਤੀ ਹੈ, ਜਿਸ ਘਰ ਅੰਦਰ ਸੜਕ ਦੀ ਜ਼ਮੀਨ ਆਉਂਦੀ ਹੈ, ਉਸ ਨੂੰ ਪਿੰਡ ਦੀ ਪੰਚਾਇਤ ਆਪਣੇ ਪੱਧਰ ਦੇ ਜਾਂ ਫਿਰ ਕਾਨੂੰਨੀ ਅਧਾਰ 'ਤੇ ਹੱਲ ਕਰਾਏਗੀ।

## ਭਲਕੇ ਹੋਵੇਗੀ ਰੋਹ ਭਰਪੂਰ ਰੈਲੀ

**ਦਿੜ੍ਹਬਾ (ਜਸਵੀਰ ਲਾਡੀ)**-ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ (ਰਜਿ:) ਦੀ ਵਰਕਿੰਗ ਕਮੇਟੀ ਦੀ ਅਹਿਮ ਮੀਟਿੰਗ ਦਰਸ਼ਨ ਸਿੰਘ ਝਨੇੜੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਜਿੱਥੇ ਜਨਰਲ ਸਕੱਤਰ ਬੱਬਨਪਾਲ, ਰਾਮ ਸਿੰਘ ਧੂਰੀ, ਸ਼ਮਸ਼ੇਰ ਬਡਰੁੱਖਾਂ, ਬਲਵਿੰਦਰ ਕਪਿਆਲ, ਬੂਟਾ ਸਿੰਘ ਖੇੜੀ, ਸੁਰਿੰਦਰ ਕਾਕੜਾ, ਬਲਕਾਰ ਸਿੰਘ ਆਦਿ ਸ਼ਾਮਲ ਹੋਏ। ਮੀਟਿੰਗ ਵਿੱਚ ਸੂਬਾਈ ਆਗੂ ਹਰਜੀਤ ਬਾਲੀਆਂ ਅਤੇ ਗੁਰਚਰਨ ਸਿੰਘ ਅਕੋਈ ਸਾਹਿਬ ਸ਼ਾਮਲ ਹੋਏ।ਜਥੇਬੰਦੀ ਵੱਲੋਂ ਐਸ.ਡੀ.ਓ.ਜਲ ਸਪਲਾਈ ਤੇ ਸੈਨੀਟੇਸ਼ਨ, ਉਪ ਮੰਡਲ ਨੰ:1 ਸੰਗਰੂਰ ਖਿਲਾਫ ਉਨ੍ਹਾਂ ਦੇ ਦਫ਼ਤਰ ਅੱਗੇ ਵਿਸ਼ਾਲ ਰੋਹ ਭਰਪੂਰ ਰੋਸ ਰੈਲੀ ਕੀਤੀ ਜਾਵੇਗੀ। ਆਗੂਆਂ ਨੇ ਖੁਲਾਸਾ ਕੀਤਾ ਕਿ ਪਿਛਲੇ ਦਿਨਾਂ 'ਚ ਫੀਲਡ ਕ੍ਰਮਚਾਰੀਆਂ ਦੀਆਂ ਅਡਜਸਟਮੈਂਟਾਂ ਦੀ ਆੜ ਹੇਠ ਜਥੇਬੰਦੀ ਦੀ ਬ੍ਰਾਂਚ ਦੇ ਜਨਰਲ ਸਕੱਤਰ ਬਬਨਪਾਲ ਦੀ ਆਪਣਾ ਸੁਚੱਜਾ ਵਰਕ ਕਰ ਰਹੀ ਮੈਂਟੀਨੈਂਸ ਟੀਮ ਵਿੱਚੋਂ ਨਜਾਇਜ਼ ਤੌਰ 'ਤੇ ਗ਼ਲਤ ਢੰਗ ਤਰੀਕੇ ਤਹਿਤ ਮੰਗਵਾਲ ਸਟੋਰ ਵਿਰੁੱਧ ਬਦਲੀ ਕਰ ਦਿੱਤੀ ਗਈ ਹੈ, ਜਿਸ ਸਬੰਧੀ ਜਥੇਬੰਦੀ ਨਾਲ ਗੱਲਬਾਤ ਦੌਰਾਨ ਬਦਲੀ ਰੱਦ ਕਰਨ ਤੇ ਟਾਲ ਮਟੋਲ ਨੀਤੀ ਅਪਣਾਈ ਗਈ। ਜਥੇਬੰਦੀ ਵੱਲੋਂ ਪਿਛਲੇ ਦਿਨਾਂ ਵਿੱਚ ਸੰਕੇਤਕ ਰੋਸ ਰੈਲੀ ਦਾ ਪ੍ਰੋਗਰਾਮ ਉਲੀਕਿਆ ਗਿਆ, ਜਿਸ ਦੇ ਪ੍ਰਤੀਕਰਮ ਵਿੱਚ ਦੁਬਾਰਾ ਫਿਰ ਜਥੇਬੰਦੀ ਨੂੰ ਮੀਟਿੰਗ ਲਈ ਸੱਦਾ ਦੇ ਕੇ ਰੈਲੀ ਮੁਲਤਵੀ ਕਰਾ ਦਿੱਤੀ, ਪ੍ਰੰਤੂ ਅਫਸੋਸ ਮੀਟਿੰਗ ਵਿੱਚ ਅੜੀਅਲ ਵਤੀਰਾ ਰੱਖਦੇ ਹੋਏ ਫਿਰ ਲਿੱਪਾ ਪੋਚੀ ਦੀ ਕੋਸ਼ਿਸ਼ ਕੀਤੀ ਤੇ ਮਸਲਾ ਜਿਉਂ ਦੀ ਤਿਉਂ ਹੀ ਬਰਕਰਾਰ ਰੱਖਿਆ ਗਿਆ।ਸਿੱਟੇ ਵਜੋਂ ਜਥੇਬੰਦੀ ਵੱਲੋਂ ਮਜਬੂਰਨ 8 ਮਈ ਨੂੰ ਉਨ੍ਹਾਂ ਦੇ ਦਫਤਰ ਅੱਗੇ ਰੋਹ ਭਰਭੂਰ ਰੋਸ ਰੈਲੀ ਕਰਨ ਦਾ ਫ਼ੈਸਲਾ ਕੀਤਾ ਗਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

7 May Page-3.qxd 5/6/2025 11:02 PM Page 1



# ਪੁਲਸ ਤੇ ਨਸ਼ਾ ਤਸਕਰ ਵਿਚਕਾਰ ਮੁੱਠਭੇੜ 'ਚ ਨਸ਼ਾ ਤਸਕਰ ਜ਼ਖ਼ਮੀ

**● 10 ਹਜ਼ਾਰ ਡਰੱਗਜ਼ ਮਨੀ, ਪਿਸਤਲ ਤੇ ਭਾਰੀ ਮਾਤਰਾ 'ਚ ਨਸ਼ਾ ਬਰਾਮਦ**



**ਗੁਰਦਾਸਪੁਰ (ਜਨਕ ਮਹਾਜਨ)-** ਪੰਜਾਬ ਸਰਕਾਰ ਵੱਲੋਂ ਆਰੰਭ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਪੁਲਸ ਅਤੇ ਨਸ਼ਾ ਤਸਕਰ ਦੇ ਵਿਚਕਾਰ ਹੋਈ ਮੁੱਠਭੇੜ ਵਿਚ ਇੱਕ ਨਸ਼ਾ ਤਸਕਰ ਦੇ ਗੋਲੀ ਵੱਜਣ ਨਾਲ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ ਜਿਸ ਨੂੰ ਜ਼ਖ਼ਮੀ ਹਾਲਤ 'ਚ ਸਰਕਾਰੀ ਹਸਪਤਾਲ ਦਸੂਹਾ ਵਿਖੇ ਭਰਤੀ ਕਰਵਾਇਆ ਗਿਆ। ਇਸ ਦੌਰਾਨ ਮੌਕੇ 'ਤੇ ਪਹੁੰਚੇ ਐੱਸ. ਐੱਸ. ਪੀ. ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਨਸ਼ਾ ਤਸਕਰ ਲਵਦੀਪ ਸਿੰਘ ਉਰਫ਼ ਸੰਨ੍ਹੀ ਨਿਵਾਸੀ ਰਾਮਦਾਸਪੁਰ ਕੰਢੀ ਇਲਾਕੇ 'ਚ ਹਥਿਆਰ ਸਮੇਤ ਨਸ਼ਾ ਸਪਲਾਈ ਕਰ ਰਿਹਾ ਹੈ ਜਿਸ ਤੋਂ ਬਾਅਦ ਐੱਸਐੱਚਓ ਸਤਪਾਲ ਸਿੰਘ ਬਾਜਵਾ ਨੇ ਪੁਲਸ ਪਾਰਟੀ ਸਮੇਤ ਗਸ਼ਤ ਕਰਦੇ ਹੋਏ ਮਸਤੀਵਾਲ ਅਤੇ ਜੋਗੀਆਣਾ ਦੇ ਵਿਚਕਾਰ ਕੰਡੀ ਕਨਾਲ ਦੇ ਭਾਣੋਵਾਲ ਸੈਫਨ ਤੇ ਨਾਕਾ ਲਗਾਇਆ ਹੋਇਆ ਸੀ। ਇਸੇ ਦੌਰਾਨ ਉਕਤ ਨਸ਼ਾ ਤਸਕਰ ਆਪਣੀ ਲਾਲ ਰੰਗ ਦੀ ਵਰਨਾ ਗੱਡੀ ਨੰਬਰ ਪੀਬੀ 08 ਬੀ. ਐੱਨ. 6222 ਵਿਚ ਸਵਾਰ ਹੋ ਕੇ ਆ ਰਿਹਾ ਸੀ। ਪੁਲਸ ਨੇ ਜਦੋਂ ਨਾਕੇ 'ਤੇ ਨਸ਼ਾ ਤਸਕਰ ਦੀ ਗੱਡੀ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਸ ਨੇ ਆਪਣੀ ਗੱਡੀ ਕੱਚੇ ਰਸਤੇ ਵੱਲ ਭਜਾ ਲਈ ਪਰ ਰਸਤੇ 'ਚ ਰੇਤ ਹੋਣ ਕਾਰਨ ਉਸ ਦੀ ਗੱਡੀ ਸਾਹਮਣੇ ਇੱਕ ਦਰਖ਼ਤ ਨਾਲ ਜਾ ਟਕਰਾਈ ਜਿਸ ਨੇ ਗੱਡੀ 'ਚੋਂ ਨਿਕਲਦੇ ਸਾਰ ਹੀ ਪੁਲਸ ਦੀ ਗੱਡੀ 'ਤੇ ਫਾਇਰਿੰਗ ਸ਼ੁਰੂ ਕਰ ਦਿੱਤੀ ਇਸ ਨਾਲ ਇੱਕ ਗੋਲੀ ਪੁਲਸ ਦੀ ਗੱਡੀ ਵਿਚ ਵੱਜੀ ਅਤੇ ਪੁਲਸ ਮੁਲਾਜ਼ਮ ਵਾਲ-ਵਾਲ ਬਚ ਗਏ। ਨਸ਼ਾ ਤਸਕਰ ਵੱਲੋਂ ਕੀਤੀ ਗਈ ਫਾਇਰਿੰਗ ਦੇ ਜਵਾਬ 'ਚ ਪੁਲਸ ਨੇ ਵੀ ਜਵਾਬੀ ਫਾਇਰ ਕੀਤਾ ਜੋ ਕਿ ਇੱਕ ਫਾਇਰ ਨਸ਼ਾ ਤਸਕਰ ਦੇ ਪੈਰ ਕੋਲ ਲੱਗਾ ਜਿਸ ਨਾਲ ਉਹ ਜ਼ਖ਼ਮੀ ਹੋ ਕੇ ਡਿੱਗ ਪਿਆ ਤੇ ਪੁਲਸ ਨੇ ਉਸ ਨੂੰ ਕਾਬੂ ਕਰਕੇ ਜ਼ਖ਼ਮੀ ਹਾਲਤ ਵਿਚ ਸਿਵਲ ਹਸਪਤਾਲ ਦਸੂਹਾ ਵਿਖੇ ਭਰਤੀ ਕਰਵਾਇਆ। ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰ ਕੋਲੋਂ 10 ਹਜ਼ਾਰ ਰੁਪਏ ਡਰੱਗਜ਼ ਮਨੀ, ਭਾਰੀ ਮਾਤਰਾ ਵਿਚ ਨਸ਼ਾ ਅਤੇ 32 ਬੋਰ ਦਾ ਪਿਸਤਲ ਤੇ ਚੱਲੇ ਹੋਏ ਕਾਰਤੂਸਾਂ ਦੇ ਖ਼ੋਲ ਵੀ ਬਰਾਮਦ ਹੋਏ। ਉਨ੍ਹਾਂ ਦੱਸਿਆ ਕਿ ਉਕਤ ਨਸ਼ਾ ਤਸਕਰ ਦੇ ਖ਼ਿਲਾਫ਼ ਪਹਿਲੇ ਵੀ ਪੰਜ ਪਰਚੇ ਦਰਜ ਸਨ ਜਿਨ੍ਹਾਂ ਵਿਚੋਂ ਇੱਕ ਮਾਮਲੇ ਵਿਚ ਉਹ ਭਗੌੜਾ ਲਿਆ ਗਿਆ ਐਲਾਨਿਆ ਗਿਆ ਹੈ।

# ਦੋਆਬਾ ਪਬਲਿਕ ਸਕੂਲ 'ਚ ਗੁਰਦਾਸਪੁਰ ਸਹੋਦਿਆ ਸਕੂਲ ਕੰਪਲੈਕਸ ਦੀ ਅਹਿਮ ਮੀਟਿੰਗ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਦੋਆਬਾ ਪਬਲਿਕ ਸਕੂਲ ਕੱਟ ਸੰਤੋਖ ਰਾਏ, ਧਾਰੀਵਾਲ ਵਿਖੇ ਵਿਦਿਆਰਥੀਆਂ ਦੀ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਅਤੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਸੀਬੀਐੱਸਈ ਸਕੂਲਾਂ ਦੇ ਸਹੋਦਿਆ ਸਕੂਲ ਕੰਪਲੈਕਸ ਗੁਰਦਾਸਪੁਰ ਦੀ ਅਹਿਮ ਮੀਟਿੰਗ (ਸੈਸ਼ਨ 2025-26) ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਸਹੋਦਿਆ ਗਰੁੱਪ ਦੇ ਪ੍ਰਧਾਨ ਪ੍ਰਿੰਸੀਪਲ ਐੱਸ. ਬੀ. ਨਾਯਰ ਨੇ ਕੀਤੀ। ਮੀਟਿੰਗ ਵਿੱਚ ਸਹੋਦਿਆ ਗਰੁੱਪ ਦੇ 14 ਸਕੂਲਾਂ ਦੇ ਪ੍ਰਿੰਸੀਪਲਾਂ ਨੇ ਸ਼ਮੂਲੀਅਤ ਕੀਤੀ। ਦੋਆਬਾ ਸਕੂਲ ਦੇ ਪ੍ਰਿੰਸੀਪਲ ਬਰਿੰਦਰ ਕੌਰ ਨੇ ਬਾਹਰੋਂ ਆਏ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਦਾ ਸਵਾਗਤ ਕੀਤਾ। ਮੀਟਿੰਗ ਦੌਰਾਨ ਨਵੇਂ ਅਕਾਦਮਿਕ ਸੈਸ਼ਨ 2025-26 ਲਈ ਵੱਖ-ਵੱਖ ਗਤੀਵਿਧੀਆਂ ਵਿਦਿਆਰਥੀਆਂ ਵਾਸਤੇ ਕਰਵਾਉਣ ਲਈ ਕੈਲੰਡਰ ਉਲੀਕਿਆ ਗਿਆ, ਜਿਸ ਵਿੱਚ ਅੰਤਰ-ਸਕੂਲ ਮੁਕਾਬਲੇ ਕਰਵਾਏ ਜਾਣਗੇ। ਇਸ ਤੋਂ ਇਲਾਵਾ ਬੱਚਿਆਂ ਦੇ ਸਰਵਪੱਖੀ ਵਿਕਾਸ, ਖੇਡਾਂ, ਪੜ੍ਹਾਈ ਦੇ ਨਾਲ ਨਾਲ ਟੈਕਨਾਲੋਜੀ ਦੀ ਸਹੀ ਵਰਤੋਂ, ਬੱਚਿਆਂ ਵਿੱਚ ਸਾਕਾਰਾਤਮਕ ਸੋਚ ਭਰਨ ਬਾਰੇ ਵਿਚਾਰਾਂ ਵਟਾਂਦਰਾ ਕੀਤਾ ਗਿਆ। ਮੀਟਿੰਗ ਦੇ ਅਖੀਰ ਵਿੱਚ ਸਹੋਦਿਆ ਦੇ ਪ੍ਰਧਾਨ ਪ੍ਰਿੰਸੀਪਲ ਐੱਸ. ਬੀ. ਨਾਯਰ ਨੇ ਮੀਟਿੰਗ ਵਿੱਚ ਹਾਜ਼ਰ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਗੁਰਦਾਸਪੁਰ ਸਹੋਦਿਆ ਸਕੂਲ ਕੰਪਲੈਕਸ ਦੇ ਪ੍ਰਧਾਨ ਪ੍ਰਿੰਸੀਪਲ ਐੱਸ. ਬੀ. ਨਾਯਰ, ਵਾਈਸ ਪ੍ਰਧਾਨ ਪ੍ਰਿੰਸੀਪਲ ਬਰਿੰਦਰ ਕੌਰ, ਸੈਕਟਰੀ ਰਾਜੀਵ ਭਾਰਤੀ, ਜੁਆਇੰਟ ਸੈਕਟਰੀ ਪ੍ਰਿੰਸੀਪਲ ਊਪਮਾ ਮਹਾਜਨ, ਖਜ਼ਾਨਚੀ ਪ੍ਰਿੰਸੀਪਲ ਪੰਕਜ ਰਾਣਾ ਅਤੇ ਪ੍ਰਿੰਸੀਪਲ ਕਿਰਨ ਕੇਸਰ, ਪ੍ਰਿੰਸੀਪਲ ਮਨਦੀਪ ਕੁਮਾਰ, ਪ੍ਰਿੰਸੀਪਲ ਊਸ਼ਾ ਸ਼ਰਮਾ, ਪ੍ਰਿੰਸੀਪਲ ਸਮਿਕੀ ਕੋਛੜ, ਪ੍ਰਿੰਸੀਪਲ ਵੰਦਨਾ ਵੋਹਰਾ, ਪ੍ਰਿੰਸੀਪਲ ਜੈਅੰਤ ਸ਼ਰਮਾ, ਸਾਰੰਗ ਗੁਪਤਾ, ਪ੍ਰਿੰਸੀਪਲ ਡਾ: ਸ਼ਰਨਜੀਤ ਸਿੰਘ ਅਤੇ ਪ੍ਰਿੰਸੀਪਲ ਆਰਤੀ ਠਾਕੁਰ ਉਚੇਚੇ ਤੌਰ 'ਤੇ ਸ਼ਾਮਿਲ ਹੋਏ।

# ਅੰਜਲੀ ਸਰਬਉੱਤਮ ਕੈਡਿਟ ਪੁਰਸਕਾਰ ਤੇ ਨਕਦੀ ਸਕਾਲਰਸ਼ਿਪ ਨਾਲ ਸਨਮਾਨਿਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੀ ਐੱਨਸੀਸੀ ਕੈਡਿਟ ਅੰਜਲੀ ਨੂੰ ਸਰਵੋਤਮ ਕੈਡਿਟ ਪੁਰਸਕਾਰ ਅਤੇ ਨਕਦੀ ਸਕਾਲਰਸ਼ਿਪ ਨਾਲ ਸਨਮਾਨਿਤ ਕੀਤਾ ਗਿਆ ਹੈ ਜਦਕਿ ਕੈਡਿਟ ਦੀਕਸ਼ਾ ਸ਼ਰਮਾ, ਕਸ਼ਿਸ਼ ਸ਼ਰਮਾ ਅਤੇ ਸਿਮਰਪ੍ਰੀਤ ਕੌਰ ਨੂੰ ਸਰਵੋਤਮ ਕੈਡਿਟ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਇਸ ਸਬੰਧੀ ਸਕੂਲ ਪ੍ਰਿੰ. ਨਿਰਮਲਜੀਤ ਕੌਰ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 9ਵੀਂ ਜਮਾਤ ਤੋਂ 22 ਪੰਜਾਬ ਬਟਾਲੀਅਨ ਐੱਨਸੀਸੀ ਦੀ ਕੈਡਿਟ ਅੰਜਲੀ ਨੂੰ ਸਰਵੋਤਮ ਅਕਾਦਮਿਕ ਪ੍ਰਦਰਸ਼ਨ ਦੇ ਆਧਾਰ 'ਤੇ ਸਿਖਲਾਈ ਸਾਲ 2024-25 ਲਈ ਸਰਵੋਤਮ ਕੈਡਿਟ ਲਈ ਪੁਰਸਕਾਰ ਅਤੇ ਨਕਦੀ ਸਕਾਲਰਸ਼ਿਪ ਨਾਲ ਸਨਮਾਨਿਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਹੋਰਨਾਂ 'ਚ ਦੀਕਸ਼ਾ ਸ਼ਰਮਾ, ਕਸ਼ਿਸ਼ ਸ਼ਰਮਾ ਅਤੇ ਸਿਮਰਪ੍ਰੀਤ ਕੌਰ ਨੂੰ ਸਰਵੋਤਮ ਕੈਡਿਟ ਨਾਲ ਸਨਮਾਨਿਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜੀ. ਪੀ. ਕਮਾਂਡਰ ਬ੍ਰਿਗੇਡੀਅਰ ਕੁਲਪ੍ਰੀਤ ਸਿੰਘ ਵੱਲੋਂ 24 ਬਟਾਲੀਅਨ ਐੱਨ. ਸੀ. ਸੀ. ਦੇ 13 ਹੋਣਹਾਰ ਕੈਡਿਟਾਂ ਨੂੰ ਸੀ. ਡਬਲਯੂ. ਐੱਸ. ਫੰਡ ਤੋਂ ਸਕਾਲਰਸ਼ਿਪ ਦਿੱਤੀ ਗਈ ਸੀ।ਐੱਨਸੀਸੀ ਗਰੁੱਪ ਹੈੱਡ ਕੁਆਰਟਰ, ਅੰਮ੍ਰਿਤਸਰ ਵਿਖੇ ਆਯੋਜਿਤ ਸਨਮਾਨ ਸਮਾਰੋਹ 'ਚ ਗਰੁੱਪ ਕਮਾਂਡਰ ਨੇ ਕੈਡਿਟਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਮਾਜਿਕ ਗਤੀਵਿਧੀਆਂ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਆਪਣੀ ਮਿਹਨਤ ਅਤੇ ਵਚਨਬੱਧਤਾ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਉਕਤ ਪ੍ਰਾਪਤੀ ਅੰਜਲੀ ਦੀ ਸਖ਼ਤ ਮਿਹਨਤ ਅਤੇ ਸਿਖਲਾਈ ਦਾ ਸਬੂਤ ਹੈ।

# ਅਧਿਆਪਕਾਂ ਵੱਲੋਂ ਸਿੱਖਿਆ ਮੰਤਰੀ ਦੀਆਂ ਨੀਤੀਆਂ ਵਿਰੁੱਧ 9 ਨੂੰ ਰੋਸ ਰੈਲੀ ਦਾ ਫ਼ੈਸਲਾ



**ਧਾਰੀਵਾਲ (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ)-** ਸਾਂਝਾ ਅਧਿਆਪਕ ਮੋਰਚਾ ਦੇ ਸੱਦੇ 'ਤੇ ਅਧਿਆਪਕ ਆਗੂਆਂ ਨੇ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿੱਚ ਮੀਟਿੰਗ ਕੀਤੀ।ਮੀਟਿੰਗ ਉਪਰੰਤ ਅਧਿਆਪਕ ਆਗੂਆਂ ਕੁਲਦੀਪ ਪੂਰੋਵਾਲ, ਅਨਿਲ ਕੁਮਾਰ ਲਾਹੌਰੀਆ, ਰਜਨੀ ਪਰਕਾਸ਼, ਅਮਨਵੀਰ ਗੋਰਾਇਆ, ਸਰਬਜੀਤ ਸਿੰਘ, ਬਲਵਿੰਦਰ ਰਾਜ, ਮਨਜੀਤ ਸਿੰਘ ਨੇ ਦੱਸਿਆ ਕਿ ਸਿੱਖਿਆ ਮੰਤਰੀ ਵੱਲੋਂ ਕੇਂਦਰ ਦੀ ਨਵੀਂ ਸਿੱਖਿਆ ਨੀਤੀ ਨੂੰ ਰੱਦ ਨਾ ਕਰਕੇ ਪੰਜਾਬੀਆਂ ਨਾਲ ਧੋਖਾ ਕੀਤਾ ਜਾ ਰਿਹਾ ਹੈ, ਮਿਡਲ ਸਕੂਲ ਬੰਦ ਕਰਨ ਦੇ ਐਲਾਨ ਕੀਤੇ ਜਾ ਰਹੇ ਹਨ, ਤਰੱਕੀਆਂ ਵਿੱਚ ਅਧਿਆਪਕਾਂ ਨੂੰ ਦੂਰ ਦੁਰੇਡੇ ਭੇਜਿਆ ਗਿਆ ਹੈ, ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਗਈ, ਪੇ ਕਮਿਸ਼ਨ ਦਾ ਬਕਾਇਆ, ਭੱਤੇ, ਡੀ ਏ ਦੀਆਂ ਕਿਸ਼ਤਾਂ ਨਹੀਂ ਦਿੱਤੀਆਂ ਜਾ ਰਹੀਆਂ,4/9/14 ਸਾਲਾਂ ਦੀ ਸੇਵਾ ਤੋਂ ਬਾਅਦ ਦਿੱਤੀ ਜਾਣ ਵਾਲੀ ਤਰੱਕੀ ਵੀ ਬੰਦ ਕੀਤੀ ਗਈ ਹੈ।ਸਕੂਲਾਂ ਵਿੱਚ ਗੈਰ-ਵਿਗਿਆਨਕ ਪ੍ਰੋਜੈਕਟ ਚਲਾਏ ਜਾ ਰਹੇ ਹਨ, ਗੈਰ-ਵਿਗਿਆਨਕ ਸਿਲੇਬਸ ਤਿਆਰ ਕੀਤਾ ਜਾ ਰਿਹਾ ਹੈ, ਹਜ਼ਾਰਾਂ ਆਸਾਮੀਆਂ ਖਾਲੀ ਹੋਣ ਦੇ ਬਾਵਜੂਦ ਭਰਤੀ ਅਤੇ ਤਰੱਕੀਆਂ ਨਹੀਂ ਕੀਤੀਆਂ ਜਾ ਰਹੀਆਂ, ਉਦਘਾਟਨ ਸਮਾਰੋਹ ਸਮੇਂ ਆਉਣ ਵਾਲੀ ਗਰਾਂਟ ਜਾਰੀ ਨਹੀਂ ਕੀਤੀ ਜਾ ਰਹੀ, ਹਜ਼ਾਰਾਂ ਸਕੂਲਾਂ ਵਿੱਚ ਸਫਾਈ ਕਰਮਚਾਰੀ ਅਤੇ ਚੌਂਕੀਦਾਰ ਨਹੀਂ ਦਿੱਤੇ ਜਾ ਰਹੇ।ਗੈਰ -ਵਿੱਦਿਅਕ ਕੰਮਾਂ ਵਿੱਚ ਅਧਿਆਪਕਾਂ ਨੂੰ ਲਗਾਇਆ ਜਾ ਰਿਹਾ ਹੈ।ਬਦਲੀਆਂ ਲਈ ਪੋਰਟਲ ਨਹੀਂ ਖੋਲ੍ਹਿਆ ਜਾ ਰਿਹਾ।ਆਗੂਆਂ ਕਿਹਾ ਕਿ ਜੇਕਰ ਸਿੱਖਿਆ ਦੀ ਬਿਹਤਰੀ ਲਈ ਅਧਿਆਪਕ ਜੱਥੇਬੰਦੀਆਂ ਨਾਲ ਵਿਚਾਰ ਕਰਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਮਸਲ੍ਹੇ ਹੱਲ ਨਾ ਕੀਤੇ ਤਾਂ 10 ਮਈ ਤੋਂ ਸਿੱਖਿਆ ਮੰਤਰੀ ਦੇ ਹਲਕੇ ਵਿੱਚ ਲਗਾਤਾਰ ਝੰਡਾ ਮਾਰਚ ਕੀਤਾ ਜਾਵੇਗਾ।ਗੁਰਦਾਸਪੁਰ ਵਿੱਚ 9 ਮਈ ਨੂੰ ਜ਼ਿਲ੍ਹਾ ਪਧਰੀ ਧਰਨਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਬਲਕਾਰ ਸਿੰਘ, ਸੁਭਾਸ਼ ਧਾਰੀਵਾਲ ਰਾਮੇਸ਼ ਖੁੰਡਾ, ਸੁਭਾਸ਼ ਗੁਰਦਾਸਪੁਰ, ਸਤਿੰਦਰਜੀਤ, ਕੁਲਵੰਤ ਸਿੰਘ, ਪਰਵੀਨ ਕੁਮਾਰ, ਪਵਨ ਕੁਮਾਰ,ਸਲਵਿੰਦਰ ਕੁਮਾਰ, ਕੰਵਰਦੀਪ ਸਿੰਘ, ਜੋਤ ਪਰਕਾਸ਼ ਸਿੰਘ, ਮਦਨ ਲਾਲ ਆਦਿ ਹਾਜ਼ਰ ਸਨ।

# ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਅਦਾਰਿਆਂ ਨੇ ਮਨਾਇਆ ਮਜ਼ਦੂਰ ਦਿਹਾੜਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—** ਦੇਸ਼, ਸਮਾਜ, ਸਰਕਾਰੀ ਜਾਂ ਗੈਰ-ਸਰਕਾਰੀ ਅਦਾਰਿਆਂ ਅਤੇ ਉਦਯੋਗ ਦੀ ਸਫ਼ਲਤਾ 'ਚ ਮਜ਼ਦੂਰ ਦੀ ਅਹਿਮ ਭੂਮਿਕਾ ਹੁੰਦੀ ਹੈ।ਜੇਕਰ ਕੰਮ ਕਰਨ ਵਾਲੇ ਵਰਕਰ ਨੂੰ ਨੌਕਰੀ ਦੌਰਾਨ ਉਸ ਨੂੰ ਬਣਦੀ ਹਰੇਕ ਵਾਜਿਬ ਸੁਵਿਧਾ, ਮਿਹਨਤ ਦਾ ਪੂਰਾ ਮੁੱਲ ਅਤੇ ਮਾਣ-ਸਤਿਕਾਰ ਦਿੱਤੇ ਜਾਵੇ ਤਾਂ ਹੀ ਅਸਲ ਮਾਇਨਿਆਂ 'ਚ ਮਜ਼ੂਦਰ ਦਿਵਸ ਮਨਾਇਆ ਜਾਣਾ ਸਫ਼ਲ ਹੈ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਇਕ ਅਜਿਹੀ ਮਾਣਮੱਤੀ ਸੰਸਥਾ ਹੈ, ਜਿਸ ਅਧੀਨ ਆਉਂਦੇ ਸਮੂੰਹ ਵਿੱਦਿਅਕ ਅਦਾਰਿਆਂ 'ਚ ਹਰੇਕ ਵਰਕਰ ਨੂੰ ਉਸ ਦਾ ਬਣਦਾ ਹੱਕ, ਮਾਣ-ਸਤਿਕਾਰ ਅਤੇ ਸਹੂਲਤਾਂ ਪ੍ਰਦਾਨ ਕਰਨ ਲਈ ਯਤਨ ਕੀਤੇ ਜਾਂਦੇ ਹਨ।ਉਕਤ ਸ਼ਬਦਾਂ ਦਾ ਪ੍ਰਗਟਾਵਾ ਖ਼ਾਲਸਾ ਕਾਲਜ ਚਵਿੰਡਾ ਦੇਵੀ ਅਤੇ ਖ਼ਾਲਸਾ ਕਾਲਜ ਪਬਲਿਕ ਸਕੂਲ ਵਿਖੇ ਮਜ਼ਦੂਰ ਦਿਵਸ ਦੇ ਸਬੰਧ 'ਚ ਕਰਵਾਏ ਗਏ ਪ੍ਰੋਗਰਾਮ ਦੌਰਾਨ ਅਦਾਰਿਆਂ 'ਚ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਨੂੰ ਕ੍ਰਮਵਾਰ ਪ੍ਰਿੰਸੀਪਲ ਗੁਰਦੇਵ ਸਿੰਘ ਅਤੇ ਅਮਰਜੀਤ ਸਿੰਘ ਗਿੱਲ ਵੱਲੋਂ ਸਾਂਝੇ ਤੌਰ 'ਤੇ ਸਨਮਾਨਿਤ ਕਰਦਿਆਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਾਡੇ ਦੇਸ਼, ਸਮਾਜ, ਸੰਸਥਾਵਾਂ ਅਤੇ ਪਰਿਵਾਰਾਂ ਦਾ ਅਸਲੀ ਮਾਣ ਅਜਿਹੇ ਮਿਹਨਤੀ ਲੋਕ ਹਨ ਜਿਨ੍ਹਾਂ ਦੇ ਆਸਰੇ ਅਸੀਂ ਦਫਤਰਾਂ 'ਚ ਬੈਠ ਕੇ ਨਿਸ਼ਚਿੰਤ ਹੋ ਕੇ ਕੰਮ ਕਰਦੇ ਹਾਂ।ਉਨ੍ਹਾਂ ਕਿਹਾ ਕਿ ਅਜਿਹੇ ਮਿਹਨਤੀ ਲੋਕਾਂ ਪ੍ਰਤੀ ਸਾਡੇ ਮਨਾਂ 'ਚ ਹਮੇਸ਼ਾ ਮਾਣ-ਸਤਿਕਾਰ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਭਾਰਤ 'ਚ ਇਕ ਮਈ ਦਾ ਦਿਹਾੜਾ ਸਭ ਤੋਂ ਪਹਿਲਾਂ ਚੇਨੱਈ 'ਚ 1 ਮਈ 1923 ਨੂੰ ਮਨਾਉਣਾ ਸ਼ੁਰੂ ਕੀਤਾ ਗਿਆ ਸੀ।ਉਸ ਸਮੇਂ ਇਸ ਨੂੰ ਮਦਰਾਸ ਦਿਵਸ ਵਜੋਂ ਪ੍ਰਵਾਨਿਤ ਕਰ ਲਿਆ ਗਿਆ ਸੀ।ਇਸ ਮੌਕੇ ਪ੍ਰਿੰ: ਗੁਰਦੇਵ ਸਿੰਘ ਅਤੇ ਪ੍ਰਿੰ: ਗਿੱਲ ਨੇ ਕਿਹਾ ਕਿ ਉਕਤ ਦਿਵਸ ਦੀ ਸ਼ੁਰੂਆਤ ਭਾਰਤੀ ਮਜ਼ਦੂਰ ਕਿਸਾਨ ਪਾਰਟੀ ਦੇ ਨੇਤਾ ਕਾਮਰੇਡ ਸਿੰਗਰਾਵੇਲੂ ਚੇਟਿਆਰ ਨੇ ਸ਼ੁਰੂ ਕੀਤੀਨੂੰ



ਸੀ।ਮਦਰਾਸ ਦੇ ਹਾਈਕੋਰਟ ਸਾਹਮਣੇ ਮੁਜ਼ਾਹਰਾ ਕਰ ਕੇ ਇਕ ਮਤਾ ਪਾਸ ਕਰ ਕੇ ਇਹ ਸਹਿਮਤੀ ਬਣਾਈ ਗਈ ਕਿ ਇਸ ਦਿਵਸ ਨੂੰ ਭਾਰਤ 'ਚ ਵੀ ਕਾਮੇ ਦਿਵਸ ਵਜੋਂ ਮਨਾਇਆ ਜਾਵੇ ਅਤੇ ਇਸ ਦਿਨ ਛੁੱਟੀ ਦਾ ਐਲਾਨ ਕੀਤਾ ਜਾਵੇ।ਉਨ੍ਹਾਂ ਪਹਿਲੀ ਮਈ ਨੂੰ ਹਿੰਦੁਸਤਾਨ ਸਮੇਤ 80 ਮੁਲਕਾਂ 'ਚ ਉਕਤ ਦਿਵਸ ਮਨਾਇਆ ਜਾਂਦਾ ਹੈ।ਚਵਿੰਡਾ ਦੇਵੀ ਵਿਖੇ ਪ੍ਰਿੰ: ਗੁਰਦੇਵ ਸਿੰਘ ਨੇ ਅਧਿਆਪਕਾਂ ਨਾਲ ਮਿਲ ਕੇ ਮਿਹਨਤੀ ਹੱਥਾਂ ਸਰਬਜੀਤ ਕੌਰ, ਲਵਪ੍ਰੀਤ ਕੌਰ, ਰਣਜੀਤ ਕੌਰ (ਸਫਾਈ ਸੇਵਿਕਾ) ਅਤੇ ਰਣਧੀਰ ਸਿੰਘ, ਕਵਲ (ਮਾਲੀ) ਨੂੰ ਅਤੇ ਪਬਲਿਕ ਸਕੂਲ ਵਿਖੇ ਪ੍ਰਿੰ: ਗਿੱਲ ਵੱਲੋਂ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ।

# ਸ਼੍ਰੀ ਪਰਸ਼ੂਰਾਮ ਬ੍ਰਾਹਮਣ ਸਭਾ ਨੇ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-** ਫਤਿਹਗੜ੍ਹ ਚੂੜੀਆਂ ਵਿੱਚ ਸਥਾਪਿਤ ਹੋਈ ਭਗਵਾਨ ਸ਼੍ਰੀ ਪਰਸ਼ੂਰਾਮ ਸ਼੍ਰੀ ਬ੍ਰਾਹਮਣ ਸਭਾ ਫਤਿਹਗੜ੍ਹ ਚੂੜੀਆਂ ਵੱਲੋਂ ਕੁਝ ਦਿਨ ਪਹਿਲਾਂ ਸ੍ਰੀ ਪਰਸ਼ੂਰਾਮ ਜਯੰਤੀ ਸ਼ਹਿਰ ਦੇ ਸਹਿਯੋਗ ਦੇ ਨਾਲ ਮਨਾਈ ਗਈ ਸੀ।ਹੁਣ ਇੱਕ ਹੋਰ ਉਪਰਾਲਾ ਕੀਤਾ ਗਿਆ ਹੈ ਜਿਸ ਵਿੱਚ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ ਜਿਸ ਵਿੱਚ ਸ਼ਹਿਰ ਫਤਿਹਗੜ੍ਹ ਚੂੜੀਆਂ ਦੀਆਂ ਸ਼ਖਸੀਅਤਾਂ ਦਾ ਸਹਿਯੋਗ ਰਿਹਾ।ਸਭਾ ਦੇ ਸਰਪ੍ਰਸਤ ਰਾਜੀਵ ਸ਼ਰਮਾ ਅਤੇ ਪ੍ਰਧਾਨ ਮੁਕੇਸ਼ ਵਾਸਦੇਵ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਦੱਸਿਆ ਕਿ ਇਹ ਸਭਾ ਫਤਿਹਗੜ੍ਹ ਚੂੜੀਆਂ ਦੇ ਸਮਾਜ ਵਾਸਤੇ ਅੱਗੇ ਵੀ ਵੱਧ ਚੜ੍ਹ ਕੇ ਕੰਮ ਕਰੇਗੀ।ਸ੍ਰੀ ਪਰਸ਼ੂਰਾਮ ਸ਼੍ਰੀ ਬ੍ਰਾਹਮਣ ਸਭਾ ਫਤਿਹਗੜ੍ਹ ਚੂੜੀਆਂ ਵੱਲੋਂ ਇਹ ਵੀ ਪ੍ਰਣ ਕੀਤਾ ਗਿਆ ਕਿ ਕਿਸੇ ਵੀ ਜ਼ਰੂਰਤਮੰਦ ਪਰਿਵਾਰ ਨੂੰ ਜ਼ਰੂਰਤ ਪੈਂਦੀ ਹੈ ਤਾਂ ਅਸੀਂ ਉਸ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇ ਹਾਂ ਚਾਹੇ ਉਹ ਪੜ੍ਹਾਈ ਜਾਂ ਫਿਰ ਰਾਸ਼ਨ ਦੀ ਦਿੱਕਤ ਹੋਵੇ ।ਇਸ ਦੇ ਨਾਲ ਉਨ੍ਹਾਂ ਇਹ ਵੀ ਕਿਹਾ ਕਿ ਜ਼ਰੂਰਤਮੰਦ ਪਰਿਵਾਰ ਦੀ ਪੂਰੀ ਤਰ੍ਹਾਂ ਪੁਸ਼ਟੀ ਕਰਕੇ ਉਸ ਦੀ ਮਦਦ ਜ਼ਰੂਰ ਕੀਤੀ ਜਾਵੇਗੀ ਜਿਸ ਵਿੱਚ ਸਭਾ ਦੇ ਮੈਂਬਰ ਮੁਕੇਸ਼ ਵਾਸਦੇਵ ਪ੍ਰਧਾਨ, ਸਰਪ੍ਰਸਤ ਰਾਜੀਵ ਸ਼ਰਮਾ, ਜਗਦੀਸ਼ ਕਾਲੀਆ ਕੈਸ਼ੀਅਰ, ਰਜੀਵ ਸ਼ਰਮਾ, ਮਨੀਸ਼ ਸ਼ਰਮਾ, ਵਿਨੋਦ ਸ਼ਰਮਾ, ਕਪਲ ਡੋਗਰਾ, ਪਵਨ ਰਾਮਪਾਲ, ਤੇਜਪਾਲ ਡੋਗਰਾ, ਨਿਤਿਨ ਸ਼ਰਮਾ, ਰਜੀਵ ਸ਼ਰਮਾ ਲਾਟੀ, ਅੰਕੁਰ ਗਾਂਧੀ ਅਤੇ ਵਿਸ਼ਾਲ ਸ਼ਰਮਾ ਆਦਿ ਹਾਜ਼ਰ ਸਨ।

# ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ 581178 ਮੀਟਰਿਕ ਟਨ ਖ਼ਰੀਦ ਹੋਈ : ਡਿਪਟੀ ਕਮਿਸ਼ਨਰ

**● ਕਿਸਾਨਾਂ ਨੂੰ 1333.39 ਕਰੋੜ ਰੁਪਏ ਦੀ ਰਾਸ਼ੀ ਦੀ ਕੀਤੀ ਅਦਾਇਗੀ**



**ਗੁਰਦਾਸਪੁਰ (ਜਨਕ ਮਹਾਜਨ)-** ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਦੇਰ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 581178 ਮੀਟਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ ਖ਼ਰੀਦੀ ਗਈ ਫ਼ਸਲ ਦਾ 1333.39 ਕਰੋੜ ਰੁਪਏ ਭੁਗਤਾਨ ਕੀਤਾ ਜਾ ਚੁੱਕਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਖ਼ਰੀਦ ਏਜੰਸੀ ਪਨਗਰੇਨ ਨੇ 153917 ਮੀਟਰਿਕ ਟਨ, ਮਾਰਕਫੈੱਡ ਨੇ 153469 ਮੀਟਰਿਕ ਟਨ, ਪਨਸਪ ਨੇ 133472 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 87431 ਮੀਟਰਿਕ ਟਨ ਅਤੇ ਐੱਫ਼. ਸੀ. ਆਈ. ਨੇ 23289 ਮੀਟਰਿਕ ਟਨ ਕਣਕ ਖ਼ਰੀਦੀ ਹੈ। ਇਸ ਤੋਂ ਇਲਾਵਾ 29600 ਮੀਟਰਿਕ ਟਨ ਵਪਾਰੀਆਂ ਵੱਲੋਂ ਖ਼ਰੀਦੀ ਗਈ ਹੈ। ਉਨ੍ਹਾਂ ਕਿਹਾ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ 1333.39 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਤੋਂ ਬਾਅਦ ਕਣਕ ਦੀ ਲਿਫ਼ਟਿੰਗ ਵੀ ਤੇਜ਼ੀ ਨਾਲ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ 326348 ਮੀਟਰਿਕ ਟਨ ਕਣਕ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ।

# ਆਲ ਇੰਡੀਆ ਲੋਕ ਯੁਵਾ ਸ਼ਕਤੀ ਪਾਰਟੀ ਨੇ ਐੱਸਡੀਐੱਮ ਨੂੰ ਦਿੱਤਾ ਮੰਗ ਪੱਤਰ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-** ਆਲ ਇੰਡੀਆ ਲੋਕ ਯੁਵਾ ਸ਼ਕਤੀ ਪਾਰਟੀ ਵੱਲੋਂ ਪਾਰਟੀ ਦੇ ਕੌਮੀ ਪ੍ਰਧਾਨ ਡਾਕਟਰ ਸਤਨਾਮ ਸਿੰਘ ਬਾਜਵਾ ਦੀ ਅਗਵਾਈ ਹੇਠ ਰਾਜਪਾਲ ਸਿੰਘ ਸੇਖੋਂ ਐੱਸਡੀਐੱਮ ਡੇਰਾ ਬਾਬਾ ਨਾਨਕ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਾਂਅ ਇੱਕ ਮੰਗ ਪੱਤਰ ਦਿੱਤਾ ਗਿਆ।ਇਸ ਮੰਗ ਪੱਤਰ ਰਾਹੀਂ ਉਨ੍ਹਾਂ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦਾ ਨਾਮ ਬਦਲ ਕੇ ਸ੍ਰੀ ਡੇਰਾ ਬਾਬਾ ਨਾਨਕ ਸਾਹਿਬ ਰੱਖਿਆ ਜਾਵੇ।ਉਨ੍ਹਾਂ ਕਿਹਾ ਕਿ ਲੋਕ ਯੁਵਾ ਸ਼ਕਤੀ ਪਾਰਟੀ ਪੰਜਾਬ ਨੂੰ ਨਸ਼ਾ ਮੁਕਤ ਕਰਾਉਣ ਲਈ ਪੂਰੀ ਤਰ੍ਹਾਂ ਸਰਕਾਰ ਦੇ ਨਾਲ ਹੈ।ਡਾਕਟਰ ਬਾਜਵਾ ਨੇ ਕਿਹਾ ਕਿ ਸਾਡੀ ਪਾਰਟੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਹਲਕਾ ਡੇਰਾ ਬਾਬਾ ਨਾਨਕ ਦੇ 50 ਪਿੰਡਾਂ ਵਿੱਚ ਜਾ ਕੇ ਨੌਜਵਾਨਾਂ ਨੂੰ ਨਸ਼ੇ ਛੱਡਣ ਲਈ ਜਾਗਰੂਕ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਤੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਲੋਕ ਯੁਵਾ ਸ਼ਕਤੀ ਪਾਰਟੀ ਵੱਲੋਂ ਪੰਜਾਬ ਸਰਕਾਰ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਇਸ ਮੁਹਿੰਮ ਦਾ ਹਿੱਸਾ ਬਣਨ ਤਾਂ ਜੋ ਪੰਜਾਬ ਨੂੰ ਸੰਪੂਰਨ ਤੌਰ 'ਤੇ ਨਸ਼ਾ ਮੁਕਤ ਕੀਤਾ ਜਾ ਸਕੇ।

# ਮੁੱਖ ਮੰਤਰੀ ਮਾਨ ਸਹੀ ਅਰਥਾਂ 'ਚ ਪੰਜਾਬ ਦੇ ਪਾਣੀਆਂ ਦੇ ਰੱਖਵਾਲੇ ਸਾਬਿਤ ਹੋਏ : ਧਾਲੀਵਾਲ



**ਅੰਮ੍ਰਿਤਸਰ/ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-**ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਹੀ ਅਰਥਾਂ ਵਿੱਚ ਪੰਜਾਬ ਦੇ ਪਾਣੀਆਂ ਦੇ ਰੱਖਵਾਲੇ ਸਾਬਿਤ ਹੋਏ ਹਨ ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿਧਾਨ ਸਭਾ ਦੇ ਬੁਲਾਏ ਗਏ ਵਿਸ਼ੇਸ਼ ਇਜਲਾਸ ਵਿੱਚ ਜਿੱਥੇ ਕੇਂਦਰ ਦੀਆਂ ਸਾਬਕਾ ਕਾਂਗਰਸ ਸਰਕਾਰਾਂ, ਪੰਜਾਬ 'ਚ ਵੀ ਸਾਬਕਾ ਕਾਂਗਰਸ ਸਰਕਾਰਾਂ, ਪੰਜਾਬ ਦੀਆਂ ਸਾਬਕਾ ਅਕਾਲੀ ਸਰਕਾਰਾਂ ਤੇ ਕੇਂਦਰ ਦੀ ਮੌਜੂਦਾ ਭਾਜਪਾ ਸਰਕਾਰ ਤੇ ਭਾਜਪਾ ਪਾਰਟੀ ਦੇ ਪੰਜਾਬ ਦੇ ਪਾਣੀਆਂ ਪ੍ਰਤੀ ਅਪਣਾਏ ਪੰਜਾਬ ਮਾਰੂ ਫੈਸਲਿਆਂ ਦੇ ਪਰਤ ਦਰ ਪਰਤ ਬਖੀਏ ਉਧੇੜੇ ਗਏ, ਉਥੇ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਭਾਜਪਾ ਤੇ ਕੇਂਦਰੀ ਮੋਦੀ ਸਰਕਾਰ ਦੀ ਸਖਤ ਨੁਕਤਾਚੀਨੀ ਕਰਦਿਆਂ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਡੈਮ ਸੇਫਟੀ ਐਕਟ ਰੱਦ ਕਰਨ, ਬੀਬੀਐੱਮਬੀ ਦਾ ਪੁਨਰਗਠਨ ਕਰਕੇ ਪਾਣੀਆਂ ਦੀ ਵੰਡ ਮੌਜੂਦਾ ਸਥਿਤੀ ਅਨੁਸਾਰ ਕਰਨ ਅਤੇ ਪੰਜਾਬ ਦੇ ਪਾਣੀਆਂ ਦੇ ਅਧਿਕਾਰ ਨੂੰ ਜਬਰੀ ਖੋਹਣ ਲਈ ਬੀਬੀਐੱਮਬੀ ਵਲੋਂ ਕੇਂਦਰੀ ਮੋਦੀ ਸਰਕਾਰ, ਭਾਜਪਾ ਤੇ ਹਰਿਆਣਾ ਭਾਜਪਾ ਸਰਕਾਰ ਦੀ ਸ਼ਹਿ ਤੇ ਗੈਰ ਕਾਨੂੰਨੀ ਮੀਟਿੰਗਾਂ ਕਰਵਾਏ ਜਾਣ ਦੀ ਘੋਰ ਨਿੰਦਾ ਦੇ ਮਤੇ ਸਰਬਸੰਮਤੀ ਨਾਲ ਪਾਸ ਕਰਵਾਉਣ ਵਿੱਚ ਸਫਲ ਰਹੇ ਜਿਸ ਦੀ ਪੰਜਾਬ 'ਚ ਚੁਫੇਰਿਓਂ ਪ੍ਰਸ਼ੰਸਾ ਹੋ ਰਹੀ ਹੈ।ਕੈਬਨਿਟ ਮੰਤਰੀ ਧਾਲੀਵਾਲ ਨੇ ਆਪਣੇ ਬਿਆਨ 'ਚ ਇਹ ਵੀ ਕਿਹਾ ਕਿ ਅੱਜ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਪੰਜਾਬ ਦੇ ਮੰਤਰੀਆਂ ਤੇ ਵਿਧਾਇਕਾਂ ਨੇ ਉਕਤ ਪੇਸ਼ ਹੋਏ ਮਤੇ ਤੇ ਬਹਿਸ 'ਚ ਭਾਗ ਲੈਂਦਿਆਂ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਪੰਜਾਬ ਦੇ ਇਤਿਹਾਸ 'ਚ ਹੁਣ ਤੱਕ ਪਾਣੀਆਂ ਦੀ ਰਾਖੀ ਦੇ ਮੁੱਦੇ ਤੇ ਪੰਜਾਬ ਦੇ ਕਿਸਾਨਾਂ ਤੇ ਆਮ ਲੋਕਾਂ ਲਈ ਪਾਣੀ ਬਚਾਉਣ ਹਿੱਤ ਕੇਂਦਰ ਤੇ ਹਰਿਆਣਾ ਸਰਕਾਰ ਨੂੰ ਪੰਜਾਬ ਦੇ ਪਾਣੀਆਂ ਤੇ ਡਾਕਾ ਮਾਰਨ ਤੋਂ ਰੋਕਣ ਲਈ ਨੰਗਲ ਡੈਮ ਤੇ ਪਹਿਰਾ ਦੇ ਕੇ ਸਿੱਧੇ ਤੌਰ ਤੇ ਪਾਣੀ ਦੀ ਰਾਖੀ ਕਰਨ ਵਾਲੇ ਪਹਿਲੇ ਨਿਡਰ, ਦਿਲੇਰ, ਬਹਾਦਰ, ਨਿਧੜਕ ਪਹਿਰੇਦਾਰ ਮੁੱਖ ਮੰਤਰੀ ਬਣੇ ਹਨ।ਮੰਤਰੀ ਧਾਲੀਵਾਲ ਨੇ ਕਿਹਾ ਕਿ ਸਦਨ 'ਚ ਬਹਿਸ ਦੌਰਾਨ ਕੁੱਝ ਕਾਂਗਰਸ ਵਿਧਾਇਕਾਂ ਨੇ ਪਾਣੀਆਂ ਦੇ ਮੁੱਦੇ 'ਤੇ ਸਾਬਕਾ ਕਾਂਗਰਸ ਸਰਕਾਰਾਂ ਵੱਲੋਂ ਹੋਈਆਂ ਗਲਤੀਆਂ ਨੂੰ ਮਹਿਸੂਸ ਕੀਤਾ, ਪਰ ਪ੍ਰਤਾਪ ਸਿੰਘ ਬਾਜਵਾ ਆਪਣੀ ਅੜੀ 'ਤੇ ਕਾਇਮ ਰਹੇ ਅਤੇ ਉਨ੍ਹਾਂ ਨੇ ਆਪਣੇ ਕੌਮੀ ਆਗੂ ਰਾਹੁਲ ਗਾਂਧੀ ਵਾਂਗੂ ਗਲਤੀ ਦਾ ਅਹਿਸਾਸ ਕਰਨ ਦੀ ਬਜਾਏ ਸਦਨ 'ਚ ਕਾਂਗਰਸ ਦੀਆਂ ਗਲਤੀਆਂ ਦਾ ਅਹਿਸਾਸ ਕਰਨ ਤੋਂ ਟਾਲਾ ਵੱਟੀ ਰੱਖਿਆ।ਅਜਿਹਾ ਕਰਕੇ ਸ: ਬਾਜਵਾ ਨੇ ਪ੍ਰਤੱਖ ਪ੍ਰਮਾਣ ਦੇ ਦਿੱਤਾ ਹੈ ਕਿ ਉਹ ਸੱਚੇ ਦਿਲੋਂ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਪੰਜਾਬ ਦੇ ਨਾਲ ਨਹੀਂ ਹਨ।

**ਬਾਜਵਾ ਨੇ ਸਾਬਕਾ ਕਾਂਗਰਸ ਸਰਕਾਰਾਂ ਵੱਲੋਂ ਕੀਤੀਆਂ ਗਲਤੀਆਂ ਨਾ ਮੰਨ ਕੇ ਪੰਜਾਬ ਵਿਰੋਧੀ ਹੋਣ ਦਾ ਪ੍ਰਮਾਣ ਦਿੱਤਾ**

# ਪਰਮਜੀਤ ਸਿੰਘ ਵਿਰਦੀ ਨੇ ਥਾਣਾ ਝਬਾਲ ਦੇ ਐੱਸਐੱਚਓ ਵਜੋਂ ਚਾਰਜ ਸੰਭਾਲਿਆ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਜ਼ਿਲ੍ਹਾ ਪੁਲਸ ਮੁਖੀ ਤਰਨ ਤਾਰਨ ਅਭਿਮੰਨਿਊ ਰਾਣਾ ਆਈਪੀਐੱਸ ਦੇ ਹੁਕਮਾਂ 'ਤੇ ਥਾਣਾ ਝਬਾਲ ਦੇ ਐੱਸਐੱਚਓ ਵਜੋਂ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਨੇ ਚਾਰਜ ਸੰਭਾਲ ਲਿਆ। ਇਸ ਮੌਕੇ ਇੰਸਪੈਕਟਰ ਵਿਰਦੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਐੱਸਐੱਸਪੀ ਅਭਿਮੰਨਿਊ ਰਾਣਾ ਦੇ ਆਦੇਸ਼ਾਂ ਅਤੇ ਐੱਸਪੀ ਅਜੈਰਾਜ ਸਿੰਘ ਅਤੇ ਡੀਐੱਸਪੀ ਸਬ ਡਵੀਜ਼ਨ ਰਿਪੁਤਾਪਨ ਸਿੰਘ ਦੀ ਅਗਵਾਈ ਹੇਠ ਥਾਣਾ ਝਬਾਲ ਅਧੀਨ ਆਉਂਦੇ ਪਿੰਡਾਂ ਵਿੱਚ ਨਸ਼ਿਆਂ ਦੇ ਖਾਤਮੇ ਲਈ ਸਾਰਥਕ ਕਦਮ ਚੁੱਕੇ ਜਾ ਰਹੇ ਹਨ ਤੇ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਬਖ਼ਸ਼ਿਆ ਨਹੀਂ ਜਾਵੇਗਾ।ਜ਼ਿਕਰਯੋਗ ਹੈ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਇੱਕ ਕਾਬਿਲ ਅਫਸਰ ਦੇ ਤੌਰ ਤੇ ਜਾਣੇ ਜਾਂਦੇ ਹਨ।ਹੁਣ ਤੱਕ ਜ਼ਿਲ੍ਹਾ ਪੁਲਸ ਤਰਨਤਾਰਨ ਦੇ ਵੱਖ-ਵੱਖ ਥਾਣਿਆਂ ਵਿੱਚ ਤਨਦੇਹੀ ਨਾਲ ਆਪਣੀ ਡਿਊਟੀ ਨੂੰ ਨਿਭਾਉਂਦੇ ਆ ਰਹੇ ਹਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਵਾਏ ਜਾਣਗੇ ਖੇਡ ਟੂਰਨਾਮੈਂਟ : ਜ਼ਿਲ੍ਹਾ ਖੇਡ ਅਫਸਰ



**ਗੁਰਦਾਸਪੁਰ (ਜਨਕ ਮਹਾਜਨ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਕਾਮਯਾਬ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਵੀ ਆਪਣਾ ਪੂਰਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਮੁਹਿੰਮ ਨੂੰ ਕਾਮਯਾਬ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਲੋਕਾਂ ਦਾ ਸਾਥ ਲੈ ਕੇ ਨਸ਼ਿਆਂ ਖ਼ਿਲਾਫ਼ ਇੱਕ ਲੋਕ ਲਹਿਰ ਖੜੀ ਕੀਤੀ ਜਾ ਰਹੀ ਹੈ। ਇਨ੍ਹਾਂ ਹੀ ਯਤਨਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 7 ਮਈ ਤੋਂ 21 ਮਈ 2025 ਤੱਕ ਵੱਖ-ਵੱਖ ਖੇਡਾਂ ਦੇ ਟੂਰਨਾਮੈਂਟ ਕਰਵਾਏ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆ ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ 7 ਮਈ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਗੁਰਦਾਸਪੁਰ ਵਿਖੇ ਜਿਮਨਾਸਟਿਕ, 13 ਮਈ ਨੂੰ ਸੇਂਟਵਾਰੀਅਰਜ਼ ਸਕੂਲ, ਕਾਦੀਆਂ ਵਿਖੇ ਬਾਕਸਿੰਗ ਤੇ ਵਾਲੀਬਾਲ ਅਤੇ 21 ਮਈ ਨੂੰ ਬਾਬਾ ਸ਼੍ਰੀ ਚੰਦ ਕਾਲਜ ਗਾਹਲੜੀ ਵਿਖੇ ਖੋ-ਖੋ ਅਤੇ ਵਾਲੀਬਾਲ ਦੇ ਟੂਰਮਾਮੈਂਟ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜੋ ਖਿਡਾਰੀ ਇਸ ਟੂਰਨਾਮੈਂਟ ਵਿੱਚ ਭਾਗ ਲੈਣਗੇ, ਉਨ੍ਹਾਂ ਨੂੰ ਸਬੰਧਿਤ ਸਕੂਲ ਦੀ ਮੈਨੇਜਮੈਂਟ ਵੱਲੋ ਰਿਫਰੈਸ਼ਮੈਂਟ ਵੀ ਦਿੱਤੀ ਜਾਵੇਗੀ।

# ਸਲਾਹਕਾਰ ਦੀਪਕ ਬਾਲੀ ਵੱਲੋਂ ਛੋਟਾ ਘੱਲੂਘਾਰਾ ਸ਼ਹੀਦੀ ਸਮਾਰਕ ਦਾ ਦੌਰਾ

**● ਛੋਟਾ ਘੱਲੂਘਾਰਾ ਸ਼ਹੀਦੀ ਸਾਕੇ ਨੂੰ ਸਮਰਪਿਤ ਰਾਜ-ਪੱਧਰੀ ਸਮਾਗਮ ਹਰ ਸਾਲ ਕਰਵਾਇਆ ਜਾਵੇਗਾ: ਦੀਪਕ ਬਾਲੀ**



**ਧਾਰੀਵਾਲ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)-** ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੱਲੋਂ ਬੀਤੀ ਸ਼ਾਮ ਛੋਟਾ ਘੱਲੂਘਾਰਾ ਛੰਬ ਕਾਹਨੂੰਵਾਨ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਅਤੇ ਐੱਸਡੀਐੱਮ ਗੁਰਦਾਸਪੁਰ ਮਨਜੀਤ ਸਿੰਘ ਰਾਜਲਾ ਵੀ ਮੌਜੂਦ ਸਨ।ਛੋਟਾ ਘੱਲੂਘਾਰਾ ਸ਼ਹੀਦੀ ਸਮਾਰਕ, ਕਾਹਨੂੰਵਾਨ ਛੰਬ ਦੇ ਦੌਰੇ ਸਲਾਹਕਾਰ ਦੀਪਕ ਬਾਲੀ ਨੇ ਸ਼ਹੀਦੀ ਸਮਾਰਕ ਵਿੱਚ ਸ਼ਹੀਦੀ ਗੈਲਰੀ, ਵਿਕਟਰੀ ਟਾਵਰ, ਲਾਇਬ੍ਰੇਰੀ ਦਾ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਨੇ ਛੋਟੇ ਘੱਲੂਘਾਰੇ ਉਪਰ ਬਣੀ ਦਸਤਾਵੇਜ਼ੀ ਫਿਲਮ ਵੀ ਦੇਖੀ।ਇਸ ਮੌਕੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਕਿ ਸਾਬਕਾ ਮੰਤਰੀ ਜਥੇਦਾਰ ਸੇਵਾ ਸਿੰਘ ਸੇਖਵਾਂ ਦੇ ਉਚੇਚੇ ਯਤਨਾਂ ਸਦਕਾ 18ਵੀਂ ਸਦੀ ਦੇ ਮਹਾਨ ਸ਼ਹੀਦਾਂ ਦੀ ਯਾਦ ਵਿੱਚ ਬਣੀ ਸ਼ਹੀਦੀ ਯਾਦਗਾਰ ਦੀ ਸੰਭਾਲ, ਰੱਖ-ਰਖਾਅ ਤੇ ਨਵੀਨੀਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਦੀਆਂ ਸਭ ਤੋਂ ਦਰਦਨਾਕ ਘਟਨਾਵਾਂ ਵਿੱਚੋਂ ਇੱਕ ਛੋਟਾ ਘੱਲੂਘਾਰਾ, ਕਾਹਨੂੰਵਾਨ ਛੰਬ ਦੇ ਸ਼ਹੀਦਾਂ ਨੂੰ ਸਿਜਦਾ ਕਰਨ ਪੰਜਾਬ ਸਰਕਾਰ ਵੱਲੋਂ ਹਰ ਰਾਜ-ਪੱਧਰੀ ਸਮਾਗਮ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਇਹ ਸਮਾਗਮ ਨਾ ਸਿਰਫ਼ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਨ ਲਈ ਹੋਵੇਗਾ, ਸਗੋਂ ਨਵੀਂ ਪੀੜ੍ਹੀ ਨੂੰ ਇਤਿਹਾਸਕ ਚੇਤਨਾ, ਸਾਂਝੀ ਵਿਰਾਸਤ ਅਤੇ ਆਪਣੀ ਅਸਲੀ ਪਛਾਣ ਨਾਲ ਜੋੜਨ ਵਾਲਾ ਇੱਕ ਮਹੱਤਵਪੂਰਨ ਮੋੜ ਵੀ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਮਹੀਨੇ ਦੇ ਅਖੀਰ ਵਿੱਚ ਵੀ ਛੋਟਾ ਘੱਲੂਘਾਰਾ, ਕਾਹਨੂੰਵਾਨ ਦੇ ਸ਼ਹੀਦਾਂ ਦੀ ਯਾਦ ਵਿੱਚ ਰਾਜ ਪੱਧਰੀ ਸਮਾਗਮ ਕਰਵਾਇਆ ਜਾਵੇਗਾ।ਜ਼ਿਕਰਯੋਗ ਹੈ ਕਿ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸ਼ੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਮੁਲਾਕਾਤ ਕਰਕੇ ਇਹ ਮੰਗ ਕੀਤੀ ਸੀ ਕਿ ਪੰਜਾਬ ਸਰਕਾਰ ਵੱਲੋਂ ਛੋਟਾ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਹਰ ਸਾਲ ਰਾਜ ਪੱਧਰੀ ਸਮਾਗਮ ਕੀਤਾ ਜਾਵੇ, ਜਿਸ ਤਹਿਤ ਪੰਜਾਬ ਸਰਕਾਰ ਵੱਲੋਂ ਸੈਰ ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੂੰ ਛੋਟਾ ਘੱਲੂਘਾਰਾ ਸ਼ਹੀਦੀ ਸਮਾਰਕ ਕਾਹਨੂੰਵਾਨ ਵਿਖੇ ਭੇਜਿਆ ਗਿਆ।ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਇਹ ਰਾਜ ਪੱਧਰੀ ਸਮਾਗਮ ਕੇਵਲ ਸਮਾਗਮ ਨਹੀਂ, ਸਗੋਂ ਕੌਮ ਦੀ ਰੂਹਾਨੀ ਸ਼ਕਤੀ ਅਤੇ ਇਤਿਹਾਸਕ ਗੌਰਵ ਨੂੰ ਨਮਨ ਕਰਨ ਦਾ ਇਕ ਸੰਕਲਪ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦੀ ਸਮਾਰਕ ਦੇ ਨਵੀਨੀਕਰਨ ਅਤੇ ਵਿਸ਼ਵ-ਪੱਧਰੀ ਵਿਕਾਸ ਨੂੰ ਲੈ ਕੇ ਹੁਣ ਲੰਮੀ ਰਣਨੀਤੀ ਬਣਾ ਕੇ ਕੰਮ ਹੋਵੇਗਾ।ਉਨ੍ਹਾਂ ਕਿਹਾ ਕਿ ਸ਼ਹੀਦੀ ਸਮਾਰਕ ਸਾਡੀ ਕੌਮ ਦਾ ਬੇਸ਼ਕੀਮਤੀ ਸਰਮਾਇਆ ਹੈ ਅਤੇ ਇਸਦੀ ਸੰਭਾਲ ਲਈ ਹਰ ਉਪਰਾਲਾ ਕੀਤਾ ਜਾਵੇਗਾ।

# ਭਾਸ਼ਾ ਵਿਭਾਗ ਨੇ ਸਰਟੀਫਿਕੇਟ ਵੰਡ ਸਮਾਗਮ ਕਰਵਾਇਆ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓ ਪੀ ਰਾਣਾ)-** ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵੱਲੋਂ ਕਰਵਾਏ ਜਾ ਰਹੇ 6 ਮਹੀਨੇ ਦੇ ਉਰਦੂ ਆਮੋਜ਼ ਕੋਰਸ ਦੇ ਬੈਚ ਜੁਲਾਈ-ਦਸੰਬਰ 2024 ਦੇ ਵਿਦਿਆਰਥੀਆਂ ਨੂੰ ਇਹ ਕੋਰਸ ਸੰਪੰਨ ਕਰਨ ਉਪਰੰਤ ਪਾਸ ਹੋਣ ਤੇ ਸਰਟੀਫਿਕੇਟ ਵੰਡ ਸਮਾਗਮ ਕਰਵਾਇਆ ਗਿਆ। ਜਿਸ ਵਿਚ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਸ੍ਰੀਮਤੀ ਆਸ਼ਿਕਾ ਜੈਨ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਜ਼ਿਲ੍ਹਾ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਭਾਸ਼ਾ ਵਿਭਾਗ ਵੱਲੋਂ ਕਰਵਾਏ ਜਾ ਰਹੇ ਉਰਦੂ ਆਮੋਜ਼ ਕੋਰਸ ਅਤੇ ਭਾਸ਼ਾ ਵਿਭਾਗ ਦੀਆਂ ਬਾਕੀ ਸਾਹਿਤਕ ਅਤੇ ਸਿਰਜਣਾਤਮਕ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਆਸ਼ਿਕਾ ਜੈਨ ਨੇ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਭਾਰਤ ਦੀ ਪ੍ਰਾਚੀਨ ਬਹੁਤ ਖ਼ੂਬਸੂਰਤ ਜ਼ੁਬਾਨ ਹੈ। ਸਾਡੀ ਪੰਜਾਬੀ ਭਾਸ਼ਾ ਦਾ ਹਾਜ਼ਮਾ ਦਰੁਸਤ ਹੋਣ ਕਰਕੇ ਅਰਬੀ ਫ਼ਾਰਸੀ ਦੇ ਬਹੁਤ ਸਾਰੇ ਸ਼ਬਦਾਂ ਦਾ ਖ਼ਜ਼ਾਨਾ ਇਸ ਵਿੱਚ ਰਲ਼ ਗਿਆ ਹੈ। ਇਸ ਨਾਲ ਪੰਜਾਬੀ ਭਾਸ਼ਾ ਦੇ ਸ਼ਬਦ ਭੰਡਾਰ ਵਿੱਚ ਸਿਰਫ਼ ਵਾਧਾ ਹੀ ਨਹੀਂ ਹੋਇਆ ਸਗੋਂ ਇਸ ਜ਼ੁਬਾਨ ਵਿਚ ਰੌਚਕਤਾ ਅਤੇ ਖ਼ੂਬਸੂਰਤੀ ਵੀ ਵਧੀ ਹੈ। ਭਾਸ਼ਾ ਵਿਭਾਗ ਵੱਲੋਂ ਕਰਵਾਇਆ ਜਾ ਰਿਹਾ ਉਰਦੂ ਆਮੋਜ਼ ਦਾ ਕੋਰਸ ਪੰਜਾਬੀ ਭਾਸ਼ਾ ਦੇ ਲੰਬੇ ਚੌੜੇ ਇਤਿਹਾਸ ਨੂੰ ਟਟੋਲਣ ਅਤੇ ਖੰਘਾਲਣ ਵਿੱਚ ਹੋਰ ਵਾਧਾ ਕਰੇਗਾ। ਉਨ੍ਹਾਂ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕਰਕੇ ਵਧਾਈ ਦਿੱਤੀ। ਇਸ ਮੌਕੇ ਭਾਸ਼ਾ ਵਿਭਾਗ ਵੱਲੋਂ ਆਸ਼ਿਕਾ ਜੈਨ ਦਾ ਚਿਰਾਗ਼ ਮੈਗਜ਼ੀਨ ਨਾਲ ਸਨਮਾਨ ਕੀਤਾ ਗਿਆ। ਇਸ ਸਮੇਂ ਲਵਪ੍ਰੀਤ, ਲਾਲ ਸਿੰਘ, ਡਾ. ਬ੍ਰਿਜ ਭੂਸ਼ਨ ਉਰਦੂ ਅਧਿਆਪਕ, ਨਵਲੀਨ ਕੌਰ, ਪ੍ਰਿੰਸੀਪਲ ਚਰਨ ਸਿੰਘ, ਪ੍ਰਿੰਸੀਪਲ ਬਲਬੀਰ ਸਿੰਘ ਸੈਣੀ, ਗੁਰਬਿੰਦਰ ਸਿੰਘ, ਸੁਖਦੇਵ ਸਿੰਘ, ਵਰਿੰਦਰ ਪਾਲ ਸਿੰਘ, ਸਤਬੀਰ ਸਿੰਘ, ਸੀਮਾ, ਮਯੰਕ ਸ਼ਰਮਾ, ਪੁਸ਼ਪਾ ਰਾਣੀ ਆਦਿ ਹਾਜ਼ਰ ਸਨ।

# ਕਿਸਾਨ ਆਗੂਆਂ ਵੱਲੋਂ ਸੰਘਰਸ਼ ਕਰਨ ਖਿਲਾਫ ਦਿੱਤੀ ਚੇਤਾਵਨੀ ਦੀ ਨਿਖੇਧੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਇੱਥੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀ ਇੱਕ ਸਾਂਝੀ ਮੀਟਿੰਗ ਜੈਮਲ ਸਿੰਘ ਭੜੀ ਦੇ ਗ੍ਰਹਿ ਵਿਖੇ ਹੋਈ। ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸੰਘਰਸ਼ ਕਰ ਰਹੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੇ ਦਿੱਤੇ ਬਿਆਨ 'ਤੇ ਸਖਤ ਪ੍ਰਤੀਕਰਮ ਦਿੰਦੇ ਹੋਏ ਕਿਸਾਨ ਆਗੂਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ 'ਚ ਵਧ ਰਹੇ ਰੋਸ ਨੂੰ ਖਤਮ ਕਰਨ ਦੀ ਬਜਾਏ ਜਬਰ ਜ਼ੁਲਮ ਨਾਲ ਕੁਚਲਣਾ ਚਾਹੁੰਦੀ ਹੈ। ਪੰਜਾਬ ਸਰਕਾਰ ਆਪਣੇ ਤਿੰਨਾਂ ਸਾਲਾਂ ਦੀ ਕਾਰਗੁਜ਼ਾਰੀ ਦੌਰਾਨ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਹੈ। ਲੋਕਾਂ ਨਾਲ ਕੀਤੇ ਚੋਣਾਂ ਵਿੱਚ ਵਾਅਦੇ ਪੂਰੇ ਨਾ ਕਰ ਸਕੇ। ਜਿਸ ਕਾਰਨ ਹੁਣ ਲੋਕਾਂ ਵਿੱਚ ਲਗਾਤਾਰ ਰੋਸ ਵਧਦਾ ਜਾ ਰਿਹਾ ਹੈ। ਜਿਸ ਦੇ ਕਾਰਨ ਹਰ ਵਰਗ ਸੰਘਰਸ਼ ਦੇ ਰਾਹ 'ਤੇ ਪਿਆ ਹੋਇਆ ਹੈ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਕੁੱਲ ਹਿੰਦ ਕਿਸਾਨ ਸਭਾ ਭਵਨ ਦੇ ਜ਼ਿਲ੍ਹਾ ਸਕੱਤਰ ਗੁਰਨਾਮ ਸਿੰਘ ਔਲਖ, ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਜੈਮਲ ਸਿੰਘ ਭੜੀ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਦਰਸ਼ਨ ਸਿੰਘ ਬੜਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕੇਂਦਰ ਦੀ ਮੋਦੀ ਸਰਕਾਰ ਦੇ ਫਾਸ਼ੀਵਾਦੀ ਰੁਝਾਨ ਉੱਤੇ ਚੱਲ ਰਹੀ ਹੈ। ਸੰਘਰਸ਼ਾਂ ਨੂੰ ਗੈਰ ਕਾਨੂੰਨੀ ਕਰਾਰ ਦੇਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਕਿਸਾਨ ਆਗੂਆਂ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਹਕੂਮਤ ਨੂੰ ਮੂੰਹ ਤੋੜ ਜਵਾਬ ਦੇਣਗੇ। ਘਰ ਘਰ ਨੌਕਰੀਆਂ ਦੇਣ ਦੇ ਕੀਤੇ ਵਾਅਦੇ ਤਾਂ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤੇ ਸਨ ਪਰ ਜਦੋਂ ਹੁਣ ਲੋਕਾਂ ਦੇ ਬੱਚੇ ਰੁਜ਼ਗਾਰ ਮੰਗਦੇ ਹਨ ਤਾਂ ਉਹਨਾਂ ਨੂੰ ਡਾਂਗਾਂ ਨਾਲ ਕੁੱਟਿਆ ਜਾ ਰਿਹਾ ਹੈ। ਹਕੂਮਤ ਪੰਜਾਬ ਅੰਦਰ ਇਹ ਪਹਿਲੀ ਵਾਰ ਕਰ ਰਹੀ ਕਿ ਹਰ ਵਰਗ ਤੇ ਜਬਰ ਜ਼ੁਲਮ ਨਾਲ ਸੰਘਰਸ਼ਸ਼ੀਲ ਲੋਕਾਂ ਨੂੰ ਦਬਾ ਦਿੱਤਾ ਜਾਵੇ। ਆਗੂਆਂ ਨੇ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਸਰਕਾਰ ਦੇ ਹਰ ਜਬਰ ਜ਼ੁਲਮ ਦਾ ਡਟ ਕੇ ਮੁਕਾਬਲਾ ਕਰਨ ਲਈ ਆਪਣੀਆਂ ਜਥੇਬੰਦੀਆਂ ਨੂੰ ਹੋਰ ਤਕੜਾ ਕਰਨ। ਧਰਨਿਆਂ ਵਿੱਚ ਉਹ ਨਿਕਲੀ ਪਾਰਟੀ ਹੁਣ ਧਰਨੇ ਲਗਾਉਣ ਵਾਲੇ ਲੋਕਾਂ ਤੋਂ ਡਰ ਰਹੀ ਹੈ।

# ਸਰਕਾਰੀ ਕਾਲਜ ਡੇਰਾਬੱਸੀ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪ੍ਰੋਗਰਾਮ ਕਰਵਾਇਆ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)-** ਸਰਕਾਰੀ ਕਾਲਜ ਡੇਰਾਬੱਸੀ ਵਿਖੇ ਪ੍ਰਿੰਸੀਪਲ ਗਿਤਾਂਜਲੀ ਕਾਲੜਾ ਦੀ ਸਰਪ੍ਰਸਤੀ ਹੇਠ ਕਾਲਜ ਦੇ ਰੈੱਡ ਰਿਬਨ ਕਲੱਬ, ਬਡੀ ਗਰੁੱਪ ਤੇ ਐੱਨ.ਐੱਸ.ਐੱਸ. ਵੱਲੋਂ ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਉਪ-ਮੰਡਲ ਮੈਜਿਸਟਰੇਟ ਡੇਰਾਬੱਸੀ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਕਰਵਾਇਆ ਗਿਆ ਜਿਸ ਵਿਚ ਤਹਿਸੀਲਦਾਰ ਸੁਮਿਤ ਸਿੰਘ ਢਿੱਲੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੌਰਾਨ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਕਾਲਜ ਦੇ ਵਿਦਿਆਰਥੀਆਂ ਵੱਲੋਂ ਗੀਤ, ਭਾਸ਼ਣਾਂ ਅਤੇ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਉਹਨਾਂ ਨੇ ਇਹਨਾਂ ਪੇਸ਼ਕਾਰੀਆਂ ਰਾਹੀਂ ਜਿੱਥੇ ਖ਼ੁਦ ਜ਼ਿੰਮੇਵਾਰ ਨੌਜਵਾਨ ਹੋਣ ਦਾ ਸਬੂਤ ਦਿੱਤਾ ਉੱਥੇ ਬਾਕੀ ਵਿਦਿਆਰਥੀਆਂ ਨੂੰ ਨਸ਼ਿਆਂ ਵਰਗੀ ਸਮਾਜਕ ਅਲਾਮਤ ਨੂੰ ਜੜ੍ਹੋਂ ਮੁਕਾਉਣ ਦੀ ਲੋੜ ਦਾ ਸੁਨੇਹਾ ਦਿੱਤਾ। ਫਾਈਨ ਆਰਟਸ ਵਿਸ਼ੇ ਦੇ ਵਿਦਿਆਰਥੀਆਂ ਵੱਲੋਂ ਨਸ਼ਿਆਂ ਵਿਰੁੱਧ ਸੁਨੇਹਾ ਦੇਣ ਵਾਲੇ ਪੋਸਟਰਾਂ ਦੀ ਇਕ ਪ੍ਰਦਰਸ਼ਨੀ ਵੀ ਲਗਾਈ ਗਈ। ਮੁੱਖ ਮਹਿਮਾਨ ਸੁਮਿਤ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਖੋਖਲਾ ਕਰ ਰਿਹਾ ਹੈ। ਨਸ਼ੇ, ਬੇਰੁਜ਼ਗਾਰੀ ਅਤੇ ਅਪਰਾਧ ਉਹਨਾਂ ਦੀ ਜ਼ਿੰਦਗੀ ਨੂੰ ਮੌਤ ਵੱਲ ਲੈ ਜਾਂਦੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਆਰੰਭੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਸਾਥ ਦੇ ਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ 'ਚ ਸਹਿਯੋਗ ਮੰਗਿਆ। ਪ੍ਰਿੰਸੀਪਲ ਗਿਤਾਂਜਲੀ ਕਾਲੜਾ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਇਸ ਕੋਹੜ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੇ ਅੰਤ ਉੱਪਰ ਪੇਸ਼ਕਾਰੀਆਂ ਦੇਣ ਵਾਲੇ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ ਅਤੇ ਪ੍ਰਿੰਸੀਪਲ ਵਲੋਂ ਪ੍ਰਮਾਣ-ਪੱਤਰ ਅਤੇ ਇਨਾਮ ਦਿੱਤੇ ਗਏ।

# ਦੋਦੇ ਪੁਲ ਨਹਿਰ ਤੋਂ ਪਿੰਡ ਸੋਹਲ ਨੂੰ ਜਾਂਦੀ ਸੜਕ ਦੇ ਕੰਢਿਆਂ 'ਤੇ ਲੋਕਾਂ ਨੇ ਆਪ ਪਾਈ ਮਿੱਟੀ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)-** ਦੋਦੇ ਪੁਲ ਨਹਿਰ ਤੋਂ ਪਿੰਡ ਸੋਹਲ ਨੂੰ ਜਾਂਦੀ ਸੜਕ ਦੇ ਕੰਢਿਆਂ 'ਤੇ ਪਿੰਡ ਸੋਹਲ ਦੀ ਸਮੂਹ ਸਾਧ ਸੰਗਤ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਸੈਣ ਭਗਤ ਸੋਹਲ ਵੱਲੋਂ ਸੜਕ 'ਤੇ ਮਿੱਟੀ ਪਾਈ ਗਈ ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਥੇਦਾਰ ਤਰਲੋਚਨ ਸਿੰਘ ਸੋਹਲ ਨੇ ਦੱਸਿਆ ਕਿ ਦੋਦੇ ਪੁਲ ਛਾਪਾ ਤੋਂ ਪਿੰਡ ਸੋਹਲ ਨੂੰ ਜਾਂਦੀ ਸੜਕ ਪਿਛਲੇ ਕੁਝ ਮਹੀਨਿਆਂ ਤੋਂ ਨਹਿਰ ਦੇ ਪੁਲ ਦੇ ਨੇੜੇ ਪਾਣੀ ਦੇ ਵਹਾਅ ਕਾਰਣ ਸੜਕ ਦੇ ਕੰਢੇ ਨਾਲ ਲੱਗੀ ਮਿੱਟੀ ਖੁਰਨ ਨਾਲ ਅੱਧੀ ਸੜਕ ਟੁੱਟ ਗਈ ਸੀ ਜਿਸ ਕਾਰਣ ਆਉਣ ਜਾਣ ਵਾਲੇ ਮੁਸਾਫ਼ਰਾਂ ਨੂੰ ਬੜੀ ਮੁਸ਼ਕਲ ਆ ਰਹੀ ਸੀ। ਬਰਸਾਤਾਂ ਦੇ ਮੌਸਮ ਦੌਰਾਨ ਇਹ ਸਾਰੀ ਸੜਕ ਟੁੱਟ ਸਕਦੀ ਸੀ ਤੇ ਪਿੰਡ ਸੋਹਲ ਦਾ ਆਵਾਜਾਈ ਦਾ ਸੰਪਰਕ ਟੁੱਟ ਸਕਦਾਂ ਸੀ ਤੇ ਸੜਕ ਟੁੱਟਣ ਕਾਰਨ ਨਹਿਰ ਦਾ ਪਾਣੀ ਖੇਤਾਂ ਵਿੱਚ ਆਉਣ ਕਾਰਣ ਫਸਲਾਂ ਦਾ ਵੀ ਭਾਰੀ ਨੁਕਸਾਨ ਹੋ ਸਕਦਾ ਸੀ।ਇਸ ਸੰਬੰਧੀ ਅਸੀਂ ਮਾਣਯੋਗ ਡਿਪਟੀ ਕਮਿਸ਼ਨਰ ਤਰਨਤਾਰਨ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਤੇ ਉਨ੍ਹਾਂ ਕਿਹਾ ਕਿ ਇਸ ਵੱਲ ਜਲਦੀ ਹੀ ਧਿਆਨ ਦਿੱਤਾ ਜਾਵੇਗਾ। ਜਦੋਂ ਇਸ ਸੰਬੰਧੀ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੂੰ ਇਸ ਬਾਰੇ ਮਿਲ ਕੇ ਜਾਣਕਾਰੀ ਦਿੱਤੀ ਤਾਂ ਉਨ੍ਹਾਂ ਨੇ ਪਿੰਡ ਸੋਹਲ ਦੇ ਆਮ ਆਦਮੀ ਪਾਰਟੀ ਦੇ ਆਗੂ ਨੂੰ ਮਿਲ਼ਣ ਕਿਹਾ ਤੇ ਅਸੀਂ ਉਨ੍ਹਾਂ ਨੂੰ ਮਿਲ ਕੇ ਇਸ ਮਸਲੇ ਸੰਬੰਧੀ ਜਾਣਕਾਰੀ ਦਿੱਤੀ ਤੇ ਨਹਿਰ ਦੇ ਕੰਢੇ ਤੋਂ ਟੁੱਟ ਰਹੀ ਸੜਕ ਬਾਰੇ ਦੱਸਿਆ ਪਰ ਉਹ ਕਹਿੰਦੇ ਰਹੇ ਕਿ ਜਲਦੀ ਹੀ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ ਪਰ ਕੋਈ ਗੱਲ ਨਹੀਂ ਬਣੀ।ਇਸ ਲਈ ਪਿੰਡ ਸੋਹਲ ਦੀ ਸਮੂਹ ਸਾਧ ਸੰਗਤ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਟਿੰਗ ਕੀਤੀ ਤੇ ਸਮੂਹ ਸਾਧ ਸੰਗਤ ਸਹਿਯੋਗ ਨਾਲ ਜੇਸੀਬੀ ਮਸ਼ੀਨ ਤੇ ਟਰਾਲੀਆਂ ਲਗਾ ਕੇ ਸੜਕ ਦੇ ਕੰਢਿਆਂ ਤੇ ਮਿੱਟੀ ਪਾਈ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਇਹ ਕਾਰਜ ਅਸੀਂ ਸੰਗਤ ਦੇ ਭਲੇ ਲਈ ਕੀਤਾ ਹੈ। ਉਨ੍ਹਾਂ ਦਸਿਆ ਕਿ ਕੱਲ ਕਿਸੇ ਨੇ 112 'ਤੇ ਫੋਨ ਕਰਕੇ ਇਹ ਕੰਮ ਬੰਦ ਕਰਵਾਉਣ ਦੀ ਕੋਸ਼ਿਸ਼ ਕੀਤੀ ਪਰ ਵਾਹਿਗੁਰੂ ਦੀ ਕਿਰਪਾ ਨਾਲ ਕੰਮ ਨੇਪਰੇ ਚੜ੍ਹ ਗਿਆ ਹੈ। ਅਸੀਂ ਦੱਸਣਾ ਚਾਹੁੰਦੇ ਹਾਂ ਕਿ ਸੰਗਤ ਦੇ ਭਲੇ ਦੇ ਕੰਮ ਲਈ ਰਾਜਨੀਤੀ ਨਾ ਕੀਤੀ ਜਾਵੇ। ਇਸ ਮੌਕੇ ਜਥੇਦਾਰ ਤਰਲੋਚਨ ਸਿੰਘ ਸੋਹਲ, ਜਥੇਦਾਰ ਮਖਤੂਲ ਸਿੰਘ, ਪ੍ਰਗਟ ਸਿੰਘ, ਅਮਰਜੀਤ ਸਿੰਘ, ਹੁਸਨਦੀਪ ਸਿੰਘ, ਹਰਦੀਪ ਸਿੰਘ ਬਿੱਟੂ, ਸਰਮੁਖ ਸਿੰਘ, ਪ੍ਰਤਾਪ ਸਿੰਘ, ਬੱਬੂ ਸੰਧੂ, ਸਤਨਾਮ ਸਿੰਘ, ਚੈਂਚਲ ਸਿੰਘ, ਗੁਰਸਾਹਿਬ ਸਿੰਘ, ਤੇਜਿੰਦਰ ਸਿੰਘ ਆਦਿ ਹੋਰ ਵੀ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

ਨਵਾਂ ਜ਼ਮਾਨਾ
ਬੁੱਧਵਾਰ, 7 ਮਈ 2025

# ਵਕਤ ਤਲਵਾਰਾਂ ਲਹਿਰਾਉਣ ਦਾ ਨਹੀਂ

ਜੰਗ ਨੇ ਕਦੇ ਕੋਈ ਮਸਲਾ ਹੱਲ ਨਹੀਂ ਕੀਤਾ। ਪਹਿਲਗਾਮ ਵਿੱਚ ਸੈਲਾਨੀਆਂ ਦੇ ਦਹਿਸ਼ਤਗਰਦਾਂ ਹੱਥੋਂ ਕਤਲਾਂ ਦੇ ਜਵਾਬ ਵਿੱਚ ਪਾਕਿਸਤਾਨ ਨੂੰ ਸਬਕ ਸਿਖਾਉਣ ਲਈ ਭਾਰਤ ਦੀ ਕਾਰਵਾਈ ਨਾਲ ਜੇ ਜੰਗ ਛਿੜੀ ਤਾਂ ਉਸ ਨਾਲ ਵੀ ਮਸਲਾ ਹੱਲ ਨਹੀਂ ਹੋਣਾ। ਦੋਵਾਂ ਦੇਸ਼ਾਂ ਵਿਚਾਲੇ ਬਣੇ ਤਣਾਅਪੂਰਨ ਹਾਲਾਤ ਦਰਮਿਆਨ ਹਰ ਕੋਈ ਪੁੱਛ ਰਿਹਾ ਹੈ ਕਿ ਹੋਵੇਗਾ ਕੀ ਤੇ ਹੋਣਾ ਕੀ ਚਾਹੀਦਾ ਹੈ? ਪੱਤਰਕਾਰ ਜੌਵਾਦ ਹਸਨ ਦਾ ਲੇਖ ਪ੍ਰਸਥਿਤੀਆਂ ਨੂੰ ਸਮਝਣ ਵਿੱਚ ਆਮ ਵਿਅਕਤੀ ਦੀ ਕਾਫੀ ਸਹਾਇਤਾ ਕਰ ਸਕਦਾ ਹੈ। ਜੌਵਾਦ ਨੇ ਲਿਖਿਆ ਹੈ—22 ਅਪ੍ਰੈਲ ਦੀ ਦੁਪਹਿਰ ਜਦ ਪਹਿਲਗਾਮ ਦੀਆਂ ਵਾਦੀਆਂ ਵਿੱਚ ਗੋਲੀਆਂ ਚੱਲੀਆਂ, ਤਾਂ ਸਿਰਫ 26 ਜ਼ਿੰਦਗੀਆਂ ਨਹੀਂ ਗਈਆਂ, ਇਕ ਉਮੀਦ ਦਾ ਕਤਲ ਹੋਇਆ। ਉਹ ਉਮੀਦ, ਜਿਹੜੀ ਭਾਰਤ ਤੇ ਪਾਕਿਸਤਾਨ ਦਰਮਿਆਨ ਕਦੇ ਗ਼ਾਲਿਬ ਦੀ ਗ਼ਜ਼ਲ, ਅੰਮ੍ਰਿਤਾ ਦੀ ਤਹਿਰੀਰ, ਫ਼ੈਜ਼ ਦੀ ਨਜ਼ਮ ਤੇ ਜੌਂਕ ਦੀ ਮੁਹੱਬਤ ਵਿੱਚ ਜਿਉਂਦੀ ਸੀ। ਇੱਕ ਵਾਰ ਫਿਰ ਸਰਹੱਦ 'ਤੇ ਧੂੰਆਂ ਉੱਠਿਆ ਤੇ ਜ਼ਮੀਰ ਦੇ ਮੱਥੇ 'ਤੇ ਸੁਆਹ ਜੰਮੀ। ਭਾਰਤ ਨੇ ਜਵਾਬ ਦਿੱਤਾ, ਜਿਹੜਾ ਇਸ ਵਾਰ ਲਫਜ਼ਾਂ ਵਿੱਚ ਨਹੀਂ, ਫੈਸਲਿਆਂ 'ਚ ਸੀ। 1960 ਦੀ ਸਿੰਧੂ ਜਲ ਸੰਧੀ, ਜਿਸ ਨੂੰ ਦੁਨੀਆ ਸਭ ਤੋਂ ਸਹਿਣਸ਼ੀਲ ਜਲ-ਭਾਈਵਾਲੀ ਦੀ ਮਿਸਾਲ ਮੰਨਦੀ ਰਹੀ ਹੈ, ਮੁਅੱਤਲ ਕਰ ਦਿੱਤੀ। ਵਾਹਗਾ ਸਰਹੱਦ ਬੰਦ ਕਰ ਦਿੱਤੀ। ਵੀਜ਼ਾ ਪ੍ਰਕਿਰਿਆ ਠੱਪ ਕਰ ਦਿੱਤੀ, ਹਵਾਈ ਹੱਦਾਂ ਸੀਲ ਕਰ ਦਿੱਤੀਆਂ। ਪਾਕਿਸਤਾਨ ਨੇ ਜਵਾਬ ਵਿੱਚ ਦੋ ਜੰਗਾਂ ਦੇ ਬਾਅਦ ਅਮਨ ਦਾ ਦਰਵਾਜ਼ਾ ਬਣਿਆ ਇਤਿਹਾਸਕ ਸ਼ਿਮਲਾ ਸਮਝੌਤਾ ਰੱਦ ਕਰ ਦਿੱਤਾ। ਇਹ ਘਟਨਾਵਾਂ ਉਸ ਰਿਸ਼ਤੇ ਦੀ ਦਰਕਦੀ ਨੀਂਹ ਦੀ ਦਾਸਤਾਨ ਹਨ, ਜਿਸ ਨੂੰ ਕਦੇ ਲਾਹੌਰ ਦੇ ਮੀਨਾਰਾਂ ਤੋਂ ਲੈ ਕੇ ਦਿੱਲੀ ਦੇ ਲਾਲ ਕਿਲ੍ਹੇ ਤੱਕ ਦੀਆਂ ਹਵਾਵਾਂ ਨੇ ਸਾਂਝਾ ਕੀਤਾ ਸੀ, ਪਰ ਸਵਾਲ ਇਹ ਹੈ ਕਿ ਕੀ ਹਰ ਵਾਰ ਜਦੋਂ ਬਾਰੂਦ ਦੀ ਬੋਅ ਫੈਲੇ, ਸਾਨੂੰ ਅਮਨ ਦਾ ਚੁੱਲ੍ਹਾ ਬੁਝਾ ਦੇਣਾ ਚਾਹੀਦਾ ਹੈ? ਕੀ ਜੰਗ ਅਜੇ ਵੀ ਕੋਈ ਹੱਲ ਹੈ, ਜਦ ਦੋਨੋਂ ਮੁਲਕ ਪ੍ਰਮਾਣੂ ਤਾਕਤਾਂ ਦੇ ਸ਼ਿਕੰਜੇ ਵਿੱਚ ਬੱਝੇ ਖੜ੍ਹੇ ਹਨ? ਇਸ ਵਾਰ ਫਰਕ ਇਹ ਹੈ ਕਿ ਦੁਨੀਆ ਦਾ ਮੰਜ਼ਰ ਵੀ ਬਦਲ ਚੁੱਕਾ ਹੈ। ਗਾਜ਼ਾ ਦੀਆਂ ਚੀਕਾਂ, ਯੂਕਰੇਨ ਦੀ ਸੜੀ ਹੋਈ ਜ਼ਮੀਨ, ਚੀਨ ਦੀ ਚੁੱਪੀ ਤੇ ਅਮਰੀਕਾ ਦੀਆਂ ਚਾਲਾਂ, ਇਨ੍ਹਾਂ ਸਭ ਦੇ ਵਿਚਕਾਰ ਭਾਰਤ ਤੇ ਪਾਕਿਸਤਾਨ ਦਾ ਟਕਰਾਅ ਹੁਣ ਇੱਕ ਖੇਤਰੀ ਸੰਘਰਸ਼ ਨਹੀਂ, ਸਗੋਂ ਵਿਸ਼ਵ ਚਿੰਤਾ ਬਣ ਚੁੱਕਾ ਹੈ। ਭਾਰਤ ਵਿੱਚ ਗਮ ਹੈ, ਗੁੱਸਾ ਹੈ ਤੇ ਜਾਇਜ਼ ਵੀ ਹੈ। ਪਾਕਿਸਤਾਨ ਦੀ ਸਫਾਈ ਹੈ, ਇਨਕਾਰ ਹੈ ਅਤੇ ਉਹ ਆਪਣੀ ਥਾਂ ਸਵਾਲਾਂ ਦੇ ਘੇਰੇ ਵਿੱਚ ਹੈ, ਪਰ ਇਨ੍ਹਾਂ ਦੋਹਾਂ ਵਿਚਾਲੇ ਇੱਕ ਤੀਜਾ ਕਿਰਦਾਰ ਵੀ ਹੈ...ਆਮ ਇਨਸਾਨ। ਉਹ ਕਲਾਕਾਰ, ਜੋ ਮੁਹੱਬਤ ਦੀ ਜ਼ੁਬਾਨ ਵਿੱਚ ਗੱਲ ਕਰਦਾ ਹੈ, ਉਹ ਕਾਰੋਬਾਰੀ, ਜੋ ਬਾਰਡਰ ਦੇ ਆਰ-ਪਾਰ ਰਿਸ਼ਤੇ ਜੋੜਦਾ ਹੈ, ਉਹ ਅੰਮਾ, ਜੋ ਅੱਜ ਵੀ ਲਾਹੌਰ ਦੀਆਂ ਗਲੀਆਂ ਨੂੰ ਦਿੱਲੀ ਦੇ ਪਿਛਵਾੜਿਆਂ ਨਾਲ ਜੋੜਦੀ ਹੈ। ਹਰ ਵਾਰ ਗੱਲਬਾਤ ਟੁੱਟਦੀ ਹੈ, ਉਦੋਂ ਸਿਆਸਤ ਨਹੀਂ ਹਾਰਦੀ, ਇਨਸਾਨੀਅਤ ਹਾਰਦੀ ਹੈ। ਕੀ ਜਵਾਬੀ ਕਾਰਵਾਈਆਂ ਰਾਹਤ ਲਿਆਉਣਗੀਆਂ? ਕੀ ਵਿੰਗ ਕਮਾਂਡਰ ਅਭਿਨੰਦਨ ਦੀ ਵਾਪਸੀ ਇੱਕ ਮੁਨਾਸਬ ਮੋੜ ਨਹੀਂ ਸੀ, ਜਦ ਦੋਨੋਂ ਦੇਸ਼ ਫਿਰ ਤੋਂ ਗੱਲਬਾਤ ਦੀ ਮੇਜ਼ 'ਤੇ ਆ ਸਕਦੇ ਸਨ, ਪਰ ਨਹੀਂ, ਨਫਰਤ ਦੇ ਕਾਰੋਬਾਰ ਵਿੱਚ ਸੰਵਾਦ ਘਾਟੇ ਦਾ ਸੌਦਾ ਹੈ। ਅੱਜ ਸਾਨੂੰ ਪੁੱਛਣਾ ਪਵੇਗਾ, ਕੀ ਸਾਡੀਆਂ ਹਕੂਮਤਾਂ ਸਾਨੂੰ ਜੰਗ ਦੇ ਡਰ ਵਿੱਚ ਪਾਲ ਰਹੀਆਂ ਹਨ? ਕੀ ਹਰ ਹਮਲਾ, ਹਰ ਜਵਾਬ, ਇੱਕ ਹੋਰ ਚੋਣ ਕਾਰਡ ਬਣਦਾ ਜਾ ਰਿਹਾ ਹੈ? ਕੀ ਸਾਡਾ ਮੀਡੀਆ ਸਿਰਫ ਟੀ ਆਰ ਪੀ ਦੀ ਹੋੜ ਵਿੱਚ ਬਾਰੂਦ ਵੇਚ ਰਿਹਾ ਹੈ? ਜੋ ਵੀ ਹੋਵੇ, ਇਸ ਸਚਾਈ ਤੋਂ ਮੂੰਹ ਨਹੀਂ ਮੋੜਿਆ ਜਾ ਸਕਦਾ ਕਿ ਜੰਗ ਆਖਰੀ ਨਹੀਂ ਹੁੰਦੀ, ਪਰ ਇਨਸਾਨ ਆਖਰੀ ਹੋ ਜਾਂਦਾ ਹੈ। ਭਾਰਤ ਤੇ ਪਾਕਿਸਤਾਨ ਵਿਚਾਲੇ ਖਾਮੋਸ਼ੀ ਹੁਣ ਖਤਰਨਾਕ ਹੁੰਦੀ ਜਾ ਰਹੀ ਹੈ। ਲੜਾਈ ਤੋਂ ਵੱਧ ਲੜਾਈ ਦੀ ਅਣਦੇਖੀ ਡਰਾਉਣੀ ਹੈ। ਹਰ ਬੰਦ ਦਰਵਾਜ਼ਾ, ਹਰ ਟੁੱਟਿਆ ਸਮਝੌਤਾ, ਹਰ ਮੁਅੱਤਲ ਸੰਵਾਦ...ਇਹ ਸਭ ਮਿਲ ਕੇ ਉਸ ਪੁਲ ਨੂੰ ਕਮਜ਼ੋਰ ਕਰਦੇ ਹਨ, ਜਿਸ 'ਤੇ ਆਉਣ ਵਾਲੀਆਂ ਨਸਲਾਂ ਚੱਲਣ ਵਾਲੀਆਂ ਸਨ। ਇਸ ਲਈ ਇਹ ਵਕਤ ਤਲਵਾਰਾਂ ਲਹਿਰਾਉਣ ਦਾ ਨਹੀਂ, ਜ਼ੁਬਾਨਾਂ ਤਰਾਸ਼ਣ ਦਾ ਹੈ। ਇਹ ਵਕਤ ਜਵਾਬ 'ਚ ਪੱਥਰ ਮਾਰਨ ਦਾ ਨਹੀਂ, ਆਈਨਾ ਦਿਖਾਉਣ ਦਾ ਹੈ ਅਤੇ ਇਹ ਆਈਨਾ ਸਭ ਤੋਂ ਪਹਿਲਾਂ ਸਾਨੂੰ ਖੁਦ ਦੇਖਣਾ ਪਵੇਗਾ, ਕਿਉਂਕਿ ਅਮਨ ਮਹਿਜ਼ ਇੱਕ ਸ਼ਬਦ ਨਹੀਂ, ਇੱਕ ਫਰਜ਼ ਹੈ। ਲੜਾਈ ਹਰ ਵਾਰ ਬੰਦੂਕ ਨਾਲ ਨਹੀਂ ਲੜੀ ਜਾਂਦੀ।

# ਜਾਤੀ ਮਰਦਮਸ਼ੁਮਾਰੀ ਦੇ ਆਸੇ-ਪਾਸੇ ਘੁੰਮਦੀ ਰਾਜਨੀਤੀ



ਗੁਰਮੀਤ ਸਿੰਘ ਪਲਾਹੀ

ਜਿੱਥੋਂ ਤੱਕ ਆਮ ਆਦਮੀ ਦਾ ਸਵਾਲ ਹੈ, ਉਹ ਤਾਂ ਪਤਾ ਨਹੀਂ ਕਦੋਂ ਤੋਂ ਮੂੰਹ 'ਤੇ ਜੰਦਰਾ ਲਾ ਕੇ ਬੈਠਾ ਹੈ। ਪਿਛਲੇ ਕਈ ਦਹਾਕਿਆਂ ਤੋਂ ਬੌਧਿਕ ਸੰਸਥਾਵਾਂ, ਸਮਾਜਕ-ਸੱਭਿਆਚਾਰਕ ਸੰਗਠਨ, ਬੁੱਧੀਜੀਵੀ, ਰੰਗਕਰਮੀ ਸਿਆਸੀ ਦਲਾਂ ਦੇ ਪਰਛਾਵੇਂ ਹੇਠ ਹਨ। ਸਿੱਟਾ ਇਹ ਕਿ ਲੋਕ-ਮੁੱਦੇ, ਲੋਕ- ਮਸਲੇ, ਲੋਕ-ਚੇਤਨਾ, ਲੋਕ-ਸਰੋਕਾਰ, ਲੋਕ-ਸੋਚ , ਲੋਕ ਰਾਏ ਦਾ ਕੰਮ 50 ਵਿਆਂ, 60ਵਿਆਂ ਦੇ ਬਾਅਦ ਲਗਭਗ ਬੰਦ ਹੋ ਕੇ ਰਹਿ ਗਿਆ ਹੈ। ਇਹ ਸਭ ਕੁਝ ਲੋਕ ਮਸਲਿਆਂ ਤੋਂ ਲੈ ਕੇ ਲੋਕ ਰਾਏ ਤੱਕ ਸਿਆਸੀ ਲੋਕਾਂ ਨੇ ਹਥਿਆ ਲਿਆ ਹੈ। ਅਸਲ 'ਚ ਸਿਰੇ ਦੀ ਗੱਲ ਤਾਂ ਇਹ ਹੈ ਕਿ ਅਸੀਂ ਲੋਕਤੰਤਰ ਨੂੰ ਸਿਆਸੀ ਦਲਾਂ ਦਾ ਅਖਾੜਾ ਮੰਨ ਲਿਆ ਹੈ। ਫਿਰ ਇਹ ਕਲਪਨਾ ਵੀ ਕਿਵੇਂ ਕਰੀਏ ਕਿ ਜਨਤੰਤਰ, ਲੋਕਤੰਤਰ ਸਿਆਸੀ ਅਖਾੜੇ ਦੇ ਨਿਯਮਾਂ ਬਿਨਾਂ ਚੱਲ ਸਕੇਗਾ ?

ਸਿਆਸਤ ਅਤੇ ਲੋਕ ਮੁੱਦੇ ਹਥਿਆਉਣ ਦਾ ਤਾਜ਼ਾ ਮਾਮਲਾ ਜਾਤੀ ਮਰਦਮਸ਼ੁਮਾਰੀ ਦਾ ਹੈ। ਜਾਤੀ ਮਰਦਮਸ਼ੁਮਾਰੀ ਦੇ ਕਾਂਗਰਸ ਦੇ ਮੁੱਦੇ ਉੱਤੇ ਭਾਜਪਾ ਨੇ ਜਿਵੇਂ ਬਿੱਲੀ ਝਪਟਾ ਮਾਰਿਆ, ਸਰਜੀਕਲ ਸਟਰਾਈਕ ਕੀਤੀ, ਉਸ ਨੇ ਦੇਸ਼ 'ਤੇ ਕਾਬਜ਼ ਸਿਆਸੀ ਧਿਰ ਦਾ ਚਿਹਰਾ-ਮੋਹਰਾ ਨੰਗਾ ਕਰ ਦਿੱਤਾ। ਕੱਲ੍ਹ ਤੱਕ ਜਾਤੀ ਮਰਦਮਸ਼ੁਮਾਰੀ ਦੇ ਕਾਂਗਰਸ ਦੇ ਮੁੱਦੇ ਨੂੰ ਦੇਸ਼ ਨੂੰ ਵੰਡਣ ਵਾਲਾ ਮੁੱਦਾ ਦੱਸਣ ਵਾਲੇ ਭਾਜਪਾ ਨੇਤਾ ਹੀ ਅੱਜ ਕੇਂਦਰ ਸਰਕਾਰ ਦੇ ਇਸ ਫੈਸਲੇ ਦੇ ਹੱਕ ਵਿੱਚ ਕਸੀਦੇ ਪੜ੍ਹ ਰਹੇ ਹਨ, ਜਿਸ ਵੱਲੋਂ ਇਸ ਵਾਰ ਦੇਸ਼ ਦੀ ਮਰਦਮਸ਼ੁਮਾਰੀ ਵਿੱਚ ਜਾਤੀ ਮਰਦਮਸ਼ੁਮਾਰੀ ਵੀ ਕਰਵਾਈ ਜਾਵੇਗੀ।

ਦੇਸ਼ ਵਿੱਚ ਪਿਛਲੀ ਮਰਦਮਸ਼ੁਮਾਰੀ 2011 ਵਿੱਚ ਹੋਈ ਸੀ। ਮੁੜ ਇਹ 2021 ਵਿੱਚ ਹੋਣੀ ਸੀ, ਪਰੰਤੂ ਕੋਵਿਡ ਕਾਰਨ ਇਸ ਨੂੰ ਅੱਗੇ ਪਾਉਣਾ ਪਿਆ। ਹੁਣ ਇਹ ਸਤੰਬਰ 2025 'ਚ ਕੀਤੀ ਜਾਵੇਗੀ ਤੇ ਇਸ ਤੋਂ ਅਗਲੀ ਮਰਦਮਸ਼ੁਮਾਰੀ 2035 ਵਿੱਚ। ਦੇਸ਼ ਵਿੱਚ ਮਰਦਮਸੁਮਾਰੀ ਹਰ 10 ਸਾਲਾਂ ਬਾਅਦ ਹੁੰਦੀ ਰਹੀ ਹੈ।

ਜਨਗਣਨਾ ਅਰਥਾਤ ਮਰਦਮਸ਼ੁਮਾਰੀ ਦਾ ਅਸਲ ਮੰਤਵ ਸਮਾਜ ਦੀਆਂ ਨੈਤਿਕ ਅਤੇ ਭੌਤਿਕ ਦੋਵਾਂ ਸਥਿਤੀਆਂ ਦਾ ਮੁਲਾਂਕਣ ਹੈ। ਉਂਞ ਲੋਕਤੰਤਰ ਵਿੱਚ ਜਨਗਣਨਾ ਦਾ ਖਾਸ ਮਹੱਤਵ ਹੈ। ਇਹ ਜਾਣਕਾਰੀਆਂ ਨੂੰ ਸਮਾਜਿਕ-ਆਰਥਕ ਅਤੇ ਸੱਭਿਆਚਾਰਕ ਪ੍ਰਕਿਰਿਆਵਾਂ, ਅਸਲੀਅਤ ਅਤੇ ਬਦਲਦੇ ਹਲਾਤ ਨੂੰ ਪਾਰਦਰਸ਼ੀ ਢੰਗ ਨਾਲ ਸਾਹਮਣੇ ਲਿਆਉਂਦੀ ਹੈ। ਇਸ ਨਾਲ ਅਸੀਂ ਉਸ ਅਸਲੀਅਤ ਨੂੰ ਜਾਣ ਅਤੇ ਸਮਝ ਸਕਦੇ ਹਾਂ, ਜੋ ਅੱਖੋਂ-ਪਰੋਖੇ ਰਹਿੰਦੀ ਹੈ। ਇਹ ਸਾਡੀ ਸੋਚ ਦਾ ਦਾਇਰਾ ਵਧਾਉਣ, ਸੋਚ ਨੂੰ ਵਿਸਾਲ ਕਰਨ ਅਤੇ ਬਦਲਣ 'ਚ ਵੀ ਸਹਾਈ ਹੁੰਦੀ ਹੈ। 1921 ਵਿੱਚ ਮਰਦਮਸ਼ੁਮਾਰੀ ਨੇ ਜਦੋਂ ਇਹ ਵਿਖਾਇਆ ਕਿ ਇੱਕ ਸਾਲ ਤੋਂ ਹੇਠ ਦੀ ਉਮਰ ਦੀਆਂ 597, ਇੱਕ ਸਾਲ ਤੋਂ ਦੋ ਸਾਲ ਦੇ ਵਿਚਕਾਰਲੀ ਉਮਰ ਦੀਆਂ 494 ਬੱਚੀਆਂ ਵਿਧਵਾ ਸਨ ਤਾਂ ਇਸ ਤਰ੍ਹਾਂ ਦੇ ਅੰਕੜਿਆਂ ਨੇ ਸਮਾਜ ਨੂੰ ਝੰਜੋੜਿਆ ਅਤੇ ਸਮਾਜ ਦੀ ਚੇਤਨਾ ਵਿੱਚ ਬਾਲ-ਵਿਆਹ ਅਤੇ ਵਿਧਵਾ-ਵਿਆਹ ਸੰਬੰਧੀ ਜਾਗਰੂਕਤਾ ਪੈਦਾ ਹੋਈ।

ਜਾਤੀ ਮਰਦਮਸ਼ੁਮਾਰੀ ਨੂੰ ਲੈ ਕੇ ਟਾਲ-ਮਟੋਲ, ਨਾਂਹ-ਨੁੱਕਰ ਅਤੇ ਅਣਗਹਿਲੀ ਕਰਨ ਵਾਲੀ ਭਾਜਪਾ ਨੂੰ ਜਾਤੀ ਮਰਦਮਸ਼ੁਮਾਰੀ ਨਾਲ ਹੁਣ ਅਚਾਨਕ ਹੀ ਏਨਾ ਤੇਹ-ਪਿਆਰ ਕਿਉਂ ਜਾਗ ਪਿਆ? ਕੀ ਇਹ ਪਹਿਲਗਾਮ ਅੱਤਵਾਦੀ ਹਮਲੇ ਵੱਲੋਂ ਲੋਕਾਂ ਦਾ ਧਿਆਨ ਪਾਸੇ ਕਰਨ ਦੀ ਰਾਜਨੀਤੀ ਹੈ ਜਾਂ ਜਾਤੀ ਮਰਦਮਸ਼ੁਮਾਰੀ ਦਾ ਵਿਰੋਧੀ ਪਾਰਟੀਆਂ ਦਾ ਮੁੱਦਾ ਹਥਿਆ ਕੇ ਉਹਨਾਂ ਨੂੰ ਕਮਜ਼ੋਰ ਕਰਨ ਦੀ ਰਾਜਨੀਤੀ ਹੈ? ਸਵਾਲ ਇਹ ਵੀ ਉੱਠ ਰਿਹਾ ਹੈ ਕਿ ਅਜ਼ਾਦੀ ਦੇ ਲਗਭਗ ਅੱਠ ਦਹਾਕਿਆਂ ਬਾਅਦ ਜਾਤੀ ਮਰਦਮਸ਼ੁਮਾਰੀ ਆਖਰ ਕਿਉਂ?

ਯਾਦ ਕਰੋ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਦਿੱਤੇ ਪਿਛਲੇ ਸਾਲ ਦੇ ਬਿਆਨ, ਜਿਹਨਾਂ ਵਿੱਚ ਉਹਨਾ ਕਿਹਾ ਸੀ, 'ਮੇਰੇ ਲਈ ਚਾਰ ਹੀ ਜਾਤਾਂ ਹਨ - ਔਰਤਾਂ, ਨੌਜਵਾਨ, ਗਰੀਬ ਅਤੇ ਕਿਸਾਨ।' ਫਿਰ ਇਹ ਜਾਤ ਅਧਾਰਤ ਗਿਣਤੀਆਂ-ਮਿਣਤੀਆਂ ਦੀ ਲੋੜ ਕਿਉਂ ਅਤੇ ਇਸ ਤਰ੍ਹਾਂ ਅਚਾਨਕ ਹੀ ਕਿਉਂ?

ਕਿਹਾ ਜਾਂਦਾ ਹੈ ਕਿ 2011 ਦੀ ਮਰਦਮਸ਼ੁਮਾਰੀ ਵਿੱਚ ਇਹ ਪਤਾ ਲੱਗਾ ਸੀ ਕਿ ਭਾਰਤ ਵਿੱਚ 46 ਲੱਖ ਜਾਤੀਆਂ ਹਨ। ਸਿਆਸੀ ਰੂਪ 'ਚ ਦੇਖਿਆ ਜਾਵੇ ਤਾਂ 2025 ਦੀ ਜਾਤੀ ਗਣਨਾ ਦਾ ਮੰਤਵ ਪੱਛੜੀਆਂ ਸ਼੍ਰੇਣੀਆਂ ਦੀ ਸਥਿਤੀ ਪਤਾ ਕਰਨ ਅਤੇ ਉਹਨਾਂ ਦਾ ਸਮਰਥਨ ਲੈਣ ਲਈ ਅਗਾਊਂ ਸਿਆਸੀ ਪਹਿਲਕਦਮੀ ਕਰਨਾ ਹੈ। ਭਾਜਪਾ ਇਸ ਸਿਆਸੀ ਬ੍ਰਹਮ ਅਸਤਰ ਦੀ ਵਰਤੋਂ ਕਰਕੇ ਬਿਹਾਰ ਅਤੇ ਹੋਰ ਰਾਜਾਂ ਦੀਆਂ ਚੋਣਾਂ ਜਿੱਤਣਾ ਚਾਹੇਗੀ ਅਤੇ ਅਗਲੀਆਂ ਚੋਣਾਂ ਲਈ ਵੀ ਇਸ ਨੂੰ ਅਧਾਰ ਬਣਾਉਣ ਦਾ ਯਤਨ ਕਰੇਗੀ, ਕਿਉਂਕਿ ਕਾਂਗਰਸ ਅਤੇ ਵਿਰੋਧੀ ਧਿਰਾਂ ਜਾਤ ਅਧਾਰਤ ਮਰਦਮਸ਼ੁਮਾਰੀ ਦਾ ਹਥਿਆਰ ਵਰਤ ਕੇ ਭਾਜਪਾ ਤੋਂ ਸੱਤਾ ਖੋਹਣ ਲਈ ਲਗਾਤਾਰ 'ਜਾਤੀ ਅਧਾਰਤ ਮਰਦਮਸ਼ੁਮਾਰੀ' ਦੀ ਮੰਗ ਕਰ ਰਹੀਆਂ ਸਨ ਅਤੇ ਚੋਣਾਂ ਸਮੇਂ ਇਸ ਦਾ ਪੂਰਾ ਪ੍ਰਚਾਰ ਕਰ ਰਹੀਆਂ ਸਨ।

ਕੇਂਦਰ ਸਰਕਾਰ ਨੇ ਮਰਦਮਸ਼ੁਮਾਰੀ ਵਿੱਚ ਜਾਤੀ ਸੰਖਿਆ ਕਰਨ ਦਾ ਜੋ ਐਲਾਨ ਕੀਤਾ ਹੈ, ਉਸ ਨੂੰ ਮੁਕੰਮਲ ਕਰਨ ਲਈ ਲਗਭਗ ਦੋ ਸਾਲ ਲੱਗਣਗੇ। ਇਸ ਦੇ ਨਤੀਜੇ 2027 ਦੇ ਅੰਤ ਤੱਕ ਪ੍ਰਾਪਤ ਹੋਣਗੇ। 2028 ਦਾ ਅੱਧਾ ਸਾਲ ਸਿਆਸੀ ਦਲ ਇਸ ਦੇ ਆਧਾਰ 'ਤੇ ਵੋਟਾਂ ਦੀ ਗੁਣਾ-ਘਟਾਓ ਕਰਨਗੇ। ਤਦ 2029 'ਚ ਲੋਕ ਸਭਾ ਚੋਣਾਂ ਹੋਣਗੀਆਂ। ਸਾਲ 2029 ਦੀਆਂ ਚੋਣਾਂ ਪਾਰਟੀਆਂ ਇਸੇ ਆਧਾਰ 'ਤੇ ਲੜਨਗੀਆਂ ਅਤੇ ਜਿੱਤਣਗੀਆਂ। ਜਿਹੜੀ ਪਾਰਟੀ ਇਸ ਮੁੱਦੇ ਨੂੰ ਵਧੇਰੇ ਪ੍ਰਚਾਰੇਗੀ, ਪੱਛੜੀਆਂ ਸ਼੍ਰੇਣੀਆਂ ਲਈ ਵੱਧ ਵਾਅਦੇ ਕਰੇਗੀ, ਉਹ ਪਾਰਟੀ ਹੀ ਫਾਇਦੇ 'ਚ ਰਹੇਗੀ।

ਬਿਹਾਰ, ਤਿਲੰਗਾਨਾ ਅਤੇ ਕਰਨਾਟਕ ਜਿਹੇ ਰਾਜਾਂ ਵਿੱਚ ਜਾਤੀ ਮਰਦਮਸ਼ੁਮਾਰੀ ਉਥੋਂ ਦੀਆਂ ਸੂਬਾ ਸਰਕਾਰਾਂ ਨੇ ਕਰਵਾਈ, ਜਿਸ ਤੋਂ ਪਤਾ ਲੱਗਿਆ ਕਿ ਪੱਛੜੀਆਂ ਸ਼੍ਰੇਣੀਆਂ ਦੀ ਗਿਣਤੀ ਵਧੀ ਹੈ। 2023 'ਚ ਬਿਹਾਰ 'ਚ ਓ ਬੀ ਸੀ ਅਬਾਦੀ 63 ਫੀਸਦੀ ਸੀ। ਸਾਲ 1931 ਵਿੱਚ ਓ ਬੀ ਸੀ ਦੀ ਰਾਸ਼ਟਰੀ ਔਸਤ 52 ਫੀਸਦੀ ਸੀ। 63 ਫੀਸਦੀ ਤੱਕ ਓ ਬੀ ਸੀ ਪਹੁੰਚਣ ਨਾਲ ਆਰਥਿਕ ਅਤੇ ਸਿਆਸੀ ਖੇਤਰ 'ਚ ਇਹ ਧਿਰਾਂ ਨੌਕਰੀਆਂ, ਸਿੱਖਿਆ ਸੰਸਥਾਵਾਂ 'ਚ ਵੱਧ ਰਾਖਵਾਂਕਰਨ ਮੰਗਣਗੀਆਂ, ਜਿਸ ਦੇ ਸਿੱਟੇ ਦੂਰਗਾਮੀ ਹੋਣਗੇ। 63 ਫੀਸਦੀ ਓ ਬੀ ਸੀ ਅਬਾਦੀ ਬਿਹਾਰ 'ਚ ਹੋਣ ਨਾਲ ਬਿਹਾਰ ਚੋਣਾਂ 'ਚ ਰਾਜਦ ਅਤੇ ਕਾਂਗਰਸ 'ਜਿਸ ਦੀ ਜਿੰਨੀ ਅਬਾਦੀ, ਉਸ ਦੀ ਓਨੀ ਹਿੱਸੇਦਾਰੀ' ਦਾ ਨਾਅਰਾ ਬੁਲੰਦ ਕਰ ਰਹੀਆਂ ਹਨ। ਫਿਲਹਾਲ ਦੱਖਣ ਦੇ ਕੁਝ ਰਾਜਾਂ ਨੂੰ ਛੱਡ ਕੇ ਓ ਬੀ ਸੀ ਦਾ ਕੋਟਾ 27.5 ਫੀਸਦੀ ਹੈ।

1891, 1901,1911 ਅਤੇ 1931 ਵਿੱਚ ਭਾਰਤ 'ਚ ਮਰਦਮਸ਼ੁਮਾਰੀ ਹੋਈ। ਇਹਨਾਂ ਮਰਦਮਸ਼ੁਮਾਰੀਆਂ ਨੂੰ ਕਰਵਾਉਣ ਵਾਲੇ ਪ੍ਰਸ਼ਾਸਨਿਕ ਅਧਿਕਾਰੀ ਸੂਝਵਾਨ, ਚੰਗੇਰੀ ਸਿੱਖਿਆ ਵਾਲੇ ਅਤੇ ਵਿਸ਼ੇਸ਼ ਯੋਗਦਾਨ ਦੇਣ ਵਾਲੇ ਸਨ, ਜਿਹਨਾਂ ਵਿੱਚੋਂ ਐੱਚ.ਐੱਚ. ਰੋਸਲੀ, ਈ.ਏ. ਗੇਟ ਅਤੇ ਜੇ ਐੱਚ ਹਟਨ ਜਿਹੇ ਸਿਆਣੇ ਲੋਕ ਸਨ। ਦੇਸ਼ ਵਿੱਚ ਜਿਸ ਕਿਸਮ ਦੀ ਸਿਆਸਤ ਹੋ ਰਹੀ ਹੈ, ਉਸ ਨਾਲ ਸੰਸਾਰ ਵਿਚ ਦੇਸ਼ ਦਾ ਅਕਸ ਧੁੰਦਲਾ ਬਣ ਰਿਹਾ ਹੈ। ਕਿਸਾਨ, ਮਜ਼ਦੂਰ ਹਾਸ਼ੀਏ 'ਤੇ ਹਨ। ਉਹਨਾਂ ਲਈ ਬਣਾਈਆਂ ਯੋਜਨਾਵਾਂ ਦੀਆਂ ਸੂਚੀਆਂ ਤਾਂ ਵੱਡੀਆਂ ਹਨ, ਪਰ ਇਹ ਉਹਨਾਂ ਦੀ ਪਹੁੰਚ ਤੋਂ ਬਹੁਤ ਦੂਰ ਹਨ। ਕਿੰਨੇ ਕੁ ਲੋਕ ਹਨ, ਜਿਹਨਾਂ ਤੱਕ ਆਯੂਸ਼ਮਾਨ, ਸੌਚਾਲਿਆ, ਅਵਾਸ ਅਤੇ ਦਵਾਈ ਕੇਂਦਰਾਂ ਜਿਹੀਆਂ ਯੋਜਨਾਵਾਂ ਪਹੁੰਚਦੀਆਂ ਹਨ। ਕਿੰਨੇ ਕੁ ਗਰੀਬ ਲੋਕ ਹਨ, ਜਿਹਨਾਂ ਤੱਕ ਸਹੀ ਸਿੱਖਿਆ-ਸੋਚ ਪਹੁੰਚਦੀ ਹੈ।

ਲੋੜ ਹੈ ਕਿ ਮਰਦਮਸ਼ੁਮਾਰੀ ਦੇਸ ਦੇ ਅਸਲ ਹਾਲਾਤ ਦੀ ਜਾਣਕਾਰੀ ਦਾ ਸਾਧਨ ਬਣੇ। ਮਰਦਮਸ਼ੁਮਾਰੀ ਅਧਾਰਤ ਯੋਜਨਾਵਾਂ ਆਮ ਲੋਕਾਂ ਦੇ ਪੱਲੇ ਪੈਣ। ਉਹਨਾਂ ਦਾ ਸਮਾਜਿਕ, ਆਰਥਿਕ ਕਲਿਆਣ ਕਰ ਸਕਣ। ਵਿਕਾਸ ਦੇ ਨਾਲ-ਨਾਲ ਸਮੂਹਿਕ ਚੇਤਨਾ ਵੀ ਪੈਦਾ ਕਰੇ। ਤਦੇ ਇਹ ਸਾਰਥਕ ਗਿਣੀ ਜਾਏਗੀ, ਪਰ ਸਭ ਤੋਂ ਬੁਨਿਆਦੀ ਸਵਾਲ ਇਹ ਹੈ ਕਿ ਸੱਤਾ ਧਿਰਾਂ ਜਾਤੀ ਮਰਦਮਸ਼ੁਮਾਰੀ ਤੋਂ ਬਾਅਦ ਉਹਨਾਂ ਦੇ ਸਮਾਜਿਕ ਅਤੇ ਆਰਥਿਕ ਕਲਿਆਣ ਲਈ ਕੰਮ ਕਰਨਗੀਆਂ ਜਾਂ ਇਸ ਮੁੱਦੇ ਦੇ ਆਸੇ-ਪਾਸੇ ਸਿਰਫ ਰਾਜਨੀਤੀ ਹੀ ਕਰਦੀਆਂ ਰਹਿਣਗੀਆਂ।

# ਸੰਪਰਕ : 98158-02070

# ਲਕੀਰ ਦਾ ਦਰਦ



ਹਰਨੰਦ ਸਿੰਘ ਬੱਲਿਆਂਵਾਲਾ

ਦੋ ਰਾਸ਼ਟਰਾਂ ਵਿਚਕਾਰਲੀ ਲਕੀਰ ਦੇਸ਼ਾਂ ਦੀਆਂ ਸਰਹੱਦਾਂ ਵੰਡਣ ਦਾ ਕੰਮ ਕਰਦੀ ਹੈ। ਇਹ ਲਕੀਰ ਮਨੁੱਖਤਾ ਦੀ ਵੰਡ ਕਰ ਉਨ੍ਹਾਂ ਨੂੰ ਇੱਕ-ਦੂਜੇ ਤੋਂ ਵੱਖ ਕਰਦੀ ਹੈ। ਇਸ ਵਿੱਚ ਮਨੁੱਖਤਾ ਦੇ ਹਾਮੀ ਲੋਕਾਂ ਦੇ ਹੌਕੇ, ਮਜਬੂਰੀਆਂ ਅਤੇ ਲਾਚਾਰੀਆਂ ਦੇ ਦਰਦ ਸਮੋਏ ਹੁੰਦੇ ਹਨ, ਜਦੋਂਕਿ ਲਕੀਰ ਖਿੱਚਣ ਵਾਲੇ ਭਾਈਚਾਰਕ ਸਾਂਝ ਦੇ ਦੁਸ਼ਮਣਾਂ ਵਿੱਚ ਹੰਕਾਰੀ, ਕੱਟੜਤਾ ਤੇ ਵੰਡਪਾਊ ਮਾਨਸਿਕਤਾ ਛਿਪੀ ਹੁੰਦੀ ਹੈ। 1947 ਵਿੱਚ ਭਾਰਤ-ਪਾਕਿਸਤਾਨ ਵਿਚਕਾਰ ਖਿੱਚੀ ਲਕੀਰ ਨੇ ਲੱਖਾਂ ਲੋਕਾਂ ਦਾ ਲਹੂ ਵਹਾਇਆ ਅਤੇ ਬੇਘਰ ਕੀਤਾ। ਇਕੱਠੇ ਵੱਸਦੇ ਲੋਕ ਫਿਰਕਾਪ੍ਰਸਤੀ ਦੀ ਝੁੱਲੀ ਹਨੇਰੀ ਕਾਰਨ ਪਲਾਂ ਵਿੱਚ ਹੀ ਇੱਕ-ਦੂਜੇ ਖਿਲਾਫ ਤਲਵਾਰਾਂ ਤਾਣ ਖੜ੍ਹੇ ਹੋ ਗਏ। ਉਸ ਸਮੇਂ ਦਰਿਆਵਾਂ ਦੇ ਪਾਣੀਆਂ ਨੇ ਲਾਲ ਰੰਗ ਧਾਰਨ ਕਰ ਲਿਆ ਅਤੇ ਹਰਿਆਵਲ ਜ਼ਮੀਨ ਲਹੂ ਨਾਲ ਰੰਗੀ ਗਈ।

ਦਰਅਸਲ ਵੰਡਪਾਊ ਸਿਆਸਤ ਆਪਣੀ ਕੁਰਸੀ ਕਾਇਮ ਰੱਖਣ ਅਤੇ ਕਾਰਪਰੇਟਾਂ ਦੇ ਮੁਨਾਫੇ ਦੀ ਪੂਰਤੀ ਖਾਤਰ ਦਹਿਸ਼ਤਜ਼ਦਾ ਮਾਹੌਲ ਪੈਦਾ ਕਰਦੀ ਰਹਿੰਦੀ ਹੈ, ਤਾਂ ਜੋ ਜੰਗੀ ਹਥਿਆਰਾਂ ਦਾ ਵਪਾਰ ਆਸਾਨ ਬਣਦਾ ਰਹੇ। ਇਸ ਲਈ ਉਹ ਲੋਕਾਂ ਵਿੱਚ ਧਰਮ ਦੇ ਨਾਂਅ 'ਤੇ ਆਪਸੀ ਤਣਾਅ ਪੈਦਾ ਕਰ ਅਤੇ ਵੋਟਰਾਂ ਦਾ ਧਰੁਵੀਕਰਨ ਕਰ ਬਹੁਗਿਣਤੀ ਨੂੰ ਆਪਣੇ ਹੱਕ ਵਿੱਚ ਭੁਗਤਾਉਣ ਦਾ ਕੰਮ ਕਰਦੀ ਹੈ। ਉਹ ਅਵਾਮ ਦੀਆਂ ਰਾਸ਼ਟਰਵਾਦੀ ਭਾਵਨਾ ਭੜਕਾ ਕੇ ਜੰਗੀ ਮੁਹਾਜ਼ ਲਈ ਮਾਨਸਿਕਤਾ ਤਿਆਰ ਕਰਦੀ ਹੈ, ਤਾਂ ਜੋ ਇੱਕ ਰਾਸ਼ਟਰ ਵੱਲੋਂ ਦੂਜੇ 'ਤੇ ਥੋਪੀ ਜੰਗ ਨੂੰ ਸਹੀ ਠਹਿਰਾਇਆ ਜਾ ਸਕੇ। ਉਨ੍ਹਾਂ ਦਾ ਲੋਕਾਂ ਦੇ ਖ਼ੁਸ਼ਹਾਲ ਜੀਵਨ ਨਾਲ ਕੋਈ ਸਰੋਕਾਰ ਨਹੀਂ ਹੁੰਦਾ। ਦੂਜੇ ਪਾਸੇ ਆਮ ਲੋਕ ਆਪਸੀ ਪ੍ਰੇਮ ਤੇ ਸ਼ਾਂਤਮਈ ਵਾਤਾਵਰਣ ਚਾਹੁੰਦੇ ਹਨ। ਉਹ ਨਹੀਂ ਚਾਹੁੰਦੇ ਕਿ ਉਨ੍ਹਾਂ ਦੇ ਰੋਜ਼ਾਨਾ ਸੁਖਦ ਤੇ ਕੰਮਕਾਜ ਵਾਲੇ ਜੀਵਨ ਵਿੱਚ ਕੋਈ ਖ਼ੂਨ-ਖਰਾਬਾ ਹੋਵੇ ਜਾਂ ਕੋਈ ਬੇਲੋੜੀ ਰੁਕਾਵਟ ਪਵੇ। ਦੇਸ਼ਾਂ ਵਿਚਲਾ ਤਣਾਅਪੂਰਕ ਮਾਹੌਲ ਉਨ੍ਹਾਂ ਦਾ ਆਰਥਿਕਤ, ਸਰੀਰਕ ਤੇ ਮਾਨਸਿਕ ਤੌਰ 'ਤੇ ਨੁਕਸਾਨ ਕਰਦਾ ਹੈ, ਕਿਉਂਕਿ ਲੋਕਰਾਜ ਤੋਂ ਸੱਖਣੀ ਸਰਕਾਰ ਦੇ ਰਾਜ ਵਿੱਚ ਉਹ ਆਪਣੀ ਰੋਜ਼ੀ-ਰੋਟੀ ਬੜੀ ਮੁਸ਼ਕਲ ਨਾਲ ਚਲਾਉਂਦੇ ਹਨ, ਪਰ ਜੇਕਰ ਲੜਾਈ ਲੱਗ ਜਾਵੇ ਤਾਂ ਉਨ੍ਹਾਂ ਨੂੰ ਆਰਥਿਕ ਪੱਖੋਂ ਹੋਏ ਨੁਕਸਾਨ ਵਿਚੋਂ ਨਿਕਲਣ ਲਈ ਸਾਲਾਂ ਲੱਗ ਜਾਂਦੇ ਹਨ।

ਪਹਿਲਗਾਮ ਵਿੱਚ ਹੋਏ ਦਹਿਸ਼ਤੀ ਹਮਲੇ ਤੋਂ ਬਾਅਦ ਭਾਰਤ ਤੇ ਪਾਕਿਸਤਾਨ ਵਿੱਚ ਤਣਾਅ ਸਿਖਰ 'ਤੇ ਹੈ। ਸਰਕਾਰ ਨੇ ਦੋਹਾਂ ਦੇਸ਼ਾਂ ਵਿਚਕਾਰ ਆਪਣਿਆਂ ਨੂੰ ਮਿਲਣ ਪਹੁੰਚੇ ਲੋਕਾਂ ਨੂੰ ਦੇਸ਼ ਛੱਡਣ ਲਈ ਮਜਬੂਰ ਕਰ ਦਿੱਤਾ। ਸਰਹੱਦ 'ਤੇ ਇੱਕ ਦੂਜੇ ਨੂੰ ਵਿਦਾ ਕਰਨ ਵਾਲਿਆਂ ਦੀਆਂ ਅੱਖਾਂ ਅੱਥਰੂ ਵਹਾ ਰਹੀਆਂ ਹਨ। ਮਿਲਣ ਦੀਆਂ ਅਧੂਰੀਆਂ ਰਹਿ ਗਈਆਂ ਖਾਹਸ਼ਾਂ ਕਾਰਨ ਚਿਹਰੇ ਵਿਰਾਨ ਨਜ਼ਰ ਆ ਰਹੇ ਹਨ। ਜਿਨ੍ਹਾਂ ਔਰਤਾਂ ਇਹ ਸੋਚ ਭਾਰਤ ਵਿੱਚ ਵਿਆਹ ਕਰਵਾਇਆ ਸੀ ਕਿ ਹੁਣ ਉਹ ਕਦੇ ਵੀ ਇੱਥੋਂ ਨਹੀਂ ਜਾਣਗੀਆਂ। ਪਰ ਸੌੜੀ ਸੋਚ ਨੇ ਉਨ੍ਹਾਂ ਨੂੰ ਰੋਂਦੇ, ਵਿਲ੍ਹਕਦੇ ਆਪਣੇ ਬੱਚਿਆਂ ਤੋਂ ਜੁਦਾ ਕਰ ਦਿੱਤਾ ਹੈ।

ਆਪਣਿਆਂ ਦਾ ਦਰਦ ਦਿਲ ਵਿੱਚ ਛੁਪਾ, ਮੁਰਝਾਏ ਤੇ ਲਾਚਾਰ ਚਿਹਰੇ ਆਪੋ-ਆਪਣੇ ਵਤਨ ਨੂੰ ਨਾ ਚਾਹੁੰਦੇ ਹੋਏ ਵੀ ਤੁਰ ਪਏ। ਜਿਹੜੇ ਚਾਅ ਉਹ ਨਾਲ ਲੈ ਕੇ ਆਏ ਸਨ, ਉਹ ਨਫਰਤ ਦੀ ਹਨੇਰੀ ਵਿੱਚ ਕਿਧਰੇ ਉੱਡ ਗਏ। ਇੱਕ ਮਾਂ ਦੇ ਜਾਏ ਦੋ ਬੱਚਿਆਂ, ਭਾਵ ਪਾਕਿਸਤਾਨ ਤੇ ਭਾਰਤ ਵਿੱਚ ਫਿਰਕਾਪ੍ਰਸਤੀ ਦੀ ਖਿੱਚੀ ਲਕੀਰ ਨੇ ਦਰਦ-ਏ-ਵਿਛੋੜਾ ਦੋਹਾਂ ਦੇਸ਼ਾਂ ਦੇ ਪੱਲੇ ਪਾਇਆ। ਦੋਹਾਂ ਦੇਸ਼ਾਂ ਦੇ ਵਾਸੀ ਇੱਕ-ਦੂਜੇ ਨੂੰ ਮਿਲਣ ਦੀ ਤਾਂਘ ਵਿੱਚ ਤਰਸਦੇ ਰਹਿੰਦੇ, ਪਰ ਜਦੋਂ ਮਿਲਣ ਦਾ ਸਬੱਬ ਬਣਦਾ ਤਾਂ ਅਣਹੋਣੀ ਵਾਪਰ ਜਾਂਦੀ ਹੈ। ਫਿਰ ਇੱਕ-ਦੂਜੇ ਨੂੰ ਮਿਲਣ ਲਈ ਤਰਸਦੇ ਮਨ ਸੁਖਦ ਮਿਲਣੀ ਦਾ ਇੰਤਜ਼ਾਰ ਕਰਨ ਲੱਗਦੇ ਹਨ। ਅਜਿਹਾ ਉਨ੍ਹਾਂ ਨਾਲ ਕਿਉਂ ਵਾਪਰਦਾ ਰਹਿੰਦਾ ਹੈ? ਉਨ੍ਹਾਂ ਦਾ ਗੁਨਾਹ ਕੀ ਹੈ? ਪ੍ਰੇਮ ਭਰੇ ਵਾਤਾਵਰਣ ਵਿੱਚ ਨਫਰਤ ਭਰੀ ਵਬਾਅ ਕਿਉਂ ਫੈਲਾਈ ਜਾ ਰਹੀ ਹੈ। ਅਜਿਹੇ ਸਵਾਲ ਮਨੁੱਖੀ ਆਹਾਂ ਵਿੱਚ ਉਭਰਦੇ ਸਾਫ ਵਿਖਾਈ ਦਿੰਦੇ ਹਨ।

ਪਹਿਲਗਾਮ ਦਾ ਦਰਦ-ਏ-ਮੰਜ਼ਰ; ਬੇਗੁਨਾਹਾਂ ਦੇ ਸੱਥਰ ਵਿਛੇ, ਪਰ ਜੰਗੀ ਸੋਚ ਬਦਲਾ ਲੈਣ ਲਈ ਹਜ਼ਾਰਾਂ ਫੌਜੀ ਜਵਾਨਾਂ ਤੇ ਦੇਸ਼ ਵਾਸੀਆਂ ਦੇ ਸੱਥਰ ਵਸਾਉਣ ਲਈ ਜ਼ਹਿਰ ਉਗਲ ਰਹੀ ਹੈ। ਕੀ ਅਸੀਂ ਜੰਗ ਦੇ ਨਤੀਜਿਆਂ ਬਾਰੇ ਜਾਣਦੇ ਨਹੀਂ? ਕੀ ਅਸੀਂ ਹੀਰੋਸ਼ੀਮਾ ਤੇ ਨਾਗਾਸਾਕੀ ਭੁੱਲ ਗਏ? ਜੰਗ ਕਿਸੇ ਮਸਲੇ ਦਾ ਹੱਲ ਨਹੀਂ। ਜੰਗ ਸਾਨੂੰ ਭੁੱਖਮਰੀ, ਗਰੀਬੀ, ਬੀਮਾਰੀਆਂ, ਤਬਾਹੀ, ਬੇਰੁਜ਼ਗਾਰੀ ਦਿੰਦੀ ਹੈ, ਜਿਸ ਦਾ ਸਾਹਮਣਾ ਅਸੀਂ ਬਿਨਾਂ ਜੰਗ ਦੇ ਹੀ ਕਰ ਰਹੇ ਹਾਂ! ਸੋਚੋ ਜੇ ਜੰਗ ਲੱਗ ਗਈ ਤਾਂ ਕੀ ਬਣੇਗਾ? ਕੁਲ ਮਿਲਾ ਕੇ ਮਸਲੇ ਦਾ ਹੱਲ ਮਿਲ ਬੈਠ ਕੇ ਅਤੇ ਮੁਹੱਬਤੀ ਤਿਰੰਗਾਂ ਦੇ ਰਾਗ ਛੇੜ ਕੇ ਹੁੰਦਾ ਹੈ। ਬਾਰੂਦ ਸਿਰਫ ਤਬਾਹ ਕਰਨਾ ਜਾਣਦਾ ਹੈ, ਗੱਲਬਾਤ ਨਹੀਂ।

ਸਾਨੂੰ ਜੰਗਾਂ ਤੇ ਦਹਿਸ਼ਤਵਾਦ ਖਿਲਾਫ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਇਸ ਵਾਰ ਕਸ਼ਮੀਰੀ ਅਵਾਮ ਨੇ ਦਹਿਸ਼ਤਵਾਦ ਖਿਲਾਫ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਹੈ, ਜੋ ਕਿ ਇਕ ਚੰਗਾ ਸੰਦੇਸ਼ ਹੈ। ਉਨ੍ਹਾਂ ਆਤੰਕਵਾਦੀਆਂ ਦੀਆਂ ਸੰਗੀਨਾਂ ਅੱਗੇ ਆਪਣੀਆਂ ਹਿੱਕਾਂ ਤਾਣ ਦਿੱਤੀਆਂ। ਉਨ੍ਹਾਂ ਪੀੜਤ ਲੋਕਾਂ ਦੀ ਮਦਦ ਕੀਤੀ ਅਤੇ ਉਨ੍ਹਾਂ ਨੂੰ ਸੁਰੱਖਿਅਤ ਟਿਕਾਣਿਆਂ ਤੱਕ ਪਹੁੰਚਾਇਆ। ਉਹ ਦਹਿਸ਼ਤ ਫੈਲਾਅ ਕੇ ਕਸ਼ਮੀਰੀਆਂ ਨੂੰ ਬਦਨਾਮ ਕਰਨ ਵਾਲਿਆਂ ਦੇ ਹਾੜੇ ਕੱਢ ਰਹੇ ਹਨ ਕਿ ਸਾਨੂੰ ਸ਼ਾਂਤੀ ਨਾਲ ਜਿਉਣ ਦਿਓ। ਕਸ਼ਮੀਰੀ ਅਜਿਹੇ ਮਾਹੌਲ ਤੋਂ ਤੰਗ ਆ ਗਏ ਹਨ। ਉਹ ਸ਼ਾਂਤੀ ਨਾਲ ਜਿਊਣਾ ਚਾਹੁੰਦੇ ਹਨ। ਦੇਸ਼ ਵਿੱਚ ਹਮੇਸ਼ਾ ਕਸਮੀਰੀ ਲੋਕਾਂ ਨੂੰ ਸ਼ੱਕ ਦੀ ਨਜ਼ਰ ਨਾਲ ਵੇਖਿਆ ਜਾਂਦਾ ਹੈ। ਉਨ੍ਹਾਂ ਨੂੰ ਬੈਗਾਨਗੀ ਦਾ ਅਹਿਸਾਸ ਕਰਵਾਇਆ ਜਾਂਦਾ ਹੈ। ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਨਫਰਤ ਭਰੀਆਂ ਨਜ਼ਰਾਂ ਨਾਲ ਵੇਖਿਆ ਜਾਂਦਾ ਹੈ। ਅਜਿਹਾ ਨਹੀਂ ਹੋਣਾ ਚਾਹੀਦਾ। ਹਰ ਦੇਸ਼ ਵਾਸੀ ਦਾ ਫਰਜ਼ ਬਣਦਾ ਹੈ ਕਿ ਉਹ ਧਰਮ ਦੇ ਭੇਦਭਾਵ ਨੂੰ ਛੱਡ ਅਸਲ ਦੁਸ਼ਮਣ ਦੀ ਪਛਾਣ ਕਰੇ, ਜੋ ਉਨ੍ਹਾਂ ਨੂੰ ਆਪਸ ਵਿੱਚ ਲੜਾਉਂਦੇ ਹਨ।

ਭਾਰਤ ਵੱਖ-ਵੱਖ ਧਰਮਾਂ ਤੇ ਸੱਭਿਆਚਾਰਾਂ ਦਾ ਸੁਮੇਲ ਹੈ, ਇੱਥੋਂ ਦੇ ਵੱਖੋ-ਵੱਖ ਮੇਲੇ,ਤਿਉਹਾਰ, ਗੀਤ ਆਦਿ ਇਸ ਵਿੱਚ ਮਿੱਠੀ ਖ਼ੁਸ਼ਬੂ ਅਤੇ ਰੰਗਤ ਭਰਦੇ ਹਨ। ਇਸ ਸੁੰਦਰ ਤੇ ਖੁਸ਼ਬੂਦਾਰ ਬਾਗ ਨੂੰ ਸਾਂਭ ਕੇ ਰੱਖੀਏ। ਇਸ ਦੀ ਖ਼ੂਬਸੂਰਤੀ ਬਰਕਰਾਰ ਰੱਖਣ ਲਈ ਸਭ ਨੂੰ ਹੱਲਾ ਮਾਰਨਾ ਚਾਹੀਦਾ ਹੈ। ਜਦੋਂ ਅਸੀਂ ਸਭ ਮਨੁੱਖਾਂ ਨੂੰ ਬਰਾਬਰ ਸਮਝਣ ਲੱਗ ਗਏ ਤਾਂ ਗੁਆਂਢ ਵਿੱਚ ਵਸਣ ਵਾਲੇ ਵਸ਼ਿੰਦੇ ਵੀ ਸਾਨੂੰ ਆਪਣੇ ਲੱਗਣ ਲੱਗ ਪੈਣਗੇ। ਮਨੁੱਖਤਾਵਾਦੀ ਸੋਚ ਦੋਹਾਂ ਦੇਸ਼ਾਂ ਦੇ ਸਿਆਸਤਦਾਨਾਂ ਅਤੇ ਅਵਾਮ ਦੀ ਹੋਣੀ ਚਾਹੀਦੀ ਹੈ। ਸਰਹੱਦਾਂ ਦੇ ਦੋਵੇਂ ਪਾਸੇ ਵੱਸਦੇ ਲੋਕ ਬਰਾਬਰ ਹਨ।

ਇਸ ਲਈ ਅਸੀਂ ਕਹਿ ਸਕਦੇ ਹਾਂ ਕਿ ਲੋਕਾਂ ਨੂੰ ਜੰਗ ਨਹੀਂ ਮੁਹੱਬਤ ਚਾਹੀਦੀ ਹੈ। ਉਹ ਇੱਕ-ਦੂਜੇ ਦੇ ਗਲੇ ਲੱਗਣਾ ਚਾਹੁੰਦੇ ਹਨ। ਉਹ ਵੰਡ ਦਾ ਦਰਦ ਭੁੱਲ ਕੇ ਇੱਕ ਨਵੀਂ ਇਬਾਰਤ ਲਿਖਣਾ ਚਾਹੁੰਦੇ ਹਨ। ਉਨ੍ਹਾਂ ਨੂੰ ਪਿਆਰ ਦੀਆਂ ਪੀਂਘਾਂ ਝੂਟਣ ਦਿਓ, ਉਨ੍ਹਾਂ ਦੇ ਰਸਤੇ ਦੀ ਰੁਕਾਵਟ ਨਾ ਬਣੋ। ਉਹ ਆਜ਼ਾਦ ਪੰਛੀ ਵਾਂਗ ਉੱਡ ਕੇ ਲਕੀਰ ਪਾਰ ਕਰ ਜਾਣਾ ਚਾਹੁੰਦੇ ਹਨ। ਉਨ੍ਹਾਂ ਨੂੰ ਆਜ਼ਾਦ ਫਿਜ਼ਾ ਵਿੱਚ ਉਡਾਰੀ ਮਾਰਨ ਦਿਓ। ਦੇਸ਼ਾਂ ਦੀਆਂ ਲਕੀਰਾਂ ਪਿਆਰ ਦੇ ਵਹਿੰਦੇ ਦਰਿਆ ਸਾਹਮਣੇ ਮਿਟ ਜਾਂਦੀਆਂ ਹਨ। ਰਾਜਨੀਤੀਵਾਨੋ! ਲੋਕਾਂ ਨੂੰ ਗਲਵੱਕੜੀ ਪਾ ਕੇ ਮਿਲਣ ਦਿਓ, ਇਹ ਤੁਹਾਨੂੰ ਸਦਾ ਦੁਆਵਾਂ ਦਿੰਦੇ ਰਹਿਣਗੇ।

# ਸੰਪਰਕ : 70870-70050

# ਨੌਜਵਾਨਾਂ ਦੇ ਚੰਗੇਰੇ ਭਵਿੱਖ ਲਈ ਰੁਜ਼ਗਾਰ ਜ਼ਰੂਰੀ



ਨਰਿੰਦਰ ਸਿੰਘ

ਕਿਸੇ ਵੀ ਦੇਸ਼ ਦੇ ਵਿਕਾਸ ਵਿੱਚ ਉੱਥੋਂ ਦੇ ਨੌਜਵਾਨਾਂ ਦਾ ਹਮੇਸ਼ਾ ਅਹਿਮ ਰੋਲ ਹੁੰਦਾ ਹੈ । ਭਾਰਤ ਦੁਨੀਆ ਦਾ ਸਭ ਤੋਂ ਵੱਧ ਨੌਜਵਾਨ ਦੇਸ਼ ਹੈ । ਇੱਥੋਂ ਦੀ 65 ਫ਼ੀਸਦੀ ਤੋਂ ਵੱਧ ਆਬਾਦੀ 35 ਸਾਲ ਤੋਂ ਘੱਟ ਉਮਰ ਦੀ ਹੈ। ਜ਼ਿੰਦਗੀ ਜਿਊਣ ਲਈ ਰੁਜ਼ਗਾਰ ਦਾ ਹੋਣਾ ਮਨੁੱਖ ਦੀ ਮੁੱਢਲੀ ਲੋੜ ਹੈ, ਪਰ ਰੁਜ਼ਗਾਰ ਦੇ ਮਾਮਲੇ ਵਿੱਚ ਭਾਰਤ ਦੀ ਹਾਲਤ ਐਨੀ ਕੁ ਮੰਦੀ ਹੈ ਕਿ ਕੋਈ ਵੀ ਸਰਕਾਰ ਨੌਜਵਾਨਾਂ ਨੂੰ ਸਰਕਾਰੀ, ਗੈਰ-ਸਰਕਾਰੀ ਰੁਜ਼ਗਾਰ ਮੁਹੱਈਆ ਕਰਾਉਣ ਦੇ ਅਸਮੱਰਥ ਰਹੀ ਹੈ। ਦੇਸ਼ ਸਾਹਮਣੇ ਬੇਰੁਜ਼ਗਾਰੀ ਇਕ ਗੰਭੀਰ ਮੁੱਦਾ ਹੈ । ਸੀ ਐੱਮ ਆਈ ਈ ਦੀ ਤਾਜ਼ਾ ਰਿਪੋਰਟ ਅਨੁਸਾਰ ਬੇਰੁਜ਼ਗਾਰੀ ਦੀ ਕੁੱਲ ਗਿਣਤੀ 'ਚੋਂ 45 ਪ੍ਰਤੀਸ਼ਤ ਨੌਜਵਾਨ ਬੇਰੁਜ਼ਗਾਰ ਹਨ । ਨੌਜਵਾਨਾਂ ਸਾਹਮਣੇ ਸਭ ਤੋਂ ਵੱਡਾ ਮੁੱਦਾ ਰੁਜ਼ਗਾਰ ਹੈ । ਨੌਜਵਾਨਾਂ ਲਈ ਰੁਜ਼ਗਾਰ ਦੇ ਸਾਧਨ ਕਿਵੇ ਪੈਦਾ ਕਰਨੇ ਹਨ, ਇਸ ਬਾਰੇ ਸਰਕਾਰਾ ਕਦੇ ਗੰਭੀਰ ਨਹੀਂ ਹੋਈਆਂ। ਮੁੱਠੀਭਰ ਸਰਕਾਰੀ ਨੌਕਰੀਆਂ ਨਾਲ ਦੇਸ਼ ਦਾ ਨੌਜਵਾਨ ਬੇਰੁਜ਼ਗਾਰੀ ਦੀ ਦਲਦਲ ਵਿੱਚੋਂ ਬਾਹਰ ਨਹੀਂ ਨਿਕਲ ਸਕਦਾ। ਰੁਜ਼ਗਾਰ ਨਾ ਮਿਲਣ 'ਤੇ ਬੇਰੁਜ਼ਗਾਰ ਨੌਜਵਾਨ ਸਰਕਾਰਾਂ ਵਿਰੁੱਧ ਧਰਨੇ ਲਗਾਉਂਦੇ ਅਤੇ ਮੁਜ਼ਾਹਰੇ ਕਰਦੇ ਹਨ । ਅਜਿਹਾ ਕਰਨ 'ਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਲਾਠੀਚਾਰਜਾਂ, ਜੇਲ੍ਹਾਂ ਅਤੇ ਥਾਣਿਆਂ ਵਿੱਚ ਹੋਰ ਦਮਨਕਾਰੀ ਨੀਤੀਆਂ ਨਾਲ ਨਿਵਾਜਿਆ ਜਾਂਦਾ ਹੈ। ਜਿਸ ਮੁਲਕ ਵਿੱਚ ਰੁਜ਼ਗਾਰ ਮੰਗਣਾ ਜੁਰਮ ਹੋਵੇ, ਉਸ ਮੁਲਕ ਦੇ ਲੋਕਾਂ ਵਿੱਚ ਵਿਦੇਸ਼ਾਂ ਲਈ ਮੋਹ ਅਤੇ ਆਪਣੇ ਦੇਸ਼ ਲਈ ਬਿਗਾਨੇਪਨ ਦੀ ਭਾਵਨਾ ਦਾ ਪੈਦਾ ਹੋਣਾ ਸੁਭਾਵਿਕ ਹੈ, ਤਾਂ ਹੀ ਉਹ ਵਿਦੇਸ਼ ਜਾਣ ਲਈ ਮੋਟੇ ਖਰਚੇ ਕਰਨ ਦੇ ਨਾਲ-ਨਾਲ ਹਰੇਕ ਜਾਇਜ਼-ਨਜਾਇਜ਼ ਤਰੀਕਾ ਅਪਣਾਉਂਦੇ ਹਨ । ਅੱਜ ਦੇਸ਼ ਦਾ ਨੌਜਵਾਨ ਦੂਜੇ ਦੇਸ਼ਾਂ ਵੱਲ ਜਾਣ ਲਈ ਜੱਦੋ-ਜਹਿਦ ਕਰ ਰਿਹਾ ਹੈ । ਕਈ ਵਾਰ ਅਜਿਹਾ ਮੌਕਾ ਵੀ ਆ ਜਾਂਦਾ ਹੈ ਕਿ ਅਮਰੀਕਾ ਵਰਗਾ ਦੇਸ਼ ਅਜਿਹੇ ਮਜਬੂਰੀ ਮਾਰਿਆਂ ਨੂੰ ਪਸ਼ੂਆਂ ਵਾਂਗ ਨੂੜ ਕੇ ਫੌਜੀ ਜਹਾਜ਼ ਉੱਤੇ ਲੱਦ ਦਿੰਦਾ ਹੈ ਅਤੇ ਉਨ੍ਹਾਂ ਦੇ ਘਰ ਸੁੱਟ ਕੇ ਵਾਪਸ ਮੁੜ ਜਾਂਦਾ ਹੈ ।

ਕਹਿਣ ਨੂੰ ਤਾਂ ਸਾਡਾ ਦੇਸ਼ ਆਉਣ ਵਾਲੇ ਦੋ ਦਹਾਕਿਆਂ ਬਾਅਦ ਵਿਕਸਤ ਦੇਸ਼ ਬਣ ਜਾਵੇਗਾ, ਪ੍ਰੰਤੂ ਅਫਸੋਸ ਕਿ ਸਾਡੇ ਦੇਸ਼ ਦੀ ਅੱਧੀ ਤੋਂ ਵੀ ਵੱਧ ਆਬਾਦੀ ਮਹੀਨੇ ਵਿੱਚ ਚਾਰ-ਪੰਜ ਕਿਲੋ ਆਟਾ ਅਤੇ ਇੱਕ ਦੋ ਕਿਲੋ ਦਾਲ ਭੀਖ ਦੇ ਰੂਪ ਵਿੱਚ ਲੈ ਕੇ ਗੁਜ਼ਾਰਾ ਕਰ ਰਹੀ ਹੈ । ਜਦੋਂ ਨੌਜਵਾਨਾਂ ਪਾਸ ਨੌਕਰੀ ਨਹੀਂ ਹੈ ਅਤੇ ਸਮਾਜ ਦੇ ਬਹੁਤੇ ਵਰਗ ਬੈਂਕਾਂ ਅਤੇ ਹੋਰ ਸੰਸਥਾਵਾਂ ਦੇ ਕਰਜ਼ਈ ਹਨ ਤਾਂ ਉਨ੍ਹਾਂ ਵਿੱਚ ਆਤਮ ਸਨਮਾਨ ਜਾਂ ਗੌਰਵ ਕਿਵੇਂ ਪੈਦਾ ਹੋਵੇਗਾ ? ਰਾਜਨੀਤੀ ਪੈਸੇ ਅਤੇ ਧਨਾਢ ਲੋਕਾਂ ਦੇ ਦੁਆਲੇ ਘੁੰਮਦੀ-ਘੁੰਮਦੀ ਗਰੀਬਾਂ, ਨੌਜਵਾਨਾਂ ਅਤੇ ਦੇਸ਼ ਦੀਆਂ ਹੋਰ ਸਮੱਸਿਆਵਾਂ ਤੱਕ ਪਹੁੰਚਣ ਤੋਂ ਪਹਿਲਾਂ ਦਮ ਤੋੜ ਜਾਂਦੀ ਹੈ । ਜਿਨ੍ਹਾਂ ਤੋਂ ਨੌਜਵਾਨਾਂ ਦੀ ਬੇਰੁਜ਼ਗਾਰੀ ਇਕ ਵੱਡੀ ਸਮੱਸਿਆ ਹੈ । ਦੇਸ਼ 'ਚ ਨੌਕਰੀਆਂ ਦਿਨ ਪ੍ਰਤੀ ਘਟ ਰਹੀਆਂ ਹਨ । ਸਵੈ-ਰੁਜ਼ਗਾਰ ਦੇ ਮੌਕੇ ਦੇਸ਼ ਦੇ ਨੌਜਵਾਨਾਂ ਨੂੰ ਨਹੀਂ ਮਿਲ ਰਹੇ । ਦੇਸ਼ ਦੇ ਨੌਜਵਾਨ ਇਸ ਸਮੇਂ ਨਿਰਾਸ਼ ਹਨ । ਨੌਜਵਾਨ ਆਪਣੇ ਸੱਭਿਆਚਾਰ ਅਤੇ ਸਮਾਜਿਕ ਕਦਰਾਂ-ਕੀਮਤਾਂ ਤੋਂ ਦੂਰ ਹੁੰਦੇ ਜਾ ਰਹੇ ਹਨ, ਜਿਸ ਦੇਸ਼ ਦਾ ਨੌਜਵਾਨ ਵਰਗ ਨਿਰਾਸ਼ ਹੈ, ਉਸ ਦੇਸ਼ ਦੇ ਵਿਕਾਸ ਵਿੱਚ ਤੇਜ਼ੀ ਆਉਣੀ ਨਾਮੁਮਕਿਨ ਹੈ ।

ਜੇਕਰ ਅਸੀਂ ਆਪਣੇ ਦੇਸ਼ ਦੇ ਨੌਜਵਾਨਾਂ ਦੀ ਊਰਜਾ ਆਪਣੇ ਦੇਸ਼ ਵਿੱਚ ਲਾਉਣਾ ਚਾਹੁੰਦੇ ਹਾਂ ਤਾਂ ਸਰਕਾਰਾਂ ਨੂੰ ਨੌਜਵਾਨਾਂ ਲਈ ਰੁਜ਼ਗਾਰ ਪੈਦਾ ਕਰਨ ਦੇ ਸਾਧਨਾਂ 'ਤੇ ਗੰਭੀਰ ਚਰਚਾ ਕਰਨੀ ਚਾਹੀਦੀ ਹੈ । ਸਰਕਾਰਾਂ ਨੂੰ ਆਪਣੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨੇ ਚਾਹੀਦੇ ਹਨ, ਤਾਂ ਜੋ ਉਹ ਆਪਣੇ ਦੇਸ਼ ਵਿੱਚ ਰਹਿ ਕੇ ਸਨਮਾਨਜਨਕ ਢੰਗ ਨਾਲ ਜ਼ਿੰਦਗੀ ਗੁਜ਼ਾਰ ਸਕਣ । ਮਾਪੇ ਚਾਵਾਂ ਦੇ ਨਾਲ ਆਪਣੇ ਬੱਚਿਆਂ ਨੂੰ ਬਾਹਰਲੇ ਮੁਲਕਾਂ ਵਿੱਚ ਰੋਜ਼ੀ-ਰੋਟੀ ਕਮਾਉਣ ਲਈ ਭੇਜਦੇ ਹਨ, ਪਰ ਉੱਥੇ ਜਾ ਕਿ ਜਦੋਂ ਕੰਮ-ਕਾਜ ਨਹੀਂ ਮਿਲਦਾ, ਤਾਂ ਉਹ ਡਿਪਰੈਸ਼ਨ ਦਾ ਸ਼ਿਕਾਰ ਹੋ ਜਾਂਦੇ ਹਨ ਤੇ ਕਈ ਜੀਵਨ ਵੀ ਤਿਆਗ ਦਿੰਦੇ ਹਨ । ਮਾਪਿਆਂ ਦਾ ਬੱਚਿਆਂ ਤੋਂ ਦੂਰ ਹੋਣਾ ਕਈ ਵਾਰ ਬੱਚਿਆਂ ਨੂੰ ਜੀਵਨ-ਲੀਲ੍ਹਾ ਸਮਾਪਤ ਕਰਨ ਲਈ ਮਜਬੂਰ ਕਰ ਦਿੰਦਾ ਹੈ । ਨੌਜਵਾਨ ਸਰਕਾਰਾਂ ਦੀਆਂ ਕਥਿਤ ਮਾੜੀਆਂ ਨੀਤੀਆਂ ਤੋਂ ਤੰਗ ਆ ਕੇ ਹੀ ਵਿਦੇਸ਼ਾਂ ਵਿੱਚ ਰੋਜ਼ੀ-ਰੋਟੀ ਕਮਾਉਣ ਲਈ ਜਾਂਦੇ ਹਨ । ਕੇਂਦਰੀ ਸਰਕਾਰ ਦੇ ਅੰਕੜਿਆਂ ਸੰਬੰਧੀ ਮੰਤਰਾਲੇ ਵਲੋਂ ਅਕਤੂਬਰ-ਦਸੰਬਰ 2024 ਦੇ ਸਮੇਂ ਲਈ ਜਾਰੀ ਕੀਤੀ ਗਈ ਇਕ ਰਿਪੋਰਟ ਅਨੁਸਾਰ ਪੰਜਾਬ ਵਿੱਚ 15-29 ਸਾਲ ਦੀ ਉਮਰ ਦੇ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਦੀ ਦਰ ਜੁਲਾਈ-ਸਤੰਬਰ 2024 ਵਿੱਚ 12.2 ਫ਼ੀਸਦੀ ਤੋਂ ਵਧ ਕੇ 14.9 ਫ਼ੀਸਦੀ ਹੋ ਗਈ । 2024 ਦੇ ਜੁਲਾਈ-ਸਤੰਬਰ ਦੇ ਅੰਕੜਿਆਂ ਅਨੁਸਾਰ ਔਰਤਾਂ ਵਿੱਚ ਬੇਰੁਜ਼ਗਾਰੀ 18.5 ਫ਼ੀਸਦੀ ਸੀ, ਜੋ ਅਕਤੂਬਰ-ਦਸੰਬਰ 2024 ਵਿੱਚ ਵਧ ਕੇ 21.7 ਫ਼ੀਸਦੀ ਹੋ ਗਈ । ਪੰਜਾਬ ਵਿੱਚ 15-29 ਸਾਲ ਦੀ ਉਮਰ ਵਾਲੇ ਨੌਜਵਾਨਾਂ ਵਿੱਚ ਵੱਡੀ ਪੱਧਰ 'ਤੇ ਬੇਰੁਜ਼ਗਾਰੀ ਪਾਈ ਜਾ ਰਹੀ ਹੈ । ਪੰਜਾਬ ਦੇ ਨੌਜਵਾਨਾਂ ਨੇ ਰਵਾਇਤੀ ਕਿਸਮ ਦੇ ਕੰਮ ਧੰਦੇ ਲਗਭਗ ਛੱਡ ਦਿੱਤੇ ਹਨ, ਜਿਵੇਂ ਮਕਾਨਾਂ ਦੀ ਉਸਾਰੀ, ਬਿਜਲੀ ਦੀ ਫਿਟਿੰਗ, ਸੈਨੀਟੇਸ਼ਨ, ਲੱਕੜ ਅਤੇ ਲੋਹੇ ਦੇ ਕੰਮ, ਖਾਣ-ਪੀਣ ਦੀਆਂ ਚੀਜ਼ਾਂ ਦੇ ਫੂਡ ਕਾਰਨਰ ਅਤੇ ਛੋਟੀ ਪੱਧਰ ਦੀਆਂ ਹੋਰ ਦੁਕਾਨਾਂ ਆਦਿ ਹਰ ਖੇਤਰ ਵਿੱਚੋਂ ਇਕ ਤਰ੍ਹਾਂ ਨਾਲ ਮਨਫ਼ੀ ਹੀ ਹੋ ਗਈਆਂ ਹਨ । ਅਜਿਹੇ ਬਹੁਤ ਕੰਮ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਆਏ ਗੈਰ-ਪੰਜਾਬੀਆਂ ਨੇ ਸੰਭਾਲ ਲਏ ਹਨ, ਜਦਕਿ ਕੁਝ ਦਹਾਕੇ ਪਹਿਲਾਂ ਇਨ੍ਹਾਂ ਕੰਮਾਂ ਵਿੱਚ ਮੁਹਾਰਤ ਹਾਸਿਲ ਕਰਕੇ ਪੰਜਾਬੀ ਨੌਜਵਾਨ ਚੰਗਾ ਰੁਜ਼ਗਾਰ ਕਮਾਉਂਦੇ ਰਹੇ ਹਨ । ਪੰਜਾਬ ਸਰਕਾਰ ਨੂੰ ਆਪਣੀ ਯੂਥ ਪਾਲਿਸੀ ਬਣਾਉਣੀ ਚਾਹੀਦੀ ਹੈ ਅਤੇ ਉਸ ਦਾ ਮਕਸਦ ਨੌਜਵਾਨਾਂ ਨੂੰ ਬਿਹਤਰ ਸਿੱਖਿਆ, ਬਿਹਤਰ ਸੰਸਕਾਰ ਅਤੇ ਢੁਕਵੇਂ ਰੁਜ਼ਗਾਰ ਦੇ ਮੌਕੇ ਦੇਣਾ ਹੋਣਾ ਚਾਹੀਦਾ ਹੈ । ਨੌਜਵਾਨਾਂ ਨੂੰ ਸਨਮਾਨਜਨਕ ਰੁਜ਼ਗਾਰ ਮਿਲਣ ਨਾਲ ਉਹ ਚੰਗੀ ਜ਼ਿੰਦਗੀ ਬਤੀਤ ਕਰ ਸਕਣਗੇ, ਕਿਉਂਕਿ ਇਹ ਨੌਜਵਾਨ ਇੱਥੇ ਵੀ ਸਖ਼ਤ ਮਿਹਨਤ ਕਰਕੇ ਲੱਖਾਂ ਰੁਪਏ ਕਮਾ ਸਕਦੇ ਹਨ । ਸਰਕਾਰਾਂ ਦਾ ਫ਼ਰਜ਼ ਬਣਦਾ ਹੈ ਕਿ ਉਹ ਨੌਜਵਾਨਾਂ ਦੀ ਬਾਂਹ ਫੜਨ ਅਤੇ ਉਨ੍ਹਾਂ ਦੇ ਰੋਸ਼ਨ ਭਵਿੱਖ ਲਈ ਪੜ੍ਹਾਈ ਦੇ ਨਾਲ-ਨਾਲ ਕਿੱਤਾ -ਮੁਖੀ ਕੋਰਸਾਂ ਦੀ ਸ਼ੁਰੂਆਤ ਕਰਨ, ਤਾਂ ਜੋ ਨੌਜਵਾਨ ਪੜ੍ਹ-ਲਿਖ ਕੇ ਇੱਥੇ ਹੀ ਆਪਣੇ ਰੁਜ਼ਗਾਰ ਸਥਾਪਤ ਕਰ ਸਕਣ । ਕੰਪਿਊਟਰ, ਹਾਰਡਵੇਅਰ, ਸਾਫ਼ਟਵੇਅਰ, ਇਲੈਕਟ੍ਰੀਸ਼ੀਅਨ, ਡਰਾਫਟਸਮੈਨ, ਮੋਬਾਇਲ ਰਿਪੇਅਰ, ਆਰਟ ਐਂਡ ਕਰਾਫਟ, ਟੂਲ ਐਂਡ ਡਾਈ, ਮਲਟੀ ਮੀਡੀਆ, ਆਟੋ ਮੋਬਾਇਲ, ਫੋਟੋਗ੍ਰਾਫੀ, ਇੰਜੀਨੀਅਰਿੰਗ, ਕਟਿੰਗ ਐਂਡ ਟੇਲਰਿੰਗ, ਟੂਰਿਜ਼ਮ ਐਂਡ ਹਾਸਪਿਟੈਲਈ, ਮੈਡੀਕਲ ਐਂਡ ਹੈੱਲਥ ਕੇਅਰ ਆਦਿ ਬਹੁਤ ਸਾਰੇ ਕੋਰਸ ਕਰਕੇ ਨੌਜਵਾਨ ਆਪਣੇ ਹੀ ਦੇਸ਼ ਅੰਦਰ ਰਹਿੰਦਿਆਂ ਵਧੀਆ ਜੀਵਨ ਨਿਰਬਾਹ ਕਰ ਸਕਦੇ ਹਨ । ਨੌਜਵਾਨਾਂ ਨੂੰ ਜ਼ਿੰਦਗੀ ਵਿੱਚ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ । ਨੌਜਵਾਨਾਂ ਨੂੰ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਸਮਰੱਥ ਬਣਾਉਣ ਲਈ ਸ਼ੁਰੂਆਤ ਵਿਦਿਆਰਥੀ ਜੀਵਨ ਤੋਂ ਹੀ ਕਰਨੀ ਚਾਹੀਦੀ ਹੈ । ਭਾਵੇਂ ਦੇਸ਼ ਅੱਜ ਨਸ਼ੇ ਦੀ ਸਮੱਸਿਆ ਨਾਲ ਵੀ ਜੂਝ ਰਿਹਾ ਹੈ, ਨੌਜਵਾਨ ਪੀੜ੍ਹੀ ਨਸ਼ਿਆਂ ਕਾਰਨ ਕਮਜ਼ੋਰ ਹੋ ਰਹੀ ਹੈ । ਨਸ਼ਾ ਇੱਕ ਸਮਾਜਿਕ ਬੁਰਾਈ ਹੈ, ਜੋ ਨੌਜਵਾਨਾਂ ਦੀ ਸਮਰੱਥਾ ਨੈਤਿਕਤਾ ਅਤੇ ਉੱਜਵਲ ਭਵਿੱਖ ਨੂੰ ਨਿਗਲ ਰਹੀ ਹੈ । ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣਾ ਬੇਹੱਦ ਜ਼ਰੂਰੀ ਹੈ। ਸਿਹਤਮੰਦ ਅਤੇ ਨਰੋਈ ਸੋਚ ਵਾਲੇ ਨੌਜਵਾਨ ਹੀ ਭਾਰਤ ਦਾ ਨਿਰਮਾਣ ਕਰ ਸਕਦੇ ਹਨ, ਕਿਉਂਕਿ ਸਿਹਤਮੰਦ ਹੋਣਾ ਹੀ ਜ਼ਿੰਦਗੀ ਦਾ ਸਭ ਤੋਂ ਵੱਡਾ ਸਰਮਾਇਆ ਹੈ । ਸਰਕਾਰ ਵੱਲੋਂ ਜਿਹੜਾ ਪੈਸਾ ਮੁਫ਼ਤ ਦੀਆਂ ਸਹੂਲਤਾਂ 'ਤੇ ਖ਼ਰਚਿਆ ਜਾ ਰਿਹਾ ਹੈ, ਉਹੀ ਪੈਸਾ ਕੰਮ ਬਦਲੇ ਨੌਜਵਾਨਾਂ ਨੂੰ ਦਿੱਤਾ ਜਾਵੇ । ਸਰਕਾਰੀ ਜਾਇਦਾਦਾਂ ਵੇਚਣ ਦੀ ਬਜਾਏ, ਉਨ੍ਹਾਂ 'ਤੇ ਕਾਰਖਾਨੇ ਲਗਾਏ ਜਾਣ ਅਤੇ ਜੋ ਸਮਾਨ ਚੀਨ ਤੋਂ ਆਉਂਦਾ ਹੈ, ਉਹ ਇੱਥੇ ਬਣਾਇਆ ਜਾ ਸਕੇ । ਨੌਜਵਾਨਾਂ ਨੂੰ ਰੁਜ਼ਗਾਰ ਮਿਲੇ ਅਤੇ ਦੇਸ਼ ਦੀ ਆਮਦਨ ਵਿੱਚ ਵਾਧਾ ਹੋਵੇ । ਦੇਸ਼ ਦੇ ਨਿਰਮਾਣ ਤੇ ਵਿਕਾਸ ਲਈ ਨੌਜਵਾਨ ਪੀੜ੍ਹੀ ਦਾ ਯੋਗਦਾਨ ਬਹੁਤ ਅਹਿਮੀਅਤ ਰੱਖਦਾ ਹੈ । ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇਕਰ ਨੌਜਵਾਨ ਪੀੜ੍ਹੀ ਕੋਲ ਰੁਜ਼ਗਾਰ ਹੋਵੇਗਾ ।

# ਸੰਪਰਕ : 98146-62260

# ਨਰੇਗਾ ਕਾਮਿਆਂ ਵੱਲੋਂ 16 ਨੂੰ ਦਿੱਤੇ ਜਾਣਗੇ ਜ਼ਿਲ੍ਹਾ ਪੱਧਰੀ ਧਰਨੇ : ਗਦਾਈਆ, ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੀ ਮੀਟਿੰਗ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਆਗੂਆਂ ਨੇ ਪੰਜਾਬ ਦੇ ਨਰੇਗਾ ਮਜ਼ਦੂਰਾਂ ਨੂੰ ਆ ਰਹੀਆਂ ਮੁਸ਼ਕਲਾਂ, ਮਜ਼ਦੂਰਾਂ ਦੀਆਂ ਮੰਗਾਂ ਤੇ ਇਨ੍ਹਾਂ ਦੇ ਹੱਲ ਲਈ ਆਉਣ ਵਾਲੇ ਸਮੇਂ ਦੇ ਪ੍ਰੋਗਰਾਮ ਉਲੀਕੇ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਤੇ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਦੱਸਿਆ ਕਿ ਕੇਂਦਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ, ਨਰੇਗਾ ਨੂੰ ਖਤਮ ਕਰਨ ਦੀਆਂ ਸਾਜ਼ਿਸ਼ਾਂ ਤੇ ਪੰਜਾਬ ਸਰਕਾਰ ਵੱਲੋਂ ਨਰੇਗਾ ਸਕੀਮ ਨੂੰ ਸਹੀ ਤਰੀਕੇ ਨਾਲ ਲਾਗੂ ਨਾ ਕਰਨ ਕਾਰਨ ਨਰੇਗਾ ਮਜ਼ਦੂਰਾਂ ਵਿੱਚ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਭਾਰੀ ਰੋਸ ਹੈ। ਨਰੇਗਾ ਕਾਨੂੰਨ ਮੁਤਾਬਕ ਹਰ ਮਜ਼ਦੂਰ ਨੂੰ ਕੰਮ ਮੰਗਣ ਦੀ ਸੂਰਤ ਵਿੱਚ 100 ਦਿਨ ਰੁਜ਼ਗਾਰ ਦੀ ਗਰੰਟੀ ਹੈ, ਪਰ ਪੰਜਾਬ ਦੇ ਨਰੇਗਾ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਬੀਤੇ ਸਾਲ 2024-25 ਦੌਰਾਨ ਪੰਜਾਬ ਦੇ ਤਕਰੀਬਨ ਸਾਢੇ 12 ਲੱਖ ਨਰੇਗਾ ਪਰਵਾਰਾਂ ਵਿੱਚੋਂ ਸਿਰਫ 13049 ਨੂੰ ਹੀ 100 ਦਿਨ ਦਾ ਰੁਜ਼ਗਾਰ ਪ੍ਰਾਪਤ ਹੋਇਆ ਹੈ। ਪੰਜਾਬ ਦੇ 218600 ਪਰਿਵਾਰ ਸਿਰਫ 1 ਤੋਂ 14 ਦਿਨ, 207127 ਪਰਵਾਰ ਸਿਰਫ 15 ਤੋਂ 30 ਦਿਨ ਤੇ ਸਿਰਫ 91934 ਪਰਵਾਰ 81 ਤੋਂ 99 ਦਿਨਾਂ ਦਾ ਰੁਜ਼ਗਾਰ ਹੀ ਪ੍ਰਾਪਤ ਕਰ ਸਕੇ, ਜਦੋਂਕਿ ਹਰ ਜਾਬ ਕਾਰਡ ਧਾਰਕ ਪਰਵਾਰ ਨੂੰ ਨਰੇਗਾ ਤਹਿਤ 100 ਦਿਨ ਦਾ ਰੁਜ਼ਗਾਰ ਪ੍ਰਾਪਤ ਕਰਨ ਦਾ ਹੱਕ ਤੇ ਲੋੜ ਹੈ। ਆਗੂਆਂ ਨੇ ਦੱਸਿਆ ਕਿ ਕੰਮ ਦੀ ਗਾਰੰਟੀ ਲਈ ਜ਼ਰੂਰੀ ਕੰਮ ਅਰਜ਼ੀਆਂ ਦੀਆਂ ਰਸੀਦਾਂ ਮਜ਼ਦੂਰਾਂ ਨੂੰ ਮੰਗਣ ਦੇ ਬਾਵਜੂਦ ਨਹੀਂ ਦਿੱਤੀਆਂ ਜਾਂਦੀਆਂ, ਜਿਸ ਕਾਰਨ ਉਹ 100 ਦਿਨ ਦੀ ਗਾਰੰਟੀ ਜਾਂ ਬੇਰੁਜ਼ਗਾਰੀ ਭੱਤੇ ਤੋਂ ਵਾਂਝੇ ਕਰ ਦਿੱਤੇ ਜਾਂਦੇ ਹਨ। ਆਗੂਆਂ ਨੇ ਇਹ ਵੀ ਕਿਹਾ ਕਿ ਪਿਛਲੇ 3-4 ਮਹੀਨਿਆਂ ਦੇ ਕੀਤੇ ਕੰਮ ਦੇ ਪੈਸੇ ਵੀ ਰੁਕੇ ਹੋਏ ਹਨ। ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਦੇ ਮਸਲਿਆਂ ਤੇ ਮੰਗਾਂ ਲਈ, ਰੁਕੇ ਪੈਸੇ ਪਵਾਉਣ ਲਈ, ਦਿਹਾੜੀ ਰੇਟ 1000 ਕਰਵਾਉਣ, ਕੰਮ ਦੇ ਦਿਨਾਂ ਦੀ ਗਾਰੰਟੀ 200 ਕਰਵਾਉਣ ਲਈ, ਨਰੇਗਾ ਮੇਟਾਂ ਦੀ ਸੈਮੀਸਕਿਲਡ ਵਾਲੀ ਦਿਹਾੜੀ 450 ਲਾਗੂ ਕਰਵਾਉਣ ਤੇ ਹੋਰ ਮੰਗਾਂ ਨੂੰ ਲੈ ਕੇ 16 ਮਈ ਨੂੰ ਪੰਜਾਬ ਭਰ 'ਚ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਅੱਗੇ ਧਰਨੇ ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਕੇਂਦਰ ਸਰਕਾਰ ਦੇ ਨਰੇਗਾ ਨੂੰ ਖਤਮ ਕਰਨ ਦੇ ਮਨਸੂਬਿਆਂ ਨੂੰ ਨਰੇਗਾ ਮਜ਼ਦੂਰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ ਤੇ ਇਸ ਖ਼ਿਲਾਫ ਵੱਡੀ ਪੱਧਰ 'ਤੇ ਲਾਮਬੰਦੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ 20 ਮਈ ਨੂੰ ਹੋ ਰਹੀ ਦੇਸ਼ ਵਿਆਪੀ ਹੜਤਾਲ ਵਿੱਚ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਆਗੂ ਤੇ ਵਰਕਰ ਆਪੋ ਆਪਣੇ ਜ਼ਿਲ੍ਹਿਆਂ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਉਨ੍ਹਾਂ ਨਾਲ ਕਾਮਰੇਡ ਖੁਸ਼ੀਆ ਸਿੰਘ, ਜਗਰਾਜ ਸਿੰਘ ਰਾਮਾ ਬਠਿੰਡਾ, ਬਲਕਾਰ ਸਿੰਘ ਦੁਧਾਲਾ ਅੰਮ੍ਰਿਤਸਰ, ਗੋਰਾ ਸਿੰਘ ਪਿਪਲੀ ਫਰੀਦਕੋਟ ਤੇ ਬੋਹੜ ਸਿੰਘ ਸ੍ਰੀ ਮੁਕਤਸਰ ਸਾਹਿਬ ਹਾਜ਼ਰ ਸਨ।

# ਆਂਗਣਵਾੜੀ ਵਰਕਰ/ਹੈਲਪਰ ਦੀਆਂ ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਤਾਂ ਵਿੱਢਾਂਗੇ ਤਿੱਖਾ ਸੰਘਰਸ਼ : ਸਰੋਜ ਛੱਪੜੀ ਵਾਲਾ

**ਆਲ ਇੰਡੀਆ ਆਂਗਣਵਾੜੀ ਵਰਕਰ/ਹੈਲਪਰ ਯੂਨੀਅਨ ਪੰਜਾਬ ਏਟਕ ਦੀ ਮੋਗਾ 'ਚ ਸੂਬਾ ਪੱਧਰੀ ਮੀਟਿੰਗ**



**ਮੋਗਾ (ਇਕਬਾਲ ਸਿੰਘ ਖਹਿਰਾ)**-ਆਲ ਇੰਡੀਆ ਆਂਗਣਵਾੜੀ ਵਰਕਰ/ਹੈਲਪਰ ਯੂਨੀਅਨ ਪੰਜਾਬ ਏਟਕ ਦੀ ਮੀਟਿੰਗ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੂਬਾ ਸਕੱਤਰ ਸੁਨੀਲ ਕੌਰ ਬੱਧਨੀ, ਸੂਬਾ ਵਿੱਤ ਸਕੱਤਰ ਗੁਰਚਰਨ ਕੌਰ ਮੋਗਾ, ਡਿਪਟੀ ਸਕੱਤਰ ਬਲਵਿੰਦਰ ਕੌਰ ਖੋਸਾ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਕੌਰ ਚੁਗਾਵਾਂ, ਮੀਤ ਪ੍ਰਧਾਨ ਮਨਜੀਤ ਜੋਸ਼ੀ, ਜੀਤ ਸਕੱਤਰ ਸਿੰਦਰ ਦੁਨੇਕੇ, ਪਿਆਰ ਕੌਰ ਜੀਰਾ, ਮਨਜਿੰਦਰ ਕੌਰ ਗੁਰਿਆਣਾ, ਬਲਵਿੰਦਰ ਕੌਰ ਲੋਕੇ ਕਲਾਂ, ਰਾਜਵਿੰਦਰ ਕੌਰ ਧਰਮਕੋਟ ਤੇ ਸਰਬਜੀਤ ਕੌਰ ਮੀਟਿੰਗ ਵਿੱਚ ਹਾਜ਼ਰ ਹੋਏ। ਮੀਟਿੰਗ ਦੌਰਾਨ ਆਗੂਆਂ ਨੇ ਵਿਚਾਰ ਕਰਦੇ ਹੋਏ ਕਿਹਾ ਕਿ ਜਦੋਂ ਦੀ ਆਮ ਆਦਮੀ ਸਰਕਾਰ ਆਈ ਹੈ, ਆਂਗਣਵਾੜੀ ਵਰਕਰ/ਹੈਲਪਰ ਦਾ ਕੰਮ ਦਾ ਬੋਝ ਵਧ ਰਿਹਾ ਹੈ ਤੇ ਪੈਸੇ ਦੀ ਗਿਣਤੀ ਦਿਨੋਂ ਦਿਨ ਘਟ ਰਹੀ ਹੈ। ਕੰਮ ਦੇ ਮੁਤਾਬਕ ਉਜਰਤਾਂ ਵਿੱਚ ਵਾਧਾ ਕਰਕੇ ਆਂਗਣਵਾੜੀ ਵਰਕਰ/ਹੈਲਪਰ ਨੂੰ ਮਿਨੀਮਮ ਵੇਜ ਦਿੱਤਾ ਜਾਵੇ, ਪਰ ਜਦੋਂ ਤੱਕ ਪੰਜਾਬ ਸਰਕਾਰ ਮਿਨੀਮਮ ਵੇਜ ਨਹੀਂ ਦਿੰਦੀ, ਆਪਣੇ ਕੀਤੇ ਹੋਏ ਵਾਅਦੇ ਅਨੁਸਾਰ ਤਨਖਾਹ ਦੁੱਗਣੀ ਕੀਤੀ ਜਾਵੇ, ਤਿੰਨ ਤੋਂ ਛੇ ਸਾਲ ਦੇ ਬੱਚੇ ਆਂਗਣਵਾੜੀ ਸੈਂਟਰਾਂ ਨੂੰ ਵਾਪਸ ਕੀਤੇ ਜਾਣ, ਆਧਾਰ ਕਾਰਡਾਂ ਦੀ ਵੈਰੀਫਿਕੇਸ਼ਨ ਈ.ਕੇ.ਵਾਈ.ਸੀ. ਕਰਵਾਉਣੀ ਬੰਦ ਕੀਤੀ ਜਾਵੇ। ਜਿਨ੍ਹਾਂ ਬਲਾਕਾਂ 'ਚ ਸੀ ਬੀ ਈ ਤੇ ਪੀ ਐੱਮ ਐੱਮ.ਵੀ. ਵਾਈ. ਦੇ ਪੈਸੇ ਨਹੀਂ ਮਿਲੇ, ਉਹ ਤੁਰੰਤ ਦਿੱਤੇ ਜਾਣ, ਆਂਗਣਵਾੜੀ ਵਰਕਰਾਂ/ਹੈਲਪਰਾਂ ਦਾ ਬਕਾਇਆ ਤੁਰੰਤ ਦਿੱਤਾ ਜਾਵੇ, ਰਾਸ਼ਨ ਵਿੱਚ ਸੋਧ ਕਰਕੇ ਸਹੀ ਦਿੱਤਾ ਜਾਵੇ, ਖਾਲੀ ਸੈਂਟਰਾਂ ਦੀਆਂ ਪੋਸਟਾਂ ਤੁਰੰਤ ਪੂਰੀਆਂ ਕੀਤੀਆਂ ਜਾਣ, ਵਰਕਰਾਂ/ਹੈਲਪਰਾਂ ਦੀ ਪ੍ਰਮੋਸ਼ਨ ਤੇ ਬਦਲੀਆਂ ਜਲਦੀ ਤੋਂ ਜਲਦੀ ਕੀਤੀਆਂ ਜਾਣ, ਬਾਧੂ ਚਾਰਜ ਦਾ 50 ਰੁਪਏ ਦੀ ਥਾਂ 'ਤੇ ਅੱਧੀ ਤਨਖਾਹ ਦਿੱਤੀ ਜਾਵੇ। ਸੈਂਟਰ ਸਰਕਾਰ ਤੇ ਪੰਜਾਬ ਸਰਕਾਰ ਦੀ ਤਨਖਾਹ ਇੱਕੋ ਸਮੇਂ ਇੱਕੋ ਵਾਰ ਦਿੱਤੀ ਜਾਵੇ। ਜਥੇਬੰਦੀ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਇਨ੍ਹਾਂ ਮੰਗਾਂ ਦੇ ਸਬੰਧ ਵਿੱਚ ਸੀ.ਡੀ.ਪੀ.ਓ. ਰਾਹੀਂ 10 ਮਈ ਤੋਂ ਬਾਅਦ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ ਜਾਣਗੇ। ਜੇਕਰ ਮੰਗਾਂ ਦਾ ਨਿਪਟਾਰਾ ਨਾ ਹੋਇਆ ਤਾਂ ਜਥੇਬੰਦੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਸ਼ੰਭੂ ਥਾਣੇ ਦਾ ਘਿਰਾਓ ਕਰਨ ਜਾ ਰਹੇ ਕਿਸਾਨ ਰਸਤੇ 'ਚ ਰੋਕੇ

**ਪੰਜ ਦਰਜਨ ਦੇ ਕਰੀਬ ਕਿਸਾਨ ਘੱਗਾ ਥਾਣੇ ਵਿਖੇ ਬੰਦ**



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕਿਸਾਨੀ ਮੰਗਾਂ ਲਈ ਇੱਕ ਸਾਲ ਤੋਂ ਵੱਧ ਸਮੇਂ ਤੋਂ ਅੰਦੋਲਨ ਕਰਦੇ ਆ ਰਹੇ ਕਿਸਾਨਾਂ ਦਾ ਅੰਦੋਲਨ ਖਤਮ ਕਰਨ ਲਈ ਪੁਲਸ ਵੱਲੋਂ ਕਿਸਾਨਾਂ 'ਤੇ ਕੀਤੇ ਗਏ ਤਸ਼ੱਦਦ ਦੇ ਰੋਸ ਵਜੋਂ ਸ਼ੰਭੂ ਥਾਣੇ ਦਾ ਘਰਾਓ ਕਰਨ ਜਾ ਰਹੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਆਗੂਆਂ ਤੇ ਵਰਕਰਾਂ ਨੂੰ ਰੋਕ ਦਿੱਤਾ ਗਿਆ ਹੈ।ਡੀ ਐੱਸ ਪੀ ਪਾਤੜਾਂ ਇੰਦਰਪਾਲ ਚੌਹਾਨ ਦੀ ਅਗਵਾਈ 'ਚ ਪਾਤੜਾਂ ਪੁਲਸ ਨੇ ਉਨ੍ਹਾਂ ਨੂੰ ਰਸਤੇ ਵਿੱਚ ਰੋਕ ਕੇ ਵਾਪਸ ਘੱਗਾ ਥਾਣੇ ਲਿਆ ਕੇ ਬੰਦ ਕਰ ਦਿੱਤਾ, ਜਿਸ ਦੇ ਰੋਸ ਵਜੋਂ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਵੱਲੋਂ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਕਿਸਾਨ ਆਗੂ ਯਾਦਵਿੰਦਰ ਸਿੰਘ ਬੂਰੜ ਤੇ ਅਮਰੀਕ ਸਿੰਘ ਕਲਵਾਣੂ ਨੇ ਕਿਹਾ ਕਿ ਜਿਹੜੇ ਕਿਸਾਨਾਂ ਦੀਆਂ ਕਣਕਾਂ ਅੱਗ ਜਾਂ ਗੜੇਮਾਰੀ ਨਾਲ ਬਰਬਾਦ ਹੋਈਆਂ ਹਨ, ਉਨ੍ਹਾਂ ਦੀ ਭਰਪਾਈ ਲਈ ਦੋਵਾਂ ਫੋਰਮਾਂ ਦੇ ਸੱਦੇ 'ਤੇ ਡੀ ਸੀ ਦਫ਼ਤਰਾਂ ਵਿੱਚ ਮੰਗ ਪੱਤਰ ਦੇ ਕੇ ਸਰਕਾਰ ਤੋਂ 50 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦੇਣ ਦੀ ਮੰਗ ਕੀਤੇ ਜਾਣ ਤੇ ਐੱਮ.ਐੱਸ.ਪੀ. ਦੀ ਕਾਨੂੰਨੀ ਗਾਰੰਟੀ ਤੇ ਹੋਰ ਕਿਸਾਨੀ ਮੰਗਾਂ ਕੇਂਦਰ ਸਰਕਾਰ ਤੋਂ ਲੈਣ ਲਈ 1 ਸਾਲ ਤੋਂ ਵੱਧ ਸਮੇਂ ਤੋਂ ਸ਼ੰਭੂ ਬਾਰਡਰ 'ਤੇ ਬੈਠੇ ਕਿਸਾਨਾਂ ਨੂੰ ਕੇਂਦਰ ਨਾਲ ਮੀਟਿੰਗ ਕਰਨ ਦੇ ਬਹਾਨੇ ਸੱਦ ਕੇ ਗ੍ਰਿਫਤਾਰ ਕਰਨ ਮਗਰੋਂ ਧਰਨੇ 'ਤੇ ਮੌਜੂਦ ਕਿਸਾਨਾਂ 'ਤੇ ਪੁਲਸ ਵੱਲੋਂ ਤਸ਼ੱਦਦ ਕਰਨ ਅਤੇ ਸ਼ੰਭੂ ਥਾਣੇ ਵੱਲੋਂ ਕਿਸਾਨਾਂ ਦੀਆਂ ਟਰਾਲੀਆਂ, ਪਾਣੀ ਵਾਲੀਆਂ ਟੈਂਕੀਆਂ, ਕਿਸਾਨਾਂ ਦੇ ਸ਼ੈੱਡਾਂ ਵਾਲਾ ਸੈਂਕੜੇ ਕੁਇੰਟਲ ਲੋਹਾ, ਭਾਂਡੇ, ਬਿਸਤਰੇ, ਮੰਜੇ, ਕੂਲਰ, ਫਰਿੱਜ਼, ਏ ਸੀ ਤੇ ਕੀਮਤੀ ਸਾਮਾਨ ਪੁਲਸ ਦੀ ਨਿਗ੍ਹਾ ਥੱਲੇ ਚੋਰੀ ਕਰਵਾਏ ਜਾਣ ਦੀ ਭਰਪਾਈ ਦੀ ਮੰਗ ਕਰਨ।ਇਹ ਸਾਮਾਨ ਚੋਰੀ ਕਰਨ ਵਾਲਿਆਂ 'ਤੇ ਕੇਸ ਦਰਜ ਕਰਕੇ ਗ੍ਰਿਫਤਾਰ ਕੀਤੇ ਜਾਣ ਅਤੇ ਮੋਰਚੇ ਦੇ ਆਗੂ ਬਲਵੰਤ ਸਿੰਘ ਬਹਿਰਾਮਕੇ ਨੂੰ ਬੇਰਹਿਮੀ ਨਾਲ ਕੁੱਟਣ ਵਾਲੇ ਐੱਸ ਐੱਚ ਓ ਹਰਪ੍ਰੀਤ ਸਿੰਘ ਨੂੰ ਗ੍ਰਿਫਤਾਰ ਕਰਕੇ ਸਸਪੈਂਡ ਕੀਤੇ ਜਾਣ ਅਤੇ ਚੋਰਾਂ ਦੀ ਮਦਦ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਵਾਉਣ ਲਈ ਸ਼ੰਭੂ ਥਾਣੇ ਦਾ ਘਿਰਾਉ ਕਰਨ ਦੇ ਫੈਸਲੇ ਤਹਿਤ ਉਹ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਨਾਲ ਲੈ ਕੇ ਸ਼ੰਭੂ ਥਾਣੇ ਵੱਲ ਰਵਾਨਾ ਹੋਏ ਸਨ, ਪਰ ਉਨ੍ਹਾਂ ਨੂੰ ਰਸਤੇ ਵਿੱਚ ਗ੍ਰਿਫਤਾਰ ਕਰਕੇ ਪੰਜਾਬ ਸਰਕਾਰ ਨੇ ਫਿਰ ਕਿਸਾਨ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੇ ਹਰ ਜਬਰ ਦਾ ਸਬਰ ਨਾਲ ਜਵਾਬ ਦਿੱਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਦਿਆਲ ਸਿੰਘ, ਰਣਜੀਤ ਸਿੰਘ, ਮਨਦੀਪ ਸਿੰਘ ਭੂਤਗੜ੍ਹ, ਗੁਰਜਿੰਦਰ ਸਿੰਘ ਸਧਾਰਨਪੁਰ, ਬਲਾਕ ਆਗੂ ਸੁੱਖਾ ਸਿੰਘ ਦਫ਼ਤਰੀਵਾਲਾ, ਪ੍ਰਿਤਪਾਲ ਸਿੰਘ, ਬਿੱਕਰ ਸਿੰਘ, ਭੁਪਿੰਦਰ ਸਿੰਘ, ਪ੍ਰੀਤਮ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਸਕੂਲਾਂ ਨੇੜੇ ਐਨਰਜੀ ਡਰਿੰਕ ਵੇਚਣ 'ਤੇ ਪਾਬੰਦੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਕਮਿਸ਼ਨਰ ਫੂਡ ਅਤੇ ਡਰੱਗ ਅਡਮਿਨਿਸਟ੍ਰੇਸ਼ਨ ਪੰਜਾਬ ਦਿਲਰਾਜ ਸਿੰਘ ਆਈਏਐਸ ਵੱਲੋਂ ਸਕੂਲਾਂ ਦੇ ਨੇੜੇ ਐਨਰਜੀ ਡਰਿੰਕ ਵੇਚਣ 'ਤੇ ਪਾਬੰਦੀ ਲਾ ਦਿੱਤੀ ਗਈ ਹੈ।ਹੁਕਮਾਂ ਅਨੁਸਾਰ ਐਨਰਜੀ ਡਰਿੰਕ ਛੋਟੇ ਬੱਚਿਆਂ ਦੇ ਸਿਹਤ ਲਈ ਠੀਕ ਨਹੀਂ ਹਨ।ਇਸ ਲਈ ਦਿਹਾਤੀ ਖੇਤਰਾਂ ਵਿੱਚ ਸਕੂਲ ਦੇ ਘੇਰੇ ਦੇ 100 ਮੀਟਰ ਵਿੱਚ ਤੇ ਸ਼ਹਿਰੀ ਖੇਤਰਾਂ ਵਿੱਚ 50 ਮੀਟਰ ਦੇ ਅੰਦਰ ਐਨਰਜੀ ਡਰਿੰਕ ਵੇਚਣ 'ਤੇ ਰੋਕ ਲਾਈ ਗਈ ਹੈ।ਇਸੇ ਤਰ੍ਹਾਂ ਬੱਚਿਆਂ ਨੂੰ ਐਨਰਜੀ ਡਰਿੰਕ ਵੇਚਣ 'ਤੇ ਵੀ ਰੋਕ ਰਹੇਗੀ।ਇਹ ਰੋਕ ਇੱਕ ਸਾਲ ਲਈ ਪ੍ਰਭਾਵ ਵੀ ਰਹੇਗੀ।ਇਹ ਹੁਕਮ ਫੂਡ ਸੇਫਟੀ ਤੇ ਸਟੈਂਡਰਡ ਐਕਟ 2006 ਦੇ ਤਹਿਤ ਜਾਰੀ ਕੀਤੇ ਗਏ ਹਨ।

### ਹਾਦਸੇ 'ਚ ਜ਼ਖਮੀਂ ਵਿਅਕਤੀ ਦੀ ਹੋਈ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਅਣਪਛਾਤੇ ਵਹੀਕਲ ਦੀ ਲਪੇਟ ਆਉਣ ਨਾਲ ਇੱਕ ਵਿਅਕਤੀ ਜ਼ਖਮੀਂ ਹੋ ਗਿਆ ਸੀ, ਜਿਸ ਦੀ ਇਲਾਜ ਦੌਰਾਨ ਮੌਤ ਹੋ ਗਈ। ਇਸ ਸਬੰਧੀ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਹੀਕਲ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕ੍ਰਿਸਟੀਨਾ ਪਤਨੀ ਜਗਮੋਹਨ ਵਾਸੀ ਗਲੀ ਨੰਬਰ 7 ਨਵੀਂ ਆਬਾਦੀ ਰਾਮਪੁਰਾ ਕਰਮਪੁਰਾ ਸ੍ਰੀ ਅੰਮ੍ਰਿਤਸਰ ਸਾਹਿਬ ਹਾਲ ਮਕਾਨ ਨੰਬਰ 266 ਲਾਲ ਕੁੜਤੀ ਕੈਂਟ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਪਤੀ ਜਗਮੋਹਨ ਦੇਵ ਸਮਾਜ ਮਾਡਲ ਸਕੂਲ ਸਿਟੀ ਫਿਰੋਜ਼ਪੁਰ ਵਿਖੇ ਸੁਪਰਵਾਈਜ਼ਰ ਪ੍ਰਾਈਵੇਟ ਨੌਕਰੀ ਕਰਦਾ ਹੈ, ਜੋ 3 ਮਈ 2025 ਨੂੰ ਆਪਣੀ ਡਿਊਟੀ 'ਤੇ ਜਾ ਰਿਹਾ ਸੀ, ਜਿਸ ਨੂੰ ਕੋਈ ਅਣਪਛਾਤਾ ਵਿਅਕਤੀ ਵਹੀਕਲ ਫੇਟ ਮਾਰ ਗਿਆ ਸੀ, ਜਿਸ ਨੂੰ ਇਲਾਜ ਲਈ ਬਾਗੀ ਹਸਪਤਾਲ ਫਿਰੋਜ਼ਪੁਰ ਦਾਖਲ ਕਰਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਹੀਕਲ ਚਾਲਕ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਕੇਂਦਰੀ ਜੇਲ੍ਹ 'ਚੋਂ ਮੋਬਾਇਲ ਤੇ ਨਸ਼ੀਲਾ ਪਾਊਡਰ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਤਲਾਸ਼ੀ ਦੌਰਾਨ 1 ਕੀਪੈਡ ਫੋਨ ਤੇ 42 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਕੀਤਾ ਹੈ। ਪੁਲਸ ਨੇ ਦੱਸਿਆ ਕਿ ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇਕ ਹਵਾਲਾਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਇਕ ਪੱਤਰ ਰਾਹੀਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 5 ਮਈ 2025 ਨੂੰ ਕੇਂਦਰੀ ਜੇਲ੍ਹ ਅੰਦਰ ਹਵਾਲਾਤੀ ਤਰਸੇਮ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ ਜ਼ਿਲ੍ਹਾ ਮੋਗਾ ਕੋਲੋਂ ਇਕ ਕੀਪੈਡ ਫੋਨ ਤੇ 42 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਕੀਤਾ ਹੈ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਪਾਣੀਆਂ ਸਬੰਧੀ ਨੂਰਾ ਕੁਸ਼ਤੀ ਦੀ ਥਾਂ ਗੰਭੀਰ ਯਤਨਾਂ ਦੀ ਲੋੜ : ਵਿਰਕ

**ਪਹਿਲਗਾਮ ਅੱਤਵਾਦੀ ਹਮਲੇ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀਆਂ**



**ਸਿਰਸਾ (ਸੁਰਿੰਦਰ ਪਾਲ ਸਿੰਘ)** : ਬਾਬਾ ਬੰਤਾ ਸਿੰਘ ਭਵਨ ਰਾਣੀਆਂ ਵਿਖੇ ਕਾਮਰੇਡ ਦਲੀਪ ਸਿੰਘ ਸੋਲੰਕੀ ਦੀ ਪ੍ਰਧਾਨਗੀ ਹੇਠ ਹੋਈ ਭਾਰਤੀ ਕਮਿਊਨਿਸਟ ਪਾਰਟੀ ਦੀ ਮੀਟਿੰਗ ਵਿੱਚ ਪਹਿਲਗਾਮ ਅੱਤਵਾਦੀ ਹਮਲੇ ਵਿੱਚ ਜਾਨ ਗਵਾਉਣ ਵਾਲੇ ਸਾਰੇ ਭਾਰਤੀਆਂ ਤੇ ਇੱਕ ਨੇਪਾਲੀ ਨਾਗਰਿਕ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਸਕੱਤਰ ਕਾਮਰੇਡ ਦਰੀਆਓ ਸਿੰਘ ਕਸ਼ਯਪ ਨੇ ਕਿਹਾ ਕਿ ਪਾਰਟੀ ਦਾ ਰਾਜ ਪੱਧਰੀ ਸੰਮੇਲਨ 7 ਤੇ 8 ਜੂਨ ਨੂੰ ਯਮੁਨਾ ਨਗਰ ਵਿੱਚ ਅਤੇ ਰਾਸ਼ਟਰੀ ਸੰਮੇਲਨ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋਵੇਗਾ। ਉਨ੍ਹਾਂ ਕਿਹਾ ਕਿ ਰਾਸ਼ਟਰੀ ਮਜ਼ਦੂਰ ਕਰਮਚਾਰੀ ਸੰਗਠਨਾਂ ਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 20 ਮਈ ਨੂੰ ਇੱਕ ਰੋਜ਼ਾ ਹੜਤਾਲ ਨੂੰ ਸਫਲ ਬਣਾਉਣ ਲਈ ਪ੍ਰੋਗਰਾਮ ਤਿਆਰ ਕੀਤਾ ਗਿਆ ਹੈ। ਪੰਜਾਬ ਤੇ ਹਰਿਆਣਾ ਦੇ ਮੁੱਖ ਮੰਤਰੀਆਂ ਵਿਚਕਾਰ ਪਾਣੀ ਨੂੰ ਲੈ ਕੇ ਚੱਲ ਰਹੀ ਨੂਰਾ ਕੁਸ਼ਤੀ 'ਤੇ ਬੋਲਦਿਆਂ ਕਾਮਰੇਡ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਸਿਰਸਾ ਦੇ ਹਿੱਸੇ ਦਾ ਪਾਣੀ ਸਾਰੀਆਂ ਨਹਿਰਾਂ ਵਿੱਚ ਸਮੇਂ ਸਿਰ ਛੱਡਿਆ ਜਾਣਾ ਚਾਹੀਦਾ ਹੈ ਤਾਂ ਜੋ ਨਰਮੇ ਦੀ ਬਿਜਾਈ ਤੇ ਪਸ਼ੂਆਂ ਲਈ ਚਾਰੇ ਦਾ ਕੰਮ ਸਮੇਂ ਸਿਰ ਹੋ ਸਕੇ। ਉਨ੍ਹਾਂ ਕਿਹਾ ਕਿ ਸਿਰਸਾ ਖੇਤਰ ਵਿੱਚ ਪੀਣ ਵਾਲੇ ਪਾਣੀ ਦੀ ਵੱਡੀ ਘਾਟ ਨੂੰ ਨਹਿਰਾਂ ਵਿੱਚ ਪਾਣੀ ਆਉਣ 'ਤੇ ਹੀ ਹੱਲ ਕੀਤਾ ਜਾ ਸਕਦਾ ਹੈ। ਇਸ ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਦਲੀਪ ਸਿੰਘ ਸੋਲੰਕੀ, ਬਲਰਾਜ ਸਿੰਘ ਬਣੀ, ਹਰਦੇਵ ਸਿੰਘ ਜੋਸ਼, ਲਸ਼ਮਣ ਸਿੰਘ ਸ਼ੇਖਾਵਤ, ਪ੍ਰਿਤਪਾਲ ਸਿੰਘ, ਸਰਵਜੀਤ ਸਿੰਘ, ਬਲਵੰਤ ਸਿੰਘ ਸੰਤ ਨਗਰ, ਗੁਰਨਾਮ ਸਿੰਘ, ਕੁਲਦੀਪ ਸਿੰਘ, ਰੇਸ਼ਮ ਸਿੰਘ ਸੰਧੂ, ਤਿਲਕ ਰਾਜ ਵਿਨਾਇਕ, ਪਾਲਾ ਚੀਮਾ, ਅਮਰਜੀਤ ਸਿੰਘ, ਕੁਲਵੰਤ ਸਿੰਘ ਰਾਣੀਆ, ਡਾ: ਸੁਖਦੇਵ ਸਿੰਘ ਜੰਮੂ ਤੇ ਤਰਨ ਸਿੰਘ ਤੋਂ ਬਿਨਾਂ ਬਹੁਤ ਸਾਰੇ ਖੱਬੇ ਪੱਖੀ ਕਾਰਕੁਨ ਸ਼ਾਮਲ ਸਨ।

# ਆੜ੍ਹਤੀ ਐਸੋਸੀਏਸ਼ਨ ਵੱਲੋਂ ਕਣਕ ਦੀ ਲਿਫਟਿੰਗ 'ਚ ਤੇਜ਼ੀ ਲਿਆਉਣ ਲਈ ਸੈਕਟਰੀ ਨੂੰ ਸੌਂਪਿਆ ਮੰਗ ਪੱਤਰ

**ਬਾਘਾ ਪੁਰਾਣਾ (ਮਨੀ ਸਿੰਗਲਾ)**



ਮਾਰਕੀਟ ਕਮੇਟੀ ਬਾਘਾ ਪੁਰਾਣਾ ਅਧੀਨ ਪੈਂਦੀਆਂ ਦਾਣਾ ਮੰਡੀਆਂ ਵਿੱਚੋਂ ਕਣਕ ਦੇ ਗੱਟਿਆਂ ਦੀ ਲਿਫਟਿੰਗ ਨਾ ਹੋਣ ਕਾਰਨ ਪੰਜਾਬ ਸਰਕਾਰ ਤੇ ਆਪ ਆਗੂਆਂ ਵੱਲੋਂ ਕੀਤੇ ਜਾਂਦੇ ਦਾਅਵਿਆਂ ਦੀ ਪੋਲ ਅੱਜ ਆੜ੍ਹਤੀ ਐਸੋਸੀਏਸ਼ਨ, ਲੇਬਰ ਤੇ ਕਿਸਾਨਾਂ ਵੱਲੋਂ ਲਿਫਟਿੰਗ ਦੇ ਕੰਮ ਵਿੱਚ ਤੇਜ਼ੀ ਲਿਆਉਣ ਲਈ ਮਾਰਕੀਟ ਕਮੇਟੀ ਦੇ ਸੈਕਟਰੀ ਨੂੰ ਦਿੱਤੇ ਮੰਗ ਪੱਤਰ ਤੋਂ ਪਤਾ ਲੱਗਦਾ ਹੈ ਕਿ ਮਾਰਕੀਟ ਕਮੇਟੀ ਬਾਘਾ ਪੁਰਾਣਾ ਅਧੀਨ ਆਉਂਦੀਆਂ ਮੰਡੀਆਂ ਵਿੱਚ ਕਿੰਨੀ ਕੁ ਲਿਫਟਿੰਗ ਹੋਈ ਹੈ, ਪਰ ਜੋ ਅਧਿਕਾਰੀਆਂ ਵੱਲੋਂ ਦਾਅਵੇ ਕੀਤੇ ਜਾਂਦੇ ਹਨ ਕਿ ਬਾਘਾ ਪੁਰਾਣਾ ਦੀਆਂ ਦਾਣਾ ਮੰਡੀਆਂ ਵਿੱਚ ਲਿਫਟਿੰਗ ਦਾ ਕੰਮ ਜ਼ੋਰਾਂ 'ਤੇ ਹੈ, ਆੜ੍ਹਤੀਆ ਨੇ ਉਨ੍ਹਾਂ 'ਤੇ ਵੀ ਸਵਾਲ ਖੜ੍ਹੇ ਕੀਤੇ ਹਨ।ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸੈਕਟਰੀ ਨੂੰ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਮੋਗਾ ਦੇ ਨਾਮ ਮੰਗ ਪੱਤਰ ਸੌਂਪਦਿਆਂ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਬਲਤੇਜ ਸਿੰਘ ਲੰਗੇਆਣਾ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਬਿੱਟੂ ਮਿੱਤਲ, ਵਿਜੈ ਬਾਂਸਲ, ਸੰਜੀਵ ਬਿੱਟੂ ਰੋਡੇ, ਤੰਨੂ ਗੋਇਲ, ਤੀਰਥ ਬਾਂਸਲ, ਸਰਪੰਚ ਅਮਰਜੀਤ ਸਿੰਘ ਘੋਲੀਆ, ਹਰਪ੍ਰੀਤ ਕਾਲੇਕੇ, ਗੁਰਦਰਸ਼ਨ ਸਿੰਘ ਕਾਲੇਕੇ, ਨੰਦ ਸਿੰਘ ਬਰਾੜ, ਸੁਖਜੀਤ ਸਿੰਘ, ਗੁਰਦੀਪ ਸਿੰਘ ਆਲਮਵਾਲਾ, ਮਿਲਣ ਗਰਗ, ਹਰਫੂਲ ਗਰਗ, ਡਾ. ਵਿੱਕੀ, ਗੁਰਜੰਟ ਸਿੰਘ ਚੌਧਰੀ, ਪ੍ਰਿੰਥੀ ਸਿੰਘ ਕੌਂਸਲਰ, ਕਮਲ ਕੁਮਾਰ ਪ੍ਰਧਾਨ ਲੇਬਰ ਯੂਨੀਅਨ ਨੇ ਕਿਹਾ ਕਿ ਇਕ ਤਾਂ ਆਏ ਬਦਲਦਾ ਮੌਸਮ ਉਨ੍ਹਾਂ ਦੇ ਸਾਹ ਸੁਕਾ ਕੇ ਰੱਖ ਦਿੰਦਾ ਹੈ, ਦੂਜੇ ਪਾਸੇ ਲਿਫਟਿੰਗ ਨਾ ਹੋਣ ਕਾਰਨ ਨੀਲੇ ਅਸਮਾਨ ਦੇ ਹੇਠਾਂ ਪਈਆਂ ਕਣਕ ਦੀਆਂ ਭਰੀਆਂ ਬੋਰੀਆਂ ਬਾਰਿਸ਼ ਹੋਣ ਕਾਰਨ ਭਿੱਜਣ ਦਾ ਡਰ ਬਣਿਆ ਰਹਿੰਦਾ।

ਉਨ੍ਹਾਂ ਦੱਸਿਆ ਕਿ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਮੂਹ ਖਰੀਦ ਕੇਂਦਰਾਂ ਵਿੱਚ ਸਮੂਹ ਖਰੀਦ ਏਜੰਸੀਆ ਵੱਲੋਂ 41,50,000 ਗੱਟਾ ਖਰੀਦ ਕੀਤਾ ਜਾ ਚੁੱਕਾ ਹੈ, ਪਰ ਖਰੀਦੇ ਹੋਏ ਮਾਲ ਨੂੰ ਚੁੱਕਣ ਲਈ ਬਹੁਤ ਹੀ ਘੱਟ ਪ੍ਰਬੰਧ ਹਨ ਤੇ ਬਹੁਤ ਹੀ ਧੀਮੀ ਗਤੀ ਨਾਲ ਕੰਮ ਚੱਲ ਰਿਹਾ ਹੈ, ਜਿਸ ਕਾਰਨ ਹੁਣ ਤੱਕ 24,00,000 ਗੱਟਾ ਹੀ ਲਿਫਟ ਕੀਤਾ ਗਿਆ ਹੈ, ਜੋ ਕਿ ਟਰਾਂਸਪੋਰਟ ਤੇ ਸਬੰਧਤ ਲੇਬਰ ਠੇਕੇਦਾਰ ਦੀ ਲਿਫਟਿੰਗ ਪ੍ਰਤੀ ਲਾਪ੍ਰਵਾਹੀ ਦਰਸਾਉਂਦਾ ਹੈ।ਆੜ੍ਹਤੀਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਮੰਗ ਪੱਤਰ ਰਾਹੀਂ ਇਹ ਵੀ ਦੱਸਣਾ ਬਣਦਾ ਹੈ ਕਿ ਖਰੀਦ ਏਜੰਸੀ ਵੱਲੋਂ ਖਰੀਦਿਆ ਹੋਇਆ ਮਾਲ 12 ਘੰਟਿਆਂ ਵਿੱਚ ਚੁੱਕਣਾ ਬਣਦਾ ਹੈ, ਪਰ ਟਰਾਂਸਪੋਰਟ ਤੇ ਲੇਬਰ ਠੇਕੇਦਾਰ ਦੇ ਘਟੀਆ ਪ੍ਰਬੰਧਾਂ ਕਾਰਨ ਮੰਡੀਆਂ ਵਿੱਚ ਬੋਰੀਆਂ ਦੇ ਅੰਬਾਰ ਲੱਗੇ ਹੋਏ ਹਨ, ਜਿਸ ਕਾਰਨ ਮਾਲ ਦੀ ਭਾਰੀ ਸ਼ਰਟੇਜ ਆਉਣ ਦਾ ਖਦਸ਼ਾ ਹੈ, ਜਿਸ ਦਾ ਆੜ੍ਹਤੀਏ ਤੇ ਸਬੰਧਤ ਲੇਬਰ ਜ਼ਿੰਮੇਵਾਰ ਨਹੀਂ ਹੋਣਗੇ।ਉਨ੍ਹਾਂ ਡਿਪਟੀ ਕਮਿਸ਼ਨ ਮੋਗਾ ਤੋਂ ਮੰਗ ਕੀਤੀ ਕਿ ਟਰਾਂਸਪੋਰਟ ਤੇ ਲੇਬਰ ਠੇਕੇਦਾਰ ਨੂੰ ਸਖਤ ਹਦਾਇਤ ਕੀਤੀ ਜਾਵੇ ਕਿ ਬਕਾਇਆ ਰਹਿੰਦਾ ਭਰਿਆ ਹੋਇਆ ਮਾਲ ਜਲਦੀ ਤੋਂ ਜਲਦੀ ਲਿਫਟ ਕਰਵਾਇਆ ਜਾਵੇ।ਇਸ ਮੌਕੇ ਉਕਤ ਦੇ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ, ਆੜ੍ਹਤੀ ਤੇ ਮਜ਼ਦੂਰ ਹਾਜ਼ਰ ਸਨ, ਜਿਨ੍ਹਾਂ ਵੱਲੋਂ ਮਾਰਕੀਟ ਕਮੇਟੀ ਬਾਘਾ ਪੁਰਾਣਾ ਪ੍ਰਤੀ ਰੋਸ ਪ੍ਰਗਟਾਇਆ ਜਾ ਰਿਹਾ ਹੈ।

# ਮੰਢਾਲੀ ਦੇ ਨੌਜਵਾਨ ਦਾ ਕੈਨੇਡਾ 'ਚ ਕਤਲ



**ਬੋਹਾ (ਨਿਰੰਜਣ ਬੋਹਾ)**-ਬੋਹਾ ਖੇਤਰ ਦੇ ਪਿੰਡ ਮੰਢਾਲੀ ਦੇ ਨੌਜਵਾਨ ਨਵਦੀਪ ਸਿੰਘ ਦਾ ਬੀਤੇ ਦਿਨ ਕੈਨੇਡਾ ਵਿੱਚ ਕਤਲ ਕਰ ਦਿੱਤੇ ਜਾਣ ਦਾ ਸਮਾਚਾਰ ਹੈ।ਉਹ ਇੰਪਲਾਈਜ਼ ਫੈਡਰੇਸ਼ਨ (ਪਹਿਲਾਵਾਨ) ਦੇ ਸੂਬਾਈ ਪ੍ਰਧਾਨ ਬਲਦੇਵ ਸਿੰਘ ਮੰਡਾਲੀ ਦੇ ਸਪੁੱਤਰ ਸੀ ਤੇ ਇਸ ਵੇਲੇ ਕੈਨੇਡਾ ਦੇ ਟੋਰਾਂਟੋ ਵਿੱਚ ਰਹਿ ਰਿਹਾ ਸੀ।ਕੁਝ ਦਿਨ ਪਹਿਲਾਂ ਉਹ ਆਪਣਾ ਟਰਾਲਾ ਲੈ ਕੇ ਕੈਨੇਡਾ ਤੋਂ ਸਰੀ ਵੱਲ ਗਿਆ ਸੀ, ਪਰ ਸਰੀ ਵੱਲ ਰਵਾਨਾ ਹੋਣ ਤੋਂ ਬਾਅਦ ਉਸ ਦੇ ਪਰਵਾਰ ਦਾ ਉਸ ਨਾਲ ਸੰਪਰਕ ਨਹੀਂ ਸੀ ਹੋ ਰਿਹਾ।ਅੱਜ ਸਵੇਰੇ ਕੈਨੇਡਾ ਦੀ ਪੁਲਸ ਨੇ ਉਸ ਦੇ ਕਤਲ ਹੋਣ ਦੀ ਸੂਚਨਾ ਪਰਿਵਾਰ ਨੂੰ ਦਿੱਤੀ।ਉਸ ਦੇ ਕਤਲ ਦੇ ਕਾਰਨ ਅਜੇ ਸਪੱਸ਼ਟ ਰੂਪ ਵਿੱਚ ਸਾਹਮਣੇ ਨਹੀਂ ਆਏ, ਪਰ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਕਾਤਲਾਂ ਨੇ ਉਸ ਦਾ ਕਤਲ ਕਰਨ ਤੋਂ ਬਾਅਦ ਉਸ ਦੀ ਲਾਸ਼ ਨੂੰ ਸਮੁੰਦਰ ਵਿੱਚ ਸੁੱਟ ਦਿੱਤਾ ਗਿਆ ਹੈ। ਉਸ ਦੇ ਮ੍ਰਿਤਕ ਸਰੀਰ ਦੀ ਸਮੁੰਦਰ ਵਿੱਚ ਭਾਲ ਜਾਰੀ ਹੈ।ਜਿਉਂ ਹੀ ਇਹ ਖਬਰ ਮਿਲੀ ਤਾਂ ਸਾਰੇ ਬੋਹਾ ਖੇਤਰ ਵਿੱਚ ਸੋਗ ਦੀ ਲਹਿਰ ਛਾ ਗਈ।ਇੰਪਲਾਈਜ਼ ਫੈਡਰੇਸ਼ਨ ਦੀ ਸੂਬਾ ਕਮੇਟੀ ਨੇ ਨਵਦੀਪ ਸਿੰਘ ਦੇ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।ਵਿਧਾਨ ਸਭਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਵੀ ਨਵਦੀਪ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਉਸ ਦੇ ਕਾਤਲਾਂ ਨੂੰ ਸਖਤ ਸਜ਼ਾ ਦੇਣ ਦੀ ਮੰਗ ਕੀਤੀ ਹੈ।

# ਨਗਰ ਕੌਂਸਲ ਦੀਆਂ ਦੁਕਾਨਾਂ ਨੂੰ ਕਿਰਾਏਦਾਰ ਮਾਲਕ ਬਣ ਕੇ ਵੇਚਣ ਲੱਗੇ, ਪ੍ਰਸ਼ਾਸਨ ਖਾਮੋਸ਼



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਸ਼ਹਿਰਾਂ ਵਿੱਚ ਨਗਰ ਕੌਂਸਲ ਵੱਲੋਂ ਅਲੱਗ ਅਲੱਗ ਮਾਰਕੀਟਾਂ ਬਣਾਈਆਂ ਜਾਂਦੀਆਂ ਹਨ, ਜਿਨ੍ਹਾਂ ਨੂੰ ਰੁਜ਼ਗਾਰ ਲਈ ਆਮ ਲੋਕਾਂ ਨੂੰ ਕਿਰਾਏ 'ਤੇ ਦਿੱਤਾ ਜਾਂਦਾ ਹੈ, ਪਰ ਜਿਵੇਂ ਜਿਵੇਂ ਸਮਾਂ ਬੀਤ ਰਿਹਾ ਹੈ, ਕਈ ਵਾਰ ਕਿਰਾਏਦਾਰ ਆਪਣੇ ਆਪ ਨੂੰ ਮਾਲਕ ਸਮਝ ਬਹਿੰਦਾ ਹੈ।ਜਿਸ ਦੀ ਉਦਾਹਰਨ ਸ਼ਹਿਰ ਦੇ ਇੰਦਰਾ ਰੋਡ 'ਤੇ ਸਥਿਤ ਇੱਕ ਦੁਕਾਨ 'ਤੇ ਦੁਕਾਨ ਦੇ ਕਿਰਾਏਦਾਰ ਨੇ ਦੁਕਾਨ ਵਿਕਾਊ ਹੈ ਅਤੇ ਮੋਬਾਇਲ ਨੰਬਰ 98157-59559 ਦੇ ਕੇ ਪੋਸਟਰ ਲਗਾ ਦਿੱਤਾ, ਜਦਕਿ ਉਹ ਦੁਕਾਨ ਦੱਸਣ ਮੁਤਾਬਕ ਨਗਰ ਕੌਂਸਲ ਦੀ ਹੈ।ਨਗਰ ਕੌਂਸਲ ਦੀ ਪ੍ਰਾਪਰਟੀ ਨੂੰ ਕਿਰਾਏਦਾਰ ਕਿਸ ਤਰ੍ਹਾਂ ਵੇਚ ਸਕਦਾ ਹੈ? ਇਸ ਦਾ ਕਾਰਨ ਹੈ, ਮਾਰਕਿਟ ਵਿੱਚ ਆਈ ਤੇਜ਼ੀ। ਕਿਸੇ ਟਾਈਮ ਇਹ ਦੁਕਾਨਾਂ ਪੰਜ ਪੰਜ ਹਜ਼ਾਰ ਕੀਮਤ ਦੀਆਂ ਹੁੰਦੀਆਂ ਸਨ, ਪਰ ਹੁਣ 50 ਲੱਖ ਤੱਕ ਇਨ੍ਹਾਂ ਦੀ ਕੀਮਤ ਹੈ। ਇਹ ਕਿਰਾਏਦਾਰ ਬੜੇ ਚਲਾਕ ਹਨ, ਆਪਣੇ ਬਿਆਨੇ ਤੋਂ ਨਵੇਂ ਖਰੀਦਦਾਰ ਨੂੰ ਬਿਆਨਾ ਕਰਕੇ ਮਾਲਕ ਬਣ ਕੇ ਤੇ ਮੁਲਾਜ਼ਮਾਂ ਦੀ ਮਿਲੀਭੁਗਤ ਨਾਲ ਭਾਰੀ ਵੱਡੀ ਰਕਮ ਲੈ ਜਾਂਦੇ ਹਨ।ਦੂਜੇ ਪਾਸੇ ਨਗਰ ਕੌਂਸਲ ਦੇ ਉੱਚ ਅਧਿਕਾਰੀ ਮੂਕ ਦਰਸ਼ਕ ਬਣ ਕੇ ਤਮਾਸ਼ਾ ਦੇਖ ਰਹੇ ਹਨ।ਅੱਜ ਤੱਕ ਕਿਸੇ ਵੀ ਪ੍ਰਸ਼ਾਸਨ ਅਧਿਕਾਰੀ ਨੇ ਇਸ ਵਿਸ਼ੇ 'ਤੇ ਆਪਣਾ ਮੂੰਹ ਖੋਲ੍ਹਣਾ ਮੁਨਾਸਿਬ ਨਹੀਂ ਸਮਝਿਆ।ਇਸ ਤੋਂ ਇੱਕ ਗੱਲ ਜ਼ਾਹਰ ਹੁੰਦੀ ਹੈ ਕਿ ਨਗਰ ਕੌਂਸਲ ਪ੍ਰਸ਼ਾਸਨ ਤੇ ਕਿਰਾਏਦਾਰ ਅੰਦਰ ਖਾਤੇ ਘਿਓ-ਖਿਚੜੀ ਹਨ।ਸਰਕਾਰ ਤੇ ਉੱਚ ਅਧਿਕਾਰੀਆਂ ਨੂੰ ਇਸ ਦੀ ਜਾਂਚ ਕਰਨੀ ਚਾਹੀਦੀ ਹੈ, ਤਾਂ ਜੋ ਸਰਕਾਰੀ ਪ੍ਰਾਪਰਟੀ ਨੂੰ ਵੇਚਣ ਤੋਂ ਬਚਾਇਆ ਜਾ ਸਕੇ।ਜਦੋਂ ਇਸ ਬਾਬਤ ਨਗਰ ਕੌਂਸਲ ਦੇ ਈ ਓ ਮੰਗਤ ਰਾਮ ਤੇ ਪ੍ਰਧਾਨ ਸ਼ੁੱਭਦੀਪ ਸਿੰਘ ਬਿੱਟੂ ਨੂੰ ਪੁੱਛਿਆ ਗਿਆ ਤਾਂ ਉਸ ਨੇ ਕਿਹਾ ਕਿ ਅਜੇ ਤੱਕ ਸਾਡੀ ਜਾਣਕਾਰੀ ਵਿੱਚ ਨਹੀਂ ਹੈ।ਅਸੀਂ ਇਸ ਦੀ ਪੜਤਾਲ ਕਰਾਂਗੇ, ਜੇਕਰ ਇਸ ਤਰ੍ਹਾਂ ਦੀ ਘਟਨਾ ਸੱਚਮੁੱਚ ਹੋਈ ਹੈ ਤਾਂ ਉਸ 'ਤੇ ਕਾਨੂੰਨੀ ਕਾਰਵਾਈ ਹੋਵੇਗੀ।ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਜਾਂਦੀ ਹੈ ਕਿ ਇਸ ਤਰ੍ਹਾਂ ਦੇ ਘਪਲਿਆਂ ਡੂੰਘਾਈ ਨਾਲ ਜਾਂਚ ਕਰਵਾਈ ਜਾਵੇ ਤਾਂ ਜੋ ਨਜਾਇਜ਼ ਵੇਚੀਆਂ ਦੁਕਾਨਾਂ ਦੀ ਸੱਚਾਈ ਲੋਕਾਂ ਸਾਹਮਣੇ ਆ ਸਕੇ।

# ਪਾਵਰਕਾਮ ਮੈਨੇਜਮੈਂਟ ਵੱਲੋਂ ਸਰਕਾਰ ਦੇ ਹੁਕਮਾਂ ਦੀ ਘੋਰ ਉਲੰਘਣਾ : ਅਮਰੀਕ ਸਿੰਘ ਮਸੀਤਾਂ

**ਸਰਕਾਰ ਤੇ ਪਾਵਰਕਾਮ ਦੀਆਂ ਦਮਨਕਾਰੀ ਨੀਤੀਆਂ ਵਿਰੁੱਧ 20 ਨੂੰ ਸੰਕੇਤਕ ਹੜਤਾਲ**



**ਮੋਗਾ (ਇਕਬਾਲ ਸਿੰਘ ਖਹਿਰਾ)**

ਪਾਵਰਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਮੋਗਾ ਦੀਆਂ ਸ਼ਹਿਰੀ ਤੇ ਪੇਂਡੂ ਇਕਾਈਆਂ ਦੀ ਮਹੀਨਾਵਾਰ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਦੇ ਸ਼ਹੀਦ ਸਤੀਸ਼ ਲੂੰਬਾ ਭਵਨ ਵਿਖੇ ਪੈਨਸ਼ਨਰਾਂ ਦੇ ਸੀਨੀਅਰ ਆਗੂ ਸਵਰਨਜੀਤ ਸਿੰਘ ਨਾਹਰ ਤੇ ਗੁਰਮੇਲ ਸਿੰਘ ਨਾਹਰ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਯੂਨੀਅਨ ਆਗੂ ਅਮਰੀਕ ਸਿੰਘ ਮਸੀਤਾਂ, ਸੂਬਾਈ ਜਨਰਲ ਸਕੱਤਰ ਗੁਰਮੇਲ ਸਿੰਘ ਨਾਹਰ, ਸਕੱਤਰ ਗੁਰਮੀਤ ਸਿੰਘ ਧਾਲੀਵਾਲ, ਜਸਵਿੰਦਰ ਸਿੰਘ, ਜੋਗਿੰਦਰ ਸਿੰਘ, ਸਵਰਨਜੀਤ ਸਿੰਘ, ਤੇਜਾ ਸਿੰਘ ਬਰਾੜ ਤੇ ਯੂਨੀਅਨ ਆਗੂਆਂ ਨੇ ਸੰਬੋਧਨ ਕਰਦਿਆਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਪੰਜਾਬ ਸਰਕਾਰ ਤੇ ਪਾਵਰਕਾਮ ਟਰਾਂਸਕੋ ਮੈਨੇਜਮੈਂਟ ਦੀ ਟਾਲ-ਮਟੋਲ ਵਾਲੀ ਨੀਤੀ ਦਾ ਵਿਰੋਧ ਕੀਤਾ। ਆਗੂਆਂ ਨੇ ਕਿਹਾ ਕਿ ਸਰਕਾਰ ਤੇ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮੀਟਿੰਗ ਲਈ ਸਮਾਂ ਦੇਣ ਤੋਂ ਬਾਅਦ ਵੀ ਮੀਟਿੰਗ ਮੁਲਤਵੀ/ਰੱਦ ਕੀਤੀ ਜਾਂਦੀ ਹੈ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਗੰਭੀਰ ਨਹੀਂ ਅਤੇ ਲੰਮੇ ਸਮੇਂ ਤੋਂ ਟਾਲ-ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ। ਪੰਜਾਬ ਯੂ ਟੀ ਇੰਪਲਾਈਜ਼ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਅਗਵਾਈ ਹੇਠ, ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਿਰੁੱਧ ਰਾਜ ਪੱਧਰੀ ਰੈਲੀਆਂ, ਵਿਰੋਧ ਪ੍ਰਦਰਸ਼ਨ ਆਦਿ ਕੀਤੇ ਜਾ ਰਹੇ ਹਨ, ਪਰ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ। ਸਰਕਾਰ ਦੀਆਂ ਇਨ੍ਹਾਂ ਕਰਮਚਾਰੀ-ਵਿਰੋਧੀ ਤੇ ਪੈਨਸ਼ਨਰ-ਵਿਰੋਧੀ ਨੀਤੀਆਂ ਤੋਂ ਤੰਗ ਆ ਕੇ ਇਨਸਾਫ਼ ਪ੍ਰਾਪਤ ਕਰਨ ਲਈ ਹਾਈ ਕੋਰਟਾਂ ਵਿੱਚ ਰਿੱਟ ਪਟੀਸ਼ਨਾਂ ਦਾਇਰ ਕੀਤੀਆਂ ਜਾ ਰਹੀਆਂ ਹਨ।

ਸੁਪਰੀਮ ਕੋਰਟ ਤੇ ਹਾਈ ਕੋਰਟਾਂ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਫੈਸਲੇ ਦੇਣ ਤੋਂ ਬਾਅਦ ਵੀ ਉਨ੍ਹਾਂ ਨੂੰ ਲਾਗੂ ਕਰਨ ਦੀ ਬਜਾਏ ਪੰਜਾਬ ਸਰਕਾਰ ਅਗਲੀਆਂ ਹਾਈ ਕੋਰਟਾਂ ਦੇ ਡਬਲ ਬੈਂਚ ਵਿੱਚ ਅਪੀਲਾਂ ਦਾਇਰ ਕਰ ਰਹੀ ਹੈ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਆਪਣੇ ਵਾਅਦੇ ਤੇ ਜਾਇਜ਼ ਮੰਗਾਂ ਪੂਰੀਆਂ ਕਰਨ ਲਈ ਤਿਆਰ ਨਹੀਂ ਅਤੇ ਸਿਰਫ਼ ਆਪਣਾ ਸਮਾਂ ਬਿਤਾਅ ਰਹੀ ਹੈ। ਕਰਮਚਾਰੀਆਂ ਤੇ ਪੈਨਸ਼ਨਰਾਂ ਦੀਆਂ ਮੁੱਖ ਮੰਗਾਂ ਵਿੱਚ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਪੇਸ਼ ਕੀਤੀ ਗਈ ਰਿਪੋਰਟ ਨੂੰ ਲਾਗੂ ਕਰਨਾ ਅਤੇ ਕੈਬਨਿਟ ਤੇ ਵਿੱਤ ਮੰਤਰਾਲੇ ਵੱਲੋਂ ਸਵੀਕਾਰ ਕਰਨਾ ਸ਼ਾਮਲ ਹੈ। ਸਾਰਿਆਂ ਲਈ 2.59 ਦੇ ਗੁਣਾਂਕ ਨਾਲ ਪੈਨਸ਼ਨ ਸੋਧ, ਜਨਵਰੀ 2016 ਤੋਂ ਜੂਨ 2021 ਤੱਕ ਪੈਨਸ਼ਨ ਸੋਧ ਬਕਾਏ ਦੀ ਤੁਰੰਤ ਇਕਮੁਸ਼ਤ ਅਦਾਇਗੀ, ਮਹਿੰਗਾਈ ਭੱਤੇ ਦੇ 42 ਤੋਂ 55 ਪ੍ਰਤੀਸ਼ਤ ਦੀਆਂ ਤਿੰਨ ਕਿਸ਼ਤਾਂ ਦੇ 13% ਦੀ ਇਕਮੁਸ਼ਤ ਅਦਾਇਗੀ। ਨਕਦੀ ਰਹਿਤ ਮੈਡੀਕਲ ਸਕੀਮ ਨੂੰ ਤੁਰੰਤ ਲਾਗੂ ਕਰਨਾ, ਕੈਜ਼ੂਅਲ ਤੇ ਠੇਕਾ ਕਰਮਚਾਰੀਆਂ ਨੂੰ ਨਿਯਮਤ ਕਰਨਾ, ਰੁਪਏ ਦੀ ਤੁਰੰਤ ਵਾਪਸੀ। ਵਿਕਾਸ ਟੈਕਸ ਦੇ ਰੂਪ ਵਿੱਚ 200 ਰੁਪਏ ਪ੍ਰਤੀ ਮਹੀਨਾ ਵਿਆਜ ਸਮੇਤ ਕਟੌਤੀ, 15 ਸਾਲਾਂ ਦੀ ਬਜਾਏ 10.8 ਮਹੀਨਿਆਂ ਵਿੱਚ ਪੈਨਸ਼ਨ ਕਮਿਊਟੇਸ਼ਨ ਦੀ ਕਟੌਤੀ ਤੇ ਉਸ ਤੋਂ ਬਾਅਦ ਤੁਰੰਤ ਪ੍ਰਭਾਵ ਨਾਲ ਕਟੌਤੀ ਨੂੰ ਰੋਕਣਾ ਤੇ ਬੇਲੋੜੀ ਕਟੌਤੀ ਵਾਪਸ ਕਰਨਾ ਆਦਿ ਹੈ। ਪਾਵਰਕਾਮ ਟਰਾਂਸਕੋ ਮੈਨੇਜਮੈਂਟ ਨੇ ਪੰਜਾਬ ਸਰਕਾਰ ਦੇ ਹੁਕਮਾਂ ਦੀ ਘੋਰ ਉਲੰਘਣਾ ਕੀਤੀ ਹੈ ਤੇ ਪੈਨਸ਼ਨਰਾਂ ਨਾਲ ਅਪ੍ਰੈਲ ਮਹੀਨੇ ਦੀ ਪੈਨਸ਼ਨ ਦੇ ਨਾਲ-ਨਾਲ ਬਕਾਏ ਤੇ ਲੀਵ ਇਨਕੈਸ਼ਮੈਂਟ ਦਾ ਭੁਗਤਾਨ ਨਾ ਕਰਕੇ ਧੋਖਾ ਕੀਤਾ ਹੈ, ਭਾਵੇਂ ਕਿ ਪੰਜਾਬ ਸਰਕਾਰ ਵੱਲੋਂ ਤਨਖਾਹ ਸੋਧ ਦੇ ਬਕਾਏ ਸੰਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ। ਇਸ ਦੇ ਵਿਰੋਧ ਵਿੱਚ ਸਮੂਹ ਪੈਨਸ਼ਨਰ ਸੰਗਠਨਾਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਟਰਾਂਸਕੋ ਮੈਨੇਜਮੈਂਟ ਵਿਰੁੱਧ ਸੰਘਰਸ਼ ਦਾ ਬਿਗਲ ਵਜਾ ਦਿੱਤਾ ਹੈ, ਜਿਸ ਲਈ ਪੰਜਾਬ ਸਰਕਾਰ ਤੇ ਪਾਵਰਕਾਮ ਟਰਾਂਸਕੋ ਮੈਨੇਜਮੈਂਟ ਖੁਦ ਜ਼ਿੰਮੇਵਾਰ ਹੋਵੇਗੀ।

ਇਸ ਦੇ ਨਾਲ ਹੀ ਕੇਂਦਰੀ ਕਰਮਚਾਰੀ ਤੇ ਪੈਨਸ਼ਨਰ ਸੰਗਠਨਾਂ ਨੇ ਕੇਂਦਰ, ਪੰਜਾਬ ਸਰਕਾਰ ਤੇ ਪਾਵਰਕਾਮ ਵੱਲੋਂ ਕਰਮਚਾਰੀਆਂ ਤੇ ਪੈਨਸ਼ਨਰਾਂ ਵਿਰੁੱਧ ਲਾਗੂ ਕੀਤੀਆਂ ਜਾ ਰਹੀਆਂ ਦਮਨਕਾਰੀ ਨੀਤੀਆਂ ਵਿਰੁੱਧ 20 ਮਈ ਨੂੰ ਇੱਕ ਦਿਨ ਦੀ ਸੰਕੇਤਕ ਹੜਤਾਲ ਕਰਨ ਦਾ ਫੈਸਲਾ ਕੀਤਾ ਹੈ। ਇਸ ਮੌਕੇ ਬਿੱਕਰ ਸਿੰਘ, ਜਸਬੀਰ ਸਿੰਘ, ਬਲਦੇਵ ਸਿੰਘ ਝੰਡੇਆਣਾ, ਗੁਰਨਾਮ ਸਿੰਘ, ਅੰਗਰੇਜ਼ ਸਿੰਘ, ਗੁਰਦੇਵ ਸਿੰਘ, ਗੁਰਸੇਵਕ ਸਿੰਘ, ਗੁਰਦੇਵ ਸਿੰਘ, ਦਰਬਾਰਾ ਸਿੰਘ ਸਵਰਨ ਸਿੰਘ, ਬਲਦੇਵ ਸਿੰਘ, ਬਲਦੇਵ ਸਿੰਘ, ਡਾ. ਗੁਰਚਰਨ ਸਿੰਘ, ਜਗਜੀਤ ਸਿੰਘ, ਬਲਬੀਰ ਸਿੰਘ, ਗੁਰਮੀਤ ਸਿੰਘ ਕਮਾਲਕੇ, ਅਜਮੇਰ ਸਿੰਘ, ਜਗਜੀਤ ਸਿੰਘ, ਹਰਮੇਲ ਸਿੰਘ, ਬਲਕਾਰ ਸਿੰਘ, ਕਰਮ ਸਿੰਘ, ਜੱਸਾ ਸਿੰਘ, ਕਿਸ਼ਨ ਸਿੰਘ, ਇੰਦਰਜੀਤ ਸਿੰਘ, ਹਰਭਜਨ ਸਿੰਘ, ਗੁਰਦੀਪ ਸਿੰਘ, ਅੰਗਰੇਜ਼ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਲਾਟਰੀ ਵਿਕਰੇਤਾ ਲੋਕਾਂ ਦੇ ਲੱਖਾਂ ਰੁਪਏ ਲੈ ਕੇ ਫਰਾਰ




**ਬਠਿੰਡਾ (ਰਾਜੀਵ ਗੋਇਲ)**-ਸੂਬੇ ਅੰਦਰ ਜਾਲ੍ਹੀ ਲਾਟਰੀਆਂ ਦਾ ਧੰਦਾਂ ਜ਼ੋਰਾਂ 'ਤੇ ਹੈ। ਅਜੇ ਕੁਝ ਸਮਾਂ ਪਹਿਲਾਂ ਬਠਿੰਡਾ ਪੁਲਸ ਵੱਲੋਂ ਜ਼ਿਲ੍ਹੇ ਦੇ ਪਿੰਡ ਮਲੂਕਾ ਵਿਖੇ ਚੱਲ ਰਹੇ ਜਾਲ੍ਹੀ ਲਾਟਰੀ ਦੇ ਧੰਦੇ ਨੂੰ ਲੈ ਕੇ ਦਰਜ ਕੀਤੇ ਗਏ ਮੁਕੱਦਮੇ ਦਾ ਸੇਕ ਅਜੇ ਠੰਡਾ ਵੀ ਨਹੀਂ ਸੀ ਹੋਇਆ, ਲੋਕਾਂ ਵੱਲੋਂ ਮੁੜ ਇਨ੍ਹਾਂ ਲਾਟਰੀਆਂ ਨੂੰ ਧਾਰਮਿਕ ਸਥਾਨਾਂ ਦਾ ਸਹਾਰਾ ਲੈ ਕੇ ਭੋਲੇ ਭਾਲੇ ਤੇ ਲਾਲਚ ਦੇ ਪੱਟੇ ਲੋਕਾਂ ਨੂੰ ਮੁੜ ਲੁੱਟਣਾ ਸ਼ੁਰੂ ਕਰ ਦਿੱਤਾ ਗਿਆ। ਤਾਜ਼ਾ ਮਸਲਾ ਜ਼ਿਲ੍ਹਾ ਸੰਗਰੂਰ ਦੇ ਥਾਣਾ ਚੀਮਾ ਮੰਡੀ ਅਧੀਨ ਆਉਂਦੇ ਪਿੰਡ ਵੀਰ ਕਲਾਂ ਦਾ ਹੈ, ਜਿੱਥੇ ਗਊਸ਼ਾਲਾ ਦੇ ਨਾਮ 'ਤੇ ਸ਼ਰੇਆਮ ਚੱਲ ਰਹੀ ਸ਼ੋਸਲ ਮੀਡੀਆ 'ਤੇ ਐਡ ਸ਼ਾਇਦ ਸੰਗਰੂਰ ਪ੍ਰਸ਼ਾਸਨ ਨੂੰ ਦਿਖਾਈ ਹੀ ਨਹੀਂ ਦਿੱਤੀ। 5 ਮਈ ਨੂੰ ਇਹ ਡਰਾਅ ਨਿਕਲਣਾ ਸੀ, ਪਰ ਜਦੋਂ ਐੱਸ.ਐੱਸ.ਪੀ. ਦਫਤਰ ਸੰਗਰੂਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਸੰਬੰਧਤ ਐੱਸ.ਐੱਚ.ਓ. ਵੱਲੋਂ ਕਿਹਾ ਗਿਆ ਹੈ ਕਿ ਇਹ ਧੰਦਾ ਬੰਦ ਕਰਵਾ ਦਿੱਤਾ ਗਿਆ ਹੈ। ਹੁਣ ਸਵਾਲ ਇਹ ਉੱਠਦਾ ਹੈ ਕਿ ਜਦੋਂ ਇਨ੍ਹਾਂ ਲੋਕਾਂ ਵੱਲੋਂ ਯੂ-ਟਿਊਬਰਾਂ ਨਾਲ ਮਿਲ ਕੇ ਐਨੇ ਵੱਡੇ ਪੱਧਰ 'ਤੇ ਸੋਸ਼ਲ ਮੀਡੀਆ 'ਤੇ ਪ੍ਰਚਾਰ ਕੀਤਾ ਜਾ ਰਿਹਾ ਸੀ ਤਾਂ ਹਰ ਮੁਲਜ਼ਮ ਦੀ ਫੇਸਬੁੱਕ 'ਤੇ ਜਾਣਕਾਰੀ ਸਾਂਝੇ ਕਰਨ ਵਾਲੇ ਪ੍ਰਸ਼ਾਸਨ ਨੂੰ ਇਹ ਸਭ ਨਹੀਂ ਦਿਸਿਆ ਜਾਂ ਫਿਰ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਇਹ ਸਭ ਕੁਝ ਵਾਪਰਿਆ? ਇਹ ਸਭ ਜਾਂਚ ਦਾ ਵਿਸ਼ਾ ਹੈ, ਪਰ ਦੇਖਣਾ ਇਹ ਹੋਵੇਗਾ ਕਿ ਇਨ੍ਹਾਂ ਠੱਗਾਂ ਖਿਲਾਫ ਪ੍ਰਸ਼ਾਸਨ ਵੱਲੋਂ ਕੀ ਕਾਰਵਾਈ ਕੀਤੀ ਜਾਂਦੀ ਹੈ ਤੇ ਠੱਗੀ ਦੇ ਸ਼ਿਕਾਰ ਲੋਕਾਂ ਨੂੰ ਇਨਸਾਫ ਕਿਵੇਂ ਮਿਲਦਾ ਹੈ, ਇਹ ਤਾਂ ਹੁਣ ਆਉਣ ਵਾਲਾ ਸਮਾਂ ਹੀ ਦੱਸੇਗਾ। ਇਸ ਮਸਲੇ ਨੂੰ ਵਾਚਣ ਲਈ ਜਦੋਂ ਥਾਣਾ ਮੁਖੀ ਚੀਮਾ ਮੰਡੀ ਨਾਲ ਸੰਪਰਕ ਕਰਨਾ ਚਾਹਿਆ ਤਾਂ ਉਨ੍ਹਾਂ ਕਿਹਾ ਕਿ ਡਰਾਅ ਨਿਕਲਣ ਤੱਕ ਸਭ ਭੱਜ ਗਏ ਸਨ ਤੇ ਕਿਸੇ ਵੱਲੋਂ ਅਜੇ ਤੱਕ ਕੋਈ ਸ਼ਿਕਾਇਤ ਨਹੀਂ ਮਿਲੀ ਅਤੇ ਸ਼ਿਕਾਇਤ ਮਿਲਣ 'ਤੇ ਬਣਦੀ ਕਾਰਵਾਈ ਜ਼ਰੂਰ ਕੀਤੀ ਜਾਵੇਗੀ।

# ਜੇਲ੍ਹ ਅੰਦਰੋਂ ਚੱਲ ਰਹੇ ਨਸ਼ਾ ਤਸਕਰੀ ਰੈਕੇਟ ਦਾ ਪਰਦਾ ਫਾਸ਼

**ਤਫਤੀਸ਼ ਦੌਰਾਨ 4 ਕਿੱਲੋ ਚਿੱਟਾ/ਹੈਰੋਇਨ, 5,50,000/- ਡਰੱਗ ਮਨੀ, 1 ਪਿਸਟਲ ਬਰਾਮਦ**



**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਨਸ਼ਿਆਂ ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ 'ਯੁੱਧ ਨਸਿਆਂ ਵਿਰੁੱਧ' ਤਹਿਤ ਕਾਰਵਾਈ ਕਰਦੇ ਜ਼ਿਲ੍ਹਾ ਜੇਲ੍ਹ ਸੰਗਰੂਰ ਦੀ ਸਰਚ ਦੌਰਾਨ ਬਰਾਮਦ ਕੀਤੇ ਮੋਬਾਇਲ ਫੋਨਾਂ ਤੋਂ ਜੇਲ੍ਹ ਅੰਦਰੋਂ ਚੱਲ ਰਹੇ ਨਸ਼ੇ ਸਪਲਾਈ ਦੇ ਰੈਕਟ ਦਾ ਪਰਦਾਫਾਸ਼ ਕਰਕੇ 4 ਕਿੱਲੋਗ੍ਰਾਮ ਚਿੱਟਾ/ਹੈਰੋਇਨ, 5,50,000/- ਡਰੱਗ ਮਨੀ, 1 ਪਿਸਟਲ ਗਲੌਕ 9 ਐਮ ਐਮ ਸਮੇਤ 2 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ ਹਨ।ਸ੍ਰੀ ਸਰਤਾਜ ਸਿੰਘ ਚਾਹਲ ਐੱਸ.ਐੱਸ.ਪੀ. ਸੰਗਰੂਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਸ੍ਰੀ ਦਵਿੰਦਰ ਅੱਤਰੀ, ਕਪਤਾਨ ਪੁਲਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਨਿਗਰਾਨੀ ਹੇਠ ਸ੍ਰੀ ਦਲਜੀਤ ਸਿੰਘ ਵਿਰਕ ਉਪ ਕਪਤਾਨ ਪੁਲਸ (ਡਿਟੈਕਟਿਵ) ਸੰਗਰੂਰ ਦੀ ਅਗਵਾਈ ਹੇਠ ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ. ਬਹਾਦਰ ਸਿੰਘ ਵਾਲਾ ਤੇ ਸ:ਥ ਰਣਜੀਤ ਸਿੰਘ ਥਾਣਾ ਸਿਟੀ 1 ਸੰਗਰੂਰ ਸਮੇਤ ਪੁਲਸ ਪਾਰਟੀ ਸੀ ਆਈ ਏ ਸੰਗਰੂਰ ਨੂੰ ਉਸ ਸਮੇਂ ਸਫਲਤਾ ਮਿਲੀ ਜਦੋਂ ਪਿਛਲੇ ਮਹੀਨੇ ਜ਼ਿਲ੍ਹਾ ਜੇਲ੍ਹ ਸੰਗਰੂਰ ਦੀ ਸਰਚ ਦੌਰਾਨ 50 ਗ੍ਰਾਮ ਅਫੀਮ, 6 ਸਮਾਰਟ ਟੱਚ ਫੋਨ, 3 ਕੁਚੱਡਾ ਕੰਪਨੀ ਦੇ ਕੀਪੈਡ ਫੋਨ, 4 ਸਮਾਰਟ ਵਾਚ ਫੋਨ, 4 ਚਾਰਜਰ, 2 ਹੈਡਫੋਨ, 3 ਮੋਬਾਇਲ ਚਾਰਜਰ ਲੀਡ, 2 ਸਮਾਰਟ ਵਾਚ ਚਾਰਜਰ ਲੀਡ ਤੇ ਇੱਕ ਬੈਟਰੀ ਕੁਚੱਡਾ ਮੋਬਾਇਲ ਵਗੈਰਾ ਬਰਾਮਦ ਹੋਣ 'ਤੇ ਪਹਿਲਾਂ 8 ਦੋਸ਼ੀਆਂ ਗੁਰਵਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਪੀਰਾ ਕਾ ਬਾਗ ਜ਼ਿਲ੍ਹਾ ਗੁਰਦਾਸਪੁਰ, ਲਵਜੀਤ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਗੰਡੀ ਵਿੰਡ, ਸਿਕਦਰ ਸਿੰਘ ਪੁੱਤਰ ਇੰਦਰਪਾਲ ਸਿੰਘ ਵਾਸੀ ਠਰੂ ਜ਼ਿਲ੍ਹਾ ਤਰਨਤਾਰਨ, ਪਰਗਟ ਸਿੰਘ ਪੁੱਤਰ ਮੇਹਰ ਸਿੰਘ ਵਾਸੀ ਤਰਮਾਲਾ, ਸੁਲਤਾਨ ਸਿੰਘ ਪੁੱਤਰ ਅਰਜਿੰਦਰ ਸਿੰਘ ਵਾਸੀ ਇਸਾਪੁਰ, ਅਮਨ ਕੁਮਾਰ ਪੁੱਤਰ ਅਮਰਜੀਤ ਸਿੰਘ ਵਾਸੀ ਜੈਤੋ, ਅਜੇ ਪੁੱਤਰ ਸੁਭਾਸ ਵਾਸੀ ਕੁਰਕਸ਼ੇਤਰ (ਹਰਿਆਣਾ) ਤੇ ਹਰਪ੍ਰੀਤ ਸਿੰਘ ਪੁੱਤਰ ਲਾਲਾ ਸਿੰਘ ਵਾਸੀ ਲੁਧਿਆਣਾ ਹਾਲ ਜਿਲਾ ਜੇਲ ਸੰਗਰੂਰ ਦੇ ਖਿਲਾਫ ਮੁਕੱਦਮਾ ਨੰਬਰ 75 ਮਿਤੀ 27.04.2025 ਅ/ਧ 18 ਐਨ.ਡੀ.ਪੀ.ਐਸ. ਐਕਟ, 52-ਏ ਪਰੀਜਨ ਐਕਟ ਥਾਣਾ ਸਿਟੀ-1 ਸੰਗਰੂਰ ਦਰਜ ਰਜਿਸਟਰ ਕੀਤਾ ਗਿਆ ਸੀ।ਉਨ੍ਹਾਂ ਕਿਹਾ ਕਿ ਤਫਤੀਸ਼ ਦੌਰਾਨ ਮੁਲਜ਼ਮਾਂ ਨੂੰ 30 ਅਪ੍ਰੈਲ ਨੂੰ ਪ੍ਰੋਡਕਸ਼ਨ ਵਰੰਟ ਹਾਸਲ ਕਰਕੇ ਗ੍ਰਿਫਤਾਰ ਕਰਨ ਉਪਰੰਤ ਮਾਨਯੋਗ ਅਦਾਲਤ ਪਾਸੋਂ ਇਨ੍ਹਾਂ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਸੀ, ਜਿਨ੍ਹਾਂ ਦੀ ਪੁੱਛ ਗਿੱਛ ਦੇ ਅਧਾਰ 'ਤੇ 30 ਅਪ੍ਰੈਲ ਨੂੰ ਹੀ ਰਛਪਾਲ ਸਿੰਘ ਪੁੱਤਰ ਸੋਮਨਾਥ ਵਾਸੀ ਪਾਰਸ ਕਲੋਨੀ ਸੁਨਾਮ, ਹਰਪ੍ਰੀਤ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਚੀਮਾਂ ਥਾਣਾ ਸਦਰ ਧੂਰੀ, ਮੁੰਨਾ ਪੁੱਤਰ ਉਪਿੰਦਰ ਕੁਮਾਰ ਯਾਦਵ ਵਾਸੀ ਬਾਪਲਾ ਥਾਣਾ ਸੰਦੋੜ, ਪ੍ਰਸ਼ਾਂਤ ਮੌਜੂਮਦਾਰ ਪੁੱਤਰ ਨਿਰਮਲ ਮੌਜੂਮਦਾਰ ਵਾਸੀ ਸਰਕਾਰੀ ਕੁਆਟਰ ਜ਼ਿਲ੍ਹਾ ਜੇਲ੍ਹ ਸੰਗਰੂਰ ਹਾਲ ਨੇੜੇ ਟਾਵਰ ਬੱਗੂਆਣਾ ਕਲੋਨੀ ਸੰਗਰੂਰ ਨੂੰ ਮੁਕੱਦਮਾ ਉਕਤ ਵਿੱਚ ਬਤੌਰ ਦੋਸ਼ੀ ਨਾਮਜ਼ਦ ਕੀਤੇ ਗਏ ਸਨ।ਉਨ੍ਹਾਂ ਅੱਗੇ ਦੱਸਿਆ ਕਿ 1 ਮਈ ਨੂੰ ਮੁਲਜ਼ਮ ਪ੍ਰਸ਼ਾਂਤ ਮੌਜੂਮਦਾਰ ਨੂੰ ਗ੍ਰਿਫਤਾਰ ਕਰਕੇ ਉਸ ਦੀ ਪੁੱਛਗਿੱਛ ਦੇ ਅਧਾਰ ਉਪਰ ਬੰਤੋ ਪਤਨੀ ਸੋਮਨਾਥ ਵਾਸੀ ਗੁਲਾੜ ਥਾਣਾ ਖਨੌਰੀ ਹਾਲ ਨੇੜੇ ਸਾਈਂ ਮੰਦਰ ਪਾਰਸ ਕਲੋਨੀ ਸੁਨਾਮ ਥਾਣਾ ਸਿਟੀ ਸੁਨਾਮ ਨੂੰ ਮੁਕੱਦਮਾ ਵਿੱਚ ਮੁੱਖ ਮੁਲਜ਼ਮ ਨਾਮਜ਼ਦ ਕਰਕੇ 1 ਮਈ ਨੂੰ ਹੀ ਮੁਕੱਦਮਾ ਦਰਜ ਕਰ ਗ੍ਰਿਫਤਾਰ ਕੀਤਾ ਗਿਆ।2 ਮਈ ਨੂੰ ਉਕਤ ਮੁਕੱਦਮੇ ਦੇ ਮੁਲਜ਼ਮ ਗੁਰਵਿੰਦਰ ਸਿੰਘ ਉਰਫ ਬਾਬਾ ਦੀ ਪੁੱਛ-ਗਿੱਛ ਉਪਰ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਸੁਖਵਿੰਦਰ ਸਿੰਘ ਵਾਸੀ ਸੈਲੀਬਰੇਸ਼ਨ ਐਨਕਲੇਵ ਤਰਨਤਾਰਨ ਰੋਡ ਅੰਮ੍ਰਿਤਸਰ ਸਾਹਿਬ ਨੂੰ ਬਤੌਰ ਦੋਸ਼ੀ ਨਾਮਜ਼ਦ ਕਰਕੇ 2 ਮਈ ਨੂੰ ਹੀ ਅੰਮ੍ਰਿਤਸਰ ਤੋਂ ਗ੍ਰਿਫਤਾਰ ਕਰਕੇ ਉਸ ਪਾਸੋਂ 4 ਕਿੱਲੋਗ੍ਰਾਮ ਚਿੱਟਾ/ਹੈਰੋਇਨ, 5,50,000/- ਡਰੱਗ ਮਨੀ, 1 ਪਿਸਟਲ ਗਲੌਕ 9 ਐੱਮ ਐੱਮ ਸਮੇਤ 02 ਜ਼ਿੰਦਾ ਰੌਂਦ ਦੀ ਬ੍ਰਾਮਦਗੀ ਹੋਈ। ਦੋਸ਼ੀਆਂ ਖਿਲਾਫ ਹੋਰ ਵੀ ਅਨੇਕਾ ਮੁਕੱਦਮੇ ਦਰਜ ਹਨ।

# ਕਿਸਾਨਾਂ ਵੱਲੋਂ ਥਾਣਾ ਘੇਰਣ ਦੇ ਐਲਾਨ ਤੋਂ ਬਾਅਦ ਕਸਬਾ ਪੁਲਸ ਛਾਉਣੀ 'ਚ ਤਬਦੀਲ




**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸੋਮਵਾਰ ਰਾਤ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਕਿਸਾਨਾਂ ਵੱਲੋਂ ਥਾਣਾ ਘੇਰਣ ਦੇ ਕੀਤੇ ਐਲਾਨ ਤੋਂ ਬਾਅਦ ਮੰਗਲਵਾਰ ਕਸਬਾ ਲੌਂਗੋਵਾਲ ਨੂੰ ਪੁਲਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ।ਸਵੇਰ ਤੋਂ ਹੀ ਸੈਂਕੜੇ ਪੁਰਸ਼ ਤੇ ਮਹਿਲਾ ਪੁਲਸ ਮੁਲਾਜ਼ਮਾਂ ਨੂੰ ਵੱਖ ਵੱਖ ਥਾਵਾਂ 'ਤੇ ਤਾਇਨਾਤ ਕੀਤਾ ਗਿਆ।ਥਾਣਾ ਲੌਂਗੋਵਾਲ ਵਿੱਚ ਵੀ ਵੱਡੀ ਗਿਣਤੀ ਵਿੱਚ ਮੁਲਾਜ਼ਮ ਤਾਇਨਾਤ ਕੀਤੇ ਗਏ।ਵਰਨਣਯੋਗ ਹੈ ਕਿ ਕੱਲ੍ਹ ਕੈਬਨਿਟ ਮੰਤਰੀ ਅਮਨ ਅਰੋੜਾ ਇਥੇ ਨਵੇਂ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਰੱਖਣ ਆਏ ਸਨ ਤਾਂ ਭਾਰਤੀ ਕਿਸਾਨ ਯੂਨੀਅਨ (ਅਜ਼ਾਦ) ਦੇ ਸੂਬਾ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਕੈਬਨਿਟ ਮੰਤਰੀ ਨੂੰ ਸਵਾਲ ਜਵਾਬ ਕਰਨ ਲਈ ਕਿਸਾਨ ਗੁੱਗਾ ਮਾੜੀ ਨੇੜੇ ਇਕੱਠੇ ਹੋਏ ਸਨ।ਜਦ ਕਿਸਾਨਾਂ ਨੇ ਸਮਾਗਮ ਵਾਲੀ ਥਾਂ ਜਾਣ ਦੀ ਕੋਸ਼ਿਸ਼ ਕੀਤੀ ਤਾਂ ਕਿਸਾਨ ਆਗੂਆਂ ਤੇ ਪੁਲਸ ਦਰਮਿਆਨ ਹੋਈ ਧੱਕਾ-ਮੁੱਕੀ ਤੋਂ ਬਾਅਦ ਮਾਹੌਲ ਤਣਾਅਪੂਰਨ ਬਣ ਗਿਆ, ਇਸ ਉਪਰੰਤ ਕਿਸਾਨ ਆਗੂ ਜਸਵਿੰਦਰ ਸਿੰਘ ਲੌਂਗੋਵਾਲ, ਬਲਜਿੰਦਰ ਸਿੰਘ ਲੌਂਗੋਵਾਲ, ਕੁਲਵਿੰਦਰ ਸੋਨੀ, ਹੈਪੀ ਨਮੋਲ ਨੂੰ ਪੁਲਸ ਨੇ ਹਿਰਾਸਤ ਵਿੱਚ ਲੈ ਲਿਆ ਸੀ, ਜਿਸ ਤੋਂ ਬਾਅਦ ਰੋਹ ਵਿੱਚ ਆਏ ਕਿਸਾਨਾਂ ਨੇ ਅੱਜ ਥਾਣਾ ਲੌਂਗੋਵਾਲ ਨੂੰ ਘੇਰਣ ਦਾ ਐਲਾਨ ਕੀਤਾ ਸੀ, ਜਿਸ ਦੇ ਚਲਦਿਆਂ ਭਾਵੇਂ ਅੱਜ ਸਾਰਾ ਦਿਨ ਪੁਲਸ ਚੌਕਸ ਰਹੀ, ਪਰ ਕਿਸੇ ਵੀ ਜਥੇਬੰਦੀ ਵੱਲੋਂ ਥਾਣਾ ਘੇਰਣ ਜਾਂ ਧਰਨੇ ਵਰਗੀ ਕੋਈ ਕਾਰਵਾਈ ਨਹੀਂ ਕੀਤੀ ਗਈ ਅਤੇ ਮਾਹੌਲ ਸ਼ਾਂਤੀਪੂਰਨ ਰਿਹਾ।ਓਧਰ ਥਾਣਾ ਲੌਂਗੋਵਾਲ ਦੇ ਐੱਸ. ਐੱਚ. ਓ. ਇੰਸਪੈਕਟਰ ਬਲਵੰਤ ਸਿੰਘ ਬਲਿੰਗ ਨਾਲ ਜਦ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਕੱਲ੍ਹ ਦੇ ਘਟਨਾਕ੍ਰਮ ਤੋਂ ਬਾਅਦ ਕਸਬੇ ਵਿੱਚ ਅਮਨ ਸ਼ਾਂਤੀ ਤੇ ਸੁਰੱਖਿਆ ਬਣਾਏ ਰੱਖਣ ਲਈ ਜੋ ਕਾਰਵਾਈ ਕੀਤੀ ਗਈ, ਉਸ ਤੋਂ ਬਾਅਦ ਜਥੇਬੰਦੀ ਵੱਲੋਂ ਅੱਜ ਥਾਣਾ ਘੇਰਣ ਦਾ ਐਲਾਨ ਕੀਤਾ ਗਿਆ ਸੀ।ਉਨ੍ਹਾਂ ਕਿਹਾ ਕਿ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਅੱਜ ਪੁਲਸ ਬਲ ਤਾਇਨਾਤ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਕੱਲ੍ਹ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਆਮਦ ਮੌਕੇ ਕਿਸਾਨ ਆਗੂਆਂ ਨੂੰ ਗੱਲਬਾਤ ਕਰਵਾਉਣ ਦਾ ਭਰੋਸਾ ਵੀ ਦਿੱਤਾ ਗਿਆ, ਪ੍ਰੰਤੂ ਕਿਸਾਨ ਆਗੂ ਵਿਰੋਧ ਲਈ ਬਜ਼ਿੱਦ ਸਨ।

# ਥਰੈਸ਼ਰ 'ਚ ਹੱਥ ਆਉਣ ਕਾਰਨ ਮਜ਼ਦੂਰ ਜ਼ਖ਼ਮੀ

**ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਨੇੜਲੇ ਪਿੰਡ ਰਜਵਾਲ ਵਿਖੇ ਕਣਕ ਦੀ ਕੁਤਰਾਈ ਦੌਰਾਨ ਮਸ਼ੀਨ 'ਚ ਹੱਥ ਆਉਣ ਕਾਰਨ ਮਜ਼ਦੂਰ ਜ਼ਖ਼ਮੀ ਹੋ ਗਿਆ। ਇਸ ਸਬੰਧੀ ਅਮਰਜੀਤ ਸਿੰਘ ਨੇ ਦੱਸਿਆ ਕਿ ਲੰਘੇ ਕੱਲ੍ਹ ਉਹ ਆਪਣੀ ਕਣਕ ਦੀ ਕੁਤਰਾਈ ਟਰੈਕਟਰ ਨਾਲ ਕਰ ਰਹੇ ਸਨ, ਤਾਂ ਥਰੈਸ਼ਰ 'ਚ ਕਣਕ ਦਾ ਗਾਲ੍ਹਾ ਲਗਾ ਰਹੇ ਖੇਤ ਮਜ਼ਦੂਰ ਕਰਨੈਲ ਸਿੰਘ ਪੁੱਤਰ ਬਰਾਗੀ ਰਾਮ ਪਿੰਡ ਧਾਰ ਦਾ ਅਚਾਨਕ ਹੱਥ ਆ ਗਿਆ, ਜਿਸ ਨੂੰ ਮੌਕੇ 'ਤੇ ਨੇੜਲੇ ਬੀ ਬੀ ਐਮ ਬੀ ਹਸਪਤਾਲ ਪਹੁੰਚਾਇਆ ਗਿਆ। ਜਿੱਥੇ ਡਾਕਟਰਾਂ ਨੇ ਮੁਢਲੀ ਸਹਾਇਤਾ ਦੇਣ ਉਪਰੰਤ ਉਸਨੂੰ ਮੁਕੇਰੀਆਂ ਵਿਖੇ ਰੈਫ਼ਰ ਕਰ ਦਿੱਤਾ ਹੈ।

## COURT NOTICE

**(U/o 5 Rule 20 CPC)**
**In The Court of Ms. Chahat Civil Judge (Junior Division), Amritsar**
**CNR No. PBAS02-002244-2024**
**Next Date :- 11-07-2025**
CS/1427/2024-PI
Dolly Sharma W/o Kawaljit Singh aged 33 years R/o L-113/78, Gali No. 2, Guru Ram Dass Nagar, Sultanwind Road, Amritsar
Vs.
1. Paramjit Singh S/o Not Known
2. Sonu S/o Not Known
3. Pritam Singh S/o Piara Singh.
All C/o H. No. 242, Guru Arjan Dev Nagar, Tarn Taran Road, Amritsar
Publication Issued To :-
Def No. 1. Paramjit Singh S/o Not Known
Def No. 2. Sonu S/o Not Known
Def No. 3. Pritam Singh S/o Piara Singh
All C/o H. No. 242, Guru Arjan Dev Nagar, Tarn Taran Road, Amritsar

In above titled case, the defendant(s) could not be served. It is ordered that defendant(s) should appear in person or through counsel on 11-07-2025 at 10:00 a.m.

For details logon to https://highcourtchd.gov.in/?trs=district_notice & district=Amritsar

Civil Judge (Junior Division) Amritsar
Dated, this day of 06-04-2025

## ਅਦਾਲਤੀ ਇਸ਼ਤਿਹਾਰ

ਬ-ਅਦਾਲਤ ਸ੍ਰੀ ਰਜਨੀਸ਼ ਗੋਇਲ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਸਬ ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ।

ਵਿਸ਼ਾ: ਜਮ੍ਹਾਂਬੰਦੀ ਸਾਲ 2022-23 ਵਾਕਿਆ ਰਕਬਾ ਪਿੰਡ ਢਿੱਲਵਾਂ ਵਿੱਚ ਨਾਂਅ ਦੀ ਦਰੁਸਤੀ ਕਰਨ ਸਬੰਧੀ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬਲਜਿੰਦਰ ਸਿੰਘ ਢਿੱਲੋਂ ਪੁੱਤਰ ਹਰੀ ਸਿੰਘ ਪੁੱਤਰ ਗੁਰਬਖਸ਼ ਸਿੰਘ ਵੱਲੋਂ ਹਾਜ਼ਰ ਅਦਾਲਤ ਹੋ ਕੇ ਦਰਖਾਸਤ ਪੇਸ਼ ਕੀਤੀ ਗਈ ਕਿ ਪਿੰਡ ਢਿੱਲਵਾਂ ਦੀ ਜਮ੍ਹਾਂਬੰਦੀ ਸਾਲ 2022-23 ਪਰ ਮੇਰਾ ਨਾਂਅ ਸੁਖਬੀਰ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਗੁਰਬਖਸ਼ ਸਿੰਘ ਲਿਖਿਆ ਹੋਇਆ ਹੈ, ਜੋ ਕਿ ਗਲਤ ਹੈ ਅਤੇ ਮੇਰਾ ਸਹੀ ਨਾਂਅ ਬਲਜਿੰਦਰ ਸਿੰਘ ਢਿੱਲੋਂ ਪੁੱਤਰ ਹਰੀ ਸਿੰਘ ਪੁੱਤਰ ਗੁਰਬਖਸ਼ ਸਿੰਘ ਹੈ। ਇਸ ਲਈ ਇਸ ਨੋਟਿਸ ਰਾਹੀਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਉਕਤ ਨਾਂਅ (ਬਲਜਿੰਦਰ ਸਿੰਘ ਢਿੱਲੋਂ ਉਰਫ ਸੁਖਬੀਰ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਗੁਰਬਖਸ਼ ਸਿੰਘ) ਸਬੰਧੀ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਇਸ਼ਤਿਹਾਰ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਮਿਆਦ ਗੁਜ਼ਰ ਜਾਣ ਮਗਰੋਂ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਹਸਬ ਜ਼ਾਬਤਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਕਤ ਇਸ਼ਤਿਹਾਰ ਹੁਕਮ ਅੰਗਰੇਜ਼ੀ ਅਤੇ ਪੰਜਾਬੀ ਅਖਬਾਰ ਦੇ ਪ੍ਰਕਾਸ਼ਨ ਲਈ ਹਨ। ਇਹ ਇਸ਼ਤਿਹਾਰ ਅੱਜ ਮਿਤੀ 06.05.2025 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਕੀਤਾ ਜਾਂਦਾ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ, ਸਬ-ਤਹਿਸੀਲ ਢਿੱਲਵਾਂ।
ਨੰਬਰ: 78/ਰੀਡਰ ਮਿਤੀ : 06.05.2025

## COURT NOTICE

**(U/o 5 Rule 20 CPC)**
**In the Court of**
**Ms. Harmandeep Kaur**
**Civil Judge Junior Division-3, Ferozepur**
**CNR No. PBFZ02-004035-2024**
**Next Date :- 22-05-2025**
Ashmeet Singh
Vs.
Amandeep Kaur
Publication Issued to : Amandeep Kaur
Spouse : Jarnail Singh R/o Vill. Basti Sunwan,Teh. Zira, Distt. Ferozepur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 22.05.2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Junior Division-3, Ferozepur
Dated this day of 05-05-2025

## Notice to Appear / Attend Proceedings of DLM&SFC- Ldh

Through this Publication This is for Constructive Notice for respondent **PURAN SANTOSH EMBROIDERY WORKS PLOT NO.157-158, ST. NO. 2, NEW MOTI NAGAR, CHANDIGARH ROAD, LUDHIANA, PUNJAB, 141002** to appear in person or through Authorized representative before the District level Micro & Small facilitation Council Ludhiana, District Industries Centre, Ludhiana on **20-05-2025** regarding claim reference petition submitted by **VANEETA TEXCRAFT PRIVATE LIMITED 320-321, INDUSTRIAL AREA-A, BLOCK- 144, CHEEMA CHOWK, LUDHIANA, 141004** U/s 18(1) of MSME Act 2006 bearing Reference No: **MSEFC/DIC/12/23/2886.** If respondent still fails or omits to appear as above then arbitration proceedings shall be conducted as per section 23 & 25 of Arbitration & Conciliation Act and award shall also be passed on the basis of evidence before it.

**Member Secretary cum General Manager, District Industries Centre, Industrial Estate, Ludhiana.**
**Ph. No:0161-2540695, Email Id: dicludhiana5@gmail.com, ludhiana.msefc@gmail.com**

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਢਿੱਲਵਾਂ।
ਮਿਸਲ ਨੰ: 321/NT ਤਾਰੀਖ ਰਜੂਆ : 11.12.2024
ਅਗਲੀ ਤਾਰੀਖ ਪੇਸ਼ੀ 20.05.2025
ਜੋਰਾਵਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਨਿਧਾਨ ਸਿੰਘ ਵਾਸੀ ਪਿੰਡ ਢਿੱਲਵਾਂ, ਸਬ ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ।
ਫਰੀਕ ਅੱਵਲ
ਬਨਾਮ

1. ਤਰਵਿੰਦਰ ਸਿੰਘ ਪੁੱਤਰ ਨਿਰਵੈਰ ਸਿੰਘ, ਸ੍ਰ. ਗੁਰਦੀਪ ਕੌਰ ਵਿਧਵਾ ਨਿਰਵੈਰ ਸਿੰਘ ਪੁੱਤਰ ਨਾਜਰ ਸਿੰਘ ਵਾਸੀਆਨ ਪਿੰਡ ਢਿੱਲਵਾਂ, ਜ਼ਿਲ੍ਹਾ ਕਪੂਰਥਲਾ, 3 ... [illegible] ... ਜ਼ਿਲ੍ਹਾ ਜਲੰਧਰ।

ਉਕਤ ਮੁਕੱਦਮਾ ਦਾ ਕੇਸ ਦਾਅਵਾ ਤਕਸੀਮ ਵਾਕਿਆ ਰਕਬਾ ਪਿੰਡ ਢਿੱਲਵਾਂ, ਸਬ ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਮੁਤਾਬਕ ਜਮ੍ਹਾਂਬੰਦੀ ਸਾਲ 2017-2018 ਦਰਖਾਸਤ ਨੰਬਰ 96 ਖੇਵਟ ਖਤਾਨੀ 1257/1820, 1821, 1822, 1823, 1824, 1827, ਖਸਰਾ ਨੰ: 128/12/1/1/3-1, 67//3//13/0-16, 3/14/1/2-0, 3/14/2/0-4, 68//5/2/2-12, 54//17/5/2-4 ... [illegible] ... ਕਿ ਧਿਰ ਦੋਮ ਮਿਤੀ 20.05.2025 ਨੂੰ ਸਵੇਰੇ 10:00 ਵਜੇ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਹਾਜ਼ਰ ਹੋ ਕੇ ਇਸ ਕੇਸ ਦੀ ਪੈਰਵੀ ਕਰ ਸਕਦੇ ਹਨ। ਨਿਸ਼ਚਿਤ ਮਿਤੀ 20.05.2025 ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਨਿਸ਼ਚਿਤ ਮਿਤੀ ਤੋਂ ਬਾਅਦ ਵਿੱਚ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 05.05.2025 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ।
ਨੰਬਰ: 71/ ਰੀਡਰ ਮਿਤੀ : 05.05.2025
ਸਹਾਇਕ ਕੁਲੈਕਟਰ ਦਰਜਾ ਅੱਵਲ, ਢਿੱਲਵਾਂ, (ਕਪੂਰਥਲਾ)

## COURT NOTICE

ਬਾ-ਅਦਾਲਤ ਮੇਜਰ ਡਾ: ਇਰਵਿਨ ਕੌਰ, ਪੀ. ਸੀ. ਐੱਸ, ਸਹਾਇਕ ਕੁਲੈਕਟਰ ਦਰਜਾ ਅੱਵਲ-ਕਮ-ਉੱਪ ਮੰਡਲ ਮੈਜਿਸਟਰੇਟ, ਕਪੂਰਥਲਾ
ਮਿਸਲ ਨੰ: Appeals/3/2024
ਤਾਰੀਖ ਰਜੂਆ : 23.04.2024
ਅਗਲੀ ਤਾਰੀਖ ਪੇਸ਼ੀ : 29.05.2025
ਪਿੰਡ : ਮਾਂਗੇਵਾਲ ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ
ਵਿਸ਼ਾ : Under Order XXI Rule 11 CPC
Sukhwinder Singh Son of Joginder Singh R/o Vill. Mangewal, Sub-Tehsil Dhilwan. Distt. Kapurthala. Petitioners
Versus
(1) Balwant Singh S/o Achhar Singh and others R/o Vill. Mangewal, Sub- Teh. Dhilwan, Distt. Kapurthala :-Lrs
1-A Joga Singh S/o Balwant Singh, 1-B Baldish Kaur, 1-C Darshan Kaur D/o Balwant Singh. All. Residents Vill. Mangewal, Sub-Teh. Dhilwan, Kapurthala,
1-D Baksho @ Gurbax Kaur:- Lrs
(a) Nirmal Singh S/o Sarban Singh, R/o Vill. Mustafabad, P.O. Subhan Pur, Teh. & Distt. Kapurthala, (B) Manjit Kaur W/o Mangal Singh, R/o Vill. Randhawa Masandan, Distt. Jalandhar. (B) Puran Singh -Since Deceased S/o Sarban Singh, Through His Lrs:- (1) Sukhwinder Kaur W/o Puran Singh, (2) Prabjot Singh, (3) Sukhjot Singh S/o Puran Singh Resident of Village Mustafabad, Tehsil & District Kapurthala.
2. Mohinder Singh -Since Deceased S/o Balwant Singh Through His Lrs:- 2-A. Nirvair Singh S/o Mohinder Singh
2-B Lakhbir Singh S/o Mohinder Singh Both R/o Village Mangewal, Sub-Tehsil Dhilwan, District Kapurthala. 3. Gurdev Singh Since Expired Through :- Balbir Kaur D/O Gurdev Singh R/o Village Mangewal, Sub-Tehsil Dhilwan, District Kapurthala.
4. Bawa Singh-Since Deceased S/o Balwant Singh Through His Lrs:- 4-A Harnek Singh Since Deceased S/o Bawa Singh Through His Lrs. (1) Pardeep Singh (2) Baljinder Singh S/o Harnek Singh Resident of Village Mangewal, Sub-Tehsil Dhilwan, District Kapurthala.

ਉਕਤ ਪਟੀਸ਼ਨ ਬਾਬਤ Under Order XXI Rule 11 CPC- Warrant of possession of land measuring 1 Kanal 17 Marlas ਖਸਰਾ ਨੰਬਰ 65/23 (1-17) ਰਕਬਾ ਪਿੰਡ ਮਾਂਗੇਵਾਲ, ਸਬ-ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਇਸ ਅਦਾਲਤ ਵਿਚ ਚੱਲ ਰਿਹਾ ਹੈ। ਜਿਸ ਵਿਚ ਧਿਰ ਦੋਮ ਨੂੰ ਵਾਰ-ਵਾਰ ਸੰਮਨ ਜਾਰੀ ਕਰਨ ਦੇ ਬਾਵਜੂਦ ਕੋਈ ਹਾਜ਼ਰ ਅਦਾਲਤ ਨਹੀਂ ਆ ਰਿਹਾ। ਇਸ ਲਈ ਅਖਬਾਰ ਨੋਟਿਸ ਰਾਹੀਂ ਧਿਰ ਦੋਮ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਕੇਸ ਵਿਰੁੱਧ ਅਗਰ ਕੋਈ ਇਤਰਾਜ਼ ਹੈ ਤਾਂ ਉਹ ਆਪ ਜਾਂ ਆਪਣੇ ਵਕੀਲ ਰਾਹੀਂ ਇਸ ਅਦਾਲਤ ਵਿਚ ਮਿਤੀ 29.05.2025 ਨੂੰ ਸਵੇਰੇ 10.00 ਵਜੇ ਹਾਜ਼ਰ ਆ ਕੇ ਕੇਸ ਦੀ ਪੈਰਵਾਈ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿਚ ਇਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਉਪ ਮੰਡਲ ਮੈਜਿਸਟਰੇਟ, ਕਪੂਰਥਲਾ
ਨੰਬਰ : 62/ਰੀਡਰ ਮਿਤੀ : 30.04.2025

## ਕੋਰਟ ਨੋਟਿਸ

ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ
V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ
ਬਿਨੈਕਾਰ ਦਾ ਨਾਮ : ਗੁਰਜੀਤ ਸਿੰਘ ਪਿਤਾ/ਪਤੀ ਦਾ ਨਾਮ : ਲਾਲ ਸਿੰਘ
ਪਤਾ : Village Narli, Tehsil Bhikhiwind, District Tarn Taran, Village Narli/Tehsil-Bhikhiwind/District Tarn Taran, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿਚ ਅਪਲਾਈ ਕੀਤਾ ਹੈ, ਉਸ ਨੇ ਆਪਣੇ ਹੋਣ ਵਾਲੇ ਜੀਵਨ ਸਾਥੀ ਦਾ ਵੇਰਵਾ ਹੇਠ ਲਿਖੇ ਅਨੁਸਾਰ ਦਿੱਤਾ ਹੈ :-
ਨਾਮ : ਅਮਰਜੀਤ ਸਿੰਘ, ਪੱਕਾ ਪਤਾ : Village Narli, Tehsil Bhikhiwind, District Tarn Taran, Narli, Tehsil Bhikhiwind,Tarn Taran, Punjab
ਵਿਦੇਸ਼ੀ ਪਤਾ : Stanka Paunovie Veljka Road House No. 181 City Puma Pin Code 22400 Sarbial ...
ਉਮਰ/ਜਨਮ ਮਿਤੀ : 27-(14-04-1998)
ਬਿਨੈਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ। ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 28.04.2025 ਨੂੰ ਜਾਰੀ ਹੋਇਆ।
ਨੰਬਰ /M.A/MC-1/251-53 ਮਿਤੀ : 28.04.2025
ਸਹੀ/- ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**
ਬਿਨੈਕਾਰ ਦਾ ਨਾਮ : ਫਕੀਰ ਚੰਦ ਪਿਤਾ/ਪਤੀ ਦਾ ਨਾਮ : ਰਾਮ ਪ੍ਰਕਾਸ਼
ਪਤਾ: Vill Nathewal PO Sarhali Teh Phillaur Jalandhar, Tehsil - Phillaur/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਹੋਣ ਵਾਲੇ ਜੀਵਨ ਸਾਥੀ ਦਾ ਵੇਰਵਾ ਹੇਠ ਲਿਖੇ ਅਨੁਸਾਰ ਦਿੱਤਾ ਹੈ :
ਨਾਮ : ਜਸਵੀਰ ਰਾਮ ਪੱਕਾ ਪਤਾ : Vill Nathewal PO Sarhali Teh Phillaur Jalandhar, Phillaur, Jalandhar, Punjab
ਵਿਦੇਸ਼ੀ ਪਤਾ : Via lx Maggio 40 37060 Nogarole Rocca VR Italy/ਇਟਲੀ 9 ਮੈਗੀਓ 40 37060 ਨੋਗਰੋਲ ਰੋਕਾ ਵੀ ਆਰ ਇਟਲੀ
ਉਮਰ/ਜਨਮ ਮਿਤੀ : 28-(12/10/1996)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 05.05.2025 ਨੂੰ ਜਾਰੀ ਹੋਇਆ।
ਨੰਬਰ 37/ਨੰਬਰ/ਰੀਡਰ ਮਿਤੀ 05-052025 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਵਸੂਲੀ ਅਫਸਰ-I/II ਦਾ ਦਫ਼ਤਰ

**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)**
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ

ਫਾਰਮ ਨੰ. 14
[ਵੇਖੋ ਨਿਯਮ 33 (2)]
ਰਜਿ. ਏ/ਡੀ ਰਾਹੀਂ, ਦਸਤੀ ਅਸਫਲ, ਪ੍ਰਕਾਸ਼ਨਾ ਰਾਹੀਂ

**ਡਿਮਾਂਡ ਨੋਟਿਸ**
**ਕਰਜ਼ਾ ਅਤੇ ਦੀਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ 2 ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ**
ਆਰ ਸੀ/1019/2019 01.04.2025
**ਸਟੇਟ ਬੈਂਕ ਆਫ ਇੰਡੀਆ**
**ਬਨਾਮ**
**ਮੈਸ : ਬੀ ਕੇ ਇੰਡਸਟ੍ਰੀਜ਼ ਅਤੇ ਹੋਰ**

ਸੇਵਾ 'ਚ
(ਸੀ ਡੀ 1) ਮੈਸਰਜ਼ ਬੀ ਕੇ ਇੰਡਸਟ੍ਰੀਜ਼ # 7576/3, ਗਲੀ ਨੰ. 3, ਨਿਊ ਅਮਰ ਨਗਰ, ਲੁਧਿਆਣਾ, (ਪੰਜਾਬ) ਰਾਹੀਂ ਇਸ ਦੇ ਮਾਲਕ ਸ੍ਰੀ ਨਵਦੀਪ ਸਿੰਘ ਦੂਸਰਾ ਪਤਾ : ਨੇੜੇ ਡਾਕਖਾਨਾ ਪਿੰਡ ਲੋਹਾਰਾ ਜ਼ਿਲ੍ਹਾ ਲੁਧਿਆਣਾ (ਪੰਜਾਬ)
(ਸੀ ਡੀ 2) ਨਵਦੀਪ ਸਿੰਘ ਪੁੱਤਰ ਸ੍ਰੀ ਕਰਤਾਰ ਸਿੰਘ # 7576/3, ਗਲੀ ਨੰ. 3, ਨਿਊ ਅਮਰ ਨਗਰ, ਲੁਧਿਆਣਾ, (ਪੰਜਾਬ) ਮਾਲਕ ਮੈਸਰਜ ਬੀ ਕੇ ਇੰਡਸਟ੍ਰੀਜ਼ ਲੁਧਿਆਣਾ, ਪੰਜਾਬ

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/4453/2017 'ਚ ਰਕਮ ਰੁਪਏ 15,83,477.00 (ਪੰਦਰਾਂ ਲੱਖ ਤਰਿਆਸੀ ਹਜ਼ਾਰ ਚਾਰ ਸੌ ਸਤੱਤਰ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 12.5% ਦੀ ਦਰ 'ਤੇ ਸਧਾਰਨ ਵਿਆਜ ਸਾਲਾਨਾ 26.07.2017 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 46,000/- (ਛਿਆਲੀ ਹਜ਼ਾਰ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

4. ਤੁਹਾਨੂੰ ਅਗਲੀ ਸੁਣਵਾਈ ਲਈ 19.08.2025 ਨੂੰ ਸਵੇਰੇ 10.30 ਵਜੇ ਨਿਮਨਹਸਤਾਖਰੀ ਸਨਮੁੱਖ ਪੇਸ਼ ਹੋਣ ਦੇ ਆਦੇਸ਼ ਦਿੱਤੇ ਜਾਂਦੇ ਹਨ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ :

(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 01.04.2025 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)

## SBI — RETAIL ASSETS CENTRAL PROCESSING CENTRE (05296), CIVIL LINES, FOUNTAIN CHOWK, LUDHIANA

### ਰੂਲ (8-1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਅਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਅਤੇ ਗਰੰਟਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਗਿਰਵੀ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) :- ਸ੍ਰੀ ਸੰਦੀਪ ਅਰੋੜਾ ਪੁੱਤਰ ਸ੍ਰੀ ਦਲਜੀਤ ਅਰੋੜਾ, ਵਾਸੀ ਮਕਾਨ ਨੰ. ਬੀ-21-6349/2, ਗਲੀ ਨੰ. 1/6, ਨਿਊ ਜਨਤਾ ਨਗਰ, ਨੇੜੇ ਹਰਿਕ੍ਰਿਸ਼ਨ ਪਬਲਿਕ ਸਕੂਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141003 | ਜਾਇਦਾਦ ਮਕਾਨ ਪਲਾਟ ਨੰ. 6349/2, ਰਕਬਾ 100.00 ਵਰਗ ਗਜ਼, ਖਸਰਾ ਨੰ. 7666/634, ਖੇਵਟ/ਖਤੌਨੀ ਨੰ. 790/2408, ਸਫਾ ਨੰ. 2184, ਜਮ੍ਹਾਂਬੰਦੀ ਸਾਲ 2010-11, ਪਿੰਡ ਗਿੱਲ-2, ਹਦਬਸਤ ਨੰ. 263, ਅਬਾਦੀ ਨਿਊ ਜਨਤਾ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਸਾਧੂ ਸਿੰਘ ਗੁਆਂਢੀ 18'-0", ਪੱਛਮ : ਗਲੀ ਚੌੜੀ 16', ਚੌੜੀ 18'-0", ਉੱਤਰ : ਵਰਿੰਦਰ ਕੁਮਾਰ 50'-0", ਦੱਖਣ : ਲਖਵਿੰਦਰ ਸਿੰਘ 50'-0" ਬੈਨਾਮਾ ਵਸੀਕਾ ਨੰ. 2019-20/103/1/5212 ਮਿਤੀ 24.07.2019 ਅਨੁਸਾਰ ਸ੍ਰੀ ਸੰਦੀਪ ਅਰੋੜਾ ਪੁੱਤਰ ਸ੍ਰੀ ਦਲਜੀਤ ਅਰੋੜਾ ਦੇ ਨਾਂਅ 'ਤੇ ਹੈ। | 24.10.2024 | 06.05.2025 | ਸੰਕੇਤਕ ਕਬਜ਼ਾ — 23.10.2024 ਨੂੰ ਰੁਪਏ 18,92,372.00 (ਅਠਾਰਾਂ ਲੱਖ ਬਾਨਵੇਂ ਹਜ਼ਾਰ ਤਿੰਨ ਸੌ ਬਹੱਤਰ ਰੁਪਏ ਕੇਵਲ) ਸਮੇਤ 24.10.2024 ਤੋਂ ਭਵਿੱਖੀ ਵਿਆਜ, ਲਾਗਤਾਂ, ਚਾਰਜਿਜ਼ ਅਤੇ ਖਰਚੇ। |

ਮਿਤੀ : 07.05.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ




## Change of Name

I, Balbir Singh S/O Balkar Singh R/O H.No.55-A, Preet Vihar, Airport Road, Amritsar hereby inform that I have changed my name from Balbir Singh to Balbir Singh Bhangu. Concerned please note.

I, Prince Singh S/O Parminder Singh R/O VPO Khrudpur, Adampur 144102 Distt. Jalandhar Punjab declare that my name is Prince Singh. Singh is my surname and my given name is Prince. Concerned note.

I,Kanwaljit Kaur W/O Harpinder Singh Jhand R/O 146, Gali No.3, Majitha Road, Sardar Avenue, Amritsar, Punjab have changed my name from Kanwaljit Kaur to Kanwaljit Kaur Jhand.Concerned note.

I, Manpreet Singh Walia S/O Baldev Singh R/O 116/157, Friends Avenue, Majitha Road, Amritsar, Punjab have changed my name from Manpreet Singh Walia to Manpreet Singh. Concerned note.

I, Suraj S/O Balram R/O Vill-bara Pind Chota Pind, P. O Kartatpur Distt Jalandhar Have Changed My Name From Suraj To Suraj Gharu, All Concerned Note.

I, Jasbeer Kaur W/O Roop Lal R/O Vill. Kot Rani, Po. Satnampura, Phagwara, Distt Kapurthala, Punjab I Have Changed My Name From Jasbeer Kaur To Jasvir Kaur. All Note.

I, Jaskaran s/o Ram Kishan resident of mohalla Ravidasspura, Nurmahal,Tehsil Phillaur, Distt. Jalandhar (Pb.)-144039 have changed my name from Jaskaran to Jaskaran Balu and hereafter I shall be known as Jaskaran Balu. All concerned note please.

I Sukhvinder Kaur W/O Sukhvir Singh R/O V.p.o. Bohara , Teh. Nawanshahr, Distt.s.b.s Nagar Pin.144421 I Have Changed My Name Spaling From Sukhvinder Kaur To Sukhwinder Kaur.

I Savita Kapur W/O Suresh Kapoor R/O H.No.874 Gali Tarkhana Wali Katra Dulo Amritsar Have Changed My Name To Savita Kapoor

I Suresh Kapur S/O Chaman Lal R/O H.No.874 Gali Tarkhana Wali Katra Dulo Amritsar Have Changed My Name To Suresh Kapoor.

I Amarjeet Kaur W/O Ranjit Singh R/O Near Bawa Lal Ji Mandir Mohalla Dhaki Vpo Kalanaur Gurdaspur Have Changed My Name To Amarjit Kaur.

I Bhupinderpal Singh Son Of Surjit Singh R/O Vpo. Bhullar Tehsil Ajnala Distt. Amritsar Punjab. Have Declare That Singh Is My Surname And Bhupinderpal Is My Given Name.

I, Navjot Singh S/o Darshan Singh R/o H.No.131, Himmant Singh Avenue, Majitha Bypass Verka Amritsar have changed my name from Navjot Singh to Navjot Singh Gill

I, Hardeep Singh S/o Kirpal Singh R/o Village Ahmedpur, P.O Kacha Pacca, Tehsil Patti Distt Tarn Taran, Punjab have changed my Name Hardip Singh to Hardeep Singh.

I, Baldev Singh S/o Lakha Singh R/o VPO Gharyala, Tehsil Patti District Tarn Taran have declare that my father was known by two names Lakhbir Singh and Lakha Singh one and same person.

I, Sarbjit Kaur W/o Manjit Singh R/o Dhir Singh R/o 3070, Patti Mansoor Di, Sultanwind Pind Amritsar have changed my name from Sarbjit Kaur to Sarbjeet Kaur.

I, Abhinandan Kumar S/o Janardan Singh R/o Fatehgarh Churian Road, Suraj Avenue, PO Nangli, District Amritsar have changed my name from Abhinandan Kumar to Abhinandan Singh.

I, Garbhej Singh S/o Sewa Singh R/o Abdal, Abdal, Amritsar, Punjab-143502 have changed my name from Garbhej Singh to Gurbhej Singh.

I, Garvinder Kaur W/o Gurbhej Singh R/o Abdal, Amritsar, Punjab-143502 have changed my name from Garvinder Kaur to Gurwinder Kaur.

I, Jerman Jit Singh S/o Hira Singh R/o Talwandi Dasaundha Singh, Kathunangal, Amritsar, Punjab-143502 have changed my name from Jerman Jit Singh to Jarmanjit Singh.

I Puja Choudhary W/o Sudhir Choudhary,R/o H.no-289 A,Adarsh Nagar,Jalandhar have changed my name from Puja Choudhary to Pooja Choudhary.

I Kanta Rani W/o Mela Ram,R/o H no. 141, Garha Road, Jalandhar have changed my name from Kanta to Kanta Rani. All please note.

I, Gurmail Singh S/o Gurbachan Singh R/o 108, Guru Ramdas Avenue, Ajnala Road, Amritsar have changed my name from Gurmail Singh to Gurmail Ghuman.

I, Sudershan Sachdeva S/o Gopal Dass Sachdeva R/o 23-A, Gali No.8-C, Sahibjada Jujhar Singh Avenue, Link Road, Gumtala Amritsar have changed my name from Sudershan Sachdeva to Sudarshan Sachdeva.

I, Arshpreet Kaur Sanghera D/o Taljinder Singh Sanghera R/o Vill. Basti Wasawa Singh PO Makhu Tehsil Zira District Ferozepur have changed my name from Arshpreet Kaur Sanghera to Arshpreet Kaur.

I, Dinesh Kumar S/o Madan Lal, R/o Kabir Vihar, Near Kabir Mandir, Basti Bawa Khel, Jalandhar. That I have Changed the name of my minor daughter from Geetika to Geetika. All Concerned Please Note.

I, Vandna d/o Jasveer Lal r/o Vill.Dhirowal, Po.Adampur Doaba, Jalandhar have changed my name from Vandna to Vandna Vandna. All Please Note.

I, Sourav s/o Ram Lubahaya r/o H.No.859, Balmik Mohalla, Ekta Nagar, Jalandhar have changed my name to Sourav Kumar. All Please Note.

I, Sukhdeep Kaur W/o Balwinder Singh Rathor r/o Vill.Kamalpur, Po. Mothawala, Teh.Sultanpur Lodhi, Kapurthala-144620, Punjab have changed name to Sukhdeep Kaur Rathor. All Please Note.

I, Malkiat Kaur w/o Jagjit Pal Singh r/o H.No.104, New Dashmesh Nagar Extn., Rama Mandi, Jalandhar have changed my name from Malkiat Kaur to Prabhjot Kaur. All Please Note.

I, Sunita Rani w/o Kishore Kumar Choudhary r/o H.No. 185, G.T.B. Nagar, Model Town, Jalandhar, Punjab have changed my name to Sunita Rani Choudhary. All Please Note.

## Change of Name

I, Sanjeev Sanger s/o Mool Raj Sangar r/o H.No.22, Sehgal Colony Ladowali Road, Jalandhar, Punjab have changed my name to Sanjeev Kumar Sangar. All Please Note.

I, Neetu Bala w/o Ravinder Kumar r/o VPO. Madhopur, Tehsil Phagwara, Distt. Kapurthala have changed my name to Given Name as Neetu & Surname as Bala. All Please Note.

I, Sonika Dutta w/o Som Raj Sharma r/o H.No.6/3, Saheed Babu Labh Singh Nagar, Gulab Devi Hospital Road, Jalandhar have changed my name to Sonika Sharma. All Please Note.

I, Sukhwinder Kaur w/o Late. Pawan Kumar r/o Gali No.2, Dhogri Road, Hargobind Nagar, Reru, Distt.Jalandhar, Punjab have changed my name from Sukhvinder Kaur to Sukhwinder Kaur. All Please Note.

I, Ajay Kumar S/o Balwinder Singh R/o Vill. Nauli, Po. Isherwal, Distt. Jalandhar, Punjab have changed my name to Given name as Ajay & Surname as Kumar. All Please Note.

I, hitherto known as Nimrata Kaur D/o Kulwant Singh W/o Paramjit Singh R/o H.No.73/1, Arjan Nagar, Basti Mithu, Backside Sports Collage, Jalandhar, Punjab 144002, have changed my name and shall hereafter be known as Manjit Kaur.

I, Raj Kumar Gupta S/o Tarsem Lal R/o H.No. 57, St. No. 3, New Patel Nagar, Phagwara, Distt. Kapurthala have changed my name Raj Kumar Gupta to Raj Kumar. All Please Note.

I, Babbi W/o Satnam Singh R/o H.No.126, Near Gurdwara Baba Budha Ji Dakoha, Jalandhar declare that Babbi and Jagjit Kaur is one and the same person. All Please Note.

I, Sarabjit Kaur W/o Amrik Singh R/o Vill Badowal, P.O. Sham Chaurasi, Distt. Hoshiarpur- 144105, Punjab have changed my name from Sarabjit Kaur to Sarbjit Kaur. All Please Note.

I, Saroj Kumar S/o Badri Parshad R/o Nangal Lubana, Bhulath, Kapurthala-144631, Punjab declare that in my driving license my name has been erroneously mentioned as Saroj Kumar S/o Badari Dass but correct name is Sanoj Pandit S/o Vadri Pandit. Concerned Note.

I, Gouravpreet S/o Gurpreet Singh R/o H.No. BX-1473, New Ward No. 17, Main Gali Gurudwara Pahili Patshahi, Lamba Pind, Jalandhar, Punjab-144009 have changed my name from Gouravpreet to Given Name as Gouravpreet & Surname as Singh. All concerned please note.

I, Rakesh S/O Sat Ram, R/o House No 138, Near Dharamshala, Factory Area, Patiala, Punjab-147001, I have changed the name of my minor daughter Himanshu aged about 17 years and She shall hereafter be known as Himanshi Kaur.

I, Ritu, D/O Ashok Kumar, R/o Nizampur Majra (1-R), Sonipat, Hayana- 131408. have changed my name and shall hereafter be Known as Ritu Jakhar.

I, Kuldeep Kaur W/o Charan Singh R/o Village Dakoha, Tehsil Batala, Distt. Gurdaspur, Punjab declare that Kuldip Kaur & Kuldeep Kaur are names of one and same person. Concerned Note.

I, Vibhishan S/O Naresh Kumar, R/o 4997, Hanuman Marg, 30 Feet Road, Parvatiya Colony 19/20, Faridabad, Sector 22, Faridabad, Haryana- 121005, have changed my name and shall hereafter be Known as Bhavishya Sharma.

I, Siddhant Gupta, S/O Girraj Prasad Gupta, R/o G-10, First Floor, Sector 50, G-Block, South city -II, PO:Gurgaon, South City II, Dist: Gurgaon, Haryana-122018, have changed the name of my minor Son Avyukt Gupta aged about 1 Years and He shall hereafter be known as Krishiv Gupta.

I, Sharanjit S/o Vijay Kumar R/o Ghorewahi, Distt. Jalandhar, Punjab-144201, India have changed my name from Sharanjit to Sharanjit Saroya. All concerned please note.

I, SARABJIT KAUR DHESI W/o TAJINDER SINGH DHESI R/o VILLAGE LAKHANPAL TEHSIL PHILLAUR (JALANDHAR) have changed my spelling name from SARABJIT KAUR DHESI to SARBJIT KAUR DHESI.

I, Sandeep Singh S/o Harmail Singh R/o V.P.O. Budhi Pind, Tehsil Tanda, Distt. Hoshiarpur, Punjab, have changed my name to Sandeep Singh Chohan. All concerned please note.

I, Muskan D/o Ganga Ram R/o Ward No. 06, Miani, Tehsil Tanda, Distt. Hoshiarpur, Punjab, have changed my name from Muskan to Kaur Muskan. All concerned please note.

## PUBLIC NOTICE

I, Anjali Rohan W/o Rohan Masih R/o Ward No. 8, Bedi Colony, Dhariwal, Tehsil/Distt. Gurdaspur, Punjab, India, declare that my given name as Anjali and my surname as Rohan.

I, Devinder Kaur W/o Late Sh. Raj Kumar R/o H. No. 131, Near Raju Atta Chaki, Sansarpur, Jalandhar-II, declare that Devinder Kaur and Davinder Kaur are one & same Person. (11950)

I, Dilip Kumar Singh S/O Lal Babu Singh R/O 836 GTB Nagar, Nangal Shama, Ladhewali, Jalandhar, 144007, Present Adress 836 GTB Nagar, Housing Board Colony, Jalandhar, 144003, Punjab, India Declare that My Younger Son Adarsh Singh is not in my Control. Therefore, I Disinherit Him from my movable and immovable Property. I And Our Family Shall Not be Responsible For of his Acts, Deeds and things. All Please Note.

## ਨਾਂਅ ਦੀ ਬਦਲੀ

ਮੈਂ, ਸੁਨੀਤਾ ਰਾਣੀ ਪਤਨੀ ਮੰਗਲ ਦਾਸ ਵਾਸੀ ਪਿੰਡ ਤੇ ਡਾਕ: ਬਜਵਾੜਾ ਕਲ੍ਹਾਂ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੈਂ ਆਪਣੀ ਨਾਬਾਲਗ ਲੜਕੀ ਦਾ ਨਾਮ ਸ਼ਗੁਨ ਤੋਂ ਬਦਲ ਕੇ ਸ਼ਗੁਨ ਕੌਰ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

ਮੈਂ, ਸੰਨੀ ਭਾਰਗਵ ਪੁੱਤਰ ਬੰਗਰ ਨਾਥ ਵਾਸੀ ਮਕਾਨ ਨੰਬਰ 235, ਪਿੰਡ ਅਤੇ ਡਾਕਖਾਨਾ ਰਾਏਪੁਰ ਰਸੂਲਪੁਰ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰੇ ਦਸਵੀਂ ਅਤੇ ਬਾਰਵੀਂ ਦੇ ਸਰਟੀਫਿਕੇਟ ਵਿੱਚ ਮੇਰੇ ਪਿਤਾ ਦਾ ਨਾਮ ਗਲਤੀ ਨਾਲ ਮਗਰ ਨਾਥ ਲਿਖਿਆ ਹੈ, ਜਦਕਿ ਮੇਰੇ ਪਿਤਾ ਦਾ ਸਹੀ ਨਾਮ ਬੰਗਰ ਨਾਥ ਹੈ। ਸਬੰਧਿਤ ਨੋਟ ਕਰਨ।

## ਆਮ ਸੂਚਨਾ

ਅਸੀਂ, ਰਣਜੀਤ ਸਿੰਘ-ਮਲਕੀਅਤ ਸਿੰਘ ਪੁੱਤਰਾਨ ਹਰਦੇਵ ਸਿੰਘ ਵਾਸੀ ਨੰਗਲ ਵੰਝਾਂਵਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੇ ਪਿਤਾ ਦੇ ਹਰਦੇਵ ਸਿੰਘ- ਹਰਦੇਸ਼ ਸਿੰਘ-ਦੇਸਾ ਤਿੰਨੇ ਨਾਂਅ ਚਲਦੇ ਹਨ। ਸਾਡੇ ਪਿਤਾ ਦੇ ਉਪਰੋਕਤ ਤਿੰਨੇ ਨਾਂਅ ਇਕ ਹੀ ਆਦਮੀ ਦੇ ਹਨ।

ਮੈਂ, ਮੀਨੂੰ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀ ਪਿੰਡ ਟਾਂਡਾਂ, ਹੁਸ਼ਿਆਰਪੁਰ ਸੂਚਿਤ ਕਰਦੀ ਹਾਂ ਕਿ ਮੇਰੇ ਦਸਵੀਂ ਜਮਾਤ ਦੇ ਸਰਟੀਫਿਕੇਟ ਵਿੱਚ ਮੇਰਾ ਨਾਂਅ ਗਲਤੀ ਨਾਲ ਮੀਨੂੰ ਬਾਲਾ ਲਿਖਿਆ ਗਿਆ ਹੈ, ਪਰ ਮੇਰਾ ਸਹੀ ਨਾਂਅ ਮੀਨੂੰ ਕੌਰ ਹੈ ਅਤੇ ਮੇਰੀ ਮਾਤਾ ਦਾ ਨਾਂਅ ਵੀ ਸੁਦੇਸ਼ ਦੇਵੀ ਲਿਖਿਆ ਗਿਆ ਹੈ, ਪਰ ਉਸ ਦਾ ਸਹੀ ਨਾਂਅ ਸੁਦੇਸ਼ ਰਾਣੀ ਹੈ।

ਮੈਂ, ਛਿੰਦੋ ਬਾਈ ਪਤਨੀ ਸ੍ਰੀ ਸੁਖਦੇਵ ਸਿੰਘ ਵਾਸੀ ਜੈਤ ਭੈਣੀ (ਫੱਤੂ ਵਾਲਾ) ਤਹਿਸੀਲ ਜਲਾਲਾਬਾਦ (ਪ) ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦੀ ਹਾਂ ਕਿ ਮੇਰਾ ਪੰਜਾਬ ਨੈਸ਼ਨਲ ਬੈਂਕ ਜਲਾਲਾਬਾਦ ਵਿਚ ਖਾਤਾ ਨੰਬਰ 0239001700066006 ਹੈ, ਜਿਸ ਵਿਚ ਮੇਰਾ ਨਾਂਅ ਗਲਤੀ ਨਾਲ ਸ਼ਿੰਦੋ ਬਾਈ (Shindo Bai) ਲਿਖਿਆ ਗਿਆ ਹੈ। ਜਦ ਕਿ ਮੇਰੇ ਆਧਾਰ ਕਾਰਡ ਵਿਚ ਅਸਲ ਨਾਂਅ ਛਿੰਦੋ ਬਾਈ (Chhindo Bai) ਹੈ। ਬੈਂਕ ਖਾਤੇ ਵਿਚ ਮੇਰਾ ਨਾਂਅ ਛਿੰਦੋ ਬਾਈ (Chhindo Bai) ਦਰੁਸਤ ਕੀਤਾ ਜਾਵੇ।

ਮੈਂ, ਦਵਿੰਦਰ ਕੌਰ ਵਿਧਵਾ ਰਾਜ ਕੁਮਾਰ ਵਾਸੀ ਮਕਾਨ ਨੰ: 31, ਨੇੜੇ ਰਾਜੂ ਆਟਾ ਚੱਕੀ, ਸੰਸਾਰਪੁਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੇ ਸਵ. ਪਤੀ ਰਾਜ ਕੁਮਾਰ ਨੇ ਸਾਡੇ ਪੁੱਤਰ ਜਸਪਾਲ ਸਿੰਘ ਉਰਫ ਮੱਖਣ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਐਫੀਡੈਵਟ ਦੀ ਕਾਪੀ ਨਾਲ ਮਿਤੀ 18.08.2010 ਨੂੰ ਬੇਦਖਲ ਕਰ ਦਿੱਤਾ ਸੀ। ਮੇਰੇ ਪਤੀ ਦੀ ਮੌਤ ਹੋ ਚੁੱਕੀ ਹੈ। ਹੁਣ ਮੇਰਾ ਪੁੱਤਰ ਜਸਪਾਲ ਸਿੰਘ ਉਰਫ ਮੱਖਣ ਮੇਰੇ ਕਹਿਣੇ ਵਿਚ ਹੈ। ਮੈਂ ਆਪਣੇ ਸਵ. ਪਤੀ ਵੱਲੋਂ ਦਿੱਤੇ ਬੇਦਖਲੀ ਨੋਟਿਸ ਨੂੰ ਰੱਦ ਕਰ ਰਹੀ ਹਾਂ। ਹੁਣ ਮੇਰਾ ਲੜਕਾ ਮੇਰੀ ਜਾਇਦਾਦ ਦਾ ਕਾਨੂੰਨਨ ਹੱਕਦਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀ, ਸੁਰਿੰਦਰ ਸਿੰਘ ਪੁੱਤਰ ਹਰਬੰਸ ਸਿੰਘ ਅਤੇ ਗੁਰਦੀਪ ਪਤਨੀ ਸੁਰਿੰਦਰ ਸਿੰਘ ਵਾਸੀਆਨ 15, ਵਰਿੰਦਾਵਨ ਇੰਨਕਲੇਵ, ਸਾਹਮਣੇ ਵਿਜੇ ਨਗਰ,ਪੈਟ੍ਰੋਲ ਪੰਪ,ਬਟਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਅਸੀ ਆਪਣੇ ਲੜਕੇ ਮੰਨਨਦੀਪ ਸਿੰਘ ਮਹਿਤਾ ਨੂੰ ਸਾਡੇ ਕਹਿਣੇ ਤੋਂ ਬਾਹਰ ਹੋਣ ਕਰਕੇ 20.11.2022 ਨੂੰ ਅਖਬਾਰ ਰਾਹੀਂ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਸਾਡਾ ਲੜਕਾ ਮੰਨਨਦੀਪ ਸਿੰਘ ਮਹਿਤਾ ਜੋ ਸਾਡੇ ਕਹਿਣੇ ਵਿਚ ਹੈ ਤੇ ਸਾਡੀ ਸੇਵਾ ਤੇ ਪੂਰੀ ਦੇਖਭਾਲ ਕਰਦਾ ਹੈ ਅਤੇ ਹਰ ਤਰ੍ਹਾਂ ਦਾ ਆਦਰ ਸਤਿਕਾਰ ਕਰਦਾ ਹੈ। ਅਸੀ ਉਸਨੂੰ ਦਿੱਤੀ ਹੋਈ ਬੇਦਖਲੀ ਵਾਪਸ ਲੈਂਦੇ ਹਾਂ। ਹੁਣ ਉਹ ਸਾਡੀ ਜਾਇਦਾਦ ਦਾ ਹੱਕਦਾਰ ਹੋਵੇਗਾ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: XIIAP02/8486-W (C.A. No. 3004471256) 12.50 ਬੀ.ਐੱਚ.ਪੀ ਜੋ ਕਿ ਸ੍ਰੀ ਜੀਤ ਸਿੰਘ ਪੁੱਤਰ ਸ੍ਰੀ ਰਤਨ ਸਿੰਘ ਪਿੰਡ ਕੇਸਰਪੁਰ, ਜ਼ਿਲ੍ਹਾ ਕਪੂਰਥਲਾ ਦੇ ਨਾਮ ਤੇ ਚੱਲ ਰਹੇ ਹਨ। ਇਹ ਕੁਨੈਕਸ਼ਨ ਪਿੰਡ ਨਿਹਾਲੂਵਾਲ, ਜ਼ਿਲ੍ਹਾ ਕਪੂਰਥਲਾ ਵਿੱਚ ਮੌਜੂਦ ਹੈ। ਇਹ ਕੁਨੈਕਸ਼ਨ ਸ੍ਰੀ ਮੇਜਰ ਸਿੰਘ ਪੁੱਤਰ ਸ੍ਰੀ ਜੀਤ ਸਿੰਘ ਵਾਸੀ ਪਿੰਡ ਕੇਸਰਪੁਰ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਮ ਕਰਵਾਉਣ ਲਈ ਦਰਖਾਸਤ ਇਸ ਦਫਤਰ ਵਿਖੇ ਪੇਸ਼ ਕੀਤੀ ਹੈ। ਇਸ ਸਬੰਧੀ ਜੇਕਰ ਕਿਸੇ ਨੂੰ ਇਤਰਾਜ ਹੈ/ਹੋਵੇ ਤਾਂ ਆਪਣਾ ਇਤਰਾਜਨਾਮਾ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰਕਰਤਾ ਨੂੰ ਇਸ ਦਫਤਰ ਵਿੱਚ ਜਮ੍ਹਾਂ ਕਰਵਾਓ ਜੀ।

ਸਹਾਇਕ ਕਾਰਜਕਾਰੀ ਇੰਜੀ./ਵੰਡ, ਪੀ.ਐਸ.ਪੀ.ਸੀ.ਐਲ ਉੱਪ-ਮੰਡਲ ਕਾਲਾ ਸੰਘਿਆਂ।

ਇਸ ਦਫਤਰ ਅਧੀਨ ਸੁਖਦੇਵ ਸਿੰਘ ਪੁੱਤਰ ਗੁੱਜਰ ਸਿੰਘ ਵਾਸੀ ਦਾਤੇਵਾਸ ਰਕਬਾ ਦਾਤੇਵਾਸ ਨੇ ਇੱਕ ਮੋਟਰ ਕੁਨੈਕਸ਼ਨ ਖਾਤਾ ਨੰ : ਏ.ਪੀ 18/31 ਲਿਆ ਹੋਇਆ ਹੈ। ਹੁਣ ਉਕਤ ਕੁਨੈਕਸ਼ਨ ਗਗਨਦੀਪ ਸਿੰਘ ਪੁੱਤਰ ਸ੍ਰੀ ਜਰਨੈਲ ਸਿੰਘ ਵਾਸੀ ਦਾਤੇਵਾਸ ਰਕਬਾ ਦਾਤੇਵਾਸ ਵੱਲੋਂ ਆਪਣੇ ਨਾਮ ਬਦਲੀ ਕਰਵਉਣ ਲਈ ਬਿਨੈ ਪੱਤਰ ਦਿੱਤਾ ਹੈ। ਜੇਕਰ ਕੁਨੈਕਸ਼ਨ ਨਾਮ ਬਦਲੀ ਸਬੰਧੀ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ ਉਹ ਆਪਣਾ ਇਤਰਾਜ ਲਿਖਤੀ ਰੂਪ ਵਿੱਚ ਉਪ ਮੰਡਲ ਅਫਸਰ ਪੀ.ਐਸ.ਪੀ.ਸੀ.ਐਲ ਬੁਢਲਾਡਾ ਨੂੰ 15 ਦਿਨਾਂ ਦੇ ਅੰਦਰ-ਅੰਦਰ ਖੁਦ ਪੇਸ਼ ਹੋ ਕੇ ਦੇ ਸਕਦਾ ਹੈ।

## ਬੇਦਖਲੀ ਨੋਟਿਸ

ਅਸੀਂ ਅਸ਼ੋਕ ਕੁਮਾਰ ਪੁੱਤਰ ਸ੍ਰੀ ਦੇਸ ਰਾਜ ਵਾ ਆਸ਼ਾ ਬਜਾਜ ਪਤਨੀ ਅਸ਼ੋਕ ਬਜਾਜ ਉਰਫ ਅਸ਼ੋਕ ਕੁਮਾਰ ਵਾਸੀਆਨ ਮਕਾਨ ਨੰ: 100, ਕਰਤਾਰ ਨਗਰ, ਜਲੰਧਰ, ਪੰਜਾਬ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਸੋਰਵ ਬਜਾਜ ਅਤੇ ਇਸਦੀ ਪਤਨੀ ਲਲਿਤਾ ਉਰਫ ਡਿੰਪਲ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਪਵਨ ਕੁਮਾਰ ਪੁੱਤਰ ਮੁਨਸ਼ੀ ਰਾਮ ਵਾਸੀ ਪਿੰਡ ਜੀਵਨਵਾਲ ਬੱਬਰੀ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਲਖਵਿੰਦਰ ਸਿੰਘ ਮੰਨੂ, ਜੋ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜੋਗਿੰਦਰ ਪੁੱਤਰ ਗੁਰਬਚਨ ਸਿੰਘ ਵਾਸੀ ਮਕਾਨ ਨੰ. 914, ਤੁੰਗ ਬਾਲਾ, ਕਬੀਰ ਨਗਰ, ਗਲੀ ਨੰ. 10, ਮਜੀਠਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਵੀ ਅਤੇ ਉਸ ਦੀ ਪਤਨੀ ਮਧੂ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਰਾਜਵੰਤ ਕੌਰ ਪਤਨੀ ਜਰਨੈਲ ਸਿੰਘ ਵਾਸੀ ਐੱਸ-6/2474, ਗਲੀ ਨੰ: 2, ਕ੍ਰਿਸ਼ਨਾ ਨਗਰ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਮੀਤ ਸਿੰਘ ਅਤੇ ਉਸ ਦੀ ਪਤਨੀ ਰਿੰਪੀ ਅਤੇ ਇਨ੍ਹਾਂ ਦੇ ਦੋਨੋਂ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਅਵਤਾਰ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾ ਮਨਜੀਤ ਕੌਰ ਪਤਨੀ ਅਵਤਾਰ ਸਿੰਘ ਵਾਸੀ ਪਿੰਡ ਡੱਡੇ ਮੁਰਾਦੀ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਕਾਸ਼ਦੀਪ ਸਿੰਘ, ਜਿਸ ਨੇ ਆਪਣੀ ਮਰਜੀ ਨਾਲ ਗੁਰਲੀਨ ਕੌਰ ਪੁੱਤਰੀ ਸੁਖਦੇਵ ਸਿੰਘ ਵਾਸੀ ਪਿੰਡ ਮਹੰਤ ਪੁਰਾ ਅਟਾਰੀ, ਅੰਮ੍ਰਿਤਸਰ ਨਾਲ ਵਿਆਹ ਕਰਵਾ ਲਿਆ ਹੈ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੁਖਵੰਤ ਕੌਰ ਪਤਨੀ ਲੇਟ ਸ੍ਰੀ ਅਵਤਾਰ ਸਿੰਘ ਵਾਸੀ 19/14 ਕੋਟ ਮਿੱਤ ਸਿੰਘ, ਤਰਨ ਤਾਰਨ ਰੋਡ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਪਰਮਜੀਤ ਕੌਰ, ਜਿਸ ਦੀ ਦੋ ਲੜਕੀਆਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਨਜੀਤ ਕੌਰ ਪਤਨੀ ਕੁਲਦੀਪ ਸਿੰਘ ਵਾਸੀ ਪਿੰਡ ਪੰਜਵੜ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਸਕੀਰਤ ਸਿੰਘ ਅਤੇ ਨੂੰਹ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਨਿਰਮਲਾ ਦੇਵੀ ਪਤਨੀ ਲੇਟ ਸ੍ਰੀ ਨਰਿੰਦਰ ਪਾਲ ਵਾਸੀ ਮਕਾਨ ਨੰਬਰ 108, ਵਾਰਡ ਨੰ: 11, ਆਰਿਆ ਨਗਰ, ਕਰਤਾਰਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮੁਨੀਸ਼ ਕੁਮਾਰ ਪਾਲ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਬੇਦਖਲੀ ਨੋਟਿਸ

ਮੈਂ, ਜਸਵੰਤ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪੱਤੀ ਭੁੱਲਰ, ਨੇੜੇ ਗੁਰਦੁਆਰਾ ਬਾਬਾ ਕੇਹਰ ਸਿੰਘ, ਬੁੱਟਰ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਤੇਜ ਸਿੰਘ ਅਤੇ ਨੂੰਹ ਅੰਮ੍ਰਿਤਪਾਲ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਨੋਹਰ ਲਾਲ ਪੁੱਤਰ ਗੁਰਦਾਸ ਰਾਮ ਵਾਸੀ ਪਿੰਡ ਤੇ ਡਾਕ: ਈਸ਼ਰਵਾਲ ਜ਼ਿਲ੍ਹਾ: ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਹੁਸਨ ਲਾਲ ਬੁਰੀਆਂ ਆਦਤਾਂ ਅਤੇ ਭੈੜੀ ਸੰਗਤ ਵਿੱਚ ਪੈ ਗਿਆ ਹੈ ਅਤੇ ਮੇਰੇ ਕਹਿਣੇਕਾਰ ਨਹੀਂ ਹੈ, ਇਸ ਲਈ, ਮੈਂ ਆਪਣੇ ਪੁੱਤਰ ਹੁਸਨ ਲਾਲ ਨੂੰ ਆਪਣੀਆਂ ਸਾਰੀਆਂ ਚੱਲ ਅਤੇ ਅਚੱਲ ਜਾਇਦਾਦਾਂ ਤੋਂ ਬੇਦਖਲ ਕਰਦਾ ਹਾਂ ਅਤੇ ਵਿਰਾਸਤ ਤੋਂ ਵਾਂਝਾ ਕਰਦਾ ਹਾਂ। ਜੋ ਵੀ ਵਿਅਕਤੀ ਇਸ ਨਾਲ ਲੈਣ ਦੇਣ ਕਰੇਗਾ ਉਹ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਬਲਵਿੰਦਰ ਕੁਮਾਰ ਪੁੱਤਰ ਵਸਾਵਾ ਰਾਮ ਵਾਸੀ ਪਿੰਡ ਸੈਦੇ ਕੇ ਮੋਹਣ ਤਹਿਸੀਲ ਗੁਰੂ ਹਰ ਸਹਾਇ ਜਿਲਾ ਫਿਰੋਜ਼ਪੁਰ ਦਾ ਰਹਿਣ ਵਾਲਾ ਹਾਂ ਮੇਰਾ ਲੜਕਾ ਵਿਸਵਪ੍ਰੀਤ ਜਿਸ ਦੀ ਉਮਰ 22 ਸਾਲ ਹੈ ਅਤੇ ਗਲਤ ਸੰਗਤ ਦਾ ਸ਼ਿ?ਕਾਰ ਹੋ ਗਿਆ ਹੈ ਤੇ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਮੈਂ ਉਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ ਸਤਨਾਮ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਐਨੋ ਕੋਟ, ਡਾਕਖਾਨਾ ਲੱਧਾ ਮੁੰਡਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਸੰਦੀਪ ਸਿੰਘ ਅਤੇ ਇਸਦੀ ਪਤਨੀ ਸਿਮਰਨਜੀਤ ਕੌਰ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜ਼ੀ ਕਰਦੇ ਹਨ। ਮੈਂ ਇਹਨਾਂ ਦੋਵਾਂ ਨੂੰ ਆਪਣੀ ਚਲ ਅੱਚਲ ਜ਼ਾਇਦਾਦ ਤੋਂ ਬੇਦਖ਼ਲ ਕਰਦਾ ਹਾਂ, ਲੈਣ ਦੇਣ ਕਰਨ ਵਾਲ਼ੇ ਖ਼ੁਦ ਜ਼ਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ਼ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਮੈਂ, ਮੰਗਲ ਸਿੰਘ ਪੁੱਤਰ ਸ੍ਰੀ ਕਾਲਾ ਸਿੰਘ, ਵਾਸੀ ਪਿੰਡ ਬਾਗੂਵਾਲ, ਡਾਕਖਾਨਾ ਸੈਫਲਾਬਾਦ, ਤਹਿਸੀਲ ਵਾ ਜਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਸਿੰਘ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜਿੰਮੇਵਾਰ ਹੋਵੇਗਾ।

ਮੈਂ ਪਰਮਜੀਤ ਕੌਰ ਪਤਨੀ ਸ੍ਰ. ਸੁਖਵਿੰਦਰਜੀਤ ਸਿੰਘ ਵਾਸੀ 23-ਏ,ਗਲੀ ਨੰ.7,ਗੁਰੂ ਅਮਰਦਾਸ ਐਵੀਨਿਊ,ਅਜਨਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਿੰਦਰਬੀਰ ਸਿੰਘ ਅਤੇ ਉਸਦੀ ਪਤਨੀ ਸਮੋਨਾ ਰਾਜਪੂਤ ਦੋਵੇਂ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਮਾੜੀ ਸੰਗਤ ਦੇ ਸ਼ਿਕਾਰ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਸਵਿੰਦਰ ਸਿੰਘ ਪੁੱਤਰ ਲੇਟ ਸ੍ਰ.ਹਰਬੰਸ ਸਿੰਘ ਵਾਸੀ 2017/1, 3087 ਪੁਰਾਣਾ,ਡੀਪੂ ਵਾਲੀ ਗਲੀ,ਨਵੀਂ ਅਬਾਦੀ,ਫੈਜਪੁਰਾ,ਤਹਿਸੀਲ ਵਾ ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਰਦੀਪ ਸਿੰਘ ਉਰਫ ਮਿੰਟੂ ਅਤੇ ਉਸਦੀ ਪਤਨੀ ਵੀਰਪਾਲ ਕੌਰ ਉਰਫ ਕਿੱਟੂ ਅਤੇ ਦੂਸਰੀ ਨੂੰਹ ਮਨਦੀਪ ਕੌਰ ਪਤਨੀ ਲੇਟ ਮਲਕੀਤ ਸਿੰਘ ਤਿੰਨੇ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜੀ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਸਭ ਨੂੰ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਸ਼ਫੀ ਪੁੱਤਰ ਸ਼ੀਦਾ, ਵਾਸੀ ਪੱਤੀ ਬਾਘੇ ਵਾਲੀ, ਵੇਰਕਾ, ਓਠੀਆਂ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਵਾਰਿਸ ਅਤੇ ਉਸ ਦੀ ਪਤਨੀ ਮਮਤਾ ਅਤੇ ਇਨ੍ਹਾਂ ਦੀ ਇਕ ਲੜਕੀ ਗਲੋਰੀਆ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਜਨਕ ਰਾਜ ਪੁੱਤਰ ਲਾਲ ਚੰਦ ਵਾਸੀ ਪਿੰਡ ਸੁੰਡਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਨੇ ਆਪਣੇ ਪੁੱਤਰ ਜਤਿੰਦਰ ਸਿੰਘ ਉਰਫ ਸਾਬੀ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਜੋ ਮੈਂ ਆਪਣੇ ਭਰਾ ਜਗਤਾਰ ਸਿੰਘ ਤੋਂ ਗੋਦ ਲਿਆ ਹੋਇਆ ਸੀ। ਇਹ ਆਪਣੇ ਮਾੜੇ/ਚੰਗੇ ਕੰਮ ਅਤੇ ਲੈਣ-ਦੇਣ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ।

ਮੈਂ ਰਜਨੀ ਬਾਲਾ ਪਤਨੀ ਰਕੇਸ਼ ਕੁਮਾਰ, ਵਾਸੀ ਮਕਾਨ ਨੰ: 91, ਰਾਜਾ ਗਾਰਡਨ, ਕਪੂਰਥਲਾ ਰੋਡ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਨਮਨ ਅਤੇ ਨੂੰਹ ਕਿਰਤੀ ਜੋ ਕਿ ਮੇਰੇ ਕਹਿਣੇ ਤੋ ਬਾਹਰ ਹਨ। ਜਿਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚਲ-ਅਚਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਜੋ ਕੋਈ ਵੀ ਇਨ੍ਹਾਂ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ।

ਅਸੀਂ, ਰਾਮ ਰਤਨ ਪੁੱਤਰ ਤੇਜਾ ਸਿੰਘ ਅਤੇ ਅਮਰਜੀਤ ਕੌਰ ਪਤਨੀ ਰਾਮ ਰਤਨ ਵਾਸੀਆਨ ਮਕਾਨ ਨੰ. 2115, ਵਾਰਡ ਨੰ. 7, ਆਦਮਪੁਰ ਦੋਆਬਾ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਜੀਤ ਕੁਮਾਰ ਅਤੇ ਉਸਦੀ ਪਤਨੀ ਰਜਨੀ ਸਿੱਧੂ ਅਤੇ ਇਹਨਾਂ ਦੀ ਲੜਕੀ ਵਾਹੇਨੂਰ ਕੌਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਸਾਰਿਆਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਉਕਾਰ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਮਕਾਨ ਨੰ. 603, ਕਰੋਲ ਬਾਗ, ਡਾਕਖਾਨਾ ਚੁਗਿੱਟੀ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਪੰਨਦੀਪ ਸਿੰਘ ਅਤੇ ਉਸਦੀ ਪਤਨੀ ਵਰਪ੍ਰੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਅਸ਼ੋਕ ਮੈਣੀ ਪੁੱਤਰ ਲੇਟ ਕਿਸ਼ੋਰੀ ਲਾਲ ਮੈਣੀ ਵਾਸੀ ਮਕਾਨ ਨੰ. 23, ਭਗਤ ਸਿੰਘ ਕਾਲੋਨੀ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਦੂਜੀ ਪਤਨੀ ਸਵਿਤਾ ਅਤੇ ਉਸਦਾ ਲੜਕਾ ਪੁਸ਼ਕਰ ਓਬਰਾਏ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸਲੀਮ ਪੁੱਤਰ ਮਸੀਦ ਵਾਸੀ ਨੇੜੇ ਗੀਤਾ ਮੰਦਿਰ, ਪਿੰਡ ਫੋਲੜੀਵਾਲ, ਡਾਕ: ਗੜ੍ਹਾ, ਜਲੰਧਰ, ਪੰਜਾਬ-144022 ਸੂਚਿਤ ਕਰਦਾ ਹਾਂ ਕਿ ਮੇਰਾ ਪੁੱਤਰ ਰਾਜ ਵੀਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਕੁਲਵਿੰਦਰ ਕੌਰ ਪਤਨੀ ਦਿਲਬਾਗ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਹਰੀਪੁਰ, ਥਾਣਾ ਆਦਮਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਸੁਖਜਿੰਦਰ ਸਿੰਘ ਅਤੇ ਉਸਦੀ ਪਤਨੀ ਸੰਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਵਿਜੇ ਕੁਮਾਰ ਪੁੱਤਰ ਲੇਟ ਖੈਰਾਤੀ ਲਾਲ ਵਾਸੀ ਮਕਾਨ ਨੰ: 69, ਮੁੱਹਲਾ ਈਦਗਾਹ, ਗੜ੍ਹਾ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਦਿਨੇਸ਼ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਪਲਵਿੰਦਰ ਕੌਰ ਪਤਨੀ ਤਰਲੋਕ ਸਿੰਘ ਵਾਸੀ ਮਕਾਨ ਨੰ: 324, ਆਵਾ ਮੁੱਹਲਾ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਗੁਰਜੋਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


## ਡਾ. ਚੱਬੇਵਾਲ ਤੇ ਜੋਗਿੰਦਰ ਮਾਨ ਨੇ ਗਰੇਟਰ ਕੈਲਾਸ਼ 'ਚ ਟਿਊਬਵੈੱਲ ਦਾ ਕੀਤਾ ਉਦਘਾਟਨ



**ਫਗਵਾੜਾ (ਡਾ. ਰਮਨ)**-ਸ਼ਹਿਰ ਦੀ ਗਰੇਟਰ ਕੈਲਾਸ਼ ਕਾਲੋਨੀ ਵਿਖੇ 34 ਲੱਖ ਰੁਪਏ ਦੀ ਲਾਗਤ ਨਾਲ ਲਗਾਏ ਗਏ ਨਵੇਂ ਟਿਊਬਵੈਲ ਦਾ ਉਦਘਾਟਨ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਦੇ ਨਾਲ ਜੋਗਿੰਦਰ ਸਿੰਘ ਮਾਨ ਹਲਕਾ ਇੰਚਾਰਜ ਫਗਵਾੜਾ ਅਤੇ ਹਰਨੂਰ ਸਿੰਘ ਮਾਨ ਸਪੋਕਸ ਪਰਸਨ 'ਆਪ' ਪੰਜਾਬ ਵਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਮੇਅਰ ਰਾਮਪਾਲ ਉੱਪਲ, ਏ.ਡੀ.ਸੀ. ਡਾ. ਅਕਸ਼ਿਤਾ ਗੁਪਤਾ (ਆਈ.ਏ.ਐਸ.), ਪ੍ਰਦੀਪ ਚੱਟਾਨੀ ਐਸ.ਡੀ.ਓ. ਸੀਵਰੇਜ ਬੋਰਡ ਅਤੇ ਅਮਿਤ ਕੁਮਾਰ ਜੇ.ਈ. ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਗਰੇਟਰ ਕੈਲਾਸ਼ ਖੇਤਰ ਦੇ ਵਸਨੀਕਾਂ ਨੂੰ ਸ਼ਿਵਪੁਰੀ ਅਤੇ ਇੰਡਸਟ੍ਰੀਅਲ ਏਰੀਆ ਦੀਆਂ ਮੋਟਰਾਂ ਤੋਂ ਪਾਣੀ ਦੀ ਸਪਲਾਈ ਹੋਣ ਕਰਕੇ ਕਾਫੀ ਦਿੱਕਤ ਪੇਸ਼ ਆ ਰਹੀ ਸੀ। ਕਿਉਂਕਿ ਪਾਣੀ ਦਾ ਪ੍ਰੈਸ਼ਰ ਬਹੁਤ ਘੱਟ ਹੋਣ ਕਰਕੇ ਉੱਪਰਲੀਆਂ ਮੰਜ਼ਿਲਾਂ ਤੇ ਪਾਣੀ ਨਹੀਂ ਪਹੁੰਚਦਾ ਸੀ। ਗਰੇਟਰ ਕੈਲਾਸ਼ ਦੇ ਵਸਨੀਕਾਂ ਨੂੰ ਆਉਣ ਵਾਲੀ ਪਾਣੀ ਦੀ ਕਿੱਲਤ ਇਸ ਟਿਊਬਵੈੱਲ ਦੇ ਸ਼ੁਰੂ ਹੋਣ ਨਾਲ ਖਤਮ ਹੋ ਗਈ ਹੈ। ਇਸ ਨਵੇਂ ਟਿਊਬਵੈੱਲ ਨਾਲ ਗ੍ਰੇਟਰ ਕੈਲਾਸ਼ ਤੋਂ ਇਲਾਵਾ ਉਂਕਾਰ ਨਗਰ, ਸ਼ਿਵਪੁਰੀ, ਸ਼ਾਮ ਨਗਰ, ਪੀਪਾ ਰੰਗੀ, ਕਿਰਪਾ ਨਗਰ ਅਤੇ ਨਾਲ ਲਗਦੇ ਹੋਰ ਇਲਾਕਿਆਂ ਦੇ ਵਸਨੀਕਾਂ ਨੂੰ ਵੀ ਲਾਭ ਮਿਲੇਗਾ। ਡਾ. ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਆਪ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਹਰੇਕ ਮੁਸ਼ਕਿਲ ਦਾ ਹੱਲ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਕਰਵਾਇਆ ਜਾਵੇਗਾ। ਜ਼ਰੂਰਤ ਅਨੁਸਾਰ ਐਮ.ਪੀ. ਕੋਟੇ ਵਿਚੋਂ ਵੀ ਫੰਡ ਜਾਰੀ ਕਰਕੇ ਵਿਕਾਸ ਦੇ ਕੰਮ ਕਰਵਾਏ ਜਾਣਗੇ। ਇਸ ਮੌਕੇ ਵਿੱਕੀ ਸੂਦ ਡਿਪਟੀ ਮੇਅਰ, ਦਲਜੀਤ ਸਿੰਘ ਰਾਜੂ, ਗੁਰਦੀਪ ਸਿੰਘ ਦੀਪਾ ਸਿੱਖਿਆ ਕੋਆਰਡੀਨੇਟਰ, ਓਮ ਪ੍ਰਕਾਸ਼ ਬਿੱਟੂ ਕੋਆਰਡੀਨੇਟਰ ਜੰਗ ਨਸ਼ਿਆਂ ਵਿਰੁੱਧ, ਰਵੀ ਸਿੱਧੂ ਐਮ.ਸੀ, ਰਵਿੰਦਰ ਰਵੀ ਐਮ. ਸੀ, ਵਿਜੇ ਬਸੰਤ ਨਗਰ, ਅੰਕੁਸ਼ ਓਹਰੀ, ਬਲਵੀਰ ਠਾਕਰ, ਮਿਤੁਲ ਸੁਧੀਰ, ਸਮਰ ਗੁਪਤਾ, ਰਕੇਸ਼ ਕੁਮਾਰ ਕੇਸ਼ੀ ਗੰਡਵਾਂ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

## ਰਸਮ ਪਗੜੀ ਅੱਜ

**ਫਗਵਾੜਾ (ਜਸਵਿੰਦਰ ਢੱਡਾ)**- ਕੌੜਾ ਕੋਲ ਡਿਪੂ ਬੰਗਾ ਰੋਡ ਦੇ ਰਜਿੰਦਰ ਕੌੜਾ (ਜੰਗੀ) ਦੇ ਪਿਤਾ ਸੁਰਿੰਦਰ ਕੌੜਾ ਦੀ ਰਸਮ ਪਗੜੀ 7 ਮਈ ਬੁੱਧਵਾਰ ਨੂੰ ਦੁਪਹਿਰ 2 ਤੋਂ 3 ਵਜੇ ਤੱਕ ਸ਼ਨੀਦੇਵ ਮੰਦਰ, ਧੋਬੀਘਾਟ ਸਰਾਏ ਰੋਡ, ਫਗਵਾੜਾ ਵਿਖੇ ਹੋਵੇਗੀ।



## ਚੋਣ ਕਮਿਸ਼ਨ ਨੇ ਰਾਸ਼ਟਰੀ ਤੇ ਸੂਬਾਈ ਰਾਜਨੀਤਿਕ ਪਾਰਟੀਆਂ ਨਾਲ ਵਿਚਾਰ-ਵਟਾਂਦਰਾ ਕੀਤਾ ਸ਼ੁਰੂ : ਸਿਬਿਨ ਸੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਚੋਣ ਕਮਿਸ਼ਨ ਨੇ ਵੱਖ-ਵੱਖ ਭਾਈਵਾਲਾਂ ਨਾਲ ਵਧੇਰੇ ਅਤੇ ਨਿਯਮਤ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਦੇ ਮੱਦੇਨਜ਼ਰ ਰਾਸ਼ਟਰੀ ਅਤੇ ਸੂਬਾ ਪੱਧਰ ਦੀਆਂ ਰਾਜਨੀਤਿਕ ਪਾਰਟੀਆਂ ਨਾਲ ਵਿਚਾਰ ਵਟਾਂਦਰੇ ਦਾ ਸਿਲਸਿਲਾ ਸ਼ੁਰੂ ਕੀਤਾ ਹੈ। ਇਸ ਗੱਲ ਦੀ ਲੋੜ ਲੰਬੇ ਸਮੇਂ ਤੋਂ ਮਹਿਸੂਸ ਕੀਤੀ ਜਾ ਰਹੀ ਸੀ ਕਿ ਰਾਸ਼ਟਰੀ ਅਤੇ ਸੂਬਾਈ ਪਾਰਟੀ ਪ੍ਰਧਾਨ ਆਪਣੇ ਸੁਝਾਅ ਅਤੇ ਸਮੱਸਿਆਵਾਂ ਸਿੱਧੇ ਤੌਰ 'ਤੇ ਕਮਿਸ਼ਨ ਨਾਲ ਸਾਂਝੇ ਕਰਨ ਅਤੇ ਇਸੇ ਲੜੀ ਤਹਿਤ ਸਿਆਸੀ ਪਾਰਟੀਆਂ ਨਾਲ ਚੋਣ ਕਮਿਸ਼ਨ ਨੇ ਸਿੱਧਾ ਰਾਬਤਾ ਰੱਖਣ ਲਈ ਵਿਚਾਰ ਵਟਾਂਦਰੇ ਦਾ ਇਹ ਸਿਲਸਿਲਾ ਅੱਜ ਤੋਂ ਸ਼ੁਰੂ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਸਾਰੇ ਭਾਈਵਾਲਾਂ ਨਾਲ ਮੌਜੂਦਾ ਕਾਨੂੰਨੀ ਢਾਂਚੇ ਅਨੁਸਾਰ ਚੋਣ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਅਤੇ ਸੁਚਾਰੂ ਬਣਾਉਣ ਦੇ ਕਮਿਸ਼ਨ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਇਸ ਤੋਂ ਪਹਿਲਾਂ, ਕੁੱਲ 4,719 ਸਰਬ ਪਾਰਟੀ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਮੁੱਖ ਚੋਣ ਅਧਿਕਾਰੀਆਂ ਵੱਲੋਂ 40 ਮੀਟਿੰਗਾਂ, ਜ਼ਿਲ੍ਹਾ ਚੋਣ ਅਧਿਕਾਰੀਆਂ ਵੱਲੋਂ 800 ਅਤੇ ਈ.ਆਰ.ਓਜ਼. ਵੱਲੋਂ 3879 ਮੀਟਿੰਗਾਂ ਸ਼ਾਮਲ ਹਨ। ਇਨ੍ਹਾਂ ਮੀਟਿੰਗਾਂ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ 28,000 ਤੋਂ ਵੱਧ ਨੁਮਾਇੰਦੇ ਸ਼ਾਮਲ ਹੋਏ ਸਨ।

## PUBLIC NOTICE

I, Rajinder Kumar S/o Mohinder Ram R/o H.No.PH36A00, Gali No.3, New Sukhchain Nagar, Phagwara, Kapurthala. Affirming that I have lost Original Transfer Deed Bearing No.2023-24/32/1/8 Dt. 03.04.2023 in favour of Devki W/o Late Sh. Mohinder Ram of the property situated at Phagwara Sharki, Tehsil Phagwara, Kapurthala comprised in Khasra No. 1714/3/5-17, 1747/1/1-17, 1750/5-10, Unit 3, Khewat No.441-442/437. I have lodged the complaint SR No.595564/2025 dated 06-05-2025 at PSOC Sadar Phagwara, Distt. Kapurthala. Though if any person find the same kindly return me on above noted address & contact me Mob.No.9878779021. All please note.

## COURT NOTICE

**(U/o 5 Rule 20 CPC)**
**In the Court of**
**Sh. Deepak Kumar Choudhary**
**Principal Judge (FC), Barnala**
**CNR No. PBBR01-003049-2024**
**Next Date :- 26-05-2025**
Lovepreet Singh
Vs.
Manjit Kaur
Publication Issued to : Manjit Kaur
Spouse : Lovepreet Singh
Gumti Now at Paternal Home With Father Ujagar Singh R/o Near Panchayat Ghar Vill. Chupka, Distt. Malerkotla 90410-61618

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 26.05.2025 at 10:00 a.m.

For details logon to https://highcourtchd.gov.in/?mod=district_notice&district=mogacourt

Principal Judge (FC), Barnala
Dated this day of 06-05-2025

## ਬੀ ਡੀ ਪੀ ਓ ਦਫ਼ਤਰ ਦਾ ਸੁਪਰਡੈਂਟ ਰਿਸ਼ਵਤ ਲੈਂਦਾ ਕਾਬੂ



**ਸ੍ਰੀ ਫਤਿਹਗੜ੍ਹ ਸਾਹਿਬ (ਪਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ-ਸਹਿਣਸ਼ੀਲਤਾ ਨੀਤੀ ਤਹਿਤ ਵੱਡੀ ਕਾਰਵਾਈ ਕਰਦਿਆਂ ਪੰਜਾਬ ਵਿਜੀਲੈਂਸ ਬਿਊਰੋ (ਵੀ ਬੀ) ਨੇ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਅਮਲੋਹ ਵਿਖੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ 'ਚ ਸੁਪਰਡੈਂਟ ਵਜੋਂ ਤਾਇਨਾਤ ਬਲਕਾਰ ਸਿੰਘ ਨੂੰ 60,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਇੱਕ ਸਰਪੰਚ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ।ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਦੱਸਿਆ ਹੈ ਕਿ ਉਸ ਨੇ ਸਰਪੰਚ ਵਜੋਂ ਆਪਣੇ ਕਾਰਜਕਾਲ ਦੌਰਾਨ ਪਿੰਡ ਦੀ ਸ਼ਾਮਲਾਤ ਜ਼ਮੀਨ 'ਤੇ ਮਾਈਨਿੰਗ (ਖਣਨ ਕਾਰਵਾਈ) ਕੀਤੀ ਸੀ ਤੇ ਉਸ ਦਾ ਕੇਸ ਏ ਡੀ ਸੀ ਫਤਿਹਗੜ੍ਹ ਸਾਹਿਬ ਕੋਲ ਵਿਚਾਰ ਅਧੀਨ ਹੈ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਮੁਲਜ਼ਮ ਨੇ ਉਸਦਾ ਕੇਸ ਹੱਲ ਕਰਨ ਵਿੱਚ ਮਦਦ ਕਰਨ ਬਦਲੇ ਉਸ ਤੋਂ ਰਿਸ਼ਵਤ ਮੰਗੀ ਹੈ।ਬੁਲਾਰੇ ਨੇ ਕਿਹਾ ਕਿ ਸ਼ਿਕਾਇਤ ਦੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਉਡਣ ਦਸਤਾ (ਫਲਾਇੰਗ ਸਕੁਐਡ) ਟੀਮ ਨੇ ਜਾਲ ਵਿਛਾਇਆ ਤੇ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 60,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਵਿਧਾਇਕ ਮਾਣੂੰਕੇ ਵੱਲੋਂ ਕਾਉਂਕੇ ਕਲਾਂ, ਮੱਲ੍ਹਾ ਤੇ ਚਕਰ 'ਚ ਪ੍ਰੋਜੈਕਟਾਂ ਦੇ ਉਦਘਾਟਨ

**ਜਗਰਾਉਂ (ਨਛੱਤਰ ਸੰਧੂ)**-ਵਿਧਾਨ ਸਭਾ ਹਲਕਾ ਜਗਰਾਉਂ ਤੋਂ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਵੱਲੋਂ ਪਿੰਡ ਕਾਉਂਕੇ ਕਲਾਂ, ਮੱਲ੍ਹਾ ਤੇ ਚੱਕਰ ਦੇ ਸਰਕਾਰੀ ਸਕੂਲਾਂ ਵਿੱਚ ਨਵੀਨੀਕਰਨ ਕਾਰਜਾਂ ਨੂੰ ਲੋਕ ਅਰਪਿਤ ਕੀਤਾ ਗਿਆ।ਪਿੰਡ ਚੱਕਰ ਵਿਖੇ ਵਿਧਾਇਕ ਮਾਣੂੰਕੇ ਵੱਲੋਂ ਜਦੋਂ ਬਜ਼ੁਰਗ ਹਲਵਾਈ ਤਰਸੇਮ ਲਾਲ ਤੋਂ ਰੀਬਨ ਕਟਵਾਇਆ ਤਾਂ ਲੋਕਾਂ ਨੇ ਤਾੜੀਆਂ ਮਾਰ ਕੇ ਸੁਆਗਤ ਕੀਤਾ ਤੇ ਖੁਸ਼ੀ ਦਾ ਮਾਹੌਲ ਬਣ ਗਿਆ।ਬਾਕੀ ਸਕੂਲਾਂ ਵਿੱਚ ਵਿਧਾਇਕ ਮਾਣੂੰਕੇ ਵੱਲੋਂ ਬੱਚਿਆਂ ਕੋਲੋਂ ਰੀਬਨ ਕਟਵਾ ਕੇ ਹੌਂਸਲਾ-ਅਫ਼ਜ਼ਾਈ ਕੀਤੀ ਗਈ।

ਵਿਧਾਇਕ ਮਾਣੂੰਕੇ ਨੇ ਦੱਸਿਆ ਕਿ ਸਰਕਾਰੀ ਕੰਨਿਆ ਹਾਈ ਸਕੂਲ ਪੱਤੀ ਰਾਮ ਸਿੰਘ ਵਿਖੇ 9 ਲੱਖ 65 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਆਧੁਨਿਕ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ, ਜਦਕਿ ਪਿੰਡ ਮੱਲ੍ਹਾ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਬਾਸਕਟਬਾਲ ਕੋਰਟ ਦੀ ਮੁਰੰਮਤ ਤੇ ਸਰਕਾਰੀ ਪ੍ਰਾਇਮਰੀ ਸਕੂਲ ਚੱਕਰ ਵਿਖੇ 7 ਲੱਖ 42 ਹਜ਼ਾਰ 500 ਰੁਪਏ ਦੀ ਲਾਗਤ ਨਾਲ ਦੋ ਕਲਾਸ ਰੂਮਾਂ ਦੀ ਰਿਪੇਅਰ ਕਰਵਾ ਕੇ ਵਿਦਿਆਰਥੀਆਂ ਨੂੰ ਸਪੁਰਦ ਕੀਤੇ ਗਏ।



ਇਨ੍ਹਾਂ ਸਕੂਲਾਂ ਵੱਲੋਂ ਕਰਵਾਏ ਗਏ ਵੱਖ-ਵੱਖ ਸਮਾਗਮਾਂ ਵਿੱਚ ਬੱਚਿਆਂ ਤੇ ਮਾਪਿਆਂ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਮਾਣੂੰਕੇ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਕੂਲਾਂ ਵਿੱਚ ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਦੇ ਕਰਵਾਏ ਜਾ ਰਹੇ ਸਾਂਝੇ ਪ੍ਰੋਗਰਾਮਾਂ ਦਾ ਮੁੱਖ ਮੰਤਵ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣਾ ਤੇ ਹੋਰ ਬਿਹਤਰ ਬਣਾਉਣਾ ਹੈ।ਉਨ੍ਹਾਂ ਆਖਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਉੱਚ ਯੋਗਤਾ ਪ੍ਰਾਪਤ ਤਜਰਬੇਕਾਰ ਅਧਿਆਪਕ ਹਨ, ਸਰਕਾਰੀ ਸਕੂਲਾਂ ਵਿੱਚ ਕਿਤਾਬਾਂ, ਵਰਦੀਆਂ ਮੁਫ਼ਤ ਮਿਲਦੀਆਂ ਹਨ ਅਤੇ ਲੋੜਵੰਦ ਬੱਚਿਆਂ ਨੂੰ ਵਜ਼ੀਫ਼ਾ ਵੀ ਦਿੱਤਾ ਜਾਂਦਾ ਹੈ।ਇਨ੍ਹਾਂ ਸਮਾਗਮਾਂ ਵਿੱਚ ਵਿਧਾਇਕ ਸਰਵਜੀਤ ਕੌਰ ਮਾਣੂੰਕੇ ਵੱਲੋਂ ਨਿੱਕੇ ਬੱਚਿਆਂ ਨਾਲ ਗੱਲਾਂ-ਬਾਤਾਂ ਕਰਕੇ ਉਨ੍ਹਾਂ ਨੂੰ ਭਵਿੱਖ ਦੇ ਟੀਚੇ ਬਾਰੇ ਪੁੱਛਿਆ ਗਿਆ, ਤਾਂ ਬਹੁਤ ਸਾਰੇ ਬੱਚਿਆਂ ਨੇ ਵਿਧਾਇਕ ਦੀਆਂ ਗੱਲਾਂ ਤੋਂ ਪ੍ਰਭਾਵਿਤ ਹੋ ਕੇ ਡਾਕਟਰ, ਵਕੀਲ, ਆਈ.ਏ.ਐੱਸ. ਅਫ਼ਸਰ, ਪੀ.ਸੀ.ਐੱਸ. ਅਫ਼ਸਰ, ਆਈ.ਪੀ.ਐੱਸ. ਅਫ਼ਸਰ, ਅਧਿਆਪਕ ਤੇ ਜੱਜ ਬਣਨ ਦਾ ਸੁਫ਼ਨਾ ਪੂਰਾ ਕਰਨ ਲਈ ਭਾਵੁਕਤਾ ਨਾਲ ਉਤਸ਼ਾਹ ਵਿਖਾਇਆ ਅਤੇ ਬੱਚਿਆਂ ਵੱਲੋਂ ਸਮਾਗਮਾਂ ਦੌਰਾਨ ਪੇਸ਼ ਕੀਤੀਆਂ ਗਈਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਸਰੋਤਿਆਂ ਨੂੰ ਮੰਤਰ-ਮੁਗਧ ਕਰ ਦਿੱਤਾ।

ਇਸ ਮੌਕੇ ਉਨ੍ਹਾਂ ਤੋਂ ਇਲਾਵਾ ਸਿੱਖਿਆ ਕੁਆਰਡੀਨੇਟਰ ਮਾ. ਪਰਮਿੰਦਰ ਸਿੰਘ ਗਿੱਦੜਵਿੰਡੀ, ਚੇਅਰਮੈਨ ਕਰਮਜੀਤ ਸਿੰਘ ਡੱਲਾ, ਅਮਰਦੀਪ ਸਿੰਘ ਟੂਰੇ, ਬਲਾਕ ਨੋਡਲ ਅਫ਼ਸਰ ਪ੍ਰਿੰਸੀਪਲ ਡਾ. ਗੁਰਵਿੰਦਰਜੀਤ ਸਿੰਘ, ਮੁੱਖ ਅਧਿਆਪਕ ਪੂਜਾ ਵਰਮਾ, ਮੁੱਖ ਅਧਿਆਪਕ ਰਾਜੇਸ਼ ਕੁਮਾਰ ਮਲਕ, ਹਰਪ੍ਰੀਤ ਕੌਰ ਚੀਮਾ, ਜਸਪ੍ਰੀਤ ਕੌਰ ਜੱਸਲ, ਰਣਬੀਰ ਕੌਰ, ਕੋਮਲ ਅਰੋੜਾ, ਗੁਰਿੰਦਰ ਕੌਰ, ਰਾਧਾ ਰਾਣੀ, ਅਮਨਦੀਪ ਕੌਰ, ਚਰਨਜੀਤ ਕੌਰ, ਗੁਰਪ੍ਰੀਤ ਸਿੰਘ ਦੇਹੜਕਾ, ਹਰਜੀਤ ਸਿੰਘ, ਬਲਜਿੰਦਰ ਸਿੰਘ, ਜਸਵੀਰ ਸਿੰਘ ਉੱਪਲ, ਚੇਅਰਮੈਨ ਕੇਵਲ ਸਿੰਘ ਆਦਿ ਹਾਜ਼ਰ ਸਨ।

## ਪੰਜਾਬ ਏਡਜ਼ ਕੰਟਰੋਲ ਇੰਪਲਾਇਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ 18 ਨੂੰ ਰੋਸ ਰੈਲੀਆਂ

**ਲੁਧਿਆਣਾ (ਜਸਦੀਪ ਵਰਤੀਆ)**-ਪੰਜਾਬ ਦੀ ਸਿਹਤ ਵਿਭਾਗ ਦੀ ਪ੍ਰਮੁੱਖ ਜਥੇਬੰਦੀ ਪੰਜਾਬ ਏਡਜ਼ ਕੰਟਰੋਲ ਇੰਪਲਾਇਜ਼ ਵੈੱਲਫੇਅਰ ਐਸੋਸੀਏਸ਼ਨ (ਰਜਿ.) ਵੱਲੋਂ ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ ਦੀਆਂ ਲੋਕ ਮਾਰੂ ਤੇ ਮੁਲਾਜ਼ਮ ਮਾਰੂ ਨੀਤੀਆਂ ਤੋਂ ਤੰਗ ਆ ਕੇ ਸੰਘਰਸ਼ ਦਾ ਬਿਗਲ ਵਜਾ ਦਿੱਤਾ ਹੈ।ਜਥੇਬੰਦੀ ਦੇ ਸੂਬਾ ਪ੍ਰਧਾਨ ਜਸਮੇਲ ਸਿੰਘ ਦਿਓਲ ਨੇ ਮੀਟਿੰਗ ਬਾਅਦ ਪ੍ਰੈੱਸ ਨੂੰ ਜਾਰੀ ਰਿਲੀਜ਼ 'ਚ ਦੱਸਿਆ ਕਿ ਸਮੂਹ ਕਰਮਚਾਰੀ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਜਿਨ੍ਹਾਂ ਦਾ ਵਾਅਦਾ ਆਪ ਸਰਕਾਰ ਬਣਨ ਤੋਂ ਪਹਿਲਾਂ ਕੀਤਾ ਜਾ ਰਿਹਾ ਹੈ, ਪਰ ਇਨ੍ਹਾਂ 'ਚੋਂ ਕੋਈ ਵੀ ਮੰਗ ਪੂਰੀ ਨਹੀਂ ਹੋਈ।ਸਰਕਾਰ ਬਣਨ ਤੋਂ ਪਹਿਲਾਂ 5 ਫਰਵਰੀ 2022 ਨੂੰ ਪਟਿਆਲਾ ਦੇ ਵੀ ਆਈ ਪੀ ਹਾਊਸ 'ਚ ਦਿੱਲੀ ਦੇ ਸਾਂਸਦ ਸੁਸ਼ੀਲ ਗੁਪਤਾ, 5 ਨਵੰਬਰ 2024 ਨੂੰ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਉਮੀਦ ਭਰਪੂਰ ਮੀਟਿੰਗ ਤੇ ਮਾਣਯੋਗ ਮੰਤਰੀ ਸਾਹਿਬਾਨ ਵੱਲੋਂ 17 ਮਾਰਚ 2025 ਨੂੰ ਸਿਵਲ ਹਸਪਤਾਲ ਦੇ ਅਪਗ੍ਰੇਡੇਸ਼ਨ ਮੌਕੇ ਐਸੋਸੀਏਸ਼ਨ ਨੂੰ ਜਲਦ ਢੁਕਵਾਂ ਹੱਲ ਕਰਨ ਦੇ ਮੀਟਿੰਗ ਕਰਨ ਦੇ ਦਿੱਤੇ ਵਿਸ਼ਵਾਸ ਤੋਂ ਇਲਾਵਾ ਸਿਹਤ ਮੰਤਰੀ, ਵਿੱਤ ਮੰਤਰੀ, ਐੱਮ ਐੱਲ ਏ, ਵਿਭਾਗ ਤੇ ਸਭ ਕਮੇਟੀ ਨਾਲ ਹੋਈਆਂ ਅਨੇਕਾਂ ਮੀਟਿੰਗਾਂ 'ਚ ਕੋਈ ਹੱਲ ਨਾ ਨਿਕਲਣ ਦੇ ਬਾਅਦ ਅਜੇ ਤੱਕ ਕੋਈ ਮੀਟਿੰਗ ਨਾ ਦਿੱਤੀ ਜਾਣ ਕਰਕੇ ਸਮੂਹ ਕਰਮਚਾਰੀਆਂ ਵਿੱਚ ਰੋਸ ਦੀ ਭਾਵਨਾ ਪਾਈ ਜਾ ਰਹੀ ਹੈ, ਜਿਸ ਤੋਂ ਨਿਰਾਸ਼ ਹੋ ਕੇ ਕਰਮਚਾਰੀ ਸੰਘਰਸ਼ ਕਰਨ ਲਈ ਮਜਬੂਰ ਹਨ। ਜੇਕਰ ਕਰਮਚਾਰੀਆਂ ਦੀਆਂ ਮੰਗਾਂ ਨੂੰ ਜਲਦ ਹੱਲ ਨਾ ਕੀਤਾ ਗਿਆ, ਤਾਂ 18 ਮਈ 2025 ਨੂੰ ਲੁਧਿਆਣਾ ਵਿਖੇ ਜ਼ਿਮਨੀ ਚੋਣਾਂ ਦੌਰਾਨ ਤੇ ਸਰਕਾਰ ਖ਼ਿਲਾਫ਼ ਰੋਸ ਰੈਲੀਆਂ ਕੀਤੀਆਂ ਜਾਣਗੀਆਂ। ਜਨਰਲ ਸਕੱਤਰ ਗੁਰਜੰਟ ਸਿੰਘ ਨੇ ਦੱਸਿਆ ਕਿ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਸਮੂਹ ਕਰਮਚਾਰੀਆਂ ਨੂੰ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ ਤੇ ਦਿੱਲੀ ਸਰਕਾਰ ਦੀ ਤਰਜ਼ 'ਤੇ ਪੰਜਾਬ ਸਰਕਾਰ ਵੱਲੋਂ ਤਨਖਾਹ 'ਚ 20 ਫ਼ੀਸਦੀ ਵਾਧਾ ਦਿੱਤਾ ਜਾਵੇ, ਜਿਸ 'ਤੇ ਬਹੁਤ ਸਾਰੀਆਂ ਮੀਟਿੰਗਾਂ 'ਚ ਸਹਿਮਤੀ ਬਣ ਚੁੱਕੀ ਹੈ।

## ਬੁਰਜ ਕੁਲਾਰਾ ਵਿਖੇ ਮਲੇਰੀਆ, ਡੇਂਗੂ ਜਾਗਰੂਕਤਾ ਕੈਂਪ ਲਾਇਆ



**ਹਠੂਰ (ਨਛੱਤਰ ਸੰਧੂ)**-ਮਾਣਯੋਗ ਸਿਵਲ ਸਰਜਨ ਲੁਧਿਆਣਾ ਡਾਕਟਰ ਰਮਨਦੀਪ ਕੌਰ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਐੱਸ ਐੱਮ ਓ ਇੰਚਾਰਜ ਸੀ ਐੱਚ ਸੀ ਹਠੂਰ ਡਾ. ਵਰੁਣ ਸੱਗੜ ਜੀ ਦੀ ਯੋਗ ਅਗਵਾਈ ਵਿੱਚ ਪਿੰਡ ਬੁਰਜ ਕੁਲਾਰਾ ਦੀ ਧਰਮਸ਼ਾਲਾ ਵਿੱਚ ਮਲੇਰੀਆ ਡੇਂਗੂ ਚਿਕਨਗੁਨੀਆ ਸਬੰਧੀ ਜਾਗਰੂਕਤਾ ਕੈਂਪ ਲਾਇਆ ਗਿਆ।ਇਸ ਕੈਂਪ ਵਿੱਚ ਪ੍ਰਕਾਸ਼ ਸਿੰਘ ਹੈਲਥ ਇੰਸਪੈਕਟਰ ਨੇ ਦੱਸਿਆ ਕਿ ਮਲੇਰੀਆ ਬੁਖ਼ਾਰ ਮਾਦਾ ਐਨੋਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ, ਜੋ ਇਸ ਦੇ ਲੱਛਣ ਜਿਵੇਂ ਕਿ ਠੰਢ ਤੇ ਕਾਂਬੇ ਨਾਲ ਤੇਜ਼ ਬੁਖ਼ਾਰ, ਸਿਰ ਦਰਦ, ਬੁਖ਼ਾਰ ਉਤਰਨ ਤੋਂ ਬਾਅਦ ਥਕਾਵਟ ਤੇ ਕਮਜ਼ੋਰੀ ਹੋਣਾ ਤੇ ਸਰੀਰ ਨੂੰ ਪਸੀਨਾ ਆਉਣਾ ਆਦਿ ਹਨ।ਇਸ ਤੋਂ ਬਚਣ ਲਈ ਸੌਣ ਸਮੇਂ ਮੱਛਰਦਾਨੀ ਦਾ ਪ੍ਰਯੋਗ ਕਰਨਾ ਚਾਹੀਦਾ ਹੈ।ਮੱਛਰ ਭਜਾਉਣ ਵਾਲੀਆਂ ਕਰੀਮਾਂ, ਆਲ ਆਊਟ, ਕਛੂਆ ਦਾ ਪ੍ਰਯੋਗ ਕਰਨਾ ਚਾਹੀਦਾ ਹੈ। ਮੱਛਰ ਗੰਦੇ ਥਾਂ ਜਾਂ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹਨ ਤੇ ਡੇਂਗੂ ਚਿਕਨਗੁਨੀਆ ਦੇ ਲੱਛਣ ਜਿਵੇਂ ਕਿ ਤੇਜ਼ ਬੁਖ਼ਾਰ, ਸਿਰ ਦਰਦ, ਉਲਟੀਆਂ, ਮਾਸਪੇਸ਼ੀਆਂ ਵਿੱਚ ਦਰਦ, ਚਮੜੀ 'ਤੇ ਲਾਲ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਹੋਣਾ, ਨੱਕ ਤੇ ਮਸੂੜਿਆਂ 'ਚੋਂ ਖ਼ੂਨ ਆਦਿ ਦਾ ਵਗਣਾ। ਇਸ ਤੋਂ ਬਚਾਓ ਲਈ ਆਪਣੇ ਘਰਾਂ ਵਿੱਚ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟਰੇਆਂ ਆਦਿ ਨੂੰ ਹਫ਼ਤੇ 'ਚ ਇੱਕ ਵਾਰ ਸਾਫ਼ ਕਰਨਾ ਚਾਹੀਦਾ ਹੈ।ਟੁੱਟੇ ਬਰਤਨਾਂ, ਡਰੰਮਾਂ ਤੇ ਟਾਇਰਾਂ ਆਦਿ ਨੂੰ ਖੁੱਲ੍ਹੇ ਵਿੱਚ ਨਹੀਂ ਰੱਖਣਾ ਚਾਹੀਦਾ।ਇਸ ਲਈ ਆਪਣੇ ਆਲੇ-ਦੁਆਲੇ ਦੀ ਸਫ਼ਾਈ ਰੱਖਣੀ ਚਾਹੀਦੀ ਹੈ।ਇਸ ਕੈਂਪ ਵਿੱਚ ਅਮਰਜੀਤ ਸਿੰਘ, ਨਿਰਮਲ ਸਿੰਘ, ਸੁਖਵਿੰਦਰ ਸਿੰਘ, ਹਰਪਾਲ ਸਿੰਘ, ਬੱਬੂ ਸਿੰਘ, ਮਿੰਟੂ ਸਿੰਘ, ਰਾਣਾ ਸਿੰਘ, ਮੁਕੰਦ ਸਿੰਘ, ਸ਼ਮਿੰਦਰ ਕੁਮਾਰ, ਮਲਟੀਪਰਪਜ਼ ਹੈਲਥ ਵਰਕਰ ਆਦਿ ਹਾਜ਼ਰ ਸਨ।

### ਪੰਜੇ ਕੇ ਉਤਾੜ ਦੀ ਸਰਪੰਚੀ ਦਾ ਮਾਮਲਾ ਸੁਰਖੀਆਂ 'ਚ

# ਧਰਨੇ ਉਪਰੰਤ ਮਿਲੀ ਰਮੇਸ਼ ਕੁਮਾਰ ਸੋਨੂ ਧਿਰ ਨੂੰ ਆਰਡਰ ਦੀ ਕਾਪੀ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੰਚਾਇਤੀ ਚੋਣਾਂ ਦੌਰਾਨ ਰਮੇਸ਼ ਕੁਮਾਰ ਨੂੰ ਬਹੱਤਰ ਵੋਟਾਂ ਨਾਲ ਆਪਣੇ ਵਿਰੋਧੀ ਲਵ ਮੁਟਨੇਜਾ ਨੂੰ ਹਰਾ ਕੇ ਜੇਤੂ ਐਲਾਨਿਆ ਗਿਆ ਸੀ, ਪ੍ਰੰਤੂ ਲਵ ਮੁਟਨੇਜਾ ਵੱਲੋਂ ਰੀ-ਕਾਊਂਟਿੰਗ ਲਈ ਮਾਣਯੋਗ ਐੱਸ ਡੀ ਐੱਮ ਗੁਰੂ ਹਰਸਹਾਏ ਦੀ ਅਦਾਲਤ ਵਿੱਚ ਆਪਣੀ ਅਰਜ਼ੀ ਦਾਇਰ ਕੀਤੀ ਗਈ ਸੀ।ਬੀਤੇ ਦਿਨੀਂ ਦੋਬਾਰਾ ਹੋਈ ਵੋਟਾਂ ਦੀ ਗਿਣਤੀ ਤੇ ਐਲਾਨੇ ਗਏ ਸਰਪੰਚ ਲਵ ਮੁਟਨੇਜਾ ਦੇ ਆਰਡਰਾਂ ਦੀ ਕਾਪੀ ਰਮੇਸ਼ ਕੰਬੋਜ ਸੋਨੂ ਧਿਰ ਨੂੰ ਨਾ ਦੇਣ ਦੇ ਰੋਸ ਵਜੋਂ ਸੋਨੂ ਧਿਰ ਵੱਲੋਂ ਐੱਸ ਡੀ ਐੱਮ ਦਫਤਰ ਦੇ ਬਾਹਰ ਧਰਨਾ ਦਿੱਤਾ ਗਿਆ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਧਰਨਾਕਾਰੀ ਆਰਡਰਾਂ ਦੀ ਕਾਪੀ ਦੀ ਮੰਗ ਕਰ ਰਹੇ ਸਨ।ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਸਾਬਕਾ ਸਰਪੰਚ ਹਰੀ ਚੰਦ ਕੰਬੋਜ ਤੇ ਕਿਸਾਨ ਯੂਨੀਅਨ ਦੇ ਆਗੂ ਮਾਸਟਰ ਪੂਰਨ ਚੰਦ ਨੇ ਕਿਹਾ ਕਿ 15 ਅਕਤੂਬਰ ਨੂੰ ਹੋਈਆਂ ਪੰਚਾਇਤੀ ਚੋਣਾਂ ਵਿੱਚ ਪੰਜੇ ਕੇ ਉਤਾੜ ਦੀ ਗ੍ਰਾਮ ਪੰਚਾਇਤ ਦੀ ਹੋਈ ਚੋਣ ਉਪਰੰਤ ਪੋਲਿੰਗ ਸਟਾਫ ਵੱਲੋਂ ਗਿਣਤੀ ਕਰਕੇ ਸਰਪੰਚ ਰਮੇਸ਼ ਕੁਮਾਰ ਸੋਨੂ ਨੂੰ ਸਰਪੰਚ ਐਲਾਨਿਆ ਗਿਆ ਸੀ ਤੇ ਵਿਰੋਧੀ ਧਿਰ ਦੇ ਉਮੀਦਵਾਰ ਨਾਲੋਂ 72 ਵੋਟਾਂ ਨਾਲ ਜੇਤੂ ਦਰਸਾਇਆ ਗਿਆ ਸੀ, ਜਿਸ ਦਾ ਮੌਕੇ 'ਤੇ ਸਰਟੀਫਿਕੇਟ ਵੀ ਜਾਰੀ ਕੀਤਾ ਗਿਆ ਸੀ।ਵੋਟਾਂ ਦੀ ਗਿਣਤੀ ਸਹੀ ਨਾ ਹੋਣ ਦੇ ਕਥਿਤ ਆਰੋਪ ਲਗਾ ਕੇ ਵਿਰੋਧੀ ਧਿਰ ਲਵ ਮੁਟਨੇਜਾ ਵੱਲੋਂ ਮਾਣਯੋਗ ਐੱਸ ਡੀ ਐੱਮ ਗੁਰੂ ਹਰਸਹਾਏ ਦੀ ਅਦਾਲਤ ਵਿੱਚ ਕੇਸ ਪਾ ਕੇ ਗਿਣਤੀ ਦੁਬਾਰਾ ਕਰਨ ਦੀ ਫਰਿਆਦ ਕੀਤੀ ਗਈ ਸੀ, ਜਿਸ 'ਤੇ ਗੌਰ ਕਰਦਿਆਂ ਗਿਣਤੀ ਦੁਬਾਰਾ ਕਰਕੇ 55 ਵੋਟਾਂ ਨਾਲ ਲਵ ਮੁਟਨੇਜਾ ਨੂੰ ਸਰਪੰਚ ਐਲਾਨ ਦਿੱਤਾ ਗਿਆ ਤੇ ਸਰਟੀਫਿਕੇਟ ਵੀ ਜਾਰੀ ਕਰ ਦਿੱਤਾ ਗਿਆ।ਆਗੂਆਂ ਨੇ ਕਿਹਾ ਕਿ ਲਵ ਮੁਟਨੇਜਾ ਨੂੰ ਸਰਪੰਚ ਐਲਾਨਣ ਤੋਂ ਬਾਅਦ ਰਮੇਸ਼ ਕੁਮਾਰ ਸੋਨੂ ਜਿਨ੍ਹਾਂ ਨੂੰ ਪਹਿਲਾਂ ਸਰਪੰਚ ਬਣਾਇਆ ਗਿਆ ਸੀ, ਵੱਲੋਂ ਮਾਨਯੋਗ ਹਾਈ ਕੋਰਟ ਵਿੱਚ ਰਿੱਟ ਦਾਇਰ ਕੀਤੀ ਗਈ, ਜਿਸ ਦੀ ਮਾਨਯੋਗ ਹਾਈ ਕੋਰਟ ਵੱਲੋਂ 7 ਮਈ ਦੀ ਤਾਰੀਖ ਦਿੱਤੀ ਗਈ ਸੀ ਤੇ ਅਦਾਲਤ ਵਿੱਚ ਦੁਬਾਰਾ ਬਣਾਏ ਗਏ ਸਰਪੰਚ ਲਵ ਮੁਟਨੇਜਾ ਦੇ ਆਰਡਰਾਂ ਵਾਲੀ ਕਾਪੀ ਦੀ ਮੰਗ ਰਮੇਸ਼ ਕੁਮਾਰ ਸੋਨੂ ਵੱਲੋਂ ਐੱਸ ਡੀ ਐੱਮ ਕੋਲੋਂ ਕੀਤੀ ਜਾ ਰਹੀ ਸੀ, ਪਰ ਐੱਸ ਡੀ ਐੱਮ ਵੱਲੋਂ ਫੈਸਲੇ ਦੀ ਕਾਪੀ ਨਾ ਦੇ ਕੇ ਸਿਰਫ ਲਾਰੇ ਹੀ ਲਗਾਏ ਜਾ ਰਹੇ ਸਨ, ਜਿਸ ਦੇ ਰੋਸ ਵਜੋਂ ਤੇ ਆਰਡਰ ਦੀ ਕਾਪੀ ਦੀ ਮੰਗ ਨੂੰ ਲੈ ਕੇ ਇਹ ਧਰਨਾ ਲਗਾਇਆ ਗਿਆ।ਧਰਨਾਕਾਰੀਆਂ ਨੇ ਕਾਪੀ ਨਾ ਦੇਣ 'ਤੇ ਮੰਗਲਵਾਰ ਨੂੰ ਇੱਕ ਵਿਸ਼ਾਲ ਧਰਨਾ ਦੇਣ ਦੀ ਚਿਤਾਵਨੀ ਵੀ ਦਿੱਤੀ।ਧਰਨਾਕਾਰੀਆਂ ਦੇ ਰੋਸ ਨੂੰ ਵੇਖਦੇ ਹੋਏ ਐੱਸ ਡੀ ਐੱਮ ਦਿਵਿਆ ਪੀ ਵੱਲੋਂ ਧਰਨਾਕਾਰੀਆਂ ਨਾਲ ਗੱਲਬਾਤ ਕਰਕੇ ਆਰਡਰਾਂ ਦੀ ਕਾਪੀ ਦੇਣ ਦਾ ਭਰੋਸਾ ਦਿੱਤਾ ਗਿਆ ਤੇ ਕਰੀਬ ਪੰਜ ਕੁ ਵਜੇ ਰਮੇਸ਼ ਕੁਮਾਰ ਸੋਨੂ ਧਿਰ ਨੂੰ ਉਕਤ ਆਰਡਰ ਦੀ ਕਾਪੀ ਦੇ ਦਿੱਤੀ ਗਈ।ਇਸ ਸਬੰਧ ਵਿੱਚ ਗੱਲਬਾਤ ਕਰਨ 'ਤੇ ਐੱਸ ਡੀ ਐੱਮ ਦਿਵਿਆ ਪੀ ਨੇ ਕਿਹਾ ਕਿ ਆਰਡਰ ਦੀ ਕਾਪੀ ਦੇ ਦਿੱਤੀ ਗਈ ਹੈ।



## ਕਰਾਟੇ ਮੁਕਾਬਲਿਆਂ 'ਚ ਆਕਸਫੋਰਡ ਸਕੂਲ ਦੇ ਵਿਦਿਆਰਥੀਆਂ ਮਾਰੀਆਂ ਮੱਲਾਂ



**ਚੀਮਾ ਮੰਡੀ (ਰਵਿੰਦਰ ਚੀਮਾ)**-ਇਲਾਕੇ ਦੀ ਨਾਮਵਰ ਸੰਸਥਾ (ਆਈ.ਸੀ.ਐੱਸ.ਈ.) ਬੋਰਡ ਤੋਂ ਮਾਨਤਾ ਪ੍ਰਾਪਤ ਦੀ ਆਕਸਫੋਰਡ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਲੁਧਿਆਣਾ ਵਿਖੇ ਹੋਏ ਪੰਜਾਬ ਸਟੇਟ ਇਨਵੀਟੇਸ਼ਨਲ ਕਰਾਟੇ ਮੁਕਾਬਲਿਆਂ ਵਿੱਚ ਵਿਦਿਆਰਥੀ ਪਿਊਸ਼ ਗਰਗ ਅੰਡਰ-14 ਵਰਗ ਨੇ ਗੋਲਡ ਮੈਡਲ, ਅਮਰਜੀਤ ਸਿੰਘ ਅੰਡਰ-14 ਵਰਗ ਬ੍ਰੌਂਜ ਮੈਡਲ, ਗੁਰਲਕਸ਼ਦੀਪ ਸਿੰਘ ਅੰਡਰ-17 ਵਰਗ ਨੇ ਬ੍ਰੋਜ ਮੈਡਲ ਤੇ ਅਰਸ਼ਦੀਪ ਸਿੰਘ ਅੰਡਰ-17 ਵਰਗ ਸਿਲਵਰ ਮੈਡਲ ਹਾਸਲ ਕਰਕੇ ਆਪਣੇ ਮਾਪਿਆਂ ਤੇ ਆਪਣੀ ਸੰਸਥਾ ਦਾ ਨਾਂਅ ਰੋਸ਼ਨ ਕੀਤਾ ਹੈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮਿ. ਸੰਦੀਪ ਕੁਮਾਰ ਨੇ ਵਧੇਰੇ ਜਾਣਕਾਰੀ ਦਿੰਦੀਆਂ ਦੱਸਿਆ ਕਿ ਉਨ੍ਹਾਂ ਵਿਦਿਆਰਥੀਆਂ 'ਤੇ ਸਾਨੂੰ ਮਾਣ ਮਹਿਸੂਸ ਹੁੰਦਾ ਹੈ, ਜੋ ਸਖ਼ਤ ਮਿਹਨਤ ਦੇ ਸਦਕਾ ਪੜ੍ਹਾਈ ਦੇ ਨਾਲ-ਨਾਲ ਖੇਤਾਂ ਵਿੱਚ ਭਾਗ ਲੈ ਕੇ ਆਪਣਾ ਤੇ ਮਾਪਿਆਂ ਦਾ ਮਾਣ ਵਧਾ ਰਹੇ ਹਨ।ਉਨ੍ਹਾ ਬਾਕੀ ਬੱਚਿਆਂ ਨੂੰ ਵੀ ਪੜ੍ਹਾਈ ਦੇ ਨਾਲ਼-ਨਾਲ਼ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਦੇ ਨਾਲ ਸਰੀਰਕ ਸਿਹਤ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਤਾਂ ਹੀ ਅਸੀਂ ਖੇਡਾਂ ਵਿੱਚ ਚੰਗੀ ਮੁਹਾਰਤ ਹਾਸਲ ਕਰ ਸਕਦੇ ਹਾਂ।ਉਨ੍ਹਾਂ ਕੋਚ ਰਾਹੁਲ ਕੁਮਾਰ ਤੇ ਡੀ.ਪੀ.ਈ. ਨੂੰ ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੂੰ ਚੰਗੇ ਅਭਿਆਸ ਕਰਵਾਉਣ ਸਦਕਾ ਜਿੱਤ ਪ੍ਰਾਪਤ ਕਰਨ 'ਤੇ ਵਧਾਈ ਦਿੱਤੀ।ਸਕੂਲ ਪੁੱਜਣ 'ਤੇ ਪ੍ਰਿੰਸੀਪਲ ਤੇ ਸਮੂਹ ਮੈਨੇਜਮੈਂਟ ਮੈਂਬਰਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਸ੍ਰ. ਗੁਰਧਿਆਨ ਸਿੰਘ ਚਹਿਲ ਸਨ।

# ਮਸਲੇ ਹੱਲ ਨਾ ਹੋਣ 'ਤੇ ਪੈਨਸ਼ਨਰਾਂ 'ਚ ਰੋਸ ਦੀ ਲਹਿਰ : ਕਾਲੜਾ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**


ਪੰਜਾਬ ਰਾਜ ਪੈਨਸ਼ਨਰਜ਼ ਮਹਾਸੰਘ ਇਕਾਈ ਮਾਛੀਵਾੜਾ ਸਾਹਿਬ ਦੀ ਮਾਸਿਕ ਮੀਟਿੰਗ ਰਾਮ ਸਿੰਘ ਕਾਲੜਾ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਦਫ਼ਤਰ ਵਿਖੇ ਹੋਈ, ਜਿਸ ਵਿੱਚ ਵੱਡੀ ਗਿਣਤੀ 'ਚ ਪੈਨਸ਼ਨਰਾਂ ਨੇ ਭਾਗ ਲਿਆ।ਧਰਮਪਾਲ ਨੇ ਮੀਟਿੰਗ ਦਾ ਏਜੰਡਾ ਪੇਸ਼ ਕਰਦਿਆਂ ਸਭ ਤੋਂ ਪਹਿਲਾਂ ਪੈਨਸ਼ਨਰ ਚੰਨਣ ਸਿੰਘ ਮੱਤੇਵਾਲ ਦੀ ਸੁਪਤਨੀ ਦੇ ਅਕਾਲ ਚਲਾਣੇ 'ਤੇ ਅਫਸੋਸ ਪ੍ਰਗਟ ਕਰਦਿਆਂ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।ਨਵੇਂ ਬਣੇ ਮੈਂਬਰ ਮਨਜੀਤ ਸਿੰਘ ਹੇਡੋਂ ਬੇਟ ਦਾ ਕਾਲੜਾ ਤੇ ਗੁਰਦਿਆਲ ਸਿੰਘ ਨੇ ਹਾਰ ਪਾ ਕੇ ਸੁਆਗਤ ਕੀਤਾ।



ਗੁਰਦਿਆਲ, ਗੁਰਮੀਤ ਸਿੰਘ, ਸਵਰਨ ਸਿੰਘ, ਸਰਵਣ ਕੁਮਾਰ, ਮਹਿੰਦਰ ਸਿੰਘ, ਰਾਮ ਕਿਸ਼ਨ ਅਮੋਲਕ ਸਿੰਘ ਆਦਿ ਬੁਲਾਰਿਆਂ ਨੇ ਸਰਕਾਰ ਵੱਲੋਂ ਪੈਨਸ਼ਨਰਜ਼ ਨੂੰ ਬਕਾਇਆ ਕਿਸ਼ਤਾਂ ਵਿੱਚ ਦੇਣ ਦੀ ਨਿਖੇਧੀ ਕੀਤੀ ਤੇ ਬਕਾਏ ਯਕਮੁਸ਼ਤ ਦੇਣ ਦੀ ਮੰਗ ਕਰਦਿਆਂ ਪੈਨਸ਼ਨਰ ਨੂੰ 2.59 ਗੁਣਾਂਕ ਨਾਲ ਪੈਨਸ਼ਨ ਦੁਹਰਾਈ ਕਰਨ, ਨੋਸ਼ਨਲ ਫਿਕਸ਼ੇਸ਼ਨ ਕਰਨ, ਡੀ ਏ 55 ਪ੍ਰਤੀਸ਼ਤ ਦੇਣ ਦੀ ਮੰਗ ਕੀਤੀ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸਟੇਟ ਬੈਂਕ ਆਫ ਇੰਡੀਆ ਦੇ ਮੈਨੇਜਰ ਤੇ ਸਬੰਧਤ ਅਧਿਕਾਰੀ ਮੈਡਮ ਹਰਸਿਮਰਤ ਕੌਰ ਵੀ ਸ਼ਾਮਲ ਹੋਏ।ਪ੍ਰਧਾਨ ਆਰ ਐੱਸ ਕਾਲੜਾ ਨੇ ਬੈਂਕ ਦੇ ਅਧਿਕਾਰੀਆਂ ਨੂੰ ਜੀ ਆਇਆਂ ਕਿਹਾ ਤੇ ਪੈਨਸ਼ਨਰਜ਼ ਨੂੰ ਬਕਾਏ ਸਬੰਧੀ ਆ ਰਹੀਆਂ ਮੁਸ਼ਕਲਾਂ ਬਾਰੇ ਦੱਸਦਿਆਂ, ਮੈਨੇਜਰ ਸਾਹਿਬ ਨੂੰ ਇਹ ਮੁਸ਼ਕਲਾਂ ਹੱਲ ਕਰਨ ਲਈ ਕਿਹਾ ਤੇ ਸੀਨੀਅਰ ਸਿਟੀਜ਼ਨ ਨੂੰ ਬਣਦੀਆਂ ਸਹੂਲਤਾਂ ਦੇਣ ਦੀ ਮੰਗ ਕੀਤੀ।ਕਾਲੜਾ ਨੇ ਬੈਂਕ ਆਫ ਇੰਡੀਆ, ਸੈਂਟਰਲ ਬੈਂਕ, ਪੰਜਾਬ ਐਂਡ ਸਿੰਧ ਬੈਂਕ ਤੇ ਹੋਰ ਬੈਂਕ, ਜਿਨ੍ਹਾਂ ਨੇ ਕਿਸੇ ਵੀ ਵਰਗ ਨੂੰ ਬਕਾਇਆ ਬਿਲਕੁਲ ਨਹੀਂ ਦਿੱਤਾ, ਉਸ ਦੀ ਨਿਖੇਧੀ ਕਰਦਿਆਂ ਜਲਦੀ ਬਕਾਏ ਦੇਣ ਦੀ ਮੰਗ ਕੀਤੀ। ਬੈਂਕ ਅਧਿਕਾਰੀਆਂ ਨੇ ਪੈਨਸ਼ਨਰਜ਼ ਨੂੰ ਵਿਸ਼ਵਾਸ ਦਿਵਾਇਆ ਕਿ ਸੀਨੀਅਰ ਸਿਟੀਜ਼ਨ ਨੂੰ ਬਣਦਾ ਮਾਣ ਸਤਿਕਾਰ ਦਿੰਦੇ ਹੋਏ ਪਹਿਲ ਦੇ ਆਧਾਰ 'ਤੇ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾਣਗੀਆਂ।

ਉਨ੍ਹਾਂ ਸੀਨੀਅਰ ਸਿਟੀਜ਼ਨ ਲਈ ਬੈਂਕ ਦੀਆਂ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ।ਅੰਤ ਵਿੱਚ ਪ੍ਰਧਾਨ ਸ਼੍ਰੀ ਰਾਮ ਸਿੰਘ ਕਾਲੜਾ ਨੇ ਬੈਂਕ ਅਧਿਕਾਰੀਆਂ ਤੇ ਹਰ ਪੈਨਸ਼ਨਰ ਦਾ ਮੀਟਿੰਗ ਵਿੱਚ ਪਹੁੰਚਣ 'ਤੇ ਧੰਨਵਾਦ ਕਰਦਿਆਂ ਮੀਟਿੰਗ ਦੌਰਾਨ ਮਿਲੀ ਜਾਣਕਾਰੀ ਹਰ ਪੈਨਸ਼ਨਰ/ਫੈਮਲੀ ਪੈਨਸ਼ਨਰ ਤੱਕ ਪਹੁੰਚਾਉਣ ਦੀ ਅਪੀਲ ਕੀਤੀ।ਮੀਟਿੰਗ ਵਿੱਚ ਸੋਹਣ ਲਾਲ, ਕਰਨੈਲ ਸਿੰਘ, ਨਿਰੰਜਣ ਸਿੰਘ, ਪ੍ਰਿਥੀਪਾਲ ਸਿੰਘ, ਗੁਰਜੀਤ ਸਿੰਘ, ਹਰਜਿੰਦਰ ਸਿੰਘ, ਹੇਮ ਸਿੰਘ, ਸੁਰਜੀਤ ਸਿੰਘ ਮੱਲ੍ਹੀ, ਹਰਬੰਸ ਲਾਲ, ਬਖਸ਼ੀ ਰਾਮ, ਕਾਲੀ ਦਾਸ, ਹਰੀ ਰਾਮ, ਤਾਰਾ ਸਿੰਘ, ਹਰੀ ਰਾਮ ਚਕਲੀ, ਜਗਜੀਤ ਸਿੰਘ, ਪਰਮਜੀਤ ਸਿੰਘ, ਜਸਪਾਲ ਸਿੰਘ, ਗੁਰਚਰਨ ਸਿੰਘ, ਡਾ. ਅਮਰਜੀਤ ਸਿੰਘ, ਸੁੱਚਾ ਸਿੰਘ, ਅਸ਼ੋਕ ਨਾਗਪਾਲ, ਰਣਜੀਤ ਸਿੰਘ ਤੇ ਭਾਰਤ ਭੂਸ਼ਣ ਆਦਿ ਅਨੇਕਾਂ ਪੈਨਸ਼ਨਰ ਹਾਜ਼ਰ ਸਨ।

## ਇਮਾਨਦਾਰੀ ਦੀ ਮਿਸਾਲ ਪੇਸ਼ ਕਰਨ ਵਾਲੇ ਡਰਾਈਵਰ ਕਾਲਾ ਸਿੰਘ ਦਾ ਸਨਮਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਈਮਾਨਦਾਰੀ ਅਜੇ ਜ਼ਿੰਦਾ ਹੈ, ਦੀ ਮਿਸਾਲ ਉਸ ਵੇਲੇ ਸਾਹਮਣੇ ਆਈ, ਜਦੋਂ ਪਿੰਡ ਛੀਨੀਵਾਲ ਕਲਾਂ ਦੇ ਕਿਰਤ ਕਮਾਈ ਕਰਨ ਵਾਲੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਆਗੂ ਮਿਸਤਰੀ ਬਲਵੀਰ ਸਿੰਘ ਮਠਾੜੂ, ਜੋ ਲੁਧਿਆਣੇ ਤੋਂ ਆਪਣੇ ਪਿੰਡ ਛੀਨੀਵਾਲ ਕਲਾਂ ਜਾ ਰਹੇ ਸਨ, ਰਸਤੇ ਵਿੱਚ ਬੈਗ ਫ਼ਟ ਜਾਣ 'ਤੇ ਵੱਡਾ ਗਰੈਂਡਰ, ਡਰਿੱਲ ਮਸ਼ੀਨ ਬੱਸ ਅੱਡੇ ਕੋਲ ਡਿੱਗ ਪਈ, ਜੋ ਉਥੋਂ ਲੰਘ ਰਹੇ ਡਰਾਈਵਰ ਕਾਲਾ ਸਿੰਘ ਨੂੰ ਮਿਲ ਗਈ। ਉਸ ਨੇ ਈਮਾਨਦਾਰੀ ਵਿਖਾਉਂਦੇ ਹੋਏ ਗਰੈਂਡਰ ਤੋਂ ਫੋਨ ਨੰਬਰ ਪੜ੍ਹ ਕੇ ਬਲਵੀਰ ਸਿੰਘ ਛੀਨੀਵਾਲ ਨੂੰ ਤੁਰੰਤ ਸੂਚਿਤ ਕਰਕੇ ਆਪਣਾ ਡਿੱਗਿਆ ਸਾਮਾਨ ਲੈ ਜਾਣ ਲਈ ਕਿਹਾ। ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਡਰਾਈਵਰ ਕਾਲਾ ਸਿੰਘ ਨੇ ਮਿਸਤਰੀ ਬਲਵੀਰ ਸਿੰਘ ਛੀਨੀਵਾਲ ਕਲਾਂ ਨੂੰ ਗਰੈਂਡਰ ਤੇ ਡਰਿੱਲ ਮਸ਼ੀਨ ਵਾਪਸ ਕਰਕੇ ਇਮਾਨਦਾਰੀ ਅਜੇ ਵੀ ਜ਼ਿੰਦਾ ਹੋਣ ਦੀ ਮਿਸਾਲ ਕਾਇਮ ਕੀਤੀ ਹੈ।ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਹਲਕਾ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਡਰਾਇਵਰ ਕਾਲਾ ਸਿੰਘ ਵੱਲੋਂ ਦਿਖਾਈ ਇਮਾਨਦਾਰੀ ਦੀ ਸ਼ਲਾਘਾ ਕਰਦਿਆ ਉਸ ਨੂੰ ਸਿਰੋਪਾਓ, ਨਕਦ ਰਾਸ਼ੀ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।


# ਕੈਬਨਿਟ ਮੰਤਰੀ ਵੱਲੋਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਪ੍ਰਤਿਮਾ ਦਾ ਉਦਘਾਟਨ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਕੈਬਿਨਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮੰਗਲਵਾਰ ਨੂੰ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਬੱਸ ਸਟੈਂਡ ਖੰਨਾ 'ਤੇ ਸਥਿਤ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਘੋੜੇ 'ਤੇ ਸਵਾਰ ਪ੍ਰਤਿਮਾ ਦਾ ਉਦਘਾਟਨ ਕੀਤਾ।ਨਗਰ ਕੌਂਸਲ ਖੰਨਾ ਵੱਲੋਂ ਇਸ ਪ੍ਰਤਿਮਾ ਨੂੰ ਤਿਆਰ ਕਰਵਾਉਣ 'ਤੇ 12.50 ਲੱਖ ਰੁਪਏ ਦੀ ਲਾਗਤ ਆਈ ਹੈ।ਇਹ ਪ੍ਰਤਿਮਾ ਮੂਰਤੀਕਾਰ ਜਸਵਿੰਦਰ ਸਿੰਘ ਮਹਿੰਦੀਪੁਰ ਵੱਲੋਂ ਤਿਆਰ ਕੀਤੀ ਗਈ ਹੈ।ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਬੱਸ ਸਟੈਂਡ ਖੰਨਾ ਵਿਖੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਪ੍ਰਤਿਮਾ ਸਥਾਪਤ ਕਰਨ ਮੌਕੇ ਵਧਾਈ ਦਿੰਦਿਆਂ ਕਿਹਾ ਕਿ ਇਸ ਬੱਸ ਸਟੈਂਡ ਦਾ ਕੰਮ ਪੁਰਾਣੀਆਂ ਸਰਕਾਰਾਂ ਦੇ ਸਮੇਂ ਤੋਂ ਅੱਧ-ਵਿਚਕਾਰ ਰੁਕਿਆ ਹੋਇਆ ਸੀ।ਆਮ ਆਦਮੀ ਪਾਰਟੀ ਦੀ ਸਰਕਾਰ, ਜਿਸ ਦਿਨ ਤੋਂ ਪੰਜਾਬ ਵਿੱਚ ਆਈ ਹੈ, ਉਸ ਦਿਨ ਤੋਂ ਲੈ ਕੇ ਅੱਜ ਤੱਕ ਪਿਛਲੀਆਂ ਸਰਕਾਰਾਂ ਦੇ ਛੱਡੇ ਹੋਏ ਕੰਮ ਪੂਰਾ ਕਰਵਾ ਰਹੀ ਹੈ।ਇੱਥੇ ਉਨ੍ਹਾਂ ਨੇ ਸ਼ਿਲਾਲੇਖ ਲਿਖ ਕੇ ਨੀਂਹ ਪੱਥਰ ਰੱਖ ਦਿੱਤਾ ਸੀ।ਉਸ ਤੋਂ ਬਾਅਦ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਵਿੱਚ ਇਸ ਬੱਸ ਸਟੈਂਡ ਦੇ ਨਿਰਮਾਣ ਦਾ ਕੰਮ ਸ਼ੁਰੂ ਕੀਤਾ ਗਿਆ ਸੀ, ਜਿਸ ਨੂੰ ਬਣਾ ਕੇ ਤਿਆਰ ਕੀਤਾ।ਅੱਜ ਇੱਥੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਪ੍ਰਤਿਮਾ ਨੂੰ ਸਥਾਪਤ ਕਰਕੇ ਉਸ ਦਾ ਉਦਘਾਟਨ ਰਸਮੀ ਤੌਰ 'ਤੇ ਕੀਤਾ ਗਿਆ ਹੈ।ਕੈਬਨਿਟ ਮੰਤਰੀ ਨੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਦੇਣ ਬਾਰੇ ਬੋਲਦਿਆਂ ਕਿਹਾ ਕਿ ਪੁਰਾਣੇ ਸਮੇਂ ਵਿੱਚ ਜਦੋਂ ਰਾਜਿਆਂ ਨਾਲ ਸਿੱਖਾਂ ਦੀਆਂ ਲੜਾਈਆਂ ਹੁੰਦੀਆਂ ਸਨ ਤਾਂ ਉਸ ਸਮੇਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ, ਬਾਬਾ ਬਘੇਲ ਸਿੰਘ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੇ ਮਿਲ ਕੇ ਦਿੱਲੀ ਫਤਿਹ ਕੀਤੀ ਸੀ।ਇਨ੍ਹਾਂ ਦੇ ਨਾਲ 30 ਹਜ਼ਾਰ ਸਿੰਘਾਂ ਦਾ ਜੱਥਾ ਗਿਆ ਸੀ, ਉੱਥੇ ਤੀਸ ਹਜ਼ਾਰੀ ਕੋਟ ਵੀ ਬਣੀ ਹੋਈ ਹੈ।ਇਨ੍ਹਾਂ ਮਹਾਨ ਜਰਨੈਲਾਂ ਨੂੰ ਯਾਦ ਕਰਦਿਆਂ ਇਸ ਬੱਸ ਸਟੈਂਡ ਦਾ ਨਾਮ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਰੱਖਿਆ ਗਿਆ ਹੈ।



ਸੌਂਦ ਨੇ ਦੱਸਿਆ ਕਿ ਸਿੱਖ ਮਿਸਲਾਂ ਆਪੋ ਆਪਣਾ ਕੰਮ ਦੇਖਦੀਆਂ ਸਨ, ਪਰ ਜਦੋਂ ਕਦੇ ਪੰਜਾਬ ਦੀ ਗੱਲ ਆਉਂਦੀ ਸੀ ਤਾਂ ਸਾਰੀਆਂ ਮਿਸਲਾਂ ਇੱਕਮੁੱਠ ਹੋ ਕੇ ਆਪਣੇ ਪੰਜਾਬ ਤੇ ਧਰਮ ਦੀ ਰਾਖੀ ਲਈ ਜੰਗ ਕਰਦੀਆਂ ਸਨ।ਬਾਹਰਲੇ ਹਮਲਾਵਰ ਸਾਡੀ ਸੰਸਕ੍ਰਿਤੀ, ਧਰਮ ਤੇ ਇੱਜ਼ਤ 'ਤੇ ਹਮਲਾ ਕਰਦੇ ਸਨ ਤਾਂ ਸਾਡੇ ਯੋਧੇ ਉਨ੍ਹਾਂ ਨੂੰ ਇੱਕੀਆਂ ਦੇ ਇਕਵੰਜਾ ਪਾ ਕੇ ਮੋੜਿਆ ਕਰਦੇ ਸਨ। ਉਨ੍ਹਾਂ ਖੰਨਾ ਦੀ ਤਰੱਕੀ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮੇਨ ਚੌਕਾਂ ਵਿੱਚ ਬਾਥਰੂਮ ਬਣਾਏ ਜਾਣਗੇ ਤੇ ਸੜਕਾਂ ਦੇ ਨਾਲ ਨਾਲ ਟਾਈਲਾਂ ਲਗਵਾਈਆਂ ਜਾਣਗੀਆਂ, ਜਿਸ ਨਾਲ ਖੰਨਾ ਪੂਰੀ ਤਰ੍ਹਾਂ ਡਸਟ ਫਰੀ ਹੋ ਜਾਵੇਗਾ।ਇਸ ਮੌਕੇ ਭੁਪਿੰਦਰ ਸਿੰਘ ਸੌਂਦ, ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਦਿਹਾਤੀ ਸ੍ਰੀ ਅਵਤਾਰ ਸਿੰਘ ਦਹਿੜੂ ਪੁਸ਼ਕਰਰਾਜ ਸਿੰਘ, ਕੌਂਸਲਰ ਸੁਖਮਨਜੀਤ ਸਿੰਘ, ਸਾਬਕਾ ਕੌਂਸਲਰ ਰਜਿੰਦਰ ਸਿੰਘ ਜੀਤ, ਮਲਕੀਤ ਸਿੰਘ ਮੀਤਾ, ਕੁਲਵੰਤ ਸਿੰਘ ਮਹਿਮੀ ਤੋਂ ਇਲਾਵਾ ਹੋਰ ਹਾਜ਼ਰ ਸਨ।

## ਪਹਿਲਗਾਮ ਘਟਨਾ ਦੀ ਸਖਤ ਸ਼ਬਦਾਂ 'ਚ ਨਿੰਦਾ




**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਪਹਿਲਗਾਮ ਘਟਨਾ ਦੀ ਸਖ਼ਤ ਨਿੰਦਾ ਕਰਦੇ ਹੋਏ ਲੋਕ ਮੋਰਚਾ ਜ਼ਿਲ੍ਹਾ ਮੁਕਤਸਰ ਦੇ ਸਰਗਰਮ ਕਾਰਕੁੰਨਾਂ ਨੇ ਮਲੋਟ ਦਾਣਾ ਮੰਡੀ ਵਾਟਰ ਵਰਕਸ ਵਿਖੇ ਇੱਕ ਮੀਟਿੰਗ ਕੀਤੀ, ਜਿਸ ਵਿੱਚ ਉਨ੍ਹਾਂ ਪਹਿਲਗਾਮ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਅਤੇ ਇਸਦੀ ਨਿੰਦਾ ਕੀਤੀ।ਲੋਕ ਮੋਰਚਾ ਜ਼ਿਲ੍ਹਾ ਸਕੱਤਰ ਤੇ ਸੂਬਾ ਕਮੇਟੀ ਮੈਂਬਰ ਗੁਰਦੀਪ ਸਿੰਘ ਖੁੱਡੀਆਂ ਨੇ ਕਿਹਾ ਕਿ ਪਹਿਲਗਾਮ ਵਿੱਚ ਹੋਏ ਕਤਲੇਆਮ ਦੇ ਪਿੱਛੇ ਪਿਛਲੀਆਂ ਤਾਕਤਾਂ ਦੀ ਪਛਾਣ ਕਰਨਾ ਜ਼ਰੂਰੀ ਹੈ।ਇਸ ਲਈ ਇਸ ਘਟਨਾ ਦੀ ਨਿਰਪੱਖ ਜਾਂਚ ਦੀ ਲੋੜ ਹੈ।ਇਸ ਘਟਨਾ ਦੀ ਆੜ ਵਿੱਚ ਮੁਸਲਿਮ ਤੇ ਕਸ਼ਮੀਰੀ ਭਾਈਚਾਰੇ ਵਿਰੁੱਧ ਝੂਠੇ ਪ੍ਰਚਾਰ ਦਾ ਤੂਫ਼ਾਨ ਚਲਾਇਆ ਜਾ ਰਿਹਾ ਹੈ।ਇਨ੍ਹਾਂ ਲੋਕਾਂ ਵਿਰੁੱਧ ਸਮੂਹਿਕ ਬਦਲੇ ਦਾ ਮਾਹੌਲ ਬਣਾਇਆ ਜਾ ਰਿਹਾ ਹੈ।ਇਸ ਘਟਨਾ ਰਾਹੀਂ ਭੜਕਾਏ ਜਾ ਰਹੇ ਅੰਨ੍ਹੇ ਰਾਸ਼ਟਰਵਾਦ ਦੀ ਆੜ ਵਿੱਚ, ਦਰਅਸਲ, ਮੋਦੀ ਸਰਕਾਰ ਵੱਲੋਂ ਸਾਮਰਾਜ ਭਗਤੀ ਨੂੰ ਛੁਪਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਲੋਕ ਮੋਰਚਾ ਮੰਗ ਕਰਦਾ ਹੈ ਕਿ ਇਸ ਘਟਨਾ ਦੇ ਆਧਾਰ 'ਤੇ ਸਮਾਜ ਵਿੱਚ ਫਿਰਕੂ ਵੰਡ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਨੂੰ ਤੁਰੰਤ ਬੰਦ ਕੀਤਾ ਜਾਵੇ।ਦੇਸ਼ ਭਰ ਵਿੱਚ ਮੁਸਲਮਾਨਾਂ ਤੇ ਕਸ਼ਮੀਰੀ ਨਾਗਰਿਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।ਇਸ ਘਟਨਾ ਦੀ ਨਿਰਪੱਖ ਜਾਂਚ ਕਰਾਈ ਜਾਵੇ।ਸੁਰੱਖਿਆ ਮਜ਼ਬੂਤ ਕਰਨ ਦੇ ਨਾਂਅ 'ਤੇ ਕਸ਼ਮੀਰ ਵਿੱਚ ਸੁਰੱਖਿਆ ਬਲਾਂ ਦੀ ਭਾਰੀ ਤਾਇਨਾਤੀ ਅਤੇ ਅਫਸਪਾ ਤੇ ਯੂਏਪੀਏ ਵਰਗੇ ਕਾਲੇ ਕਾਨੂੰਨਾਂ ਨੂੰ ਲਾਗੂ ਕਰਨਾ ਬੰਦ ਕੀਤਾ ਜਾਣਾ ਚਾਹੀਦਾ ਹੈ।ਇਸ ਘਟਨਾ ਨੂੰ ਫਿਰਕੂ ਰਾਜਨੀਤਿਕ ਉਦੇਸ਼ਾਂ ਲਈ ਵਰਤਣਾ ਬੰਦ ਕੀਤਾ ਜਾਣਾ ਚਾਹੀਦਾ ਹੈ।ਇਸ ਗੰਭੀਰ ਮੁੱਦੇ 'ਤੇ 8 ਮਈ ਨੂੰ ਸਵੇਰੇ 10 ਵਜੇ ਸ਼ਕਤੀ ਕਲਾ ਮੰਦਰ ਬਰਨਾਲਾ ਵਿਖੇ ਕੀਤੇ ਜਾ ਰਹੇ ਸੰਮੇਲਨ ਤੇ ਰੋਸ ਮਾਰਚ ਵਿੱਚ ਹਿੱਸਾ ਲੈਣ ਦਾ ਫੈਸਲਾ ਕੀਤਾ ਗਿਆ ਹੈ।ਲੋਕ ਮੋਰਚਾ ਨੇ ਸਾਰੇ ਇਨਸਾਫ ਪਸੰਦ ਤੇ ਜਮਹੂਰੀ ਸੰਗਠਨਾਂ ਨੂੰ ਇਸ ਸੰਮੇਲਨ ਅਤੇ ਮਾਰਚ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ਹੈ।

## ਐਕਸਿਸ ਬੈਂਕ 'ਚ ਲੱਗੀ ਅੱਗ, ਸਾਰਾ ਸਾਮਾਨ ਸੁਆਹ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਸਾਂਗਵਾਨ ਚੌਕ ਨੇੜੇ ਸਥਿਤ ਐਕਸਿਸ ਬੈਂਕ ਦੀ ਮੁੱਖ ਸ਼ਾਖਾ ਵਿੱਚ ਅਚਾਨਕ ਅੱਗ ਲੱਗਣ ਕਾਰਨ ਬੈਂਕ ਅੰਦਰ ਰੱਖੇ ਕੰਪਿਊਟਰ, ਬਿਜਲੀ ਦੇ ਉਪਕਰਣ, ਕੁਰਸੀਆਂ, ਮੇਜ਼ ਤੇ ਕਾਗਜ਼ੀ ਦਸਤਾਵੇਜ਼ ਸੜ ਗਏ। ਅੱਗ ਲੱਗਣ ਦਾ ਪਤਾ ਉਦੋਂ ਲੱਗਿਆ, ਜਦੋਂ ਨਿੱਜੀ ਮਾਲ ਦੇ ਸੁਰੱਖਿਆ ਗਾਰਡ ਨੇ ਬੈਂਕ ਵਿੱਚੋਂ ਧੂੰਆਂ ਨਿਕਲਦਾ ਦੇਖਿਆ। ਇਸ ਤੋਂ ਬਾਅਦ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ, ਪਰ ਫਾਇਰ ਬ੍ਰਿਗੇਡ ਦੇਰੀ ਨਾਲ ਪਹੁੰਚੀ। ਉਦੋਂ ਤੱਕ ਅੱਗ ਬੈਂਕ ਵਿੱਚ ਫੈਲ ਗਈ ਤੇ ਬੈਂਕ ਦੇ ਅੰਦਰ ਰੱਖੇ ਕੰਪਿਊਟਰ, ਬਿਜਲੀ ਦੇ ਉਪਕਰਣ, ਕੁਰਸੀਆਂ, ਮੇਜ਼ ਤੇ ਕਾਗਜ਼ੀ ਦਸਤਾਵੇਜ਼ ਸੜ ਗਏ। ਬੈਂਕ ਵਿੱਚ ਅੱਗ ਲੱਗਣ ਦੇ ਸਹੀ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਮੰਨਿਆ ਜਾ ਰਿਹਾ ਹੈ ਕਿ ਅੱਗ ਬਿਜਲੀ ਦੀਆਂ ਤਾਰਾਂ ਵਿੱਚ ਸ਼ਾਰਟ ਸਰਕਟ ਕਾਰਨ ਲੱਗੀ ਤੇ ਬਾਅਦ ਵਿੱਚ ਹੋਰ ਫੈਲ ਗਈ। ਅੱਗ ਲੱਗਣ ਸਮੇਂ ਬੈਂਕ ਦੇ ਸ਼ਟਰ ਦਾ ਤਾਲਾ ਬੰਦ ਸੀ। ਬੈਂਕ ਅਧਿਕਾਰੀਆਂ ਦੇ ਆਉਣ ਤੋਂ ਪਹਿਲਾਂ ਸ਼ਟਰ ਦਾ ਤਾਲਾ ਤੋੜ ਕੇ ਅੱਗ 'ਤੇ ਕਾਬੂ ਪਾਇਆ ਗਿਆ। ਬੈਂਕ ਵਿੱਚ ਨਕਦੀ ਸੁਰੱਖਿਅਤ ਹੈ ਜਾਂ ਨਹੀਂ ਇਸ ਸਬੰਧੀ ਜਾਂਚ ਚੱਲ ਰਹੀ ਹੈ।

## ਰੇਲਵੇ ਅੰਮ੍ਰਿਤਸਰ-ਸਹਰਸਾ ਵਿਚਕਾਰ ਰਾਖਵੀਆਂ ਵਿਸ਼ੇਸ਼ ਰੇਲਗੱਡੀਆਂ ਚਲਾਏਗਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਯਾਤਰੀਆਂ ਦੀ ਸੁਵਿਧਾਜਨਕ ਆਵਾਜਾਈ ਤੇ ਵਾਧੂ ਭੀੜ ਨੂੰ ਕੰਟਰੋਲ ਕਰਨ ਲਈ ਰੇਲਵੇ ਵਿਭਾਗ ਅੰਮ੍ਰਿਤਸਰ-ਸਹਰਸਾ-ਅੰਮ੍ਰਿਤਸਰ ਵਿਚਕਾਰ ਸਮਰ ਸਪੈਸ਼ਲ ਟਰੇਨ ਚਲਾਏਗਾ। ਗਰਮੀਆਂ ਦੀ ਵਿਸ਼ੇਸ਼ ਰੇਲਗੱਡੀ ਨੰਬਰ 04618 ਅੰਮ੍ਰਿਤਸਰ ਤੋਂ ਸਹਰਸਾ ਤੱਕ ਹਰ ਸੋਮਵਾਰ ਤੇ ਮੰਗਲਵਾਰ 12 ਮਈ 2025 ਤੋਂ 8 ਜੁਲਾਈ 2025 ਤੱਕ ਚੱਲੇਗੀ (18 ਟ੍ਰਿਪਸ)। ਇਹ ਗਰਮੀਆਂ ਦੀ ਵਿਸ਼ੇਸ਼ ਰੇਲਗੱਡੀ 04618 ਅੰਮ੍ਰਿਤਸਰ ਤੋਂ 20.10 ਵਜੇ ਚੱਲੇਗੀ ਤੇ ਇੱਕ ਦਿਨ ਬਾਅਦ ਸਵੇਰੇ 3 ਵਜੇ ਸਹਰਸਾ ਪਹੁੰਚੇਗੀ। ਵਾਪਸੀ ਦਿਸ਼ਾ ਵਿੱਚ, ਸਮਰ ਸਪੈਸ਼ਲ ਟਰੇਨ ਨੰਬਰ 04617 14 ਮਈ 2025 ਤੋਂ 10 ਜੁਲਾਈ 2025 (18 ਟ੍ਰਿਪ) ਤੱਕ ਹਰ ਬੁੱਧਵਾਰ ਤੇ ਵੀਰਵਾਰ ਨੂੰ ਸਹਰਸਾ ਤੋਂ ਅੰਮ੍ਰਿਤਸਰ ਲਈ ਚੱਲੇਗੀ। ਇਹ ਵਿਸ਼ੇਸ਼ ਰੇਲਗੱਡੀ 04617 ਸਹਰਸਾ ਤੋਂ ਸਵੇਰੇ 5 ਵਜੇ ਚੱਲੇਗੀ ਤੇ ਅਗਲੇ ਦਿਨ ਦੁਪਹਿਰ 14 ਵਜੇ ਅੰਮ੍ਰਿਤਸਰ ਪਹੁੰਚੇਗੀ। ਰੂਟ ਵਿੱਚ, ਇਹ ਸਮਰ ਸਪੈਸ਼ਲ ਟਰੇਨ ਬਿਆਸ, ਜਲੰਧਰ ਸਿਟੀ, ਫਗਵਾੜਾ, ਢੰਡਾਰੀ ਕਲਾਂ, ਸਰਹਿੰਦ, ਰਾਜਪੁਰਾ, ਅੰਬਾਲਾ ਛਾਉਣੀ, ਯਮੁਨਾ ਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸੀਤਾਪੁਰ, ਗੋਂਡਾ, ਗੋਰਖਪੁਰ, ਸੀਵਾਨ, ਛਪਰਾ, ਹਾਜੀਪੁਰ, ਬਰੌਨੀ ਤੇ ਮਾਨਸੀ, ਖਗੜੀਆ ਸਟੇਸ਼ਨਾਂ ਦੋਵਾਂ ਦਿਸ਼ਾਵਾਂ ਵਿੱਚ ਰੁਕੇਗੀ।


**ਟਰੂਕੈਪ ਫਾਇਨਾਂਸ ਲਿਮਟਿਡ**

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ

ਜੀ ਐੱਸ ਟੀ ਨੰਬਰ : 27AAACD9887D1ZC

ਕਾਰਪੋਰੇਟ ਪਛਾਣ ਨੰਬਰ : L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਮਈ 2025 ਨੂੰ ਅਬੋਹਰ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।

ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਪਹਿਲੀ ਮੰਜ਼ਲ, ਮੇਵਾ ਮਾਰਕੀਟ ਕੰਪਲੈਕਸ ਸਰਕੂਲਰ ਰੋਡ ਗਲੀ ਨੰ. 3, ਅਬੋਹਰ, ਪੰਜਾਬ-152116

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।

**ਅਬੋਹਰ ਬਰਾਂਚ** : GL0000000233066 , GL0000000317882 , GL0000000314482 , GL0000000233154 , GL0000000325761 , GL0000000327733 , GL0000000237460 , GL0000000263355 , GL0000000270948 , GL0000000319377 , GL0000000318512 , GL0000000325955 , GL0000000319350 , GL0000000319856 , GL0000000242570 , GL0000000285959 , GL0000000325591 , GL0000000326142 , GL0000000328506 , GL0000000245810 , GL0000000286469 , GL0000000317851 .

**ਬਠਿੰਡਾ ਬਰਾਂਚ** : GL0000000320315 , GL0000000288309 , GL0000000304965 , GL0000000324855 , GL0000000328379 .

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।

**ਸੰਪਰਕ ਵਿਅਕਤੀ : ਸਤੀਸ਼ ਕੁਮਾਰ**

**ਸੰਪਰਕ ਨੰਬਰ** : 9560735444

ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ



**ਟਰੂਕੈਪ ਫਾਇਨਾਂਸ ਲਿਮਟਿਡ**

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ

ਜੀ ਐੱਸ ਟੀ ਨੰਬਰ : 27AAACD9887D1ZC

ਕਾਰਪੋਰੇਟ ਪਛਾਣ ਨੰਬਰ : L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਮਈ 2025 ਨੂੰ ਪਠਾਨਕੋਟ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।

ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਸਟੇਟ ਬੈਂਕ ਆਫ ਇੰਡੀਆ ਦੇ ਉੱਪਰ, ਸੈਲਾਈ ਰੋਡ, ਪਠਾਨਕੋਟ, ਪੰਜਾਬ-145001

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।

**ਪਠਾਨਕੋਟ ਬਰਾਂਚ** : GL0000000197851 , GL0000000235404 , GL0000000194293 , GL0000000319797 , GL0000000183575 , GL0000000183728 , GL0000000185589 , GL0000000196737 , GL0000000319112 , GL0000000318152 , GL0000000319666 , GL0000000235972 , GL0000000241694 , GL0000000321927 , GL0000000324839 , GL0000000314377 , GL0000000321844 , GL0000000322309 , GL0000000325238 , GL0000000325229 , GL0000000279397 , GL0000000289569 , GL0000000317563 , GL0000000319780 , GL0000000321659 , GL0000000324755 , GL0000000328075 , GL0000000327950 , GL0000000329990 , GL0000000329663 , GL0000000329044 , GL0000000203338 , GL0000000206566 , GL0000000211748 , GL0000000206047 , GL0000000201933 , GL0000000208931 .

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।

**ਸੰਪਰਕ ਵਿਅਕਤੀ : ਸਤੀਸ਼ ਕੁਮਾਰ**

**ਸੰਪਰਕ ਨੰਬਰ** : 9560735444

ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ



**ਟਰੂਕੈਪ ਫਾਇਨਾਂਸ ਲਿਮਟਿਡ**

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ

ਜੀ ਐੱਸ ਟੀ ਨੰਬਰ : 27AAACD9887D1ZC

ਕਾਰਪੋਰੇਟ ਪਛਾਣ ਨੰਬਰ : L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਮਈ 2025 ਨੂੰ ਜ਼ੀਰਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।

ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਮਾਰਫਤ ਮਲਕੀਤ ਸਿੰਘ, ਤਲਵੰਡੀ ਰੋਡ, ਨੇੜੇ ਕਲਾਕ ਟਾਵਰ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-142047

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।

**ਫਰੀਦਕੋਟ** : GL0000000324175 , GL0000000194058 , GL0000000282328 , GL0000000324132 , GL0000000326691 , GL0000000229683 , GL0000000234318 , GL0000000284240 , GL0000000316663 , GL0000000316884 , GL0000000318906 , GL0000000326337 , GL0000000208305 , GL0000000206821 , GL0000000211154 , GL0000000202175 , GL0000000210271 .

**ਜ਼ੀਰਾ ਬਰਾਂਚ** : GL0000000218181 , GL0000000260401 , GL0000000318987 , GL0000000327970 , GL0000000172305 , GL0000000232859 , GL0000000318977 , GL0000000286410 , GL0000000239771 , GL0000000285984 , GL0000000287405 , GL0000000317617 , GL0000000320419 , GL0000000324027 , GL0000000325068 , GL0000000235563 , GL0000000234089 , GL0000000280158 , GL0000000281298 , GL0000000287133 , GL0000000287192 , GL0000000318710 .

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।

**ਸੰਪਰਕ ਵਿਅਕਤੀ : ਸਤੀਸ਼ ਕੁਮਾਰ**

**ਸੰਪਰਕ ਨੰਬਰ** : 9560735444

ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ



**ਟਰੂਕੈਪ ਫਾਇਨਾਂਸ ਲਿਮਟਿਡ**

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ

ਜੀ ਐੱਸ ਟੀ ਨੰਬਰ : 27AAACD9887D1ZC

ਕਾਰਪੋਰੇਟ ਪਛਾਣ ਨੰਬਰ : L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਮਈ 2025 ਨੂੰ ਲੁਧਿਆਣਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।

ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਆਰ ਕੇ ਟਾਵਰ, ਹੈਬੋਵਾਲ ਰੋਡ, ਬੀ-1461/1, ਰਾਮ ਸ਼ਰਨਮ ਚੌਕ, ਹੰਬੜਾਂ ਰੋਡ, ਲੁਧਿਆਣਾ, ਪੰਜਾਬ-141001

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।

**ਜਲੰਧਰ ਬਰਾਂਚ** : GL0000000270242 , GL0000000235456 , GL0000000305223 , GL0000000319807 , GL0000000321079 , GL0000000323343 , GL0000000284410 , GL0000000288623 , GL0000000306033 .

**ਲੁਧਿਆਣਾ ਬਰਾਂਚ** : GL0000000206344 , GL0000000203639 , GL0000000207321 , GL0000000248105 , GL0000000254083 , GL0000000288811 , GL0000000316270 , GL0000000326333 , GL0000000327167 , GL0000000327027 , GL0000000284643 , GL0000000326607 , GL0000000203820 , GL0000000213343 , GL0000000210225 , GL0000000202274 .

**ਸਰਹਿੰਦ ਬਰਾਂਚ** : GL0000000215631 , GL0000000186695 , GL0000000241994 , GL0000000320782 , GL0000000184513 , GL0000000184509 , GL0000000196461 , GL0000000192716 , GL0000000257410 , GL0000000238403 , GL0000000246405 , GL0000000285144 , GL0000000284997 , GL0000000284957 , GL0000000288011 , GL0000000230890 , GL0000000240039 , GL0000000239936 , GL0000000239474 , GL0000000274786 , GL0000000284822 , GL0000000288063 , GL0000000311039 , GL0000000316652 , GL0000000320440 , GL0000000320302 , GL0000000322440 , GL0000000321384 , GL0000000325675 , GL0000000328036 , GL0000000327535 , GL0000000327221 , GL0000000330113 , GL0000000329779 , GL0000000328548 , GL0000000212412 , GL0000000207809 , GL0000000207599 , GL0000000200711 , GL0000000206677 , GL0000000207257 .

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।

**ਸੰਪਰਕ ਵਿਅਕਤੀ : ਸਤੀਸ਼ ਕੁਮਾਰ**

**ਸੰਪਰਕ ਨੰਬਰ** : 9560735444

ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ

7 May Page-8.qxd 5/6/2025 11:01 PM Page 1



## ਮਾਣ-ਭੱਤਾ ਨਾ ਮਿਲਿਆ ਤਾਂ ਆਂਗਨਵਾੜੀ ਵਰਕਰ ਕਰਨਗੇ ਰੋਸ ਪ੍ਰਦਰਸ਼ਨ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਵਲੋਂ ਇੱਕ ਵਿਸ਼ੇਸ ਮੀਟਿੰਗ ਬਲਾਕ ਪ੍ਰਧਾਨ ਨਿਰਮਲ ਕੌਰ ਸਦਰਪੁਰ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਮੀਟਿੰਗ ਵਿੱਚ ਸਾਬਕਾ ਪ੍ਰਧਾਨ ਹਰਪਾਲ ਕੌਰ ਉਚੇਰੇ ਤੌਰ 'ਤੇ ਹਾਜ਼ਰ ਹੋਏ।ਸ਼ਰਮੀਲਾ ਦੇਵੀ ਜਨਰਲ ਸਕੱਤਰ ਪੰਜਾਬ ਨੇ ਕਿਹਾ ਕਿ ਪਿੱਛਲੇ ਲੰਬੇ ਸਮੇਂ ਤੋਂ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਨਹੀਂ ਮਿਲ ਰਿਹਾ ਜੋ ਕਿ ਬਹੁਤ ਸਾਰੀਆਂ ਅ ਆਂਗਨਵਾੜੀ ਮੁਲਾਜ਼ਮ ਇਸ ਮਾਣ ਭੱਤੇ 'ਤੇ ਹੀ ਨਿਰਭਰ ਹਨ।ਉਹਨਾਂ ਕਿਹਾ ਕਿ ਸਰਕਾਰ ਵਲੋਂ ਵੱਧ ਤੋਂ ਵੱਧ ਕੰਮਾਂ ਦਾ ਪ੍ਰੈਸ਼ਰ ਦਿੱਤਾ ਜਾਂਦਾ ਹੈ।ਮਹਿਕਮੇ ਵਲੋ ਲਾਭਪਾਤਰੀਆ ਨੂੰ ਰਾਸ਼ਨ ਦੇਣ ਲਈ ਉਨ੍ਹਾਂ ਦੀ ਖੈਛ ਕਰਨਾ,ਫੋਟੋ ਖਿੱਚ ਕੇ ਠੋਫ ਨੰਬਰ ਭਰਕੇ ਹੀ ਰਾਸ਼ਨ ਦੇਣਾ ਜਰੂਰੀ ਕੀਤਾ ਗਿਆ ਹੈ।ਉਹਨਾਂ ਸਰਕਾਰ ਨੂੰ ਚੇਤਾਵਨੀ ਦਿੰਦਿਆ ਕਿਹਾ ਕਿ ਅਗਰ ਇਕ ਹਫਤੇ ਵਿੱਚ ਮਾਣ ਭੱਤਾ ਨਾ ਮਿਲਿਆ ਤਾਂ ਜੱਥੇਬਦੀ ਵਲੋਂ ਸੀ.ਡੀ.ਪੀ.ਓ. ਦਫਤਰ ਗੜ੍ਹਸ਼ੰਕਰ ਵਿੱਚ ਰੋਸ ਧਰਨਾ ਦਿਤਾ ਜਾਵੇਗਾ। ਧਰਨੇ ਤੋਂ ਬਾਅਦ ਕਚਿਹਰੀ ਅੱਗੇ ਚੱਕਾ ਜਾਮ ਵੀ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਮੀਟਿੰਗ ਵਿੱਚ ਸਲਾਹਕਾਰ ਸ਼ੁਸ਼ਮਾ,ਲੱਛਮੀ,ਮਹਿੰਦਰ ਰਾਣੀ,ਜਗੀਰ ਕੌਰ, ਕਸ਼ਮੀਰ ਕੌਰ, ਜਸਵਿੰਦਰ ਕੌਰ,ਚਰਨਜੀਤ ਕੌਰ, ਸ਼ਸੀਬਾਲਾ, ਪੂਜਾ, ਪ੍ਰਮਜੀਤ ਕੌਰ ਗੜ੍ਹਸ਼ੰਕਰ,ਗੁਰਲੀਨ ਕੌਰ, ਸਿਮਰਨਜੀਤ ਕੌਰ,ਰਣਜੀਤ ਸੀਮਾ ਰਾਣੀ, ਸੁਮਨ,ਗੁਰਮੀਤ ਕੌਰ, ਜੈਮੀਨੀ ਰਾਣਾ ਹਾਜ਼ਰ ਸਨ।ਇਸ ਦੇ ਨਾਲ ਹੀ ਵਰਕਰਾਂ ਨੂੰ ਸਾਝੇ ਸ਼ੰਘਰਸ਼ ਲਈ ਤਿਆਰ ਰਹਿਣ ਲਈ ਵੀ ਪ੍ਰੇਰਿਤ ਕੀਤਾ ਗਿਆ।

## ਸਰਕਾਰ ਨਾਦਰਸ਼ਾਹੀ ਫ਼ੁਰਮਾਨ ਜਾਰੀ ਕਰਕੇ ਅਧਿਆਪਕਾਂ ਨੂੰ ਜ਼ਲੀਲ ਕਰ ਰਹੀ : ਡੀ ਟੀ ਐੱਫ

### ● ਮੁਅੱਤਲ ਕੀਤੇ ਅਧਿਆਪਕ ਨੂੰ ਤੁਰੰਤ ਪ੍ਰਭਾਵ ਤੋਂ ਬਹਾਲ ਕਰੇ ਵਿਭਾਗ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਨੇ ਪਿਛਲੇ ਸਮੇਂ ਤੋਂ ਸਕੂਲਾਂ ਨੂੰ ਸਿੱਖਿਆ ਕ੍ਰਾਂਤੀ ਦੇ ਨਾਂ ਹੇਠ ਸਿਆਸੀ ਅਖਾੜੇ ਵਿੱਚ ਤਬਦੀਲ ਕਰਦਿਆਂ ਸਕੂਲਾਂ ਅੰਦਰ ਪੜ੍ਹਾਈ ਦਾ ਮਾਹੌਲ ਬਿਲਕੁਲ ਖਤਮ ਕੀਤਾ ਹੋਇਆ ਹੈ ਜਦਕਿ ਅਸਲੀਅਤ ਇਹ ਹੈ ਕਿ ਪੰਜਾਬ ਦੇ ਹਜ਼ਾਰਾਂ ਸਕੂਲ ਅਧਿਆਪਕਾਂ ਸਮੇਤ ਬੁਨਿਆਦੀ ਸਹੂਲਤਾਂ ਤੋਂ ਊਣੇ ਹਨ। ਬੀਤੇ ਦਿਨੀਂ ਤਰਨਤਾਰਨ ਜ਼ਿਲ੍ਹੇ ਦੇ ਗੋਇੰਦਵਾਲ ਵਿਖੇ ਸਕੂਲ ਆਫ਼ ਐਮੀਨੈਂਸ ਵਿੱਚ ਸਿੱਖਿਆ ਕ੍ਰਾਂਤੀ ਤਹਿਤ ਰੱਖੇ ਉਦਘਾਟਨੀ ਸਮਾਗਮ ਦੌਰਾਨ ਬੱਚਿਆਂ ਤੋਂ ਕੰਮ ਲੈਣ ਦੀ ਸੋਸ਼ਲ ਮੀਡਿਆ 'ਤੇ ਵਾਇਰਲ ਵੀਡੀਓ ਦੇ ਅਧਾਰ 'ਤੇ ਉੱਥੇ ਦੀ ਜ਼ਮੀਨੀ ਹਕੀਕਤ ਨੂੰ ਜਾਣੇ ਬਗੈਰ ਦੇ ਸਕੂਲ ਇੰਚਾਰਜ ਗੁਰਪ੍ਰਤਾਪ ਸਿੰਘ ਨੂੰ ਮੁਅੱਤਲ ਕਰ ਦਿੱਤਾ ਗਿਆ ਪਰ ਸਿੱਖਿਆ ਕ੍ਰਾਂਤੀ ਨੂੰ ਮੂੰਹ ਚਿੜਾਉਂਦੀਆਂ ਇਸ ਸਕੂਲ ਵਿੱਚ ਪ੍ਰਿੰਸੀਪਲ ਸਮੇਤ 15 ਖਾਲੀ ਅਸਾਮੀਆਂ ( ਪ੍ਰਿੰਸੀਪਲ, ਲੈਕਚਰਾਰ ਦੀਆਂ 2, ਮਾਸਟਰ ਕਾਡਰ ਦੀਆਂ 5, ਵੋਕੇਸ਼ਨਲ ਦੀਆਂ 3, ਆਰਟ ਐਂਡ ਕਰਾਫਟ ਦੀ 1 ਅਤੇ ਨਾਨ-ਟੀਚਿੰਗ ਦੀਆਂ 3) ਕਿਸੇ ਦੇ ਨਜ਼ਰ ਨਹੀਂ ਚੜ੍ਹੀਆਂ।ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਅਤੇ ਸੂਬਾ ਜਨਰਲ ਸਕੱਤਰ ਮਹਿੰਦਰ ਕੌੜਿਆਂ ਵਾਲੀ ਨੇ ਸਰਕਾਰ ਦੇ ਇਸ ਕਦਮ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਸਕੂਲ ਵਿੱਚ ਵਿਦਿਆਰਥੀਆਂ ਤੋਂ ਵੱਖ-ਵੱਖ ਕੰਮਾਂ ਵਿੱਚ ਸਹਿਯੋਗ ਲੈਣਾ ਉਸ ਦੇ ਸਰਬਪੱਖੀ ਵਿਕਾਸ ਦਾ ਹਿੱਸਾ ਹੁੰਦਾ ਹੈ। ਜੇਕਰ ਬੱਚਾ ਆਪਣੇ ਅਧਿਆਪਕਾਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਕੂਲ ਵਿੱਚ ਕੰਮ ਕਿਸੇ ਸੇਵਾ ਵਾਲੇ ਕੰਮ ਵਿੱਚ ਸਹਿਯੋਗ ਕਰਦਾ ਹੈ ਤਾਂ ਬੱਚੇ ਵਿੱਚ ਕਿਰਤ ਦੇ ਮਹੱਤਵ ਦੀ ਸਮਝ ਪੈਦਾ ਹੁੰਦੀ ਹੈ ਅਤੇ ਕਿਰਤੀ ਲੋਕਾਂ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਹੁੰਦੀ ਹੈ। ਸਮਾਗਮ ਦੌਰਾਨ ਬੱਚਿਆਂ ਨੇ ਆਪਣੇ ਸਕੂਲ ਵਿੱਚ ਆਏ ਲੋਕਾਂ ਦੀ ਸੇਵਾ ਵਿੱਚ ਕੁਝ ਹੱਥ ਵਟਾਇਆ ਤਾਂ ਇਸ ਵਿੱਚ ਕੁਝ ਵੀ ਗਲਤ ਨਹੀਂ ਸੀ ਸਗੋਂ ਗਲਤ ਤਾਂ ਸਰਕਾਰ ਵੱਲੋਂ ਰੱਖੇ ਗਏ ਇਹ ਉਦਘਾਟਨੀ ਸਮਾਗਮ ਨੇ ਜਿਸ ਕਾਰਨ ਬੱਚਿਆਂ ਦੀ ਪੜ੍ਹਾਈ ਨਹੀਂ ਹੋ ਰਹੀ। ਸਰਕਾਰ ਇਸ ਤਰ੍ਹਾਂ ਦੇ ਨਾਦਰਸ਼ਾਹੀ ਫੁਰਮਾਨ ਜਾਰੀ ਕਰਕੇ ਅਧਿਆਪਕਾਂ ਨੂੰ ਲੋਕਾਂ ਸਾਹਮਣੇ ਜ਼ਲੀਲ ਕਰਨ ਦੀ ਨੀਤੀ 'ਤੇ ਕੰਮ ਕਰ ਰਹੀ ਹੈ। ਅਜਿਹੇ ਉਦਘਾਟਨੀ ਸਮਾਗਮ ਜਿਹਨਾਂ ਲਈ ਸਰਕਾਰ ਵੱਲੋਂ ਸਕੂਲਾਂ ਨੂੰ ਰਾਸ਼ੀ ਜਾਰੀ ਕਰਨ ਲਈ ਸਿਰਫ਼ ਪੱਤਰ ਜਾਰੀ ਕੀਤਾ ਗਿਆ ਹੈ ਪ੍ਰੰਤੂ ਰਾਸ਼ੀ ਜਾਰੀ ਨਹੀਂ ਕੀਤੀ ਗਈ । ਜਿਸ ਕਾਰਨ ਸਕੂਲਾਂ ਵਿੱਚ ਕੰਮ ਕਰਦੇ ਅਧਿਆਪਕ ਆਪਣੇ ਪੱਲਿਓਂ ਪੈਸੇ ਖਰਚ ਕਰਕੇ ਇਹ ਪ੍ਰੋਗਰਾਮ ਕਰਵਾ ਰਹੇ ਹਨ ਅਤੇ ਅਧਿਆਪਕਾਂ ਨੂੰ ਇਨਾਮ ਵਜੋਂ ਮੁਅੱਤਲੀਆਂ ਦਿੱਤੀਆਂ ਜਾ ਰਹੀਆਂ ਹਨ।ਇਕ ਪਾਸੇ ਸਰਕਾਰ ਆਪਣੇ ਡ੍ਰੀਮ ਪ੍ਰੋਜੈਕਟ ਸਕੂਲ ਆਫ਼ ਐਮੀਨੈਂਸ ਦਾ ਵੱਧ ਚੜ੍ਹ ਕੇ ਪ੍ਰਚਾਰ ਕਰ ਰਹੀ ਹੈ ਦੂਸਰੇ ਪਾਸੇ ਇਹਨਾਂ ਸਕੂਲਾਂ ਵਿੱਚ ਹੀ ਵੱਡੀ ਗਿਣਤੀ ਵਿੱਚ ਅਸਾਮੀਆਂ ਖਾਲੀ ਪਈਆਂ ਹਨ। ਇਸ ਤੋਂ ਇਲਾਵਾ ਸਰਕਾਰ ਵੱਲੋਂ ਸਕੂਲਾਂ ਵਿੱਚ ਦਰਜ਼ਾ ਚਾਰ ਕਰਮਚਾਰੀਆਂ ਦੀਆਂ ਅਸਾਮੀਆਂ ਪੱਕੇ ਤੌਰ 'ਤੇ ਖਤਮ ਕਰ ਦਿਤੀਆਂ ਗਈਆਂ ਹਨ ਜਿਸ ਕਾਰਨ ਬਹੁਤ ਸਾਰੇ ਕੰਮ ਬੱਚਿਆਂ ਅਤੇ ਅਧਿਆਪਕਾਂ ਨੂੰ ਰਲ ਮਿਲ ਕੇ ਕਰਨੇ ਪੈਂਦੇ ਹਨ।ਇਸ ਤੋਂ ਇਲਾਵਾ ਸਕੂਲਾਂ ਅੰਦਰ ਚੱਲ ਰਹੇ ਬਿਜ਼ਨਸ ਬਲਾਸਟਰ ਵਰਗੇ ਗੈਰ-ਮਿਆਰੀ ਪ੍ਰੋਜੈਕਟ ਸਰਕਾਰ ਦੀ ਨੀਤੀ ਦਾ ਹਿੱਸਾ ਹਨ ਜਿਸ ਤਹਿਤ ਬੱਚੇ ਸਕੂਲਾਂ ਅੰਦਰ ਪਕੌੜੇ ਬਣਾਉਣ ਤੋਂ ਲੈ ਕੇ ਹੋਰ ਬਹੁਤ ਸਾਰੇ ਕੰਮ ਬੱਚੇ ਕਰਦੇ ਹਨ। ਫਿਰ ਵਿਦਿਆਰਥੀਆਂ ਦੁਆਰਾ ਸਕੂਲ ਸਮਾਗਮ ਦੌਰਾਨ ਸਹਿਯੋਗ ਕਰਨ ਦੀ ਇਕ ਵੀਡੀਓ ਵਾਇਰਲ ਹੋਣ 'ਤੇ ਹੀ ਸਕੂਲ ਮੁਖੀ ਨੂੰ ਮੁਅੱਤਲ ਕੀਤਾ ਜਾਣਾ ਬਿਲਕੁਲ ਗੈਰ ਵਾਜਬ ਹੈ। ਆਗੂਆਂ ਨੇ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਮੁਅੱਤਲ ਕੀਤੇ ਅਧਿਆਪਕ ਨੂੰ ਤੁਰੰਤ ਬਹਾਲ ਕਰੇ ਅਤੇ ਅਖੌਤੀ ਸਿੱਖਿਆ ਕ੍ਰਾਂਤੀ ਵਰਗੇ ਉਦਘਾਟਨੀ ਸਮਾਗਮ ਬੰਦ ਕਰਕੇ ਸਕੂਲਾਂ ਅੰਦਰ ਪੜ੍ਹਨ ਪੜ੍ਹਾਉਣ ਦਾ ਮਾਹੌਲ ਸਿਰਜਣ ਲਈ ਯਤਨਸ਼ੀਲ ਹੋਏ।

## ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸਭਾ 'ਚ ਵਿੱਤੀ ਘਪਲਾ ਉਜਾਗਰ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਸੰਘਵਾਲ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸਭਾ ਵਿੱਚ ਸਾਲ 2016 ਤੋਂ 2023 ਤੱਕ ਦੇ ਖਾਤਿਆਂ ਦੀ ਨਿਰੀਖਿਕ ਵਲੋਂ ਜਾਂਚ ਪੜਤਾਲ ਦੌਰਾਨ 88 ਲੱਖ ਰੁਪਏ ਦਾ ਘਪਲਾ ਉਜਾਗਰ ਹੋਇਆ ਹੈ। ਇਸ ਕਥਿਤ ਵਿੱਤੀ ਘਾਟੇ ਲਈ ਸਕੱਤਰ ਸਮੇਤ ਪੰਜ ਹੋਰ ਵਿਅਕਤੀਆਂ ਨੂੰ ਜ਼ਿੰਮੇਵਾਰ ਬਣਾਇਆ ਗਿਆ ਹੈ। ਸਹਿਕਾਰਤਾ ਵਿਭਾਗ ਵੱਲੋਂ ਕੀਤੀ ਜਾਂਚ ਵਿੱਚ ਕਰਜ਼ੇ ਦੀ ਵਸੂਲੀ ਸਮੇਤ ਵਿਆਜ ਮੈਂਬਰਾਂ ਦੀਆਂ ਪਾਸ ਬੁੱਕ ਵਿੱਚ ਦਰਜ ਕਰਕੇ ਸਭਾ ਦੇ ਰਿਕਾਰਡ ਵਿੱਚ ਦਰਜ ਨਾ ਕਰਵਾਉਣਾ, ਮਰ ਚੁੱਕੇ ਅਤੇ ਵਿਦੇਸ਼ ਗਏ ਮੈਂਬਰਾਂ ਨੂੰ ਫਰਜ਼ੀ ਕਰਜ਼ਾ ਜਾਰੀ ਕਰਨਾ, ਬੱਚਤ ਖਾਤਿਆਂ ਦੀਆਂ ਪਾਸ ਬੁੱਕਾਂ ਵਿੱਚ ਅਮਾਨਤ ਦਰਜ ਕਰਨਾ ਪਰ ਸਭਾ ਦੇ ਰਿਕਾਰਡ ਵਿੱਚ ਦਰਜ ਨਾ ਕਰਨਾ ਜਾਂ ਘੱਟ ਕਰਨਾ ਸਮੇਤ ਮਿਆਦੀ ਅਮਾਨਤਾਂ ਰਿਕਾਰਡ ਵਿੱਚ ਦਰਜ ਨਾ ਕਰਨਾ, ਮੈਂਬਰਾਂ ਦੀਆਂ ਪਾਸ ਬੁੱਕਾਂ ਵਿੱਚ ਦਰਜ ਹਿੱਸੇ ਦੀਆਂ ਰਕਮਾਂ ਨੂੰ ਸਭਾ ਦੇ ਰਿਕਾਰਡ ਵਿੱਚ ਘੱਟ ਦਰਜ ਕਰਨਾ ਸ਼ਾਮਲ ਹਨ। ਇਸ ਤੋਂ ਇਲਾਵਾ ਗੰਭੀਰ ਊਣਤਾਈਆਂ ਵਿੱਚ ਡਿਫਾਲਟਰ ਮੈਂਬਰਾਂ ਨੂੰ ਕਰਜ਼ਾ ਜਾਰੀ ਕਰਨਾ, ਸਭਾ ਦੇ ਮੈਂਬਰਾਂ ਦੇ ਖਾਤਿਆਂ ਵਿੱਚ ਬਿਨਾਂ ਚੈੱਕ ਦੇ ਫਰਜ਼ੀ ਗੈਰ ਜ਼ਰਾਇਤ ਜਮ੍ਹਾ ਕਰਨਾ, ਸਭਾ ਦੇ ਸਾਬਕਾ ਸਕੱਤਰ ਵੱਲੋਂ ਆਪਣੇ ਆਪ ਨੂੰ ਫਰਜ਼ੀ ਦੇਣ ਯੋਗ ਰਕਮ ਵਿਖਾ ਕੇ ਪੈਸੇ ਕਢਵਾਉਣਾ, ਭਾਈ ਘਨੱਈਆ ਜੀ ਸਿਹਤ ਸੇਵਾ ਸਕੀਮ ਨਾਲ ਸੰਬੰਧਤ ਕੋਈ ਵੀ ਦਸਤਾਵੇਜ਼ ਜਾਂ ਮੈਂਬਰਾਂ ਦੀ ਸੂਚੀ ਤਿਆਰ ਨਾ ਕਰਨਾ ਅਤੇ ਮੈਂਬਰ ਸੁਖਵਿੰਦਰ ਕੌਰ ਦੇ ਖਾਤੇ ਵਿੱਚੋਂ ਬਿਨਾਂ ਵਾਊਚਰ ਫਾਈਲ ਦੇ ਕਰਜ਼ਾ ਜਾਰੀ ਕਰਨਾ, ਮੈਂਬਰਾਂ ਤੋਂ ਵਸੂਲ ਕਰਜ਼ੇ ਦੀਆਂ ਰਕਮਾਂ ਸਭਾ ਦੇ ਰਿਕਾਰਡ ਵਿੱਚ ਦਰਜ ਨਾ ਕਰਨਾ ਅਤੇ ਮੈਂਬਰਾਂ ਦੀ ਸੂਬਾ ਸਰਕਾਰ ਤੋਂ ਗਲਤ ਕਰਜ਼ਾ ਮੁਆਫੀ ਕਲੇਮ ਹੋਣ ਕਰਕੇ ਗੰਭੀਰ ਊਣਤਾਈਆਂ ਕੀਤੀਆਂ ਹਨ। ਸਹਿਕਾਰੀ ਸਭਾ ਵਿੱਚ ਹੋਏ ਵਿੱਤੀ ਘਪਲੇ ਦੀ ਜਾਂਚ ਸਹਿਕਾਰੀ ਸਭਾ ਪੱਦੀ ਖਾਲਸਾ ਦੇ ਨਿਰੀਖਕ ਪੜਤਾਲ ਰੋਸ਼ਨ ਲਾਲ ਵੱਲੋਂ ਜਾਂਚ ਕਰਕੇ ਆਡਿਟ ਅਫਸਰ ਅਤੇ ਸੀਨੀਅਰ ਐਡਿਟ ਅਫਸਰ ਸਹਿਕਾਰੀ ਸਭਾਵਾਂ ਜਲੰਧਰ ਨੂੰ ਭੇਜ ਦਿੱਤੀ ਹੈ। ਰਿਪੋਰਟ ਅਨੁਸਾਰ ਸਭਾ ਦੇ ਸਕੱਤਰ ਬੂਟਾ ਰਾਮ, ਆਰਜ਼ੀ ਸੇਲਜ਼ਮੈਨ ਮਨਜਿੰਦਰ ਸਿੰਘ, ਆਰਜ਼ੀ ਸੇਲਜ਼ਮੈਨ ਮਨਜੀਤ ਸਿੰਘ, ਮੈਨੇਜਰ ਚੂਨੀ ਲਾਲ, ਮੈਨੇਜਰ ਸੁਰਿੰਦਰ ਸਿੰਘ ਅਤੇ ਕਲਰਕ ਸੁਰੇਸ਼ ਕੁਮਾਰ ਨੂੰ ਵਿੱਤੀ ਘਪਲੇ ਲਈ ਕਥਿਤ ਜ਼ਿੰਮੇਵਾਰ ਠਹਿਰਾਇਆ ਗਿਆ ਹੈ ਅਤੇ ਵਿਭਾਗ ਨੂੰ ਕਾਰਵਾਈ ਕਰਨ ਲਈ ਲਿਖਿਆ ਗਿਆ ਹੈ। ਇਸ ਸਬੰਧੀ ਸਹਿਕਾਰੀ ਸਭਾ ਦੇ ਮੌਜੂਦਾ ਪ੍ਰਧਾਨ ਜਸਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸੁਸਾਇਟੀ ਦੇ ਰਿਕਾਰਡ ਨੂੰ ਆਨਲਾਈਨ ਕਰਨ ਉਪਰੰਤ ਮੈਂਬਰਾਂ ਨੂੰ ਉਨ੍ਹਾਂ ਨਾਲ ਹੋ ਰਹੇ ਘਪਲੇ ਸਬੰਧੀ ਜਾਣਕਾਰੀ ਮਿਲੀ ਸੀ। ਉਨ੍ਹਾਂ ਦੱਸਿਆ ਕਿ ਉਕਤ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਉਣ ਉਪਰੰਤ ਸਾਰੇ ਰਿਕਾਰਡ ਦੀ ਜਾਂਚ ਕਰਕੇ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ ਸੀ।

## 'ਨਵੀਨਤਮਕਾਰੀ ਅਧਿਆਪਨ ਕੁਸ਼ਲਤਾਵਾਂ ਤੇ ਖੋਜ ਵਿਧੀਆਂ ਦਾ ਪਾਲਣ ਕਰਨਾ' ਵਿਸ਼ੇ 'ਤੇ ਗੋਸ਼ਟੀ




**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ, ਜਲੰਧਰ 'ਚ ਉੱਚ ਸਿੱਖਿਆ ਸੰਸਥਾਵਾਂ ਵਿੱਚ ਭਵਿੱਖ ਦੀ ਲੀਡਰਸ਼ਿਪ ਨੂੰ ਸਮਰੱਥ ਬਣਾਉਣ ਲਈ ਨਵੀਨਤਮਕਾਰੀ ਅਧਿਆਪਨ ਕੁਸ਼ਲਤਾਵਾਂ ਅਤੇ ਖੋਜ ਵਿਧੀਆਂ ਦਾ ਪਾਲਣ ਕਰਨਾ ਵਿਸ਼ੇ ਉੱਤੇ ਉਪ-ਕੁਲਪਤੀ ਡਾ. ਸੰਜੀਵ ਸੂਦ (ਗੁਰੂ ਰਵਿਦਾਸ ਆਯੁਰਵੇਦ ਯੂਨੀਵਰਸਿਟੀ, ਹੁਸ਼ਿਆਰਪੁਰ) ਮਹਿਮਾਨ ਡਾ. ਸਤੀਸ਼ ਕੁਮਾਰ ਸ਼ਰਮਾ (ਸਾਬਕਾ ਡਾਇਰੈਕਟਰ ਡੀ.ਏ.ਵੀ ਕਮੇਟੀ,ਜਲੰਧਰ) ਵਿਸ਼ੇਸ਼ ਮਹਿਮਾਨ ਡਾ. ਨਵਦੀਪ ਸਿੰਘ ਤੁੰਗ ( ਸਾਬਕਾ ਡੀਨ ਅਕਾਦਮਿਕਸ ਗੁਰੂ ਨਾਨਕ ਦੇਵ ਯੂਨੀਵਰਸਿਟੀ,ਅੰਮ੍ਰਿਤਸਰ) ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਗੁਰਮਤਿ ਸ਼ਬਦ-ਗਾਇਨ ਹੋਈ। ਉਪਰੰਤ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਧਰਮਜੀਤ ਸਿੰਘ ਪਰਮਾਰ ਨੇ ਆਏ ਹੋਏ ਮਾਣਯੋਗ ਸ਼ਖਸੀਅਤਾਂ ਦਾ ਸਵਾਗਤ ਕੀਤਾ । ਉਨ੍ਹਾਂ ਕਿਹਾ ਉੱਚ ਸਿੱਖਿਆ ਦੇ ਖੇਤਰ ਵਿੱਚ ਗੁਣਵੱਤਾ ਤੇ ਨੇਤ੍ਰਤਵ ਦੀ ਨਵੀਂ ਦਿਸ਼ਾ ਪੇਸ਼ ਕੀਤੀ ਜਾ ਰਹੀ ਹੈ। ਭਵਿੱਖ ਦੇ ਨੇਤਾਵਾਂ ਨੂੰ ਤਿਆਰ ਕਰਨ ਲਈ ਉੱਚ ਸਿੱਖਿਆ ਸੰਸਥਾਵਾਂ ਵਿੱਚ ਨਵੀਂਆਂ ਅਧਿਆਪਨ ਤਕਨੀਕਾਂ ਅਤੇ ਖੋਜ ਵਿਧੀਆਂ ਨੂੰ ਨਿਰੰਤਰ ਵਿਕਸਤ ਕੀਤਾ ਜਾ ਰਿਹਾ ਹੈ। ਇਸ ਉਦੇਸ਼ ਲਈ ਵਿਦਵਾਨਾਂ, ਅਧਿਆਪਕਾਂ ਅਤੇ ਖੋਜਕਾਰਾਂ ਨੂੰ ਨਵੇਂ ਸਿਖਲਾਈ ਮਾਡਲਾਂ ਅਤੇ ਗਹਿਰੀ ਖੋਜ ਵਿਧੀਆਂ ਨਾਲ ਜੋੜਿਆ ਜਾ ਰਿਹਾ ਹੈ।ਡਾ. ਸੰਜੀਵ ਸੂਦ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿੱਖਿਆ ਸਿਰਫ਼ ਪਾਠਕ੍ਰਮ ਨੂੰ ਪੂਰਾ ਕਰਨ ਵਾਲੀ ਪ੍ਰਕਿਰਿਆ ਨਹੀਂ ਰਹੀ ਸਗੋਂ ਇਹ ਭਵਿੱਖ ਦੇ ਆਗੂਆਂ ਦੀ ਚਿੰਤਨ ਸ਼ਕਤੀ, ਨੈਤਿਕਤਾ ਅਤੇ ਨਵੀਨਤਮ ਸੋਚ ਨੂੰ ਵਿਕਸਤ ਕਰਨ ਦਾ ਸਾਧਨ ਬਣ ਚੁੱਕੀ ਹੈ। ਡਾ. ਸਤੀਸ਼ ਕੁਮਾਰ ਸ਼ਰਮਾ ਨੇ ਕਿਹਾ ਕਿ ਅਧਿਆਪਕਾਂ ਨੂੰ ਲਗਾਤਾਰ ਨਵੇਂ ਤਰੀਕਿਆਂ ਨਾਲ ਆਪਣੇ ਆਪ ਨੂੰ ਅਪਡੇਟ ਕਰਨਾ ਚਾਹੀਦਾ ਹੈ ।ਡਾ. ਨਵਦੀਪ ਸਿੰਘ ਤੁੰਗ ਨੇ ਉੱਚ ਸਿੱਖਿਆ ਵਿੱਚ ਸਿਰਜਣਾਤਮਕਤਾ, ਆਲੋਚਨਾਤਮਕ ਚਿੰਤਨ ਅਤੇ ਖੋਜ ਅਧਾਰਿਤ ਵਿਧਿਆਂ ਨੂੰ ਅੱਗੇ ਵਧਾਉਣਾ ਹੀ ਅਸਲ ਨੇਤ੍ਰਤਵ ਤਿਆਰ ਕਰਨ ਦਾ ਆਧਾਰ ਹੈ। ਇਹ ਸਮਾਗਮ ਡਾ. ਵਿਜੈ ਧੀਰ, ਡੀਨ ਅਕਾਦਮਿਕਸ (ਕੋਡੀਨੇਟਰ ਡਾ. ਇੰਦੂ ਸ਼ਰਮਾ (ਕੋਡੀਨੇਟਰ), ਜਗਦੀਪ ਕੌਰ (ਕੋਆਰਡੀਨੇਟਰ) ਦੀ ਨਿਗਰਾਨੀ ਹੇਠ ਸ਼ੁਰੂ ਹੋਇਆ। ਇਸ ਮੌਕੇ ਰੂਪ ਸਿੰਘ (ਡਿਪਟੀ ਰਜਿਸਟਰਾਰ ਵੱਖ-ਵੱਖ ਵਿਭਾਗਾਂ ਦੇ ਡੀਨ, ਪ੍ਰੋਫੈਸਰ ਸਹਿਬਾਨ ਹਾਜ਼ਰ ਸਨ। ਅੰਤ ਵਿਚ ਡਾ ਵਿਕਾਸ ਸ਼ਰਮਾ (ਰਜਿਸਟਰਾਰ ਨੇ ਆਏ) ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 10 ਨੂੰ ਕੌਮੀ ਲੋਕ ਅਦਾਲਤ

**ਜਲੰਧਰ** : ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਮੁਤਾਬਕ ਨਿਰਭਉ ਸਿੰਘ ਗਿੱਲ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਲੰਧਰ ਵੱਲੋਂ 10 ਮਈ ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਜੁਡੀਸ਼ੀਅਲ ਅਦਾਲਤਾਂ ਜਲੰਧਰ, ਨਕੋਦਰ ਅਤੇ ਫਿਲੌਰ ਵਿੱਚ ਲੰਬਿਤ ਸਿਵਲ ਅਤੇ ਫੌਜਦਾਰੀ ਦੇ ਸਮਝੌਤਾ ਹੋ ਸਕਣ ਵਾਲੇ ਕੇਸਾਂ ਅਤੇ ਹੋਰ ਸੰਸਥਾਵਾ ਜਿਵੇਂ ਬੈਂਕਾਂ, ਬਿਜਲੀ ਵਿਭਾਗ, ਵਿਤੀ ਸੰਸਥਾਨਾਂ ਦੇ ਪ੍ਰੀਲਿਟੀਗੇਟਿਵ ਕੇਸਾਂ ਦਾ ਫੈਸਲਾ ਰਾਜ਼ੀਨਾਮੇ ਰਾਹੀਂ ਕਰਵਾਉਣ ਲਈ ਕੀਤਾ ਜਾਵੇਗਾ। ਨਿਰਭਉ ਸਿੰਘ ਗਿੱਲ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਦੀਵਾਨੀ, ਵਿਵਾਹਿਕ ਝਗੜੇ, ਮੋਟਰ ਦੁਰਘਟਨਾ ਕਲੇਮ ਕੇਸ, ਚੈੱਕ ਬਾਊਂਸ ਦੇ ਮਾਮਲੇ ਅਤੇ ਫੌਜਦਾਰੀ ਦੇ ਰਾਜ਼ੀਨਾਮਾ ਹੋ ਸਕਣ ਵਾਲੇ ਉਹ ਕੇਸ ਸੁਣਵਾਈ ਲਈ ਰੱਖੇ ਜਾਣਗੇ। ਉਨ੍ਹਾਂ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਦਾਲਤੀ ਕੇਸਾਂ ਦਾ ਨਿਪਟਾਰਾ ਇਸ ਲੋਕ ਅਦਾਲਤ ਰਾਹੀਂ ਕਰਵਾਉਣ ਲਈ ਸੰਬੰਧਤ ਅਦਾਲਤ ਨੂੰ ਦਰਖਾਸਤ ਦੇਣ। ਲੋਕ ਅਦਾਲਤ ਦਾ ਫੈਸਲਾ ਅੰਤਿਮ ਹੁੰਦਾ ਹੈ ਅਤੇ ਇਸ ਦੇ ਖਿਲਾਫ ਕਿਤੇ ਵੀ ਅਪੀਲ ਨਹੀਂ ਕੀਤੀ ਜਾ ਸਕਦੀ।ਰਾਹੁਲ ਕੁਮਾਰ ਆਜ਼ਾਦ, ਸੀ.ਜੇ.ਐੱਮ. ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਵੱਲੋਂ ਬੈਂਕ ਅਧਿਕਾਰੀਆਂ, ਬੀਮਾ ਕੰਪਨੀਆਂ ਦੇ ਅਧਿਕਾਰੀਆਂ ਨਾਲ ਵਿਕਲਪੀ ਝਗੜਾ ਨਿਵਾਰਣ ਕੇਂਦਰ ਜ਼ਿਲ੍ਹਾ ਕਚਹਿਰੀਆਂ ਜਲੰਧਰ ਵਿਖੇ ਮੀਟਿੰਗਾਂ ਕੀਤੀਆਂ ਗਈਆਂ । ਉਨ੍ਹਾਂ ਨੇ ਬੈਂਕ ਅਧਿਕਾਰੀਆਂ, ਮੋਬਾਈਲ ਕੰਪਨੀ ਦੇ ਅਧਿਕਾਰੀਆਂ ਅਤੇ ਬੀਮਾ ਕੰਪਨੀਆਂ ਦੇ ਅਧਿਕਾਰੀਆਂ ਨੂੰ ਆਖਿਆ ਕਿ ਉਹ ਵੱਖ-ਵੱਖ ਕੋਰਟਾਂ ਵਿੱਚ ਚਲਦੇ ਕੇਸਾਂ ਵਿੱਚ ਸੰਬੰਧਤ ਧਿਰਾਂ ਨਾਲ ਰਾਜ਼ੀਨਾਮੇ ਰਾਹੀਂ ਇਸ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਫੈਸਲੇ ਕਰਵਾਉਣ ਅਤੇ ਅਜਿਹੇ ਪ੍ਰੀ-ਲਿਟੀਗੇਟਿਵ ਕੇਸ ਜਿਹੜੇ ਅਜੇ ਅਦਾਲਤਾਂ ਵਿੱਚ ਦਾਇਰ ਨਹੀਂ ਹੋਏ ਹਨ, ਉਨ੍ਹਾਂ ਕੇਸਾਂ ਦਾ ਵੀ ਰਾਜੀਨਾਮੇ ਰਾਹੀਂ ਨਿਪਟਾਰਾ ਕਰਵਾਉਣ ਲਈ ਕੇਸ ਉਨ੍ਹਾਂ ਨੂੰ ਭੇਜਣ ਤਾਂ ਜੋ ਅਜਿਹੇ ਕੇਸਾਂ ਦਾ ਨਿਪਟਾਰਾ ਵੀ 10 ਮਈ ਦੀ ਲੋਕ ਅਦਾਲਤ ਵਿੱਚ ਕੀਤਾ ਜਾ ਸਕੇ।

## ਪੇਂਡੂ ਮਜ਼ਦੂਰ ਯੂਨੀਅਨ ਨੇ ਪੁੰਨੂ ਮਜਾਰੇ 'ਚ ਚੁਣੀ ਨਵੀਂ ਕਮੇਟੀ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਨਵੀਂ ਕਮੇਟੀ ਦੀ ਚੋਣ ਕੀਤੀ ਗਈ।ਇਲਾਕਾ ਆਗੂ ਸਤਨਾਮ ਸਿੰਘ ਲਾਡੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਸਰਕਾਰ ਦੇ ਕੰਮ ਤੋਂ ਨਿਰਾਸ਼ ਹੈ ਤੇ ਆਪਣੀਆਂ ਮੰਗਾਂ 'ਤੇ ਮਸਲਿਆਂ ਨੂੰ ਪੂਰਾ ਕਰਨ ਲਈ ਲਗਾਤਰ ਸੰਘਰਸ਼ ਕਰ ਰਿਹਾ ਹੈ।ਆਗੂ ਤੇ ਪਿੰਡ ਵਾਸੀਆਂ ਨੇ ਮੰਤਰੀ ਦੇ



ਬਿਆਨ ਦੇ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਕਿਹਾ ਕਿ ਹਰ ਵਰਗ ਨੂੰ ਧਰਨੇ ਪ੍ਰਦਰਸ਼ਨ ਕਰਨ ਦਾ ਅਧਿਕਾਰ ਹੈ ।ਸਰਕਾਰ ਨੂੰ ਇਹੋ ਜਿਹੇ ਬਿਆਨ ਦੇਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖੇ ਸੰਘਰਸ਼ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਮੌਕੇ ਆਗੂ ਨੇ ਇਹ ਵੀ ਕਿਹਾ ਕਿ ਹੁਣ ਪੰਜਾਬ ਸਰਕਾਰ ਦਾ ਚਿਹਰਾ ਨੰਗਾ ਹੋ ਗਿਆ ਹੈ ਤੇ ਝੂਠੇ ਤੇ ਨਕਲੀ ਇਨਕਲਾਬ ਵਾਲੀ ਸਰਕਾਰ ਬਿਲਕੁਲ ਫ਼ੇਲ੍ਹ ਹੋ ਚੁੱਕੀ ਹੈ।ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਬਿਨੇਂ ਸੰਘਰਸ਼ ਤੋਂ ਨਹੀਂ ਹੋਣਾ ।ਇਸ ਲਈ ਸਾਨੂੰ ਇਕੱਠੇ ਹੋ ਕੇ ਸੰਘਰਸ਼ ਕਰਨ ਦੀ ਲੋੜ ਹੈ ਤੇ ਇੱਕ ਵੱਡੀ ਲਾਮਬੰਦੀ ਦੀ ਲੋੜ ਹੈ। ਜਿਸਦੇ ਤਹਿਤ ਪਿੰਡ 'ਚ ਕਮੇਟੀ ਬਣਾਈ ਗਈ ਤੇ ਕਰਿਸ਼ਨਾ ਦੇਵੀ ਨੂੰ ਪ੍ਰਧਾਨ ਬਣਾਇਆ ਗਿਆ ਤੇ ਮੋਹਣ ਲਾਲ ਨੂੰ ਸੈਕਟਰੀ ਤੇ ਲੱਛਮੀ ਦੇਵੀ ਨੂੰ ਖਜ਼ਾਨਚੀ ਬਣਾਇਆ ਗਿਆ। ਇਸ ਤੋਂ ਇਲਾਵਾ ਅੰਗਰੇਜ਼ ਕੌਰ, ਸੱਤਿਆ ,ਸ਼ੀਲਾ ਦੇਵੀ ,ਤਰਸੇਮ ਕੌਰ ,ਕਮਲਜੀਤ ਕੌਰ,ਹਰਭਜਨ ਕੌਰ ਹਾਜ਼ਰ ਸਨ।

## ਤਖਣੀ ਵਾਸੀਆਂ ਨੇ ਸਰਕਾਰ ਵਿਰੁੱਧ ਕੀਤਾ ਮੁਜ਼ਾਹਰਾ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਕੰਡੀ ਇਲਾਕੇ ਦੇ ਪਿੰਡ ਤਖਣੀ ਵਿਚ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਪਿੰਡ ਵਿਚ ਪਹੁੰਚ ਕੇ ਪਿਛਲੇ 7,8 ਸਾਲਾਂ ਤੋਂ ਪੰਜਾਬ ਜਲ ਸਰੋਤ ਪ੍ਰਬੰਧਨ ਵਿਭਾਗ ਅਤੇ ਪੰਜਾਬ ਸਰਕਾਰ ਦੀ ਮਾੜੀ ਕਾਰਜਗੁਜਾਰੀ ਨੂੰ ਲੈ ਕੇ ਕਿਸਾਨਾਂ ਲਈ ਲਗਾਏ ਗਏ ਟਿਊਵਲਾਂ ਦਾ



ਪਾਣੀ ਪ੍ਰਬੰਧਾਂ ਦੀ ਘਾਟ ਕਾਰਨ ਪਾਣੀ ਨਾ ਧਿਆਨ ਦੇਣ ਨੂੰ ਲੈ ਕੇ ਜੈ ਗੋਪਾਲ ਧੀਮਾਨ ਅਤੇ ਮੈਂਬਰ ਪੰਚਾਇਤ ਸੁਰਜੀਤ ਕੁਮਾਰ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਿਰੁਧ ਮੁਜਾਹਰਾ ਕੀਤਾ । ਉਨ੍ਹਾਂ ਦਸਿਆ ਕਿ ਵਿਭਾਗ ਦਾ ਟਿਊਵਲ ਨੰਬਰ 72 ਵੀ ਪਿਛਲੇ 1 ਸਾਲ ਤੋਂ ਬੰਦ ਪਿਆ ਹੈ।ਪਿੰਡ ਦੇ ਸਰਪੰਚ ਸੰਦੀਪ ਸਿੰਘ ਨੇ ਵੀ ਦਸਿਆ ਕਿ ਉਹ ਕਈ ਵਾਰ ਸਬੰਧ ਅਧਿਕਾਰੀਆਂ ਦੇ ਧਿਆਨ ਹੇਠ ਵੀ ਇਹ ਮਾਮਲਾ ਲਿਆ ਚੁੱਕੇ ਹਨ।ਪਰ ਕੋਈ ਸੁਣਵਾਈ ਨਹੀਂ ਕੀਤੀ ਗਈ। ਧੀਮਾਨ ਨੇ ਸਰਕਾਰ ਤੋਂ ਮੰਗ ਕੀਤੀ ਕਿ ਤਖਣੀ ਪਿੰਡ ਵਿਚ ਬੰਦ ਪਏ ਟਿਊਬਵੈੱਲਾਂ ਨੂੰ ਚਾਲੂ ਕਰਨ ਅਤੇ ਕਿਸਾਨਾਂ ਦੀਆਂ ਮੁਸ਼ਿਕਲਾਂ ਨੂੰ ਪਹਿਲ ਦੇ ਅਧਾਰ 'ਤੇ ਹਲ ਨਹੀਂ ਕੀਤਾ ਤਾਂ ਲੇਬਰ ਪਾਰਟੀ ਕਿਸਾਨਾਂ ਨੂੰ ਨਾਲ ਲੈ ਕੇ ਸੰਘਰਸ਼ ਕਰੇਗੀ। ਇਸ ਮੌਕੇ ਲੇਬਰ ਪਾਰਟੀ ਦੇ ਮੀਤ ਪ੍ਰਧਾਨ ਸੋਨੂ ਮਹਿਤਪੁਰ,ਨਰੰਜਨ ਦਾਸ, ਚਰਨਜੀਤ ਕੌਰ,ਜਸਵੰਤ ਕੌਰ, ਰੇਸ਼ਮ ਚੰਦ, ਗੁਰਬਚਨ ਦਾਸ,ਧਰਮਪਾਲ, ਸੁਭਾਸ਼ ਕੁਮਾਰ, ਸਿਮਰਨ ਦੇਵੀ, ਸਰੋਜ ਕੁਮਾਰੀ,ਸ਼ਿਵ ਕੁਮਾਰ,ਯੋਤੀ ਬਾਲਾ,ਦਿਲਵਾਗ ਸਿੰਘ, ਸੰਤੋਸ਼ ਕੁਮਾਰੀ, ਕਮਲਜੀਤ ਕੁਮਾਰ,ਅਵਤਾਰ ਚੰਦ, ਕਮਲਾ ਦੇਵੀ, ਅਨੀਤਾ ਦੇਵੀ, ਤਾਜਿੰਦਰ ਸਿੰਘ, ਰਸ਼ਪਾਲ ਚੰਦ ਆਦਿ ਹਾਜਰ ਸਨ।

## ਸਰਕਾਰੀ ਸਕੂਲ ਰੱਤੇਵਾਲ 'ਚ ਕਟਾਰੀਆ ਨੇ ਕੀਤਾ ਉਦਘਾਟਨ



**ਬਲਾਚੌਰ (ਜਸਵਿੰਦਰ ਬੈਂਸ)** ਪੀ ਐਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੱਤੇਵਾਲ ਦੇ ਪ੍ਰਿੰਸੀਪਲ ਜਸਜੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ 'ਚ ਪੰਜਾਬ ਸਿੱਖਿਆ ਕ੍ਰਾਂਤੀ ਸਕੀਮ ਤਹਿਤ ਵਿਧਾਇਕਾ ਸੰਤੋਸ਼ ਕਟਾਰੀਆ ਨੇ ਰੱਤੇਵਾਲ ਸਕੂਲ 'ਚ ਤਿੰਨ ਕਮਰਿਆਂ ਦੀਆਂ ਛੱਤਾਂ ਬਦਲੀ ਅਤੇ ਰਿਪੇਅਰ ਦਾ ਕੰਮ, ਖੇਡ ਗਰਾਊਂਡ ਦੀ ਚਾਰ ਦੀਵਾਰੀ ਦੀ ਉਸਾਰੀ ਦਾ ਕੰਮ, ਦੋਨੋਂ ਮੁਕੰਮਲ ਹੋਣ ਉਪਰੰਤ ਉਦਘਾਟਨ ਕਰਕੇ ਲੋਕ ਅਰਪਣ ਕੀਤੇ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ 'ਚ ਨਵੇਂ ਰਿਕਾਰਡ ਸਥਾਪਿਤ ਕਰ ਰਹੀ ਹੈ ਤੇ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਆਉਣ ਵਾਲੇ ਦਿਨਾਂ ਵਿੱਚ ਸਰਕਾਰੀ ਸਕੂਲਾਂ ਵਿੱਚ ਲਗਾਤਾਰ ਵੱਖ-ਵੱਖ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਜਾਣਗੇ। ਸਕੂਲ ਮੈਨੇਜਮੈਂਟ ਕਮੇਟੀ ਅਤੇ ਪੰਚਾਇਤ ਮੈਂਬਰਾਂ ਨੇ ਪੰਜਾਬ ਸਰਕਾਰ ਦੇ ਇਸ ਮਿਸਨ ਦੀ ਸਲਾਘਾ ਕੀਤੀ। ਜਮਾਤ ਅੱਠਵੀਂ 'ਚ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਅਤੇ ਜੇਈ ਮੇਨ ਕੁਆਲੀਫਾਈ ਕਰਨ ਵਾਲੇ ਵਿਦਿਆਰਥੀ ਅਮਨਦੀਪ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਿਲ੍ਹਾ ਕੁਆਰਡੀਨੇਟਰ ਬਲਜਿੰਦਰ ਸਿੰਘ ਵਿਰਕ, ਵਿੰਗ ਕਮਾਂਡਰ ਸ਼੍ਰੀ ਦੌਲਤ ਰਾਮ ਖਟਾਣਾ, ਡਾ. ਪ੍ਰੇਮ ਖਟਾਣਾ, ਬਲਦੇਵ ਕ੍ਰਿਸਨ ਰਿਟਾਇਰਡ ਅਸਿਸਟੈਂਟ ਸਬ ਇੰਸਪੈਕਟਰ, ਅਜੀਤ ਰਾਮ ਰਿਟਾਇਰਡ ਇੰਸਪੈਕਟਰ, ਗੁਰਨਾਮ ਦਾਸ ਖਟਾਣਾ, ਪੰਮੀ ਬ੍ਰੇਤਾ, ਸੁੱਚਾ ਸਿੰਘ, ਪਿੰਕਾ ਕੁਮਾਰ ਚੇਅਰਮੈਨ, ਪਿੰਡ ਦੇ ਪੰਚਾਇਤ ਮੈਂਬਰ, ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਮਾਤਾ ਅਜੀਤ ਕੌਰ ਨੂੰ ਭਰਪੂਰ ਸ਼ਰਧਾਂਜਲੀਆਂ



**ਸ਼ਾਹਕੋਟ (ਗਿਆਨ ਸੈਦਪੁਰੀ)**- ਜਸਪਾਲ ਸਿੰਘ ਨੰਬਰਦਾਰ ਅਤੇ ਕਨੇਡਾ ਵਿੱਚ ਸ਼ੈਰਡਨ ਕਾਲਜ ਦੇ ਪ੍ਰੋਫੈਸਰ ਸੁਖਦੇਵ ਸਿੰਘ ਦੀ ਮਾਤਾ ਅਜੀਤ ਕੌਰ ਨੂੰ ਵੱਖ-ਵੱਖ ਆਗੂਆਂ ਨੇ ਭਰਪੂਰ ਸ਼ਰਧਾਂਜਲੀਆਂ ਭੇਟ ਕੀਤੀਆਂ। ਉਹ ਕੁਝ ਦਿਨ ਬਿਮਾਰ ਰਹਿਣ ਉਪਰੰਤ 2 ਮਈ ਨੂੰ ਸਦੀਵੀ ਵਿਛੋੜਾ ਦੇ ਗਏ ਸਨ।ਮੰਗਲਵਾਰ ਨੂੰ ਮਾਤਾ ਜੀ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸੰਗੋਵਾਲ ਵਿਖੇ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ।ਇਸ ਮੌਕੇ ਹੋਏ ਸ਼ਰਧਾਂਜਲੀ ਸਮਾਗਮ ਵਿੱਚ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਮਾਤਾ ਜੀ ਦੀਆਂ ਸਮਾਜ ਅਤੇ ਪਰਵਾਰ ਪ੍ਰਤੀ ਉਸਾਰੂ ਰੁਚੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹਨਾਂ ਨੇ ਜਿੱਥੇ ਆਪਣੇ ਪਰਵਾਰ ਨੂੰ ਹਰ ਖੇਤਰ ਵਿੱਚ ਸਤਿਕਾਰਤ ਰੁਤਬਾ ਹਾਸਲ ਕਰਨ ਲਈ ਅਗਵਾਈ ਕੀਤੀ ਉਥੇ ਸਮਾਜ ਨੂੰ ਚੰਗੇਰਾ ਬਣਾਉਣ ਲਈ ਕੀਤੇ ਉਪਰਾਲਿਆਂ ਰਾਹੀਂ ਸੇਧ ਦਿੱਤੀ। ਸ਼ਾਇਰ ਜਗੀਰ ਜੋਸਨ ਨੇ ਸ਼ਰਧਾਂਜਲੀ ਭੇਟ ਕਰਦਿਆਂ ਮਾਂ ਦੇ ਪਵਿੱਤਰ ਰਿਸ਼ਤੇ ਨੂੰ ਖੂਬਸੂਰਤ ਸ਼ਬਦਾਂ ਰਾਹੀਂ ਬਿਆਨ ਕੀਤਾ।ਇੰਡੀਅਨ ਬੈਂਕ ਦੇ ਮੈਨੇਜਰ ਪ੍ਰੀਤਮ ਸਿੰਘ, ਮੈਡਮ ਸਤਿੰਦਰ ਕੌਰ ਅਤੇ ਪ੍ਰੋਫੈਸਰ ਸੁਖਦੇਵ ਸਿੰਘ ਨੇ ਵੀ ਮਾਤਾ ਅਜੀਤ ਕੌਰ ਦੀ ਸ਼ਖਸੀਅਤ ਦੇ ਵੱਖ-ਵੱਖ ਪਹਿਲੂਆਂ ਦਾ ਜ਼ਿਕਰ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ। ਮਾਸਟਰ ਕਮਲਜੀਤ ਸੰਗੋਵਾਲ ਨੇ ਸਟੇਜ ਸੰਚਾਲਨ ਕਰਦਿਆਂ ਮਾਤਾ ਅਜੀਤ ਕੌਰ ਦੀ ਸ਼ਖਸੀਅਤ ਦੇ ਉਸ ਪੱਖ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ, ਜਿਸ ਰਾਹੀਂ ਉਹ ਲੋਕਾਂ ਦੇ ਹਰ ਦੁੱਖ ਸੁੱਖ ਵਿੱਚ ਉਚੇਚ ਨਾਲ ਸ਼ਾਮਿਲ ਹੁੰਦੇ ਰਹੇ। ਮਾਸਟਰ ਸੰਘੋਵਾਲ ਨੇ ਗੌਰਮਿੰਟ ਟੀਚਰ ਯੂਨੀਅਨ (ਵਿਗਿਆਨਿਕ) ਦੇ ਸੂਬਾ ਆਗੂ ਨਵਪ੍ਰੀਤ ਸਿੰਘ ਬੱਲੀ ਅਤੇ ਪ੍ਰੈਸ ਕਲੱਬ ਸ਼ਾਹਕੋਟ ਵੱਲੋਂ ਭੇਜੇ ਗਏ। ਸ਼ੋਕ ਸੰਦੇਸ਼ ਪੜ੍ਹ ਕੇ ਸੁਣਾਏ ਮਾਸਟਰ ਹਰਭਜਨ ਸਿੰਘ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦੂਰਦਰਸ਼ਨ ਕੇਂਦਰ ਜਲੰਧਰ ਦੇ ਸਾਬਕਾ ਅਧਿਕਾਰੀ ਅਤੇ ਸ਼ਾਇਰ ਜਸਵੰਤ ਦੀਦ ਤੇ ਰਮਨ ਕੁਮਾਰ (ਖ਼ਬਰਾਂ ਵਾਲੇ), ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਪ੍ਰਿੰਸੀਪਲ ਮਨਪ੍ਰੀਤ ਸਿੰਘ, ਸੈਂਟਰਲ ਬੈਂਕ ਨਕੋਦਰ ਤੋਂ ਰਮੇਸ਼ ਸ਼ਰਮਾ, ਲੈਕਚਰਾਰ ਗੁਰਮੁਖ ਸਿੰਘ, ਸੁਪਰਡੈਂਟ ਹਰਨਿੰਦਰ ਸਿੰਘ ਜੋਸਨ ਅਤੇ ਯਾਦਵਿੰਦਰ ਸਿੰਘ ਯੂਕੇ ਵੀ ਮੌਜੂਦ ਸਨ।

## ਮਾਤਾ ਬਗਲਾ ਮੁਖੀ ਮੰਦਰ ਰਾਸ਼ਨ ਦੀ ਗੱਡੀ ਰਵਾਨਾ

**ਕਾਲਾ ਸੰਘਿਆਂ (ਮਨਜੀਤ ਮਾਨ)** ਮਾਤਾ ਬਗਲਾ ਮੁਖੀ ਲੰਗਰ ਕਮੇਟੀ ਢਿਲਵਾਂ ਦੇ ਪ੍ਰਧਾਨ ਰਾਜਕੁਮਾਰ ਰਾਜੂ ਅਤੇ ਸੈਕਟਰੀ ਰਾਜਿੰਦਰ ਕੁਮਾਰ ਵਲੋਂ ਦਿੱਤੀ ਜਾਣਕਾਰੀ ਅਨੁਸਾਰ ਮਾਤਾ ਬਗਲਾ ਮੁਖੀ ਲੰਗਰ ਕਮੇਟੀ ਵੱਲੋਂ ਸਾਲਾਨਾ ਜੈਅੰਤੀ 5 ਮਈ ਨੂੰ ਸ਼ਰਧਾਪੂਰਵਕ ਮਨਾਈ ਜਾ ਰਹੀ ਹੈ। ਉਹਨਾ ਦੱਸਿਆ ਕਿ ਇਸ ਸਬੰਧ ਵਿੱਚ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਾਤਾ ਬਗਲਾ ਮੁਖੀ ਮੰਦਰ ਬਨਖੰਡੀ, ਕਾਂਗੜਾ ਰੋਡ ਹਿਮਾਚਲ ਪ੍ਰਦੇਸ਼ ਵਿੱਚ ਲੰਗਰ ਭੰਡਾਰੇ ਲਈ ਰਾਸ਼ਨ ਦੀ ਗੱਡੀ ਅੱਜ ਕਸਬਾ ਢਿਲਵਾਂ ਤੋਂ ਦਵਿੰਦਰ ਪ੍ਰਤਾਪ ਅਤੇ ਮਾਈਕਲ ਵਲੋਂ ਰਵਾਨਾ ਕੀਤੀ ਗਈ।



## ਪਾਕਿਸਤਾਨ ਫੈੱਡਰੇਸ਼ਨ ਆਫ ਟਰੇਡ ਯੂਨੀਅਨ ਵੱਲੋਂ ਪਹਿਲਗਾਮ ਹਮਲੇ ਦੀ ਨਿਖੇਧੀ ਸ਼ਲਾਘਾਯੋਗ : ਸ਼ੇਖਰ

**ਖਰੜ (ਹਰਨਾਮ ਸਿੰਘ ਡੱਲਾ)**- ਪੰਜਾਬ ਦੀ ਸੀਟੂ ਦੇ ਜਨਰਲ ਸਕੱਤਰ ਚੰਦਰ ਸ਼ੇਖਰ ਨੇ ਅੱਜ ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਆਲ ਪਾਕਿਸਤਾਨ ਫੈਡਰੇਸ਼ਨ ਆਫ ਟ੍ਰੇਡ ਯੂਨੀਅਨਜ਼ ਦੇ ਆਗੂਆਂ ਦੀ ਸ਼ਲਾਘਾ ਕੀਤੀ ਹੈ ਜਿਹਨਾਂ ਨੇ, ਉਹਨਾਂ ਦੇ ਆਪਣੇ ਦੇਸ਼ ਵਿੱਚ ਅਣਸੁਖਾਵੇਂ ਮਹੌਲ ਦੇ ਬਾਵਜੂਦ, ਕੌਮਾਂਤਰੀ ਮਨੁੱਖੀ ਭਾਈਚਾਰੇ ਦੇ ਹੱਕ 'ਚ ਪਹਿਲਗਾਮ ਵਿੱਚ ਬੇਰਹਿਮੀ ਭਰੇ ਅੱਤਵਾਦੀ ਹਮਲੇ ਦੀ ਸਪਸ਼ਟ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਹੈ ਕਿ ਅਜਿਹੀ ਹਿੰਸਾ ਮਨੁੱਖਤਾ ਉੱਤੇ ਹਮਲਾ ਹੈ ਅਤੇ ਕਿਸੇ ਵੀ ਸੱਭਿਅਕ ਸਮਾਜ ਵਿੱਚ ਇਸ ਦੀ ਕੋਈ ਥਾਂ ਨਹੀਂ ।ਇਸ ਫੈਡਰੇਸ਼ਨ ਨੇ ਆਪਣੇ ਬਿਆਨ ਅਤੇ ਪੱਤਰ ਰਾਹੀਂ ਹਮਲੇ ਤੋਂ ਪੀੜਤ ਪਰਵਾਰਾਂ ਨਾਲ ਗਹਿਰੀ ਸੰਵੇਦਨਾ ਪ੍ਰਗਟਾਈ ਹੈ। ਉਹਨਾਂ ਨੇ ਕਿਹਾ ਕਿ ਦੁੱਖ ਅਤੇ ਗੁੱਸੇ ਦੀ ਇਸ ਘੜੀ ਵਿੱਚ ਉਹ ਭਾਰਤ ਦੇ ਲੋਕਾਂ ਦੇ ਨਾਲ ਇਕਜੁੱਟਤਾ ਨਾਲ ਖੜ੍ਹੇ ਹਨ। ਉਹਨਾਂ ਨੇ ਕਿਹਾ ਕਿ ਅਜਿਹੇ ਘਿਨੌਣੇ ਜ਼ੁਲਮ ਨਾਲ ਮਾਸੂਮ ਲੋਕਾਂ ਦੀਆਂ ਜਾਨਾਂ ਦੇ ਨੁਕਸਾਨ ਨੂੰ ਭੁਲਾਇਆ ਨਹੀਂ ਜਾ ਸਕਦਾ ਅਤੇ ਨਾ ਹੀ ਭੁਲਾਉਣਾ ਚਾਹੀਦਾ ਹੈ।

## ਵੀਰਾਂ ਰਾਣੀ ਸੇਵਾ-ਮੁਕਤ ਸਿਹਤ ਕਰਮੀ ਨੇ ਸਹੇਲੀਆਂ ਸੰਗ ਮਨਾਇਆ ਜਨਮ ਦਿਨ



**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਪਿੰਡ ਝੰਡੇਰ ਕਲਾਂ ਦੀ ਵਸਨੀਕ ਬੀਬੀ ਵੀਰਾਂ ਰਾਣੀ ਸਿਹਤ ਵਿਭਾਗ 'ਚ ਬਤੌਰ ਨਰਸ ਦੀ ਜ਼ਿਮੇਵਾਰੀ ਨਿਭਾਉਂਦਿਆਂ ਇੱਕ ਰੋਡ ਐਕਸੀਡੈਂਟ 'ਚ ਗੰਭੀਰ ਜ਼ਖ਼ਮੀ ਹੋ ਗਏ ਸੀ। ਗੰਭੀਰ ਸੱਟ ਦੇ ਚਲਦਿਆਂ ਉਨ੍ਹਾਂ ਨੂੰ ਸਮੇਂ ਤੋਂ ਪਹਿਲਾਂ ਨੌਕਰੀ ਤੋਂ ਸੇਵਾ ਮੁਕਤ ਹੋਣਾ ਪਿਆ। ਚਾਰ ਸਾਲ ਇਲਾਜ ਕਰਵਾਉਣ ਨਾਲ ਹੁਣ ਤੰਦਰੁਸਤ ਹੋ ਗਏ ਹਨ। ਬੀਤੇ ਦਿਨੀਂ ਬੀਬੀ ਵੀਰਾਂ ਰਾਣੀ ਨੇ ਕੇਕ ਕੱਟ ਕੇ ਸਹੇਲੀਆਂ ਸੰਗ ਆਪਣਾ ਜਨਮ ਦਿਨ ਮਨਾਇਆ। ਸਾਰੀਆਂ ਸਹੇਲੀਆਂ ਨੇ ਬੀਬੀ ਵੀਰਾਂ ਰਾਣੀ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ। ਬੀਬੀ ਵੀਰਾਂ ਰਾਣੀ ਦੇ ਪਤੀ ਪ੍ਰਿੰਸੀਪਲ ਜਨਕ ਰਾਜ ਰੱਤੂ ਸਮਾਜ ਸੇਵੀ ਦੇ ਨਾਲ ਨਾਲ ਲੰਬੇ ਸਮੇਂ ਤੋਂ ਰੱਤੂ ਜਠੇਰਿਆਂ ਦੇ ਮੁੱਖ ਸੇਵਾਦਾਰ ਹਨ ਅਤੇ ਸਮਾਜ ਦੇ ਲੋਕ ਭਲਾਈ ਦੇ ਕਾਰਜ ਕਰਦੇ ਰਹਿੰਦੇ ਹਨ ।ਇਸ ਮੌਕੇ ਰਤਨ ਕੌਰ, ਭਜਨ ਕੌਰ, ਗੀਤਾ ਰਾਣੀ, ਅਵਤਾਰ ਕੌਰ, ਸੁਰਿੰਦਰ ਕੌਰ, ਦਰਸ਼ਨ ਕੌਰ, ਪੂਨਮ, ਪ੍ਰਿਅੰਕਾ, ਮਨਦੀਪ ਕੌਰ, ਸੋਨੀਆ, ਰੋਜ਼ੀ, ਮੀਨਾ ਕੁਮਾਰੀ, ਜੈਸਮੀਨ, ਵਿਜੈ ਕੁਮਾਰ ਜੇ ਈ, ਪ੍ਰਿੰਸੀਪਲ ਜਨਕ ਰਾਜ, ਗੁਰਸ਼ਾਨ, ਮਨੀ, ਕਿਰਤੀ, ਮੁਸਕਾਨ ਆਦਿ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰ ਨੇ 'ਯੁੱਧ ਨਸ਼ਿਆਂ ਵਿਰੁੱਧ' ਕਰਾਇਆ ਸੈਮੀਨਾਰ




**ਬਲਾਚੌਰ (ਜਸਵਿੰਦਰ ਬੈਂਸ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਬਲਾਕ ਬਲਾਚੌਰ ਦੀ ਮਾਸਕ ਮੀਟਿੰਗ ਡਾ. ਤੇਜਿੰਦਰ ਸਿੰਘ ਜੋਤ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਪੰਜਾਬ ਵਿੱਚ ਵਧਦੇ ਹੋਏ ਨਸ਼ੇ ਨੂੰ ਦੇਖਦਿਆਂ ਹੋਇਆਂ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੋਧ, ਮਿਸ਼ਨ ਤਹਿਤ ਇੱਕ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਐਸ ਐਚ ਓ ਸਦਰ ਬਲਾਚੌਰ ਰਕੇਸ਼ਵਿੰਦਰ ਸਿੰਘ ਨੇ ਕਿਹਾ ਕਿ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵੀ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਵਿੱਚ ਆਪਣਾ ਮੋਹਰੀ ਯੋਗਦਾਨ ਪਾਉਣ।ਉਨ੍ਹਾਂ ਕਿਹਾ ਕਿ ਧਾਰਮਿਕ ਅਸਥਾਨਾਂ ਉੱਪਰ ਸਵੇਰੇ-ਸ਼ਾਮ ਰੋਜ਼ਾਨਾ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਲਈ ਪ੍ਰੇਰਿਤ ਕੀਤਾ ਜਾਵੇ।ਨਸ਼ੇ ਤੋਂ ਪ੍ਰਭਾਵਿਤ ਅਗਰ ਕੋਈ ਵੀ ਵਿਅਕਤੀ ਨਸ਼ੇ ਛੱਡਣਾ ਚਾਹੁੰਦਾ ਹੈ ਤਾਂ ਉਹ ਬੇਝਿਜਕ ਹੋ ਕੇ ਪੁਲਸ ਕੋਲ ਆਵੇ, ਜਿਸ ਨੂੰ ਨਸ਼ਾ ਛੁਡਾਉ ਕੇਂਦਰਾਂ ਵਿਖੇ ਭਰਤੀ ਕਰਵਾ ਕੇ ਉਸ ਦਾ ਮੁਫ਼ਤ ਇਲਾਜ ਕਰਵਾਇਆ ਜਾਵੇਗਾ।ਇਸ ਮੌਕੇ ਡਾ. ਦਿਲਦਾਰ ਸਿੰਘ ਚਾਹਲ ਸੂਬਾ ਵਾਈਸ ਪ੍ਰਧਾਨ ਨੇ ਆਪਣੇ ਸੰਬੋਧਨ ਵਿੱਚ ਆਖਿਆ ਕਿ ਪਹਿਲਗਾਮ ਗੋਲੀਕਾਂਡ ਵਿੱਚ ਇਸ ਜਹਾਨ ਤੋਂ ਰੁਖਸਤ ਹੋਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਡਾ. ਸਰਬਜੀਤ ਸਿੰਘ, ਡਾ. ਗਿਆਨ ਸਿੰਘ ਮੰਡੇਰ ਜਨਰਲ ਸਕੱਤਰ, ਡਾ. ਹਰਜਿੰਦਰ ਸਿੰਘ ਕੈਸ਼ੀਅਰ, ਡਾ. ਯਸ਼ਪਾਲ ਸ਼ਰਮਾ, ਡਾ. ਸੁੱਚਾ ਸਿੰਘ, ਡਾ. ਬਲਦੇਵ ਸਿੰਘ, ਡਾ. ਮਨੋਹਰ ਲਾਲ ਚੇਅਰਮੈਨ, ਡਾ. ਰਾਕੇਸ਼ ਜੋਸ਼ੀ, ਡਾ. ਗੁਰਪ੍ਰੀਤ, ਡਾ. ਸੁਭਾਸ਼, ਡਾ. ਹਰਦੀਪ, ਡਾ. ਸ਼ਮਸ਼ੇਰ ਸਿੰਘ, ਡਾ. ਬਹਾਦਰ, ਡਾ. ਭੁਪਿੰਦਰ, ਡਾ. ਪ੍ਰੇਮ ਸਿੰਘ, ਡਾ. ਦੀਪਕ, ਡਾ. ਅਮਰੀਕ, ਡਾ. ਗੁਰਦਿਆਲ ਸਿੰਘ ਆਦਿ ਹਾਜ਼ਰ ਸਨ।

## ਪਾਣੀਆਂ ਬਾਰੇ ਮੁੱਖ ਮੰਤਰੀ ਦੇ ਸਟੈਂਡ ਦਾ ਪੰਜਾਬੀ ਕਰ ਰਹੇ ਹਨ ਸਵਾਗਤ : ਹਰਮੀਤ ਔਲਖ



**ਅੱਡਾ ਸਰਾਂ (ਕਾਜਲ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਚੇਅਰਮੈਨ ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਹਰਮੀਤ ਔਲਖ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਪਾਣੀਆਂ ਦੀ ਰਾਖੀ ਬਾਰੇ ਸਪੱਸ਼ਟ ਸਟੈਂਡ ਅਤੇ ਸਰਬ ਪਾਰਟੀ ਮੀਟਿੰਗ ਸੱਦ ਕੇ ਸਲਾਹੁਣਯੋਗ ਕਦਮ ਪੁੱਟਿਆ ਹੈ।ਜਿਸ ਦਾ ਹਰ ਪੰਜਾਬੀ ਸਵਾਗਤ ਕਰ ਰਿਹਾ ਹੈ। ਔਲਖ ਨੇ ਆਖਿਆ ਕਿ ਆਉਂਦੇ ਸੋਮਵਾਰ ਨੂੰ ਪੰਜਾਬ ਦੇ ਪਾਣੀਆਂ ਦੀ ਰਾਖੀ ਵਾਸਤੇ ਸੂਬੇ ਦੇ ਮੁੱਖ ਮੰਤਰੀ ਨੇ ਸੂਬੇ ਦੇ ਪੱਖ ਨੂੰ ਹੋਰ ਪਰਪੱਕ ਕਰਨ ਵਾਸਤੇ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਉਣਾ ਮੁੱਖ ਮੰਤਰੀ ਦੀ ਪੰਜਾਬ ਦੇ ਪਾਣੀਆਂ ਪ੍ਰਤੀ ਗੰਭੀਰਤਾ ਨੂੰ ਦਰਸਾਉਂਦਾ ਹੈ।ਪੰਜਾਬ ਕੋਲ ਕਿਸੇ ਹੋਰ ਨੂੰ ਦੇਣ ਲਈ ਇਕ ਵੀ ਬੂੰਦ ਵਾਧੂ ਨਾ ਹੋਣ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਇਹ ਪਹਿਲਕਦਮੀ ਕੀਤੀ ਹੈ । ਉਨ੍ਹਾਂ ਆਖਿਆ ਕਿ ਹਰਿਆਣਾ ਪਹਿਲਾਂ ਹੀ ਆਪਣੇ ਹਿੱਸੇ ਦੇ ਅਲਾਟ ਕੀਤੇ ਪਾਣੀ ਨਾਲੋਂ 16000 ਕਿਊਸਿਕ ਪਾਣੀ ਵੱਧ ਵਰਤ ਚੁੱਕਾ ਹੈ। ਰਾਜਸਥਾਨ ਅਤੇ ਹਰਿਆਣਾ ਸੂਬਿਆਂ ਨੇ ਪੰਜਾਬ ਦੇ ਪਾਣੀਆਂ 'ਤੇ ਡਾਕਾ ਮਾਰਨ ਲਈ ਆਪਸ ਵਿਚ ਗੰਢਤੁੱਪ ਕਰ ਲਈ ਹੈ ਅਤੇ ਬੀ.ਬੀ.ਐੱਮ .ਬੀ. ਨੇ ਕਾਨੂੰਨ ਦੀਆਂ ਧੱਜੀਆਂ ਉਡਾ ਕੇ ਹਰਿਆਣਾ ਨੂੰ 8500 ਕਿਊਸਿਕ ਪਾਣੀ ਦੇਣ ਦਾ ਫੈਸਲਾ ਕਰ ਲਿਆ ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਬੀ.ਬੀ.ਐੱਮ .ਬੀ. ਵਿਚ ਪੰਜਾਬ ਦਾ 60 ਫੀਸਦੀ ਹਿੱਸਾ ਹੈ ਅਤੇ ਬੋਰਡ ਦਾ ਇਹ ਫੈਸਲਾ ਆਪਹੁਦਰਾ, ਤਾਨਾਸ਼ਾਹੀ ਅਤੇ ਗੈਰ-ਜਮਹੂਰੀ ਹੈ।ਉਨ੍ਹਾਂ ਆਖਿਆ ਕਿ ਬੀ ਬੀ ਐਮ ਬੀ ਨੂੰ ਪੰਜਾਬ ਅਤੇ ਇਸ ਦੇ ਹਿੱਤਾਂ ਨੂੰ ਦਰਕਿਨਾਰ ਕਰਕੇ ਕਿਸੇ ਨੂੰ ਪਾਣੀ ਦੇਣ ਦਾ ਕੋਈ ਹੱਕ ਨਹੀਂ ਅਤੇ ਮੁੱਖ ਮੰਤਰੀ ਮਾਨ ਦੀ ਅਗਵਾਈ ਵਿਚ ਕਿਸੇ ਵੀ ਸੂਰਤ ਵਿਚ ਅਜਿਹਾ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਪੰਜਾਬ ਸਰਕਾਰ ਕਿਸੇ ਨੂੰ ਵੀ ਸੂਬੇ ਦੇ ਪਾਣੀਆਂ ਨੂੰ ਲੁੱਟਣ ਦੀ ਇਜਾਜ਼ਤ ਨਹੀਂ ਦੇਵੇਗੀ ਅਤੇ ਇਸ ਬਾਰੇ ਪਹਿਲਾਂ ਹੀ ਢੁਕਵੀਂ ਵਿਉਂਤਬੰਦੀ ਕੀਤੀ ਜਾ ਚੁੱਕੀ ਹੈ।

## ਗਾਇਕ ਰਵਿੰਦਰ ਰਮਤਾ ਆਵੇਗਾ ਅੱਜ ਡੀ ਡੀ ਪੰਜਾਬੀ 'ਤੇ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਪ੍ਰਸਿੱਧ ਪੰਜਾਬੀ ਲੋਕ ਗਾਇਕ ਰਵਿੰਦਰ ਰਮਤਾ ਯੂਕੇ ਵਾਲਾ 7 ਮਈ ਨੂੰ ਆਪਣਾ ਪੰਜਾਬੀ ਗੀਤ 'ਪਿੱਪਲਾਂ ਦੀ ਠੰਡੀ ਠੰਡੀ ਛਾਂ ਮਾਹੀਆਂ' ਲੈ ਕੇ ਡੀਡੀ ਪੰਜਾਬੀ ਤੇ ਪ੍ਰੋਗਰਾਮ ਸੁਰਤਾਲ ਵਿਚ ਰਾਤ 8 ਵਜੇ ਹਾਜ਼ਰ ਹੋਵੇਗਾ। ਇਸ ਗੀਤ ਨੂੰ ਕਲਮਵੱਧ ਕੀਤਾ ਹੈ ਪ੍ਰਸਿੱਧ ਪੰਜਾਬੀ ਗੀਤਕਾਰ ਰਾਣਾ ਭੋਗਪੁਰੀਆ ਨੇ ਤੇ ਸੰਗੀਤਕ ਧੁਨਾਂ ਨਾਲ ਸ਼ਿੰਗਾਰਿਆ ਹੈ ਨੌਜਵਾਨ ਸੰਗੀਤਕਾਰ ਸਮਿਥ ਬਠਿੰਡਾ ਨੇ।

## ਗੁਰਨਾਮ ਟੂਰਾ ਤੇ ਕਸ਼ਮੀਰ ਕੌਰ ਟੂਰਾ ਯੂ ਕੇ ਵੱਲੋਂ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਦਾ ਦੌਰਾ

**ਫਗਵਾੜਾ (ਜਸਵਿੰਦਰ ਢੱਡਾ)**- ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਸੌਂਸਵਾ ਪੰਜਾਬ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਹੁਸ਼ਿਆਰਪੁਰ ਰੋਡ ਦਾ ਗੁਰਨਾਮ ਟੂਰਾ ਤੇ ਸ੍ਰੀਮਤੀ ਕਸ਼ਮੀਰ ਕੌਰ ਟੂਰਾ ਯੂ. ਕੇ. ਨੇ ਆਪਣੀ ਸਪੁੱਤਰੀ ਸੋਨੀਆ ਨਾਲ ਸੈਂਟਰ ਦਾ ਦੌਰਾ ਕੀਤਾ। ਇਸ ਮੌਕੇ ਜਨਰਲ ਸਕੱਤਰ ਡਾ. ਵਿਜੈ



ਕੁਮਾਰ ਤੇ ਸਮਾਜ ਸੇਵਕ ਮਦਨ ਲਾਲ ਕੋਰੋਟਾਣੀਆ ਨੇ ਸੈਂਟਰ ਵਿੱਚ ਚੱਲ ਰਹੇ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਇਸ ਸਾਲ ਵੀ ਕਰਵਾਏ ਜਾਣ ਵਾਲੇ 35 ਵੇਂ ਸਾਲਾਨਾ ਲੋੜਵੰਦ ਧੀਆਂ ਦੇ ਵਿਆਹ ਜੋ ਕਿ 11 ਅਕਤੂਬਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਏ ਜਾਣੇ ਹਨ ਦਾ ਸੱਦਾ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਟੂਰਾ ਪਰਵਾਰ ਵੱਲੋਂ ਸਭਾ ਨੂੰ ਇਸ ਕਾਰਜ ਲਈ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ, ਨਰਿੰਦਰ ਸੈਣੀ, ਮਨਦੀਪ ਬਾਸੀ, ਮੈਡਮ ਤਨੂ , ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ ਹਾਜ਼ਰ ਸਨ।

## ਨਸ਼ਿਆਂ ਖ਼ਿਲਾਫ਼ ਜਾਗ੍ਰਿਤੀ ਸਮਾਗਮ ਕਰਵਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਪੰਜਾਬ ਵੱਲੋਂ ਸੰਸਥਾਪਕ ਪ੍ਰਧਾਨ ਸਤੀਸ਼ ਕੁਮਾਰ ਸੋਨੀ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੋਸੀ ਵਿੱਚ ਨਸ਼ਿਆਂ ਖ਼ਿਲਾਫ਼ ਜਾਗ੍ਰਿਤੀ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਪ੍ਰਿੰਸੀਪਲ ਜਗਦੀਸ਼ ਰਾਏ ਮੁੱਖ ਬੁਲਾਰਾ ਪੰਜਾਬ, ਡਾਕਟਰ ਹਰਿਕ੍ਰਿਸ਼ਨ ਬੰਗਾ ਜਨਰਲ ਸਕੱਤਰ ਪੰਜਾਬ, ਬਹਾਦੁਰ ਚੰਦ ਅਰੋੜਾ ਜਿਲ੍ਹਾ ਪ੍ਰਧਾਨ ਨਵਾਂਸ਼ਹਿਰ, ਜਸਪ੍ਰੀਤ



ਬਾਜਵਾ ਵਾਈਸ ਪ੍ਰਧਾਨ,ਗੁਰਜੀਤ ਸਿੰਘ, ਸੁਰਿੰਦਰ ਸ਼ਰਮਾ, ਡ. ਮਲਕੀਤ ਕੌਰ ਜੰਡੀ, ਵਾਸਦੇਵ ਪਰਦੇਸੀ ਜਿਲ੍ਹਾ ਪ੍ਰੈਸ ਸਕੱਤਰ ਨਵਾਂਸਹਿਰ, ਸੀਮਾ ਰਾਣੀ ਜ਼ਿਲ੍ਹਾ ਸਕੱਤਰ, ਜਸਪ੍ਰੀਤ ਕੌਰ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਕਮਲ ਦੇਵ ਵਾਈਸ ਪ੍ਰਧਾਨ ਜ਼ਿਲ੍ਹਾ, ਹਰਪ੍ਰੀਤ ਸਿੰਘ ਬਲਾਕ ਪ੍ਰਧਾਨ ਗੜ੍ਹਸ਼ੰਕਰ, ਸੰਤੋਖ ਸਿੰਘ ਜੁਆਇੰਟ ਸਕੱਤਰ ਬਲਾਕ, ਸਤਨਾਮ ਸਿੰਘ ਬੰਗੜ ਚੇਅਰਮੈਨ ਬਲਾਕ ਆਦਿ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਪਰਮਿੰਦਰ ਸਿੰਘ ਹੈਲਥ ਵਲੰਟੀਅਰ ਪੀ ਐੱਚ ਸੀ ਪੋਸੀ ਨੇ ਵੀ ਸ਼ਮੂਲੀਅਤ ਕੀਤੀ।ਇਸ ਮੌਕੇ ਮੁੱਖ ਬੁਲਾਰਾ ਪੰਜਾਬ ਪ੍ਰਿੰਸੀਪਲ ਜਗਦੀਸ਼ ਰਾਏ ਕਿਹਾ ਸੁਣਨਾ ਅਤੇ ਉਸਨੂੰ ਪ੍ਰੈਕਟਿਕਲੀ ਅਪਲਾਈ ਇਕ ਚੰਗੇ ਵਿਦਿਆਰਥੀ ਦੇ ਗੁਣ ਹੁੰਦੇ ਹਨ, ਇਸ ਨਾਲ ਮੁਸ਼ਕਲ ਤੋਂ ਮੁਸ਼ਕਲ ਪ੍ਰਸਥਿਤੀ 'ਚੋਂ ਵੀ ਆਸਾਨੀ ਨਾਲ ਨਿਕਲ ਸਕਦੇ ਹਾਂ।ਡਾਕਟਰ ਹਰਿਕ੍ਰਿਸ਼ਨ ਬੰਗਾ ਨੇ ਕਿਹਾ ਕਿ ਨਸ਼ਿਆਂ ਦੇ ਕਾਬੂ ਪਾਉਣ ਲਈ ਸਾਨੂੰ ਦ੍ਰਿੜ੍ਹ ਇਰਾਦੇ ਨਾਲ ਆਪਣੇ ਆਲੇ ਦੁਆਲੇ ਮਾਹੌਲ ਨੂੰ ਸਾਫ ਸੁਥਰਾ ਬਣਾਉਣ ਲਈ ਆਪਣੀ ਭੂਮਿਕਾ ਨਿਭਾਉਣੀ ਪਵੇਗੀ।ਆਦਰਸ਼ ਸੁਸਾਇਟੀ ਦੇ ਪ੍ਰਧਾਨ ਸਤੀਸ਼ ਕੁਮਾਰ ਸੋਨੀ ਨੇ ਕਿਹਾ ਸਾਨੂੰ ਆਪਣੇ ਅਧਿਕਾਰਾਂ ਨਾਲ ਕਰਤਵਾ ਦਾ ਪਾਲਣ ਕਰਨਾ ਪਵੇਗਾ, ਜੀਓ ਤੇ ਜਿਉਣ ਦਿਓ ਦੇ ਨਿਯਮ ਨਾਲ ਜ਼ਿੰਦਗੀ ਦੇ ਔਖੇ ਪਲ ਗੁਜਾਰੇ ਜਾ ਸਕਦੇ ਹਨ।ਸਕੂਲ ਇੰਚਾਰਜ ਸੁੱਖਦੇਵ ਸਿੰਘ ਨੇ ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਸਰਕਾਰ ਕਥਨੀ ਅਤੇ ਕਰਨੀ ਦੇ ਫਰਕ ਨੇ ਸਮਾਜ ਨੂੰ ਗਲਤ ਦਿਸ਼ਾ ਵੱਲ ਮੋੜ ਦਿੱਤਾ ਹੈ, ਜਿਸ ਨਾਲ ਇਨਸਾਨੀਅਤ ਗਿਰਾਵਟ ਵੱਲ ਨੂੰ ਖਿਸਕ ਕੇ ਰਹਿ ਗਈ ਹੈ।ਸਟੇਜ ਸੰਚਾਲਨ ਦੀ ਭੂਮਿਕਾ ਮਾਸਟਰ ਸੁੰਦਰ ਮਨੀਅਮ ਨੇ ਬਾਖੂਬੀ ਨਿਭਾਈ। ਜਿਲ੍ਹਾ ਪ੍ਰਧਾਨ ਜਸਪ੍ਰੀਤ ਕੌਰ ਨੇ ਸਕੂਲ ਦੇ ਸਟਾਫ ਅਤੇ ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਪਰਵਾਰ ਦੇ ਸੂਝਵਾਨ ਸਾਥੀਆਂ ਅਤੇ ਪ੍ਰੈਸ ਭਾਈਚਾਰੇ ਦਾ ਨਸ਼ਾ ਵਿਰੋਧੀ ਜਾਗਰੂਕਤਾ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਨ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

## 'ਗਿਫਟ ਆਫ ਲਾਈਟ' ਪ੍ਰੋਜੈਕਟ ਨੂੰ ਰਾਸ਼ਟਰੀ ਪੱਧਰ 'ਤੇ ਮਿਲਿਆ ਸਨਮਾਨ


**ਹਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਰੋਟਰੀ ਕਲੱਬ ਮਿਡ ਟਾਊਨ ਦੇ ਸਮਾਜ ਸੇਵਾ ਪ੍ਰੋਜੈਕਟ 'ਗਿਫਟ ਆਫ ਲਾਈਟ' ਅਧੀਨ ਸਮਾਜ ਸੇਵਾ 'ਚ ਸ਼ਾਨਦਾਰ ਯੋਗਦਾਨ ਲਈ ਕਲੱਬ ਦੇ ਚੇਅਰਮੈਨ ਅਤੇ ਸਾਬਕਾ ਪ੍ਰਧਾਨ ਰੋਟੇਰੀਅਨ ਮਨੋਜ ਓਹਰੀ ਨੂੰ ਰਾਸ਼ਟਰੀ ਪੱਧਰ 'ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ 'ਐਂਟੀ ਕਰਪਸ਼ਨ ਫਾਊਂਡੇਸ਼ਨ ਆਫ ਇੰਡੀਆ' ਅਤੇ ਹੋਰ ਸੰਗਠਨਾਂ ਵੱਲੋਂ ਆਯੋਜਿਤ ਸਮਾਰੋਹ ਦੌਰਾਨ ਦਿੱਤਾ ਗਿਆ।ਇਸ ਮੌਕੇ




ਦੇਸ਼ ਭਰ ਤੋਂ ਆਏ ਸਮਾਜ ਸੇਵੀਆਂ ਨੂੰ ਸਨਮਾਨਿਤ ਕੀਤਾ ਗਿਆ।ਸਮਾਰੋਹ ਵਿੱਚ ਰਾਸ਼ਟਰੀ ਅਧਿਕਸ਼ ਸੁਨੀਲ ਕੁਮਾਰ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ।ਰੋਟੇਰੀਅਨ ਮਨੋਜ ਓਹਰੀ ਨੂੰ 'ਇੰਡੀਆ ਪ੍ਰਾਈਡ ਐਵਾਰਡ' ਨਾਲ ਨਵਾਜਿਆ ਗਿਆ।ਇਹ ਇਨਾਮ ਉਨ੍ਹਾਂ ਨੂੰ ਕਾਰਨੀਆ ਟ੍ਰਾਂਸਪਲਾਂਟ ਵਿੱਚ ਮਦਦ, ਮੁਫ਼ਤ ਮੈਡੀਕਲ ਸਾਮਾਨ ਵੰਡ ਅਤੇ ਖੂਨਦਾਨ ਦੇ ਖੇਤਰ ਵਿੱਚ ਕੀਤੇ ਵਿਸ਼ੇਸ਼ ਕੰਮਾਂ ਲਈ ਮਿਲਿਆ।ਮਨੋਜ ਓਹਰੀ ਹੁਣ ਤੱਕ 39 ਵਾਰ ਖੂਨਦਾਨ ਕਰ ਚੁੱਕੇ ਹਨ ਅਤੇ 1000 ਤੋਂ ਵੱਧ ਮਰੀਜ਼ਾਂ ਨੂੰ ਮੁਫ਼ਤ ਇੰਜੈਕਸ਼ਨ, ਦਵਾਈਆਂ ਅਤੇ ਹੋਰ ਮੈਡੀਕਲ ਸਾਮਾਨ ਮੁਹੱਈਆ ਕਰਵਾ ਚੁੱਕੇ ਹਨ।ਇਸਦੇ ਨਾਲ ਹੀ ਉਨ੍ਹਾਂ ਨੇ ਲੋੜਵੰਦ ਵਿਅਕਤੀਆਂ ਨੂੰ 55 ਟ੍ਰਾਈਸਾਈਕਲਾਂ ਅਤੇ ਵ੍ਹੀਲਚੇਅਰਾਂ ਵੀ ਵੰਡੀਆਂ ਹਨ। ਉਹ ਰੋਟਰੀ ਕਲੱਬ ਰਾਹੀਂ ਲਗਾਤਾਰ ਸਮਾਜ ਸੇਵਾ ਵਿੱਚ ਲੱਗੇ ਹੋਏ ਹਨ।ਉਨ੍ਹਾਂ ਦੱਸਿਆ ਕਿ ਹੁਣ ਤੱਕ ਦੇਸ਼ ਦੇ 600 ਤੋਂ ਵੱਧ ਕਾਰਨੀਆ ਟ੍ਰਾਂਸਪਲਾਂਟ ਕਰਵਾਏ ਜਾ ਚੁੱਕੇ ਹਨ ਜਿਸ ਨਾਲ ਅੰਨ੍ਹੇਪਨ ਦੀ ਜ਼ਿੰਦਗੀ ਵਿੱਚ ਰੌਸ਼ਨੀ ਆਈ ਹੈ।ਇਨ੍ਹਾਂ ਵਿੱਚੋਂ ਪੰਜਾਬ ਦੇ 455, ਬਿਹਾਰ ਦੇ 9, ਝਾਰਖੰਡ ਦੇ 28, ਉੱਤਰ ਪ੍ਰਦੇਸ਼ ਦੇ 37, ਮਹਾਰਾਸ਼ਟਰ ਦੇ 1, ਮੱਧ ਪ੍ਰਦੇਸ਼ ਦੇ 2, ਉੱਤਰਾਖੰਡ ਦੇ 2 ਅਤੇ ਰਾਜਸਥਾਨ ਦੇ 2 ਕਾਰਨੀਆ ਟ੍ਰਾਂਸਪਲਾਂਟ ਸ਼ਾਮਲ ਹਨ।ਇਸ ਮੌਕੇ ਰੋਟਰੀ ਕਲੱਬ ਦੇ ਸਾਬਕਾ ਪ੍ਰਧਾਨ ਗੋਪਾਲ ਕ੍ਰਿਸ਼ਨ ਵਾਸੁਦੇਵਾ ਅਤੇ ਰੋਟੇਰੀਅਨ ਪਰਵੀਨ ਪੱਬੀ ਵੀ ਖਾਸ ਤੌਰ 'ਤੇ ਮੌਜੂਦ ਰਹੇ।

## ਸੀ ਟੀ ਗਰੁੱਪ ਦਾ ਹੋਸਟਲ ਉਤਸਵ : ਯਾਦਾਂ, ਮਿਤਰਤਾ ਤੇ ਜੋਸ਼ ਦਾ ਅਦਭੁਤ ਸੰਗਮ

**ਜਲੰਧਰ (ਸ਼ੈਲੀ ਐਲਬਰਟ)** ਸੀਟੀ ਗਰੁੱਪ ਨੇ ਆਪਣੇ ਹੋਸਟਲ ਵਿਦਿਆਰਥੀਆਂ ਨੂੰ ਆਡੀਟੋਰੀਅਮ ਵਿੱਚ ਆਯੋਜਿਤ ਇੱਕ ਭਵਿੱਆ ਹੋਸਟਲ ਵਿਦਾਈ ਸਮਾਰੋਹ ਨਾਲ਼ ਵਿਦਾ ਕੀਤਾ। ਇਹ ਸ਼ਾਨਦਾਰ ਰਾਤ ਭਾਵਨਾਵਾਂ, ਜੋਸ਼ ਅਤੇ ਪੁਰਾਣੀਆਂ ਯਾਦਾਂ ਨਾਲ਼ ਭਰਪੂਰ ਸੀ, ਜਿੱਥੇ ਵਿਦਿਆਰਥੀਆਂ ਨੇ ਸਾਂਝੇ ਹੋਸਟਲ ਜੀਵਨ ਦੇ ਸੁਹਜ ਨੂੰ ਮਨਾਇਆ। ਸਮਾਰੋਹ ਵਿੱਚ ਹਿਮਾਚਲੀ ਲੋਕ ਨਾਚ ਦੀ ਸ਼ਾਨ, ਮਨੀਪੁਰੀ ਨ੍ਰਿਤ ਦੀ



ਰੌਚਕ ਲੈ, ਪੰਜਾਬੀ ਭੰਗੜੇ ਦੀ ਬਿਜਲੀ ਵਰਗੀ ਊਰਜਾ ਅਤੇ ਕਵਿਤਾ ਦੀ ਭਾਵਨਾ ਨੇ ਸਭ ਨੂੰ ਮੰਤਰ ਮੁਗਧ ਕਰ ਦਿੱਤਾ। ਪਰੰਪਰਾਵਾਂ ਤੋਂ ਲੈ ਕੇ ਆਧੁਨਿਕਤਾ ਤੱਕ, ਇਹ ਸਮਾਰੋਹ ਵਿਭਿੰਨਤਾ, ਏਕਤਾ ਅਤੇ ਵਿਦਿਆਰਥੀਆਂ ਦੇ ਜੋਸ਼ ਦਾ ਪ੍ਰਤੀਕ ਸੀ।ਸਮਾਰੋਹ ਦਾ ਸਭ ਤੋਂ ਉਤਸੁਕਤਾ ਨਾਲ ਇੰਤਜ਼ਾਰ ਕੀਤਾ ਜਾਣ ਵਾਲਾ ਪਲ ਟਾਈਟਲ ਜੇਤੂਆਂ ਦੀ ਘੋਸ਼ਣਾ ਸੀ। ਪਰਮੀਤ ਕੌਰ ਨੂੰ ਮਿਸ ਹੋਸਟਲਰ, ਮੁਹੰਮਦ ਇਬਰਾਹਿਮ ਵਾਰ ਨੂੰ ਮਿਸਟਰ ਹੋਸਟਲਰ, ਏਂਜਲ ਮਹਾਜਨ ਨੂੰ ਮਿਸ ਚਾਰਮਿੰਗ, ਅਤੇ ਅਹਿਸਾਨ ਫਰੀਦ ਨੂੰ ਮਿਸਟਰ ਹੈਂਡਸਮ ਦਾ ਖਿਤਾਬ ਦਿੱਤਾ ਗਿਆ ।ਇਸ ਮੌਕੇ ਮੈਡਮ ਪਰਮਿੰਦਰ ਕੌਰ ਚੰਨੀ (ਸਹਿ-ਚੇਅਰਪਰਸਨ ਸੀ ਟੀ, ਡਾ. ਮਨਬੀਰ ਸਿੰਘ (ਮੈਨੇਜਿੰਗ ਡਾਇਰੈਕਟਰ), ਹਰਪ੍ਰੀਤ ਸਿੰਘ (ਵਾਈਸ ਚੇਅਰਮੈਨ), ਮਿਸ ਤਾਨਿਕਾ ਚੰਨੀ (ਜੌਇੰਟ ਮੈਨੇਜਿੰਗ ਡਾਇਰੈਕਟਰ), ਅਤੇ ਡਾ. ਅਰਜਨ ਸਿੰਘ (ਡੀਨ, ਸਟੂਡੈਂਟ ਵੈਲਫੇਅਰ) ਦੀ ਉਪਸਥਿਤੀ ਨੇ ਸਮਾਰੋਹ ਨੂੰ ਗਰਿਮਾ ਪ੍ਰਦਾਨ ਕੀਤਾ । ਸਮਾਰੋਹ ਇਨਾਮ ਵੰਡ ਅਤੇ ਖਾਣੇ ਦੇ ਨਾਲ਼ ਸਮਾਪਤ ਹੋਇਆ, ਜਿਸ ਨਾਲ਼ ਹੋਸਟਲ ਜੀਵਨ ਦੇ ਪਿਆਰੇ ਯਾਦਾਂ ਨੂੰ ਵਿਦਾ ਕੀਤਾ ਗਿਆ।

## 'ਨਸ਼ਾ ਤਸਕਰਾਂ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ'

**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਵੱਲੋਂ ਜੋ ਸੂਬੇ ਅੰਦਰ ਨਸ਼ਾ ਖਤਮ ਕਰਨ ਸੰਬੰਧੀ ਵਿਸ਼ੇਸ਼ ਮੁਹਿੰਮ ਚਲਾਈ ਹੋਈ ਹੈ। ਉਸ ਤਹਿਤ ਨਵੀਨ ਸਿੰਗਲਾ ਆਈ ਪੀ ਐੱਸ, ਡੀ ਆਈ ਜੀ (ਜਲੰਧਰ ਰੇਂਜ), ਐੱਸ ਐੱਸ ਪੀ ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ, ਐੱਸ ਪੀ (ਡੀ) ਜਲੰਧਰ (ਦਿਹਾਤੀ) ਸਰਬਜੀਤ ਰਾਏ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਬ ਡਵੀਜ਼ਨ ਫਿਲੌਰ ਅਤੇ ਸਬ ਡਵੀਜ਼ਨ ਨਕੋਦਰ ਵਿਖੇ ਵਿਸ਼ੇਸ਼ ਮੀਟਿੰਗਾਂ ਕਰਨ ਉਪਰੰਤ ਫਿਲੌਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਹੈ।ਉਸ ਦੇ ਚੰਗੇ ਨਤੀਜੇ ਨਿਕਲ ਰਹੇ ਹਨ। ਨਸ਼ਾ ਵੇਚਣ ਵਾਲਿਆਂ ਨੂੰ ਕਾਬੂ ਕੀਤਾ ਗਿਆ ਹੈ।ਨਸ਼ਾ ਤਸਕਰਾਂ ਨੂੰ ਕਿਸੇ ਕੀਮਤ ਬਖ਼ਸ਼ਿਆ ਨਹੀਂ ਜਾਵੇਗਾ। ਇਸ ਸਬੰਧ ਵਿੱਚ ਸਬ ਡਵੀਜ਼ਨ ਦੇ ਸਮੂਹ ਅਫਸਰਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਨਸ਼ਾ ਵੇਚਣ ਵਾਲੇ ਨੂੰ ਬਖਸ਼ਿਆ ਨਾ ਜਾਵੇ ਅਤੇ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਮੁਹਿੰਮ ਨੂੰ ਹੋਰ ਕਾਮਯਾਬ ਕਰਨ ਵੱਲ ਲੈ ਜਾਣ ਲਈ ਸਮੂਹ ਇਲਾਕਾ ਨਿਵਾਸੀਆਂ ਪੰਚਾਂ, ਸਰਪੰਚਾਂ, ਨੰਬਰਦਾਰਾਂ, ਮੁਹਤ ਵਾਰਾਂ ਅਤੇ ਸਮਾਜ ਸੇਵਕਾਂ ਨੂੰ ਪੁਲਿਸ ਦਾ ਸਾਥ ਦੇਣ ਲਈ ਅਪੀਲ ਕੀਤੀ। ਪੱਤਰਕਾਰਾਂ ਅਤੇ ਪਤਵੰਤੇ ਸੱਜਣਾਂ ਤੋਂ ਸਹਿਯੋਗ ਮੰਗਿਆ।



## 37.99 ਲੱਖ ਦੇ ਵਿਕਾਸ ਕਾਰਜਾਂ ਨਾਲ ਜ਼ਿਲ੍ਹੇ ਦੇ 5 ਹੋਰ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਸਕੂਲ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਪਹਿਲਕਦਮੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਜ਼ਿਲ੍ਹੇ ਦੇ 5 ਹੋਰ ਸਰਕਾਰੀ ਸਕੂਲਾਂ ਦੀ 37.99 ਲੱਖ ਦੇ ਵਿਕਾਸ ਕਾਰਜਾਂ ਨਾਲ ਨੁਹਾਰ ਬਦਲੀ ਗਈ ਹੈ।ਇਨ੍ਹਾਂ ਵਿੱਚ ਸਰਕਾਰੀ



ਪ੍ਰਾਇਮਰੀ ਸਕੂਲਾਂ ਵਿਚ 4.41 ਲੱਖ ਅਤੇ ਅਪਰ ਪ੍ਰਾਇਮਰੀ ਸਕੂਲਾਂ ਵਿਚ 33.58 ਲੱਖ ਰੁਪਏ ਦੇ ਵਿਕਾਸ ਕੰਮ ਸ਼ਾਮਲ ਹਨ, ਜੋ ਅੱਜ ਇਨ੍ਹਾਂ ਸਕੂਲਾਂ ਵਿੱਚ ਸਮਰਪਿਤ ਕੀਤੇ ਗਏ।ਜਲੰਧਰ ਇੰਪਰੂਵਮੈਂਟ ਟਰੱਸਟ ਦੇ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪ੍ਰਤਾਪਪੁਰਾ ਵਿਖੇ ਇਕ ਲੱਖ ਰੁਪਏ ਦੀ ਲਾਗਤ ਨਾਲ ਤਿਆਰ ਚਾਰਦਿਵਾਰੀ ਦਾ ਉਦਘਾਟਨ ਕੀਤਾ ਗਿਆ।ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਪਰਸਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਬੇਮਿਸਾਲ ਤਬਦੀਲੀਆਂ ਲਿਆਂਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਸਰਕਾਰੀ ਸਕੂਲ ਹਰ ਪੱਖੋਂ ਬਿਹਤਰੀਨ ਸਹੂਲਤਾਂ ਨਾਲ ਲੈਸ ਹਨ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਢੰਗ-ਤਰੀਕਿਆਂ ਨਾਲ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।

## ਵਿਸ਼ਵਕਰਮਾ ਸਭਾ ਪਲਸੌਰਾ ਦੇ ਜਨਰਲ ਇਜਲਾਸ 'ਚ ਸਾਬਕਾ ਪ੍ਰਧਾਨ ਨੂੰ ਸ਼ਰਧਾਂਜਲੀਆਂ ਭੇਟ



**ਮੋਹਾਲੀ (ਗੁਰਜੀਤ ਬਿੱਲਾ)** ਸ੍ਰੀ ਵਿਸ਼ਵਕਰਮਾ ਸਭਾ ਸਭਾ ਪਲਸੌਰਾ ਦਾ ਜਨਰਲ ਇਜਲਾਸ ਦਿਲਬਾਗ ਸਿੰਘ ਦੀ ਪ੍ਰਧਾਨਗੀ ਹੇਠ ਹੋਇਆ। ਸਭਾ ਦੇ ਸਾਬਕਾ ਪ੍ਰਧਾਨ ਗਿਆਨ ਸਿੰਘ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ 2 ਮਿੰਟ ਦਾ ਮੌਨ ਰੱਖਕੇ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸਭਾ ਦੇ ਮੈਂਬਰਾਂ ਤੋਂ ਇਲਾਵਾ ਬਲਦੇਵ ਸਿੰਘ ਕਲਸੀ ਪ੍ਰਧਾਨ ਰਮਾਗੜ੍ਹੀਆ ਸਭਾ ਸੈਕਟਰ 27, ਚੰਡੀਗੜ੍ਹ, ਕਰਮ ਸਿੰਘ ਪ੍ਰਧਾਨ ਰਾਮਗੜ੍ਹੀਆ ਸਭਾ ਫੇਜ 3 ਮੋਹਾਲੀ ਵਿਸ਼ੇਸ ਤੌਰ 'ਤੇ, ਤੇ ਅਮਰਜੀਤ ਸਿੰਘ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਇਜਲਾਸ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਮਰਹੂਮ ਗਿਆਨ ਸਿੰਘ ਦੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਪ੍ਰਸੰਸਾ ਕੀਤੀ ।ਰਾਮਗੜ੍ਹੀਆ ਧਿਮਾਨ ਬਰਾਦਰੀ ਵੱਲੋਂ ਸਮਾਜ ਕਲਿਆਣ ਦੇ ਕੰਮਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਸਮਾਜ ਕਲਿਆਣ ਦੇ ਕਾਰਜਾਂ ਨੂੰ ਅਗੇ ਵਧਾਉਣ ਲਈ ਕੋਆਪਰੇਟਿਵ ਸੁਸਾਇਟੀ ਬਣਾਉਣ, ਬਰਾਦਰੀ ਵਿਚ ਏਕਤਾ ਵਧਾਉਣ ਅਤੇ ਤਾਲਮੇਲ ਵਧਾਉਣ ਲਈ ਸੁਝਾਓ ਵੀ ਦਿੱਤੇ ਗਏ । ਇਸ ਮੌਕੇ ਮੀਤ ਪ੍ਰਧਾਨ ਭਜਨ ਲਾਲ, ਮੁਲਖ ਰਾਜ, ਚੰਨਣ ਰਾਮ, ਸੁਰਜੀਤ ਰਾਮ, ਕੁਲਵੰਤ ਸਿੰਘ, ਅਸ਼ੋਕ ਕੁਮਰ, ਓਮ ਪ੍ਰਕਾਸ਼ ਅਤੇ ਜਸਵਿੰਦਰ ਕੁਮਾਰ ਸਭਾ ਦੇ ਮੈਂਬਰ ਹਾਜਰ ਸਨ।

## ਸ਼ਾਨਦਾਰ ਹੋ ਨਿੱਬੜਿਆ ਮਾਨਸਰੋਵਰ ਸਾਹਿਤ ਅਕਾਦਮੀ ਵੱਲੋਂ ਕਰਵਾਇਆ ਪੰਜਾਬੀ ਕਵੀ ਦਰਬਾਰ

**ਫ਼ਗਵਾੜਾ (ਜਸਵਿੰਦਰ ਢੱਡਾ)** ਪੰਜਾਬੀ ਭਾਸ਼ਾ ਇਕਾਈ ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਵੱਲੋਂ ਲਾਈਵ ਪੰਜਾਬੀ ਕਵੀ ਦਰਬਾਰ ਕਰਵਾਇਆ ਗਿਆ। ਜਿਸ ਵਿੱਚ ਕਵੀ ਬੂਟਾ



ਗੁਲਾਮੀ ਵਾਲਾ, ਡਾ. ਜਗਦੀਪ ਕੌਰ ਆਹੂਜਾ, ਗੁਰਦੀਪ ਸਿੰਘ ਲੋਟੇ, ਯਸ਼ਵੀਰ ਸਿੰਘ, ਰਾਜੀਵ ਸੇਠ ਦਿੱਲੀ ਸ਼ਾਮਿਲ ਹੋਏ। ਪ੍ਰੋਗਰਾਮ ਦਾ ਆਗਾਜ਼ ਸੰਚਾਲਕ ਮਹਿੰਦਰ ਸੂਦ ਵਿਰਕ ਨੇ ਸ਼ਾਨਦਾਰ ਅੰਦਾਜ਼ ਵਿੱਚ ਕੀਤਾ। ਫਿਰ ਯਸ਼ਵੀਰ ਸਿੰਘ ਅਤੇ ਬੂਟਾ ਗੁਲਾਮੀ ਵਾਲਾ ਨੇ ਸ਼ਾਨਦਾਰ ਕਵਿਤਾਵਾਂ ਪੇਸ਼ ਕੀਤੀਆਂ। ਡਾ. ਜਗਦੀਪ ਕੌਰ ਆਹੂਜਾ ਨੇ ਵੀ ਭਾਵੁਕ ਕਵਿਤਾਵਾਂ ਨਾਲ ਖੂਬ ਸਮਾਂ ਬੰਨ੍ਹਿਆ। ਗੁਰਦੀਪ ਸਿੰਘ ਲੋਟੇ ਨੇ ਵੀ ਸਕੂਨ ਭਰਪੂਰ ਕਵਿਤਾਵਾਂ ਨਾਲ ਸਰੋਤਿਆਂ ਤੋਂ ਵਾਹ-ਵਾਹ ਖੱਟੀ। ਰਾਜੀਵ ਸੇਠ ਦਿੱਲੀ ਨੇ ਬਹੁਤ ਸੇਧ ਵਰਧਕ ਗੀਤਾਂ ਨਾਲ ਹਾਜ਼ਰੀ ਭਰੀ। ਪ੍ਰੋਗਰਾਮ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਚੇਅਰਮੈਨ ਮੈਡਮ ਸੀਯਾ ਭਾਰਤੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸੰਚਾਲਕ ਸੂਦ ਵਿਰਕ ਨੇ ਅਖ਼ੀਰ ਬੁਲੰਦ ਹੌਂਸਲਿਆਂ ਨਾਲ ਵਿਲੱਖਣ ਪਹਿਚਾਣ ਬਣ੍ਹਾਉਣ ਦਾ ਸੁਨੇਹਾ ਦਿੱਤਾ।

## ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ.) 100 ਦੀ ਸੂਬਾ ਕਮੇਟੀ ਦੀ ਮੀਟਿੰਗ ਪਿੰਡ ਲੰਗੇਰੂਆ ਮੱਲ ਹੈਲਥ ਕੇਅਰ ਸੈਂਟਰ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਢਿਲੋਂ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿੱਚ ਤਰਨ ਤਰਨ ਤਾਰਨ ਤੋਂ ਅੰਮ੍ਰਿਤ ਮਾਨ ਨਵਾਂਸ਼ਹਿਰ, ਮਲੇਰਕੋਟਲਾ, ਬਰਨਾਲਾ, ਸੰਗਰੂਰ ਜਿਲ੍ਹਿਆ ਦੇ ਸੂਬਾ ਕਮੇਟੀ ਮੈਂਬਰ ਡਾ. ਹਰਭਜਨ ਮੈਨ ਕਲੀਨਿਕ ਨਵਾਂਸ਼ਹਿਰ ਹਾਜ਼ਰ ਹੋਏ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਸੰਬੰਧਿਤ ਕਰਦੇ ਹੋਏ ਕਿਹਾ ਕਿ ਸਾਡੀ ਐਸੋਸੀਏਸ਼ਨ ਦਾ ਫੈਡਰੇਸ਼ਨ ਨਾਲ ਕੋਈ ਸੰਬੰਧ ਨਹੀਂ ਹੈ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਸਰਗਰਮੀਆਂ ਕੀਤੀਆਂ ਜਾਣਗੀਆਂ, ਉਸਦੇ ਨਾਲ ਉਨ੍ਹਾਂ ਨੇ ਕਿਹਾ ਕਿ ਸੂਬਾ ਕਮੇਟੀ ਦੀ ਇਜਲਾਸ ਜੂਨ ਮਹੀਨੇ ਦੇ ਪਹਿਲੇ ਹਫ਼ਤੇ ਕੀਤਾ ਜਾਵੇਗਾ। ਵਰਕਿੰਗ ਪ੍ਰਧਾਨ ਮਹਿੰਦਰ ਸਿੰਘ ਸਰਕਾਰ ਨਾਲ ਗੱਲ ਕਰਕੇ ਮਸਲੇ ਹੱਲ ਪਹਿਲ ਦੇ ਅਧਾਰ ਕੀਤਾ ਜਾਵੇਗਾ। ਸੂਬਾ ਜਰਨਲ ਸਕੱਤਰ ਡਾ. ਅਵਤਾਰ ਬਾਲੀ ਨਵਾਂ ਸ਼ਹਿਰ, ਡਾ. ਮਾਘ ਸਿੰਘ ਮਾਨਕੀ, ਡਾ. ਮਹਿੰਦਰ ਸਿੰਘ, ਮਹਿੰਦਰ ਸਿੰਘ, ਡਾ. ਅਮਰਜੀਤ ਸਿੰਘ, ਹਰਭਜਨ ਸਿੰਘ ਮੱਲ ਨਵਾਂਸ਼ਹਿਰ, ਡਾ. ਪਲਵਿੰਦਰ ਸਿੰਘ ਮੈਂਬਰ, ਡਾ. ਸ਼ਾਮ ਲਾਲ ਰਾਮ ਸਿੰਘ ਨੇ ਕਿਹਾ ਕਿ ਪਹਿਲਗਾਮ 'ਚ ਹੋਏ ਕਾਇਰਤਾ ਭਰੇ ਅੱਤਵਾਦੀ ਹਮਲੇ ਦੀ ਅਸੀਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ ਇਹੋ ਜਹੀ ਘਿਨਾਉਣੀ ਕਾਰਵਾਈ ਇਨਸਾਨੀਅਤ ਦੇ ਖਿਲਾਫ ਹੈ।ਦੁਖੀ ਪਰਿਵਾਰਾਂ ਨਾਲ ਸਾਡੀ ਡੂੰਘੀ ਹਮਦਰਦੀ ਹੈ ਅਤੇ ਅਸੀਂ ਜ਼ਖ਼ਮੀਆਂ ਦੀ ਜਲਦੀ ਸਿਹਤਯਾਬੀ ਲਈ ਅਰਦਾਸ ਕਰਦਾ ਹਾਂ।

## ਲੁੱਟ-ਖੋਹ ਦੇ ਮੁਕੱਦਮੇ 'ਚ ਲੋੜੀਂਦਾ ਮੁਲਜ਼ਮ ਗ੍ਰਿਫ਼ਤਾਰ

**ਕਾਲਾ ਸੰਘਿਆਂ (ਮਨਜੀਤ ਮਾਨ)**-ਥਾਣਾ ਮੁਖੀ ਢਿਲਵਾਂ ਮਨਜੀਤ ਸਿੰਘ ਨੇ ਦੱਸਿਆ ਕਿ ਥਾਣਾ ਢਿਲਵਾਂ ਦੇ ਏ ਐਸ ਆਈ ਪਰਮਜੀਤ ਸਿੰਘ ਨੇ ਇਕ ਪ੍ਰਾਈਵੇਟ ਲਿਮਟਿਡ ਕੰਪਨੀ ਦਾ ਸਮਾਨ ਡਲਿਵਰ ਕਰਨ ਦਾ ਕੰਮ ਕਰਨ ਵਾਲੇ



ਨੌਜਵਾਨ ਪਾਸੋਂ ਮੋਬਾਇਲ, ਨਕਦੀ ਅਤੇ ਪਾਰਸਲਾਂ ਦੀ ਖੋਹ ਕਰਨ ਵਾਲੇ ਮੁਲਜ਼ਮਾਂ 'ਚ ਸ਼ਾਮਲ ਇਕ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਅਜੈਪਾਲ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਬੁਡਾਲਾ ਕਲਾਂ ਤਹਿ: ਬਾਬਾ ਬਕਾਲਾ ਥਾਣਾ ਖਲਚੀਆਂ ਜਿਲਾ ਸ੍ਰੀ ਅੰਮ੍ਰਿਤਸਰ ਦੇ ਬਿਆਨਾਂ 'ਤੇ ਮਿਤੀ 06.04.2024 ਨੂੰ ਮੁਕੱਦਮਾ ਦਰਜ ਕੀਤਾ ਗਿਆ ਸੀ।ਥਾਣਾ ਮੁਖੀ ਨੇ ਦੱਸਿਆ ਕਿ ਏ ਐਸ ਆਈ ਪਰਮਜੀਤ ਸਿੰਘ ਵੱਲੋਂ ਇਸ ਮੁਕੱਦਮੇ 'ਚ ਸ਼ਾਮਲ ਵਿਸ਼ਾਲ ਉਰਫ ਜਗੈਤੀ ਉਰਫ ਜਗੈਡੀ ਨੂੰ ਗ੍ਰਿਫ਼ਤਾਰ ਕਰਕੇ ਮਾਣਯੋਗ ਅਦਾਲਤ ਪਾਸੋਂ ਰਿਮਾਂਡ ਮੰਗਿਆ ਗਿਆ ਹੈ।

## ਨਗਰ ਕੌਂਸਲ ਦਾ ਚੱਲਿਆ ਪੀਲਾ ਪੰਜਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਗੁਰੂਆਂ ਪੀਰਾਂ ਦੀ ਧਰਤੀ ਪੰਜਾਬ ਨੂੰ ਖੁਸ਼ਹਾਲ ਅਤੇ ਨਸ਼ਾ ਰਹਿਤ ਬਣਾਉਣ ਲਈ ਵਿੱਢੀ ਮੁਹਿੰਮ ਦੀ ਰਾਜ ਦੇ ਲੋਕਾਂ ਵੱਲੋਂ ਖੂਬ ਸ਼ਲਾਘਾ ਕੀਤੀ ਜਾ ਰਹੀ ਹੈ। ਪੰਜਾਬ ਦੀ ਧਰਤੀ ਜੁਝਾਰੂ ਲੋਕਾਂ ਦੀ ਧਰਤੀ ਹੈ ਅਤੇ ਪੰਜਾਬੀ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੀ ਜੰਗ ਵਿੱਚ ਲੋਕ ਸਰਕਾਰ ਦਾ ਡੱਟ ਕੇ ਸਾਥ ਦੇ ਰਹੇ ਹਨ। ਪੰਜਾਬ ਵਿੱਚ ਨਸ਼ਾ ਤਸਕਰੀ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਤੇ ਬਖ਼ਸ਼ਿਆ ਨਹੀਂ ਜਾਵੇਗਾ, ਇਸ ਦੇ ਲਈ ਸਰਕਾਰ ਸਿਰਤੋੜ ਯਤਨ ਕਰ ਰਹੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਨੇ ਕੀਤਾ।ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਦੀ ਗੱਲ ਹੋਵੇ, ਭਾਵੇਂ ਪੰਜਾਬ ਦੇ ਪਾਣੀਆਂ ਦੀ ਜਾਂ ਰਾਜ ਦੇ ਲੋਕਾਂ ਦੀ ਭਲਾਈ ਅਤੇ ਵਿਕਾਸ ਕੰਮਾਂ ਦੀ ਸਰਕਾਰ ਹਰ ਪੱਖ ਤੋਂ ਪੰਜਾਬੀਆਂ ਦੇ ਮੋਢੇ ਨਾਲ ਮੋਢੇ ਲਾ ਕੇ ਖੜੀ ਹੈ। ਨਗਰ ਕੌਂਸਲ ਦੀ ਟੀਮ ਕਾਰਜ ਸਾਧਕ ਅਫਸਰ ਗੁਰਦੀਪ ਸਿੰਘ ਦੀ ਅਗਵਾਈ ਵਿੱਚ ਐਸ ਐਚ ਓ ਦਾਨਿਸ਼ਵੀਰ ਸਿੰਘ ਦੇ ਨਾਲ ਵਾਰਡ ਨੰ:12 ਲੋਧੀਪੁਰ ਤੇ ਚਰਨ ਗੰਗਾ ਪੁੱਲ ਦੇ ਪਾਰ ਨਜਾਇਜ਼ ਤੌਰ 'ਤੇ ਬਣਾਇਆ ਝੁੱਗੀਆਂ 'ਤੇ ਪਹੁੰਚੇ ਜਿੱਥੇ ਅਕਸਰ ਨਸ਼ਾ ਵੇਚਣ ਦੀਆਂ ਸ਼ਿਕਾਇਤਾਂ ਮਿਲਦੀਆਂ ਸਨ।ਨਗਰ ਕੌਂਸਲ ਦੀ ਟੀਮ ਤੇ ਪੁਲਸ ਵਿਭਾਗ ਦੇ ਸਹਿਯੋਗ ਨਾਲ ਇਨ੍ਹਾਂ ਨਜਾਇਜ਼ ਤੌਰ 'ਤੇ ਬਣਾਈਆਂ ਝੁੱਗੀਆਂ ਨੂੰ ਉੱਥੋਂ ਹਟਾ ਦਿੱਤਾ ਅਤੇ ਨਸ਼ਾ ਵੇਚਣ ਵਾਲੇ ਗੈਰ ਸਮਾਜੀ ਅਨਸਰਾਂ ਨੂੰ ਤਾੜਨਾ ਦਿੱਤੀ ਕਿ ਹੁਣ ਪੰਜਾਬ ਵਿਚ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਚੱਲ ਰਹੀ ਹੈ, ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ।ਇਸ ਮੌਕੇ ਰੇਹੜੀ ਫੜੀ ਯੂਨੀਅਨ ਦੇ ਪ੍ਰਧਾਨ ਸੁਨੀਲ ਅੱਡਵਾਲ ,ਬਾਬਾ ਜਰਨੈਲ ਸਿੰਘ, ਪ੍ਰਧਾਨ ਟੈਕਸੀ ਯੂਨੀਅਨ ਨਛੱਤਰ ਸਿੰਘ ਰੰਧਾਵਾ, ਮਦਨ ਲਾਲ ਇੰਸਪੈਕਟਰ ਸੈਨੇਟਰੀ, ਇੰਦਰਜੀਤ ਸਿੰਘ, ਮਾਸਟਰ ਬੰਤ ਸਿੰਘ ਆਦਿ ਹਾਜ਼ਰ ਸਨ।

## ਪੱਤਰਕਾਰ ਨੇ ਖ਼ੂਨਦਾਨ ਕਰਕੇ ਮਨਾਇਆ 45ਵਾਂ ਜਨਮ ਦਿਨ



**ਬਿਲਗਾ (ਵਿਜੇ ਕੁਮਾਰ)** ਪੱਤਰਕਾਰ ਅਤੇ ਸਮਾਜ ਸੇਵੀ ਅਵਤਾਰ ਚੰਦ ਨੇ ਯੂਥ ਵੈਲਫੇਅਰ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਢਿੱਲੋਂ, ਬਹੁਜਨ ਸਮਾਜ ਪਾਰਟੀ ਦੇ ਸਾਬਕਾ ਪ੍ਰਧਾਨ ਮਲਕੀਤ ਚੁੰਬਰ ਦੀ ਅਗਵਾਈ ਹੇਠ ਆਪਣਾ 45ਵਾਂ ਜਨਮ ਦਿਨ ਨਕੋਦਰ ਦੇ ਸਿਵਲ ਹਸਪਤਾਲ ਵਿਖੇ ਖ਼ੂਨਦਾਨ ਕਰਕੇ ਮਨਾਇਆ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਖ਼ੂਨਦਾਨ ਕਰਨਾ ਚਾਹੀਦਾ ਹੈ। ਖ਼ੂਨਦਾਨ ਕਰਨ ਨਾਲ ਕਿਸੇ ਦੀ ਜ਼ਿੰਦਗੀ ਬਚ ਸਕਦੀ ਹੈ। ਇਸ ਮੌਕੇ ਜਸਪ੍ਰੀਤ ਸਿੰਘ ਢਿੱਲੋਂ ਨੇ ਕਿਹਾ ਕਿ ਸਾਨੂੰ ਆਪਣੇ ਫ਼ਾਲਤੂ ਖ਼ਰਚਿਆਂ ਨੂੰ ਘਟਾ ਕੇ ਲੋੜਵੰਦਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ।ਮਲਕੀਤ ਚੁੰਬਰ ਨੇ ਕਿਹਾ ਕਿ ਖ਼ੂਨ ਇਕ ਅਜਿਹੀ ਚੀਜ਼ ਹੈ ਜਿਸ ਨੂੰ ਬਣਾਇਆ ਨਹੀਂ ਜਾ ਸਕਦਾ। ਮਨੁੱਖ ਦੇ ਸਰੀਰ ਵਿੱਚ ਆਪਣੇ-ਆਪ ਬਣਦਾ ਹੈ। ਸਹੀ ਸਮੇਂ ਤੇ ਜੇਕਰ ਖ਼ੂਨ ਉਪਲਬਧ ਹੋ ਜਾਵੇ ਤਾਂ ਕਈ ਕੀਮਤੀ ਜਾਨਾਂ ਬਚ ਸਕਦੀਆਂ ਹਨ। ਸੰਸਾਰ ਦੇ ਹਰ ਵਿਅਕਤੀ ਲਈ ਸੁਰੱਖਿਅਤ ਖ਼ੂਨ ਦੀ ਜ਼ਰੂਰਤ ਹਰ ਸਮੇਂ ਹੈ।

## 8 ਨੂੰ ਜਲਾਲਪੁਰ ਤੋਂ ਹੋਵੇਗੀ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ

**ਹੁਸ਼ਿਆਰਪੁਰ, ਟਾਂਡਾ (ਬਲਵੀਰ ਸਿੰਘ ਸੈਣੀ, ਓਂਕਾਰ ਸਿੰਘ, ਜਸਵਿੰਦਰ ਸੰਧੂ)**— 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਇਕ ਇਤਿਹਾਸਕ ਪਹਿਲ ਕੀਤੀ ਜਾ ਰਹੀ ਹੈ। ਇਸੇ ਕੜੀ ਵਿਚ



8 ਮਈ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਨੈਸ਼ਨਲ ਕਨਵੀਨਰ ਆਮ ਆਦਮੀ ਪਾਰਟੀ ਅਰਵਿੰਦ ਕੇਜਰੀਵਾਲ ਟਾਂਡਾ ਦੇ ਪਿੰਡ ਜਲਾਲਪੁਰ ਤੋਂ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ ਕਰਨਗੇ। ਇਸ ਸਬੰਧ ਵਿਚ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਜਲਾਲਪੁਰ ਸਥਿਤ ਸਚਿਨ ਪੈਲੇਸ ਵਿਚ ਇਕ ਅਹਿਮ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕੀਤੀ। ਮੀਟਿੰਗ ਵਿਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮਾਗਮ ਨਾਲ ਸਬੰਧਤ ਤਿਆਰੀਆਂ ਨੂੰ ਨਿਸ਼ਚਿਤ ਸਮੇਂ ਵਿਚ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਦੱਸਿਆ ਕਿ ਇਹ ਯਾਤਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਉਸ ਵਚਨਬੱਧਤਾ ਦਾ ਹਿੱਸਾ ਹੈ ਜਿਸ ਤਹਿਤ ਸੂਬੇ ਨੂੰ ਨਸ਼ੇ ਦੀ ਚਪੇਟ ਤੋਂ ਬਾਹਰ ਕੱਢਣ ਦਾ ਸੰਕਲਪ ਲਿਆ ਗਿਆ ਹੈ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ ਅੰਦੋਲਨ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਵੱਧ ਤੋਂ ਵੱਧ ਗਿਣਤੀ ਵਿਚ 8 ਮਈ ਨੂੰ ਜਲਾਲਪੁਰ ਪਹੁੰਚਣ।ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੱਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ 8 ਮਈ ਨੂੰ ਸਵੇਰੇ 11 ਵਜੇ ਜਲਾਲਪੁਰ ਸਥਿਤ ਸਚਿਨ ਪੈਲੇਸ ਵਿਚ ਲੋਕਾਂ ਨੂੰ ਸੰਬੋਧਨ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਇਤਿਹਾਸਕ ਸਮਾਗਮ ਨੂੰ ਸਫ਼ਲ ਬਣਾਉਣ ਲਈ ਪ੍ਰਸ਼ਾਸਨ ਵਲੋਂ ਵਿਆਪਕ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਸੁਰੱਖਿਆ, ਟਰੈਫਿਕ ਅਤੇ ਹੋਰ ਵਿਵਸਥਾ ਨੂੰ ਲੈ ਕੇ ਸਾਰੇ ਵਿਭਾਗਾਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਇਸ ਮੌਕੇ ਹੋਰ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀ ਵੀ ਮੌਜੂਦ ਸਨ।

## ਸੀ ਐੱਮ ਦੀ ਯੋਗਸ਼ਾਲਾ 'ਚ ਹੁਣ ਤੱਕ ਅਨੇਕਾਂ ਲੋਕ ਪਾ ਚੁੱਕੇ ਨੇ ਨਿਰੋਗ ਜੀਵਨ : ਅਮਿਤ ਗੁਪਤਾ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਤੰਦਰੁਸਤ ਜੀਵਨ ਦੇਣ ਦੇ ਮਕਸਦ ਨਾਲ ਸ਼ੁਰੂ ਕੀਤੀ ਸੀ ਐਮ ਦੀ ਯੋਗਸ਼ਾਲਾ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਸਫਲਤਾ ਪੂਰਵਕ ਚਲ ਰਹੀ ਹੈ।ਇਨ੍ਹਾਂ ਮੁਫ਼ਤ ਯੋਗਸ਼ਾਲਾਵਾਂ ਦਾ ਹੁਣ ਤੱਕ ਅਨੇਕਾਂ ਹੀ ਲੋਕ ਲਾਭ ਉਠਾ ਚੁੱਕੇ ਹਨ। ਯੋਗਾ ਕਲਾਸਾਂ ਵਿੱਚ ਭਾਗ ਲੈਣ ਵਾਲੇ ਭਾਗੀਦਾਰਾਂ ਦਾ ਮੰਨਣਾ ਹੈ ਕਿ ਯੋਗ ਅਭਿਆਸ ਦੇ ਨਾਲ ਉਨ੍ਹਾਂ ਦੀ ਜਿੰਦਗੀ ਵਿੱਚ ਬਹੁਤ ਤਬਦੀਲੀ ਆਈ ਹੈ। ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਡੇਰਾਬੱਸੀ, ਅਮਿਤ ਗੁਪਤਾ ਨੇ ਦੱਸਿਆ ਕਿ ਜ਼ੀਰਕਪੁਰ ਅਤੇ ਡੇਰਾਬੱਸੀ ਵਿੱਚ ਵੱਖ-ਵੱਖ ਥਾਵਾਂ ਤੇ ਸੀ ਐਮ ਦੀ ਯੋਗਸ਼ਾਲਾ ਅਧੀਨ ਮੁਫ਼ਤ ਯੋਗਾ ਕਲਾਸਾਂ ਲਾਈਆਂ ਜਾ ਰਹੀਆਂ ਹਨ, ਇਨ੍ਹਾਂ ਕਲਾਸਾਂ ਦਾ ਸ਼ਹਿਰ ਵਾਸੀਆਂ ਨੂੰ ਬਹੁਤ ਫਾਇਦਾ ਹੋ ਰਿਹਾ ਹੈ।ਟ੍ਰੇਨਰ ਪ੍ਰੀਤੀ ਵੱਲੋਂ ਦੱਸਿਆ ਗਿਆ ਕਿ ਜ਼ੀਰਕਪੁਰ ਵਿਖੇ ਰੋਜ਼ਾਨਾ ਲੱਗਣ ਵਾਲੀਆਂ ਯੋਗਾ ਕਲਾਸਾਂ ਵਿੱਚ ਭਾਗੀਦਾਰਾਂ ਦੀ ਗਿਣਤੀ ਵਿੱਚ ਪਹਿਲਾਂ ਨਾਲੋਂ ਵਾਧਾ ਹੋਇਆ ਹੈ। ਉਨ੍ਹਾਂ ਦਾ ਕਹਿਣਾ ਹੈ ਸਕੂਲਾਂ ਵਿੱਚ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਇਹ ਗਿਣਤੀ ਹੋਰ ਵੀ ਵੱਧ ਜਾਂਦੀ ਹੈ। ਪ੍ਰੀਤੀ ਅਨੁਸਾਰ ਕਲਾਸਾਂ ਵਿੱਚ ਆਉਣ ਵਾਲੇ ਭਾਗੀਦਾਰਾਂ ਨੂੰ ਸਰੀਰ ਨੂੰ ਚੁਸਤ-ਦਰੁਸਤ ਰੱਖਣ ਲਈ ਲੋੜੀਂਦੇ ਯੋਗ ਆਸਣ ਕਰਵਾਏ ਜਾ ਰਹੇ ਹਨ।

## ਲੁਠੇੜੀ ਸਕੂਲ ਵਿਖੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਨਜਦੀਕੀ ਪਿੰਡ ਲੁਠੇੜੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਦਿਆਰਥੀਆਂ ਨੂੰ



ਤ੍ਰਿਤੀਆ ਸੋਪਾਨ ਕੈਂਪ ਲਗਾਉਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟਾਂ ਦੀ ਵੰਡ ਕੀਤੀ ਗਈ। ਸੰਸਥਾ ਦੇ ਸਕਾਊਟ ਇੰਚਾਰਜ ਧਰਮਿੰਦਰ ਸਿੰਘ ਭੰਗੂ ਨੇ ਦੱਸਿਆ ਕਿ ਸਵੇਰ ਦੀ ਸਭਾ ਦੇ ਵਿੱਚ 40 ਦੇ ਕਰੀਬ ਉਹਨਾਂ ਵਿਦਿਆਰਥੀਆਂ, ਜਿਨਾਂ ਨੇ ਪਿਛਲੇ ਵਰ੍ਹੇ ਸਕਾਊਟ ਗਾਈਡ ਦਾ ਤ੍ਰਿਤੀਆ ਸੋਪਾਨ ਕੈਂਪ ਸੁਰਿੰਦਰ ਸਿੰਘ ਜ਼ਿਲ੍ਹਾ ਆਰਗੇਨਾਈਜਿੰਗ ਕਮਿਸ਼ਨਰ ਸਕਾਊਟ ਅਤੇ ਪਰਮਿੰਦਰ ਕੌਰ ਜਿਲਾ ਆਰਗੇਨਾਈਜਿੰਗ ਕਮਿਸ਼ਨਰ ਗਾਈਡ ਦੀ ਅਗਵਾਈ ਵਿੱਚ ਲਗਾਇਆ ਸੀ, ਉਹਨਾਂ ਨੂੰ ਸਰਟੀਫਿਕੇਟਾਂ ਦੀ ਵੰਡ ਪ੍ਰਿੰਸੀਪਲ ਇੰਦਰਜੀਤ ਕੌਰ ਵੱਲੋਂ ਕੀਤੀ । ਸੰਬੋਧਨ ਕਰਦਿਆਂ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਕਿਹਾ ਕਿ ਸਕਾਊਟ ਅਤੇ ਗਾਈਡ ਮੁਹਿੰਮ ਦਾ ਵਿਦਿਆਰਥੀ ਜੀਵਨ ਵਿੱਚ ਬਹੁਤ ਮਹੱਤਵ ਹੈ ਕਿਉਂਕਿ ਇਹ ਮੁਹਿੰਮ ਵਿਦਿਆਰਥੀਆਂ ਵਿੱਚ ਮਾਨਵਤਾ ਦੀ ਭਲਾਈ ਦੀ ਭਾਵਨਾ ਭਰਦੀ ਹੈ। ਇਹ ਸਾਰੇ ਵਿਦਿਆਰਥੀ ਹੁਣ ਰਾਜ ਪੁਰਸਕਾਰ ਕੈਂਪ ਜੋ ਕਿ ਤਾਰਾ ਦੇਵੀ ਸ਼ਿਮਲਾ ਵਿਖੇ ਲੱਗਦਾ ਹੈ , ਨੂੰ ਲਗਾਉਣ ਲਈ ਯੋਗ ਹੋ ਗਏ ਹਨ । ਇਸ ਮੌਕੇ ਸਕੂਲ ਸਟਾਫ ਵਿਚ ਕੁਲਦੀਪ ਕੌਰ ,ਮੋਨਿਕਾ ਸਰਮਾ, ਸੁਰੀਨਾ ਰਾਏ, ਮਨਿੰਦਰ ਕੌਰ, ਸੁਰਮੁਖ ਸਿੰਘ ਮਜਾਤੜੀ, ਲਖਵਿੰਦਰ ਸਿੰਘ, ਵਰਿੰਦਰ ਵਰਮਾ, ਜਸਵਿੰਦਰ ਕੌਰ, ਰੋਜੀ ਰਾਣੀ ,ਪਾਰੁਲ ਨੰਦਾ, ਦਵਿੰਦਰ ਪਾਲ ਸਿੰਘ ਬਰਾੜ, ਮੋਨਿਕਾ ਗੁਪਤਾ, ਗੁਰਮਿੰਦਰ ਸਿੰਘ ਹੁੰਦਲ ਪਮੌਰ, ਲਵਪੁਨੀਤ ਸਿੰਘ ਢਿੱਲੋਂ ,ਹਰਿੰਦਰ ਕੁਮਾਰ ਕਾਈਨੌਰ, ਲਖਬੀਰ ਸਿੰਘ ਰੰਗੀਆਂ, ਸੂਬੇਦਾਰ ਮੇਜਰ ਕੁਲਵਿੰਦਰ ਸਿੰਘ ਦੁੱਮਣਾ ਕੈਂਪਸ ਮੈਨੇਜਰ, ਸਸਮਿਤਾ ,ਸਤਪਾਲ ਸਿੰਘ ,ਜਸਪਾਲ ਕੌਰ ਆਦਿ ਹਾਜਰ ਸਨ।

## ਹਰਦੇਵ ਸਿੰਘ ਆਸੀ ਨੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਦਾ ਅਹੁਦਾ ਸੰਭਾਲਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਪੰਜਾਬ ਸਰਕਾਰ ਵੱਲੋਂ ਜ਼ਿਲਾ ਲੋਕ ਸੰਪਰਕ ਅਫ਼ਸਰਾਂ ਦੀਆਂ ਕੀਤੀਆਂ ਗਈਆਂ ਬਦਲੀਆਂ ਅਤੇ ਨਿਯੁਕਤੀਆਂ ਦੇ ਚੱਲਦਿਆਂ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ 'ਚ ਤਾਇਨਾਤ 2011 ਬੈਚ ਦੇ ਲੋਕ ਸੰਪਰਕ ਅਫ਼ਸਰ ਹਰਦੇਵ ਸਿੰਘ ਆਸੀ ਵੱਲੋਂ ਹੁਸ਼ਿਆਰਪੁਰ



ਜ਼ਿਲ੍ਹਾ ਲੋਕ ਸੰਪਰਕ ਨਗਰ ਵਜੋਂ ਅਹੁਦਾ ਸੰਭਾਲ ਲਿਆ ਗਿਆ। ਇਸ ਤੋਂ ਪਹਿਲਾਂ ਵੀ ਉਹ 18 ਅਗਸਤ 2022 ਤੋਂ 6 ਸਤੰਬਰ 2024 ਦੌਰਾਨ ਹੁਸ਼ਿਆਰਪੁਰ ਵਿਖੇ ਸ਼ਾਨਦਾਰ ਸੇਵਾਵਾਂ ਨਿਭਾਅ ਚੁੱਕੇ ਹਨ। ਇਸ ਮੌਕੇ ਉਨਾਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਦ੍ਰਿੜਤਾ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰ ਦੀਆਂ ਭਲਾਈ ਸਕੀਮਾਂ ਅਤੇ ਪ੍ਰੋਗਰਾਮਾਂ ਤੋਂ ਜਾਣੂ ਕਰਵਾਉਣਾ ਅਤੇ ਇਨ੍ਹਾਂ ਨੂੰ ਹੇਠਲੇ ਪੱਧਰ 'ਤੇ ਹਰੇਕ ਵਿਅਕਤੀ ਤੱਕ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਤੇ ਮੀਡੀਆ ਵਿਚਾਲੇ ਇਕ ਪੁਲ ਦੇ ਤੌਰ 'ਤੇ ਕੰਮ ਕਰਨਗੇ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਪੱਤਰਕਾਰਾਂ ਨਾਲ ਵਧੀਆ ਤਾਲਮੇਲ ਬਣਾ ਕੇ ਜ਼ਿਲ੍ਹੇ ਦੀ ਤਰੱਕੀ ਤੇ ਖੁਸ਼ਹਾਲੀ ਵਿਚ ਯੋਗਦਾਨ ਪਾਉਣਗੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਮੀਡੀਆ ਕਰਮੀਆਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਹਮੇਸ਼ਾ ਤੱਤਪਰ ਰਹਿਣਗੇ। ਜ਼ਿਕਰਯੋਗ ਹੈ ਕਿ ਪੱਤਰਕਾਰਤਾ ਦੇ ਖੇਤਰ ਵਿਚ ਲੰਬਾ ਤਜ਼ਰਬਾ ਰੱਖਣ ਵਾਲੇ ਹਰਦੇਵ ਸਿੰਘ ਆਸੀ ਬਠਿੰਡਾ, ਜਲੰਧਰ, ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ ਅਤੇ ਪਟਿਆਲਾ, ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ ਵਿਚ ਵੀ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ। ਇਸ ਮੌਕੇ ਲੋਕ ਸੰਪਰਕ ਦਫ਼ਤਰ ਦੇ ਸਟਾਫ ਮੈਂਬਰਾਂ ਵੱਲੋਂ ਨਵ-ਨਿਯੁਕਤ ਡੀ. ਪੀ. ਆਰ. ਓ ਦਾ ਸਵਾਗਤ ਕੀਤਾ ਗਿਆ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹਰ ਘਰ ਤੱਕ ਪਹੁੰਚਾਏਗੀ ਨਸ਼ਾ ਮੁਕਤੀ ਯਾਤਰਾ : ਆਸ਼ਿਕਾ ਜੈਨ





**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**— 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਦੀ ਪ੍ਰਧਾਨਗੀ ਵਿਚ ਇਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿਚ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨੇ ਭਾਗ ਲਿਆ। ਮੀਟਿੰਗ ਵਿਚ ਏ.ਡੀ.ਸੀ. ਨਿਕਾਸ ਕੁਮਾਰ, ਸਾਰੇ ਐਸ.ਡੀ.ਐਮਜ਼, ਪੁਲਿਸ ਅਧਿਕਾਰੀ, ਐਸ.ਐਮ.ਓਜ਼ ਵੀ ਮੌਜੂਦ ਸਨ।ਮੀਟਿੰਗ ਵਿਚ ਡਿਪਟੀ ਕਮਿਸ਼ਨਰ ਨੇ ਸਿਵਲ, ਪੁਲਿਸ ਅਤੇ ਸਿਹਤ ਵਿਭਾਗ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਪੱਸ਼ਟ ਕੀਤਾ ਕਿ ਓਟ ਸੈਂਟਰ ਅਤੇ ਨਸ਼ਾ ਛੁਡਾਊ ਕੇਂਦਰਾਂ ਵਿਚ ਦਾਖਲ ਅਤੇ ਦਵਾਈ ਲੈਣ ਵਾਲੇ ਮਰੀਜ਼ਾਂ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਨਹੀਂ ਹੋਣੀ ਚਾਹੀਦੀ।ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੱਤੀ ਕਿ ਹੁਣ ਓਟ ਸੈਂਟਰ 'ਤੇ ਮਰੀਜ਼ਾਂ ਦੀ ਰਜਿਸਟਰੇਸ਼ਨ ਤੇ ਦਵਾਈ ਦੀ ਵੰਡ ਦਾ ਸਮੇਂ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਰਹੇਗਾ ਜਦਕਿ ਐਤਵਾਰ ਨੂੰ ਇਸ ਸੇਵਾ ਕੇਵਲ ਸਵੇਰੇ 8 ਵਜੇ ਤੋਂ ਦੁਪਹਿਰ 12 ਵਜੇ ਤੱਕ ਉਪਲਬੱਧ ਹੋਵੇਗੀ। ਐਤਵਾਰ ਅਤੇ ਗਜਟਿਡ ਛੁੱਟੀਆਂ ਵਾਲੇ ਦਿਨ ਰਜਿਸਟਰੇਸ਼ਨ ਨਹੀਂ ਕੀਤੀ ਜਾਵੇਗੀ।ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ 7 ਮਈ ਤੋਂ ਜ਼ਿਲ੍ਹੇ ਦੇ ਪਿੰਡਾਂ ਵਿਚ ਨਸ਼ਾ ਮੁਕਤੀ ਯਾਤਰਾ ਸ਼ੁਰੂ ਕੀਤੀ ਜਾ ਰਹੀ ਹੈ। ਪ੍ਰਤੀਦਿਨ ਹਰ ਵਿਧਾਨ ਸਭਾ ਹਲਕੇ ਵਿਚ ਤਿੰਨ ਪਿੰਡਾਂ ਵਿਚ ਇਹ ਯਾਤਰਾ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇਨ੍ਹਾਂ ਯਾਤਰਾਵਾਂ ਦੇ ਸਫ਼ਲ ਸੰਚਾਲਨ ਲਈ ਜ਼ਰੂਰੀ ਨਿਰਦੇਸ਼ ਦਿੱਤੇ ਅਤੇ ਯਕੀਨੀ ਬਣਾਉਣ ਲਈ ਕਿਹਾ ਕਿ ਸਮਾਗਮਾਂ ਵਿਚ ਕਿਸੇ ਤਰ੍ਹਾਂ ਦੀ ਕੋਈ ਕਮੀ ਨਾ ਰਹੇ।ਡਿਪਟੀ ਕਮਿਸ਼ਨਰ ਨੇ ਨਸ਼ਾ ਮੁਕਤੀ ਯਾਤਰਾ ਰਾਹੀਂ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦੀ ਅਪੀਲ ਕੀਤੀ । ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਕੇਵਲ ਨਸ਼ੇ ਦਾ ਵਿਰੋਧ ਨਹੀਂ, ਬਲਕਿ ਸਮਾਜ ਨੂੰ ਸਕਾਰਾਤਮਕ ਦਿਸ਼ਾ ਵੱਲ ਪ੍ਰੇਰਿਤ ਕਰਨਾ ਵੀ ਹੈ।

## ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ 'ਚ ਲੇਬਰ ਚੌਂਕ ਵਿਖੇ ਸ਼ਰਧਾਂਜਲੀ ਸਮਾਗਮ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਮਿਸਤਰੀਆਂ ਮਜ਼ਦੂਰਾਂ ਦੀ ਜਥੇਬੰਦੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾਂ ਯੂਨੀਅਨ ਵੱਲੋਂ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਵਿੱਚ ਲੇਬਰ ਚੌਂਕ ਵਿਖੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਯੂਨੀਅਨ ਦੇ ਜਨਰਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਕਾਲਾ ਨੇ ਦੱਸਿਆ ਕਿ ਇਸ ਸਮੇਂ ਲਾਲ ਝੰਡਾ ਲਹਿਰਾਉਣ ਦੀ ਰਸਮ ਯੂਨੀਅਨ ਦੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਭੈਰੋ



ਮਾਜਰਾ ਨੇ ਕੀਤੀ, ਜਦੋਂ ਕਿ ਸਮਾਗਮ ਦੀ ਪ੍ਰਧਾਨਗੀ ਸੁਰਿੰਦਰ ਸਿੰਘ ਗੁਲਾਬ ਚੰਦ ਚੌਹਾਨ, ਰਾਣਾ ਪ੍ਰਤਾਪ ਸਿੰਘ,ਦਲਬੀਰ ਸਿੰਘ ਜਟਾਣਾ ਨੇ ਕੀਤੀ।ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮਲਾਗਰ ਸਿੰਘ ਖਮਾਣੋਂ, ਪੀ ਐਸ ਯੂ ਦੇ ਆਗੂ ਰਾਣਾ ਪ੍ਰਤਾਪ ਸਿੰਘ ਅਤੇ ਸਤਵਿੰਦਰ ਸਿੰਘ ਨੀਟਾ ਨੇ ਕਿਹਾ ਕਿ ਉਕਤ ਸ਼ਹੀਦਾਂ ਦੀ ਕੁਰਬਾਨੀ ਨੂੰ ਭੁਲਾਇਆ ਨਹੀਂ ਜਾ ਸਕਦਾ, ਕਿਉਂਕਿ ਉਨ੍ਹਾਂ ਅਪਣੀਆਂ ਕੀਮਤੀ ਜਾਨਾਂ ਵਾਰ ਕੇ ਸਾਨੂੰ ਕਾਨੂੰਨੀ ਹੱਕ ਲੈ ਕੇ ਦਿੱਤੇ । ਉਨ੍ਹਾਂ ਕਿਹਾ ਕਿ ਅੱਜ ਮੌਜੂਦਾ ਸਰਕਾਰਾਂ ਵਲੋਂ ਮਜ਼ਦੂਰਾਂ, ਮੁਲਾਜ਼ਮਾਂ ਵਿਰੋਧੀਆਂ ਨਿਤੀਆਂ ਤਹਿਤ ਹਰ ਸਰਕਾਰੀ ਅਦਾਰਿਆਂ ਵਿਚ ਠੇਕੇਦਾਰੀ ਸਿਸਟਮ ਲਾਗੂ ਕਰਕੇ ਮਜ਼ਦੂਰਾਂ ਤੇ ਮੁਲਾਜ਼ਮਾਂ ਦਾ ਸ਼ੋਸਣ ਕੀਤਾ ਜਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਸਮੇ ਕੀਤੇ ਵਾਅਦਿਆਂ ਮੁਤਾਬਕ ਠੇਕੇਦਾਰੀ ਸਿਸਟਮ ਖਤਮ ਕਰਕੇ ਹਰ ਸਰਕਾਰੀ ਅਦਾਰਿਆਂ ਵਿੱਚ ਪੱਕੇ ਮੁਲਾਜ਼ਮ ਭਰਤੀ ਕੀਤੇ ਜਾਣ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਪੰਜਾਬ ਅੰਦਰ ਸਿਖਿਆ ਦਾ ਅਧਿਕਾਰ ਐਕਟ 2009 ਤੁਰੰਤ ਲਾਗੂ ਕਰਕੇ ਕਮਜ਼ੋਰ ਵਰਗ ਨਾਲ ਸਬੰਧਤ ਬੱਚਿਆਂ ਨੂੰ ਗੈਰ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਦਾਖਲ ਕਰਨਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਆਗੂ ਸੁੱਖ ਰਾਮ , ਰੁਪਿੰਦਰ ਸਿੰਘ , ਠੇਕੇਦਾਰ ਰਣਧੀਰ ਸਿੰਘ , ਕਮਲਜੀਤ ਸਿੰਘ, ਗੁਰਮੇਲ ਸਿੰਘ, ਲਖਵੀਰ ਸਿੰਘ , ਸਤਨਾਮ ਸਿੰਘ, ਜਗਮੀਤ ਸਿੰਘ, ਦਲਜੀਤ ਸਿੰਘ ਅਤੇ ਅਜੈਬ ਸਿੰਘ ਆਦਿ ਹਾਜ਼ਰ ਸਨ।

## ਭਾਜਪਾ ਪੰਜਾਬ ਦੇ ਪਾਣੀ 'ਤੇ ਅਧਿਕਾਰਾਂ ਨਾਲ ਧੋਖਾ ਕਰ ਰਹੀ : ਬਲਬੀਰ ਸਿੰਘ ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)** ਸੀਨੀਅਰ ਕਾਂਗਰਸੀ ਨੇਤਾ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ ਬੀ ਐਮ ਬੀ) ਵੱਲੋਂ ਪੰਜਾਬ ਦੇ ਦਰਿਆਈ ਪਾਣੀ ਦੇ 8,500 ਕਿਊਸਿਕ ਹਰਿਆਣਾ ਨੂੰ ਅਲਾਟ ਕਰਨ ਦੇ ਫੈਸਲੇ ਦੀ ਸਖ਼ਤ ਨਿੰਦਾ ਕਰਦਿਆਂ, ਇਸਨੂੰ ਗੈਰ-ਸੰਵਿਧਾਨਕ ਅਤੇ ਪੰਜਾਬ ਦੇ ਅਧਿਕਾਰਾਂ 'ਤੇ ਸਿੱਧਾ ਹਮਲਾ ਕਿਹਾ।ਪੰਜਾਬ ਕੋਲ ਦੇਣ ਲਈ ਕੋਈ ਵਾਧੂ ਪਾਣੀ ਨਹੀਂ ਹੈ।ਬੀ ਬੀ ਐਮ ਬੀ ਵੱਲੋਂ ਸਾਨੂੰ ਹਰਿਆਣਾ ਨਾਲ ਪੰਜਾਬ ਦਾ ਹੱਕੀ ਹਿੱਸਾ ਸਾਂਝਾ ਕਰਨ ਲਈ ਨਿਰਦੇਸ਼ ਦੇਣਾ ਅਸਵੀਕਾਰਨਯੋਗ ਹੈ, ਸਿੱਧੂ ਨੇ ਕਿਹਾ। ਉਨ੍ਹਾਂ ਇਸ ਕਦਮ ਨੂੰ ਸੂਬੇ ਦੇ ਕਿਸਾਨਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਨਾਲ ਘੋਰ ਬੇਇਨਸਾਫ਼ੀ ਕਰਾਰ ਦਿੱਤਾ।ਇਸ ਵਿਵਾਦ ਦੀ ਟਾਈਮਿੰਗ 'ਤੇ ਡੂੰਘੀ ਨਿਰਾਸ਼ਾ ਪ੍ਰਗਟ ਕਰਦੇ ਹੋਏ, ਸਿੱਧੂ ਨੇ ਕਿਹਾ, ਅਜਿਹੇ ਸਮੇਂ ਜਦੋਂ ਦੇਸ਼ ਪਹਿਲਗਾਮ, ਕਸ਼ਮੀਰ ਵਿੱਚ ਮਾਸੂਮ ਜਾਨਾਂ ਦੇ ਦੁਖਦਾਈ ਨੁਕਸਾਨ 'ਤੇ ਸੋਗ ਵਿੱਚ ਇੱਕਜੁੱਟ ਹੈ ਅਤੇ ਪਾਕਿਸਤਾਨ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕਰ ਰਿਹਾ ਹੈ, ਸਾਡੇ ਗੁਆਂਢੀ ਰਾਜ ਦੇ ਕੁਪ੍ਰਬੰਧਨ ਕਾਰਨ ਪੰਜਾਬ ਅਤੇ ਹਰਿਆਣਾ ਵਿਚਕਾਰ ਗੈਰ-ਜ਼ਿੰਮੇਵਾਰਾਨਾ ਢੰਗ ਨਾਲ ਅੰਦਰੂਨੀ ਟਕਰਾਅ ਭੜਕਾਇਆ ਜਾ ਰਿਹਾ ਹੈ।ਉਨ੍ਹਾਂ ਨੇ ਕਿਹਾ ਕੇਂਦਰ ਵੱਲੋਂ ਸੂਬਾ ਸਰਕਾਰ ਨਾਲ ਪਹਿਲਾਂ ਸਲਾਹ-ਮਸ਼ਵਰੇ ਤੋਂ ਬਿਨਾਂ ਪੰਜਾਬ ਦੇ ਪਾਣੀ ਦੀ ਇਕਪਾਸੜ ਮੁੜ ਵੰਡ ਦੀ ਨਿੰਦਾ ਕੀਤੀ, ਇਸਨੂੰ ਪੰਜਾਬ ਦੇ ਲੋਕਾਂ ਨਾਲ ਵਿਸ਼ਵਾਸਘਾਤ।ਉਨ੍ਹਾਂ ਚੇਤਾਵਨੀ ਦਿੱਤੀ ਕਿ ਪੰਜਾਬ ਦੇ ਲੋਕ ਅਜਿਹੇ ਅਨਿਆਂ ਦੇ ਸਾਹਮਣੇ ਚੁੱਪ ਨਹੀਂ ਰਹਿਣਗੇ। ਉਨ੍ਹਾਂ ਮੰਗ ਕੀਤੀ ਕਿ ਬੀਬੀਐਮਬੀ ਤੁਰੰਤ ਆਪਣੇ ਫੈਸਲੇ ਨੂੰ ਰੱਦ ਕਰੇ ਅਤੇ ਕੇਂਦਰ ਸਰਕਾਰ ਨੂੰ ਰਾਜਾਂ ਵਿਚਕਾਰ ਅਰਥਪੂਰਨ ਗੱਲਬਾਤ ਰਾਹੀਂ ਮਾਮਲੇ ਨੂੰ ਹੱਲ ਕਰਨ ਲਈ ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਮੀਟਿੰਗ ਬੁਲਾਉਣ ਦੀ ਅਪੀਲ ਕੀਤੀ।

## ਬ੍ਰਾਹਮਣ ਸਭਾ ਆਦਮਪੁਰ ਵੱਲੋਂ ਪਰਸ਼ੂਰਾਮ ਜਯੰਤੀ ਮਨਾਈ

**ਜਲੰਧਰ (ਸੁਰਿੰਦਰ ਕੁਮਾਰ)** ਬ੍ਰਾਹਮਣ ਸਭਾ ਆਦਮਪੁਰ ਵੱਲੋਂ ਪ੍ਰਧਾਨ ਹਤਿੰਦਰ ਮਹਿਤਾ ਦੀ ਦੇਖ ਰੇਖ ਹੇਠ ਨਾਥ ਦੀ ਕੁਟੀਆਂ ਆਦਮਪੁਰ ਵਿਖੇ ਭਗਵਾਨ ਪਰਸ਼ੂਰਾਮ ਜਯੰਤੀ ਬੜੇ ਉਤਸ਼ਾਹ ਨਾਲ ਮਨਾਈ। ਇਸ ਮੌਕੇ ਪੰਡਤ ਸੁਸ਼ੀਲ ਸ਼ਰਮਾ ਨੇ ਪੂਜਾ ਕਰਵਾਈ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਚੰਦਰਕਾਂਤਾ, ਸੁਦਾਮਾ ਭਗਤ ਤੇ ਉਨ੍ਹਾਂ ਦੇ ਸਹਿਯੋਗੀਆਂ ਵਲੋਂ ਸਕੀਰਤਨ ਕਰ ਭਗਵਾਨ ਪਰਸੂਰਾਮ ਦੀ ਮਹਿਮਾ ਦਾ ਗੁਣਗਾਨ ਕੀਤਾ। ਉਸ ਮੌਕੇ ਸਵਾਮੀ ਰਾਮ ਭਾਰਤੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਉਹ ਆਪਣੇ ਬੱਚਿਆ ਨੂੰ ਵੱਧ ਤੋਂ ਵੱਧ ਧਾਰਮਿਕ ਗਿਆਨ ਦੇਣ ਜਿਸ ਨਾਲ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੇ ਵਿਰਸੇ ਨੂੰ ਜਾਣ ਸਕਣ ਉਨ੍ਹਾਂ ਭਗਵਾਨ ਸ੍ਰੀ ਪਰਸੂਰਾਮ ਦੀ ਜੀਵਨੀ ਬਾਰੇ ਵੀ ਜਾਣਕਾਰੀ ਦਿੱਤੀ। ਸਮਾਗਮ ਦੌਰਾਨ ਹਾਜ਼ਰ ਸਭਾ ਦੇ ਸਮੂਹ ਮੈਂਬਰਾਂ ਵਲੋਂ ਇੱਕ ਗਰੀਬ ਪਰਿਵਾਰ ਦੀ ਲੜਕੀ ਦੇ ਵਿਆਹ ਲਈ 21 ਹਜ਼ਾਰ ਰੁਪਏ ਦੀ ਸਹਾਇਤਾ ਕੀਤੀ ਗਈ ਤੇ



ਫੈਸਲਾ ਲਿਆ ਗਿਆ ਕਿ ਅੱਗੇ ਤੋਂ ਵੀਂ ਜਰੂਰਤਮੰਦ ਪਰਵਾਰਾਂ ਦੀਆਂ ਲੜਕੀਆਂ ਦੀ ਮਦਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਛੇਤੀ ਹੀ ਇੱਕ ਸਮਾਗਮ ਦੌਰਾਨ 70 ਫੀਸਦੀ ਤੋਂ ਵੱਧ ਅੰਕ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਮੰਗਤ ਰਾਮ ਸ਼ਰਮਾ, ਖਜਾਨਚੀ ਸੁਸ਼ੀਲ ਕੁਮਾਰ ਡੋਗਰਾ, ਸ਼ਾਮ ਸੁੰਦਰ ਸ਼ਰਮਾ, ਡਾ. ਅਰੁਣ ਸ਼ਰਮਾ, ਪੰਡਿਤ ਜਗਮੋਹਣ ਕੁਮਾਰ ਸ਼ਰਮਾ, ਰਜਿੰਦਰ ਕੁਮਾਰ ਲਾਡੀ, ਸਤੀਸ਼ ਕੁਮਾਰ ਅਗਿਨੀਹੋਤਰੀ, ਸੁਰਿੰਦਰ ਕੁਮਾਰ, ਸੋਮਦੱਤ , ਯੋਗੇਸ਼ ਕੁਮਾਰ, ਸਤੀਸ਼ ਸ਼ਰਮਾ, ਵਿਪਨ ਸ਼ਰਮਾ, ਸਤੀਸ਼ ਕੁਮਾਰੀ, ਮੱਧੂ ਵਾਲਾ, ਪੂਨਮ ਸ਼ਰਮਾ, ਪੰਡਿਤ ਲਵਲੀ ਸ਼ਰਮਾ, ਪੰਡਿਤ ਗੰਗਾ ਰਾਮ, ਨਿਸ਼ਚੇ ਮਹਿਤਾ, ਜਤਿੰਦਰ ਡੋਗਰਾ, ਅਸ਼ੋਕ ਕੁਮਾਰ, ਡਾ. ਮੋਹਿਤ ਗੌਤਮ, ਅਨਿਲ ਸ਼ਰਮਾ, ਪਵਨ ਕੁਮਾਰ ਅਗਨੀਹੋਤਰੀ ਅਨਿਲ ਦੱਤਾ,ਰਮਨ ਦਵੇਸਰ, ਬੂੱਟਾ ਰਾਮ, ਰਮਨ ਸ਼ਰਮਾ, ਗੋਪਾਲ ਦੱਤਾ, ਕੁਲਦੀਪ ਸ਼ਰਮਾ, ਨੀਲਮ ਸ਼ਰਮਾ, ਰਾਜ ਰਾਣੀ ਸ਼ਰਮਾ, ਅਰਵਿੰਦ ਪਰਾਸ਼ਰ ਸੋਨੀਆ, ਰੇਖਾ, ਮਾ. ਗਿਆਨ ਚੰਦ ਸ਼ਰਮਾ, ਧਰਮਵੀਰ ਸ਼ਰਮਾ, ਕ੍ਰਿਸ਼ਨ ਅਗਨੀਹੋਤਰੀ ਤੇ ਹੋਰ ਹਾਜ਼ਰ ਸਨ।


### ☛ ਰੇਲਯਾਤਰੀ ਕਿਰਪਾ ਧਿਆਨ ਦੇਣ ! ☚
### ਗਰਮੀਆਂ ਦੀਆਂ ਵਿਸ਼ੇਸ਼ ਰੇਲਗੱਡੀਆਂ ਦੀ ਗਿਣਤੀ ਵਿਚ ਵਾਧਾ

ਰੇਲਯਾਤਰੀਆਂ ਦੀ ਸੁਵਿਧਾ ਦੇ ਲਈ ਰੇਲਵੇ ਦੁਆਰਾ ਪਹਿਲਾਂ ਤੋਂ ਹੀ ਐਲਾਨੀਆਂ ਅਨੇਕ ਗਰਮੀ ਦੀਆਂ ਵਿਸ਼ੇਸ਼ ਰੇਲਗੱਡੀਆਂ ਦੇ ਇਲਾਵਾ ਹੇਠਾਂ ਲਿਖਤ ਗਰਮੀਆਂ ਦੀਆਂ ਵਿਸ਼ੇਸ਼ ਰੇਲਗੱਡੀਆਂ ਦਾ ਵੀ ਸੰਚਾਲਨ ਕੀਤਾ ਜਾਵੇਗਾ, ਜਿਨ੍ਹਾਂ ਦਾ ਵਿਸਤ੍ਰਿਤ ਵੇਰਵਾ ਹੇਠਾਂ ਅਨੁਸਾਰ ਹੈ:-

**05113/05114 ਛਪਰਾ - ਆਨੰਦ ਵਿਹਾਰ (ਟ) - ਛਪਰਾ ਵਿਸ਼ੇਸ਼ ਰੇਲਗੱਡੀ** — 20 ਫੇਰੇ

| ਗੱਡੀ ਨੰ. 05113 | | ਸਟੇਸ਼ਨ | ਗੱਡੀ ਨੰ. 05114 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 15:45 | ਛਪਰਾ | 14:00 | --- |
| 14:25 | --- | ਆਨੰਦ ਵਿਹਾਰ (ਟ) | --- | 16:00 |

ਚੱਲਣ ਦੇ ਦਿਨ : 05113 ਛਪਰਾ ਤੋਂ ਮਿਤੀ 14.05.2025 ਤੋਂ 16.07.2025 (ਹਰੇਕ ਬੁਧਵਾਰ) ਅਤੇ 05114 ਆਨੰਦ ਵਿਹਾਰ (ਟ) ਤੋਂ ਮਿਤੀ 15.05.2025 ਤੋਂ 17.07.2025 ਤਕ (ਹਰੇਕ ਵੀਰਵਾਰ) ਨੂੰ।
ਠਹਿਰਾਓ : ਛਪਰਾ ਕਚਹਰੀ, ਮਸ਼ਰਖ, ਦਿਘਵਾ ਦੁਬੌਲੀ, ਥਾਵੇ ਜੰ., ਤਮਕੂਹੀ ਰੋਡ, ਪਡਰੌਨਾ, ਕਪਤਾਨਗੰਜ ਜੰ., ਗੋਰਖਪੁਰ ਜੰ., ਖਲੀਲਾਬਾਦ, ਬਸਤੀ, ਗੋਂਡਾ ਜੰ., ਬੁੜਵਲ, ਸੀਤਾਪੁਰ, ਸ਼ਾਹਜਹਾਂਪੁਰ, ਬਰੇਲੀ ਅਤੇ ਮੁਰਾਦਾਬਾਦ ਸਟੇਸ਼ਨ।
ਸਥਾਨ : 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਰਨਲ

**05301/05302 ਮਊ ਜੰ. - ਅੰਬਾਲਾ ਕੈਂਟ ਜੰ. - ਮਊ ਜੰ. ਵਿਸ਼ੇਸ਼ ਰੇਲਗੱਡੀ** — 20 ਫੇਰੇ

| ਗੱਡੀ ਨੰ. 05301 | | ਸਟੇਸ਼ਨ | ਗੱਡੀ ਨੰ. 05302 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 04:00 | ਮਊ ਜੰ. | 22:00 | --- |
| 00:30 | --- | ਅੰਬਾਲਾ ਕੈਂਟ ਜੰ. | --- | 01:40 |

ਚੱਲਣ ਦੇ ਦਿਨ : 05301 ਮਊ ਜੰ. ਤੋਂ ਮਿਤੀ 15.05.25 ਤੋਂ 17.07.25 (ਹਰੇਕ ਵੀਰਵਾਰ) ਅਤੇ 05202 ਅੰਬਾਲਾ ਕੈਂਟ ਜੰ. ਤੋਂ ਮਿਤੀ 16.05.25 ਤੋਂ 18.07.25 ਤਕ (ਹਰੇਕ ਸ਼ੁਕਰਵਾਰ) ਨੂੰ।
ਠਹਿਰਾਓ : ਬੇਲਥਰਾ ਰੋਡ, ਭਟਨੀ, ਜੰ., ਦੇਵਰਿਯਾ ਸਦਰ, ਗੋਰਖਪੁਰ ਜੰ., ਖਲੀਲਾਬਾਦ, ਬਸਤੀ, ਮਨਕਾਪੁਰ ਜੰ., ਗੋਂਡਾ ਜੰ., ਬੁਡਵਲ, ਸੀਤਾਪੁਰ, ਬਰੇਲੀ, ਮੁਰਾਦਾਬਾਦ, ਗਾਜੀਆਬਾਦ, ਦਿੱਲੀ, ਸੋਨੀਪਤ ਅਤੇ ਪਾਨੀਪਤ ਸਟੇਸ਼ਨ।
ਸਥਾਨ : ਫਸਟ ਏਸੀ., 2 ਟੀਯਰ ਏਸੀ., 3 ਟੀਯਰ ਏਸੀ., 3 ਟੀਯਰ ਏਸੀ., ਇਕਾਨਮੀ ਸਲੀਪਰ ਅਤੇ ਜਰਨਲ

**05193/05194 ਛਪਰਾ - ਸ਼ਹੀਦ ਕਪਤਾਨ ਤੁਸ਼ਾਰ ਮਹਾਜਨ ਉਧਮਪੁਰ - ਛਪਰਾ ਵਿਸ਼ੇਸ਼ ਰੇਲਗੱਡੀ** — 18 ਫੇਰੇ

| ਗੱਡੀ ਨੰ. 05193 | | ਸਟੇਸ਼ਨ | ਗੱਡੀ ਨੰ. 05194 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 14:00 | ਛਪਰਾ | 08:00 | --- |
| 08:42 | 08:47 | ਮੁਰਾਦਾਬਾਦ | 14:20 | 14:30 |
| 23:05 | --- | ਸ਼ਹੀਦ ਕਪਤਾਨ ਤੁਸ਼ਾਰ ਮਹਾਜਨ ਉਧਮਪੁਰ | --- | 00:10 |

ਚੱਲਣ ਦੇ ਦਿਨ : 05193 ਛਪਰਾ ਤੋਂ ਮਿਤੀ 19.05.25 ਤੋਂ 14.07.25 (ਹਰੇਕ ਸੋਮਵਾਰ) ਅਤੇ 05194 ਕਪਤਾਨ ਤੁਸ਼ਾਰ ਮਹਾਜਨ ਉਧਮਪੁਰ ਤੋਂ ਮਿਤੀ 21.05.25 ਤੋਂ 16.07.25 (ਹਰੇਕ ਬੁਧਵਾਰ) ਨੂੰ।
ਠਹਿਰਾਓ : ਛਪਰਾ ਕਚਹਰੀ, ਮਸ਼ਰਖ, ਦਿਘਵਾ ਦੁਬੌਲੀ, ਥਾਵੇ ਜੰ., ਤਮਕੂਹੀ ਰੋਡ, ਪਡਰੌਨਾ, ਕਪਤਾਨਗੰਜ ਜੰ., ਗੋਰਖਪੁਰ ਜੰ., ਖਲੀਲਾਬਾਦ, ਬਸਤੀ, ਗੋਂਡਾ ਜੰ., ਬੁੜਵਲ, ਸੀਤਾਪੁਰ, ਸ਼ਾਹਜਹਾਂਪੁਰ, ਬਰੇਲੀ, ਮੁਰਾਦਾਬਾਦ, ਲਕਸਰ ਜੰ. ਰੁੜਕੀ, ਸਹਾਰਨਪੁਰ, ਯਮੁਨਾਨਗਰ ਜਗਾਧਰੀ, ਅੰਬਾਲਾ ਕੈਂਟ ਜੰ., ਢੰਡਾਰੀ ਕਲਾਂ, ਜਲੰਧਰ ਕੈਂਟ, ਪਠਾਨਕੋਟ ਕੈਂਟ, ਕਠੂਆ ਅਤੇ ਜੰਮੂ ਤਵੀ ਸਟੇਸ਼ਨ।
ਸਥਾਨ : 2 ਟੀਯਰ ਏਸੀ., 3 ਟੀਯਰ ਏਸੀ., ਇਕਾਨਮੀ, ਸਲੀਪਰ ਅਤੇ ਜਰਨਲ

**05119/05120 ਛਪਰਾ - ਲੋਕਮਾਨਯ ਤਿਲਕ (ਟ) - ਛਪਰਾ ਵਿਸ਼ੇਸ਼ ਰੇਲਗੱਡੀ** — 14 ਫੇਰੇ

| ਗੱਡੀ ਨੰ. 05119 | | ਸਟੇਸ਼ਨ | ਗੱਡੀ ਨੰ. 05120 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 12:00 | ਛਪਰਾ | 01:15 | --- |
| 14:40 | 14:50 | ਵਾਰਾਨਸੀ ਜੰ. | 21:25 | 21:35 |
| 16:45 | --- | ਲੋਕਮਾਨਯ ਤਿਲਕ (ਟ) | --- | 20:15 |

ਚੱਲਣ ਦੇ ਦਿਨ : 05119 ਛਪਰਾ ਤੋਂ ਮਿਤੀ 13.05.25 ਤੋਂ 24.06.25 (ਹਰੇਕ ਮੰਗਲਵਾਰ) ਅਤੇ 05120 ਲੋਕਮਾਨਯ ਤਿਲਕ (ਟ) ਤੋਂ ਮਿਤੀ 14.05.25 ਤੋਂ 25.06.25 (ਹਰੇਕ ਬੁਧਵਾਰ) ਨੂੰ।
ਠਹਿਰਾਓ : ਬਲਿਯਾ, ਗਾਜ਼ੀਪੁਰ ਸਿਟੀ, ਵਾਰਾਨਸੀ ਜੰ., ਪ੍ਰਯਾਗਰਾਜ ਜੰ., ਮਾਨਿਕਪੁਰ, ਇਟਾਰਸੀ ਜੰ., ਖੰਡਵਾ, ਭੁਸਾਵਲ ਜੰ., ਜਲਗਾਂਵ ਜੰ., ਨਾਸ਼ਿਕ ਰੋਡ, ਇਗਤਪੁਰੀ, ਕਲਯਾਨ ਜੰ. ਅਤੇ ਠਾਨੇ ਸਟੇਸ਼ਨ।
ਸਥਾਨ : ਫਸਟ ਏਸੀ., 2 ਟੀਯਰ ਏਸੀ., 3 ਟੀਯਰ ਏਸੀ., 3 ਟੀਯਰ ਏਸੀ., ਇਕਾਨਮੀ ਸਲੀਪਰ ਅਤੇ ਜਰਨਲ

**04602/04601 ਫਿਰੋਜ਼ਪੁਰ ਕੈਂਟ ਜੰ. - ਪਟਨਾ ਜੰ.- ਫਿਰੋਜ਼ਪੁਰ ਕੈਂਟ ਜੰ. ਰੀਜ਼ਰਵ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ** — 40 ਫੇਰੇ

| ਗੱਡੀ ਨੰ. 04602 | | ਸਟੇਸ਼ਨ | ਗੱਡੀ ਨੰ. 04601 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 15:10 | ਫਿਰੋਜ਼ਪੁਰ ਕੈਂਟ ਜੰ. | 23:55 | --- |
| 06:30 | 06:40 | ਲਖਨਊ | 08:15 | 08:25 |
| 18:00 | --- | ਪਟਨਾ ਜੰ. | --- | 20:50 |

ਚੱਲਣ ਦੇ ਦਿਨ : 04602 ਫਿਰੋਜ਼ਪੁਰ ਕੈਂਟ ਜੰ. ਤੋਂ ਮਿਤੀ 07.05.25 ਤੋਂ 12.07.25 (ਹਰੇਕ ਬੁਧਵਾਰ ਅਤੇ ਸ਼ਨੀਵਾਰ) ਅਤੇ 04601 ਪਟਨਾ ਜੰ. ਤੋਂ ਮਿਤੀ 08.05.25 ਤੋਂ 13.07.25 ਤਕ (ਹਰੇਕ ਵੀਰਵਾਰ ਅਤੇ ਐਤਵਾਰ) ਨੂੰ।
ਠਹਿਰਾਓ : ਮੋਗਾ, ਲੁਧਿਆਣਾ, ਅੰਬਾਲਾ ਕੈਂਟ ਜੰ., ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਲਖਨਊ, ਰਾਯਬਰੇਲੀ ਜੰ., ਮਾਂ ਬੇਲਹਾ ਦੇਵੀ ਧਾਮ ਪ੍ਰਤਾਪਗੜ੍ਹ ਜੰ., ਵਾਰਾਨਸੀ ਪੰ. ਦੀਨ ਦਿਆਲ ਉਪਾਧਿਆਏ ਜੰ., ਬਕਸਰ, ਆਰਾ ਅਤੇ ਦਾਨਾਪੁਰ ਸਟੇਸ਼ਨ।
ਸਥਾਨ : ਸਲੀਪਰ (ਰੀਜ਼ਰਵ)

**04608/04607 ਅੰਮ੍ਰਿਤਸਰ ਜੰ. - ਦਰਭੰਗਾ - ਅੰਮ੍ਰਿਤਸਰ ਜੰ. ਰੀਜ਼ਰਵ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ** — 20 ਫੇਰੇ

| ਗੱਡੀ ਨੰ. 04608 | | ਸਟੇਸ਼ਨ | ਗੱਡੀ ਨੰ. 04607 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 20:10 | ਅੰਮ੍ਰਿਤਸਰ ਜੰ. | 10:30 | --- |
| 02:30 | --- | ਦਰਭੰਗਾ | --- | 04:00 |

ਚੱਲਣ ਦੇ ਦਿਨ : 04608 ਅੰਮ੍ਰਿਤਸਰ ਜੰ. ਤੋਂ ਮਿਤੀ 09.05.2025 ਤੋਂ 11.07.2025 (ਹਰੇਕ ਸ਼ੁਕਰਵਾਰ) ਅਤੇ 04607 ਦਰਭੰਗਾ ਤੋਂ ਮਿਤੀ 11.05.2025 ਤੋਂ 13.07.2025 ਤਕ (ਹਰੇਕ ਐਤਵਾਰ) ਨੂੰ।
ਠਹਿਰਾਓ : ਬਿਆਸ ਜੰ., ਜਲੰਧਰ ਸਿਟੀ ਜੰ., ਫਗਵਾੜਾ ਜੰ., ਢੰਡਾਰੀ ਕਲਾਂ, ਸਰਹਿੰਦ, ਰਾਜਪੁਰਾ ਜੰ. ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸੀਤਾਪੁਰ ਜੰ., ਗੋਂਡਾ ਜੰ., ਗੋਰਖਪੁਰ ਜੰ., ਸੀਵਾਨ ਜੰ., ਛਪਰਾ, ਹਾਜੀਪੁਰ ਜੰ., ਮੁਜ਼ਫਰਪੁਰ ਜੰ. ਅਤੇ ਸਮਸਤੀਪੁਰ ਜੰ. ਸਟੇਸ਼ਨ।
ਸਥਾਨ : ਸਲੀਪਰ (ਰੀਜ਼ਰਵ)

**04068/04067 ਨਵੀਂ ਦਿੱਲੀ - ਭਾਗਲਪੁਰ - ਨਵੀਂ ਦਿੱਲੀ ਰੀਜ਼ਰਵ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ** — 36 ਫੇਰੇ

| ਗੱਡੀ ਨੰ. 04068 | | ਸਟੇਸ਼ਨ | ਗੱਡੀ ਨੰ. 04067 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 14:00 | ਨਵੀਂ ਦਿੱਲੀ | 14:30 | --- |
| 13:30 | --- | ਭਾਗਲਪੁਰ | --- | 14:30 |

ਚੱਲਣ ਦੇ ਦਿਨ : 04068 ਨਵੀਂ ਦਿੱਲੀ ਤੋਂ ਮਿਤੀ 11.05.2025 ਤੋਂ 09.07.2025 (ਹਰੇਕ ਐਤਵਾਰ ਅਤੇ ਬੁਧਵਾਰ) ਅਤੇ 04067 ਭਾਗਲਪੁਰ ਤੋਂ ਮਿਤੀ 12.05.2025 ਤੋਂ 10.07.2025 ਤਕ (ਹਰੇਕ ਸੋਮਵਾਰ ਅਤੇ ਵੀਰਵਾਰ) ਨੂੰ।
ਠਹਿਰਾਓ : ਗੋਵਿੰਦਪੁਰੀ, ਪ੍ਰਯਾਗਰਾਜ ਜੰ., ਪੰ. ਦੀਨ ਦਿਆਲ ਉਪਾਧਿਆਏ ਜੰ., ਬਕਸਰ, ਆਰਾ, ਦਾਨਾਪੁਰ, ਪਟਨਾ ਜੰ., ਬਖ਼ਤਿਯਾਰਪੁਰ ਜੰ., ਮੋਕਾਮਾ, ਹਾਥੀਦਾ ਜੰ., ਲਕਖੀਸਰਾਯ ਜੰ., ਕਿਊਲ ਜੰ., ਅਭੈਪੁਰ ਜੰ., ਜਮਾਲਪੁਰ ਜੰ.ਅਤੇ ਸੁਲਤਾਨਗੰਜ ਸਟੇਸ਼ਨ।
ਸਥਾਨ : ਸਲੀਪਰ (ਰੀਜ਼ਰਵ)

**04618/04617 ਅੰਮ੍ਰਿਤਸਰ ਜੰ.- ਸਹਰਸਾ ਜੰ. - ਅੰਮ੍ਰਿਤਸਰ ਜੰ. ਰੀਜ਼ਰਵ ਵਿਸ਼ੇਸ਼ ਐਕਸਪ੍ਰੈਸ ਰੇਲਗੱਡੀ** — 36 ਫੇਰੇ

| ਗੱਡੀ ਨੰ. 04618 | | ਸਟੇਸ਼ਨ | ਗੱਡੀ ਨੰ. 04617 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| --- | 20:10 | ਅੰਮ੍ਰਿਤਸਰ ਜੰ. | 14:00 | --- |
| 03:00 | --- | ਸਹਰਸਾ ਜੰ. | --- | 05:00 |

ਚੱਲਣ ਦੇ ਦਿਨ : 04618 ਅੰਮ੍ਰਿਤਸਰ ਜੰ. ਤੋਂ ਮਿਤੀ 12.05.2025 ਤੋਂ 08.07.2025 (ਹਰੇਕ ਸੋਮਵਾਰ ਅਤੇ ਮੰਗਲਵਾਰ) ਅਤੇ 04617 ਸਹਰਸਾ ਜੰ. ਤੋਂ ਮਿਤੀ 14.05.2025 ਤੋਂ 10.07.2025 ਤਕ (ਹਰੇਕ ਬੁਧਵਾਰ ਅਤੇ ਵੀਰਵਾਰ) ਨੂੰ।
ਠਹਿਰਾਓ : ਬਿਆਸ ਜੰ., ਜਲੰਧਰ ਸਿਟੀ ਜੰ., ਫਗਵਾੜਾ ਜੰ., ਢੰਡਾਰੀ ਕਲਾਂ, ਸਰਹਿੰਦ, ਰਾਜਪੁਰਾ ਜੰ., ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸੀਤਾਪੁਰ ਜੰ., ਗੋਂਡਾ ਜੰ., ਗੋਰਖਪੁਰ ਜੰ., ਸੀਵਾਨ ਜੰ., ਛਪਰਾ, ਹਾਜੀਪੁਰ ਜੰ., ਬਰੌਨੀ ਜੰ., ਖਗੜਿਯਾ ਜੰ. ਅਤੇ ਮਾਨਸੀ ਜੰ. ਸਟੇਸ਼ਨ।
ਸਥਾਨ : ਸਲੀਪਰ (ਰੀਜ਼ਰਵ)

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੇ ਵੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ.139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਜਾਂ NTES ਐਪ ਦੇਖਣ।

'ਤੇ ਸਾਨੂੰ ਫਾਲੋ ਕਰੋ

ਉੱਤਰ ਰੇਲਵੇ
ਤੁਹਾਡੀ ਸੁਵਿਧਾ - ਸਾਡਾ ਲਕਸ਼
ਸਾਨੂੰ www.nr.indianrailways.gov.in 'ਤੇ ਮਿਲੋ
1328/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

7-MAY-PAGE-10.qxd 5/6/2025 10:49 PM Page 1



## ਨਿਰਮਾਣ ਮਜ਼ਦੂਰ ਯੂਨੀਅਨ ਨੇ ਕਾਰਲ ਮਾਰਕਸ ਦਾ ਜਨਮ ਦਿਹਾੜਾ ਮਨਾਇਆ



**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ/ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਦੇ ਬਖ਼ਸ਼ੀਵਾਲਾ ਰੋਡ 'ਤੇ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਵੱਲੋਂ ਦੁਨੀਆ ਦੇ ਮਹਾਨ ਦਾਰਸ਼ਨਿਕ ਕਾਰਲ ਮਾਰਕਸ ਦਾ 207ਵਾਂ ਜਨਮ ਦਿਹਾੜਾ ਮਨਾਇਆ ਗਿਆ।ਇਸ ਮੌਕੇ ਇਕੱਠੇ ਹੋਏ ਸਾਥੀਆਂ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਆਗੂ ਕਾਮਰੇਡ ਵਰਿੰਦਰ ਕੌਸ਼ਿਕ ਤੇ ਕਿਸਾਨ ਸਭਾ ਦੇ ਐਡਵੋਕੇਟ ਮਿੱਤ ਸਿੰਘ ਜਨਾਲ, ਦਰਸ਼ਨ ਸਿੰਘ ਮੱਟੂ ਨੇ ਕਿਹਾ ਕਿ ਕਾਰਲ ਮਾਰਕਸ 19ਵੀਂ ਸਦੀ ਦਾ ਮਹਾਨ ਦਾਰਸ਼ਨਿਕ ਸੀ, ਬੀ ਬੀ ਸੀ ਨਿਊਜ਼ ਆਨਲਾਈਨ ਵੱਲੋਂ ਕਰਵਾਏ ਗਏ ਸਰਵੇ ਵਿੱਚ ਹਜ਼ਾਰ ਸਾਲ ਦੇ ਮਹਾਨ ਚਿੰਤਕ ਦੀ ਚੋਣ ਵਿੱਚ ਵੀ ਕਾਰਲ ਮਾਰਕਸ ਹੀ ਪਹਿਲੇ ਨੰਬਰ 'ਤੇ ਚੁਣੇ ਗਏ।ਸਮੁੱਚੀ ਦੁਨੀਆ ਨੂੰ ਖ਼ੁਸ਼ਹਾਲੀ ਪ੍ਰਦਾਨ ਕਰਨ ਲਈ ਕਾਰਲ ਮਾਰਕਸ ਨੇ 19ਵੀਂ ਸਦੀ ਵਿੱਚ 'ਦਾਸ ਕੈਪੀਟਲ' ਨਾਂ ਦੀ ਗ੍ਰੰਥ ਰੂਪੀ ਕਿਤਾਬ ਲਿਖੀ, ਜਿਸ ਵਿੱਚ ਉਹ ਸਦੀ ਤੋਂ ਵੀ ਵੱਧ ਸਮਾਂ ਪਹਿਲਾਂ ਪੂੰਜੀਵਾਦ ਦਾ ਵਿਆਪਕ ਅਧਿਐਨ ਕੀਤਾ ਗਿਆ, ਜੋ ਅੱਜ ਵੀ ਪ੍ਰਸੰਗਿਕ ਹੈ।ਇਸ ਤੋਂ ਇਲਾਵਾ ਕਾਰਲ ਮਾਰਕਸ ਨੇ ਵਿਗਿਆਨਕ ਸਮਝ ਅਨੁਸਾਰ 'ਵਿਰੋਧ ਵਿਕਾਸ ਤੇ ਇਤਿਹਾਸ ਪਦਾਰਥਵਾਦ' ਦੇ ਸਿਧਾਂਤਕ ਤੇ ਅਮਲੀ ਸੁਮੇਲ ਨੇ ਇਨਕਲਾਬੀ ਤਬਦੀਲੀ ਦਾ ਰਸਤਾ ਦਿਖਾਇਆ ਦਿੱਤਾ। ਇਸ ਮੌਕੇ ਕਾਮਰੇਡ ਨਿਰਮਲ ਸਿੰਘ, ਕਾਮਰੇਡ ਰਾਮ ਸਿੰਘ, ਹਰਭਗਵਾਨ ਸ਼ਰਮਾ, ਮਹਿੰਦਰਪਾਲ ਰੰਗਰ, ਸ਼ਮਸ਼ੇਰ ਸਿੰਘ ਸ਼ੇਰੀ, ਪਰਮਜੀਤ ਸਿੰਘ ਪੱਪੂ, ਦਰਸ਼ਨ ਸਿੰਘ ਮਿਸਤਰੀ, ਮੱਖਣ ਸਿੰਘ ਬਖ਼ਸ਼ੀਵਾਲਾ, ਰਾਮ ਅਵਤਾਰ,ਕੇਸ਼ੂ ਮਿਸਤਰੀ, ਸੁਖਦੇਵ ਕੁਮਾਰ, ਜਗਸੀਰ ਸਿੰਘ ਬਖ਼ਸ਼ੀਵਾਲਾ, ਨਿੱਕਾ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।

## ਹੈਲਿਕਸ ਆਕਸਫੋਰਡ ਸਕੂਲ ਵੱਲੋਂ ਪੱਤਰਕਾਰਾਂ ਦਾ ਸਨਮਾਨ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਹੈਲਿਕਸ ਆਕਸਫੋਰਡ ਸਮਾਰਟ ਸਕੂਲ ਪਾਤੜਾਂ ਵੱਲੋਂ ਵਿਸ਼ਵ ਪ੍ਰੈੱਸ ਆਜ਼ਾਦੀ ਦਿਵਸ ਮਨਾਇਆ ਗਿਆ, ਜਿਸ ਵਿੱਚ ਪੱਤਰਕਾਰਾਂ ਦਾ ਵਿਦਿਆਰਥੀਆਂ ਵੱਲੋਂ ਮਹੱਤਵ ਦੱਸਦੇ ਹੋਏ ਕਿਹਾ ਕਿ ਪੱਤਰਕਾਰਾਂ ਤੇ ਮੀਡੀਆ ਸੰਸਥਾਵਾਂ ਦੀ ਆਜ਼ਾਦੀ ਬਹੁਤ ਜ਼ਰੂਰੀ ਹੈ, ਕਿਉਂਕਿ ਉਹ ਜਨਤਕ ਜੀਵਨ 'ਤੇ ਡੂੰਘੀ ਨਜ਼ਰ ਰੱਖਦੇ ਹਨ ਤੇ ਜਨਤਾ ਨੂੰ ਆਪਣੀ ਜਾਣਕਾਰੀ ਤੇ ਦ੍ਰਿਸ਼ਟੀਕੋਣ ਨਾਲ ਜੋੜਦੇ ਰਹਿੰਦੇ ਹਨ। ਮੀਡੀਆ ਦੀ ਤਾਕਤ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਇਸ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਕਿਹਾ ਜਾਂਦਾ ਹੈ। ਸਕੂਲ ਵੱਲੋਂ ਕੀਤੇ ਸਮਾਗਮ ਵਿੱਚ ਪੱਤਰਕਾਰ ਤੇ ਮੀਡੀਆ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਹੋਏ। ਸਕੂਲ ਦੇ ਪ੍ਰਿੰਸੀਪਲ ਮੈਡਮ ਅਮਰਜੋਤ ਕੌਰ, ਡਾਇਰੈਕਟਰ ਮੈਡਮ ਦਵਿੰਦਰ ਕੌਰ ਤੇ ਮੈਡਮ ਮੰਨਤ ਕੌਰ ਵੱਲੋਂ ਸਾਰੇ ਪੱਤਰਕਾਰਾਂ ਨੂੰ ਸਨਮਾਨਤ ਕੀਤਾ ਗਿਆ।

## 68ਵੀਂ ਨੈਸ਼ਨਲ ਸਕੇਟਿੰਗ ਚੈਂਪੀਅਨਸ਼ਿਪ 'ਚ ਗੁਰਪ੍ਰੀਤ ਨੇ ਜਿੱਤੇ ਮੈਡਲ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਇੱਕ ਸ਼ਾਨਦਾਰ ਪ੍ਰਾਪਤੀ ਹਾਸਲ ਕਰਦਿਆਂ, ਪੰਜਾਬ ਦੇ ਉੱਭਰਦੇ ਸਕੇਟਰ ਗੁਰਪ੍ਰੀਤ ਸ਼ਰਮਾ ਨੇ 68ਵੀਂ ਨੈਸ਼ਨਲ ਸਕੇਟਿੰਗ (ਕੁਆਰਡ) ਚੈਂਪੀਅਨਸ਼ਿਪ ਵਿੱਚ ਦੋ ਤਮਗੇ ਜਿੱਤ ਕੇ ਖੇਤਰ ਦਾ ਮਾਣ ਵਧਾਇਆ।ਇਹ ਮੁਕਾਬਲੇ ਹਾਲ ਹੀ ਵਿੱਚ ਦਿੱਲੀ ਸਥਿਤ ਜੀ. ਆਰ. ਇੰਟਰਨੈਸ਼ਨਲ ਸਕੂਲ ਵਿਖੇ ਕਰਵਾਏ ਗਏ, ਜਿੱਥੇ ਮੁੱਖ ਮਹਿਮਾਨ ਵਜੋਂ ਮਾਣਯੋਗ ਕੈਬਨਿਟ ਮੰਤਰੀ ਰਵਿੰਦਰ ਇੰਦਰਾਜ ਸਿੰਘ (ਭਾ.ਜ.ਪਾ.) ਨੇ ਸ਼ਿਰਕਤ ਕੀਤੀ।ਸੂਰਜ ਕੁੰਡ ਸਰਵਹਿਤਕਾਰੀ ਸਕੂਲ ਦੀ ਨੁਮਾਇੰਦਗੀ ਕਰਦੇ ਹੋਏ ਗੁਰਪ੍ਰੀਤ ਸ਼ਰਮਾ, ਜੋ ਕਿ ਸ੍ਰ. ਬੀਰਬਲ ਸੈਨ ਸ਼ਰਮਾ ਦੇ ਪੁੱਤਰ ਹਨ ਤੇ ਮਾਇਆ ਗਾਰਡਨ ਸੁਨਾਮ ਦੇ ਨਿਵਾਸੀ ਹਨ, ਨੇ 500 ਮੀਟਰ ਦੌੜ ਵਿੱਚ ਚਾਂਦੀ ਦਾ ਤਮਗ਼ਾ ਤੇ 1000 ਮੀਟਰ ਰੇਸ ਵਿੱਚ ਕਾਂਸੀ ਦਾ ਤਮਗ਼ਾ ਜਿੱਤਿਆ।ਇਹ ਪ੍ਰਦਰਸ਼ਨ ਸਿਰਫ ਉਸ ਦੇ ਸਕੂਲ ਹੀ ਨਹੀਂ, ਸਗੋਂ ਸਾਰੇ ਇਲਾਕੇ ਲਈ ਮਾਣ ਦੀ ਗੱਲ ਹੈ।ਗੁਰਪ੍ਰੀਤ ਦੀ ਇਹ ਜਿੱਤ ਉਸ ਦੀ ਲਗਨ ਤੇ ਮਿਹਨਤ ਦੀ ਗਵਾਹ ਹੈ ਅਤੇ ਨੌਜਵਾਨ ਪੀੜ੍ਹੀ ਲਈ ਇੱਕ ਪ੍ਰੇਰਣਾ ਸਰੋਤ ਵਜੋਂ ਕੰਮ ਕਰੇਗੀ।ਮਾਇਆ ਗਾਰਡਨ ਕਲੋਨੀ ਪਰਤਣ 'ਤੇ ਕਲੋਨੀ ਵਾਸੀਆਂ ਵੱਲੋਂ ਉਸ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਮਦਨ ਲਾਲ ਕਾਂਸਲ (ਕਲੋਨੀ ਮੰਦਿਰ ਕਮੇਟੀ ਦੇ ਪ੍ਰਧਾਨ), ਆਰ. ਐੱਨ. ਕਾਂਸਲ, ਹਰਜਿੰਦਰ ਸਿੰਘ ਮਣਕੂ, ਰਾਜਿੰਦਰ ਸਿੰਘ, ਹਰਦੀਪ ਕੁਮਾਰ, ਰਾਜ ਕੁਮਾਰ (ਪੀ.ਟੀ.ਆਈ.), ਮਨਿੰਦਰ ਸਿੰਘ (ਜੇ.ਈ.) ਤੇ ਰਿੰਕੂ ਸ਼ਰਮਾ ਸ਼ਾਮਲ ਸਨ।

## ਐੱਨ ਸੀ ਸੀ ਕੈਡਿਟਾਂ ਨੇ ਪਰਾਲੀ ਨਾ ਸਾੜਨ ਦਾ ਦਿੱਤਾ ਸੁਨੇਹਾ




**ਨਾਭਾ (ਵਰਿੰਦਰ ਵਰਮਾ)**-3 ਪੰਜਾਬ ਏਅਰ ਸਕੁਐਡਰਨ ਐੱਨਸੀਸੀ ਪਟਿਆਲਾ ਤੇ ਗਰੁੱਪ ਹੈੱਡਕੁਆਰਟਰ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਪਬਲਿਕ ਸਕੂਲ ਨਾਭਾ ਦੇ ਐੱਨਸੀਸੀ ਏਅਰ ਵਿੰਗ ਕੈਡਿਟਾਂ ਨੇ ਪਰਾਲੀ ਨਾ ਸਾੜਨ ਦਾ ਸੁਨੇਹਾ ਦਿੰਦੇ ਹੋਏ ਇੱਕ ਪੋਸਟਰ ਵਾਰ ਸ਼ੁਰੂ ਕੀਤੀ। ਏਅਰ ਵਿੰਗ ਕੈਡਿਟਾਂ ਨੇ ਪੋਸਟਰ ਬਣਾ ਕੇ ਲੋਕਾਂ ਨੂੰ ਇਹ ਸੁਨੇਹਾ ਦਿੱਤਾ ਕਿ ਪਰਾਲੀ ਸਾੜ ਕੇ ਅਸੀਂ ਨਾ ਸਿਰਫ਼ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਹੇ ਹਾਂ, ਬਲਕਿ ਉਪਜਾਊ ਜ਼ਮੀਨ ਨੂੰ ਵੀ ਬੰਜਰ ਬਣਾ ਰਹੇ ਹਾਂ। ਭਾਰਤ ਸਰਕਾਰ ਕਿਸਾਨਾਂ ਲਈ ਪਰਾਲੀ ਦੀ ਸਮੱਸਿਆ ਨਾਲ ਨਜਿੱਠਣ ਲਈ ਕਈ ਯੋਜਨਾਵਾਂ ਲਿਆ ਰਹੀ ਹੈ।ਇਸ ਲਈ ਕਿਸਾਨ ਭਰਾਵਾਂ ਨੂੰ ਦੇਸ਼ ਦੇ ਭਲੇ ਲਈ ਪਰਾਲੀ ਨਹੀਂ ਸਾੜਨੀ ਚਾਹੀਦੀ ਤੇ ਵਾਤਾਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਵੀ ਬਚਾਉਣਾ ਚਾਹੀਦਾ ਹੈ।ਜੇ ਵਾਤਾਵਰਨ ਸ਼ੁੱਧ ਹੋਵੇਗਾ ਤਾਂ ਅਸੀਂ ਆਪਣੀ ਸਿਹਤ ਨੂੰ ਸੰਭਾਲ ਸਕਾਂਗੇ।ਇਸ ਮੌਕੇ ਸਕੂਲ ਦੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਕੈਡਿਟਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਭਵਿੱਖ ਵਿੱਚ ਵੀ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ।ਇਹ ਸਾਰਾ ਕਾਰਜ ਪੰਜਾਬ ਪਬਲਿਕ ਸਕੂਲ ਨਾਭਾ ਦੇ ਐੱਨਸੀਸੀ ਏਅਰ ਵਿੰਗ ਇੰਚਾਰਜ ਚੀਫ਼ ਅਫ਼ਸਰ ਸ਼ਾਹਿਦ ਅਹਿਮਦ ਦੀ ਨਿਗਰਾਨੀ ਹੇਠ ਪੂਰਾ ਕੀਤਾ ਗਿਆ।

## ਸੀਨੀਅਰ ਸੈਕੰਡਰੀ ਸਕੂਲ ਵਿਖੇ ਲਗਾਏ ਏ ਸੀਜ਼ ਦਾ ਡੀ ਸੀ ਵੱਲੋਂ ਉਦਘਾਟਨ



**ਬਰੇਟਾ (ਰੀਤਵਾਲ)**-ਨੇੜਲੇ ਪਿੰਡ ਕਿਸ਼ਨਗੜ੍ਹ ਸੇਢਾ ਸਿੰਘ ਵਾਲਾ ਦੇ ਸੀਨੀਅਰ ਸੈਕੰਡਰੀ ਸਕੂਲ ਵਿਖੇ 12 ਕਮਰਿਆਂ ਵਿੱਚ ਏ ਸੀ ਲਗਾਏ ਗਏ, ਜੋ ਕਿ ਸਕੂਲ ਦੀ ਮੈਨੇਜਮੈਂਟ ਕਮੇਟੀ ਤੇ ਪਿੰਡ ਵੱਲੋਂ ਰਲ ਕੇ ਉਪਰਾਲਾ ਕੀਤਾ ਗਿਆ।ਸਾਰੇ ਕਮਰਿਆਂ ਵਿੱਚ ਲੱਗੇ ਏ ਸੀ ਚਲਾ ਕੇ ਉਨ੍ਹਾਂ ਦਾ ਉਦਘਾਟਨ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਕੀਤਾ ਅਤੇ ਕਿਹਾ ਕਿ ਪਿੰਡਾਂ ਦੇ ਸਰਕਾਰੀ ਸਕੂਲਾਂ ਦੀਆਂ ਸੁਵਿਧਾਵਾਂ ਸ਼ਲਾਘਾਯੋਗ ਹਨ।ਸਕੂਲ ਮੁਖੀ ਕਸ਼ਮੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਪਹੁੰਚੇ ਡਿਪਟੀ ਕਮਿਸ਼ਨਰ ਤੇ ਦਾਤੇਵਾਸ ਦੇ ਪ੍ਰਿੰਸੀਪਲ ਅਰੁਣ ਗਰਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੀਨੀਅਰ ਸੈਕੰਡਰੀ ਸਕੂਲ ਵਿੱਚ ਵਧ ਰਹੀ ਗਰਮੀ ਨੂੰ ਦੇਖਦੇ ਹੋਏ ਵਿਦਿਆਰਥੀਆਂ ਦੀ ਸੁਵਿਧਾ ਲਈ ਬਹੁਤ ਵਧੀਆ ਉਪਰਾਲਾ ਕੀਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਿੰਡ ਦੀ ਪੰਚਾਇਤ, ਬੱਚਿਆਂ ਦੇ ਮਾਪੇ ਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

## ਸਪਰਿੰਗ ਡਿਊ ਸਕੂਲ ਵਿਖੇ ਨਸ਼ਿਆਂ ਖਿਲਾਫ ਜਾਗਰੂਕਤਾ ਮੁਹਿੰਮ



**ਜਗਰਾਉਂ (ਅਮਿਤ ਖੰਨਾ)**-ਕਰਨਦੀਪ ਸਿੰਘ (ਪੀ.ਸੀ.ਐੱਸ., ਐੱਸਡੀਐੱਮ ਜਗਰਾਉਂ) ਦੀ ਪ੍ਰੇਰਨਾਦਾਇਕ ਰਹਿਨੁਮਾਈ ਹੇਠਾਂ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਜਗਰਾਉਂ ਵਿਖੇ 'ਯੁੱਧ ਨਸ਼ਿਆਂ ਖਿਲਾਫ' ਵਿਸ਼ੇ 'ਤੇ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮੈਡਮ ਅੰਜੂ ਬਾਲਾ ਵੱਲੋਂ ਸਨਮਾਨਤ ਮਹਿਮਾਨਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦੇ ਤਹਿ ਦਿਲੋਂ ਸਵਾਗਤ ਨਾਲ ਹੋਈ। ਉਨ੍ਹਾ ਨਸ਼ਿਆਂ ਖਿਲਾਫ ਲੜਾਈ ਵਿੱਚ ਸਿੱਖਿਆ ਤੇ ਜਾਗਰੂਕਤਾ ਦੀ ਭੂਮਿਕਾ ਉੱਤੇ ਚਾਨਣਾ ਪਾਇਆ ਤੇ ਸਭ ਨੂੰ ਇਸ ਲਹਿਰ ਦਾ ਹਿੱਸਾ ਬਨਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਅਰਵਿੰਦ ਸ਼ਰਮਾ 12 ਸਾਇੰਸ, ਸੁਮਨਦੀਪ ਧਾਲੀਵਾਲ 12 ਸਾਇੰਸ, ਰਮਨੀਤ ਕੌਰ 12 ਆਰਟਸ, ਦਿਲਪ੍ਰੀਤ ਕੌਰ ਦਸਵੀਂ ਨੇ ਮਨਮੋਹਕ ਭਾਸ਼ਣ ਤੇ ਕਵਿਤਾਵਾਂ ਪੇਸ਼ ਕੀਤੀਆਂ। ਮੁੱਖ ਮਹਿਮਾਨ ਰਵਿੰਦਰ ਕੁਮਾਰ (ਤਹਿਸੀਲਦਾਰ ਜਗਰਾਉਂ) ਨੇ ਆਪਣੇ ਪ੍ਰੇਰਨਾਦਾਇਕ ਸੰਦੇਸ਼ ਰਾਹੀਂ ਨਸ਼ਿਆਂ ਖਿਲਾਫ ਇਸ ਜੰਗ ਨੂੰ ਹੋਰ ਮਜ਼ਬੂਤੀ ਦਿੱਤੀ। ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਨਸ਼ਿਆਂ ਖਿਲਾਫ ਸਹੁੰ ਚੁਕਾਈ। ਵਿਸ਼ੇਸ਼ ਮਹਿਮਾਨਾਂ ਵਿੱਚ ਕੈਪਟਨ ਨਰੇਸ਼ ਵਰਮਾ (ਸਾਬਕਾ ਪ੍ਰਿੰਸੀਪਲ), ਜਤਿੰਦਰ ਕੁਮਾਰ ਸੀ. ਸੈ. ਸਕੂਲ ਜਗਰਾਉਂ, ਪੰਕਜ ਅਗਰਵਾਲ ਪ੍ਰਧਾਨ ਕੈਮਿਸਟ ਐਸੋਸੀਏਸ਼ਨ ਜਗਰਾਉਂ ਤੇ ਸ੍ਰੀਮਤੀ ਮੀਨੂ ਰਾਣੀ (ਮਾਨਸਿਕ ਵਿਗਿਆਨੀ, ਡੀ ਐਡੀਕਸ਼ਨ ਸੈਂਟਰ, ਸਿਵਲ ਹਸਪਤਾਲ, ਜਗਰਾਉਂ) ਸ਼ਾਮਲ ਹੋਏ। ਸਕੂਲ ਦੀ ਪ੍ਰਬੰਧਕੀ ਟੀਮ ਵਿੱਚ ਇਸ ਸਮਾਗਮ ਦੌਰਾਨ ਸਮੂਹ ਅਧਿਆਪਕ, ਵਿਦਿਆਰਥੀ ਤੇ ਮੈਨੇਜਮੈਂਟ ਪ੍ਰਧਾਨ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਹਾਜ਼ਰ ਸਨ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਸ੍ਰੀਮਤੀ ਰੀਨਾ ਜੈਦਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਕੁਮਾਰ ਵੱਲੋਂ ਤਹਿਦਿਲੋਂ ਧੰਨਵਾਦ ਕੀਤਾ ਗਿਆ, ਜਿਨ੍ਹਾਂ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਆਪਣੀ ਮੁੱਖ ਭੂਮਿਕਾ ਨਿਭਾਈ।

# ਪੀ ਜੀ ਆਈ ਦੀ 'ਸਾਰਥੀ' ਦੇਸ਼ 'ਚ ਸਿਹਤ ਸੇਵਾਵਾਂ ਦੀ ਨੁਹਾਰ ਬਦਲਣ ਦੇ ਸਮਰੱਥ : ਰਾਜਪਾਲ




**ਸਮਰਾਲਾ (ਸੁਰਜੀਤ ਸਿੰਘ)**
ਪੀਜੀਆਈ ਚੰਡੀਗੜ੍ਹ ਵਿੱਚ ਬੀਤੇ ਦਿਨ ਪਹਿਲਾ ਸਾਲਾਨਾ 'ਸਾਰਥੀ' ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਮਾਣਯੋਗ ਗੁਲਾਬ ਚੰਦ ਕਟਾਰੀਆ ਰਾਜਪਾਲ ਪੰਜਾਬ ਤੇ ਪ੍ਰਸ਼ਾਸਕ ਚੰਡੀਗੜ੍ਹ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਭਰੇ ਹੋਏ ਆਡੀਟੋਰੀਅਮ ਨੂੰ ਸੰਬੋਧਨ ਕਰਦੇ ਹੋਏ ਮਾਣਯੋਗ ਰਾਜਪਾਲ ਨੇ ਕਿਹਾ ਕਿ 'ਸਾਰਥੀ' ਯੋਜਨਾ ਰਾਹੀਂ ਪੀਜੀਆਈ ਸਿਰਫ ਮਰੀਜ਼ਾਂ ਦੀ ਮਦਦ ਹੀ ਨਹੀਂ ਕਰ ਰਿਹਾ, ਸਗੋਂ ਉਹ ਭਵਿੱਖ ਲਈ ਅਜਿਹੇ ਨਾਗਰਿਕ ਤਿਆਰ ਕਰ ਰਿਹਾ ਹੈ, ਜੋ ਮਨੁੱਖਤਾ ਦੇ ਭਲੇ ਲਈ ਸਮਰਪਤ ਹੋਣਗੇ।ਉਨ੍ਹਾਂ 'ਸਾਰਥੀ' ਪਹਿਲ ਨੂੰ ਨੌਜਵਾਨਾਂ ਵਿੱਚ ਉਮੀਦ ਤੇ ਜ਼ਿੰਮੇਵਾਰੀ ਦੀ ਚਾਨਣੀ ਕਿਰਨ ਦੱਸਿਆ।ਉਨ੍ਹਾਂ ਕਿਹਾ ਕਿ ਪੀਜੀਆਈ ਦੀ ਦੂਰਦਰਸ਼ਤਾ ਤੇ ਐੱਨ ਐੱਸ ਐੱਸ ਵਲੰਟੀਅਰਾਂ ਦੀ ਲਗਨ ਨਾਲ ਇਹ ਯੋਜਨਾ 400 ਤੋਂ ਵੱਧ ਹਸਪਤਾਲਾਂ ਤੱਕ ਪਹੁੰਚੀ ਹੈ।ਉਨ੍ਹਾਂ ਕਿਹਾ ਕਿ ਯਕੀਨਨ ਇਹ ਪਹਲ ਸਿਹਤ ਖੇਤਰ ਵਿੱਚ ਕਈ ਰਾਜਾਂ ਵਿੱਚ ਨਵਾਂ ਯੁੱਗ ਲਿਆਉਣ ਦੀ ਸਮਰੱਥਾ ਰੱਖਦੀ ਹੈ।ਪੀਜੀਆਈ ਦੀ ਮਰੀਜ਼-ਕੇਂਦਰਤ ਪਹੁੰਚ ਦੀ ਤਾਰੀਫ਼ ਕਰਦਿਆਂ ਰਾਜਪਾਲ ਨੇ ਕਿਹਾ ਕਿ ਜਿੱਥੇ ਰੋਜ਼ਾਨਾ ਹਜ਼ਾਰਾਂ ਮਰੀਜ਼ ਆਉਂਦੇ ਹਨ, ਉੱਥੇ 'ਸਾਰਥੀ' ਪਹਿਲ ਇਕ ਮਾਰਗ ਦਰਸ਼ਕ ਦੀ ਤਰ੍ਹਾਂ ਕੰਮ ਕਰਦਾ ਹੈ। ਇਹ ਸੰਸਥਾ ਸਿਹਤ ਤੇ ਮੈਡੀਕਲ ਸਿੱਖਿਆ ਵਿੱਚ ਕੇਵਲ ਰਾਸ਼ਟਰੀ ਹੀ ਨਹੀਂ, ਸਗੋਂ ਅੰਤਰਰਾਸ਼ਟਰੀ ਪੱਧਰ 'ਤੇ ਮਾਨਤਾ ਪ੍ਰਾਪਤ ਕਰ ਚੁੱਕੀ ਹੈ।ਰਾਜਪਾਲ ਨੇ ਪੀਜੀਆਈ ਦੇ ਡਾਕਟਰਾਂ ਦੀ ਸੰਵੇਦਨਸ਼ੀਲਤਾ ਦੀ ਵੀ ਖ਼ੂਬ ਤਾਰੀਫ ਕਰਦਿਆਂ ਕਿਹਾ ਕਿ ਡਾਕਟਰ ਤਾਂ ਬਹੁਤ ਹਨ, ਪਰ ਪੀਜੀਆਈ ਦੇ ਡਾਕਟਰਾਂ ਦੇ ਵਿਵਹਾਰ ਵਿੱਚ ਜੋ ਹਮਦਰਦੀ ਹੁੰਦੀ ਹੈ, ਉਹੀ ਮਰੀਜ਼ ਦਾ ਅੱਧਾ ਦਰਦ ਦੂਰ ਕਰ ਦਿੰਦੀ ਹੈ। ਇਹੀ ਭਾਵਨਾਤਮਕ ਤਾਕਤ ਪੀਜੀਆਈ ਦੀ ਸੇਵਾ ਦੀ ਖਾਸੀਅਤ ਹੈ ਤੇ 'ਸਾਰਥੀ' ਉਸੇ ਜਜ਼ਬੇ ਦੀ ਤਸਦੀਕ ਕਰਦਾ ਹੈ।ਇਸ ਤੋਂ ਪਹਿਲਾਂ ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀਜੀਆਈ ਨੇ ਆਪਣੇ ਸਵਾਗਤੀ ਭਾਸ਼ਣ ਕਿਹਾ ਕਿ 'ਸਾਰਥੀ' ਸਿਰਫ ਮਦਦ ਹੀ ਨਹੀਂ ਕਰ ਰਿਹਾ, ਬਲਕਿ ਨੌਜਵਾਨਾਂ ਵਿੱਚ 'ਸੇਵਾ' ਦੇ ਅਸਲੀ ਜਜ਼ਬੇ ਨੂੰ ਜਗਾ ਰਿਹਾ ਹੈ।ਇਸ ਮੌਕੇ 'ਸਾਰਥੀ' 'ਤੇ ਇੱਕ ਦਿਲਚਸਪ ਡਾਕੂਮੈਂਟਰੀ ਵੀ ਦਿਖਾਈ ਗਈ, ਜਿਸ ਵਿੱਚ ਪ੍ਰੋਜੈਕਟ ਦੀ ਯਾਤਰਾ, ਪ੍ਰਾਪਤੀਆਂ ਤੇ ਪ੍ਰਭਾਵ ਨੂੰ ਦਰਸਾਇਆ ਗਿਆ।ਪੰਕਜ ਰਾਏ ਡਿਪਟੀ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਪੀਜੀਆਈ ਨੇ ਪ੍ਰੋਜੈਕਟ 'ਸਾਰਥੀ' ਦੀ ਰੂਪ-ਰੇਖਾ ਪੇਸ਼ ਕੀਤੀ ਤੇ ਦੱਸਿਆ ਕਿ ਇਹ ਇਕ ਛੋਟਾ ਵਿਚਾਰ ਹੁਣ 442 ਹਸਪਤਾਲਾਂ 'ਚ ਲਾਗੂ ਹੋ ਕੇ ਇੱਕ ਰਾਸ਼ਟਰੀ ਲਹਿਰ ਬਣ ਗਿਆ ਹੈ।ਮਾਨਸੀ ਸ਼ਰਮਾ ਐੱਨਐੱਸਐੱਸ ਵਲੰਟੀਅਰ ਵੱਲੋਂ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਹੋਰਾਂ ਦੀ ਮਦਦ ਕਰਦੇ ਕਰਦੇ ਅਸੀਂ ਖ਼ੁਦ ਵੀ ਵਿਕਸਤ ਹੋਏ ਹਾਂ, ਕਿਉਂਕਿ ਮਨੁੱਖਤਾ ਦੀ ਸੇਵਾ ਤੋਂ ਵੱਡਾ ਕੋਈ ਧਰਮ ਨਹੀਂ।ਪ੍ਰੋ. ਵਿਪਿਨ ਕੌਸ਼ਲ ਮੈਡੀਕਲ ਸੁਪਰਿੰਟੈਂਡੈਂਟ ਪੀਜੀਆਈ ਨੇ ਅੰਤ ਵਿੱਚ ਕਿਹਾ ਕਿ 'ਸਾਰਥੀ ਡੇ' ਦਾ ਇਹ ਉਦਘਾਟਨੀ ਸਮਾਗਮ ਸਾਬਿਤ ਕਰਦਾ ਹੈ ਕਿ ਨੌਜਵਾਨ ਆਧਾਰਤ ਬਦਲਾਅ ਤੇ ਭਾਈਚਾਰੇ ਦੀ ਭਾਗੀਦਾਰੀ ਸਿਹਤ ਪ੍ਰਚਾਰ ਤੇ ਸੇਵਾਦਾਰੀ ਵਿੱਚ ਕਿੰਨੇ ਪ੍ਰਭਾਵਸ਼ਾਲੀ ਹੋ ਸਕਦੇ ਹਨ।

# ਅਪ੍ਰੈਲ ਮਹੀਨੇ ਦੀ ਤਨਖਾਹ 'ਤੇ ਜ਼ੁਬਾਨੀ ਰੋਕ

**ਸਫਾਈ ਕਰਮਚਾਰੀਆਂ ਦਾ 3000 ਪ੍ਰਤੀ ਮਹੀਨਾ ਵੀ ਜਾਰੀ ਨਹੀਂ ਕਰ ਸਕੀ ਸਰਕਾਰ**

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਪਿਛਲੇ ਮਹੀਨੇ ਦੀ ਤਰ੍ਹਾਂ ਇਸ ਮਹੀਨੇ ਵੀ ਮੁਲਾਜ਼ਮਾਂ ਨੂੰ ਤਨਖਾਹ ਦੇਣ 'ਤੇ ਰੋਕ ਲਗਾ ਦਿੱਤੀ ਗਈ ਹੈ।ਸਰਕਾਰ ਦੇ ਇਨ੍ਹਾਂ ਨਾਦਰਸ਼ਾਹੀ ਹੁਕਮਾਂ ਖਿਲਾਫ ਪ੍ਰਤੀਕਰਮ ਦਿੰਦਿਆਂ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐੱਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦਾ ਪੈਸਾ ਸਿੱਖਿਆ ਕ੍ਰਾਂਤੀ ਦੇ ਨਾਂਅ ਹੇਠ ਅਜਾਈਂ ਗੁਆ ਰਹੀ ਹੈ। ਸਿੱਖਿਆ ਕ੍ਰਾਂਤੀ ਦੇ ਮੁੱਖ-ਵਾਹਕ ਹਰ ਮਹੀਨੇ ਤਨਖਾਹਾਂ ਲੈਣ ਲਈ ਜੱਦੋ-ਜਹਿਦ ਕਰਦੇ ਹਨ।

ਖਜ਼ਾਨਾ ਦਫਤਰਾਂ ਦੇ ਅਧਿਕਾਰੀਆਂ ਤੋਂ ਮਿਲੀ ਜਾਣਕਾਰੀ ਅਨੁਸਾਰ ਸਰਕਾਰ ਨੇ ਅਪ੍ਰੈਲ ਮਹੀਨੇ ਦੀ ਤਨਖਾਹ ਜਾਰੀ ਨਾ ਕਰਨ 'ਤੇ ਜ਼ੁਬਾਨੀ ਹੁਕਮ ਲਗਾਏ ਹੋਏ ਹਨ।ਵਰਨਣਯੋਗ ਹੈ ਕਿ ਕਈ ਜ਼ਿਲ੍ਹਿਆਂ ਵਿੱਚ ਕੁੱਝ ਸਕੂਲ ਅਧਿਆਪਕ ਤਾਂ ਫਰਵਰੀ ਤੇ ਮਾਰਚ ਮਹੀਨੇ ਦੀਆਂ ਤਨਖਾਹਾਂ ਤੋਂ ਵੀ ਵਾਂਝੇ ਹਨ।ਡੀ ਟੀ ਐੱਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉੱਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਸਰਕਾਰ ਦੀ ਇਸ ਅਖੌਤੀ ਸਿੱਖਿਆ ਕ੍ਰਾਂਤੀ ਦਾ ਵਿਰੋਧ ਕਰਦਿਆਂ ਮੰਗ ਕੀਤੀ ਕਿ ਸਰਕਾਰ ਆਪਣੇ ਮੁਲਾਜ਼ਮਾਂ ਨੂੰ ਸਮੇਂ ਸਿਰ ਤਨਖਾਹ ਜਾਰੀ ਕਰੇ।ਜੇਕਰ ਤਨਖਾਹਾਂ ਤੁਰੰਤ ਨਾ ਜਾਰੀ ਕੀਤੀਆਂ ਗਈਆਂ ਤਾਂ ਜਥੇਬੰਦੀ ਵੱਲੋਂ ਜਲਦੀ ਹੀ ਇਸ ਵਿਰੁੱਧ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਅਖੌਤੀ ਸਿੱਖਿਆ ਕ੍ਰਾਂਤੀ ਦੇ ਪ੍ਰਗਰਾਮਾਂ ਰਾਹੀਂ ਸਕੂਲਾਂ ਨੂੰ ਰਾਜਨੀਤੀ ਦਾ ਅਖਾੜਾ ਬਣਾਉਣਾ ਬੰਦ ਕਰੇ।ਅਖੌਤੀ ਸਿੱਖਿਆ ਕ੍ਰਾਂਤੀ ਦੇ ਪ੍ਰੋਗਰਾਮਾਂ ਦੇ ਦਬਾਅ ਤਹਿਤ ਸਕੂਲ ਮੁਖੀਆਂ ਤੇ ਅਧਿਆਪਕਾਂ ਤੋਂ ਕੁੱਝ ਊਣਤਾਈਆਂ ਰਹਿ ਜਾਂਦੀਆਂ ਹਨ, ਤਾਂ ਬਹਾਨਾ ਬਣਾ ਕੇ ਸਰਕਾਰ ਸਕੂਲ ਮੁਖੀਆਂ ਨੂੰ ਮੁਅੱਤਲ ਕਰ ਰਹੀ ਹੈ।ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਕਿਹਾ ਕਿ ਵਿਭਾਗ ਵੱਲੋਂ ਮੁਅਤਲ ਕੀਤੇ ਪੰਜਾਬੀ ਲੈਕਚਰਾਰ ਗੁਰਪ੍ਰਤਾਪ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਇੰਦਵਾਲ ਸਾਹਿਬ (ਤਰਨ ਤਾਰਨ) ਨੂੰ ਤੁਰੰਤ ਬਹਾਲ ਕਰੇ।ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ, ਨਵੀਨ ਬੋਹਾ, ਕੁਲਦੀਪ ਅੱਕਾਂ ਵਾਲੀ, ਅਮਰੀਕ ਬੋਹਾ, ਰਾਜ ਸਿੰਘ, ਨਵਜੋਸ਼ ਸਪੋਲੀਆ, ਸੰਦੀਪ ਧਰਮਪੁਰਾ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਰਾਜਿੰਦਰ ਸਿੰਘ ਐੱਚ ਟੀ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਮੱਘਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ, ਅਮਰਜੀਤ ਸਿੰਘ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਕਾਮਰੇਡ ਜਲਾਲਦੀਵਾਲ ਨੂੰ ਸਦਮਾ, ਭਾਣਜੇ ਦਾ ਦਿਹਾਂਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਜਲੰਧਰ ਦੇ ਟਰੱਸਟੀ ਤੇ ਉੱਘੇ ਕਮਿਊਨਿਸਟ ਆਗੂ ਕਾਮਰੇਡ ਸੁਰਿੰਦਰ ਸਿੰਘ ਜਲਾਲਦੀਵਾਲ ਨੂੰ ਉਸ ਸਮੇਂ ਭਾਰੀ ਸਦਮਾ ਪੁੱਜਾ, ਜਦੋਂ ਉਨ੍ਹਾ ਦੇ ਨੌਜਵਾਨ ਭਾਣਜੇ ਹਿਰਦੇਪਾਲ ਸਿੰਘ ਧਾਲੀਵਾਲ ਵਾਸੀ ਛੀਨੀਵਾਲ ਕਲਾਂ ਦੀ ਭਰ ਜੁਆਨੀ 'ਚ ਅਚਾਨਕ ਮੌਤ ਗਈ।

ਇਸ ਦੁਖਦਾਈ ਮੌਕੇ ਵੱਖ ਵੱਖ ਸਿਆਸੀ, ਧਾਰਮਿਕ, ਸਮਾਜਿਕ ਆਗੂਆਂ ਤੋਂ ਇਲਾਵਾ ਪ੍ਰੈੱਸ ਕਲੱਬ ਮਹਿਲ ਕਲਾਂ ਨੇ ਪੀੜਤ ਜਲਾਲਦੀਵਾਲ, ਛੀਨੀਵਾਲ ਕਲਾਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ।ਨੌਜਵਾਨ ਹਿਰਦੇਪਾਲ ਸਿੰਘ ਧਾਲੀਵਾਲ ਨਮਿੱਤ ਪਾਠ ਦਾ ਭੋਗ, ਅੰਤਿਮ ਅਰਦਾਸ 8 ਮਈ ਨੂੰ ਇਕ ਵਜੇ ਗੁਰਦੁਆਰਾ ਜੰਡਸਰ ਸਾਹਿਬ ਪਿੰਡ ਛੀਨੀਵਾਲ ਕਲਾਂ (ਬਰਨਾਲਾ) ਵਿਖੇ ਹੋਵੇਗੀ।

## ਨੌਜਵਾਨ ਤੋਂ ਖੋਹੀ ਨਕਦੀ ਤੇ ਮੋਬਾਈਲ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਅਮਲੋਹ ਨੇੜਲੀ ਇੱਕ ਵਿਦਿਅੱਕ ਸੰਸਥਾ 'ਚ ਪੜ੍ਹਦੇ ਵਿਦਿਆਰਥੀ ਤੋਂ ਨਕਦੀ ਅਤੇ ਮੋਬਾਈਲ ਫੋਨ ਆਦਿ ਸਮਾਨ ਖੋਹ ਲੈ ਜਾਣ ਦੇ ਮਾਮਲੇ 'ਚ ਅਮਲੋਹ ਪੁਲਸ ਵੱਲੋਂ 3 ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੰਕਜ ਲਡਵਾਲ ਵਾਸੀ ਰਚੋਂ ਮੰਡੀ (ਬਠਿੰਡਾ) ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਹ ਪਿੰਡ ਸੌਂਟੀ ਨੇੜਲੇ ਇੱਕ ਢਾਬੇ 'ਤੇ ਬੈਠਾ ਖਾਣਾ ਖਾ ਰਿਹਾ ਸੀ ਤਾਂ ਉਸ ਕੋਲ ਇੱਕ ਸਰਦਾਰ ਨੌਜਵਾਨ ਆਇਆ, ਜੋ ਉਸ ਨੂੰ ਕਹਿਣ ਲੱਗਾ ਕਿ ਉਨ੍ਹਾਂ ਕੋਲ ਪੀ ਜੀ ਵਾਲੇ ਕਮਰੇ ਖਾਲੀ ਹਨ। ਜੇਕਰ ਕਹੋ ਤਾਂ ਦਿਖਾ ਲਿਆਉਂਦਾ ਹਾਂ ।ਜਿਸ 'ਤੇ ਉਹ ਪੀ ਜੀ ਦੇਖਣ ਲਈ ਉਸਦੇ ਮੋਟਰਸਾਈਕਲ ਪਿੱਛੇ ਬੈਠ ਗਿਆ, ਜਿਸ ਨੇ ਇੱਕ ਸੁੰਨਸਾਨ ਜਗ੍ਹਾ 'ਤੇ ਲਿਜਾ ਕੇ ਮੋਟਰਸਾਈਕਲ ਰੋਕ ਲਿਆ, ਜਿੱਥੇ ਉਸ ਦੇ ਦੋ ਹੋਰ ਸਾਥੀ ਇੰਤਜ਼ਾਰ ਕਰ ਰਹੇ ਹਨ।ਜਿਨ੍ਹਾਂ ਨੇ ਪੰਕਜ ਦੀ ਕੁੱਟਮਾਰ ਕਰਦਿਆਂ, ਉਸ ਕੋਲੋਂ ਮੋਬਾਈਲ ਫੋਨ, ਪਰਸ ਜਿਸ ਵਿੱਚ 31,00 ਰੁਪਏ ਦੀ ਨਕਦੀ ਖੋਹ ਲਏ।


ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਕਤ ਵਿਅਕਤੀ ਉਸ ਦੇ ਏ ਟੀ ਐੱਮ ਕਾਰਡ ਰਾਹੀਂ 30,000 ਰੁਪਏ ਦੀ ਨਕਦੀ ਵੀ ਕਢਵਾ ਕੇ ਲੈ ਗਏ।ਪੰਕਜ ਦੇ ਬਿਆਨਾਂ 'ਤੇ ਦਰਜ ਕੀਤੇ ਗਏ ਮੁਕੱਦਮੇ 'ਚ ਦਿਲਪ੍ਰੀਤ ਸਿੰਘ, ਸਾਹਿਲਪ੍ਰੀਤ ਸਿੰਘ ਅਤੇ ਅਸ਼ੋਕ ਕੁਮਾਰ ਨੂੰ ਨਾਮਜ਼ਦ ਕਰਕੇ ਥਾਣਾ ਅਮਲੋਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਨਰਮੇ ਦੀ ਕਾਸ਼ਤ ਨੂੰ ਉਤਸ਼ਾਹਤ ਕਰਨ ਲਈ ਐਡਵਾਇਜ਼ਰੀ ਜਾਰੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਨਰਮੇ ਦੀ ਕਾਸ਼ਤ ਨੂੰ ਉਤਸ਼ਾਹਤ ਕਰਨ ਲਈ ਜਿੱਥੇ ਨਰਮੇ ਦੇ ਬੀਜਾਂ 'ਤੇ ਸਬਸਿਡੀ ਦਿੱਤੀ ਜਾ ਰਹੀ ਹੈ, ਉੱਥੇ ਹੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਅਬੋਹਰ ਸਥਿਤ ਖੇਤਰੀ ਫਾਰਮਰ ਸਲਾਹਕਾਰ ਸੇਵਾ ਵੱਲੋਂ ਕਿਸਾਨਾਂ ਲਈ ਇੱਕ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ।ਖੇਤੀ ਵਿਗਿਆਨੀ ਡਾ. ਜਗਦੀਸ਼ ਕੁਮਾਰ ਅਰੋੜਾ ਨੇ ਦੱਸਿਆ ਕਿ ਕਿਸਾਨ ਜੇਕਰ ਤਕਨੀਕੀ ਪੱਖਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਰਮੇ ਦੀ ਕਾਸ਼ਤ ਕਰਨ ਤਾਂ ਨਰਮੇ ਦੀ ਫਸਲ ਤੋਂ ਵਧੀਆ ਮੁਨਾਫਾ ਲਿਆ ਜਾ ਸਕਦਾ ਹੈ ।ਡਾ. ਜਗਦੀਸ਼ ਅਰੋੜਾ ਨੇ ਦੱਸਿਆ ਕਿ ਨਰਮੇ ਦੀਆਂ ਛਟੀਆਂ ਨੂੰ ਬਿਜਾਈ ਤੋਂ ਪਹਿਲਾਂ ਵਰਤ ਲਵੋ। ਖੇਤ ਨੂੰ ਡੂੰਘਾ ਵਾਹ ਕੇ ਤਿਆਰ ਕਰੋ ਤੇ ਨਹਿਰੀ ਪਾਣੀ ਨਾਲ ਭਰਵੀਂ ਰਾਉਣੀ ਕਰੋ।ਬੀਟੀ ਹਾਈਬ੍ਰਿਡ ਨਰਮੇ ਦੀਆਂ ਕੇਵਲ ਯੂਨੀਵਰਸਿਟੀ ਵੱਲੋਂ ਸਿਫਾਰਸ਼ ਕੀਤੀਆਂ ਕਿਸਮਾਂ ਦੀ ਹੀ ਬਿਜਾਈ ਕਰੋ।ਬਿਜਾਈ 15 ਮਈ ਤੋਂ ਪਹਿਲਾਂ ਨਿਬੇੜ ਲਵੋ।ਪ੍ਰਤੀ ਏਕੜ ਦੋ ਪੈਕਟ ਬੀਜ ਪਾਓ।ਮਿੱਟੀ ਪਰਖ ਦੇ ਆਧਾਰ 'ਤੇ ਡੀਏਪੀ ਅੱਧਾ ਗੱਟਾ, ਮਿਊਰਟ ਆਫ ਪੋਟਾਸ਼ 20 ਕਿਲੋ ਤੇ ਜ਼ਿੰਕ ਸਲਫੇਟ 21 ਫੀਸਦੀ 10 ਕਿਲੋ (ਜਾਂ 33 ਫੀਸਦੀ 6 ਕਿਲੋ) ਪ੍ਰਤੀ ਏਕੜ ਖਾਦਾਂ ਦੀ ਵਰਤੋਂ ਬਿਜਾਈ ਸਮੇਂ ਕਰੋ।ਬਿਜਾਈ ਸਵੇਰੇ 10 ਵਜੇ ਤੋਂ ਪਹਿਲਾਂ ਜਾਂ ਸ਼ਾਮ 4 ਵਜੇ ਤੋਂ ਬਾਅਦ ਕਰੋ।ਲਾਈਨ ਤੋਂ ਲਾਈਨ ਦੀ ਦੂਰੀ 2.25 ਫੁੱਟ ਤੇ ਪੌਦੇ ਤੋਂ ਪੌਦੇ ਦੀ ਦੂਰੀ 2.5 ਫੁੱਟ ਰੱਖੋ।ਨਦੀਨਾਂ ਦੀ ਰੋਕਥਾਮ ਲਈ ਸਟੌਪ 30 ਈਸੀ (ਪੈਂਡੀਮੈਥਾਈਲੀਨ) ਇਕ ਲੀਟਰ ਪ੍ਰਤੀ ਏਕੜ 200 ਲੀਟਰ ਪਾਣੀ ਦੇ ਹਿਸਾਬ ਨਾਲ ਬਿਜਾਈ ਦੇ ਤੁਰੰਤ ਬਾਅਦ ਸਪਰੇ ਕਰੋ।ਨਰਮੇ ਦੀ ਫਸਲ ਨੂੰ ਪਹਿਲਾ ਪਾਣੀ ਬਿਜਾਈ ਤੋਂ ਚਾਰ ਤੋਂ ਛੇ ਹਫਤਿਆਂ ਬਾਅਦ ਲਗਾਓ।ਯੂਰੀਆ ਦੀ ਪਹਿਲੀ ਖ਼ੁਰਾਕ 45 ਕਿਲੋ ਪਹਿਲੇ ਪਾਣੀ ਤੋਂ ਬਾਅਦ (ਬੂਟੇ ਵਿਰਲੇ ਕਰਨ ਸਮੇਂ) ਤੇ ਦੂਜੀ ਖ਼ੁਰਾਕ 45 ਕਿੱਲੋ ਫੁੱਲ ਡੋਡੀ ਪੈਣ 'ਤੇ ਦਿਓ। ਘੱਟ ਉਪਜਾਊ ਜ਼ਮੀਨਾਂ ਵਿੱਚ ਯੂਰੀਆ ਦੀ ਪਹਿਲੀ ਕਿਸ਼ਤ ਬਿਜਾਈ ਸਮੇਂ ਹੀ ਪਾ ਦਿਓ।ਪਹਿਲੇ 45 ਦਿਨ ਚਿੱਟੇ ਮੱਛਰ ਦੇ ਹਮਲੇ ਨੂੰ ਨਜਿੱਠਣ ਲਈ ਪਹਿਲੀ ਸਪਰੇ ਨਿੰਮ ਵਾਲੀ ਕੀਟਨਾਸ਼ਕ ਦੀ ਹੀ ਕਰੋ। ਜੇਕਰ ਕਿਸੇ ਕੀੜੇ ਜਾਂ ਬਿਮਾਰੀ ਦੇ ਲੱਛਣ ਆਉਣ ਤਾਂ ਪੰਜਾਬ ਖੇਤਬਾੜੀ ਯੂਨੀਵਰਸਿਟੀ ਦੇ ਫਾਰਮਰ ਸਲਾਹਕਾਰ ਕੇਂਦਰ ਅਬੋਹਰ ਜਾਂ ਖੇਤੀਬਾੜੀ ਵਿਭਾਗ ਨਾਲ ਸੰਪਰਕ ਕਰੋ।

# ਇੰਡਿਕ ਆਰਟਸ ਵੈੱਲਫੇਅਰ ਕੌਂਸਲ ਵੱਲੋਂ ਗੀਤਕਾਰ ਭੱਟੀ ਭੜੀਵਾਲਾ ਕੌਮੀ ਸਲਾਹਕਾਰ ਨਿਯੁਕਤ

**ਭੱਟੀ ਭੜੀ ਵਾਲਾ 'ਕਲਾ ਜੀਵਨ ਯੋਜਨਾ' 'ਚ ਅਹਿਮ ਭੂਮਿਕਾ ਨਿਭਾਉਣਗੇ : ਪ੍ਰੋ. ਭੋਲਾ ਯਮਲਾ**



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਭਾਰਤ ਸਰਕਾਰ ਅਧੀਨ ਦੇਸ਼ ਦੀ ਪ੍ਰਮੁੱਖ ਕਲਾ ਭਲਾਈ ਸੰਸਥਾ ਇੰਡਿਕ ਆਰਟਸ ਵੈੱਲਫੇਅਰ ਕੌਂਸਲ ਵੱਲੋਂ ਮਹੱਤਵਪੂਰਨ ਨਿਯੁਕਤੀਆਂ ਦਾ ਐਲਾਨ ਕਰਦਿਆਂ ਪ੍ਰਸਿੱਧ ਗੀਤਕਾਰ, ਪੇਸ਼ਕਾਰ ਨਿਰਦੇਸ਼ਕ ਤੇ ਨਿਰਮਾਤਾ ਭੱਟੀ ਭੜੀਵਾਲਾ ਨੂੰ ਮੁੱਖ ਕੌਮੀ ਸਲਾਹਕਾਰ ਵਜੋਂ ਨਿਯੁਕਤ ਕੀਤਾ ਗਿਆ ਹੈ, ਭੱਟੀ ਭੜੀਵਾਲਾ ਨੇ ਆਪਣੇ ਅਨੇਕਾਂ ਗੀਤਾਂ ਰਾਹੀਂ ਸੰਗੀਤਕ ਜਗਤ ਵਿੱਚ ਖਾਸ ਪਛਾਣ ਬਣਾਈ ਹੈ।ਜ਼ਿਕਰਯੋਗ ਹੈ ਕਿ ਭੱਟੀ ਭੜੀਵਾਲਾ ਨੇ 1000 ਤੋਂ ਉੱਪਰ ਗੀਤ ਲਿਖੇ ਹਨ, ਜਿਨ੍ਹਾਂ ਨੂੰ 119 ਸੰਸਾਰ ਪ੍ਰਸਿੱਧ ਪੰਜਾਬੀ ਗਾਇਕ/ਗਾਇਕਾਵਾਂ ਨੇ ਆਪਣੀ ਆਵਾਜ਼ ਦੇ ਕੇ ਮਾਣ ਖੱਟਿਆ, ਭੱਟੀ ਭੜੀਵਾਲਾ ਦੇ ਲਿਖੇ ਗੀਤ ਕਲੀਆ ਦੇ ਬਾਦਸ਼ਾਹ ਕੁਲਦੀਪ ਮਾਣਕ, ਸੁਰਿੰਦਰ ਛਿੰਦਾ, ਹੰਸ ਰਾਜ ਹੰਸ, ਜਸਬੀਰ ਜੱਸੀ, ਦੁਰਗਾ ਰੰਗੀਲਾ, ਜਸਪਿੰਦਰ ਨਰੂਲਾ, ਅਮਰ ਨੂਰੀ, ਕਮਲਜੀਤ ਨੀਰੂ, ਬਈ ਹਰਦੀਪ, ਰਣਜੀਤ ਮਣੀ, ਗੁਰਲੇਜ਼ ਅਖਤਰ, ਮੰਨਤ ਨੂਰ, ਮਾਸਟਰ ਸਲੀਮ, ਬਿੱਲ ਸਿੰਘ, ਮਨਿੰਦਰ ਮੰਗਾ, ਜੀਤ ਜਗਜੀਤ, ਗੁਰਮੇਜਰ,ਇੰਦਰ ਸਹਿਜ਼ਾਦ ਤੋਂ ਇਲਾਵਾ ਹੋਰ ਸੈਂਕੜੇ ਗਾਇਕਾ ਨੇ ਗਾਏ ਹਨ। ਸੱਭਿਆਚਾਰਕ, ਸਮਾਜਿਕ ਤੇ ਪਰਿਵਾਰਕ ਗੀਤਾਂ ਵਿੱਚ ਭੱਟੀ ਭੜੀਵਾਲਾ ਦੇ ਨਾਮ ਦੀ ਤੂਤੀ ਬੋਲਦੀ ਹੈ। ਭੱਟੀ ਭੜੀਵਾਲਾ ਨੇ ਸਦਾ ਹੀ ਨਸ਼ਿਆਂ, ਹਥਿਆਰਾਂ ਤੇ ਮਾਰੂ ਗੀਤਾਂ ਦੇ ਖਿਲਾਫ਼ ਆਵਾਜ਼ ਬੁਲੰਦ ਕੀਤੀ ਹੈ। 'ਮੇਲਾ ਗੀਤਕਾਰਾਂ ਦਾ' ਉਸ ਦੀ ਚੰਗੀ, ਉਸਾਰੂ ਤੇ ਲੋਕ ਭਲਾਈ ਸੋਚ ਦਾ ਪ੍ਰਤੱਖ ਪ੍ਰਮਾਣ ਹੈ। ਭੱਟੀ ਭੜੀਵਾਲਾ ਇੱਕ ਚੰਗਾ ਪੜ੍ਹਿਆ ਲਿਖਿਆ ਤੇ ਸੂਝਵਾਨ ਗੀਤਕਾਰ ਹੈ। ਉਸ ਨੇ ਪੰਜਾਬੀ ਵਿੱਚ ਗਿਆਨੀ ਅਤੇ ਮਾਸਟਰ ਡਿਗਰੀ ਹਾਸਲ ਕੀਤੀ ਹੈ। ਉਨ੍ਹਾਂ ਦੀ ਅਗਵਾਈ ਹੇਠ ਸਾਹਿਤ ਤੇ ਭਾਸ਼ਾ ਸੈੱਲ, ਕਲਾ ਤੇ ਸੱਭਿਆਚਾਰ ਸੈੱਲ ਦਾ ਗਠਨ ਕੀਤਾ ਜਾਵੇਗਾ।ਭੱਟੀ ਭੜੀਵਾਲਾ ਕੌਂਸਲ ਦੀ ਕਲਾ ਜੀਵਨ ਯੋਜਨਾ ਵਿੱਚ ਵੀ ਅਪਣਾ ਅਹਿਮ ਭੂਮਿਕਾ ਨਿਭਾਉਣਗੇ।ਇੰਡਿਕ ਆਰਟਸ ਵੈੱਲਫੇਅਰ ਕੌਂਸਲ ਦੇ ਚੇਅਰਮੈਨ ਪ੍ਰੋ. ਭੋਲਾ ਯਮਲਾ ਨੇ ਭੱਟੀ ਭੜੀਵਾਲਾ ਨੂੰ ਨਵੀਂ ਅਹਿਮ ਜ਼ਿੰਮੇਵਾਰੀ ਲਈ ਵਧਾਈ ਦਿੰਦੇ ਹੋਏ ਕਿਹਾ ਕਿ ਭੱਟੀ ਭੜੀਵਾਲਾ ਵਰਗੇ ਤਜਰਬੇਕਾਰ ਤੇ ਰਚਨਾਤਮਕ ਵਿਅਕਤੀਆਂ ਦਾ ਸਾਡੇ ਨਾਲ ਜੁੜਨਾ ਸਨਮਾਨ ਗੱਲ ਹੈ।ਉਨ੍ਹਾਂ ਦੀ ਅਗਵਾਈ ਹੇਠ ਕੌਂਸਲ ਨਵੀਂ ਰਫ਼ਤਾਰ ਤੇ ਰਾਸ਼ਟਰੀ ਪਛਾਣ ਹਾਸਲ ਕਰੇਗੀ। ਕੌਂਸਲ ਦੇ ਸਾਰੀ ਟੀਮ ਨੇ ਭੱਟੀ ਨੂੰ ਮੁਬਾਰਕਬਾਦ ਦਿੱਤੀ ਤੇ ਵਿਸ਼ਵਾਸ ਜਤਾਇਆ ਕਿ ਉਨ੍ਹਾਂ ਦੀ ਅਗਵਾਈ ਹੇਠ ਕੌਂਸਲ ਕਲਾ, ਸੱਭਿਆਚਾਰ ਤੇ ਭਾਸ਼ਾਈ ਵਿਰਾਸਤ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰੇਗੀ।

## ਸ਼ੰਭੂ ਥਾਣੇ ਦੇ ਘਿਰਾਓ ਦੇ ਮੱਦੇਨਜ਼ਰ ਕਈ ਕਿਸਾਨ ਆਗੂ ਹਿਰਾਸਤ 'ਚ ਲਏ

**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਕਿਸਾਨਾਂ ਵੱਲੋਂ ਸ਼ੰਭੂ ਥਾਣੇ ਦੇ ਘਿਰਾਓ ਦੀ ਯੋਜਨਾ ਦੇ ਮੱਦੇਨਜ਼ਰ ਪੁਲਸ ਨੇ ਕਈ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ।ਮੰਗਲਵਾਰ ਸਵੇਰੇ 4 ਵਜੇ ਪੁਲਸ ਨੇ ਸਮਰਾਲਾ ਥਾਣਾ ਖੇਤਰ ਅਧੀਨ ਆਉਂਦੇ ਘੁਲਾਲ, ਲਾਲ ਕਲਾਂ ਤੇ ਖਿਰਨੀਆਂ ਪਿੰਡਾਂ ਵਿੱਚ ਛਾਪਾ ਮਾਰਿਆ।ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਦੇ ਬਲਾਕ ਪ੍ਰਧਾਨ ਸਵਰਨਜੀਤ ਸਿੰਘ ਘੁਲਾਲ, ਜਸਵੰਤ ਸਿੰਘ ਗਿੱਲ ਤੇ ਬਲਵੀਰ ਸਿੰਘ ਖਿਰਨੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਗੁਰਜੀਤ ਸਿੰਘ ਤੇ ਗੁਰਚਰਨ ਸਿੰਘ ਨੂੰ ਵੀ ਦੋਰਾਹਾ ਬਲਾਕ ਤੋਂ ਗ੍ਰਿਫ਼ਤਾਰ ਕੀਤਾ ਗਿਆ।ਪੁਲਸ ਨੇ ਕਈ ਹੋਰ ਕਿਸਾਨ ਆਗੂਆਂ ਨੂੰ ਘਰ ਵਿੱਚ ਨਜ਼ਰਬੰਦ ਕਰ ਦਿੱਤਾ ਹੈ।ਇਨ੍ਹਾਂ ਵਿੱਚ ਸੁਪਿੰਦਰ ਸਿੰਘ ਬੱਗਾ, ਗੁਰਿੰਦਰ ਸਿੰਘ, ਅਮਰੀਕ ਸਿੰਘ ਸੁਧਾਰ ਤੇ ਜਗਰੂਪ ਸਿੰਘ ਰਾਏਕੋਟ ਸ਼ਾਮਲ ਹਨ।ਕਿਸਾਨ ਆਗੂ ਸਤਨਾਮ ਸਿੰਘ, ਬੂਟਾ ਸਿੰਘ ਸ਼ਾਦੀਪੁਰ, ਮੋਹਣੀ ਭਾਂਖ਼ਰ ਤੋਂ ਇਲਾਵਾ ਦਰਜ਼ਨਾਂ ਕਿਸਾਨ ਆਗਆਂ ਨੂੰ ਪਟਿਆਲਾ ਪੁਲਸ ਵੱਲੋਂ ਹਿਰਾਸਤ ਵਿੱਚ ਲਏ ਜਾਣ ਦੀ ਖ਼ਬਰ ਹੈ।

## ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਨ ਮਨਾਇਆ

**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਨ ਮਨਾਇਆ ਗਿਆ।5 ਮਈ 1723 ਨੂੰ ਗਿਆਨੀ ਭਗਵਾਨ ਸਿੰਘ ਦੇ ਘਰ ਜੱਸਾ ਸਿੰਘ ਰਾਮਗੜ੍ਹੀਆਂ ਨੇ ਜਨਮ ਲਿਆ।ਉਨ੍ਹਾਂ ਦੇ ਦਾਦਾ ਹਰਦਾਸ ਸਿੰਘ ਲਾਹੌਰ ਜ਼ਿਲ੍ਹੇ ਦੇ ਪਿੰਡ ਸੁਰ ਸਿੰਘ ਤੋਂ ਸਨ ਤੇ ਉਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਤੋਂ ਅੰਮ੍ਰਿਤ ਛਕ ਕੇ ਸਿੰਘ ਸਜੇ ਤੇ ਉਨ੍ਹਾਂ ਨੇ ਗੁਰੂ ਜੀ ਦੀਆਂ ਸੰਖਿਆਵਾਂ ਨੂੰ ਪਿੰਡ-ਪਿੰਡ ਪਹੁੰਚਾਇਆ।ਆਪ ਦੇ ਦਾਦਾ ਜੀ ਬਾਬਾ ਬੰਦਾ ਸਿੰਘ ਬਹਾਦਰ ਦੀ ਫੌਜ 'ਚ ਦਾਖਲ ਹੋਏ ਤੇ ਮੁਗਲ ਫੌਜਾਂ ਨਾਲ ਲੜਾਈ ਲੜੀ ਤੇ 1716 ਵਿੱਚ ਸ਼ਹੀਦੀ ਪ੍ਰਾਪਤ ਹੋਈ।ਹਰਦਾਸ ਸਿੰਘ ਦੀ ਮੌਤ ਤੋਂ ਬਾਅਦ ਭਗਵਾਨ ਸਿੰਘ ਘਰ ਦੇ ਮੋਢੀ ਬਣੇ, ਪਿਤਾ ਦੀ ਮੌਤ ਤੋਂ ਬਾਅਦ ਜੱਸਾ ਸਿੰਘ ਰਾਮਗੜ੍ਹੀਆ ਘਰ ਦੇ ਮੁਖੀ ਬਣੇ।ਪਿਤਾ ਦੀ ਮੌਤ ਤੋਂ ਬਾਅਦ ਜੱਸਾ ਸਿੰਘ ਰਾਮਗੜ੍ਹੀਆ ਮਿਸਲ ਦੇ ਮੁਖੀ ਬਣੇ। ਜੱਸਾ ਸਿੰਘ ਨੂੰ ਬਚਪਨ ਵਿੱਚ ਹੀ ਪਿਓ, ਦਾਦੇ ਤੋਂ ਹਥਿਆਰ ਬਣਾਉਣੇ ਤੇ ਚਲਾਉਣੇ ਗੁੜਤੀ ਵਿੱਚ ਮਿਲੇ ਸਨ।ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਸਿੱਖ ਇਤਿਹਾਸ ਵਿੱਚ ਬਹੁਤ ਵੱਡੇ ਸਿੱਖ ਯੋਧੇ ਵੱਲੋਂ ਜਾਣੇ ਜਾਂਦੇ ਹਨ।

# ਗੁ: ਘੋੜਿਆਂਵਾਲਾ ਸਾਹਿਬ ਨਾਭਾ ਵਿਖੇ ਸੁੰਦਰ ਪਾਲਕੀ ਸਾਹਿਬ ਭੇਟ



**ਨਾਭਾ (ਵਰਿੰਦਰ ਵਰਮਾ)**-ਰਿਆਸਤੀ ਸ਼ਹਿਰ ਨਾਭਾ ਵਿਖੇ ਸੁਸ਼ੋਭਿਤ ਦਸਮੇਸ਼ਪਿਤਾ ਗੁਰੂ ਕਲਗੀਧਰ ਪਾਤਸ਼ਾਹ ਜੀ ਦੇ ਨਗਾਰਚੀ ਬਾਬਾ ਅਜਾਪਾਲ ਸਿੰਘ ਜੀ ਦੇ ਪਾਵਨ ਤੱਪ ਸਥਾਨ ਗੁਰਦੁਆਰਾ ਘੋੜਿਆਂ ਵਾਲਾ ਸਾਹਿਬ ਨਾਭਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਨੂੰ ਦੇਖਦੇ ਹੋਏ ਸਮੁੱਚੀਆਂ ਸੰਗਤਾਂ ਦੇ ਸਾਂਝੇ ਸਹਿਯੋਗ ਸਦਕਾ ਸ਼ਬਦ ਚੌਕੀ ਜਥਾ ਤੇ ਮਾਤਾ ਸਾਹਿਬ ਕੌਰ ਸੇਵਾ ਸੋਸਾਇਟੀ ਦੇ ਉੱਦਮ ਸਦਕਾ ਗੁਰੂ ਘਰ ਲਈ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਇੱਕ ਸੁੰਦਰ ਪਾਲਕੀ ਸਾਹਿਬ ਭੇਟ ਕੀਤੀ ਗਈ। ਪਾਲਕੀ ਸਾਹਿਬ ਵਾਲੀ ਗੱਡੀ ਗੁਰੂ ਘਰ ਵਿਖੇ ਪਹੁੰਚਣ 'ਤੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਸੰਗਤਾਂ ਦੁਆਰਾ ਪੂਰੇ ਖਾਲਸਾਈ ਜਾਹੋ ਜਲਾਲ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਾਵਨ ਸਰੂਪ ਪਾਲਕੀ ਸਾਹਿਬ ਵਿਖੇ ਸੁਭਾਇਮਾਨ ਕੀਤੇ ਗਏ।ਇਸ ਮੌਕੇ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਨਾਭਾ ਪ੍ਰਧਾਨ ਜਸਪਾਲ ਜੁਨੇਜਾ, ਮਾਨਇੰਦਰ ਸਿੰਘ ਮਾਨੀ, ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੰਗਤਾਂ ਵੱਲੋਂ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ, ਕਿਉਂਕਿ ਆਮ ਤੌਰ 'ਤੇ ਸੰਗਤਾਂ ਵਿੱਚ ਦੇਖਿਆ ਜਾਂਦਾ ਸੀ ਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਆਪੋ ਆਪਣੇ ਘਰਾਂ ਜਾਂ ਕਿਸੇ ਹੋਰ ਸਥਾਨ 'ਤੇ ਲੈ ਕੇ ਜਾਣ ਮੌਕੇ ਗੁਰੂ ਸਾਹਿਬ ਦੇ ਸਤਿਕਾਰ ਵਿੱਚ ਬਹੁਤ ਸਾਰੀਆਂ ਊਣਤਾਈਆਂ ਰਹਿ ਜਾਂਦੀਆਂ ਸਨ, ਪ੍ਰੰਤੂ ਗੁਰੂ ਸਾਹਿਬ ਨੇ ਕਿਰਪਾ ਕਰਕੇ ਸੰਗਤਾਂ ਪਾਸੋਂ ਆਪਣੀ ਸੇਵਾ ਕਰਵਾ ਲਈ ਹੈ। ਇਹ ਪਾਲਕੀ ਸਾਹਿਬ ਸੰਗਤਾਂ ਗੁਰੂ ਸਾਹਿਬ ਦੇ ਸਰੂਪ ਲਿਜਾਣ ਮੌਕੇ ਜਾਂ ਵਾਪਸ ਲੈ ਕੇ ਆਉਣ ਮੌਕੇ ਪ੍ਰਬੰਧਕਾਂ ਨੂੰ ਨੋਟ ਕਰਵਾ ਕੇ ਲੈ ਕੇ ਜਾ ਸਕਦੀਆਂ। ਇਸ ਮੌਕੇ ਸੰਗਤਾਂ ਵੱਲੋਂ ਪਾਲਕੀ ਸਾਹਿਬ ਵਾਲੀ ਗੱਡੀ ਦੀਆਂ ਚਾਬੀਆਂ ਭਾਈ ਬਹਾਦਰ ਸਿੰਘ, ਭਾਈ ਹਰਜਿੰਦਰ ਸਿੰਘ ਮੱਲੇਵਾਲ, ਪ੍ਰਿਤਪਾਲ ਸਿੰਘ ਤੇ ਹਰਜੀਤ ਸਿੰਘ ਨੂੰ ਗੁਰੂ ਕੀ ਹਜ਼ੂਰੀ ਵਿੱਚ ਸੌਂਪੀਆਂ ਗਈਆਂ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬੀਬੀ ਹਰਦੀਪ ਕੌਰ ਖੋਖ ਦੇ ਪਤੀ ਜਥੇਦਾਰ ਬਲਤੇਜ ਸਿੰਘ ਖੋਖ ਨੇ ਇਸ ਸੇਵਾ ਵਿੱਚ ਸਹਿਯੋਗ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਦੌਰਾਨ ਰਣਜੀਤ ਗਤਕਾ ਅਖਾੜਾ ਬੁੱਢਾ ਦਲ ਨਾਭਾ ਦੀ ਟੀਮ ਦਾ ਵੱਡਾ ਸਹਿਯੋਗ ਰਿਹਾ।ਇਸ ਮੌਕੇ ਰਾਈਸ ਮਿਲਜ਼ ਐਸੋਸੀਏਸ਼ਨ ਪ੍ਰਧਾਨ ਲੱਕੀ, ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵਿੰਦਰ ਸਿੰਘ ਪਟਿਆਲਾ, ਬਾਬਾ ਹਰਵਿੰਦਰ ਸਿੰਘ ਵਿੱਕੀ ਮੁੱਖ ਸੇਵਾਦਾਰ ਸ਼ਬਦ ਚੌਕੀ ਜਥਾ, ਰਵਿੰਦਰ ਸਿੰਘ ਸਿਮਰਨ, ਸੁਰਜੀਤ ਸਿੰਘ ਭਾਈ ਬਹਾਦਰ ਸਿੰਘ ਹੈੱਡ ਗ੍ਰੰਥੀ, ਭਾਈ ਹਰਜਿੰਦਰ ਸਿੰਘ ਮੱਲੇਵਾਲ, ਗਮਦੂਰ ਸਿੰਘ ਨੌਹਰਾ, ਕਰਨੈਲ ਸਿੰਘ, ਹਰਪ੍ਰੀਤ ਸਿੰਘ ਰੂਬਲ, ਕੈਪਟਨ ਹਰਪ੍ਰੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਗਾਰਡਨ ਵੈਲੀ ਸਕੂਲ 'ਚ ਓਰੀਐਂਟੇਸ਼ਨ ਪ੍ਰੋਗਰਾਮ



**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਕੁਹਾੜਾ ਰੋਡ 'ਤੇ ਸਥਿਤ ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਵੱਲੋਂ ਮਾਪਿਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ 'ਆਪ ਕੇ ਮਨ ਕੀ ਆਵਾਜ਼' ਥੀਮ ਹੇਠ ਕਰਵਾਇਆ ਗਿਆ। ਪ੍ਰੋਗਰਾਮ ਦਾ ਉਦੇਸ਼ ਮਾਪਿਆਂ ਨੂੰ ਸਕੂਲ ਦੇ ਕਾਰਜਾਂ, ਅਕਾਦਮਿਕ ਵਿਜ਼ਨ ਤੇ ਵਿਦਿਆਰਥੀ ਕੇਂਦਰਤ ਪਹੁੰਚ ਬਾਰੇ ਜਾਣੂ ਕਰਵਾਉਣਾ ਸੀ। ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਵੱਲੋਂ ਸਵਾਗਤੀ ਸ਼ਬਦਾਂ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਹੋਈ। ਉਨ੍ਹਾਂ ਕਿਹਾ ਕਿ ਸਾਡਾ ਵਿਸ਼ਵਾਸ ਹੈ ਕਿ ਹਰ ਵਿਦਿਆਰਥੀ ਤੇ ਮਾਪੇ ਦੀ ਆਵਾਜ਼ ਮਹੱਤਵਪੂਰਨ ਹੈ ਅਤੇ 'ਆਪ ਕੇ ਮਨ ਕੀ ਆਵਾਜ਼' ਸਾਡੇ ਸਕੂਲ ਦੀ ਇਸ ਨੀਤੀ ਨੂੰ ਦਰਸਾਉਂਦਾ ਹੈ ਕਿ ਅਸੀਂ ਹਰ ਕਿਸੇ ਦੀ ਸੁਣਵਾਈ ਤੇ ਭਾਗੀਦਾਰੀ ਨੂੰ ਪਹਿਲ ਦਿੰਦੇ ਹਾਂ। ਪ੍ਰੋਗਰਾਮ ਦੌਰਾਨ ਅਧਿਆਪਕਾਂ ਨੂੰ ਜਾਣੂ ਕਰਵਾਇਆ ਤੇ ਸਕੂਲ ਦੇ ਅਕਾਦਮਿਕ ਅਤੇ ਕੋ-ਕਰਿਕੂਲਰ ਕਾਰਜਾਂ ਬਾਰੇ ਜਾਣਕਾਰੀ ਦਿੱਤੀ ਗਈ। ਇੱਕ ਮਾਪੇ ਵੱਲੋਂ ਰਾਜੇਸ਼ ਵਰਮਾ ਨੇ ਕਿਹਾ ਕਿ ਇਹ ਵੇਖ ਕੇ ਬਹੁਤ ਚੰਗਾ ਲੱਗਿਆ ਕਿ ਸਕੂਲ ਸ਼ੁਰੂ ਤੋਂ ਹੀ ਮਾਪਿਆਂ ਨਾਲ ਖੁੱਲ੍ਹੇ ਦਿਲ ਨਾਲ ਗੱਲਬਾਤ ਕਰਨ 'ਤੇ ਭਰੋਸੇ ਦੀ ਨੀਂਹ ਰੱਖ ਰਿਹਾ ਹੈ। ਅਖੀਰ ਵਿੱਚ ਮਾਪਿਆਂ ਲਈ ਇੰਟਰਐਕਟਿਵ ਸੈਸ਼ਨ ਰੱਖਿਆ ਗਿਆ, ਜਿਸ ਵਿੱਚ ਉਨ੍ਹਾਂ ਨੇ ਆਪਣੇ ਸੁਝਾਅ ਤੇ ਪ੍ਰਸ਼ਨ ਰੱਖੇ।

## ਹਿੰਦੂ ਧਰਮ 'ਚ ਲੋੜਵੰਦ ਔਰਤਾਂ ਦੀ ਸਹਾਇਤਾ ਕਰਨਾ ਸਭ ਤੋਂ ਉੱਤਮ ਮੰਨਿਆ ਜਾਂਦੈ : ਡਾ. ਸੀਮਾਂਤ ਗਰਗ

*ਸੋਨੀ ਮੰਗਲਾ ਨੇ 31 ਔਰਤਾਂ ਨੂੰ ਰਾਸ਼ਨ ਕਿੱਟਾਂ ਦੇ ਕੇ ਰਾਸ਼ਨ ਵੰਡਣ ਦੀ ਮੁੜ ਕੀਤੀ ਸ਼ੁਰੂਆਤ*



**ਮੋਗਾ (ਇਕਬਾਲ ਸਿੰਘ ਖਹਿਰਾ)**-ਹਿੰਦੂ ਧਰਮ ਵਿੱਚ ਲੋੜਵੰਦ ਔਰਤਾਂ ਦੀ ਸਹਾਇਤਾ ਕਰਨਾ ਸਭ ਤੋਂ ਉੱਤਮ ਪੁੰਨ ਮੰਨਿਆ ਜਾਂਦਾ ਹੈ, ਜੋ ਕਿ ਸਾਡੇ ਹਿੰਦੂ ਧਰਮ ਵਿੱਚ ਸਦੀਆਂ ਤੋਂ ਸਾਡੇ ਗੁਰੂਆਂ, ਪੀਰਾਂ, ਪੈਗੰਬਰਾਂ ਵੱਲੋਂ ਚਲਾਇਆ ਜਾ ਰਿਹਾ ਹੈ ਅਤੇ ਦੁਨੀਆ 'ਚ ਹੁਣ ਤੱਕ ਜਾਰੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਜ਼ਿਲ੍ਹਾ ਦਫ਼ਤਰ ਵਿਖੇ ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਸੋਨੀ ਮੰਗਲਾ ਨੇ 31 ਔਰਤਾਂ ਨੂੰ ਰਾਸ਼ਨ ਕਿੱਟਾਂ ਦੇ ਕੇ ਰਾਸ਼ਨ ਵੰਡਣ ਦੀ ਮੁੜ ਤੋਂ ਸ਼ੁਰੂਆਤ ਕਰਨ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕੀਤਾ। ਇਸ ਮੌਕੇ ਉਮਾਕਾਂਤ, ਸ਼ਸ਼ੀਕਾਂਤ, ਪ੍ਰਵਾਸੀ ਸੈੱਲ ਦੇ ਰਵਿੰਦਰ ਗਰੋਵਰ, ਕੋਟ ਈਸੇ ਖਾਂ ਮੰਡਲ, ਸੁਸ਼ੀਲ ਕੁਮਾਰ, ਜਤਿੰਦਰ ਚੱਢਾ, ਹੇਮੰਤ ਸੂਦ, ਗੋਲਡੀ ਕੌਰ, ਸੁੱਖਾ ਸਿੰਘ, ਮਹਿਕ ਕੁਮਾਰੀ, ਵੀਰਪਾਲ ਕੌਰ, ਸੁਕੇਸ਼ ਸੂਦ ਤੋਂ ਇਲਾਵਾ ਵਾਰਡ ਨੰ: 38 ਦੀਆਂ ਲੋੜਵੰਦ ਤੇ ਗਰੀਬ ਔਰਤਾਂ ਹਾਜ਼ਰ ਸਨ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕਿਹਾ ਕਿ ਸਨਾਤਨ ਧਰਮ ਵਿੱਚ ਗਰੀਬਾਂ ਦੀ ਸੇਵਾ ਕਰਨ ਦਾ ਫਲ ਬਹੁਤ ਵਧੀਆ ਹੈ ਤੇ ਸਮਾਜ ਵਿੱਚ ਅਸੀਂ ਗਰੀਬਾਂ ਤੇ ਲੋੜਵੰਦਾਂ ਲਈ ਲੰਗਰ ਲਗਾ ਕੇ, ਰਾਸ਼ਨ ਵੰਡ ਕੇ, ਉਨ੍ਹਾਂ ਦੀ ਆਰਥਿਕ ਮਦਦ ਕਰਕੇ ਤੇ ਗਰੀਬਾਂ ਦੇ ਬੱਚਿਆਂ ਦੀ ਪੜ੍ਹਾਈ ਪੂਰੀ ਕਰਨ ਵਿੱਚ ਮਦਦ ਕਰਕੇ ਪੁੰਨ ਦਾ ਹਿੱਸਾ ਬਣ ਸਕਦੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਹਮੇਸ਼ਾ ਗਰੀਬਾਂ ਤੇ ਲੋੜਵੰਦਾਂ ਦੀ ਸੇਵਾ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣਾ ਚਾਹੀਦਾ ਹੈ। ਇਸ ਮੌਕੇ ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਸੋਨੀ ਮੰਗਲਾ ਨੇ ਕਿਹਾ ਕਿ ਵਾਰਡ ਨੰਬਰ 38 ਦੇ ਲੋਕਾਂ ਨਾਲ ਉਨ੍ਹਾਂ ਦਾ ਪੁਰਾਣਾ ਰਿਸ਼ਤਾ ਹੈ ਤੇ ਉਹ ਉਸ ਰਿਸ਼ਤੇ ਨੂੰ ਅੱਗੇ ਵਧਾ ਰਹੇ ਹਨ ਤੇ ਆਪਣੇ ਵਾਰਡ ਦੇ ਲੋਕਾਂ ਦੀ ਮਦਦ ਕਰ ਰਹੇ ਹਨ।

## ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 321ਵਾਂ ਰੈਗੂਲਰ ਖ਼ੂਨਦਾਨ ਕੈਂਪ

**ਹਰ ਨੌਜਵਾਨ ਨੂੰ ਖ਼ੂਨਦਾਨ ਕਰਨਾ ਚਾਹੀਦਾ : ਨਾਹਰ ਸਿੰਘ**



**ਪਟਿਆਲਾ (ਥਿੰਦ)**-ਮਨੁੱਖਤਾ ਦੇ ਭਲੇ ਲਈ ਯੂਨੀਵਰਸਲ ਵੈੱਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿੱਚ 321ਵਾਂ ਰੈਗੂਲਰ ਖ਼ੂਨਦਾਨ ਕੈਂਪ ਸੁਖਦੀਪ ਸਿੰਘ ਸੋਹਲ ਕੈਂਪ ਕਮਾਂਡਰ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਦਾ ਉਦਘਾਟਨ ਮਨਵਿੰਦਰ ਸਿੰਘ ਮਨੀ ਟੌਹੜਾ ਨੇ 22ਵੀਂ ਵਾਰ ਖ਼ੁਦ ਖ਼ੂਨ ਦਾਨ ਕਰਕੇ ਕੀਤਾ।ਇਸ ਮੌਕੇ ਦਵਿੰਦਰ ਸਿੰਘ ਸਨੌਰ, ਜਤਿੰਦਰ ਸਿੰਘ ਬੰਟੀ ਸਾਹੀਏਵਾਲ, ਕਰਮਜੀਤ ਸਿੰਘ ਰਾਮਗੜ੍ਹ, ਤਰੁਨਜੀਤ ਸਿੰਘ ਤੇ ਇੰਦਰਜੀਤ ਸਿੰਘ (ਦੋਵੇਂ ਭਰਾ), ਕਰਨਵੀਰ ਸਿੰਘ ਤੇ ਗੁਰਬੀਰ ਸਿੰਘ ਦੋਵੇਂ ਭਰਾਵਾਂ ਨੇ ਵੀ ਖ਼ੂਨ ਦਾਨ ਕੀਤਾ, ਜਿਨ੍ਹਾਂ ਨੂੰ ਸਰਟੀਫਿਕੇਟ ਤੇ ਯਾਦਗਾਰੀ ਮੱਗ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਗੋਲਡਨ ਸਟਾਰ ਬਲੱਡ ਡੋਨਰ ਸਾਬਕਾ ਡੀ. ਐੱਸ. ਪੀ. ਨਾਹਰ ਸਿੰਘ ਮਾਜਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਖ਼ੂਨ ਦਾਨ ਕਰਨਾ ਚਾਹੀਦਾ ਹੈ।ਖ਼ੂਨਦਾਨ ਮਨੁੱਖਤਾ ਲਈ ਸਭ ਤੋਂ ਵੱਡਾ ਦਾਨ ਹੈ, ਜਿਸ ਨਾਲ ਕਿਸੇ ਲੋੜਵੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਇਨਸਾਨ ਹਰ ਤਿੰਨ ਮਹੀਨਿਆਂ ਬਾਅਦ ਖ਼ੂਨ ਦਾਨ ਕਰ ਸਕਦਾ ਹੈ।ਮਰੀਜ਼ ਮਿੱਤਰਾ ਵੈੱਲਫੇਅਰ ਆਰਗੇਨਾਈਜੇਸ਼ਨ ਦੇ ਪ੍ਰਧਾਨ ਗੁਰਮੁੱਖ ਗੁਰੂ ਨੇ ਵੀ ਲੜੀਵਾਰ ਖ਼ੂਨਦਾਨ ਕੈਂਪਾਂ ਦੀ ਸੇਵਾ ਦੇ 14ਵੇਂ ਸਾਲ ਦੇ ਦਾਖਲੇ ਲਈ ਵਧਾਈ ਦਿੱਤੀ।ਇਸ ਮੌਕੇ ਕੇਕ ਵੀ ਕੱਟਿਆ ਗਿਆ।ਕੈਂਪ ਵਿੱਚ ਡਾਕਟਰ ਮੋਨਿਕਾ ਗਰਗ ਇੰਚਾਰਜ ਬਲੱਡ ਬੈਂਕ, ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਨਰਿੰਦਰ ਸਿੰਘ ਕਾਠਗੜ੍ਹ ਪ੍ਰਧਾਨ ਹਿਊਮਨ ਵੈੱਲਫੇਅਰ ਫਾਊਂਡੇਸ਼ਨ, ਜਗਸੀਰ ਸਿੰਘ ਧਾਲੀਵਾਲ ਬੌੜਾਂ ਕਲਾਂ, ਗੁਰਮੀਤ ਸਿੰਘ ਖੱਤਰੀਵਾਲਾ, ਦਰਸ਼ਨ ਸਿੰਘ, ਸੁੱਚਾ ਸਿੰਘ ਕੌਲ, ਲਖਵਿੰਦਰ ਸਿੰਘ ਬਡਲਾ, ਹਰਮੀਤ ਸਿੰਘ ਮੀਤ, ਠੇਕੇਦਾਰ ਗੁਰਬਚਨ ਸਿੰਘ, ਅਵਤਾਰ ਸਿੰਘ ਬਲਬੇੜਾ, ਜਰਨੈਲ ਸਿੰਘ ਝੰਡੀ, ਰਣਜੀਤ ਸਿੰਘ ਹਾਜ਼ਰ ਸਨ।

## ਸਿੱਧਵਾਂ ਬੇਟ ਬਲਾਕ ਦੇ ਕਿਸਾਨ ਪੁਲਸ ਜਬਰ ਵਿਰੋਧੀ ਪ੍ਰਦਰਸ਼ਨ 'ਚ ਸ਼ਾਮਲ ਹੋਣਗੇ



**ਜਗਰਾਉਂ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦਾ ਬਲਾਕ ਸਿੱਧਵਾਂ ਬੇਟ ਦੀ ਮੀਟਿੰਗ ਪਿੰਡ ਲੀਲਾਂ ਦੇ ਗੁਰਦੁਆਰਾ ਸਾਹਿਬ 'ਚ ਬਲਾਕ ਪ੍ਰਧਾਨ ਜਗਜੀਤ ਸਿੰਘ ਕਲੇਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਦੇ ਨਾਂ ਜਾਰੀ ਕਰਦਿਆਂ ਬਲਾਕ ਸਕੱਤਰ ਕੁਲਵੰਤ ਸਿੰਘ ਗਾਲਬ ਨੇ ਦੱਸਿਆ ਕਿ ਮੀਟਿੰਗ 'ਚ ਪਿੰਡ ਅਖਾੜਾ ਵਿੱਚ ਕੈਂਸਰ ਗੈਸ ਫੈਕਟਰੀ ਖਿਲਾਫ ਚੱਲ ਰਹੇ ਲੰਮੇ ਲੋਕ ਸੰਘਰਸ਼ ਨੂੰ ਸਰਕਾਰ ਵੱਲੋਂ ਦਬਾਉਣ ਤੇ ਜਬਰ ਢਾਹੁਣ ਦੀ ਸਖ਼ਤ ਨਿਖੇਧੀ ਕਰਦਿਆਂ ਅਖਾੜਾ ਵਾਸੀਆਂ ਦੇ ਸਿਦਕ ਤੇ ਲੋਕ ਟਾਕਰੇ ਦੀ ਸ਼ਲਾਘਾ ਕੀਤੀ ਗਈ।ਇਸ ਸਮੇਂ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਨੇ ਸੰਬੋਧਨ ਕਰਦਿਆਂ ਦੱਸਿਆ ਕਿ 13 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜਗਰਾਓਂ ਵਿਖੇ ਪੁਲਸ ਜਬਰ ਵਿਰੁੱਧ ਰੱਖੇ ਵਿਸ਼ਾਲ ਰੋਸ ਪ੍ਰਦਰਸ਼ਨ 'ਚ ਬਲਾਕ ਸਿੱਧਵਾਂਬੇਟ 'ਚੋ ਵੱਡੀ ਗਿਣਤੀ 'ਚ ਕਿਸਾਨ ਭਾਗ ਲੈਣਗੇ।ਉਨ੍ਹਾਂ ਸ਼ੰਭੂ ਬਾਰਡਰ 'ਤੇ ਥਾਣੇ ਦਾ ਘਿਰਾਓ ਕਰਨ ਜਾ ਰਹੇ ਕਿਸਾਨਾਂ ਨੂੰ ਘਰਾਂ 'ਚ ਨਜਰਬੰਦ ਕਰਨ, ਗ੍ਰਿਫ਼ਤਾਰ ਕਰਨ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਇਹ ਹਿਟਲਰਸ਼ਾਹੀ ਪੰਜਾਬ ਸਰਕਾਰ ਨੂੰ ਬਹੁਤ ਮਹਿੰਗੀ ਪਵੇਗੀ।ਮੀਟਿੰਗ 'ਚ 8 ਮਈ ਦੀ ਫਿਰਕੂ ਪਾੜਾ ਵਧਾਉਣ ਦੀ ਮੋਦੀ ਹਕੂਮਤ ਦੀ ਸਾਜ਼ਿਸ਼ ਖਿਲਾਫ ਰੋਸ ਪ੍ਰਗਟ ਕਰਨ ਲਈ ਸੱਦੀ ਬਰਨਾਲਾ ਕਨਵੈਨਸ਼ਨ 'ਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਇੱਕ ਹੋਰ ਮਤੇ ਰਾਹੀਂ ਮੁੱਜ਼ਫਰ ਨਗਰ ਵਿਖੇ ਕਿਸਾਨ ਆਗੂ ਰਾਕੇਸ਼ ਟਿਕੈਤ ਨਾਲ ਅੰਧ ਭਗਤਾਂ ਵੱਲੋਂ ਕੀਤੀ ਬਦਸਲੂਕੀ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਦੇ ਕਿਸਾਨ ਅਜਿਹੀ ਗੁੰਡਾਗਰਦੀ ਦਾ ਮੂੰਹ ਤੋੜ ਜਵਾਬ ਦੇਣਗੇ।ਮੀਟਿੰਗ 'ਚ ਜ਼ਿਲ੍ਹਾ ਮੀਤ ਪ੍ਰਧਾਨ ਇੰਦਰਜੀਤ ਸਿੰਘ ਲੋਧੀਵਾਲ, ਬਲਾਕ ਮੀਤ ਪ੍ਰਧਾਨ ਪਿੱਕਾ ਗਾਲਬ, ਚਰਨਜੀਤ ਸਿੰਘ, ਹਰਪਾਲ ਸਿੰਘ ਸ਼ੇਖ ਦੌਲਤ, ਜਸਵੀਰ ਸਿੰਘ ਲੀਲਾ, ਸੁਖਦੇਵ ਸਿੰਘ ਰਾਮਗੜ੍ਹ, ਹਰਜੀਤ ਸਿੰਘ ਮਾਹਣਾ, ਪਿੰਦਰ ਸਿੰਘ, ਜਸਵਿੰਦਰ ਸਿੰਘ ਭਮਾਲ ਤੇ ਜਗਵਿੰਦਰ ਸਿੰਘ ਸ਼ੇਰਪੁਰਾ ਆਦਿ ਹਾਜ਼ਰ ਸਨ।

## ਕਿਸਾਨ ਝੋਨੇ ਦੀਆਂ ਪਾਬੰਦੀਸ਼ੁਦਾ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਨਾ ਕਰਨ : ਮਮਤਾ ਲੂਣਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਪਾਬੰਦੀਸ਼ੁਦਾ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਨਹੀਂ ਕਰਨੀ ਚਾਹੀਦੀ ਤਾਂ ਜੋ ਮੰਡੀਕਰਨ ਸਮੇਂ ਕਿਸੇ ਕਿਸਮ ਦੀ ਸਮੱਸਿਆ ਤੋਂ ਬਚਿਆ ਜਾ ਸਕੇ।ਝੋਨੇ ਦੀਆਂ ਸਿਫ਼ਾਰਸ਼ ਸ਼ੁਦਾ ਕਿਸਮਾਂ ਦੀ ਪਨੀਰੀ ਦੀ ਬਿਜਾਈ ਕਰਨ ਬਾਰੇ ਤਕਨੀਕੀ ਜਾਣਕਾਰੀ ਦਿੰਦਿਆਂ ਖੇਤੀਬਾੜੀ ਅਫਸਰ ਮਮਤਾ ਲੂਣਾ ਨੇ ਕਿਹਾ ਕਿ ਪਿਛਲੇ ਸਾਲ ਮੰਡੀ 'ਚ ਝੋਨੇ ਦੇ ਮੰਡੀਕਰਨ ਸਮੇਂ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਸੀ, ਜਿਸ ਨਾਲ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਆਰਥਿਕ ਨੁਕਸਾਨ ਹੋਇਆ ਸੀ।ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦੇ ਹੱਲ ਲਈ ਪੰਜਾਬ ਸਰਕਾਰ ਵੱਲੋਂ ਹਾਈਬ੍ਰਿਡ ਕਿਸਮਾਂ ਦੇ ਬੀਜ ਦੀ ਵਿੱਕਰੀ ਤੇ ਲਵਾਈ ਕਰਨ 'ਤੇ ਪਾਬੰਦੀ ਲਗਾਈ ਗਈ ਹੈ ਅਤੇ ਇਸ ਸਬੰਧੀ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਲਗਾਤਾਰ ਕਿਸਾਨਾਂ ਨੂੰ ਇਨ੍ਹਾਂ ਕਿਸਮਾਂ ਦੀ ਲਵਾਈ ਨਾ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ ਤੇ ਬੀਜ ਵਿਕ੍ਰੇਤਾਵਾਂ ਨੂੰ ਇਨ੍ਹਾਂ ਕਿਸਮਾਂ ਦੇ ਬੀਜ ਦੀ ਵਿੱਕਰੀ ਨਾ ਕਰਨ ਲਈ ਕਿਹਾ ਗਿਆ ਹੈ।ਉਨ੍ਹਾਂ ਦੱਸਿਆ ਕਿ ਕੁਝ ਕਿਸਾਨਾਂ ਵੱਲੋਂ ਗੁਆਂਢੀ ਰਾਜਾਂ ਤੋਂ ਹਾਈਬ੍ਰਿਡ ਕਿਸਮਾਂ ਦੇ ਬੀਜ ਖ਼ਰੀਦ ਕੇ ਪਨੀਰੀ ਦੀ ਬਿਜਾਈ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ, ਜੋ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪੂਸਾ 44 ਤੇ ਹਾਈਬ੍ਰਿਡ ਕਿਸਮਾਂ ਦੇ ਬੀਜਾਂ ਦੀ ਪਨੀਰੀ ਦੀ ਬਿਜਾਈ ਨਾ ਕੀਤੀ ਜਾਵੇ ਤਾਂ ਜੋ ਬਾਅਦ 'ਚ ਕੋਈ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਸਿਫਾਰਸ਼ਸ਼ੁਦਾ ਕਿਸਮਾਂ ਦੇ ਬੀਜ ਦੀ ਖ਼ਰੀਦ ਕਰਕੇ ਹੀ ਸਮੇਂ ਸਿਰ ਪਨੀਰੀ ਦੀ ਬਿਜਾਈ ਕਰਨੀ ਚਾਹੀਦੀ ਹੈ।

7-May--25-page-11-Majha-25-Final.qxd 5/6/2025 11:04 PM Page 1



# ਭਿੱਖੀਵਿੰਡ ਪੁਲਸ ਵੱਲੋਂ ਗੈਰ-ਕਾਨੂੰਨੀ ਨਸ਼ਾ ਛੁਡਾਊ ਕੇਂਦਰ ਸੀਲ

### * ਨਸ਼ੇ ਦੀਆਂ ਗੋਲੀਆਂ, ਟੀਕੇ, ਤੰਬਾਕੂ ਦੀਆਂ ਪੁੜੀਆਂ ਤੇ ਸੀਸੀਟੀਵੀ ਕੈਮਰੇ ਜ਼ਬਤ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਨ/ਰਣਬੀਰ ਸਿੰਘ ਗੋਲਣ)-ਭਿੱਖੀਵਿੰਡ ਪੁਲਸ ਵੱਲੋਂ ਚੂੰਘ ਪਿੰਡ ਵਿੱਚ ਚੱਲ ਰਹੇ ਅਣਅਧਿਕਾਰਤ ਨਸ਼ਾ ਛੁਡਾਊ ਕੇਂਦਰ ਨੂੰ ਸੀਲ ਕਰਨ ਦੀ ਖ਼ਬਰ ਹੈ।ਸੈਂਟਰ ਵਿੱਚੋਂ ਨਸ਼ੇ ਦੀਆਂ ਗੋਲੀਆਂ, ਟੀਕੇ ਤੇ ਤੰਬਾਕੂ ਦੀਆਂ ਪੁੜੀਆਂ ਬਰਾਮਦ ਹੋਈਆਂ ਹਨ।ਨਸ਼ਾ ਛੁਡਾਊ ਕੇਂਦਰ ਰਿਹਾਇਸ਼ੀ ਕੋਠੀ ਵਿੱਚ ਚਲਾਇਆ ਜਾ ਰਿਹਾ ਸੀ।ਪੁਲਸ ਵੱਲੋਂ ਨਸ਼ਾ ਛੁਡਾਊ ਕੇਂਦਰ ਦੇ ਗਾਰਡ ਨੂੰ ਗ੍ਰਿਫ਼ਤਾਰ ਕਰਕੇ ਸੈਂਟਰ ਵਿੱਚ ਨਸ਼ਾ ਛੱਡਣ ਲਈ ਭਰਤੀ ਹੋਏ 19 ਨੌਜਵਾਨ ਨੂੰ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ।

ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਭਿੱਖੀਵਿੰਡ ਮਨੋਜ ਕੁਮਾਰ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਨੂੰ ਚੂੰਘ ਪਿੰਡ ਦੀ ਇੱਕ ਰਿਹਾਇਸ਼ੀ ਕੋਠੀ ਵਿੱਚ ਕੁਝ ਵਿਅਕਤੀਆਂ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਨਸ਼ਾ ਛੁਡਾਊ ਕੇਂਦਰ ਚਲਾਉਣ ਸੰਬੰਧੀ ਗੁਪਤ ਸੂਚਨਾ ਪ੍ਰਾਪਤ ਹੋਈ ਸੀ,ਜਿਸ ਤੇ ਤੁਰੰਤ ਕਾਰਵਾਈ ਕਰਦਿਆਂ ਪੁਲਸ ਪਾਰਟੀ ਵੱਲੋਂ ਜਦੋਂ ਉਕਤ ਕੋਠੀ ਵਿੱਚ ਰੇਡ ਕੀਤੀ ਗਈ ਤਾਂ ਉਥੇ ਕਰੀਬ 19 ਨੌਜਵਾਨ ਜੋ ਨਸ਼ੇ ਦੀ ਗ੍ਰਿਫ਼ਤ ਵਿੱਚ ਹੋਣ ਦੇ ਚਲਦਿਆਂ ਭਰਤੀ ਕੀਤੇ ਗਏ ਸਨ, ਨੂੰ ਪੁਲਸ ਵੱਲੋਂ ਹਿਰਾਸਤ ਵਿੱਚ ਲੈ ਕੇ ਨਸ਼ਾ ਛਡਾਊ ਕੇਂਦਰ ਦੇ ਇੱਕ ਗਾਰਡ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਐੱਸਐੱਚਓ ਨੇ ਦੱਸਿਆ ਕਿ ਗੈਰ-ਕਾਨੂੰਨੀ ਨਸ਼ਾ ਛੁਡਾਊ ਕੇਂਦਰ ਨੂੰ ਸੀਲ ਕਰਕੇ ਨਸ਼ਾ ਛੱਡਣ ਲਈ ਭਰਤੀ ਹੋਏ ਨੌਜਵਾਨਾਂ ਨੂੰ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾ ਕੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

# ਕਸਬਾ ਗੱਗੋਮਾਹਲ ਤੋਂ ਨਸ਼ਾ ਮੁਕਤੀ ਯਾਤਰਾ ਦਾ ਆਗਾਜ਼ ਅੱਜ : ਧਾਲੀਵਾਲ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਕੱਲ 7 ਮਈ ਨੂੰ ਸਵੇਰੇ 10 ਵਜੇ ਹਲਕਾ ਅਜਨਾਲਾ 'ਚ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਸਰਦਾਰ ਮਾਨ ਦੀ ਅਗਵਾਈ 'ਚ ਹਲਕਾ ਅਜਨਾਲਾ 'ਚ ਨਸ਼ਿਆਂ ਵਿਰੁੱਧ ਜਿਹਾਦ ਦਾ ਆਗਾਜ਼ ਕਰਦਿਆਂ ਸਿੱਖ ਕੌਮ ਦੇ ਮਹਾਨ ਜਰਨੈਲ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ, ਰੰਗਰੇਟਾ ਗੁਰੂ ਕਾ ਬੇਟਾ ਦੇ ਪਵਿੱਤਰ ਜਨਮ ਸਥਾਨ ਪਿੰਡ ਗੱਗੋਮਾਹਲ (ਅਜਨਾਲਾ) ਤੋਂ ਪਿੰਡ-ਪਿੰਡ ਲਈ ਨਸ਼ਾ ਮੁਕਤੀ ਯਾਤਰਾ ਦਾ ਬਿਗਲ ਵਜਾਇਆ ਜਾਵੇਗਾ ਅਤੇ ਹਲਕਾ ਅਜਨਾਲਾ 'ਚ ਨਸ਼ਾ ਤਸਕਰੀ ਦਾ ਦਮ ਤੋੜ ਕੇ ਹੀ ਦਮ ਲਿਆ ਜਾਵੇਗਾ।ਉਕਤ ਜਾਣਕਾਰੀ ਦਿੰਦਿਆਂ ਧਾਲੀਵਾਲ ਨੇ ਦੱਸਿਆ ਕਿ ਇਸ ਨਸ਼ਾ ਮੁਕਤੀ ਯਾਤਰਾ ਮੌਕੇ ਅਜਨਾਲਾ ਸਬ ਡਵੀਜ਼ਨ ਪੱਧਰ ਦੇ ਪੁਲਸ ਤੇ ਸਿਵਲ ਪ੍ਰਸ਼ਾਸ਼ਨ ਦੇ ਅਧਿਕਾਰੀ ਮੌਜੂਦ ਰਹਿਣਗੇ ਜਦੋਂਕਿ ਹਲਕੇ ਭਰ ਦੇ ਪਾਰਟੀ ਦੇ ਵਲੰਟੀਅਰ, ਅਹੁਦੇਦਾਰ, ਸੈਲਫ ਡਿਫੈਂਸ ਕਮੇਟੀਆਂ, ਸਰਪੰਚ, ਪੰਚ, ਨੰਬਰਦਾਰ, ਨਸ਼ਾ ਵਿਰੋਧੀ ਸਮਾਜ ਸੇਵੀ ਸੰਸਥਾਵਾਂ ਤੇ ਨਸ਼ਿਆਂ ਦੇ ਖਾਤਮੇ ਲਈ ਦ੍ਰਿੜ ਆਮ ਨਾਗਰਿਕ ਵੱਡੀ ਪੱਧਰ 'ਤੇ ਸ਼ਾਮਲ ਹੋਣਗੇ।ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਮਾਰਚ ਤੋਂ ਪੰਜਾਬ ਭਰ 'ਚ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਨਸ਼ਿਆਂ ਦੇ ਸੌਦਾਗਰਾਂ ਨੂੰ ਕਾਬੂ ਕਰਨ, ਨਸ਼ਾ ਤਸਕਰਾਂ ਵਲੋਂ ਡਰੱਗ ਮਨੀ ਨਾਲ ਨਜਾਇਜ਼ ਕਬਜ਼ੇ ਕਰਕੇ ਬਣਾਏ ਗਏ ਘਰਾਂ/ਹਵੇਲੀਆਂ ਨੂੰ ਬੁਲਡੋਜ਼ਰ ਨਾਲ ਤਹਿਸ ਨਹਿਸ਼ ਕਰਨ ਅਤੇ ਨਸ਼ਾ ਤਸਕਰਾਂ ਨੂੰ ਭਾਜੜਾਂ ਪਾਉਣ ਦੇ ਬਹੁਤ ਸਾਰਥਿਕ ਨਤੀਜੇ ਸਾਹਮਣੇ ਆਏ ਹਨ।ਉਨ੍ਹਾਂ ਸਪੱਸ਼ਟ ਕੀਤਾ ਕੌਮਾਂਤਰੀ ਸਰਹੱਦੀ ਸੂਬਾ ਪੰਜਾਬ, ਗੁਆਂਢੀ ਮੁਲਕ ਪਾਕਿਸਤਾਨ ਦੀਆਂ ਭਾਰਤ ਵਿਰੋਧੀ ਨਾਪਾਕ ਸਾਜ਼ਿਸ਼ਾਂ ਦਾ ਮੂੰਹ ਤੋੜਵਾਂ ਜੁਆਬ ਦੇਣ ਲਈ ਪਾਕਿਸਤਾਨ ਤੋਂ ਡਰੋਨ ਰਾਹੀਂ ਆਉਂਦੇ ਨਸ਼ਿਆਂ ਨੂੰ ਕਾਬੂ ਕਰਨ ਲਈ ਦੇਸ਼ ਦੀ ਲੜਾਈ ਲੜ ਰਿਹਾ ਹੈ।ਉਨ੍ਹਾਂ ਨੇ ਸਮੂਹ ਵਰਗਾਂ ਦੇ ਅਮਨ ਪਸੰਦ ਨਾਗਰਿਕਾਂ ਨੂੰ ਸੱਦਾ ਦਿੱਤਾ ਕਿ ਨਿੱਜੀ ਰੰਜਿਸ਼ਾਂ ਤੇ ਧੜੇਬੰਦੀਆਂ ਤੋਂ ਉਪਰ ਉੱਠ ਕੇ ਮਾਨ ਸਰਕਾਰ ਵੱਲੋਂ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਜੰਗ ਤੇ ਨਸ਼ਾ ਮੁਕਤੀ ਯਾਤਰਾ ਨੂੰ ਉਵੇਂ ਹੀ ਸਹਿਯੋਗ ਕੀਤਾ ਜਾਵੇ, ਜਿਵੇਂ ਅੰਗ੍ਰੇਜ਼ ਹਾਕਮਾਂ ਹੱਥੋਂ ਗੁਲਾਮੀ ਦਾ ਜੂਲਾ ਲਾਹੁਣ ਲਈ ਆਜ਼ਾਦੀ ਸੰਗਰਾਮੀਆਂ ਦੇ ਮੋਢੇ ਨਾਲ ਮੋਢਾ ਜੋੜ ਕੇ ਅਤੇ ਪੰਜਾਬ 'ਚ ਅੱਤਵਾਦ ਦੇ ਖਾਤਮੇ ਲਈ ਪੁਲਸ ਨੂੰ ਸਹਿਯੋਗ ਦਿੱਤਾ ਸੀ।

# ਨਜਾਇਜ਼ ਪਰਚੇ ਰੱਦ ਕਰਵਾਉਣ ਲਈ ਐਕਸ਼ਨ ਕਮੇਟੀ ਦਾ ਗਠਨ

### * 12 ਤੋਂ ਵੱਧ ਜਥੇਬੰਦੀਆਂ ਵੱਲੋਂ ਬੇਇਨਸਾਫ਼ੀਆਂ ਖ਼ਿਲਾਫ਼ ਤਿੱਖਾ ਸੰਘਰਸ਼ ਵਿੱਢਣ ਦਾ ਐਲਾਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਆਉਂਦੇ ਪਿੰਡ ਜਾਗੋਵਾਲ ਬਾਂਗਰ ਦੇ ਮਜ਼ਦੂਰ ਅਤੇ ਅਧਿਆਪਕ ਆਗੂਆਂ ਖ਼ਿਲਾਫ਼ ਕੀਤੇ ਝੂਠੇ ਮਾਮਲੇ ਨੂੰ ਰੱਦ ਕਰਵਾਉਣ ਲਈ ਵੱਖ-ਵੱਖ ਜਥੇਬੰਦੀਆਂ ਦੀ ਝੂਠੇ ਪਰਚੇ ਰੱਦ ਕਰੋ ਐਕਸ਼ਨ ਕਮੇਟੀ ਦਾ ਗਠਨ ਕੀਤਾ ਗਿਆ ਹੈ।ਇਸ ਸੰਬੰਧੀ ਕਸਬਾ ਕਾਹਨੂੰਵਾਨ ਵਿਖੇ ਮੀਟਿੰਗ ਕਰਦੇ ਹੋਏ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਬਲਬੀਰ ਸਿੰਘ ਰੰਧਾਵਾ, ਮੁਲਾਜ਼ਮ ਆਗੂ ਅਸ਼ਵਨੀ ਫੱਜੂਪੁਰ ਅਤੇ ਮਜ਼ਦੂਰ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਦੱਸਿਆ ਕਿ ਅੱਜ ਝੂਠੇ ਪਰਚੇ ਰੱਦ ਕਰਵਾਉਣ ਦਾ ਮਾਮਲੇ ਵਿੱਚ ਸ਼ਾਮਲ ਸਾਰੀਆਂ ਜਥੇਬੰਦੀਆਂ ਨੇ ਸੰਘਰਸ਼ ਨੂੰ ਸਾਬਤ ਕਦਮੀ ਨਾਲ ਅੱਗੇ ਵਧਾਉਣ ਲਈ ਝੂਠੇ ਪਰਚੇ ਰੱਦ ਕਰੋ ਐਕਸ਼ਨ ਕਮੇਟੀ ਦਾ ਗਠਨ ਕੀਤਾ ਗਿਆ।ਇਸ ਐਕਸ਼ਨ ਕਮੇਟੀ ਵਿੱਚ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂ ਬਲਬੀਰ ਸਿੰਘ ਰੰਧਾਵਾ, ਚਰਨਜੀਤ ਸਿੰਘ ਲੱਖੋਵਾਲ, ਸੀਨੀਅਰ ਕਾਂਗਰਸੀ ਆਗੂ ਕੁਲਵੰਤ ਸਿੰਘ ਭੈਣੀ ਖਾਦਰ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਮੇਜਰ ਸਿੰਘ, ਕਿਰਤੀ ਕਿਸਾਨ ਯੂਨੀਅਨ ਅਨੋਖ ਸਿੰਘ, ਐਲੀਮੈਂਟਰੀ ਟੀਚਰ ਯੂਨੀਅਨ ਅਸ਼ਵਨੀ ਫੱਜੂਪੁਰ, ਗੌਰਮੈਂਟ ਟੀਚਰ ਯੂਨੀਅਨ ਕੁਲਦੀਪ ਸਿੰਘ ਪੂਰੇਵਾਲ, ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਬਲਵਿੰਦਰ ਸਿੰਘ ਰਾਜੂ ਔਲਖ, ਪੀ. ਡਬਲ ਯੂ. ਡੀ. ਫ਼ੀਲਡ ਐਂਡ ਵਰਕਸ਼ਾਪ ਯੂਨੀਅਨ ਦੇ ਨੇਕ ਰਾਜ, ਪ੍ਰੇਮ ਚੰਦ, ਬੀ. ਐਲ. ਓ. ਯੂਨੀਅਨ ਸਰਬਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਸਵਿੰਦਰ ਸਿੰਘ ਕਥਾਵਾਚਕ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜਰਨੈਲ ਸਿੰਘ ਲਾਧੂਪੁਰ, ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਮਨਜੀਤ ਸਿੰਘ ਜਾਗੋਵਾਲ ਸ਼ਾਮਲ ਹੋਏ। ਇਸ ਮੌਕੇ ਐਕਸ਼ਨ ਕਮੇਟੀ ਵੱਲੋਂ ਝੂਠੇ ਪਰਚੇ ਰੱਦ ਕਰਵਾਉਣ ਲਈ ਸ਼ੁਰੂ ਕੀਤੇ ਗਏ ਸੰਘਰਸ਼ ਇਨਸਾਫ਼ ਮਿਲਣ ਤੱਕ ਜਾਰੀ ਰੱਖਣ ਦਾ ਅਹਿਦ ਲਿਆ। ਐਕਸ਼ਨ ਕਮੇਟੀ ਵੱਲੋਂ ਸਰਬਸੰਮਤੀ ਨਾਲ ਪਾਸ਼ ਕੀਤਾ ਗਿਆ ਕਿ ਬੁੱਧਵਾਰ ਤੱਕ ਜੇਕਰ ਪੁਲਸ ਪ੍ਰਸ਼ਾਸਨ ਵੱਲੋਂ ਪਰਚੇ ਰੱਦ ਕਰਾਉਣ ਲਈ ਕੋਈ ਕਦਮ ਨਾ ਚੁੱਕਿਆ ਤਾਂ ਉਹ ਅਗਲੀ ਮੀਟਿੰਗ ਵਿੱਚ ਸੰਘਰਸ਼ ਲਈ ਅਗਲੀ ਰੂਪ-ਰੇਖਾ ਉਲੀਕਣਗੇ।ਉਨ੍ਹਾਂ ਕਿਹਾ ਕਿ ਇਸ ਧੱਕੇਸ਼ਾਹੀ ਨੂੰ ਕਿਸੇ ਵੀ ਕੀਮਤ ਉੱਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਪੰਜਾਬ ਪੁਲਸ ਦੇ ਉਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਝੂਠੇ ਮਾਮਲੇ ਰੱਦ ਕਰਕੇ ਅਸਲ ਦੋਸ਼ੀਆਂ ਖ਼ਿਲਾਫ਼ ਮਾਮਲੇ ਦਰਜ ਕੀਤੇ ਜਾਣ।

# ਮਾਨਸਿਕ ਰੋਗਾਂ ਦੇ ਮਾਹਿਰ ਡਾ. ਰਮਨਦੀਪ ਕੌਰ ਭਿੰਡਰ ਵੱਲੋਂ ਪਠਾਨਕੋਟ 'ਚ ਕਲੀਨਿਕ ਸ਼ੁਰੂ

ਪਠਾਨਕੋਟ (ਦਵਿੰਦਰ ਸਿੰਘ)-ਪਠਾਨਕੋਟ ਸ਼ਹਿਰ ਅਤੇ ਨਾਲ ਲੱਗਦੇ ਇਲਾਕੇ ਦੇ ਲੋਕਾਂ ਲਈ ਬੜੀ ਖ਼ੁਸ਼ੀ ਵਾਲੀ ਗੱਲ ਹੈ ਕਿ ਮਾਨਸਿਕ ਰੋਗਾਂ ਦੇ ਇਲਾਜ ਲਈ ਪਠਾਨਕੋਟ ਵਿੱਚ ਪਹਿਲੀ ਵਾਰ ਮਹਿਲਾ ਡਾ. ਰਮਨਦੀਪ ਕੌਰ ਭਿੰਡਰ ਨੇ ਆਪਣੀਆਂ ਸੇਵਾਵਾਂ ਮਿਸ਼ਨ ਰੋਡ ਭਿੰਡਰ ਹਸਪਤਾਲ ਦੇ ਲਾਗੇ ਦੇਣੀਆਂ ਸ਼ੁਰੂ ਕੀਤੀਆਂ ਹਨ।ਡਾਕਟਰ ਰਮਨਦੀਪ ਕੌਰ ਜੋ ਕਿ ਐੱਮਡੀ ਸਾਇਕੈਟਰੀ (ਮਾਨਸਿਕ ਰੋਗਾਂ) ਦੇ ਮਾਹਿਰ ਹਨ, ਦਾ ਬਹੁਤ ਤਜਰਬਾ ਹੈ ਜਿਸਦਾ ਪਠਾਨਕੋਟ ਅਤੇ ਨਾਲ ਲੱਗਦੇ ਇਲਾਕੇ ਦੇ ਮਾਨਸਿਕ ਰੋਗੀ ਲਾਹਾ ਲੈ ਸਕਦੇ ਹਨ ਅਤੇ ਆਪਣੇ ਰੋਗ ਦਾ ਵਧੀਆ ਅਤੇ ਸਸਤਾ ਇਲਾਜ ਕਰਵਾ ਸਕਦੇ ਹਨ।ਡਾ. ਰਮਨਦੀਪ ਕੌਰ ਭਿੰਡਰ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜੋ ਵੀ ਮਰੀਜ਼ ਮਾਨਸਿਕ ਰੋਗ ਨਾਲ ਪੀੜਤ ਹਨ, ਉਹ ਭਿੰਡਰ ਹਸਪਤਾਲ ਦੇ ਲਾਗੇ ਹਸਪਤਾਲ ਵਿੱਚ ਆ ਕੇ ਆਪਣਾ ਵਧੀਆ ਅਤੇ ਸਸਤਾ ਇਲਾਜ ਕਰਵਾ ਸਕਦੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਗੁਰਦੀਪ ਸਿੰਘ ਗੁਲਾਟੀ ਪ੍ਰਬੰਧਕ ਸਰਬੱਤ ਖਾਲਸਾ ਪਠਾਨਕੋਟ, ਡਾ. ਬਲਵੀਰ ਸਿੰਘ ਰਿਟਾਇਰ ਐੱਸਐੱਮਓ, ਸੁਰਿੰਦਰ ਮਹਾਜਨ ਪੱਤਰਕਾਰ ਟ੍ਰਿਬਿਊਨ, ਸੀਨੀਅਰ ਕਾਂਗਰਸੀ ਆਗੂ ਰਮਨ ਭੱਲਾ, ਸਾਬਕਾ ਐੱਮਐੱਲਏ ਅਸ਼ੋਕ ਕੁਮਾਰ, ਹਰਦੀਪ ਸਿੰਘ, ਅਵਤਾਰ ਕਲੇਰ, ਅਨਿਲ ਵਾਸੂਦੇਵਾ, ਡਾ. ਅਰਵਿੰਦ ਕਾਲਰਾ, ਡਾ. ਸਤਿੰਦਰ ਬੇਦੀ, ਭੁਪਿੰਦਰ ਕਾਹਨਾ, ਭੁਪਿੰਦਰ ਸਿੰਘ, ਰਕੇਸ਼ ਆਦਿ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਿਕ ਨਤੀਜੇ ਨਿਕਲ ਰਹੇ: ਮੋਹਣ ਭੰਡਾਰੀਆ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਨਸ਼ਿਆਂ ਦਾ ਸੇਵਨ ਮਨੁੱਖੀ ਸਿਹਤ ਤੇ ਬਹੁਤ ਮਾੜਾ ਅਸਰ ਪਾਉਂਦਾ ਹੈ।ਨਸ਼ਾ ਮਨੁੱਖੀ ਸਰੀਰ ਨੂੰ ਅੰਦਰੋਂ ਅੰਦਰੀ ਘੁਣ ਵਾਂਗ ਖਾ ਜਾਂਦਾ ਹੈ। ਸਾਡੀ ਤਰਾਸਦੀ ਹੈ ਕਿ ਬੀਤੇ ਕਾਫੀ ਲੰਮੇ ਸਮੇਂ ਤੋਂ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਆਈ ਹੋਈ ਹੈ ਅਤੇ ਵੱਡੀ ਗਿਣਤੀ ਵਿੱਚ ਪੰਜਾਬ ਦੇ ਨੌਜਵਾਨ ਨਸ਼ਿਆਂ ਦੇ ਆਦੀ ਬਣ ਗਏ ਹਨ, ਸਿੱਟੇ ਵਜੋਂ ਨਸ਼ਿਆਂ ਕਾਰਨ ਘਰਾਂ ਦੇ ਘਰ ਤਬਾਹ ਹੋ ਚੁੱਕੇ ਹਨ।ਪੰਜਾਬ ਸਰਕਾਰ ਦੀ ਸਲਾਹਣਾ ਕਰਨੀ ਬਣਦੀ ਹੈ ਕਿ ਉਨ੍ਹਾਂ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸ਼ੁਰੂਆਤ ਕਰਕੇ ਪੰਜਾਬ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਦਾ ਤਹੱਈਆ ਕੀਤਾ, ਜਿਸ ਦੇ ਸਾਰਥਿਕ ਨਤੀਜੇ ਸਾਡੇ ਸਾਹਮਣੇਂ ਹਨ।ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਅਜਨਾਲਾ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਮੁਖ ਸਿੰਘ ਮੋਹਨ ਭੰਡਾਰੀਆਂ ਨੇ ਕੁਝ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਜੰਗ ਕਾਰਨ ਪੰਜਾਬ ਵਿੱਚੋਂ ਨਸ਼ਿਆਂ ਦਾ ਖਾਤਮਾ ਹੋਣ ਦੇ ਕਿਨਾਰੇ ਹੈ।ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੇ ਯੁੱਧ ਤਹਿਤ ਸਮੁੱਚੇ ਪੰਜਾਬ ਵਿੱਚ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਜੰਗੀ ਪੱਧਰ ਉੱਤੇ ਚੱਲ ਰਹੀ ਹੈ ਅਤੇ ਨਸ਼ਾ ਤਸਕਰਾਂ ਲਈ ਸਰਕਾਰ ਦੀਵਾਰ ਬਣ ਕੇ ਖੜ ਗਈ ਹੈ।ਦੂਸਰੇ ਪਾਸੇ ਸਰਕਾਰ ਵੱਲੋਂ ਜੋ ਵਿਅਕਤੀ ਨਸ਼ਾ ਪੀਂਦੇ ਹਨ, ਨੂੰ ਨਸ਼ਿਆਂ ਦਾ ਆਦੀ ਸਮਝ ਕੇ ਰੋਗੀ ਜਾਣ ਕੇ ਉਨ੍ਹਾਂ ਦਾ ਇਲਾਜ ਵੀ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਹੁਤ ਵੱਡਾ ਸੰਤਾਪ ਝੱਲਿਆ ਹੈ ਜਿਸ ਕਾਰਨ ਉਹ ਹੁਣ ਖੁਦ ਇਸ ਮੁਹਿੰਮ ਦੀ ਡਟ ਕੇ ਸ਼ਲਾਘਾ ਕਰਦਿਆਂ ਸਰਕਾਰ ਦਾ ਸਾਥ ਦੇ ਰਹੇ ਹਨ।ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸਰਕਾਰ ਦਾ ਸਹਿਯੋਗ ਦੇ ਕੇ ਆਪਣਾ ਬਣਦਾ ਯੋਗਦਾਨ ਪਾਉਣ।

# ਮੰਗਾਂ ਨੂੰ ਲੈ ਕੇ ਸੇਵਾ ਮੁਕਤ ਬਿਜਲੀ ਕਰਮਚਾਰੀਆਂ ਦੀ ਮਹੀਨਾਵਾਰ ਮੀਟਿੰਗ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਅਜਨਾਲਾ ਮੰਡਲ ਯੂਨਿਟ ਦੀ ਮੀਟਿੰਗ ਸ਼ਹੀਦ ਕਾਲਿਆਂ ਵਾਲਾ ਖੂਹ ਵਿਖੇ ਸੋਮਨਾਥ ਪ੍ਰਧਾਨ, ਸਤਪਾਲ ਸਕੱਤਰ ਪੁਰਬਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਪੈਨਸ਼ਨਰਾਂ ਵੱਲੋਂ ਪਹਿਲਗਾਮ 'ਚ ਮਾਰੇ ਗਏ ਸੈਲਾਨੀਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਨੂੰ ਪੈਨਸ਼ਨਰ ਆਗੂ ਬਲਦੇਵ ਸਿੰਘ ਨਿਮਾਣਾ, ਬਲਵਿੰਦਰ ਛੀਨਾ, ਲਖਵਿੰਦਰ ਸਿੰਘ ਮਾਲਾਕੀੜੀ, ਸੋਮਨਾਥ, ਸਤਪਾਲ ਪੁਰਬਾ, ਹਰਭਜਨ ਸਿੰਘ ਝੰਜੋਟੀ ਨੇ ਸੰਬੋਧਨ ਕਰਦਿਆਂ ਪਾਵਰਕਾਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਮੰਨੀਆਂ ਹੋਈਆਂ ਮੰਗਾਂ ਲਾਗੂ ਕੀਤੀਆਂ ਜਾਣ ਜਿਵੇਂ ਕਿ 31 ਦਸੰਬਰ 2015 ਤੋਂ ਪਹਿਲੇ ਪੈਨਸ਼ਨਰਾਂ ਨੂੰ 2.59 ਫੈਕਟਰ ਨਾਲ ਪੈਨਸ਼ਨ ਸੋਧ ਕੇ ਬਕਾਇਆ ਦੇਣ ਬਾਰੇ, ਪੇ-ਕਮਿਸ਼ਨ ਦੀ ਰਿਪੋਰਟ ਦਾ ਬਕਾਇਆ ਸਾਰਿਆਂ ਪੈਨਸ਼ਨਰਾਂ ਨੂੰ 12 ਕਿਸ਼ਤਾਂ ਵਿੱਚ ਦੇਣਾ, ਪਾੜੋ ਤੇ ਰਾਜ ਕਰੋ ਦੀ ਨੀਤੀ ਬੰਦ ਕੀਤੀ ਜਾਵੇ, ਜਨਵਰੀ 2016 ਤੋਂ ਹੁਣ ਤੱਕ ਦੇ ਡੀਏ ਦਾ ਪਿਛਲੇ ਬਕਾਏ ਦਾ ਪੱਤਰ ਜਾਰੀ ਕਰਨ ਬਾਰੇ, ਕੇਂਦਰ ਦੀ ਤਰਜ਼ ਤੇ 55% ਡੀਏ ਦੇਣ, ਮੈਡੀਕਲ ਭੱਤਾ 2000 ਕਰਨ ਬਾਰੇ, ਕੈਸ਼ਲੈੱਸ ਮੈਡੀਕਲ ਸਕੀਮ ਲਾਗੂ ਕੀਤੀ ਜਾਵੇ।ਇਹ ਵੀ ਮੰਗ ਕੀਤੀ ਗਈ ਕਿ ਜਨਵਰੀ 2004 ਤੋਂ ਭਰਤੀ ਕੀਤੇ ਕਾਮੇ ਪੈਨਸ਼ਨ ਸਕੀਮ ਅਧੀਨ ਲਿਆਂਦੇ ਜਾਣ ਅਤੇ 200 ਰੁਪਏ ਜਬਰੀ ਕਟੌਤੀ ਬੰਦ ਕੀਤੀ ਜਾਵੇ। ਇਸ ਮੌਕੇ ਸਰਦੂਲ ਸਿੰਘ, ਓਮ ਪ੍ਰਕਾਸ਼, ਅਜੀਤ ਸਿੰਘ, ਅਪਾਰ ਸਿੰਘ, ਗੁਰਵੰਤਾ ਸਿੰਘ, ਗੁਰਨਾਮ ਸਿੰਘ, ਅਨੂਪ ਸਿੰਘ ਤਰਸੇਮ ਸਿੰਘ ਤੇੜੀ, ਹੀਰਾ ਸਿੰਘ ਸਫੀਪੁਰ, ਹਰਬੰਸ ਸਿੰਘ, ਗੁਰਬਚਨ ਸਿੰਘ, ਜਸਬੀਰ ਸਿੰਘ ਮੁੱਧ, ਕੁਲਵੰਤ ਸਿੰਘ, ਅਜੀਤ ਸਿੰਘ, ਰਣਜੀਤ ਸਿੰਘ, ਰਣਧੀਰ ਸਿੰਘ, ਹਰੀ ਸਿੰਘ, ਦਲਜੀਤ ਸਿੰਘ ਜੇਈ, ਦਰਸ਼ਨ ਸਿੰਘ, ਸੁਖਦੇਵ ਸਿੰਘ, ਨਿਸ਼ਾਨ ਸਿੰਘ ਅਤੇ ਬਾਵਾ ਸਿੰਘ ਆਦਿ ਹਾਜ਼ਰ ਸਨ।

# ਅਗਨੀਵੀਰ ਦੀ ਨਵੀਂ ਭਰਤੀ ਸਬੰਧੀ ਜ਼ਰੂਰੀ ਸੂਚਨਾ



ਗੁਰਦਾਸਪੁਰ (ਜਨਕ ਮਹਾਜਨ)- ਭਾਰਤੀ ਫੌਜ ਵੱਲੋਂ ਅਗਨੀਵੀਰ ਦੀ ਭਰਤੀ ਲਈ ਕਾਮਨ ਐਂਟਰੈਂਸ ਪ੍ਰੀਖਿਆ (355) 2025 ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਅਗਨੀਵੀਰ ਜਨਰਲ ਡਿਊਟੀ, ਟੈਕਨੀਕਲ, ਅਸਿਸਟੈਂਟ, ਟਰੇਡਮੈਨ ਜੀਡੀਓ ਅਤੇ ਹੋਰ ਸ਼੍ਰੇਣੀਆਂ ਦੀ ਭਰਤੀ ਲਈ ਆਨਲਾਈਨ ਅਪਲਾਈ ਕਰਨ ਦੀ ਮਿਤੀ 25.04.2025 ਤੱਕ ਸੀ।ਜ਼ਿਲ੍ਹਾ ਰੋਜ਼ਗਾਰ ਅਫਸਰ ਪਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਨ੍ਹਾਂ ਨੌਜਵਾਨਾਂ ਨੇ ਅਗਨੀਵੀਰ ਦੀ ਭਰਤੀ ਲਈ ਆਨਲਾਈਨ ਅਪਲਾਈ ਕੀਤਾ ਹੈ, ਭਰਤੀ ਲਈ ਫੇਸ-1 ਲਿਖਤੀ ਪ੍ਰੀਖਿਆ ਜੂਨ 2025 ਦੇ ਦੂਸਰੇ ਹਫਤੇ ਵਿੱਚ ਲਈ ਜਾਵੇਗੀ ਅਤੇ ਫੇਸ-2 ਫਿਜ਼ੀਕਲ ਰੈਲੀ ਅਗਸਤ 2025 ਦੇ ਪਹਿਲੇ ਹਫਤੇ ਤੋਂ ਸ਼ੁਰੂ ਹੋਵੇਗੀ।

ਭਰਤੀ ਹੋਣ ਦੇ ਚਾਹਵਾਨ ਨੌਜਵਾਨਾਂ ਜਿਨ੍ਹਾਂ ਨੇ ਅਗਨੀਵੀਰ ਦੀ ਭਰਤੀ ਲਈ ਆਨਲਾਈਨ ਅਪਲਾਈ ਕੀਤਾ ਹੈ, ਉਨ੍ਹਾਂ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਮੁਫ਼ਤ ਲਿਖਤੀ ਪ੍ਰੀਖਿਆ ਅਤੇ ਫਿਜ਼ੀਕਲ ਦੀ ਤਿਆਰੀ ਕਰਵਾਈ ਜਾਵੇਗੀ। ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਅਗਨੀਵੀਰ ਦੀ ਭਰਤੀ ਦੀ ਮੁਫ਼ਤ ਟ੍ਰੇਨਿੰਗ ਦੇਣ ਲਈ ਜਲਦ ਹੀ ਬੈਚ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।

ਜ਼ਿਲ੍ਹਾ ਰੋਜ਼ਗਾਰ ਅਫਸਰ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੌਜਾਵਾਨਾਂ ਨੇ ਅਗਨੀਵੀਰ ਦੀ ਭਰਤੀ ਲਈ ਆਨਲਾਈਨ ਅਪਲਾਈ ਕੀਤਾ ਹੈ, ਉਹ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਕਮਰਾ ਨੰ:217, ਬਲਾਕ ਬੀ. ਡੀ. ਸੀ ਦਫਤਰ, ਨੇੜੇ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਵਿਖੇ ਨਿੱਜੀ ਤੌਰ 'ਤੇ ਪਹੁੰਚ ਕੇ ਇਸ ਮੁਫਤ ਟ੍ਰੇਨਿੰਗ ਸਬੰਧੀ ਆਪਣੇ ਆਪ ਨੂੰ ਰਜਿਸਟਰ ਕਰਵਾਉਣ।

# ਸਰਕਾਰੀ ਹਾਈ ਸਕੂਲ ਬਸਰਾਏ ਦੇ ਬੱਚਿਆਂ ਨੂੰ ਬੈਗ ਤੇ ਕਾਪੀਆਂ ਤਕਸੀਮ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਰਕਾਰੀ ਹਾਈ ਸਕੂਲ ਬਸਰਾਏ ਵਿਖੇ ਹਿਊਮੈਨਿਟੀ ਫਸਟ ਪੰਜਾਬ ਜਮਾਤ ਅਹਿਮਦੀਆ ਕਾਦੀਆ ਕਲੱਬ ਵੱਲੋਂ ਲੋੜਵੰਦ ਬੱਚਿਆਂ ਲਈ ਬੈਗ ਅਤੇ ਕਾਪੀਆਂ ਵੰਡੀਆਂ ਗਈਆਂ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਹੈੱਡਮਾਸਟਰ ਅਤੇ ਬੀਐਨਓ ਵਿਜੇ ਕੁਮਾਰ ਵੱਲੋਂ ਦੱਸਿਆ ਗਿਆ ਕਿ ਜਮਾਤ ਅਹਿਮਦੀਆ ਯੂਥ ਵਿੰਗ ਵੱਲੋਂ ਚਲਾਏ ਜਾ ਰਹੇ ਕਲੱਬ ਹਿਊਮਨਿਟੀ ਫਸਟ ਪੰਜਾਬ ਵੱਲੋਂ ਸਰਕਾਰੀ ਹਾਈ ਸਕੂਲ ਬਸਰਾਏ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬਸਰਾਏ ਦੇ ਬੱਚਿਆਂ ਲਈ ਬੈਗ ਅਤੇ ਕਾਪੀਆਂ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਜਮਾਤ ਵੱਲੋਂ ਪਹਿਲਾਂ ਵੀ ਸਕੂਲ ਦੇ ਵਿਦਿਆਰਥੀਆਂ ਨੂੰ ਵਰਦੀਆਂ ਸਟੇਸ਼ਨਰੀ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ। ਵਿਦਿਆਰਥੀਆਂ ਅਤੇ ਇਲਾਕੇ ਦੇ ਬਹੁਤ ਸਾਰੇ ਸਕੂਲਾਂ ਦੇ ਲੋੜਵੰਦ ਵਿਦਿਆਰਥੀਆਂ ਲਈ ਹਰ ਸਾਲ ਕਲੱਬ ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਜਾਂਦਾ ਹੈ। ਜਮਾਤ ਅਹਿਮਦੀਆ ਕਾਦੀਆਂ ਜਿਸ ਵੱਲੋਂ ਇਹ ਨਾਅਰਾ ਦਿੱਤਾ ਗਿਆ ਹੈ ਕਿ 'ਮੁਹੱਬਤ ਸਭ ਲਈ; ਨਫਰਤ ਕਿਸੇ ਨਾਲ ਨਹੀਂ' ਵੱਲੋਂ ਹਰ ਸਮੇਂ ਸਮਾਜਿਕ, ਧਾਰਮਿਕ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੱਧ-ਚੜ੍ਹਵ ਕੇ ਯੋਗਦਾਨ ਦਿੱਤਾ ਜਾਂਦਾ ਹੈ। ਜਮਾਤ ਅਹਿਮਦੀਆ ਦਾ ਯੂਥ ਵਿੰਗ ਜਿਸ ਦੇ ਭਾਰਤ ਦੇ ਪ੍ਰਧਾਨ ਸਮੀਮ ਅਹਿਮਦ ਗੋਰੀ ਪੰਜਾਬ ਦੇ ਪ੍ਰਧਾਨ ਨਵੀਦ ਅਹਿਮਦ ਫਜ਼ਲ ਨੇ ਆਪਣੀ ਟੀਮ ਨਾਲ ਵਿਸ਼ੇਸ਼ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸਬਾਹਤ ਰਜ਼ਾ ਮੁਹੰਮਦ ਅਬਦੁਲ ਸਲਾਮ ਤਾਰੀ ਵੀ ਹਾਜ਼ਰ ਸਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਵਿੱਚ ਵੱਧ ਤੋਂ ਵੱਧ ਮਿਹਨਤ ਕਰਨ ਲਈ ਪ੍ਰੇਰਿਆ ਅਤੇ ਕਿਹਾ ਕਿ ਪੜ੍ਹਾਈ ਲਈ ਕਿਸੇ ਵੀ ਲੋੜਵੰਦ ਵਿਦਿਆਰਥੀ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਭਵਿੱਖ ਵਿੱਚ ਵੀ ਕਲੱਬ ਅਤੇ ਜਮਾਤ ਅਹਿਮਦੀਆ ਵੱਧ-ਚੜ੍ਹ ਕੇ ਆਪਣਾ ਯੋਗਦਾਨ ਦੇਵੇਗਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ। ਹੈੱਡਮਾਸਟਰ ਵਿਜੇ ਕੁਮਾਰ ਵੱਲੋਂ ਜਮਾਤ ਅਹਿਮਦੀਆ ਕਾਦੀਆਂ ਅਤੇ ਯੂਥ ਕਲੱਬ ਹਿਊਮੈਨਿਟੀ ਫਸਟ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

# ਐੱਮਜੀ ਸਿਲੈਕਟ ਵੱਲੋਂ ਚੰਡੀਗੜ੍ਹ 'ਚ ਐੱਮ9 ਤੇ ਸਾਈਬਰਸਟਰ ਨੂੰ ਐਕਸਕਲੂਸਿਵ ਪ੍ਰੀਵਿਊ ਲਈ ਪੇਸ਼

ਚੰਡੀਗੜ੍ਹ : ਜੇਐੱਸਡਬਲਯੂ ਐੱਮਜੀ ਮੋਟਰ ਇੰਡੀਆ ਦੇ ਲਗਜ਼ਰੀ ਚੈਨਲ, ਐੱਮਜੀ ਸਿਲੈਕਟ ਨੇ ਚੰਡੀਗੜ੍ਹ ਵਿੱਚ ਇੱਕ ਐਕਸਕਲੂਸਿਵ ਕਸਟਮਰ ਇਵੈਂਟ ਵਿੱਚ ਆਪਣੇ ਪਹਿਲੇ ਉਤਪਾਦਾਂ-ਐੱਮਜੀ ਐੱਮ9 ਪ੍ਰੈਜ਼ੀਡੈਂਸ਼ੀਅਲ ਲਿਮੋਜ਼ਿਨ ਅਤੇ ਦੁਨੀਆ ਦੀ ਸਭ ਤੋਂ ਤੇਜ਼ ਐਮਜੀ ਰੋਡਸਟਰ-ਸਾਈਬਰਸਟਰ ਨੂੰ ਪੇਸ਼ ਕੀਤਾ।ਇਸ ਲਿਮੋਜ਼ਿਨ ਵਿੱਚ ਸ਼ਾਨਦਾਰ ਸੈਕੰਡ-ਰੋਅ ਕੈਬਿਨ ਹੈ, ਜਿਸ ਵਿੱਚ ਜਿਸ ਵਿੱਚ ਪ੍ਰੈਸੀਡੈਂਸ਼ੀਅਲ ਸੀਟਾਂ ਹਨ, ਜਿਨ੍ਹਾਂ 'ਚ 14-ਵੇਅ ਐਡਜਸਟਮੈਂਟ, 8 ਮਸਾਜ ਮੋਡ, ਵੈਂਟੀਲੇਸ਼ਨ ਅਤੇ ਹੀਟਿੰਗ ਹੈ-ਜੋ ਗਾਹਕਾਂ ਲਈ ਬੇਮਿਸਾਲ ਆਰਾਮ ਅਤੇ ਸੂਝ-ਬੂਝ ਪ੍ਰਦਾਨ ਕਰਦੀਆਂ ਹਨ।ਸੁਮਿਤ ਪਾਸੀ, ਐੱਮਜੀ ਸਿਲੈਕਟ, ਚੰਡੀਗੜ੍ਹ, ਚੰਡੀਗੜ੍ਹ ਵਿੱਚ ਲਗਜ਼ਰੀ ਆਟੋਮੋਬਾਈਲਜ਼ ਨੂੰ ਚੰਗੀ ਪ੍ਰਸ਼ੰਸਾ ਮਿਲਦੀ ਹੈ ਅਤੇ ਸਾਨੂੰ ਪ੍ਰਾਪਤ ਹੋਈ ਮਜ਼ਬੂਤ ਪ੍ਰੀ-ਰਿਜ਼ਰਵ ਦਿਲਚਸਪੀ ਦਰਸਾਉਂਦੀ ਹੈ ਕਿ ਐੱਮ9 ਅਤੇ ਸਾਈਬਰਸਟਰ ਨੇ ਪ੍ਰਦਰਸ਼ਨ, ਤਕਨਾਲੋਜੀ ਅਤੇ ਸੁਧਾਈ ਦਾ ਸਹੀ ਸੰਤੁਲਨ ਬਣਾਇਆ ਹੈ ਜਿਸਦੀ ਸਮਝਦਾਰ ਖਰੀਦਦਾਰ ਭਾਲ 'ਚ ਹਨ।

# ਇੰਜ. ਧਾਲੀਵਾਲ ਵੱਲੋਂ ਪੰਪ ਆਪਰੇਟਰਾਂ ਨੂੰ ਵੱਧ ਤੋਂ ਵੱਧ ਰੈਵੀਨਿਊ ਇਕੱਠਾ ਕਰਨ ਦੀ ਹਦਾਇਤ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਬਲਾਕ ਫਤਿਹਗੜ੍ਹ ਚੂੜੀਆਂ ਅਧੀਨ ਆਉਂਦੇ ਪਿੰਡ ਮੁਰੀਦਕੇ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਮੰਡਲ -2 ਬਟਾਲਾ ਦੇ ਕਾਰਜਕਾਰੀ ਇੰਜੀਨੀਅਰ ਸੁਖਦੀਪ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਬਲਾਕ ਅਧੀਨ ਸਾਰੀਆਂ ਜਲ ਸਪਲਾਈ ਸਕੀਮਾਂ ਦੇ ਪੰਪ ਆਪਰੇਟਰਾਂ ਨਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਸਤਨਾਮ ਸਿੰਘ ਐੱਸਡੀਸੀ, ਅਰਪਿੰਦਰ ਕੌਰ ਸੀਡੀਐੱਸ, ਬਿਕਰਮਜੀਤ ਸਿੰਘ ਬਲਾਕ ਕੋਆਰਡੀਨੇਟਰ, ਸੁਰਜੀਤ ਕੌਰ ਬਲਾਕ ਕੋਆਰਡੀਨੇਟਰ, ਸੁਖਦੇਵ ਸਿੰਘ ਬਿੱਲ ਕੁਲੈਕਟਰ, ਕੁਲਦੀਪ ਸਿੰਘ ਬਿੱਲ ਕੁਲੈਕਟਰ ਸ਼ਾਮਲ ਹੋਏ। ਮੀਟਿੰਗ ਵਿੱਚ ਧਾਲੀਵਾਲ ਵੱਲੋਂ ਦੱਸਿਆ ਗਿਆ ਕਿ ਮਹਿਕਮੇ ਅਧੀਨ ਜਲ ਸਪਲਾਈ ਸਕੀਮਾਂ ਦਾ ਰੈਵੀਨਿਊ ਬਹੁਤ ਘੱਟ ਆ ਰਿਹਾ ਹੈ। ਉਨ੍ਹਾਂ ਵੱਲੋਂ ਪੰਪ ਆਪਰੇਟਰਾਂ ਨੂੰ ਅਪੀਲ ਕੀਤੀ ਗਈ ਕਿ ਰੈਵੀਨਿਊ ਵਧਾਉਣ ਲਈ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ ਤਾਂ ਜੋ ਜਲ ਸਪਲਾਈ ਸਕੀਮਾਂ ਉਸਾਰੂ ਢੰਗ ਨਾਲ ਚੱਲ ਸਕਣ। ਉਨ੍ਹਾਂ ਇਹ ਵੀ ਦੱਸਿਆ ਕਿ ਜਿਹੜੇ ਲੋਕ ਪਾਣੀ ਦਾ ਮਹੀਨਾਵਾਰ ਬਿੱਲ ਸਮੇਂ ਸਿਰ ਨਹੀਂ ਦੇ ਰਹੇ ਉਨ੍ਹਾਂ ਤੋਂ ਜੁਰਮਾਨੇ ਸਹਿਤ ਬਿੱਲ ਵਸੂਲਿਆ ਜਾਵੇ। ਸਰਕਾਰ ਵੱਲੋਂ ਬਿੱਲ ਨਾ ਦੇਣ ਵਾਲੇ ਵਿਅਕਤੀਆਂ ਨੂੰ ਮਾਣਯੋਗ ਅਦਾਲਤ ਰਾਹੀਂ ਨੋਟਿਸ ਵੀ ਭੇਜੇ ਜਾ ਰਹੇ ਹਨ। ਜਿਨ੍ਹਾਂ ਪਿੰਡਾਂ ਵਿੱਚ ਲੋਕਾਂ ਨੂੰ ਨੋਟਿਸ ਪ੍ਰਾਪਤ ਹੋ ਗਏ ਹਨ ਉਹ 10 ਮਈ ਨੂੰ ਬਟਾਲਾ ਵਿਖੇ ਲੋਕ ਅਦਾਲਤ ਵਿੱਚ ਜਾ ਕੇ ਆਪਣਾ ਬਣਦਾ ਪਾਣੀ ਦਾ ਬਿੱਲ ਜਮ੍ਹਾ ਕਰਵਾਉਣ ਅਤੇ ਜਿਨ੍ਹਾਂ ਨੂੰ ਅਜੇ ਤੱਕ ਅਦਾਲਤੀ ਨੋਟਿਸ ਪ੍ਰਾਪਤ ਨਹੀਂ ਹੋਏ ਉਹ ਲੋਕ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਸਬੰਧਤ ਪੰਪ ਆਪਰੇਟਰ ਜਾਂ ਦਫਤਰ ਵਿਖੇ ਜਾ ਕੇ ਆਪਣਾ ਬਣਦਾ ਬਿੱਲ ਜਮ੍ਹਾ ਕਰਵਾ ਸਕਦੇ ਹਨ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਕਾਨੂੰਨੀ ਕਾਰਵਾਈ ਤੋਂ ਬਚ ਸਕਣ। ਸ. ਧਾਰੀਵਾਲ ਨੇ ਪੰਪ ਆਪਰੇਟਰਾਂ ਨੂੰ ਇੱਕ ਦੂਜੇ ਦੇ ਸਹਿਯੋਗ ਨਾਲ ਪਿੰਡਾਂ ਵਿੱਚੋਂ ਵੱਧ ਤੋਂ ਵੱਧ ਪਾਣੀ ਦੇ ਬਿੱਲਾਂ ਦੀ ਉਗਰਾਹੀ ਕਰਨ 'ਤੇ ਜ਼ੋਰ ਦਿੱਤਾ ਤਾਂ ਜੋ ਸਬ ਡਵੀਜ਼ਨ ਵਾਈਜ਼ ਰੈਵੀਨਿਊ ਵਿੱਚ ਵਾਧਾ ਹੋ ਸਕੇ। ਮੀਟਿੰਗ ਦੇ ਅੰਤ ਵਿੱਚ ਹਾਜ਼ਰ ਪੰਪ ਆਪਰੇਟਰਾਂ ਵੱਲੋਂ ਧਾਲੀਵਾਲ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਰੈਵੀਨਿਊ ਕੁਲੈਕਸ਼ਨ ਵਿੱਚ ਵਾਧਾ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਪੰਪ ਆਪ ਪਰੇਟਰ ਪਰਮਿੰਦਰ ਸਿੰਘ ਮੁਰੀਦਕੇ, ਕਰਮ ਸਿੰਘ ਅਲੀਵਾਲ ਅਰਾਈਆਂ, ਰੂਪਾ ਬੱਦੋਵਾਲ, ਲਾਲ ਸਿੰਘ ਭਾਲੋਵਾਲੀ, ਰੋਹਿਤ ਢਡਿਆਲਾ ਨੱਤ, ਹਰਜੀਤ ਸਿੰਘ ਡੋਗਰ, ਵਿਲੀਅਮ ਘੋਗਾ, ਅਮੀਰ ਸਿੰਘ ਨਾਨਕਚੱਕ, ਇੰਦਰਜੀਤ ਸਿੰਘ ਕੋਟ ਖਜਾਨਾ, ਨਰਿੰਦਰ ਸਿੰਘ ਕੋਟ ਮਜਲਸ, ਰਣਬੀਰ ਸਿੰਘ ਕੁਲਾਰ, ਰਾਮ ਸਿੰਘ ਲੋਧੀਨੰਗਲ, ਗੁਲਸ਼ਨ ਮਾਲੇਵਾਲ, ਅਮਨ ਸਿੰਘ ਮਰੜ, ਸਤਨਾਮ ਸਿੰਘ ਪਾਰੋਵਾਲ, ਸਸਪਾਲ ਸਿੰਘ, ਸਕੱਤਰ ਸਿੰਘ ਸੁੰਡਲ, ਬਲਵੀਰ ਸਿੰਘ ਸਰਫਕੋਟ, ਸ਼ਿੰਗਾਰਾ ਸਿੰਘ ਤਲਵੰਡੀ ਭਰਥ, ਪਲਵਿੰਦਰ ਸਿੰਘ ਠੱਠਾ ਆਦਿ ਹਾਜ਼ਰ ਸਨ।

# ਰੰਧਾਵਾ ਵੱਲੋਂ ਸਰਕਾਰੀ ਪ੍ਰਾ. ਸਕੂਲ ਭਗਤਾਣਾ ਬੋਹੜਵਾਲਾ 'ਚ ਵਿਕਾਸ ਕਾਰਜਾਂ ਦਾ ਉਦਘਾਟਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੇ ਮੰਤਵ ਨਾਲ ਰਾਜ ਸਰਕਾਰ ਵੱਲੋਂ ਸ਼ੁਰੂ ਕੀਤੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸੂਬੇ ਭਰ ਵਿੱਚ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ।ਇਸੇ ਮੁਹਿੰਮ ਤਹਿਤ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਭਗਤਾਣਾ ਬੋਹੜਵਾਲਾ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸਕੂਲ ਵਿਖੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਵਿਕਸਿਤ ਕਰਨ ਅਤੇ ਵਿਦਿਆਰਥੀਆਂ ਨੂੰ ਮਿਆਰੀ ਤੇ ਸਮੇਂ ਦੇ ਹਾਣ ਦੀ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ ਨੂੰ ਪਹਿਲੀ ਤਰਜੀਹ ਦਿੰਦਿਆਂ ਸਰਕਾਰੀ ਸਕੂਲਾਂ ਵਿੱਚ ਅਤਿ ਆਧੁਨਿਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਪਹਿਲਕਦਮੀਆਂ ਸਦਕਾ ਅੱਜ ਜਿੱਥੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ ਉੱਥੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਲਈ ਸਕੂਲ ਆਫ਼ ਐਮੀਨੈਂਸ ਦੀ ਸਥਾਪਨਾ, ਅਧਿਆਪਕਾਂ ਨੂੰ ਸਿਖ਼ਲਾਈ ਲਈ ਵਿਦੇਸ਼ ਭੇਜਣਾ, ਸਕੂਲ ਆਫ਼ ਐਮੀਨੈਂਸ ਵਿੱਚ ਬੱਸ ਸਰਵਿਸ ਸ਼ੁਰੂ ਕਰਨਾ, ਕੈਂਪਸ ਮੈਨੇਜਰ ਤੇ ਸੁਰੱਖਿਆ ਗਾਰਡ ਦੀ ਨਿਯੁਕਤੀ, ਡਿਜੀਟਲ ਢੰਗ ਨਾਲ ਸਿੱਖਿਆ ਪ੍ਰਦਾਨ ਕਰਨ ਵਰਗੀਆਂ ਕਈ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਬਿਹਤਰ ਅਤੇ ਪੰਜਾਬ ਦੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਤੇ ਰੌਸ਼ਨ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦਾ ਆਗਾਜ਼ ਕੀਤਾ ਗਿਆ ਹੈ।ਇਸ ਮੌਕੇ ਉਨ੍ਹਾਂ ਮਾਪਿਆਂ ਨੂੰ ਵੀ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਅਤੇ ਇੱਥੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਤੋਂ ਲਾਭ ਲੈਣ ਦੀ ਅਪੀਲ ਕੀਤੀ।

# ਨਸ਼ੇ ਤੇ ਹੋਰ ਸਮਾਜਿਕ ਬੁਰਾਈਆਂ ਦੀ ਜੜ੍ਹ ਵੱਢਣੀ ਜ਼ਰੂਰੀ : ਲਾਲਕਾ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਆਲ ਇੰਡੀਆ ਹਿਊਮਨ ਰਾਇਟਸ ਕੌਂਸਲ ਦੇ ਹਲਕਾ ਮਜੀਠਾ ਦੇ ਇੰਚਾਰਜ ਫਤਹਿਪਾਲ ਸਿੰਘ ਲਾਲਕਾ ਨੇ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਕਿਹਾ ਕਿ ਨਸ਼ੇ ਅਤੇ ਹੋਰ ਬੁਰਾਈਆਂ ਸਾਡੇ ਸਮਾਜ ਦੇ ਮੱਥੇ ਉਪਰ ਕਲੰਕ ਹਨ। ਇਨ੍ਹਾਂ ਦਾ ਖਾਤਮਾ ਕਰਨਾ ਅਤਿ ਹੀ ਜ਼ਰੂਰੀ ਹੈ। ਪੰਜਾਬ ਸਰਕਾਰ ਵੱਲੋਂ ਅਤੇ ਪੰਜਾਬ ਪੁਲਸ ਵੱਲੋਂ ਛੇੜੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਹੁਤ ਸ਼ਲਾਘਾਯੋਗ ਹੈ ਜਿਸ ਦਾ ਸਾਨੂੰ ਸਾਰਿਆਂ ਨੂੰ ਸਾਥ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਾਨੂੰ ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆਂ ਅਤੇ ਨਸ਼ਿਆਂ ਦੇ ਖਾਤਮੇ ਲਈ ਮਿਲਜੁਲ ਕੇ ਯਤਨ ਕਰਨ ਦੇ ਨਾਲ ਨਾਲ ਇਨ੍ਹਾਂ ਦੇ ਖਾਤਮੇ ਲਈ ਵੀ ਪ੍ਰਣ ਕਰਨਾ ਚਾਹੀਦਾ ਹੈ ਤਾਂ ਜੋ ਸਾਡਾ ਪੰਜਾਬ ਮੁੜ ਤੋਂ ਰੰਗਲਾ ਪੰਜਾਬ ਬਣ ਸਕੇ।ਉਨ੍ਹਾਂ ਕਿਹਾ ਕਿ ਕਿਉਂਕਿ ਇਹ ਕਿਸੇ ਇੱਕ ਇਕੱਲੇ ਵਿਅਕਤੀ ਦਾ ਕੰਮ ਨਹੀ ਹੈ।ਇਸ ਵਾਸਤੇ ਸਾਂਝੇ ਯਤਨਾਂ ਦੀ ਲੋੜ ਹੈ।ਉਨ੍ਹਾ ਕਿਹਾ ਕਿ ਨਰੋਏ ਸਮਾਜ ਦੀ ਸਿਰਜਣਾ ਲਈ ਸਾਂਝੇ ਤੌਰ 'ਤੇ ਯਤਨ ਕਰਨਾ ਅਤਿ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਵੀ ਪੂਰੀ ਗੰਭੀਰਤਾ ਨਾਲ ਯਤਨ ਕਰਨੇ ਚਾਹੀਦੇ ਹਨ ਤਾਂ ਜੋ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਦੇ ਹੋਏ ਇਕ ਨਰੋਏ ਸਮਾਜ ਦੀ ਸਿਰਜਣਾ ਹੋ ਸਕੇ।

# ਰੰਧਾਵਾ ਨੇ ਗੁੱਜਰ ਭਾਈਚਾਰੇ ਦੀ ਲਈ ਸਾਰ; ਮੁਆਵਜ਼ਾ ਦਿਵਾਉਣ ਦਾ ਦਿੱਤਾ ਭਰੋਸਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਵਿਧਾਇਕ ਰੰਧਾਵਾ ਪਿੰਡ ਰਾਏਚੱਕ ਪਹੁੰਚੇ ਅਤੇ ਗੁੱਜਰ ਭਾਈਚਾਰੇ ਦੀ ਲਈ ਸਾਰ ਪਿਛਲੇ ਦਿਨੀਂ ਅੱਗ ਦੀ ਲਪੇਟ 'ਚ ਆਉਣ ਨਾਲ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਰਾਏਚੱਕ 'ਚ ਰਹਿੰਦੇ ਗੁੱਜਰ ਭਾਈਚਾਰੇ ਦੇ ਦੋ ਡੇਰੇ ਸੜ ਕੇ ਸਵਾਹ ਹੋ ਗਏ ਸਨ।ਇਸ ਹਾਦਸੇ 'ਚ ਗੁੱਜਰ ਭਾਈਚਾਰੇ ਦੀਆਂ 20 ਤੋਂ 25 ਮੱਝਾਂ 15 ਬੱਕਰੀਆਂ ਮਰੀਆਂ ਸਨ।ਇਸ ਹਾਦਸੇ 'ਚ ਇਸ ਪਰਿਵਾਰ ਦਾ ਟਰੈਕਟਰ, ਮੋਟਰਸਾਈਕਲ ਅਤੇ ਹੋਰ ਘਰ ਦਾ ਸਾਮਾਨ ਸੜਨ ਨਾਲ ਕਾਫੀ ਵੱਡਾ ਨੁਕਸਾਨ ਹੋਇਆ ਸੀ।ਇਸ ਘਟਨਾ ਨੂੰ ਲੈ ਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਸਾਥੀਆਂ ਸਮੇਤ ਪਿੰਡ ਰਾਏਚੱਕ ਪਹੁੰਚੇ ਅਤੇ ਗੁੱਜਰ ਭਾਈਚਾਰੇ ਦਾ ਹਾਲ-ਚਾਲ ਜਾਣਿਆ।ਇਸ ਮੌਕੇ ਹਲਕਾ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਸ ਹਾਦਸੇ ਦੌਰਾਨ ਗੁੱਜਰ ਭਾਈਚਾਰੇ ਦਾ ਭਾਰੀ ਨੁਕਸਾਨ ਹੋਇਆ ਹੈ।ਇਸ ਦੁੱਖ ਦੀ ਘੜੀ 'ਚ ਆਪ ਸਰਕਾਰ ਪੂਰੀ ਤਰ੍ਹਾਂ ਇਨ੍ਹਾਂ ਦੇ ਨਾਲ ਹੈ।ਉਨ੍ਹਾਂ ਕਿਹਾ ਕਿ ਇਸ ਹਾਦਸੇ ਨੂੰ ਲੈ ਕੇ ਡੀਸੀ ਗੁਰਦਾਸਪੁਰ ਦੇ ਧਿਆਨ 'ਚ ਲਿਆਂਦਾ ਗਿਆ ਹੈ ਅਤੇ ਵਿਭਾਗ ਦੇ ਅਧਿਕਾਰੀਆਂ ਨੂੰ ਰਿਪੋਰਟ ਬਣਾਉਣ ਦੀਆਂ ਹਦਾਇਤਾਂ ਕੀਤੀਆਂ ਗਈਆਂ ਹਨ। ਜਲਦ ਰਿਪੋਰਟ ਤਿਆਰ ਹੋਣ ਉਪਰੰਤ ਇਸ ਪਰਿਵਾਰ ਨੂੰ ਸਰਕਾਰ ਵੱਲੋਂ ਯੋਗ ਮੁਆਵਜ਼ਾ ਦਿੱਤਾ ਜਾਵੇਗਾ।ਇਸਦੇ ਨਾਲ ਹੀ ਵਿਧਾਇਕ ਰੰਧਾਵਾ ਵੱਲੋਂ ਗੁੱਜਰ ਭਾਈਚਾਰੇ ਨਾਲ ਲੱਗਦੇ ਡੇਰਿਆਂ ਤੇ ਅੱਗ ਨਾਲ ਹੋਏ ਨੁਕਸਾਨ ਦਾ ਵੀ ਜਾਇਜ਼ਾ ਲਿਆ ਗਿਆ।ਇਸ ਮੌਕੇ ਰਣਜੀਤ ਸਿੰਘ ਭੱਟੀ ਦਰਗਾਬਾਦ, ਬਲਬੀਰ ਸਿੰਘ ਸਰਪੰਚ ਰਾਏਚੱਕ, ਦਲਬੀਰ ਸਿੰਘ ਭਿੱਲਾ ਸਰਪੰਚ ਕੋਟਲੀ, ਸੁਖਵਿੰਦਰ ਸਿੰਘ ਸਰਪੰਚ, ਗੁਰਬਾਜ ਸਿੰਘ ਸਰਪੰਚ ਰਾਏਚੱਕ, ਜਸਬੀਰ ਸਿੰਘ ਕਾਹਲੋਂ ਸਰਪੰਚ ਵਡਾਲਾ ਬਾਂਗਰ, ਮੋਹਨ ਮਸੀਹ ਲਖਮਾਨੀਆ, ਲਖਵਿੰਦਰ ਸਿੰਘ ਸਰਪੰਚ ਵੜੈਚ, ਜਸਪਾਲ ਸਿੰਘ ਰਾਏਚੱਕ, ਕੰਵਰਪਾਲ ਸਿੰਘ, ਗੁਰਪ੍ਰੀਤ ਸਿੰਘ, ਗੁਰਨਾਮ ਸਿੰਘ, ਨਵਦੀਪ ਕੋਹਾਲੀ, ਰਣਧੀਰ ਸਿੰਘ ਰਾਏਚੱਕ, ਸਚਿਨ ਕੁਮਾਰ, ਰਮੇਸ਼ ਮਸੀਹ, ਇਕਬਾਲ ਮਸੀਹ, ਗੁਰਪ੍ਰੀਤ ਸਿੰਘ, ਹਰਮੇਸ਼ ਸਿੰਘ ਆਦਿ ਹਾਜ਼ਰ ਸਨ।

# ਸੰਤ ਬਾਬਾ ਸੱਜਣ ਸਿੰਘ ਨੇ ਬੱਚਿਆਂ ਨੂੰ ਮੁਫਤ ਵਰਦੀਆਂ ਤੇ ਕਿਤਾਬਾਂ ਵੰਡੀਆਂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਮੁਫਤ ਵਰਦੀਆਂ ਤੇ ਕਿਤਾਬਾਂ ਵੰਡੀਆਂ ਗਈਆਂ।

ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਜਿੱਥੇ ਬੱਚਿਆਂ ਦਾ ਦਾਖਲਾ ਮੁਫਤ, ਕਿਤਾਬਾਂ ਮੁਫਤ ਵੰਡੀਆਂ ਜਾਂਦੀਆਂ ਹਨ। ਐਤਕੀਂ ਸੰਤ ਬਾਬਾ ਸੱਜਣ ਸਿੰਘ ਵੱਲੋਂ ਨਰਸਰੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਵਰਦੀਆਂ ਵੀ ਮੁਫਤ ਦਿੱਤੀਆਂ ਗਈਆਂ।ਇਸ ਦੇ ਨਾਲ ਹੀ ਉਨ੍ਹਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਮਹਿੰਗਾਈ ਦੇ ਯੁੱਗ ਵਿੱਚ ਇਹ ਇਲਾਕੇ ਦੀ ਪਹਿਲੀ ਅਜਿਹੀ ਸੰਸਥਾ ਹੈ ਜੋ ਬਿਲਕੁਲ ਵਾਜਿਬ ਖਰਚੇ ਵਿੱਚ ਬੱਚਿਆਂ ਨੂੰ ਉਚਕੋਟੀ ਦੀ ਪੜ੍ਹਾਈ ਮੁਹੱਈਆ ਕਰਵਾ ਰਹੀ ਹੈ।ਇਸ ਮੌਕੇ ਕਮੇਟੀ ਮੈਂਬਰ ਗੁਰਦੇਵ ਸਿੰਘ ਯੂਐੱਸਏ, ਨਰਿੰਦਰ ਸਿੰਘ ਭੋਏ, ਸੁਖਵਿੰਦਰ ਸਿੰਘ, ਰਣਜੀਤ ਸਿੰਘ ਬਾਬੋਵਾਲ, ਬਾਬਾ ਰਾਜਾ ਜਗਰੂਪ ਸਿੰਘ ਬੋਪਾਰਾਏ, ਬਲਿਹਾਰ ਸਿੰਘ ਮੇਜਰ ਸਿੰਘ, ਜਸਵਿੰਦਰ ਸਿੰਘ, ਵੀਰ ਸਿੰਘ, ਸ਼ਿਵਰਾਜ ਸਿੰਘ, ਮੈਡਮ ਗੁਰਪਿੰਦਰ ਕੌਰ, ਮੈਡਮ ਪਲਵਿੰਦਰ ਕੌਰ, ਮੈਡਮ ਕੰਵਲਜੀਤ ਕੌਰ, ਮੈਡਮ ਗੁਰਜੋਤ ਕੌਰ, ਮੈਡਮ ਨੇਹਾ, ਜਸਬੀਰ ਕੌਰ ਹਾਜ਼ਰ ਸਨ।

# ਸੰਵਿਧਾਨ ਬਚਾਓ ਰੈਲੀ ਸੰਬੰਧੀ ਕਾਂਗਰਸੀਆਂ ਦੀ ਇਕੱਤਰਤਾ ਨੇ ਰੈਲੀ ਦਾ ਰੂਪ ਧਾਰਿਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵਲੋਂ ਸੰਵਿਧਾਨ ਬਚਾਓ ਰੈਲੀ ਦੇ ਸਬੰਧ ਚ ਜ਼ਿਲ੍ਹਾ ਤਰਨ ਤਾਰਨ ਦੇ ਕੋਆਰਡੀਨੇਟਰ ਸਾਬਕਾ ਮੰਤਰੀ ਸੁਖਵਿੰਦਰ ਸਿੰਘ ਸੁੱਖਸਰਕਾਰੀਆ ਅਤੇ ਜ਼ਿਲਾ ਤਰਨ ਤਾਰਨ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਨਾਲ ਮੀਟਿੰਗ ਨੇ ਰੈਲੀ ਦਾ ਰੂਪ ਧਾਰ ਲਿਆ। ਇਸ ਮੌਕੇ ਅਹਿਮ ਮੁੱਦਿਆਂ ਤੇ ਵਿਚਾਰ ਵਟਾਂਦਰਾ ਕੀਤਾ।

ਇਸ ਮੌਕੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਦੱਸਿਆ 12 ਮਈ ਨੂੰ ਕਾਂਗਰਸ ਪਾਰਟੀ ਵਲੋਂ ਸੰਵਿਧਾਨ ਬਚਾਓ ਰੈਲੀ ਸ਼ਾਹ ਡਰੀਮਜ਼ ਨੌਰੰਗਾਬਾਦ ਵਿਖੇ ਸਵੇਰੇ 10 ਵਜੇ ਕੀਤੀ ਜਾਵੇਗੀ ਜਿਸ ਵਿਚ ਵੱਡੀ ਗਿਣਤੀ ਵਿਚ ਕਾਂਗਰਸੀ ਆਗੂ ਤੇ ਵਰਕਰ ਸ਼ਾਮਲ ਹੋਣਗੇ।

ਅੱਜ ਦੀ ਮੀਟਿੰਗ ਮੌਕੇ ਰਮਨਜੀਤ ਸਿੰਘ ਸਿੱਕੀ ਤੋ ਇਲਾਵਾ ਜ਼ਿਲ੍ਹਾ ਪ੍ਰਧਾਨ ਹਰਮਿੰਦਰ ਸਿੰਘ ਗਿੱਲ, ਸੁਖਪਾਲ ਸਿੰਘ ਭੁੱਲਰ, ਮਨਿੰਦਰਪਾਲ ਸਿੰਘ ਪਲਾਸੌਰ, ਲਾਲੀ ਢਾਲਾ, ਰਾਜਬੀਰ ਸਿੰਘ ਭੁੱਲਰ, ਚੇਅਰਮੈਨ ਰਾਣਾ ਗੰਡੀਵਿੰਡ, ਅਵਤਾਰ ਸਿੰਘ ਤਨੇਜਾ, ਕਰਨਬੀਰ ਸਿੰਘ ਬੁਰਜ, ਸੀਨੀਅਰ ਕਾਂਗਰਸੀ ਆਗੂ ਮਨਜੀਤ ਸਿੰਘ ਘਸੀਟਪੁਰ, ਮੇਹਰ ਸਿੰਘ ਚੁਤਾਲਾ, ਗੁਲਵਿੰਦਰ ਸਿੰਘ ਰਾਏ, ਸਰਪੰਚ ਜਗਰੂਪ ਸਿੰਘ ਖਵਾਸਪੁਰ, ਗੁਰਦੇਵ ਸਿੰਘ ਪਵਾਰ, ਹਰਜੀਤ ਸਿੰਘ ਡਾਲੇਕੇ, ਗੁਰਪ੍ਰੀਤ ਸਿੰਘ ਕਾਹਲਵਾਂ, ਕਸ਼ਮੀਰ ਸਿੰਘ ਸ਼ਾਹ, ਗੁਰਦੇਵ ਸਿੰਘ ਗੋਲਡੀ, ਰਮਨਦੀਪ ਸਿੰਘ ਸ਼ਾਹ, ਗੁਰਸਾਹਿਬ ਸਿੰਘ ਖਡੂਰ ਸਾਹਿਬ, ਅਵਤਾਰ ਸਿੰਘ ਫੇਲੋਕੇ, ਬਾਬਾ ਸਾਹਿਬ ਸਿੰਘ ਗੁੱਜਰਪੁਰ, ਕਾਲਾ ਗੁੱਜਰਪੁਰ, ਸਰਪੰਚ ਗੁਰਤੇਜ ਸਿੰਘ ਸੰਗਤਪੁਰ, ਸੁਖਦੇਵ ਸਿੰਘ, ਸਰਪੰਚ ਯਾਦਵਿੰਦਰ ਸਿੰਘ ਮੰਣਕੂ, ਮਹਿੰਦਰ ਸਿੰਘ, ਨੰਬਰਦਾਰ ਸੁਖਦੇਵ ਸਿੰਘ, ਜੰਗਲੀ ਮਾਹਸਾ, ਜਗਤਾਰ ਸਿੰਘ ਉਪਲ, ਮੁਹਿੰਦਰ ਸਿੰਘ ਚੰਬਾ, ਬਲਬੀਰ ਸਿੰਘ ਸ਼ਾਹ, ਮਨਦੀਪ ਸਿੰਘ ਘੜਕਾ, ਸੁਖਵੰਤ ਸਿੰਘ ਰੱਤੋਕੇ, ਰਾਏ ਦਵਿੰਦਰ ਸਿੰਘ, ਜਗਮੋਹਨ ਸਿੰਘ, ਪਰਮਿੰਦਰ ਸਿੰਘ ਧੂੰਦਾ, ਲਖਵਿੰਦਰ ਸਿੰਘ ਹੰਸਾਵਾਲਾ, ਕੁਲਦੀਪ ਸਿੰਘ ਸਿੱਧੂ, ਗੁਰਬੀਰ ਸਿੰਘ ਸਮਰਾ, ਯਾਦਵਿੰਦਰ ਸਿੰਘ ਭੱਠਲ, ਯਾਦਵਿੰਦਰ ਸਿੰਘ ਭੱਠਲ, ਕੋਮਲ ਭੱਠਲ, ਪ੍ਰਭਦੀਪ ਸਿੰਘ ਕਾਹਲਵਾਂ, ਲਖਵਿੰਦਰ ਸਿੰਘ ਕੱਲਾ, ਸਰਬਜੀਤ ਸਿੰਘ ਕੱਲਾ, ਸਵਿੰਦਰ ਸਿੰਘ ਕੱਲਾ, ਚਰਨਜੀਤ ਸਿੰਘ ਭੱਠਲ ਸਹਿਜਾ, ਸਰਪੰਚ ਪਾਲ ਸਿੰਘ ਜਾਮਾਰਾਏ, ਸਰਪੰਚ ਪ੍ਰਮਜੀਤ ਸਿੰਘ ਰਸੂਲਪੁਰ, ਭੁਪਿੰਦਰ ਸਿੰਘ ਨਿੱਕਾ ਚੋਹਲਾ, ਸੁਖਦੀਪ ਸਿੰਘ ਸੋਨੂੰ, ਹੀਰਾ ਸਿੰਘ ਵਰਿਆ, ਸਰਵਣ ਸਿੰਘ ਰੂੜੇਆਸਲ, ਸਰਪੰਚ ਗੁਰਭੇਜ ਸਿੰਘ ਬ੍ਰਹਮਪੁਰ, ਸਰਪੰਚ ਗੁਰਮੀਤ ਸਿੰਘ, ਸੁਖਵੰਤ ਸਿੰਘ ਮਾਣੋਚਾਹਲ, ਦਿਲਬਾਗ ਸਿੰਘ, ਹਰਜਿੰਦਰ ਸਿੰਘ ਮੰਡਾਲਾ, ਨਿਸ਼ਾਨ ਸਿੰਘ ਵੜਿੰਗ, ਨਿਰਵੈਲ ਸਿੰਘ ਮੁਗਲਚੱਕ, ਨੰਬਰਦਾਰ ਦਿਲਬਾਗ ਸਿੰਘ ਮੱਲਮੋਹਰੀ, ਵਰਿੰਦਰ ਸਿੰਘ, ਦਿਲਬਾਗ ਸਿੰਘ, ਗੁਰਮੀਤ ਸਿੰਘ ਖਾਰਾ, ਅਸ਼ਵਨੀ ਖਾਰਾ, ਪੰਜਾਬ ਸਿੰਘ ਗੋਰਖਾ, ਅਮਰੀਕ ਸਿੰਘ ਖੱਬੇ, ਮਨਜੀਤ ਸਿੰਘ ਨੋਨੇ, ਬਲਦੇਵ ਸਿੰਘ ਮੁੰਡਾ ਪਿੰਡ, ਰਮਨ ਕੁਮਾਰ, ਮਿੱਟੀ ਯੂਕੇ, ਰਛਪਾਲ ਸਿੰਘ ਧੁੰਨ, ਰੂੜ ਕੁਮਾਰ, ਜੈਮਲ ਸਿੰਘ ਧੁੰਨ, ਬਲਾਕ ਪ੍ਰਧਾਨ ਸੋਨੀ ਡਿਆਲ, ਹਰਭੇਜ ਸਿੰਘ ਮੰਮਣਕੇ, ਮੇਜਰ ਸਿੰਘ ਮਿਆਣੀ, ਸਰਵਣ ਸਿੰਘ ਡਿਆਲ, ਰਾਣਾ ਡਿਆਲ, ਜਗਤਾਰ ਸਿੰਘ ਡਾਲੇਕੇ, ਗੁਰਨਾਮ ਸਿੰਘ ਮਾਣੋਚਾਹਲ, ਰਘਬੀਰ ਸਿੰਘ ਬਾਠ, ਸਰਪੰਚ ਕੁਲਦੀਪ ਸਿੰਘ, ਰਘਬੀਰ ਸਿੰਘ ਬਾਠ, ਸਰਪੰਚ ਹੈਪੀ ਕੰਗ, ਬਲਜਿੰਦਰ ਸਿੰਘ ਰੰਧਾਵਾ, ਬਲਜੀਤ ਸਿੰਘ ਪੰਡੋਰੀ, ਬਿੱਟੂ ਪੰਡੋਰੀ, ਰੁਲਦੂ ਸਿੰਘ, ਨਿਸ਼ਾਨ ਸਿੰਘ ਢੋਟੀ, ਗੁਰਦਿਆਲ ਸਿੰਘ ਦੀਨੇਵਾਲ, ਗੁਰਭੇਜ ਸਿੰਘ ਦੀਨੇਵਾਲ, ਅਮਰਜੀਤ ਸਿੰਘ, ਕੰਵਲਜੀਤ ਸਿੰਘ ਸੰਘਾ, ਸਤਨਾਮ ਸਿੰਘ ਸੰਘਾ, ਭਾਗ ਸਿੰਘ ਅਲਾਦੀਨਪੁਰ, ਕਿਸਾਨ ਪ੍ਰਧਾਨ ਅਜੈਬ ਸਿੰਘ, ਜਸਬੀਰ ਸਿੰਘ, ਜੋਤੀ ਸਰਪੰਚ ਬਾਗੜੀਆਂ, ਸਰਪੰਚ ਹੈਪੀ ਤੇਜਾਸਿੰਘਵਾਲਾ, ਡਿੰਪੀ ਵਲੀਪੁਰ, ਬਾਬਾ ਜਗਤਾਰ ਸਿੰਘ ਡਾਲੇਕੇ, ਜਸਪ੍ਰੀਤ ਸਿੰਘ ਰਾਣਾ, ਜਤਿੰਦਰ ਸਿੰਘ ਰਾਜਾ, ਜਤਿੰਦਰ ਸਿੰਘ ਬਾਸੀ, ਮਨਿੰਦਰ ਸਿੰਘ, ਪਰਮਿੰਦਰ ਸਿੰਘ ਜਹਾਂਗੀਰ, ਬਿੱਟੂ ਸਰਪੰਚ ਭੂਰੇ, ਬਲਜੀਤ ਸਿੰਘ, ਸਰਦੂਲ ਸਿੰਘ ਸ਼ੇਖ, ਗੁਰਪਾਲ ਸਿੰਘ, ਸਰਪੰਚ ਨਿਸ਼ਾਨ ਸਿੰਘ ਸ਼ੇਖਚੱਕ, ਜੱਸ ਲਾਲਪੁਰ, ਲਵ ਦੁੱਗਲਵਾਲ, ਪੀਏ ਰਣਜੀਤ ਸਿੰਘ ਰਾਣਾ ਆਦਿ ਹਾਜ਼ਰ ਸਨ।


**ਡਿਮਾਂਡ ਨੋਟਿਸ**

**AXIS BANK** Registered Office: 'Trishul', 3rd Floor, opposite Samartheswar Temple, Law garden, Ellisbridge, Ahmedabad-380006
AXIS Bank Ltd.Branch Address "2nd and 3rd Floor, Property No. 7-E, Malhar Road, Sarabha Nagar, Ludhiana -141001

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਪਬਲਿਕ ਨੋਟਿਸ**

ਇਹ ਨੋਟਿਸ ਆਮ ਜਨਤਾ ਨੂੰ ਸੂਚਨਾ ਦੇਣ ਹਿੱਤ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਦੇ ਦੋਵੇਂ ਮੂਲ ਅਤੇ ਵਿਆਜ ਦੀ ਰਕਮ ਮੋੜਨ 'ਚ ਅਸਫਲ ਰਹੇ ਹਨ। ਨਤੀਜੇ ਵਜੋਂ ਅਜਿਹੇ ਕਰਜ਼ੇ ਨਾਨ-ਪ੍ਰਫਾਰਮਿੰਗ ਐਸੇਟਸ (ਐੱਨ ਪੀ ਏ) ਵਰਗੀਕ੍ਰਿਤ ਕੀਤੇ ਜਾ ਚੁੱਕੇ ਹਨ। ਕਰਜ਼ਦਾਰਾਂ ਨੂੰ ਉਕਤ ਦਰਸਾਏ ਐਕਟ ਦੇ ਸੈਕਸ਼ਨ 13 (2) ਅਧੀਨ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਬਕਾਇਦਾ ਨੋਟਿਸ ਜਾਰੀ ਕੀਤੇ ਗਏ ਸਨ, ਇਹ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਹਨ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਨੋਟਿਸ ਦੀ ਮਿਤੀ / ਐੱਨ ਪੀ ਏ ਦੀ ਮਿਤੀ / (ਨੋਟਿਸ ਦੀ ਮਿਤੀ 'ਤੇ ਬਕਾਇਆ ਰਕਮ) |
|---|---|---|
| 1. | (1) ਸ੍ਰੀਮਤੀ ਇੰਦਰਜੀਤ ਕੌਰ ਪਤਨੀ ਹਰਿੰਦਰ ਪਾਲ ਸਿੰਘ, 115, ਗਲੀ ਨੰ. 3, ਸਵਿਸ ਲੈਂਡ ਕਾਲੋਨੀ, ਨੇੜੇ ਮਾਹਲ ਬਾਈਪਾਸ, ਅੰਮ੍ਰਿਤਸਰ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001 (2) ਸ੍ਰੀ ਦਮਨਪ੍ਰੀਤ ਸਿੰਘ ਪੁੱਤਰ ਹਰਿੰਦਰ ਪਾਲ ਸਿੰਘ, ਗਗਨਪੁਰ, ਬਿਲਾਸਪੁਰ, ਰਾਮਪੁਰ, ਉੱਤਰ ਪ੍ਰਦੇਸ਼-244921, ਨਾਲ ਹੀ : ਸ੍ਰੀ ਦਮਨਪ੍ਰੀਤ ਸਿੰਘ ਪੁੱਤਰ ਹਰਿੰਦਰ ਪਾਲ ਸਿੰਘ, 115, ਗਲੀ ਨੰ. 3, ਸਵਿਸ ਲੈਂਡ ਕਾਲੋਨੀ, ਨੇੜੇ ਮਾਹਲ ਬਾਈਪਾਸ, ਅੰਮ੍ਰਿਤਸਰ , ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001 | 26 ਮਾਰਚ 2025 / 23 ਮਾਰਚ 2025 / ਰੁਪਏ 45,00,673/- (ਪੰਜਤਾਲੀ ਲੱਖ ਛੇ ਸੌ ਤਿਹੱਤਰ ਰੁਪਏ ਕੇਵਲ) |
| | ਬੈਨਾਮਾ ਨੰ. 1347 ਮਿਤੀ 29.04.2015 ਅਨੁਸਾਰ ਇੰਦਰਜੀਤ ਕੌਰ ਪਤਨੀ ਹਰਿੰਦਰ ਪਾਲ ਸਿੰਘ ਦੇ ਨਾਂਅ 'ਤੇ ਪਲਾਟ/ਜਾਇਦਾਦ ਨੰ. 115, ਰਕਬਾ 241.11 ਵਰਗ ਗਜ਼, ਲੰਬਾਈ 70 ਫੁੱਟ, ਚੌੜਾਈ 31 ਫੁੱਟ , ਖਸਰਾ ਨੰ. 28//1 ਮਿਨ ਮਾਹਲ ਸਬ-ਅਰਬਨ ਅਬਾਦੀ ਸਵਿਸ ਲੈਂਡ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ। ਹੱਦਾਂ : ਉੱਤਰ ਪਲਾਟ ਨੰ. 116, ਦੱਖਣ : ਪਲਾਟ ਨੰ. 114, ਪੂਰਬ ਪਲਾਟ ਨੰ. 96, ਦੱਖਣ : ਸੜਕ 25'-00" ਚੌੜੀ | |
| 2. | (1) ਸ੍ਰੀ ਮਨਜਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ, ਮਕਾਨ ਨੰ. 22, ਆਰੀਆਨ ਇਨਕਲੇਵ, ਥਰੀਕੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-142021 (2) ਸ੍ਰੀਮਤੀ ਸ਼ਰਨਜੀਤ ਕੌਰ ਪਤਨੀ ਮਨਜਿੰਦਰ ਸਿੰਘ, ਮਕਾਨ ਨੰ. 22, ਆਰੀਆਨ ਇਨਕਲੇਵ ਥਰੀਕੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-142021 | 10 ਅਪ੍ਰੈਲ 2025 / 03 ਅਪ੍ਰੈਲ 2025 / ਰੁਪਏ 41,11,766/- (ਇਕਤਾਲੀ ਲੱਖ ਗਿਆਰਾਂ ਹਜ਼ਾਰ ਸੱਤ ਸੌ ਛਿਆਹਠ ਰੁਪਏ ਕੇਵਲ) |
| | ਬੈਨਾਮਾ ਨੰ. 6205 ਮਿਤੀ 12.07.2012 ਅਨੁਸਾਰ ਸ੍ਰੀਮਤੀ ਸ਼ਰਨਜੀਤ ਕੌਰ ਪਤਨੀ ਮਨਜਿੰਦਰ ਸਿੰਘ ਦੇ ਨਾਂਅ 'ਤੇ ਰਿਹਾਇਸ਼ੀ ਜਾਇਦਾਦ/ਪਲਾਟ ਨੰ. 22, ਰਕਬਾ 234.21 ਵਰਗ ਗਜ਼, ਖਸਰਾ ਨੰ. 1479/661, 1481/662, 734, 735, ਖੱਤਾ ਨੰ. 493/532, ਜਮ੍ਹਾਂਬੰਦੀ ਸਾਲ 2007-08, ਪਿੰਡ ਥਰੀਕੇ, ਹਦਬਸਤ ਨੰ. 156, ਅਬਾਦੀ ਆਰੀਅਨ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਦਾ ਉਚਿਤ ਗਿਰਵੀਨਾਮਾ। ਹੱਦਾਂ : ਉੱਤਰ : ਸੜਕ 30' ਚੌੜੀ 30'-4", ਦੱਖਣ : ਸੜਕ 16 ਫੁੱਟ ਚੌੜੀ 30'-4", ਪੂਰਬ : ਗੁਆਂਢ 69'-6", ਪੱਛਮ : ਚਮਕੌਰ ਸਿੰਘ 69'-6" | |

ਇਸ ਲਈ, ਇਹ ਜਨਤਕ ਨੋਟਿਸ ਸਿੱਧੇ ਸੰਚਾਰ ਲਈ ਜਾਰੀ ਕੀਤਾ ਗਿਆ ਹੈ।
ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ ਜਿੱਥੇ ਲਾਗੂ ਹੋਵੇ, ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ, ਅਜਿਹਾ ਕਰਨ 'ਚ ਅਸਫਲ ਰਹਿਣ 'ਤੇ ਸਕਿਉਰਟਾਈਜੇਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਅਗਲੀ ਕਾਰਵਾਈ ਕੀਤੀ ਜਾਵੇਗੀ। ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) 'ਚ ਹਵਾਲਾ ਦਿੱਤੇ ਗਏ ਅਧਿਕਾਰਾਂ ਲਈ ਦਿਵਾਇਆ ਜਾਂਦਾ ਹੈ।

ਮਿਤੀ : 07.05.2025 — ਅਧਿਕਾਰਤ ਅਫਸਰ,
ਸਥਾਨ : ਅੰਮ੍ਰਿਤਸਰ, ਲੁਧਿਆਣਾ — ਐਕਸਿਸ ਬੈਂਕ ਲਿਮਟਿਡ

7 May Page-12.qxd 5/6/2025 10:58 PM Page 1



# ਯੂ ਪੀ 'ਚ ਬਲਡੋਜ਼ਰ ਬੰਦ ਤੇ ਕਾਰਖਾਨੇ ਚਲਾਉਣ ਦੀ ਲੋੜ : ਮਹੇਸਰੀ




**ਯੂਪੀ, ਮਊ (ਨਵਾਂ ਜ਼ਮਾਨਾ ਸਰਵਿਸ)** ਸਰਵ ਭਾਰਤ ਨੌਜਵਾਨ ਸਭਾ ਦੀ ਇੱਥੇ ਮਊ ਵਿਖੇ ਹੋ ਰਹੀ ਸੂਬਾਈ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਜੱਥੇਬੰਦੀ ਦੇ ਪ੍ਰਧਾਨ ਸੁਖਜਿੰਦਰ ਮਹੇਸਰੀ ਨੇ ਕਿਹਾ ਕਿ 'ਯੂਪੀ ਵਿੱਚ ਬਲਡੋਜ਼ਰ ਬੰਦ ਤੇ ਕਾਰਖਾਨੇ ਚਲਾਉਣ ਦੀ ਲੋੜ ਹੈ।' ਉਹਨਾਂ ਕਾਨਫਰੰਸ ਵਿੱਚ ਹਾਜ਼ਰ ਡੈਲੀਗੇਟਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਲਡੋਜ਼ਰ ਨੇ ਕੋਈ ਰੁਜ਼ਗਾਰ ਪੈਦਾ ਨਹੀਂ ਕੀਤਾ ਸਗੋਂ ਸੰਵਿਧਾਨਕ ਸੰਸਥਾਵਾਂ ਨੂੰ ਕੁਚਲਿਆ ਹੈ, ਸੂਬੇ ਦੀ ਨਿਯਮਾਂ ਕਾਨੂੰਨਾਂ ਨਾਲ ਚੱਲਣ ਵਾਲੀ ਵਿਵਸਥਾ ਨੂੰ ਬਲਡੋਜ਼ਰ ਨੇ ਦਰੜ ਕੇ ਤਾਨਾਸ਼ਾਹੀ ਵਿਵਸਥਾ ਖੜੀ ਕਰਨ ਦੀ ਕੋਸ਼ਿਸ਼ ਕੀਤੀ ਹੈ।ਜੇਕਰ ਸੂਬੇ ਵਿੱਚ ਫੈਕਟਰੀਆਂ ਚੱਲਣਗੀਆਂ, ਸਕੂਲ ਚੱਲਣਗੇ, ਸਰਕਾਰੀ ਬੱਸਾਂ ਚੱਲਣਗੀਆਂ, ਕਾਲਜ-ਯੂਨੀਵਰਸਿਟੀਆਂ ਤੇ ਹਸਪਤਾਲ ਚੱਲਣਗੇ ਤਾਂ ਰੁਜ਼ਗਾਰ ਪੈਦਾ ਹੋਵੇਗਾ।ਇਹਨਾਂ ਸੰਸਥਾਵਾਂ ਚੱਲਣਗੀਆਂ ਤਾਂ ਡਾਕਟਰ, ਅਧਿਆਪਕ, ਵਿਗਿਆਨੀ, ਖਿਡਾਰੀ, ਟੈਕਨੀਸ਼ੀਅਨ ਆਦਿ ਪੈਦਾ ਹੋਣਗੇ, ਜੋ ਸੂਬੇ ਅਤੇ ਦੇਸ਼ ਨੂੰ ਤਰੱਕੀ ਦੀਆਂ ਲੀਹਾਂ 'ਤੇ ਅੱਗੇ ਤੋਰਨਗੇ।ਇਸ ਵੇਲੇ ਜਦੋਂ ਯੂਪੀ ਦੀ ਜਵਾਨੀ ਨੂੰ ਸਭ ਤੋਂ ਵੱਧ ਰੁਜ਼ਗਾਰ ਦੀ ਲੋੜ ਹੈ, ਉਹਨਾਂ ਨੂੰ ਨਫ਼ਰਤ ਫੈਲਾਉਣ ਦੇ ਕੰਮ ਲਾਇਆ ਜਾ ਰਿਹਾ ਹੈ।ਇਹ ਮੁਲਕ ਨੂੰ ਉਸਾਰਨ ਦੀ ਬਜਾਏ, ਮਿੱਟੀ ਵਿੱਚ ਰੋਲਣ ਦੀ ਨੀਤੀ ਹੈ। ਸਾਨੂੰ ਦੇਖਣਾ ਹੋਵੇਗਾ ਕਿ ਜੇ ਕਿਤੇ ਸਰਕਾਰ ਨੇ ਫੌਜ ਵਿੱਚ ਭਰਤੀ ਦੀ ਗੱਲ ਵੀ ਕੀਤੀ ਤਾਂ ਉਹ ਵੀ ਠੇਕਾ ਅਧਾਰਤ ਅਗਨੀਵੀਰ ਭਰਤੀ ਰਾਹੀਂ ਹੈ।ਕੀ ਦੇਸ਼ ਦੀ ਜਵਾਨੀ ਨੂੰ ਪੁੱਛਣਾ ਨਹੀਂ ਚਾਹੀਦਾ ਕਿ ਅਦਾਨੀ ਨਾਲ ਠੇਕਾ ਚਾਲੀ ਸਾਲਾਂ ਦਾ ਤੇ ਜਵਾਨੀ ਨਾਲ ਰੁਜ਼ਗਾਰ ਦਾ ਚਾਰ ਸਾਲਾਂ ਦਾ ਕਿਉਂ ? ਉਹਨਾਂ ਕਿਹਾ ਕਿ ਜਵਾਨੀ ਨੂੰ ਯੂਪੀ ਦੇ ਮੁੱਖ ਮੰਤਰੀ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਪੱਕੀ ਸਰਕਾਰੀ ਨੌਕਰੀ ਦਿੱਤੀ ਹੈ।ਜਿਸਦੀ ਹਰ ਮਹੀਨੇ ਬੱਝਵੀਂ ਤਨਖ਼ਾਹ ਅਤੇ ਭੱਤੇ ਹਨ, ਫਿਰ ਜਵਾਨੀ ਲਈ ਪੱਕੀ ਨੌਕਰੀ ਦੀ ਗਰੰਟੀ ਕਿਉਂ ਨਹੀਂ ? ਅੱਜ ਭਾਜਪਾ ਦੇ ਵਾਅਦੇ ਸਾਲ ਵਿੱਚ ਦੋ ਕਰੋੜ ਰੁਜ਼ਗਾਰ ਅਨੁਸਾਰ ਹੀ ਗਿਆਰਾਂ ਸਾਲਾਂ ਦੇ ਸ਼ਾਸਨ ਵਿੱਚ ਬਾਈ ਕਰੋੜ ਰੁਜ਼ਗਾਰ ਮਿਲਣਾ ਚਾਹੀਦਾ ਸੀ, ਇਸਦੀ ਬਜਾਏ ਰੋਜ਼ਗਾਰ ਪਹਿਲੋਂ ਰੁਜ਼ਗਾਰ ਲੱਗਿਆਂ ਦਾ ਵੀ ਰੁਜ਼ਗਾਰ ਖੁੱਸ ਰਿਹਾ ਹੈ।ਅੱਜ ਦੇਸ਼ ਦੇ ਚਾਲੀ ਕਰੋੜ ਤੋਂ ਵਧੇਰੇ ਨੌਜਵਾਨਾਂ ਲਈ ਰੁਜ਼ਗਾਰ ਦੀ ਸੰਵਿਧਾਨਿਕ ਗਰੰਟੀ ਵਾਸਤੇ ਪਾਰਲੀਮੈਂਟ ਵਿੱਚ ਕਾਨੂੰਨ ਬਣਾਉਣ ਦੀ ਲੋੜ ਹੈ।ਅਸੀਂ ਇਸਦੇ ਲਈ ਦੇਸ਼ ਵਿੱਚ ਜਵਾਨੀ ਨੂੰ ਲਾਮਬੰਦ ਕਰ ਰਹੇ ਹਾਂ ਕਿ ਅਠਾਰਾਂ ਸਾਲ ਤੋਂ ਹਰ ਇੱਕ ਨੂੰ ਯੋਗਤਾ ਮੁਤਾਬਕ ਰੁਜ਼ਗਾਰ ਦੇਣ ਵਾਸਤੇ 'ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ' ਬਣਾਇਆ ਜਾਵੇ।ਇਹ ਕਾਨੂੰਨ ਅਣ ਸਿੱਖਿਅਤ ਨੂੰ 30000, ਅਰਧ ਸਿੱਖਿਅਤ ਨੂੰ 35000, ਸਿੱਖਿਅਤ ਨੂੰ 45000 ਅਤੇ ਉੱਚ ਸਿੱਖਿਅਤ ਨੂੰ 60000 ਰੁਪਏ ਪ੍ਰਤੀ ਮਹੀਨਾ ਤਨਖ਼ਾਹ ਜਾਂ ਜੇਕਰ ਰੁਜ਼ਗਾਰ ਨਹੀਂ ਤਾਂ ਉਪਰੋਕਤ ਦਰਜਾਵਾਰ ਤਨਖ਼ਾਹ ਦਾ ਅੱਧ ਪ੍ਰਤੀ ਮਹੀਨਾ 'ਰੁਜ਼ਗਾਰ ਇੰਤਜ਼ਾਰ ਭੱਤਾ' ਯਕੀਨੀ ਬਣਾਏ। ਸ੍ਰੀ ਮਹੇਸਰੀ ਨੇ ਕਿਹਾ ਕਿ ਅੱਜ ਲੜਾਈ ਕੇਵਲ ਸੰਵਿਧਾਨ ਨੂੰ ਬਚਾਉਣ ਦੀ ਨਹੀਂ ਹੈ, ਸਗੋਂ ਸੰਵਿਧਾਨ ਨੂੰ ਮਜ਼ਬੂਤ ਕਰਨ ਦੀ ਹੈ। 'ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ' ਅਤੇ ਹੋਰ ਅਜਿਹੇ ਕਾਨੂੰਨ ਜੋ ਵਿੱਦਿਆ, ਇਲਾਜ ਅਤੇ ਹੋਰ ਸਹੂਲਤਾਂ ਦੀ ਲੋਕਾਂ ਲਈ ਗਰੰਟੀ ਕਰਨ, ਇਹ ਸੰਵਿਧਾਨ ਨੂੰ ਮਜ਼ਬੂਤ ਬਣਾਉਣਗੇ। ਜੱਥੇਬੰਦੀ ਦੇ ਕਾਰਕੁੰਨਾਂ ਨੂੰ ਅਜਿਹੇ ਮੁੱਦਿਆਂ ਨੂੰ ਲੈ ਕੇ ਅੱਜ ਦੀ ਜਵਾਨੀ ਅਤੇ ਖ਼ਾਸ ਕਰਕੇ ਪ੍ਰਚੰਡ ਵੱਲੋਂ ਭਟਕਾਏ ਨੌਜਵਾਨ ਵਰਗ ਤੱਕ ਪਹੁੰਚ ਕਰਨੀ ਹੋਵੇਗੀ।ਉਹਨਾਂ ਡੈਲੀਗੇਟਾਂ ਨੂੰ ਕਿਹਾ ਕਿ ਸਾਡੀ ਗੈਰ ਸਰਗਰਮੀ ਜਾਂ ਆਲਸ, ਮੌਜੂਦਾ ਵਿਵਸਥਾ ਨੂੰ ਜਵਾਨੀ ਦਾ ਦੁਰਉਪਯੋਗ ਕਰਨ ਦੇ ਮੌਕੇ ਦਿੰਦੀ ਹੈ, ਅੱਜ ਜਦੋਂ ਦੇਸ਼ ਵਿੱਚ ਧਰਮਾਂ, ਜਾਤਾਂ, ਇਲਾਕਿਆਂ ਨੂੰ ਲੈ ਨਫ਼ਰਤ ਦੀ ਸਿਆਸਤ ਵੰਡੀਆਂ ਪਾ ਰਹੀ ਹੈ ਤਾਂ ਅਸੀਂ ਇਸ ਲੁਟੇਰੀ ਵਿਵਸਥਾ ਵਿਰੁੱਧ ਜਵਾਨੀ ਨੂੰ ਇੱਕਜੁੱਟ ਕਰਨਾ ਹੈ।ਕਾਨਫਰੰਸ ਦੌਰਾਨ ਸਰਵ ਭਾਰਤ ਨੌਜਵਾਨ ਸਭਾ ਕਿ ਨਵੀਂ ਸੂਬਾਈ ਕਮੇਟੀ ਚੁਣੀ ਗਈ, ਜਿਸ ਵਿੱਚ ਡਾਕਟਰ ਆਲਮ ਸੂਬਾਈ ਪ੍ਰਧਾਨ ਅਤੇ ਸੰਦੀਪ ਕੁਮਾਰ ਜੌਨਪੁਰ ਸੂਬਾਈ ਸਕੱਤਰ ਚੁਣੇ ਗਏ।ਜੱਥੇਬੰਦੀ ਦੀ 15, 16, 17, ਤੇ 18 ਮਈ ਨੂੰ ਤਿਰੂਪਤੀ, ਆਂਧਰਾ ਪ੍ਰਦੇਸ਼ ਵਿਖੇ ਹੋ ਰਹੀ ਕੌਮੀ ਕਾਨਫਰੰਸ ਲਈ ਵੀ ਸੂਬੇ ਵਿੱਚੋਂ ਡੈਲੀਗੇਟ ਚੁਣੇ ਗਏ।ਇਸ ਦੌਰਾਨ ਕੌਮੀ ਕੌਂਸਲ ਮੈਂਬਰ ਦੀਰੇਂਦਰ ਤਿਵਾਰੀ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾਈ ਪ੍ਰਧਾਨ ਸੰਜੇ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਮੋਟਰਸਾਈਕਲ ਖੜਾ ਕਰਨ 'ਤੇ ਵਿਵਾਦ ਨੇ ਧਾਰਿਆ ਖ਼ੂਨੀ ਰੂਪ, ਤਿੰਨ ਜ਼ਖ਼ਮੀ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪਿੰਡ ਸੁਲਤਾਨਪੁਰ ਰੂਰਲ ਵਿਖੇ ਮਾਮੂਲੀ ਗੱਲ ਨੂੰ ਲੈ ਕੇ ਦੋ ਧਿਰਾਂ ਵਿਚਕਾਰ ਖ਼ੂਨੀ ਝੜਪ ਹੋ ਗਈ। ਜਿਸ ਦੌਰਾਨ 2 ਔਰਤਾਂ ਤੇ ਇੱਕ ਨੌਜਵਾਨ ਜ਼ਖ਼ਮੀ ਹੋ ਗਿਆ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ 'ਚ ਇਲਾਜ ਅਧੀਨ ਜਸਬੀਰ ਕੌਰ ਪਤਨੀ ਅਜੀਤ ਸਿੰਘ ਨਿਵਾਸੀ ਸੁਲਤਾਨਪੁਰ ਰੂਰਲ ਨੇ ਦੱਸਿਆ ਕਿ ਉਹਨਾਂ ਦਾ ਗੁਆਂਢੀਆਂ ਨਾਲ ਮੋਟਰਸਾਈਕਲ ਖੜੇ ਕਰਨ ਨੂੰ ਲੈ ਕੇ ਬੀਤੇ ਦਿਨ ਝਗੜਾ ਹੋਇਆ ਸੀ , ਜਿਸ ਤੋਂ ਬਾਅਦ ਰਾਜੀਨਾਮਾ ਹੋ ਗਿਆ ਸੀ। ਬੀਤੇ ਦਿਨੀਂ ਉਕਤ ਵਿਅਕਤੀ ਨੇ ਦੁਬਾਰਾ ਤੋਂ 10,15 ਨੌਜਵਾਨ ਨਾਲ ਲੈ ਕੇ ਮੇਰੇ ਪੋਤਰੇ ਰਣਵੀਰ ਸਿੰਘ ਪੁੱਤਰ ਜਰਨੈਲ ਸਿੰਘ ਨਾਲ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਅਸੀਂ ਜਦੋਂ ਉਸ ਨੂੰ ਛੁਡਾਉਣ ਲੱਗੇ ਤਾਂ ਉਕਤ ਬੇਖੌਫ ਹਮਲਾਵਰਾਂ ਨੇ ਸਾਡੇ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕੀਤਾ,ਜਿਸ ਦੌਰਾਨ ਮੈਂ ਤੇ ਮੇਰੀ ਨੂੰਹ ਕੁਲਵਿੰਦਰ ਕੌਰ ਪਤਨੀ ਜਰਨੈਲ ਸਿੰਘ , ਮੇਰਾ ਪੋਤਰਾ ਰਣਵੀਰ ਸਿੰਘ ਪੁੱਤਰ ਜਰਨੈਲ ਸਿੰਘ ਨਿਵਾਸੀ ਸੁਲਤਾਨਪੁਰ ਰੂਰਲ਼ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਦਾਖਲ ਕਰਵਾਇਆ ਗਿਆ ਹੈ । ਪੁਲਸ ਨੂੰ ਘਟਨਾ ਦੇ ਸੰਬੰਧ ਵਿੱਚ ਸੂਚਨਾ ਦੇ ਦਿੱਤੀ ਹੈ।

## ਵਰ੍ਹੇਗੰਢ ਮੁਬਾਰਕ



ਬਲਵੀਰ ਸਿੰਘ ਸੈਣੀ ਅਤੇ ਨਿਰਮਲ ਕੌਰ ਨੇ ਆਪਣੇ ਵਿਆਹ ਦੀ 44ਵੀਂ ਵਰ੍ਹੇਗੰਢ ਮਨਾਈ।



ਬਲਵੀਰ ਸਿੰਘ ਚੀਮਾ ਤੇ ਆਸ਼ਾ ਚੀਮਾ ਵਾਸੀ ਜਲੰਧਰ ਨੇ ਆਪਣੇ ਵਿਆਹ ਦੀ 39ਵੀਂ ਵਰ੍ਹੇਗੰਢ ਮਨਾਈ।

# ਪਾਣੀ ਰਿਹਾ ਤਾਂ ਪੰਜਾਬ ਦੀ ਹੋਂਦ ਬਚੇਗੀ : ਸੀਚੇਵਾਲ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਫਿਲੀਪਾਈਨ ਦੀ ਫੇਰੀ ਦੇ ਆਖਰੀ ਦਿਨਾਂ ਵਿੱਚ ਰਾਜ ਸਭਾ ਮੈਂਬਰ ਤੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੀਬੂ ਟਾਪੂ ਦਾ ਦੌਰਾ ਕੀਤਾ। ਇੱਥੇ ਵੱਸਦੇ ਪੰਜਾਬੀਆਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਗੁਰਦੁਆਰਾ ਸਾਹਿਬ ਵਿੱਚ ਕੀਤੇ ਭਰਵੇਂ ਸਮਾਗਮ ਦੌਰਾਨ ਵੀ ਪੰਜਾਬ ਦੇ ਪਾਣੀਆਂ 'ਤੇ ਚਰਚਾ ਹੁੰਦੀ ਰਹੀ। ਸੰਤ ਸੀਚੇਵਾਲ ਨੇ ਪਾਣੀਆਂ ਬਾਰੇ ਇੱਥੋਂ ਧਾਰਮਿਕ ਪਰਿਪੇਖ ਵਿੱਚ ਗੱਲ ਕੀਤੀ ਉੱਥੇ ਨਾਲ ਹੀ ਉਨ੍ਹਾਂ ਪੰਜਾਬੀਆਂ ਨੂੰ ਸਾਵਧਾਨ ਕਰਦਿਆਂ ਕਿਹਾ ਕਿ ਪਾਣੀ ਬਚੇਗਾ ਤਾਂ ਹੀ ਪੰਜਾਬ ਦੀ ਹੋਂਦ ਬਚੇਗੀ। ਗੱਲਬਾਤ ਦੌਰਾਨ ਸੰਤ ਸੀਚੇਵਾਲ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਵਿਸ਼ੇਸ਼ ਸੈਸ਼ਨ ਨੂੰ ਵੀ ਇੱਥੇ ਸਾਰਿਆਂ ਨੇ ਦੇਖਿਆ ਕਿ ਉਨ੍ਹਾਂ ਦੇ 117 ਨੁਮਾਇੰਦੇ ਕਿਵੇਂ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਦੀ ਪਹਿਰੇਦਾਰੀ ਕਰਦੇ ਹਨ। ਸੰਤ ਸੀਚੇਵਾਲ ਨੇ ਦੱਸਿਆ ਕਿ ਪੰਜਾਬ ਦੀ ਧਰਤੀ ਪਾਣੀਆਂ ਦੇ ਸੰਕਟ ਕਾਰਨ ਬੰਜਰ ਬਣਨ ਵੱਲ ਵਧ ਰਹੀ ਹੈ। ਪੰਜਾਬ ਦੇ ਪਾਣੀਆਂ 'ਤੇ ਡਾਕਾ ਤਾਂ 1955 ਤੋਂ ਹੀ ਪੈਂਦਾ ਆ ਰਿਹਾ ਹੈ। ਸਮੇਂ ਦੀਆਂ ਹਕੂਮਤਾਂ ਨੇ ਬਹੁਤ ਹੀ ਬੇਕਿਰਕੀ ਨਾਲ ਪੰਜਾਬ ਦੇ ਪਾਣੀਆਂ ਨੂੰ ਲੁੱਟਿਆ ਹੈ। ਪੰਜਾਬ ਦੇ ਪਲੀਤ ਹੋ ਰਹੇ ਪਾਣੀਆਂ ਬਾਰੇ ਕਿਸੇ ਵੀ ਸਰਕਾਰ ਨੇ ਕਦੇ ਫ਼ਿਕਰਮੰਦੀ ਜ਼ਾਹਰ ਨਹੀਂ ਕੀਤੀ, ਸਗੋਂ ਪਲੀਤ ਹੋਏ ਸਤਲੁਜ ਦਰਿਆ ਨੂੰ ਸਾਫ਼ ਕਰਨ ਦੀ ਆੜ ਹੇਠਾਂ ਵੱਡੀਆਂ ਹੇਰਾਫੇਰੀਆਂ ਹੁੰਦੀਆਂ ਰਹੀਆਂ। ਸੰਤ ਸੀਚੇਵਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੇ ਪਿੰਡਾਂ ਨੇੜਿਓਂ ਲੰਘਦੀ ਕਾਲਾ ਸੰਘਿਆਂ ਡਰੇਨ ਅਤੇ ਚਿੱਟੀ ਵੇਈਂ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਆਪਣਾ ਯੋਗਦਾਨ ਪਾਉਣ। ਸੰਤ ਸੀਚੇਵਾਲ ਨੇ ਕਿਹਾ ਕਿ ਜਲਦ ਹੀ ਇਨ੍ਹਾਂ ਦੋਵਾਂ ਨਦੀਆਂ ਵਿੱਚ ਵੀ ਸਾਫ ਪਾਣੀ ਵਗਣ ਲੱਗ ਪਵੇਗਾ। ਸੀਬੂ ਵਿੱਚ ਰਹਿੰਦੇ ਪਰਵਾਸੀ ਪੰਜਾਬੀਆਂ ਨੇ ਆਪਣੀਆਂ ਸਮੱਸਿਆਵਾਂ ਵੀ ਸੰਤ ਸੀਚੇਵਾਲ ਨਾਲ ਸਾਂਝੀਆਂ ਕੀਤੀਆਂ। ਉਨ੍ਹਾਂ ਭਰੋਸਾ ਦਿੱਤਾ ਕਿ ਪਰਵਾਸੀ ਪੰਜਾਬੀਆਂ ਦੀ ਸਮੱਸਿਆਵਾਂ ਨੂੰ ਫਿਲੀਪਾਈਨ ਵਿੱਚ ਭਾਰਤੀ ਦੂਤਾਵਾਸ ਕੋਲ ਰੱਖਣਗੇ ਅਤੇ ਉਨ੍ਹਾਂ ਨੂੰ ਹੱਲ ਕਰਵਾਉਣ ਲਈ ਯਤਨਸ਼ੀਲ ਰਹਿਣਗੇ।

# ਆਦਿਵਾਸੀ ਇਲਾਕਿਆਂ 'ਚ ਹਕੂਮਤੀ ਜਬਰ ਵਿਰੁੱਧ ਸੰਗਰੂਰ ਵਿਖੇ ਸੂਬਾਈ ਕਨਵੈਨਸ਼ਨ ਤੇ ਮੁਜ਼ਾਹਰਾ 22 ਨੂੰ

**ਜਲੰਧਰ** : ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾਈ ਕਨਵੀਨਰਾਂ ਡਾ. ਪਰਮਿੰਦਰ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਸੂਬਾ ਕਮੇਟੀ ਮੀਟਿੰਗ ਦੇ ਫ਼ੈਸਲਿਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਸਤਰ ਅਤੇ ਹੋਰ ਆਦਿਵਾਸੀ ਇਲਾਕਿਆਂ ਅੰਦਰ ਨਕਸਲਵਾਦ ਨੂੰ ਖ਼ਤਮ ਕਰਨ ਦੇ ਨਾਂ ਹੇਠ ਕੀਤੇ ਜਾ ਰਹੇ ਕਤਲੇਆਮ ਵਿਰੁੱਧ ਆਵਾਜ਼ ਉਠਾਉਣ ਲਈ 22 ਮਈ ਨੂੰ ਪਰਲ ਪੈਲੇਸ (ਨੇੜੇ ਬਰਨਾਲਾ ਕੈਂਚੀਆਂ) ਸੰਗਰੂਰ ਵਿਖੇ ਜਬਰ ਵਿਰੁੱਧ ਸੂਬਾਈ ਕਨਵੈਨਸ਼ਨ ਕਰਨ ਉਪਰੰਤ ਮੁਜ਼ਾਹਰਾ ਕੀਤਾ ਜਾਵੇਗਾ।ਜਿਸ ਦੇ ਮੁੱਖ ਵਕਤਾ ਜਮਹੂਰੀ ਹੱਕਾਂ ਦੀ ਪਹਿਰੇਦਾਰ ਨਾਮਵਰ ਸ਼ਖ਼ਸੀਅਤ ਡਾ. ਨਵਸ਼ਰਨ ਹੋਣਗੇ। ਉਨ੍ਹਾਂ ਕਿਹਾ ਕਿ ਮਾਓਵਾਦੀ ਅਤੇ ਹੋਰ ਹਥਿਆਰਬੰਦ ਲਹਿਰਾਂ ਦੇ ਰੂਪ 'ਚ ਭਾਰਤੀ ਸਟੇਟ ਨਾਲ ਹਥਿਆਰਬੰਦ ਟਕਰਾਅ ਨੰਗੇ ਅਨਿਆਂ ਅਤੇ ਘੋਰ ਨਾਬਰਾਬਰੀ 'ਤੇ ਆਧਾਰਤ ਮੌਜੂਦਾ ਰਾਜਨੀਤਕ ਪ੍ਰਬੰਧ ਦੀ ਲੋਕ ਵਿਰੋਧੀ ਕਾਰਗੁਜ਼ਾਰੀ 'ਚੋਂ ਉਪਜੀ ਸਮਾਜਿਕ ਬੇਚੈਨੀ ਦਾ ਨਤੀਜਾ ਹੈ। ਜਿਸ ਨੂੰ ਰਾਜਨੀਤਕ ਮਸਲੇ ਵਜੋਂ ਲੈ ਕੇ ਬੁਨਿਆਦੀ ਮਸਲੇ ਹੱਲ ਕਰਨ ਦੀ ਬਜਾਏ ਭਾਰਤੀ ਹੁਕਮਰਾਨ ਜੰਗਲੀ-ਪਹਾੜੀ ਇਲਾਕਿਆਂ ਨੂੰ ਸੁਰੱਖਿਆ ਬਲਾਂ ਦੀ ਵਿਆਪਕ ਛਾਉਣੀ ਬਣਾ ਕੇ ਅਤੇ 'ਓਪਰੇਸ਼ਨ ਕਗਾਰ' ਵਰਗੇ ਨੀਮ-ਫ਼ੌਜੀ ਓਪਰੇਸ਼ਨ ਚਲਾ ਕੇ ਸੰਘਰਸ਼ਸ਼ੀਲ ਦੱਬੇ ਕੁਚਲੇ ਲੋਕਾਂ ਦੀਆਂ ਲਾਸ਼ਾਂ ਵਿਛਾਉਣ ਦੀ ਨੀਤੀ 'ਤੇ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ 'ਮਾਰਚ 2026 ਤੱਕ ਨਕਸਲਵਾਦ ਦਾ ਸਫ਼ਾਇਆ ਕਰਨ' ਦੀ ਭਾਜਪਾ ਦੀ ਨੀਤੀ ਕਥਿਤ ਵਿਕਾਸ ਦੇ ਨਾਂ ਹੇਠ ਕਾਰਪੋਰੇਟ ਪ੍ਰੋਜੈਕਟਾਂ ਦਾ ਰਾਹ ਸਾਫ਼ ਕਰਨ ਦੀ ਫਾਸ਼ੀਵਾਦੀ ਨੀਤੀ ਹੈ ਜਿਸ ਦਾ ਮੁਲਕ ਦੇ ਹਿਤਾਂ ਅਤੇ ਲੋਕਾਂ ਦੀ ਬਿਹਤਰੀ ਨਾਲ ਕੋਈ ਲੈਣਾ-ਦੇਣਾ ਨਹੀਂ । ਇਹ ਦਰਅਸਲ, ਆਦਿਵਾਸੀਆਂ ਦੇ ਜਲ-ਜੰਗਲ-ਜ਼ਮੀਨ ਉੱਪਰ ਕੁਦਰਤੀ ਹੱਕ ਦੀ ਰਾਖੀ ਦੇ ਜਮਹੂਰੀ ਹੱਕ ਨੂੰ ਕੁਚਲਕੇ ਕੁਦਰਤੀ ਵਸੀਲਿਆਂ ਨਾਲ ਭਰਪੂਰ ਜੰਗਲੀ-ਪਹਾੜੀ ਇਲਾਕਿਆਂ ਅਤੇ ਹੋਰ ਜ਼ਮੀਨਾਂ ਉੱਪਰ ਕਾਰਪੋਰੇਟ ਪ੍ਰੋਜੈਕਟ ਥੋਪਣ ਦੀ ਲੋਕ ਵਿਰੋਧੀ ਸਾਜ਼ਿਸ਼ ਹੈ । ਪੰਜਾਬ ਵਿਚ ਜ਼ਮੀਨਾਂ, ਸਿੱਖਿਆ, ਸਿਹਤ ਆਦਿ ਖੇਤਰਾਂ ਅਤੇ ਬਾਇਓ ਗੈਸ ਪਲਾਂਟਾਂ ਵਰਗੇ ਲੋਕ ਵਿਰੋਧੀ ਪ੍ਰੋਜੈਕਟਾਂ ਦਾ ਹੱਲਾ ਰੋਕਣ ਲਈ ਵੀ ਆਦਿਵਾਸੀਆਂ ਅਤੇ ਉਨ੍ਹਾਂ ਦੇ ਹਿੱਤਾਂ ਲਈ ਜੂਝਦੇ ਇਨਕਲਾਬੀਆਂ ਦੇ ਕਤਲੇਆਮ ਵਿਰੁੱਧ ਜਨਤਕ ਜਮਹੂਰੀ ਆਵਾਜ਼ ਦਾ ਉੱਠਣਾ ਸਮੇਂ ਦੀ ਅਹਿਮ ਮੰਗ ਹੈ। ਉਨ੍ਹਾਂ ਦੱਸਿਆ ਕਿ ਇਸ ਜਮਹੂਰੀ ਇਕੱਠ ਦੀ ਕਾਮਯਾਬੀ ਲਈ ਵੱਖ-ਵੱਖ ਇਲਾਕਿਆਂ ਵਿਚ ਸੰਪਰਕ ਮੁਹਿਮ ਚਲਾਉਂਦੇ ਹੋਏ ਬੁੱਧੀਜੀਵੀਆਂ, ਲੇਖਕਾਂ, ਕਲਾਕਾਰਾਂ, ਰੰਗਕਰਮੀਆਂ, ਵਕੀਲਾਂ, ਪੱਤਰਕਾਰਾਂ ਸਮੇਤ ਪੰਜਾਬ ਦੀਆਂ ਸਮੂਹ ਲੋਕਪੱਖੀ ਤਾਕਤਾਂ ਨੂੰ ਦਨਦਨਾ ਰਹੇ ਜਾਬਰ ਹਮਲੇ ਵਿਰੁੱਧ ਆਵਾਜ਼ ਉਠਾਉਣ ਦੀ ਅਪੀਲ ਕੀਤੀ ਜਾਵੇਗੀ ਅਤੇ ਇਹ ਮੰਗ ਕੀਤੀ ਜਾਵੇਗੀ ਕਿ ਆਦਿਵਾਸੀ ਇਲਾਕਿਆਂ ਵਿਚ ਝੂਠੇ ਮੁਕਾਬਲਿਆਂ, ਡਰੋਨ ਹਮਲਿਆਂ ਅਤੇ ਹੋਰ ਰੂਪਾਂ ਵਿਚ ਕਤਲੇਆਮ ਬੰਦ ਕੀਤਾ ਜਾਵੇ, ਆਦਿਵਾਸੀ ਇਲਾਕਿਆਂ ਵਿੱਚੋਂ ਸਕਿਉਰਿਟੀ ਕੈਂਪ ਹਟਾਏ ਜਾਣ ਅਤੇ ਵਿਸ਼ੇਸ਼ ਸੁਰੱਖਿਆ ਤਾਕਤਾਂ ਵਾਪਸ ਬੁਲਾਈਆਂ ਜਾਣ; ਕਾਰਪੋਰੇਟ ਪੱਖੀ ਆਰਥਕ ਮਾਡਲ ਰੱਦ ਕੀਤਾ ਜਾਵੇ, ਜਲ-ਜੰਗਲ-ਜ਼ਮੀਨ ਉੱਪਰ ਆਦਿਵਾਸੀ ਲੋਕਾਂ ਦਾ ਕੁਦਰਤੀ ਹੱਕ ਤਸਲੀਮ ਕੀਤਾ ਜਾਵੇ, ਜਨਤਕ ਅੰਦੋਲਨਾਂ ਨੂੰ ਗ਼ੈਰਕਾਨੂੰਨੀ/ ਪਾਬੰਦੀਸ਼ੁਦਾ ਕਰਾਰ ਦੇ ਕੇ ਕੁਚਲਣ ਅਤੇ ਹੁਕਮਰਾਨ ਜਮਾਤ ਦੀਆਂ ਲੋਕ ਵਿਰੋਧੀ ਨੀਤੀਆਂ ਉੱਪਰ ਸਵਾਲ ਉਠਾਉਣ ਵਾਲੇ ਚਿੰਤਕਾਂ ਤੇ ਜਮਹੂਰੀ ਕਾਰਕੁਨਾਂ ਨੂੰ ਝੂਠੇ ਕੇਸ ਬਣਾ ਕੇ ਜੇਲ੍ਹਾਂ ਵਿਚ ਡੱਕਣ ਦੀ ਨੀਤੀ ਬੰਦ ਕੀਤੀ ਜਾਵੇ ਅਤੇ ਜੇਲ੍ਹਾਂ ਵਿਚ ਡੱਕੇ ਰਾਜਨੀਤਕ ਕੈਦੀਆਂ ਤੇ ਆਮ ਲੋਕਾਂ ਨੂੰ ਰਿਹਾਅ ਕੀਤਾ ਜਾਵੇ।

# ਨੈਣੋਵਾਲ ਵੈਦ 'ਚ ਸਲਾਨਾ ਸੱਭਿਆਚਾਰਕ ਮੇਲਾ 15 ਨੂੰ



**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਨੈਣੋਵਾਲ ਵੈਦ ਵਿਖੇ ਸਥਿਤ ਪੀਰ ਗੁੱਗਾ ਜਾਹਰਾ ਪੀਰ ਦੀ ਮਜ਼ਾਰ 'ਤੇ ਸਲਾਨਾ ਸੱਭਿਆਚਾਰਕ ਮੇਲਾ 15 ਮਈ ਨੂੰ ਹੋਵੇਗਾ। ਇਸ ਸੱਭਿਆਚਾਰਕ ਮੇਲੇ ਸਬੰਧੀ ਪ੍ਰਬੰਧਕ ਸੇਵਾਦਾਰ ਨੇ ਪੋਸਟਰ ਜਾਰੀ ਕਰਦਿਆਂ ਦੱਸਿਆ ਕਿ ਇਸ ਮੌਕੇ ਸਭ ਤੋਂ ਪਹਿਲਾਂ ਪੀਰਾਂ ਦੇ ਅਸਥਾਨ 'ਤੇ ਸਵੇਰੇ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਦੁਪਹਿਰ ਸਮੇਂ ਸੱਭਿਆਚਾਰਕ ਮੇਲੇ ਵਿੱਚ ਕਲਾਕਾਰ ਪਹੁੰਚ ਕੇ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ, ਜਿਹਨਾ 'ਚ ਕੱਵਾਲ ਦਿਲਦਾਰ ਖਾਨ, ਦੋਗਾਣਾ ਜੋੜੀ ਸਰਬਜੀਤ ਬੁੱਗਾ ਤੇ ਮਨਪ੍ਰੀਤ ਬੁੱਗਾ, ਐਸ.ਪੀ ਬੁੱਗਾ, ਈਸ਼ੂ ਨਕਾਲ ਪਾਰਟੀ ਵਿਸ਼ੇਸ਼ ਤੌਰ 'ਤੇ ਪਹੁੰਚਣਗੇ।ਇਸ ਮੌਕੇ ਸੇਵਾਦਾਰ ਗੁਰਜੀਤ ਸਿੰਘ, ਬਲਜਿੰਦਰ ਸਿੰਘ ਢਿੱਲੋਂ , ਸੰਦੀਪ ਸਿੰਘ ਮਹਿਮੀ , ਜਸਵੰਤ ਸਿੰਘ ਢਿੱਲੋਂ , ਜਸਵਿੰਦਰ ਸਿੰਘ ਢਿੱਲੋਂ, ਸਰਨਵੀਰ ਸਿੰਘ ਢਿੱਲੋਂ ਆਸਟ੍ਰੇਲੀਆ ਵਾਲੇ, ਮਨਵੀਰ ਸਿੰਘ, ਸੁਰਿੰਦਰ ਲੱਬੀ, ਜਸਕਰਨ ਜੱਸੂ, ਤਰਨਵੀਰ ਸਿੰਘ ਢਿੱਲੋਂ, ਪ੍ਰਭਜੋਤ ਸਿੰਘ ਢਿੱਲੋਂ, ਅਰਸ਼, ਮਨਿੰਦਰ ਸਿੰਘ, ਗੁਰਕਮਲ ਸਿੰਘ, ਅਮ੍ਰਿਤਪਾਲ ਸਿੰਘ, ਭੁਪਿੰਦਰ ਸਿੰਘ , ਬਖਸ਼ੀਸ਼ ਸਿੰਘ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਪੰਜਾਬ ਸਰਕਾਰ ਵੱਲੋਂ ਪਾਣੀਆਂ ਦੇ ਮੁੱਦੇ ਦੇ ਸਟੈਂਡ ਦਾ ਪ੍ਰਵਾਸੀ ਭਾਰਤੀਆਂ ਵੱਲੋਂ ਜ਼ੋਰਦਾਰ ਸਵਾਗਤ




**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਨਿਯਮਾਂ ਦੇ ਉਲਟ ਜਾ ਕੇ ਪੰਜਾਬ ਦੇ ਪਾਣੀਆਂ ਨੂੰ ਦੂਜੇ ਸੂਬਿਆਂ ਨੂੰ ਦੇਣ ਦੇ ਕੀਤੇ ਫ਼ੈਸਲੇ ਨੂੰ ਮੰਦਭਾਗਾ ਦੱਸਦਿਆਂ ਅਮਰੀਕਾ ਨਿਵਾਸੀ ਉੱਘੇ ਪ੍ਰਵਾਸੀ ਪੰਜਾਬੀਆਂ ਕੁਲਵੰਤ ਸਿੰਘ ਸ਼ਾਹ, ਧਰਮ ਸਿੰਘ ਖਿੰਡਾ ਮੈਰੀਪੁਰ, ਹਰਨੇਕ ਸਿੰਘ ਨੇਕਾ ਯੂ.ਕੇ, ਨੱਥਾ ਸਿੰਘ ਢਿੱਲੋਂ ਤਾਸ਼ਪੁਰ ਅਤੇ ਦੇਵ ਥਿੰਦ ਸ਼ਿਕਾਰਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਸ ਮੁੱਦੇ 'ਤੇ ਲਏ ਸਖ਼ਤ ਸਟੈਂਡ ਦੀ ਸਮੁੱਚੇ ਪ੍ਰਵਾਸੀ ਪੰਜਾਬੀਆਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹੱਕਾਂ ਤੇ ਸਮੇਂ ਦੀਆਂ ਕੇਂਦਰੀ ਸਰਕਾਰਾਂ ਨੇ ਹਮੇਸ਼ਾ ਡਾਕਾ ਮਾਰਿਆ ਹੈ। ਪਹਿਲਾਂ ਪੰਜਾਬ ਦੀ ਵੰਡ ਕੀਤੀ ਗਈ, ਪੰਜਾਬੀ ਬੋਲਦੇ ਇਲਾਕੇ ਖੋਹੇ ਗਏ, ਚੰਡੀਗੜ੍ਹ ਪੰਜਾਬ ਨੂੰ ਨਹੀਂ ਦਿੱਤਾ ਆਦਿ ਮੁੱਦਿਆਂ ਤੇ ਪੰਜਾਬ ਨਾਲ਼ ਧੋਖਾ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਭਾਖੜਾ ਡੈਮ ਦੇ ਪਾਣੀ ਉੱਪਰ ਸਿਰਫ਼ ਪੰਜਾਬ ਦਾ ਹੀ ਹੱਕ ਹੈ ਕਿਉਂਕਿ ਪੰਜਾਬ ਦੀ ਹਜ਼ਾਰਾਂ ਏਕੜ ਜ਼ਮੀਨ ਇਸ ਹੇਠ ਆਈ ਹੈ । ਉਨ੍ਹਾਂ ਕਿਹਾ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਪਾਣੀਆਂ ਸੰਬੰਧੀ ਕੋਈ ਵੀ ਫੈਸਲਾ ਕਰਨ ਤੋਂ ਪਹਿਲਾਂ ਪੰਜਾਬ ਨੂੰ ਜਾਣੂ ਕਰਵਾਏ ਨਾ ਕਿ ਕੇਂਦਰ ਸਰਕਾਰ ਦੇ ਦਬਾਅ ਹੇਠ ਖੁਦ ਫੈਸਲੇ ਕਰੇ। ਉਨ੍ਹਾਂ ਨੇ ਕਿਹਾ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਆਪਣੇ ਵਤਨ ਦੇ ਹੱਕਾਂ ਲਈ ਫ਼ਿਕਰਮੰਦ ਹਨ।

# ਮੁੱਖ ਮੰਤਰੀ ਵੱਲੋਂ ਧਰਨੇ, ਮੁਜ਼ਾਹਰੇ ਦੇ ਜਮਹੂਰੀ ਹੱਕ ਖੋਹਣ ਵਾਲੇ ਤਾਨਾਸ਼ਾਹੀ ਫ਼ੁਰਮਾਨ ਦੀ ਸਖ਼ਤ ਨਿੰਦਾ



**ਕਾਲਾ ਸੰਘਿਆਂ (ਮਨਜੀਤ ਮਾਨ)**- ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਰਜਿ. 31 ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹੱਕਾਂ ਲਈ ਸੰਘਰਸ਼ਸ਼ੀਲ ਪੰਜਾਬ ਦੇ ਲੋਕਾਂ ਨੂੰ ਸੰਘਰਸ਼ ਕਰਨ ਖਿਲਾਫ ਦਿੱਤੀ ਚੇਤਾਵਨੀ ਦੀ ਸਖਤ ਸ਼ਬਦਾਂ 'ਚ ਨਿੰਦਾ ਕਰਦਿਆਂ ਇਸ ਨੂੰ ਗੈਰ-ਜਮਹੂਰੀ ਅਤੇ ਤਾਨਾਸ਼ਾਹੀ ਫੁਰਮਾਨ ਕਰਾਰ ਦਿੱਤਾ ਹੈ। ਇਸ ਸੰਬੰਧੀ ਪ੍ਰੈੱਸ ਦੇ ਨਾਂ ਸਾਂਝਾ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਰਨਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ, ਸੂਬਾ ਜੁਆਇੰਟ ਪ੍ਰੈੱਸ ਸਕੱਤਰ ਜਸਵੀਰ ਸਿੰਘ ਸ਼ੀਰਾ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਇੱਕ ਤਰ੍ਹਾਂ ਨਾਲ ਸੰਘਰਸ਼ ਕਰਨ ਦੇ ਲੋਕਾਂ ਦੇ ਜਮਹੂਰੀ ਹੱਕ ਨੂੰ ਕੁਚਲਣ ਦਾ ਐਲਾਨ ਕੀਤਾ ਗਿਆ ਹੈ ਅਤੇ ਧਰਨਿਆਂ, ਮੁਜ਼ਾਹਰਿਆਂ, ਹੜਤਾਲਾਂ ਵਰਗੀਆਂ ਸਧਾਰਨ ਪ੍ਰਵਾਨਿਤ ਸੰਘਰਸ਼ ਸ਼ਕਲਾਂ ਨੂੰ ਵੀ ਗੈਰ-ਕਾਨੂੰਨੀ ਕਰਾਰ ਦੇਣ ਦੀ ਕੋਸ਼ਿਸ਼ ਕੀਤੀ ਗਈ ਹੈ। ਮੁੱਖ ਮੰਤਰੀ ਦੇ ਆਏ ਬਿਆਨ 'ਤੇ ਲਗਭਗ ਪਿਛਲੇ ਦੋ ਮਹੀਨਿਆਂ ਦਾ ਸੰਘਰਸ਼ਾਂ ਪ੍ਰਤੀ ਅਖਤਿਆਰ ਕੀਤਾ ਰਵੱਈਆ ਦੱਸਦਾ ਹੈ ਕਿ ਆਪ ਸਰਕਾਰ ਪੂਰੀ ਤਰ੍ਹਾਂ ਲੋਕਾਂ ਦੇ ਸੰਘਰਸ਼ ਕਰਨ ਦੇ ਜਮਹੂਰੀ ਹੱਕ ਨੂੰ ਕੁਚਲਣ 'ਤੇ ਆ ਗਈ ਹੈ।ਆਗੂਆਂ ਕਿਹਾ ਕਿ ਪੰਜਾਬ ਦੇ ਲੋਕਾਂ ਵੱਲੋਂ ਆਪਣੇ ਹੱਕਾਂ ਲਈ ਧਰਨਿਆਂ ਮੁਜ਼ਾਹਰਿਆਂ ਦੇ ਰਾਹ ਪੈਣ ਦਾ ਜ਼ੋਰ ਫੜ ਰਿਹਾ ਰੁਝਾਨ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਸਰਕਾਰ ਸਮਾਜ ਦੇ ਵੱਖ ਵੱਖ ਮਿਹਨਤਕਸ਼ ਵਰਗਾਂ ਦੇ ਹੱਕੀ ਮਸਲੇ ਹੱਲ ਕਰਨ ਵਿੱਚ ਨਾਕਾਮ ਹੈ ਤੇ ਇਸ ਦੀ ਪਹੁੰਚ ਇਨ੍ਹਾਂ ਮਸਲਿਆਂ ਨੂੰ ਹੱਲ ਕਰਨ ਦੀ ਥਾਂ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਹੈ। ਪੰਜਾਬ ਦੀ ਆਪ ਸਰਕਾਰ ਕਾਰਪੋਰੇਟ ਘਰਾਣਿਆਂ ਦੀ ਸੇਵਾ ਵਾਲੇ ਅਖੌਤੀ ਵਿਕਾਸ ਮਾਡਲ ਨੂੰ ਲਾਗੂ ਕਰਨ 'ਤੇ ਤੁਲੀ ਹੋਈ ਹੈ। ਲੋਕਾਂ ਦੀ ਰੋਜ਼ੀ ਰੋਟੀ ਤੇ ਰੁਜ਼ਗਾਰ ਦੇ ਮਸਲੇ ਦਿਨੋਂ ਦਿਨ ਗੰਭੀਰ ਹੋ ਰਹੇ ਹਨ ਤੇ ਸਰਕਾਰ ਇਨ੍ਹਾਂ ਦਾ ਹੱਲ ਕਰਨ ਦੀ ਥਾਂ ਜਬਰ ਕਰਨ 'ਤੇ ਤੁਰੀ ਹੋਈ ਹੈ। ਸਰਕਾਰ ਵੱਲੋਂ ਧਰਨਿਆਂ ਮੁਜ਼ਾਹਰਿਆਂ ਰਾਹੀਂ ਲੋਕਾਂ ਨੂੰ ਆਉਣ ਵਾਲੀ ਦਿੱਕਤ ਦਾ ਝੂਠਾ ਬਿਰਤਾਂਤ ਘੜਿਆ ਜਾ ਰਿਹਾ ਹੈ। ਜਦੋਂ ਕਿ ਲੋਕਾਂ ਲਈ ਸਮੱਸਿਆਵਾਂ ਦੀ ਵਜ੍ਹਾ ਹਕੂਮਤ ਵੱਲੋਂ ਅਖਤਿਆਰ ਕੀਤੀਆਂ ਹੋਈਆਂ ਨੀਤੀਆਂ ਹਨ। ਆਗੂਆਂ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਸੰਘਰਸ਼ ਕਰਨ ਦੇ ਜਮਹੂਰੀ ਹੱਕ ਨੂੰ ਪੁਗਾਉਣ ਲਈ ਦ੍ਰਿੜ੍ਹ ਹੈ ਤੇ ਹਰ ਹਾਲ ਇਸ ਹੱਕ ਦੀ ਰਾਖੀ ਲਈ ਡਟੇਗੀ।

# ਡੈਮ ਸੇਫਟੀ ਐਕਟ ਰੱਦ ਕੀਤਾ ਜਾਵੇ : ਰਾਜੂ ਬਰਨਾਲਾ



**ਬੰਗਾ (ਅਵਤਾਰ ਕਲੇਰ)**— ਸਰਕਾਰੀ ਆਈ ਟੀ ਆਈ ਸੂੰਢ ਵਿਖੇ ਪੰਜਾਬ ਦੇ ਖੋਹੇ ਜਾ ਰਹੇ ਪਾਣੀਆਂ ਨੂੰ ਲੈ ਕੇ ਰੋਸ ਰੈਲੀ ਕੀਤੀ ਗਈ।ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਰਾਜੂ ਬਰਨਾਲਾ ਅਤੇ ਆਗੂ ਰੋਹਨ ਕੁਮਾਰ ਨੇ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਪੰਜਾਬ ਦੇ ਪਾਣੀਆਂ ਨੂੰ ਹਰਿਆਣੇ ਦੇ ਹਵਾਲੇ ਕਰਨਾ ਸਰਾਸਰ ਪੰਜਾਬ ਨਾਲ਼ ਧੱਕਾ ਹੈ,ਜੋ ਕਿ ਕੇਂਦਰੀਕਰਨ ਦੀ ਨੀਤੀ ਦਾ ਹਿੱਸਾ ਹੈ।ਪੰਜਾਬ ਦੇ ਪਾਣੀਆਂ ਦਾ ਮਸਲਾ ਰਿਪੇਰੀਆਨ ਸਿਧਾਂਤ ਮੁਤਾਬਿਕ ਹੱਲ ਹੋਣੇ ਚਾਹੀਦਾ ਹੈ ਨਾ ਕਿ ਕੇਂਦਰ ਦੀ ਮਨਮਰਜੀ ਨਾਲ਼।ਇਸ ਸਿਧਾਂਤ ਮੁਤਾਬਿਕ ਜਿਸ ਸੂਬੇ 'ਚੋਂ ਕੁਦਰਤੀ ਸ੍ਰੋਤ ਵੱਗਦੇ ਹਨ,ਉਸੇ ਸੂਬੇ ਦਾ ਅਧਿਕਾਰ ਹੇਠ ਹੁੰਦੇ ਹਨ ਕਿਓਂਕਿ ਹੜ੍ਹਾਂ ਜਾ ਸੋਕਿਆਂ ਸਮੇਂ ਉਹੀ ਰਾਜ ਨੁਕਸਾਨ ਝੱਲਦੇ ਹਨ।ਅਜੋਕੇ ਸਮੇਂ ਪੰਜਾਬ ਪਾਣੀ ਦੀ ਸਮੱਸਿਆ ਨਾਲ ਜੂਝ ਰਿਹਾ ਹੈ ਤੇ ਪੰਜਾਬ ਕੋਲ ਵਾਧੂ ਪਾਣੀ ਰਿਹਾ ਨਹੀਂ। ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਕੇਂਦਰੀਕਰਨ ਕਰਕੇ ਸੂਬੇ ਦੇ ਅਧਿਕਾਰਾਂ ਉੱਤੇ ਡਾਕੇ ਮਾਰ ਰਹੀ ਹੈ,ਜਿਸਨੂੰ ਪੰਜਾਬ ਵਾਸੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ।ਨਾਲ਼ ਹੀ ਉਨ੍ਹਾਂ ਪੰਜਾਬ ਸਰਕਾਰ ਦੀ ਅਲੋਚਨਾ ਕਰਦਿਆਂ ਕਿਹਾ ਕਿ ਜਿਸ ਵੇਲੇ ਡੈਮ ਸੇਫਟੀ ਐਕਟ ਬਣਾ ਕੇ ਲਾਗੂ ਕੀਤਾ ਗਿਆ, ਉਦੋਂ ਪੰਜਾਬ ਸਰਕਾਰ ਕਿਉਂ ਨਹੀਂ ਬੋਲੀ,ਜਿਸ ਦਾ ਖਮਿਆਜਾ ਅੱਜ ਪੰਜਾਬ ਨੂੰ ਭੁਗਤਣਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਵਿਧਾਨ ਸਭਾ ਵਿੱਚ ਮਤਾ ਪਾ ਕੇ ਡੈਮ ਸੇਫਟੀ ਐਕਟ ਨੂੰ ਰੱਦ ਕਰਕੇ ਆਪਣੀ ਗਲਤੀ ਨੂੰ ਸੁਧਾਰਨਾ ਚਾਹੀਦਾ ਹੈ।ਉਨ੍ਹਾਂ ਪੰਜਾਬ ਦੇ ਸਮੂਹ ਵਿਦਿਆਰਥੀ-ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪੰਜਾਬ ਦੇ ਪਾਣੀਆਂ ਨੂੰ ਕੋਈ ਖੋਹਣ ਦੀ ਕੋਸ਼ਿਸ਼ ਕਰਦਾ ਹੈ ਤਾਂ ਉਹ ਸੰਘਰਸ਼ ਕਰਨ ਦੇ ਲਈ ਮੈਦਾਨ ਵਿੱਚ ਆਉਣ।ਇਸ ਮੌਕੇ ਰਵੀ,ਕਰਨ,ਦਯਾ, ਦੀਪ ਜਨਾਗਲ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

## ਵਿਰਾਸਤੀ ਘੰਟਾ ਘਰ ਦੀ ਘੜੀ ਤੇ ਐਮਰਜੈਂਸੀ ਘੰਟੀ ਵਜਾਉਣ ਵਾਲਾ ਯੰਤਰ ਕਿੱਥੇ ਹੈ : ਤਲਵਾੜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤ ਨੂੰ ਆਉਣ ਵਾਲੇ ਖਤਰੇ ਦੇ ਮੱਦੇਨਜ਼ਰ ਆਪਣੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਐਮਰਜੈਂਸੀ ਦੌਰਾਨ ਕੀਤੀਆਂ ਜਾਣ ਵਾਲੀਆਂ ਕਾਰਵਾਈਆਂ ਦੀ ਲਗਾਤਾਰ ਰਿਹਰਸਲ ਕਰ ਰਿਹਾ ਹੈ। ਇਨ੍ਹਾਂ ਸਾਰੇ ਕੰਮਾਂ ਲਈ ਹੁਸ਼ਿਆਰਪੁਰ ਦੇ ਸਥਾਨਕ ਘੜੀ ਟਾਵਰ ਵਿੱਚ ਘੁੱਗੂ ਨਾਮਕ ਇੱਕ ਯੰਤਰ ਲਗਾਇਆ ਗਿਆ ਸੀ ਅਤੇ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਇਸ ਯੰਤਰ ਤੋਂ ਆਉਣ ਵਾਲੀ ਆਵਾਜ਼ ਲਗਭਗ 20 ਕਿਲੋਮੀਟਰ ਦੇ ਘੇਰੇ ਵਿੱਚ ਸੁਣਾਈ ਦੇ ਸਕਦੀ ਸੀ। ਇਹ ਯੰਤਰ ਪਹਿਲਾਂ ਸਿਰਫ ਐਮਰਜੈਂਸੀ ਵਿੱਚ ਕੰਮ ਕਰਦਾ ਸੀ, ਪਰ ਅੱਜ ਦੇ ਸਮੇਂ ਵਿੱਚ ਇਸ ਨੇ ਇੱਕ ਬਹੁਤ ਹੀ ਪ੍ਰਾਚੀਨ ਵਸਤੂ ਦੀ ਥਾਂ ਲੈ ਲਈ ਹੈ। ਇਸੇ ਤਰ੍ਹਾਂ ਘੜੀ ਟਾਵਰ ਵਿੱਚ ਇੱਕ ਪ੍ਰਾਚੀਨ ਘੜੀ ਵੀ ਲਗਾਈ ਗਈ ਸੀ ਜਿਸ ਨੂੰ ਹੁਣ ਬਦਲ ਦਿੱਤਾ ਗਿਆ ਹੈ। ਸਵਾਲ ਇਹ ਹੈ ਕਿ ਇਹ ਬਦਲੇ ਗਏ ਯੰਤਰ ਅੱਜ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਲੱਖਾਂ ਦੀ ਕੀਮਤ ਦੇ ਹਨ ਅਤੇ ਸਾਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਨ੍ਹਾਂ ਪ੍ਰਾਚੀਨ ਵਸਤੂਆਂ ਨੂੰ ਸੁਰੱਖਿਅਤ ਰੱਖਣਾ ਚਾਹੀਦਾ ਸੀ, ਕੀ ਪ੍ਰਸ਼ਾਸਨ ਦੱਸੇਗਾ ਕਿ ਇਹ ਯੰਤਰ ਕਿੱਥੇ ਗਏ ? ਉਨ੍ਹਾਂ ਸਥਾਨਕ ਸਰਕਾਰਾਂ ਦੇ ਮੰਤਰੀ ਨੂੰ ਇੱਕ ਪੱਤਰ ਲਿਖਿਆ ਅਤੇ ਮੰਗ ਕੀਤੀ ਕਿ ਇਨ੍ਹਾਂ ਗੁੰਮ ਹੋਈਆਂ ਪ੍ਰਾਚੀਨ ਵਸਤੂਆਂ ਦੀ ਸਾਰੀ ਜਾਂਚ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਹੁਸ਼ਿਆਰਪੁਰ ਦੇ ਸਾਧੂ ਆਸ਼ਰਮ ਅਜਾਇਬ ਘਰ ਵਿੱਚ ਰੱਖਿਆ ਜਾਵੇ।

# ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਸਿਹਤ ਵਿਭਾਗ ਵਚਨਬੱਧ : ਡਾ. ਮਾਨ



**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਆਯੂਸ਼ਮਾਨ ਆਰੋਗਿਆ ਕੇਂਦਰ ਕਾਠਗੜ੍ਹ ਵਿਖੇ ਅਚਨਚੇਤ ਚੈਕਿੰਗ ਕੀਤੀ।ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਿਲ ਕੀਤੀ ਅਤੇ ਕੇਂਦਰਾਂ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਨਿਰੀਖਣ ਕੀਤਾ। ਆਯੂਸ਼ਮਾਨ ਆਰੋਗਿਆ ਕੇਂਦਰ ਵਿੱਚ ਲੋੜੀਂਦੀਆਂ ਦਵਾਈਆਂ ਦੀ ਉਪਲੱਬਧਤਾ, ਸਟਾਫ ਦੀ ਹਾਜ਼ਰੀ, ਪੀਣ ਵਾਲੇ ਪਾਣੀ ਦੀ ਉਪਲੱਬਧਤਾ, ਮਰੀਜ਼ਾਂ ਨੂੰ ਬੈਠਣ ਲਈ ਪ੍ਰਬੰਧ, ਸਾਫ-ਸਫਾਈ ਦੇ ਪ੍ਰਬੰਧਾਂ ਆਦਿ ਦੀ ਚੈਕਿੰਗ ਕੀਤੀ ਗਈ।ਉਨ੍ਹਾਂ ਆਮ ਲੋਕਾਂ ਦੇ ਆਭਾ ਅਕਾਊਂਟ ਬਣਾਉਣ ਦੇ ਨਿਰਧਾਰਿਤ ਟੀਚੇ ਨੂੰ ਪ੍ਰਾਪਤ ਕਰਨ ਨੂੰ ਯਕੀਨੀ ਬਣਾਉਣ ਦੀ ਹਦਾਇਤ ਵੀ ਕੀਤੀ। ਡਾ. ਕੁਲਵਿੰਦਰ ਮਾਨ ਨੇ ਦੱਸਿਆ ਕਿ ਸਿਹਤ ਬਲਾਕ ਬਲਾਚੌਰ ਅੰਦਰ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਸਿਹਤ ਵਿਭਾਗ ਵਚਨਬੱਧ ਹੈ ਅਤੇ ਇਸ ਚੈਕਿੰਗ ਦਾ ਮੁੱਖ ਮਨੋਰਥ ਸਿਹਤ ਕੇਂਦਰਾਂ ਉੱਪਰ ਨਿਰਧਾਰਤ ਸਾਰੀਆਂ ਸਿਹਤ ਸਹੂਲਤਾਂ ਹਰ ਹਾਲਤ ਵਿੱਚ ਮਰੀਜ਼ਾਂ ਨੂੰ ਉਪਲੱਬਧ ਕਰਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਖਤ ਹਦਾਇਤਾਂ ਹਨ ਕਿ ਕਿਸੇ ਵੀ ਸਿਹਤ ਕੇਂਦਰ ਵਿੱਚ ਕਿਸੇ ਵੀ ਕਿਸਮ ਦੀ ਕੋਈ ਘਾਟ ਨਾ ਰਹੇ। ਇਸ ਮੌਕੇ ਮੈਡੀਕਲ ਅਫ਼ਸਰ ਡਾ. ਅਕਾਸ਼, ਸਿਹਤ ਇੰਸਪੈਕਟਰ ਦਿਲਬਾਗ ਸਿੰਘ, ਜਸਵਿੰਦਰ ਕੌਰ, ਹਰਪ੍ਰੀਤ ਕੌਰ ਤੇ ਕੰਵਲ ਕੁਮਾਰ ਸਮੇਤ ਹੋਰ ਵੀ ਹਾਜ਼ਰ ਸਨ।

# ਜੀ ਆਰ ਡੀ ਨਰਸਿੰਗ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ



**ਟਾਂਡਾ (ਓਂਕਾਰ ਸਿੰਘ, ਜਸਵਿੰਦਰ ਸੰਧੂ)** ਟਾਂਡਾ ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ( ਰਜਿ.) ਟਾਂਡਾ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਦਾ ਨਤੀਜਾ ਸ਼ਾਨਦਾਰ ਰਿਹਾ । ਇਸ ਸਬੰਧੀ ਨਰਸਿੰਗ ਕਾਲਜ ਦੀ ਪ੍ਰਿੰਸੀਪਲ ਰੇਨੂ ਬਾਲਾ ਅਤੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਦੱਸਿਆ ਕਿ ਪੰਜਾਬ ਨਰਸਿੰਗ ਰਜਿਸਟਰੇਸ਼ਨ ਕੌਂਸਲ ਮਹਾਲੀ ਵੱਲੋਂ ਪਿਛਲੇ ਸਮੇਂ ਦੌਰਾਨ ਜੀ ਐਨ ਐਮ ਸਾਲ ਦੂਸਰਾ ਦੀ ਲਈ ਕਈ ਪ੍ਰੀਖਿਆ ਵਿੱਚੋ ਜੀ .ਆਰ .ਡੀ. ਇੰਟਰਨੈਸ਼ਨਲ ਇੰਸਟੀਟਿਊਟ ਆਫ ਨਰਸਿੰਗ ਦੀਆਂ ਵਿਦਿਆਰਥਣਾਂ ਨੇ ਚੰਗੇ ਨੰਬਰ ਲੈ ਕੇ ਵਧੀਆ ਪੁਜੀਸ਼ਨਾਂ ਹਾਸਲ ਕੀਤੀਆਂ ਹਨ। ਉਨਾਂ ਦੱਸਿਆ ਕਿ ਕਾਲਜ ਦੀ ਵਿਦਿਆਰਥਣ ਕਮਲਪ੍ਰੀਤ ਕੌਰ ਨੇ 502 ਅੰਕ ਲੈ ਕੇ ਪਹਿਲਾ ਸਥਾਨ, ਕਿਰਨਪ੍ਰੀਤ ਕੌਰ ਨੇ 501 ਅੰਕ ਲੈ ਕੇ ਦੂਸਰਾ ਸਥਾਨ ਅਤੇ ਸੁਖਬੀਰ ਕੌਰ ਨੇ 497 ਅੰਕ ਲੈ ਕੇ ਕਰਮਵਾਰ ਤੀਸਰਾ ਸਥਾਨ ਹਾਸਲ ਕੀਤਾ ਹੈ। ਇਸ ਮੌਕੇ 'ਤੇ ਜੀ ਆਰ ਡੀ ਵਿਦਿਅਕ ਸੰਸਥਾਵਾਂ ਦੇ ਚੇਅਰਪਰਸਨ ਸ੍ਰੀਮਤੀ ਪ੍ਰਦੀਪ ਕੌਰ ਮੈਨੇਜਿੰਗ, ਡਾਇਰੈਕਟਰ ਬਿਕਰਮ ਸਿੰਘ ਅਤੇ ਮੈਨੇਜਰ ਸਰਬਜੀਤ ਸਿੰਘ ਮੋਮੀ , ਡਾਕਟਰ ਤਵਲੀਨ ਕੌਰ ਤੋਂ ਇਲਾਵਾ ਐਡਮਿਨਿਸਟਰੇਟਰ ਦਲਜਿੰਦਰ ਕੌਰ ,ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ ,ਸੁਖਪ੍ਰੀਤ ਕੌਰ ਸੈਣੀ, ਮਨਪ੍ਰੀਤ ਕੌਰ, ਪ੍ਰਿਯੰਕਾ ਹਰਲੀਨ ਕੌਰ, ਜਸਲੀਨ ਕੌਰ, ਆਰਤੀ ਟਾਂਡਾ, ਰਮਨਦੀਪ ਕੌਰ ਆਦਿ ਨੇ ਵੀ ਪੁਜੀਸ਼ਨਾ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਅਗਾਂਹ ਤੋਂ ਹੋਰ ਵਿਦਿਆਰਥਣਾਂ ਨੂੰ ਵੀ ਚੰਗੀ ਪੜ੍ਹਾਈ ਕਰਕੇ ਆਪਣੇ ਕਾਲਜ ਦਾ ਤੇ ਆਪਣੇ ਮਾਤਾ- ਪਿਤਾ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਤ ਕੀਤਾ।

# 20 ਦੀ ਕੌਮੀ ਹੜਤਾਲ ਸੰਬੰਧੀ ਪ ਸ ਸ ਫ ਨੇ ਪੰਜਾਬ ਸਰਕਾਰ ਨੂੰ ਭੇਜਿਆ ਨੋਟਿਸ



**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਮੁੱਖ ਦਫ਼ਤਰ 1406-22 ਬੀ, ਚੰਡੀਗੜ੍ਹ, ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਅਗਵਾਈ 'ਚ ਸਹਾਇਕ ਕਮਿਸ਼ਨਰ (ਜਨਰਲ) ਜਲੰਧਰ ਲਵਦੀਪ ਸਿੰਘ ਦੇ ਰਾਹੀਂ ਮੁੱਖ ਸਕੱਤਰ ਪੰਜਾਬ ਸਰਕਾਰ ਨੂੰ 20 ਮਈ ਦੀ ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਵਲੋਂ ਕੀਤੀ ਜਾ ਰਹੀ ਕੌਮੀ ਪੱਧਰ ਦੀ ਹੜਤਾਲ ਵਿੱਚ ਸ਼ਮੂਲੀਅਤ ਕਰਨ ਸੰਬੰਧੀ ਮੰਗ ਪੱਤਰ ਅਤੇ ਨੋਟਿਸ ਭੇਜਿਆ ਗਿਆ।ਇਸ ਸਮੇਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਪੀ ਐੱਫ ਆਰ ਡੀ ਏ ਬਿੱਲ ਰੱਦ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਤੁਰੰਤ ਬੰਦ ਕਰਨ, ਸਮੂਹ ਵਿਭਾਗਾਂ ਦੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ, ਅੱਠਵੇਂ ਪੇ ਕਮਿਸ਼ਨ ਨੂੰ ਨਿਯੁਕਤ ਕਰਨ, ਮੁਲਾਜ਼ਮਾਂ ਵਿਰੋਧੀ ਸੰਵਿਧਾਨ ਦੀਆਂ ਧਾਰਾਵਾਂ ਨੂੰ ਰੱਦ ਕਰਨ, ਕਿਰਤ ਕਾਨੂੰਨਾਂ ਵਿੱਚ ਕੀਤੀਆਂ ਸੋਧਾਂ ਨੂੰ ਰੱਦ ਕਰਨ ਆਦਿ ਮੰਗਾਂ ਨੂੰ ਲੈ ਕੇ ਦੇਸ਼ ਭਰ ਵਿੱਚ ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਲਗਾਤਾਰ ਸੰਘਰਸ਼ਸ਼ੀਲ ਹਨ, ਪਰ ਫਿਰ ਵੀ ਕੇਂਦਰ ਦੀ ਮੋਦੀ ਸਰਕਾਰ ਅਤੇ ਰਾਜਾਂ ਦੀਆਂ ਸਰਕਾਰਾਂ ਮੁਲਾਜ਼ਮਾਂ ਅਤੇ ਮਜ਼ਦੂਰਾਂ ਦੀਆਂ ਉਪਰੋਕਤ ਮੰਗਾਂ ਨੂੰ ਲਗਾਤਾਰ ਦਰਕਿਨਾਰ ਕਰਦੀਆਂ ਹੋਈਆਂ, ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਦੇਣ ਅਤੇ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਤੇਜ਼ੀ ਨਾਲ ਕਰਨ ਦੇ ਰਾਹੇ ਤੁਰੀਆਂ ਹੋਈਆਂ ਹਨ। ਜਿਸ ਕਾਰਨ ਸਮੂਹ ਵਰਗਾਂ ਦੇ ਮੁਲਾਜ਼ਮਾਂ ਅਤੇ ਕਿਰਤੀਆਂ 'ਚ ਅਥਾਹ ਗੁੱਸਾ ਫੈਲਿਆ ਹੋਇਆ ਹੈ, ਜਿਸ ਗੁੱਸੇ ਦਾ ਪ੍ਰਗਟਾਵਾ ਕਰਨ ਲਈ ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਵੱਲੋਂ ਦੇਸ਼ ਭਰ ਵਿੱਚ ਕੌਮੀ ਹੜਤਾਲ ਕਰਨ ਦਾ ਐਲਾਨ ਕੀਤਾ ਹੋਇਆ ਹੈ ਤਾਂ ਜੋ ਉਪਰੋਕਤ ਮੰਗਾਂ ਸਬੰਧੀ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ 'ਤੇ ਦਬਾਅ ਬਣਾਇਆ ਜਾ ਸਕੇ ਅਤੇ ਮੰਗਾਂ ਨੂੰ ਮੰਨਣ ਅਤੇ ਲਾਗੂ ਕਰਨ ਲਈ ਮਜਬੂਰ ਕੀਤਾ ਜਾ ਸਕੇ। 20 ਮਈ ਦੀ ਕੌਮੀ ਹੜਤਾਲ ਦਾ ਮੰਗ ਪੱਤਰ ਅਤੇ ਹੜਤਾਲ ਵਿੱਚ ਸ਼ਮੂਲੀਅਤ ਕਰਨ ਦਾ ਨੋਟਿਸ ਭੇਜਣ ਸਮੇਂ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਕਮੇਟੀ ਮੈਂਬਰ ਤਰਸੇਮ ਮਾਧੋਪੁਰੀ, ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜ਼ਿਲ੍ਹਾ ਜਨਰਲ ਸਕੱਤਰ ਨਿਰਮੋਲਕ ਸਿੰਘ ਹੀਰਾ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਕਮਲਦੇਵ ਸਿੰਘ ਅਤੇ ਮਨੋਹਰ ਲਾਲ ਆਦਿ ਸਾਥੀ ਹਾਜ਼ਰ ਸਨ।

# ਲਾਲੜੂ ਮੰਡੀ 'ਚ ਵਿਸ਼ਾਲ ਜਾਗਰੂਕਤਾ ਰੈਲੀ ਕੱਢੀ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਤੇ ਪੰਜਾਬ ਪੁਲਸ ਵੱਲੋਂ ਚਲਾਈ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਚਲਦੇ ਲਾਲੜੂ ਇਲਾਕੇ ਦੇ ਸਮਾਜ ਸੇਵੀ ਆਗੂਆਂ , ਕਿਸਾਨਾਂ , ਬਿਜਲੀ , ਸਿਹਤ ਤੇ ਪੁਲਸ ਵਿਭਾਗ ਦੇ ਮੁਲਾਜ਼ਮਾਂ, ਪੱਤਰਕਾਰਾਂ , ਵਕੀਲਾਂ , ਸੈਲਟਰ ਸੰਸਥਾ, ਲੈਬ ਐਸੋਸੀਏਸ਼ਨ ਦੇ ਸਹਿਯੋਗ ਨਾਲ ਸਮਤਾ ਪਬਲਿਕ ਸਕੂਲ ਤੇ ਸੈਂਟ ਅੱਤਰੀ ਪਬਲਿਕ ਸਕੂਲ , ਲਾਲੜੂ ਮੰਡੀ ਦੇ ਵਿਦਿਆਰਥੀਆਂ ਤੇ ਸਟਾਫ਼ ਵੱਲੋਂ ਇੱਕ ਵਿਸ਼ਾਲ ਜਾਗਰੂਕਤਾ ਰੈਲੀ ਕੱਢੀ ਗਈ ।ਸਾਬਕਾ ਸਿਵਲ ਸਰਜਨ ਡਾ: ਦਲੇਰ ਸਿੰਘ ਮੁਲਤਾਨੀ, ਥਾਣਾ ਮੁਖੀ ਲਾਲੜੂ ਇੰਸਪੈਕਟਰ ਆਕਾਸ਼ ਸ਼ਰਮਾ, ਪ੍ਰਧਾਨ ਬਾਰ ਐਸੋਸੀਏਸ਼ਨ ਡੇਰਾਬਸੀ ਐਡਵੋਕੇਟ ਵਿਕਰਮ ਸਿੰਘ ਦੱਪਰ, ਸਮਤਾ ਪਬਲਿਕ ਸਕੂਲ ਦੇ ਐਮ ਡੀ ਸਰਬਜੀਤ ਸਿੰਘ ਭੱਟੀ ਨੇ ਸਾਂਝੇ ਤੌਰ 'ਤੇ ਰੈਲੀ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ।ਇਸ ਜਾਗਰੂਕਤਾ ਰੈਲੀ ਦਾ ਮੁੱਖ ਮੰਤਵ ਲੋਕਾਂ ਨੂੰ ਨਸ਼ਿਆਂ ਅਤੇ ਮਿਲਾਵਟੀ ਤੇ ਗੈਰ- ਮਿਆਰੀ ਖਾਣ ਪੀਣ ਵਾਲੀ ਵਸਤੂਆਂ ਪ੍ਰਤੀ ਜਾਗਰੂਕ ਕਰਨਾ ਸੀ । ਇਹ ਰੈਲੀ ਸਮਤਾ ਸਕੂਲ ਤੋਂ ਸ਼ੁਰੂ ਹੋ ਕੇ ਲਾਲੜੂ ਮੰਡੀ ਦੇ ਮੁੱਖ ਬਾਜ਼ਾਰ ਵਿੱਚੋਂ ਹੁੰਦੀ ਹੋਈ, ਵਾਪਸ ਸਕੂਲ ਵਿੱਚ ਸਮਾਪਤ ਹੋਈ। ਜਿਸ ਦੌਰਾਨ ਸਕੂਲੀ ਬੱਚੇ ਹੱਥਾਂ ਵਿੱਚ ਸਲੋਗਨ ਲਿਖ ਕੇ ਫੜੀ ਤਖਤੀਆਂ ਅਤੇ ਮੁੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਰਾਹੀਂ ਇਲਾਕਾ ਵਾਸੀਆਂ ਨੂੰ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਨਸ਼ੇ ਸਮਾਜ ਅਤੇ ਪਰਵਾਰ ਦੀ ਬਰਬਾਦੀ ਦਾ ਕਾਰਨ ਹਨ ਅਤੇ ਮਿਲਾਵਟੀ ਸਮਾਨ ਵੇਚਣ ਵਾਲੇ ਇਨਸਾਨੀਅਤ ਦਾ ਸਬੂਤ ਦਿੰਦੇ ਹੋਏ ਇਸ ਧੰਦੇ ਤੋਂ ਪਰਹੇਜ ਕਰਨ , ਲੋਕਾਂ ਦੀ ਜਾਨ ਅਤੇ ਸਿਹਤ ਨਾਲ ਖਿਲਵਾੜ ਨਾ ਕਰਨ। ਉਨ੍ਹਾਂ ਇਹ ਵੀ ਕਿਹਾ ਕਿ ਖਾਣ ਪੀਣ ਦੀ ਸਮੱਗਰੀ ਵੇਚਣ ਵਾਲੇ ਫੂਡ ਸੇਫਟੀ ਐਕਟ ਦੇ ਤਹਿਤ ਲਾਈਸੈਂਸ ਲੈ ਕੇ ਰਜਿਸਟਰ ਕਰਨ, ਤਾਂ ਜੋ ਗੈਰ ਮਿਆਰੀ ਤੇ ਮਿਲਾਵਟੀ ਵਸਤੂਆਂ ਵੇਚਣ ਵਾਲਿਆਂ ਨੂੰ ਨੱਥ ਪਾਈ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਰਵੀਨਾ ਰਾਣਾ , ਜੈ ਚੰਦ ਰਾਣਾ , ਸੀਨੀਅਰ ਪੱਤਰਕਾਰ ਕ੍ਰਿਸ਼ਨਪਾਲ ਸ਼ਰਮਾ ,ਹਰਜੀਤ ਸਿੰਘ ਲੱਕੀ, ਜਗਜੀਤ ਕਲੇਰ, ਅਨਿਲ ਸ਼ਰਮਾ , ਵਿਕਰਮਜੀਤ ਵਿੱਕੀ , ਰਾਜਵੀਰ ਰਾਣਾ , ਚੰਦਰਪਾਲ ਅਤਰੀ , ਭੁਪਿੰਦਰ ਸਿੰਘ ਜੰਡਲੀ , ਮਹਿੰਦਰ ਸਿੰਘ ਲਾਲੜੂ ਮੰਡੀ , ਐਡਵੋਕੇਟ ਮਨਪ੍ਰੀਤ ਸਿੰਘ ਭੱਟੀ , ਮੁਲਾਜ਼ਮ ਆਗੂ ਮਹਿੰਦਰ ਸਿੰਘ ਸੈਣੀ, ਹਰਵਿੰਦਰ ਸਿੰਘ ਝਰਮੜੀ, ਗਿਆਨ ਚੰਦ ਸ਼ਰਮਾ , ਕਿਸਾਨ ਆਗੂ ਪ੍ਰੇਮ ਰਾਣਾ , ਕੁਲਵਿੰਦਰ ਸਿੰਘ ਆਗਾਪੁਰ , ਸਾਬਕਾ ਕੌਂਸਲਰ ਰਘਵੀਰ ਜੁਨੇਜਾ , ਜੈ ਮਿਲਾਪ ਲੈਬੋਰਟਰੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ,ਜਗਤਾਰ ਸਿੰਘ ਜੱਗੀ, ਅਸ਼ੋਕ ਕੁਮਾਰ ਸਮੇਤ ਅਨੇਕਾਂ ਆਗੂ ਮੌਜੂਦ ਸਨ।

# ਏ ਟੀ ਐੱਮ 'ਚ ਕੈਸ਼ ਪਾਉਣ ਲੱਗਿਆਂ ਵੈਨ ਦੇ ਸਕਿਉਰਿਟੀ ਕਰਮਚਾਰੀ ਦੇ ਹੱਥੋਂ ਡਿੱਗੀ ਦੋਨਾਲੀ, ਗੰਭੀਰ ਫੱਟੜ



**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦੇ ਪੁਰਾਣੇ ਰੇਲਵੇ ਰੋਡ ਸਥਿਤ ਪੰਜਾਬ ਨੈਸ਼ਨਲ ਦੀ ਮੁੱਖ ਬਰਾਂਚ ਵਿੱਚ ਮੰਗਲਵਾਰ ਸਾਢੇ 11 ਵਜੇ ਅਚਾਨਕ ਇਸੇ ਬੈਂਕ ਦੇ ਬਾਹਰ ਸਥਿਤ ਏ ਟੀ ਐਮ ਵਿੱਚ ਕੈਸ਼ ਪਾਉਣ ਲਈ ਆਈ ਕੈਸ਼ ਵੈਨ ਦੇ ਤੈਨਾਤ ਸੁਰੱਖਿਆ ਕਰਮਚਾਰੀ ਦੇ ਹੱਥੋਂ ਉਸ ਦੀ ਦੋਨਾਲੀ ਡਿੱਗਣ ਨਾਲ ਉਸ ਵਿੱਚੋਂ ਗੋਲੀ ਚੱਲੀ ਜੋ ਇਸ ਸੁਰੱਖਿਆ ਕਰਮਚਾਰੀ ਦੇ ਪੱਟ 'ਤੇ ਲੱਗੀ ਤੇ ਏ ਟੀ ਐਮ ਵਿੱਚ ਕੈਸ਼ ਪਾਉਣ ਵਾਲਾ ਕਰਮਚਾਰੀ ਵੀ ਵਾਲ ਵਾਲ ਬਚਿਆ। ਇਸ ਦੀ ਸੂਚਨਾ ਮਿਲਦਿਆਂ ਹੀ ਸਭ ਤੋਂ ਪਹਿਲਾਂ ਪੀ ਸੀ ਆਰ 5 ਦੇ ਕਰਮਚਾਰੀ ਤੇ ਬਾਅਦ ਵਿੱਚ ਥਾਣਾ ਪੁਲਸ ਡਵੀਜ਼ਨ ਨੰਬਰ ਤਿੰਨ ਦੇ ਐਸ ਐਚ ਓ ਅਸ਼ੋਕ ਕੁਮਾਰ ਵੀ ਭਾਰੀ ਪੁਲਸ ਫੋਰਸ ਨਾਲ ਘਟਨਾ ਸਥਾਨ 'ਤੇ ਪਹੁੰਚੇ ਤੇ ਸਾਰੀ ਘਟਨਾ ਦੀ ਜਾਣਕਾਰੀ ਲੈ ਕੇ ਅਗਲੀ ਕਾਰਵਾਈ ਸ਼ੁਰੂ ਕੀਤੀ। ਜ਼ਖਮੀ ਕਰਮਚਾਰੀ ਨੂੰ ਇਲਾਜ ਲਈ ਸਿਵਲ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ। ਪੀ ਐਨ ਬੀ ਮੇਨ ਬਰਾਂਚ ਦੇ ਅਧਿਕਾਰੀਆਂ ਤੇ ਥਾਣਾ ਪੁਲਸ ਡਵੀਜ਼ਨ ਨੰਬਰ ਤਿੰਨ ਦੇ ਐਸ ਐਚ ਓ ਅਸ਼ੋਕ ਕੁਮਾਰ ਨੇ ਦੱਸਿਆ ਕਿ ਲੱਗਭੱਗ ਸਾਢੇ ਗਿਆਰਾਂ ਵਜੇ ਐਸ ਆਈ ਐਸ ਪਰੋਸਗਰ ਕੰਪਨੀ ਦੀ ਦੀ ਕੈਸ਼ ਵੈਨ ਪੁਰਾਣੇ ਰੇਲਵੇ ਰੋਡ 'ਤੇ ਸਥਿਤ ਪੰਜਾਬ ਨੈਸ਼ਨਲ ਬੈਂਕ ਦੀ ਮੁੱਖ ਬਰਾਂਚ ਬਾਹਰ ਸੜਕ 'ਤੇ ਸਥਿਤ ਪੀ ਐਨ ਬੀ ਦੇ ਏ ਟੀ ਐਮ ਵਿੱਚ ਕੈਸ਼ ਪਾਉਣ ਲਈ ਕੰਪਨੀ ਦੇ ਕਰਮਚਾਰੀ ਵਰੁਣ ਕੁਮਾਰ ਤੇ ਉਸ ਨਾਲ ਕੰਪਨੀ ਦੇ ਸਿਕਉਰਿਟੀ ਗਾਰਡ ਸੁਖਵਿੰਦਰ ਸਿੰਘ ਆਏ ਸਨ । ਕਰਮਚਾਰੀ ਵਰੁਣ ਕੁਮਾਰ ਜਿਓ ਹੀ ਕੈਸ਼ ਲੈ ਕੇ ਏ ਟੀ ਐਮ ਵੱਲ ਨੂੰ ਜਾ ਰਿਹਾ ਸੀ ਤਾਂ ਉਸ ਦੇ ਪਿੱਛੇ ਗੱਡੀ ਵਿੱਚੋਂ ਉਤਰ ਕੇ ਸਿਕਉਰਿਟੀ ਕਰਮਚਾਰੀ ਆਪਣੀ ਲੋਡਿਡ ਦੋਨਾਲੀ ਲੈ ਕੇ ਉਸ ਦੇ ਪਿੱਛੇ ਜਾਣ ਲਈ ਤੁਰਿਆ ਤਾਂ ਅਚਾਨਕ ਉਸ ਦੇ ਹੱਥੋਂ ਇਹ ਦੋਨਾਲੀ ਡਿੱਗ ਪਈ ਤੇ ਉਸ ਵਿੱਚੋਂ ਗੋਲੀ ਚੱਲ ਗਈ, ਜਿਹੜੀ ਕਿ ਸਿਕਉਰਿਟੀ ਕਰਮਚਾਰੀ ਸੁਖਵਿੰਦਰ ਸਿੰਘ ਦੀ ਲੱਤ ਵਿੱਚ ਵੱਜੀ ਤੇ ਉਹ ਗੰਭੀਰ ਰੂਪ ਵਿੱਚ ਫੱਟੜ ਹੋ ਗਿਆ। ਇੱਕ ਗੋਲੀ ਸਾਹਮਣੇ ਦੁਕਾਨ ਦੇ ਬਾਹਰ ਬਣੇ ਥੜ੍ਹੇ 'ਤੇ ਜਾ ਕੇ ਲੱਗੀ। ਲਗਾਤਾਰ ਦੋ ਹੋਏ ਫਾਇਰਾਂ ਕਰਕੇ ਦੁਕਾਨਦਾਰ ਆਪਣੀਆਂ ਦੁਕਾਨਾਂ ਤੋਂ ਬਾਹਰ ਆਏ ਤੇ ਉਨ੍ਹਾ ਕਰਮਚਾਰੀ ਦੀ ਲੱਤ ਵਿੱਚੋਂ ਖ਼ੂਨ ਨਿਕਲਦਾ ਦੇਖਿਆ ਤੇ ਉਸ ਨੂੰ ਇਲਾਜ ਲਈ ਜਲੰਧਰ ਦੇ ਸਿਵਲ ਹਸਪਤਾਲ ਵਿੱਚ ਭਰਤੀ ਕਰਵਾਇਆ। ਅਸ਼ੋਕ ਕੁਮਾਰ ਐਸ ਐਚ ਓ ਨੇ ਕਿਹਾ ਕਿ ਇਸ ਗੋਲੀ ਚੱਲਣ ਦੀ ਹੋਈ ਘਟਨਾ ਵਿੱਚ ਸਿਕਉਰਿਟੀ ਗਾਰਡ ਸੁਖਵਿੰਦਰ ਸਿੰਘ ਤੇ ਕੈਸ਼ ਏ ਟੀ ਐਮ ਵਿੱਚ ਪਾਉਣ ਵਾਲਾ ਕਰਮਚਾਰੀ ਵਰੁਣ ਕੁਮਾਰ ਦੋਨੋਂ ਹੀ ਸਹੀ ਸਲਾਮਤ ਹਨ।

# ਦਯਾਵੰਤੀ ਫਾਊਂਡੇਸ਼ਨ ਨੇ ਸ਼ਿਵ ਮੰਦਰ ਪੱਕਾ ਬਾਗ ਵਿਖੇ ਲਗਾਇਆ ਫਰੀ ਆਯੁਰਵੈਦਿਕ ਕੈਂਪ



ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ) ਦਯਾਵੰਤੀ ਆਯੂਕੇਅਰ ਚੈਰੀਟੇਬਲ ਡਿਸਪੈਂਸਰੀ, ਬੰਸੀ ਲਾਲ ਮਾਰਕੀਟ, ਬੰਗਾ ਰੋਡ, ਫਗਵਾੜਾ ਵਲੋਂ ਫਾਊਂਡੇਸ਼ਨ ਦੇ ਚੇਅਰਮੈਨ ਸਤੀਸ਼ ਕੁਮਾਰ ਬੱਤਰਾ (ਫਰੰਟੀਅਰ ਕਲੌਥ ਹਾਊਸ) ਦੇ ਨਿਰਦੇਸ਼ਾਂ ਅਨੁਸਾਰ ਸ਼ਿਵ ਮੰਦਿਰ, ਪੱਕਾ ਬਾਗ ਸਟਾਰਚ ਮਿੱਲ ਫਗਵਾੜਾ ਵਿਖੇ ਫਰੀ ਆਯੁਰਵੈਦਿਕ ਕੈਂਪ ਲਗਾਇਆ। ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਚੱਗਰ ਅਤੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਆਯੋਜਿਤ ਇਸ ਕੈਂਪ ਦਾ ਉਦਘਾਟਨ ਸ਼੍ਰੀਮਤੀ ਅਰਚਨਾ ਬੱਤਰਾ ਪਤਨੀ ਸਤੀਸ਼ ਕੁਮਾਰ ਬੱਤਰਾ ਨੇ ਕੀਤਾ। ਉਨ੍ਹਾਂ ਦਯਾਵੰਤੀ ਫਾਊਂਡੇਸ਼ਨ ਦੇ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਕੈਂਪ ਦੌਰਾਨ ਡਾ. ਵਿਕਾਸ ਕੁਮਾਰ (ਬੀਏਐਮਐਸ) ਅਤੇ ਸਹਾਇਕ ਪਰਮਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ ਨੇ 67 ਲੋੜਵੰਦਾਂ ਦੀਆਂ ਵੱਖ-ਵੱਖ ਬਿਮਾਰੀਆਂ ਦੀ ਜਾਂਚ ਕੀਤੀ ਅਤੇ ਲੋੜ ਅਨੁਸਾਰ ਬਿਲਕੁਲ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।ਰਘਬੋਤਰਾ ਨੇ ਦੱਸਿਆ ਕਿ ਮਹਾਰਿਸ਼ੀ ਚਰਕ ਦੇ ਅਨੁਸਾਰ ਇੱਕ ਸਿਹਤਮੰਦ ਵਿਅਕਤੀ ਦੀ ਸਿਹਤ ਦੀ ਰੱਖਿਆ ਕਰਨ ਅਤੇ ਮਰੀਜ਼ ਦੀ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਨ ਦਾ ਗਿਆਨ ਆਯੁਰਵੇਦ ਪ੍ਰਣਾਲੀ ਵਿੱਚ ਮੌਜੂਦ ਹੈ। ਹਜ਼ਾਰਾਂ ਸਾਲ ਪੁਰਾਣੀ ਆਯੁਰਵੈਦਿਕ ਪ੍ਰਣਾਲੀ 'ਚ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਨ ਦੀ ਤਾਕਤ ਹੈ ਅਤੇ ਇਸਦਾ ਸਰੀਰ 'ਤੇ ਕੋਈ ਮਾੜਾ ਪ੍ਰਭਾਵ ਨਹੀਂ ਹੈ।ਇਸ ਮੌਕੇ ਮੰਦਿਰ ਕਮੇਟੀ ਦੇ ਸਕੱਤਰ ਇੰਦਰਜੀਤ ਕਾਲੜਾ, ਮੋਹਨ ਲਾਲ ਤਨੇਜਾ, ਵਿਸ਼ਵਾਮਿੱਤਰ ਸ਼ਰਮਾ, ਵਿਪਨ ਖੁਰਾਨਾ ਪ੍ਰਧਾਨ ਜਨਤਾ ਸੇਵਾ ਸੰਮਤੀ, ਜੁਗਲ ਕਿਸ਼ੋਰ ਚਾਨਾ, ਸੰਦੀਪ ਸ਼ਰਮਾ, ਦਵਿੰਦਰ ਕੁਮਾਰ ਬਿੱਲਾ, ਮਨੂੰ ਕੌੜਾ ਅਤੇ ਹੋਰ ਪਤਵੰਤੇ ਹਾਜ਼ਰ ਸਨ।